ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 40
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Tuesday, 10 February, 2026) ਮੰਗਲਵਾਰ , 10 ਫਰਵਰੀ, 2026, 28 ਮਾਘ , ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ


## ਪੰਜਾਬ ਅਤੇ ਹਰਿਆਣਾ ਹਾਈਕੋਰਟ ਤੇ ਪੰਚਕੂਲਾ ਅਦਾਲਤ ਨੂੰ ਬੰਬ ਨਾਲ ਉਡਾਉਣ ਦੀ ਧਮਕੀ

ਚੰਡੀਗੜ੍ਹ , 9 ਫਰਵਰੀ (ਚ.ਨ.ਸ.):ਪੰਜਾਬ ਅਤੇ ਹਰਿਆਣਾ ਹਾਈਕੋਰਟ ਤੇ ਪੰਚਕੂਲਾ ਅਦਾਲਤ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੂੰ ਅੱਜ ਇੱਕ ਈਮੇਲ ਪ੍ਰਾਪਤ ਹੋਈ, ਜਿਸ ਵਿੱਚ ਕੰਪਲੈਕਸ 'ਚ ਬੰਬ ਰੱਖੇ ਹੋਣ ਦੀ ਧਮਕੀ ਦਿੱਤੀ ਗਈ। ਈਮੇਲ ਮਿਲਣ ਮਗਰੋਂ ਅਦਾਲਤ ਪ੍ਰਸ਼ਾਸਨ ਨੇ ਤੁਰੰਤ ਚੰਡੀਗੜ੍ਹ ਪੁਲਿਸ ਨੂੰ ਸੂਚਿਤ ਕੀਤਾ ਤੇ ਕੰਪਲੈਕਸ ਦੀ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਹੈ। ਸੂਚਨਾ ਮਿਲਦਿਆਂ ਹੀ ਪੁਲਿਸ ਨੇ ਬੰਬ ਨਕਾਰਾ ਦਸਤੇ ਅਤੇ ਹੋਰ ਸੁਰੱਖਿਆ ਦਸਤੇ ਤਾਇਨਾਤ ਕਰ ਦਿੱਤੇ। ਇਹ ਪਤਾ ਲੱਗਿਆ ਹੈ ਕਿ ਇਹ (ਬਾਕੀ ਸਫਾ 2 'ਤੇ)

## ਮਾਨ ਵੱਲੋਂ ਨਸ਼ਿਆਂ ਨੂੰ ਖ਼ਤਮ ਕਰਨ ਦੇ ਦ੍ਰਿੜ੍ਹ ਸੰਕਲਪ ਤਹਿਤ ਪੰਜਾਬ ਕ੍ਰਿਕਟ ਲੀਗ ਨੂੰ ਹਰੀ ਝੰਡੀ

### ਬੀ.ਸੀ.ਸੀ.ਆਈ. ਤੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਨਾਲ ਲੀਗ ਲਈ ਕਰਾਂਗੇ ਤਾਲਮੇਲ: ਮੁੱਖ ਮੰਤਰੀ

ਚੜ੍ਹਦੀਕਲਾ ਬਿਊਰੋ

================



ਚੰਡੀਗੜ੍ਹ, 9 ਫਰਵਰੀ: ਪੰਜਾਬ ਦੀ ਖੇਡ ਵਿਰਾਸਤ ਬਹਾਲ ਕਰਕੇ ਨਸ਼ਿਆਂ ਨੂੰ ਖ਼ਤਮ ਕਰਨ ਦੇ ਦ੍ਰਿੜ੍ਹ ਸੰਕਲਪ ਤਹਿਤ ਭਗਵੰਤ ਮਾਨ ਸਰਕਾਰ ਨੇ ਅੱਜ ਪੰਜਾਬ ਕ੍ਰਿਕਟ ਲੀਗ (ਪੀ.ਸੀ.ਐਲ.) ਦੀ ਸ਼ੁਰੂਆਤ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਲੀਗ ਤਹਿਤ ਖੇਡਾਂ ਨੂੰ ਇੱਕ ਆਊਟਰੀਚ ਪ੍ਰੋਗਰਾਮ ਦੀ ਬਜਾਏ ਨੌਜਵਾਨਾਂ ਦੇ ਸ਼ਕਤੀਕਰਨ ਲਈ ਰਣਨੀਤਕ ਦਖਲ ਵਜੋਂ ਦੇਖਿਆ ਜਾਵੇਗਾ।

ਇੰਡੀਅਨ ਪ੍ਰੀਮੀਅਰ ਲੀਗ (ਆਈ.ਪੀ.ਐਲ.) ਦੀ ਤਰਜ਼ 'ਤੇ ਜ਼ਿਲ੍ਹਾ ਤੇ ਖੇਤਰੀ ਪੱਧਰ 'ਤੇ ਟੀਮਾਂ ਬਣਾ ਕੇ ਅਤੇ ਭਾਰਤੀ ਕ੍ਰਿਕਟ ਕੰਟਰੋਲ ਬੋਰਡ (ਬੀ.ਸੀ.ਸੀ.ਆਈ.) ਅਤੇ ਪੰਜਾਬ ਕ੍ਰਿਕਟ ਐਸੋਸੀਏਸਨ (ਪੀ.ਸੀ.ਏ.) ਦੇ ਸਹਿਯੋਗ ਨਾਲ ਕਰਵਾਈ ਜਾਣ ਵਾਲੀ ਇਸ ਲੀਗ ਦਾ ਉਦੇਸ਼ ਨੌਜਵਾਨ ਪ੍ਰਤਿਭਾ ਦੀ ਪਛਾਣ ਕਰਨਾ, ਤਿਆਰ ਕਰਨਾ ਅਤੇ ਪੇਸ਼ੇਵਰ ਰਾਹ 'ਤੇ ਲੈ ਜਾਣਾ ਹੈ। ਇਸ ਦੇ ਨਾਲ ਹੀ ਇਸ ਦਾ ਉਦੇਸ਼ ਖੇਡਾਂ ਵਿੱਚ ਜ਼ਿਲ੍ਹਾ ਅਤੇ ਰਾਜ-ਪੱਧਰੀ ਲੀਗਾਂ ਦਾ ਇੱਕ ਵਿਆਪਕ ਈਕੋ-ਸਿਸਟਮ ਸਥਾਪਤ ਕਰਨਾ ਹੈ ਤਾਂ ਜੋ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਅਨੁਸ਼ਾਸਨ, ਨਵੇਂ ਮੌਕਿਆਂ ਅਤੇ ਰਾਸ਼ਟਰੀ ਪ੍ਰਤੀਨਿਧਤਾ ਵੱਲ ਲੈ ਜਾਇਆ ਜਾ ਸਕੇ।

ਮੀਟਿੰਗ ਵਿੱਚ ਲਏ ਗਏ ਕੁਝ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਚੰਡੀਗੜ੍ਹ ਵਿਖੇ ਖੇਡ ਅਤੇ ਯੁਵਕ ਸੇਵਾਵਾਂ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕਰਨ ਲਈ ਮੀਟਿੰਗ ਕੀਤੀ, ਜਿਸ ਵਿੱਚ ਰਾਜ ਭਰ ਵਿੱਚ ਖੇਡ ਸੱਭਿਆਚਾਰ ਨੂੰ ਉਤਸਾਹਿਤ ਕਰਨ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਉਹ ਇੱਕ ਸਿਹਤਮੰਦ ਸਮਾਜ ਦੀ ਸਿਰਜਣਾ ਦੇ ਉਦੇਸ਼ ਨਾਲ ਨੌਜਵਾਨਾਂ ਨੂੰ (ਬਾਕੀ ਸਫਾ 2 'ਤੇ)

ਦੇਸ਼ 'ਚ ਡਿਜੀਟਲ ਧੋਖਾਧੜੀ ਦਾ ਮਾਮਲਾ

## ਸੁਪਰੀਮ ਕੋਰਟ ਨੇ 54 ਹਜ਼ਾਰ ਕਰੋੜ ਦੇ ਗਬਨ ਨੂੰ 'ਪੂਰੀ ਤਰ੍ਹਾਂ ਲੁੱਟ ਅਤੇ ਡਕੈਤੀ' ਕਰਾਰ ਦਿੱਤਾ

ਨਵੀਂ ਦਿੱਲੀ, 9 ਫਰਵਰੀ (ਚ.ਨ.ਸ.):ਦੇਸ਼ ਵਿੱਚ ਵਧ ਰਹੀ ਡਿਜੀਟਲ ਧੋਖਾਧੜੀ 'ਤੇ ਸਖ਼ਤ ਰੁਖ ਅਖਤਿਆਰ ਕਰਦਿਆਂ ਸੁਪਰੀਮ ਕੋਰਟ ਨੇ 54 ਹਜ਼ਾਰ ਕਰੋੜ ਰੁਪਏ ਦੇ ਗਬਨ ਨੂੰ 'ਪੂਰੀ ਤਰ੍ਹਾਂ ਲੁੱਟ ਅਤੇ ਡਕੈਤੀ' ਕਰਾਰ ਦਿੱਤਾ ਹੈ। ਜਸਟਿਸ ਸੂਰਿਆਕਾਂਤ, ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਐਨ.ਵੀ.ਅੰਜਾਰੀਆ ਦੀ ਬੈਂਚ ਨੇ ਟਿੱਪਣੀ ਕੀਤੀ ਕਿ ਇਹ ਰਕਮ ਕਈ ਛੋਟੇ ਰਾਜਾਂ ਦੇ ਸਾਲਾਨਾ ਬਜਟ ਨਾਲੋਂ ਵੀ ਵੱਧ ਹੈ। ਅਦਾਲਤ ਨੇ ਖਦਸ਼ਾ ਜਤਾਇਆ ਹੈ ਕਿ ਅਜਿਹੇ ਅਪਰਾਧ ਬੈਂਕ ਅਧਿਕਾਰੀਆਂ ਦੀ ਮਿਲੀਭੁਗਤ ਜਾਂ ਉਨ੍ਹਾਂ ਦੀ ਵੱਡੀ ਲਾਪਰਵਾਹੀ ਕਾਰਨ ਹੋ ਸਕਦੇ ਹਨ। ਸੁਪਰੀਮ ਕੋਰਟ ਨੇ ਕੇਂਦਰ ਸਰਕਾਰ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਆਰ.ਬੀ.ਆਈ., ਬੈਂਕਾਂ ਅਤੇ ਦੂਰਸੰਚਾਰ ਵਿਭਾਗ ਵਰਗੇ ਹਿੱਸੇਦਾਰਾਂ ਨਾਲ ਮਿਲ ਕੇ ਇਕ ਮਿਆਰੀ ਸੰਚਾਲਨ ਪ੍ਰਕਿਰਿਆ ਤਿਆਰ ਕਰੇ। ਗ੍ਰਹਿ ਮੰਤਰਾਲੇ ਨੂੰ ਇਸ ਸਬੰਧੀ ਚਾਰ ਹਫਤਿਆਂ ਦੇ ਅੰਦਰ ਇਕ ਸਹਿਮਤੀ ਪੱਤਰ ਦਾ ਖਰੜਾ ਤਿਆਰ ਕਰਨ ਲਈ ਕਿਹਾ ਗਿਆ ਹੈ। ਅਦਾਲਤ ਨੇ 'ਡਿਜੀਟਲ ਅਰੈਸਟ' ਦੇ ਵਧ ਰਹੇ ਮਾਮਲਿਆਂ 'ਤੇ ਚਿੰਤਾ ਪ੍ਰਗਟਾਈ ਹੈ, (ਬਾਕੀ ਸਫਾ 2 'ਤੇ)

ਚੋਣ ਕਮਿਸ਼ਨ ਦੇ ਨੋਟਿਸ ਸਾੜੇ ਜਾਣ ਦਾ ਮਾਮਲਾ

## ਐਸ.ਆਈ.ਆਰ. ਪ੍ਰਕਿਰਿਆ ਵਿੱਚ ਕੋਈ ਰੁਕਾਵਟ ਬਰਦਾਸ਼ਤ ਨਹੀਂ ਕੀਤੀ ਜਾਵੇਗੀ: ਸੁਪਰੀਮ ਕੋਰਟ

### ਡੀ.ਜੀ.ਪੀ. ਨੂੰ ਹਲਫ਼ਨਾਮਾ ਦਾਇਰ ਕਰਨ ਲਈ ਕਿਹਾ

ਨਵੀਂ ਦਿੱਲੀ , 9 ਫਰਵਰੀ (ਚ.ਨ.ਸ.): ਪੱਛਮੀ ਬੰਗਾਲ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਮੁੜ ਸੁਧਾਈ (ਐਸ.ਆਈ.ਆਰ.) ਨੂੰ ਲੈ ਕੇ ਸੁਪਰੀਮ ਕੋਰਟ ਨੇ ਸਖ਼ਤ ਰੁਖ਼ ਅਪਣਾਉਂਦਿਆਂ ਕਿਹਾ ਕਿ ਇਸ ਪ੍ਰਕਿਰਿਆ ਵਿੱਚ ਕਿਸੇ ਨੂੰ ਵੀ ਅੜਿੱਕਾ ਪਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।



ਇਸ ਸਬੰਧੀ ਚੋਣ ਕਮਿਸ਼ਨ ਨੇ ਸ਼ਿਕਾਇਤ ਕੀਤੀ ਸੀ ਕਿ ਉਨ੍ਹਾਂ ਦੇ ਨੋਟਿਸ ਸਾੜੇ ਗਏ ਸਨ ਤੇ ਇਸ ਮਾਮਲੇ ਵਿਚ ਕੋਈ ਐਫਆਈਆਰ ਵੀ ਦਰਜ ਨਹੀਂ ਕੀਤੀ ਗਈ। ਇਸ ਸਬੰਧੀ ਮੁੱਖ ਮੰਤਰੀ ਮਮਤਾ ਬੈਨਰਜੀ ਵੱਲੋਂ ਵੋਟਰਾਂ ਨੂੰ ਸੂਚੀ ਵਿੱਚੋਂ ਬਾਹਰ ਕੱਢੇ ਜਾਣ ਦੇ ਪ੍ਰਗਟਾਏ ਖ਼ਦਸ਼ੇ ਸਬੰਧੀ ਵੀ ਪਟੀਸ਼ਨ ਦਾਇਰ ਕੀਤੀ ਗਈ ਸੀ।

ਚੀਫ਼ ਜਸਟਿਸ ਸੂਰਿਆ ਕਾਂਤ ਦੇ ਬੈਂਚ ਨੇ ਚੋਣ ਕਮਿਸ਼ਨ ਦੇ ਉਸ ਦਾਅਵੇ ਦਾ ਨੋਟਿਸ ਲਿਆ ਜਿਸ ਵਿੱਚ ਕਿਹਾ ਗਿਆ ਸੀ ਕਿ ਕੁਝ ਸ਼ਰਾਰਤੀ ਅਨਸਰਾਂ ਨੇ ਕਮਿਸ਼ਨ ਦੇ ਨੋਟਿਸ ਸਾੜ ਦਿੱਤੇ ਹਨ। ਇਸ 'ਤੇ ਅਦਾਲਤ ਨੇ ਪੱਛਮੀ ਬੰਗਾਲ ਦੇ ਡੀਜੀਪੀ ਨੂੰ ਹਲਫ਼ਨਾਮਾ ਦਾਇਰ ਕਰਨ ਦੇ ਹੁਕਮ ਦਿੱਤੇ ਹਨ।ਅਦਾਲਤ ਨੇ ਸੂਬਾ ਸਰਕਾਰ ਵੱਲੋਂ ਮੁਹੱਈਆ ਕਰਵਾਏ ਗਏ 8,505 ਅਧਿਕਾਰੀਆਂ ਨੂੰ ਇਸ ਕੰਮ ਲਈ ਸਿਖਲਾਈ ਦੇ ਕੇ ਤਾਇਨਾਤ ਕਰਨ ਦੀ ਇਜਾਜ਼ਤ ਦੇ ਦਿੱਤੀ ਹੈ ਪਰ ਨਾਲ ਹੀ ਸਪਸ਼ਟ ਕੀਤਾ ਹੈ ਕਿ ਵੋਟਰ ਸੂਚੀ ਬਾਰੇ ਅੰਤਿਮ ਫੈਸਲਾ ਚੋਣ ਅਧਿਕਾਰੀਆਂ ਦਾ ਹੀ ਹੋਵੇਗਾ।

ਕੇਂਦਰ ਸਰਕਾਰ ਵੱਲੋਂ ਪੇਸ਼ ਹੋਏ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਕਿਹਾ ਕਿ ਇਹ ਸੰਦੇਸ਼ ਜਾਣਾ ਚਾਹੀਦਾ ਹੈ ਕਿ ਦੇਸ਼ ਦਾ ਸੰਵਿਧਾਨ ਸਾਰੇ ਰਾਜਾਂ 'ਤੇ ਬਰਾਬਰ ਲਾਗੂ ਹੁੰਦਾ ਹੈ। ਦੂਜੇ ਪਾਸੇ, ਮਮਤਾ ਬੈਨਰਜੀ ਦੇ ਵਕੀਲ ਨੇ ਚਿੰਤਾ ਜਤਾਈ ਕਿ ਇਸ ਪ੍ਰਕਿਰਿਆ ਰਾਹੀਂ ਯੋਗ ਵੋਟਰਾਂ ਨੂੰ ਵੱਡੇ ਪੱਧਰ 'ਤੇ ਬਾਹਰ ਕੱਢਿਆ ਜਾ ਸਕਦਾ ਹੈ, ਜਿਸ 'ਤੇ ਅਦਾਲਤ ਨੇ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕਰਨ ਦਾ ਭਰੋਸਾ ਦਿੱਤਾ।

## ਕੁਲਦੀਪ ਸੇਂਗਰ ਦੀ ਜ਼ਮਾਨਤ ਪਟੀਸ਼ਨ 'ਤੇ ਸੁਣਵਾਈ ਤੋਂ ਨਾਂਹ

ਨਵੀਂ ਦਿੱਲੀ, 9 ਫਰਵਰੀ (ਚ.ਨ.ਸ.):ਸੁਪਰੀਮ ਕੋਰਟ ਨੇ ਉਨਾਓ ਜਬਰ ਜਨਾਹ ਦੀ ਪੀੜਤਾ ਦੇ ਪਿਤਾ ਦੀ ਹਿਰਾਸਤੀ ਮੌਤ ਦੇ ਮਾਮਲੇ ਵਿੱਚ ਭਾਜਪਾ ਦੇ ਸਾਬਕਾ ਆਗੂ ਕੁਲਦੀਪ ਸਿੰਘ ਸੇਂਗਰ ਦੀ ਜ਼ਮਾਨਤ ਪਟੀਸ਼ਨ 'ਤੇ ਅੱਜ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ।

ਸਰਵਉਚ ਅਦਾਲਤ ਨੇ ਦਿੱਲੀ ਹਾਈ ਕੋਰਟ ਨੂੰ ਨਿਰਦੇਸ਼ ਦਿੱਤੇ ਕਿ ਉਨਾਓ ਜਬਰ ਜਨਾਹ ਦੀ ਪੀੜਤਾ ਦੇ ਪਿਤਾ ਦੀ ਹਿਰਾਸਤੀ ਮੌਤ ਦੇ ਮਾਮਲੇ ਵਿੱਚ ਭਾਜਪਾ ਦੇ ਸਾਬਕਾ ਆਗੂ ਕੁਲਦੀਪ ਸਿੰਘ ਸੇਂਗਰ ਦੀ ਅਪੀਲ 'ਤੇ ਤਿੰਨ ਮਹੀਨਿਆਂ ਦੇ ਅੰਦਰ ਫੈਸਲਾ (ਬਾਕੀ ਸਫਾ 2 'ਤੇ)

## ਦੇਸ਼ 'ਚੋਂ ਨਕਸਲਵਾਦ 31 ਮਾਰਚ ਤੱਕ ਹੋ ਜਾਵੇਗਾ ਖ਼ਤਮ :ਸ਼ਾਹ

ਜਗਦਲਪੁਰ, 9 ਫਰਵਰੀ (ਚ.ਨ.ਸ.): ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸੋਮਵਾਰ ਨੂੰ ਛੱਤੀਸਗੜ੍ਹ ਦੇ ਬਸਤਰ ਜ਼ਿਲ੍ਹੇ ਦੇ ਮੁੱਖ ਦਫ਼ਤਰ ਜਗਦਲਪੁਰ ਵਿਖੇ 'ਬਸਤਰ ਪਾਂਡੁਮ 2026' ਸੱਭਿਆਚਾਰਕ ਸਮਾਗਮ ਦੇ ਸਮਾਪਤੀ ਸਮਾਰੋਹ 'ਚ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਦੇਸ਼ 'ਚੋਂ ਨਕਸਲਵਾਦ ਨੂੰ ਖਤਮ ਕਰਨ ਲਈ ਇਕ ਵੱਡਾ ਦਾਅਵਾ ਕਰਦਿਆਂ ਕਿਹਾ ਕਿ 31 ਮਾਰਚ ਤੱਕ ਨਕਸਲਵਾਦ ਨੂੰ ਪੂਰੀ ਤਰ੍ਹਾਂ ਜੜ੍ਹੋਂ ਪੁੱਟ ਦਿੱਤਾ ਜਾਵੇਗਾ।

ਸ਼ਾਹ ਨੇ ਕਿਹਾ ਕਿ ਮਾਓਵਾਦ ਨੇ ਕਦੇ ਕਿਸੇ ਸਮਾਜ ਦਾ ਭਲਾ ਨਹੀਂ ਕੀਤਾ, ਸਗੋਂ ਸਿਰਫ਼ ਤਬਾਹੀ ਫੈਲਾਈ ਹੈ। ਉਨ੍ਹਾਂ ਨੇ ਨਕਸਲੀਆਂ ਨੂੰ ਹਥਿਆਰ ਛੱਡ ਕੇ ਮੁੱਖ ਧਾਰਾ 'ਚ ਸ਼ਾਮਲ ਹੋਣ (ਬਾਕੀ ਸਫਾ 2 'ਤੇ)

## ਵਿਰੋਧੀ ਧਿਰ ਦੇ ਹੰਗਾਮੇ ਕਾਰਨ ਸੰਸਦ ਮੁਲਤਵੀ

### ਰਾਹੁਲ ਗਾਂਧੀ ਵੱਲੋਂ ਸਪੀਕਰ 'ਤੇ ਵਾਅਦਾ ਖ਼ਿਲਾਫ਼ੀ ਦੇ ਦੋਸ਼

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 9 ਫਰਵਰੀ : ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਭਾਰੀ ਹੰਗਾਮੇ ਕਾਰਨ ਸਦਨ ਦੀ ਕਾਰਵਾਈ ਮੰਗਲਵਾਰ ਤੱਕ ਲਈ ਮੁਲਤਵੀ ਕਰ ਦਿੱਤੀ ਗਈ ਹੈ। ਵਿਰੋਧੀ ਸੰਸਦ ਮੈਂਬਰ ਭਾਰਤ-ਅਮਰੀਕਾ ਅੰਤਰਿਮ ਵਪਾਰ ਢਾਂਚੇ 'ਤੇ ਚਰਚਾ ਦੀ ਮੰਗ ਕਰ ਰਹੇ ਸਨ। ਸਦਨ ਦੀ ਕਾਰਵਾਈ ਸੋਮਵਾਰ ਨੂੰ ਸਵੇਰੇ 11 ਵਜੇ ਸ਼ੁਰੂ ਹੋਣ ਤੋਂ ਬਾਅਦ ਤਿੰਨ ਵਾਰ ਮੁਲਤਵੀ ਹੋਈ ਅਤੇ ਅੰਤ ਵਿੱਚ ਦੁਪਹਿਰ 2 ਵਜੇ ਇਸ ਨੂੰ ਅਗਲੇ ਦਿਨ ਤੱਕ ਤਕ ਰੋਕ ਦਿੱਤਾ ਗਿਆ।



ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਦਾਅਵਾ ਕੀਤਾ ਕਿ ਉਨ੍ਹਾਂ ਨੂੰ ਨਿੱਜੀ ਤੌਰ 'ਤੇ ਭਰੋਸਾ ਦਿੱਤਾ ਗਿਆ ਸੀ ਕਿ ਬਜਟ 'ਤੇ ਚਰਚਾ ਸ਼ੁਰੂ ਹੋਣ ਤੋਂ ਪਹਿਲਾਂ ਉਨ੍ਹਾਂ ਨੂੰ ਆਪਣੀ ਗੱਲ ਰੱਖਣ ਦਾ ਮੌਕਾ ਮਿਲੇਗਾ ਪਰ ਹੁਣ ਸਦਨ ਦੇ ਚੇਅਰਮੈਨ ਆਪਣੇ ਵਾਅਦੇ ਤੋਂ ਪਿੱਛੇ ਹਟ ਰਹੇ ਹਨ। ਦੂਜੇ ਪਾਸੇ, ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੇ ਇਨ੍ਹਾਂ ਦਾਅਵਿਆਂ ਨੂੰ ਸਿਰੇ ਤੋਂ ਖਾਰਜ ਕਰਦਿਆਂ ਕਿਹਾ ਕਿ ਅਜਿਹਾ ਕੋਈ ਭਰੋਸਾ ਨਹੀਂ ਦਿੱਤਾ ਗਿਆ ਸੀ ਅਤੇ ਰਾਹੁਲ ਗਾਂਧੀ ਦੇ ਸ਼ਬਦ ਸੌ ਫੀਸਦੀ ਝੂਠੇ ਹਨ। ਚੇਅਰ 'ਤੇ ਬੈਠੇ ਸੰਸਦ ਮੈਂਬਰ ਸੰਧਿਆ ਰਾਏ ਨੇ ਕਿਹਾ ਕਿ ਉਨ੍ਹਾਂ ਨੂੰ ਰਾਹੁਲ ਗਾਂਧੀ ਵੱਲੋਂ ਕੋਈ ਨੋਟਿਸ ਨਹੀਂ ਮਿਲਿਆ ਹੈ ਅਤੇ ਬਿਨਾਂ ਨੋਟਿਸ ਕਿਸੇ ਵੀ ਮੁੱਦੇ 'ਤੇ ਚਰਚਾ ਨਹੀਂ ਕੀਤੀ ਜਾ ਸਕਦੀ। ਇਸ ਦੌਰਾਨ ਕਾਂਗਰਸੀ ਆਗੂ ਸ਼ਸ਼ੀ ਥਰੂਰ ਨੇ ਵੀ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਨੂੰ ਬੋਲਣ ਦਾ ਮੌਕਾ ਦੇਣਾ ਸੰਸਦੀ ਪਰੰਪਰਾ ਹੈ। ਇਸ ਤੋਂ ਇਲਾਵਾ ਕਾਂਗਰਸ ਦੀਆਂ ਮਹਿਲਾ ਸੰਸਦ ਮੈਂਬਰਾਂ ਨੇ ਸਪੀਕਰ ਓਮ ਬਿਰਲਾ ਨੂੰ ਪੱਤਰ ਲਿਖ ਕੇ ਦੋਸ਼ ਲਾਇਆ ਕਿ ਉਨ੍ਹਾਂ ਵਿਰੁੱਧ ਬੇਬੁਨਿਆਦ ਅਤੇ ਅਪਮਾਨਜਨਕ ਦਾਅਵੇ ਕੀਤੇ ਜਾ ਰਹੇ ਹਨ।

## ਖੜਗੇ ਨੂੰ ਬੋਲਣ ਦੀ ਮਨਜ਼ੂਰੀ ਨਾ ਮਿਲਣ 'ਤੇ ਰਾਜ ਸਭਾ 'ਚੋਂ ਵਿਰੋਧੀ ਧਿਰ ਵੱਲੋਂ ਵਾਕਆਊਟ

ਨਵੀਂ ਦਿੱਲੀ, 9 ਫਰਵਰੀ (ਚ.ਨ.ਸ.):ਰਾਜ ਸਭਾ 'ਚ ਸੋਮਵਾਰ ਨੂੰ ਵਿਰੋਧੀ ਧਿਰ ਦੇ ਨੇਤਾ ਮਲਿਕਾਰਜੁਨ ਖੜਗੇ ਨੂੰ ਬੋਲਣ ਦੀ ਮਨਜ਼ੂਰੀ ਨਾ ਮਿਲਣ ਦੇ ਮੁੱਦੇ 'ਤੇ ਵਿਰੋਧੀ ਧਿਰ ਦੇ ਮੈਂਬਰਾਂ ਨੇ ਸਦਨ ਤੋਂ ਵਾਕਆਊਟ ਕੀਤਾ। ਉੱਚ ਸਦਨ 'ਚ ਜਦੋਂ ਜ਼ੀਰੋ ਕਾਲ ਖ਼ਤਮ ਹੋਇਆ ਅਤੇ ਪ੍ਰਸ਼ਨਕਾਲ ਸ਼ੁਰੂ ਹੋਇਆ, ਉਦੋਂ ਕਾਂਗਰਸ ਮੈਂਬਰ ਖੜਗੇ ਨੇ ਆਪਣੀ ਗੱਲ ਰੱਖਣੀ ਚਾਹੀ। ਆਸਨ ਤੋਂ ਮਨਜ਼ੂਰੀ ਮਿਲਣ 'ਤੇ ਖੜਗੇ ਨੇ ਕਿਹਾ ਕਿ ਲੋਕ ਸਭਾ (ਬਾਕੀ ਸਫਾ 2 'ਤੇ)

ਪ੍ਰਧਾਨ ਮੰਤਰੀ ਵੱਲੋਂ 'ਪ੍ਰੀਖਿਆ ਪੇ ਚਰਚਾ'

## ਵਿਦਿਆਰਥੀਆਂ ਨੂੰ ਟੈਕਨਾਲੋਜੀ ਦਾ ਗੁਲਾਮ ਨਾ ਬਣਨ ਦੀ ਦਿੱਤੀ ਸਲਾਹ: ਮੋਦੀ

ਚੜ੍ਹਦੀਕਲਾ ਬਿਊਰੋ

================



ਨਵੀਂ ਦਿੱਲੀ, 9 ਫਰਵਰੀ :ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਇੰਟਰਐਕਟਿਵ ਪ੍ਰੋਗਰਾਮ,ਪ੍ਰੀਖਿਆ 'ਤੇ ਚਰਚਾ 2026ਦੇ ਵਿੱਚ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨਾਲ ਸਬੰਧਤ ਕਈ ਮਹੱਤਵਪੂਰਨ ਮੁੱਦਿਆਂ 'ਤੇ ਚਰਚਾ ਕੀਤੀ। ਉਨ੍ਹਾਂ ਨੇ 9ਵੇਂ ਐਡੀਸ਼ਨ ਦੇ ਦੂਜੇ ਐਪੀਸੋਡ ਵਿਚ ਦੇਸ਼ ਭਰ ਤੋਂ ਆਏ ਵਿਦਿਆਰਥੀਆਂ ਨਾਲ ਮੁਲਾਕਾਤ ਕੀਤੀ। ਮੋਦੀ ਕੋਇੰਬਟੂਰ, ਛੱਤੀਸਗੜ੍ਹ ਪਹੁੰਚੇ ਤੇ ਬੱਚਿਆਂ ਨਾਲ ਗੱਲਬਾਤ ਕੀਤੀ। ਇਸ ਦੇ ਬਾਅਦ ਪੀ.ਐੱਮ. ਗੁਹਾਟੀ ਦੇ ਅਸ਼ਟਲਕਸ਼ਮੀ ਪਹੁੰਚੇ। ਪੀ.ਐੱਮ. ਨੇ ਕਿਹਾ ਕਿ ਕਦੇ ਵੀ ਟੈਕਨਾਲੋਜੀ ਦਾ ਗੁਲਾਮ ਨਹੀਂ ਬਣਨਾ ਚਾਹੀਦਾ। ਟੈਕਨਾਲੋਜੀ ਦੀ ਵਰਤੋਂ ਸਮਰੱਥਾ ਵਧਾਉਣ ਲਈ ਕਰੋ। ਦੂਜੇ ਐਪੀਸੋਡ ਵਿਚ ਮੋਦੀ ਨੇ ਬੱਚਿਆਂ ਨੂੰ ਪੜ੍ਹਨ ਦੇ ਨਾਲ-ਨਾਲ ਲਿਖਕੇ ਪ੍ਰੈਕਟਿਸ ਕਰਨ ਦੀ ਸਲਾਹ ਦਿੱਤੀ। ਨਾਲ ਹੀ ਬੱਚਿਆਂ ਨੂੰ ਕਿਹਾ ਕਿ ਪਹਿਲਾਂ ਨਿਡਰ ਬਣੋ ਫਿਰ ਲੀਡਰ ਬਣ ਜਾਓਗੇ। ਉਨ੍ਹਾਂ ਨੇ ਪੜ੍ਹਾਈ ਵਿਚ ਕਮਜ਼ੋਰ ਕਲਾਸਮੇਟਸ ਦੀ ਮਦਦ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਉਨ੍ਹਾਂ ਨਾਲ ਦੋਸਤੀ (ਬਾਕੀ ਸਫਾ 2 'ਤੇ)

## ਪੰਜਾਬ ਦੇ ਲਾਅ ਕਾਲਜ 'ਚ ਮੁੰਡੇ ਵੱਲੋਂ ਕੁੜੀ ਨੂੰ ਗੋਲ਼ੀ ਮਾਰਨ ਤੋਂ ਬਾਅਦ ਖ਼ੁਦਕੁਸ਼ੀ

ਤਰਨਤਾਰਨ, 9 ਫਰਵਰੀ (ਚ.ਨ.ਸ.):ਤਰਨਤਾਰਨ ਦੇ ਲਾਅ ਕਾਲਜ 'ਚ ਉਸ ਸਮੇਂ ਦਹਿਸ਼ਤ ਦਾ ਮਾਹੌਲ ਬਣ ਗਿਆ, ਜਦੋਂ ਇਕ ਨੌਜਵਾਨ ਵੱਲੋਂ ਕਾਲਜ ਅੰਦਰ ਦਾਖ਼ਲ ਹੋ ਕੇ ਇਕ ਵਿਦਿਆਰਥਣ ਨੂੰ ਗੋਲੀ ਮਾਰ ਦਿੱਤੀ ਗਈ। ਘਟਨਾ ਮਗਰੋਂ ਨੌਜਵਾਨ ਨੇ ਆਪਣੇ ਆਪ ਨੂੰ ਵੀ ਗੋਲੀ ਮਾਰ ਕੇ ਖੁਦਕੁਸ਼ੀ ਕਰ ਲਈ। ਇਸ ਦਰਦਨਾਕ ਵਾਕਏ 'ਚ ਦੋਹਾਂ ਦੀ ਮੌਤ ਹੋ ਗਈ। ਮ੍ਰਿਤਕ ਵਿਦਿਆਰਥਣ ਦੀ ਪਛਾਣ ਨੌਸ਼ਹਿਰਾ ਪੰਨੂਆਂ ਦੀ ਰਹਿਣ ਵਾਲੀ ਸੰਦੀਪ ਕੌਰ ਵਜੋਂ ਹੋਈ ਹੈ, ਜੋ ਲਾਅ ਕਾਲਜ ਵਿੱਚ ਪੜ੍ਹਾਈ ਕਰ ਰਹੀ ਸੀ। ਜਦਕਿ ਨੌਜਵਾਨ ਦੀ ਪਛਾਣ ਪਿੰਡ ਮੱਲੀਆਂ ਦੇ ਰਹਿਣ ਵਾਲੇ ਪ੍ਰਿੰਸ ਰਾਜ ਸਿੰਘ ਵਜੋਂ ਕੀਤੀ ਗਈ ਹੈ। ਮੁੱਢਲੀ ਜਾਣਕਾਰੀ ਮੁਤਾਬਕ ਨੌਜਵਾਨ ਨੇ ਕਾਲਜ ਵਿੱਚ (ਬਾਕੀ ਸਫਾ 2 'ਤੇ)

## 328 ਸਰੂਪਾਂ ਦੇ ਮਾਮਲੇ 'ਚ ਪੰਜਾਬ ਸਰਕਾਰ ਅੰਮ੍ਰਿਤਧਾਰੀ ਸਿੱਖ ਅਫ਼ਸਰਾਂ ਦੀ ਜਾਂਚ ਟੀਮ ਬਣਾਵੇ : ਗਿ. ਗੜਗੱਜ

### ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਦਬ ਸਤਿਕਾਰ ਵਿਰੁੱਧ ਟਿੱਪਣੀ ਕਰਨ ਵਾਲੇ ਗੁਰਜੰਟ ਸਿੰਘ 'ਤੇ ਲਗਾਈ ਪਾਬੰਦੀ

ਬਬਲੂ ਮਹਾਜਨ

================

ਅੰਮ੍ਰਿਤਸਰ, 9 ਫਰਵਰੀ : ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਅੱਜ ਪੰਜਾਬ ਸਰਕਾਰ ਨੂੰ ਆਦੇਸ਼ ਜਾਰੀ ਕੀਤਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ ਅੰਮ੍ਰਿਤਧਾਰੀ ਸਿੱਖ ਪੁਲਿਸ ਅਫ਼ਸਰਾਂ 'ਤੇ ਅਧਾਰਤ ਹੀ ਬਣਾਈ ਜਾਵੇ। ਅੱਜ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਦੇਸ਼ ਵਿਦੇਸ਼ ਵਿੱਚ ਵੱਸਦੀ ਸਿੱਖ ਸੰਗਤ ਵੱਲੋਂ ਪੁੱਜੇ ਸੁਝਾਵਾਂ, ਪੁੱਜੀ ਮੰਗ, ਬੀਤੇ ਦਿਨੀਂ



ਦੋਆਬਾ ਖੇਤਰ ਦੇ ਇੱਕ ਅਸਥਾਨ ਉੱਤੇ ਪੰਜਾਬ ਪੁਲਿਸ ਦੀ ਵਿਸ਼ੇਸ਼ ਜਾਂਚ ਟੀਮ ਵੱਲੋਂ ਕੀਤੀ ਮਰਯਾਦਾ ਦੀ ਉਲੰਘਣਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਸਿੱਖ ਭਾਵਨਾਵਾਂ ਦੇ ਮੱਦੇਨਜ਼ਰ ਇਹ ਅਤਿ ਜ਼ਰੂਰੀ ਹੈ ਕਿ ਪੰਜਾਬ ਪੁਲਿਸ ਦੀ ਵਿਸ਼ੇਸ਼ ਜਾਂਚ ਟੀਮ ਕੇਵਲ ਅੰਮ੍ਰਿਤਧਾਰੀ ਸਿੱਖ ਅਫ਼ਸਰਾਂ 'ਤੇ ਅਧਾਰਤ ਹੀ ਹੋਵੇ। ਉਨ੍ਹਾਂ ਕਿਹਾ ਕਿ ਮੌਜੂਦਾ ਜਾਂਚ ਟੀਮ ਦੇ ਅਧਿਕਾਰੀਆਂ (ਬਾਕੀ ਸਫਾ 2 'ਤੇ)

## ਹੁਣ ਰੇਲਵੇ ਯਾਤਰੀਆਂ ਨੂੰ ਸੀਟ 'ਤੇ ਹੀ ਮਿਲੇਗਾ ਗਰਮਾ-ਗਰਮ ਖਾਣਾ

ਨਵੀਂ ਦਿੱਲੀ, 9 ਫਰਵਰੀ (ਚ.ਨ.ਸ.): ਭਾਰਤੀ ਰੇਲਵੇ ਵਿੱਚ ਸਫ਼ਰ ਕਰਨ ਵਾਲੇ ਯਾਤਰੀਆਂ ਲਈ ਇੱਕ ਰਾਹਤ ਭਰੀ ਖ਼ਬਰ ਸਾਹਮਣੇ ਆਈ ਹੈ। ਇੰਡੀਅਨ ਰੇਲਵੇ ਕੈਟਰਿੰਗ ਐਂਡ ਟੂਰਿਜ਼ਮ ਕਾਰਪੋਰੇਸ਼ਨ (ਆਈ.ਆਰ.ਸੀ.ਟੀ.ਸੀ.) ਨੇ ਮੇਲ ਅਤੇ ਐਕਸਪ੍ਰੈਸ ਟ੍ਰੇਨਾਂ ਵਿੱਚ ਸਫ਼ਰ ਕਰਨ ਵਾਲੇ ਯਾਤਰੀਆਂ ਦੀ ਸਹੂਲਤ ਲਈ 'ਈ-ਪੈਂਟਰੀ' ਸੇਵਾ ਦੀ ਸ਼ੁਰੂਆਤ ਕੀਤੀ ਹੈ। ਇਸ ਸੇਵਾ ਦੇ ਜ਼ਰੀਏ ਹੁਣ ਯਾਤਰੀਆਂ ਨੂੰ ਖਾਣੇ ਲਈ ਆਪਣੀ ਸੀਟ ਛੱਡ ਕੇ ਇੱਧਰ-ਉੱਧਰ ਭਟਕਣ ਦੀ ਲੋੜ ਨਹੀਂ ਪਵੇਗੀ ਅਤੇ ਉਨ੍ਹਾਂ ਨੂੰ ਸੀਟ 'ਤੇ ਹੀ ਸਾਫ਼-ਸੁਥਰਾ ਤੇ ਗਰਮਾ-ਗਰਮ ਖਾਣਾ ਮਿਲ ਸਕੇਗਾ। ਇੰਡੀਅਨ ਰੇਲਵੇ ਕੈਟਰਿੰਗ ਐਂਡ ਟੂਰਿਜ਼ਮ ਕਾਰਪੋਰੇਸ਼ਨ ਨੇ ਫਿਲਹਾਲ ਇਹ ਸੇਵਾ 25 ਮੇਲ ਅਤੇ ਐਕਸਪ੍ਰੈਸ ਟ੍ਰੇਨਾਂ ਵਿੱਚ ਸ਼ੁਰੂ ਕੀਤੀ ਹੈ। ਪਹਿਲਾਂ ਇਹ ਸਹੂਲਤ ਸਿਰਫ਼ ਪ੍ਰੀਮੀਅਮ ਟ੍ਰੇਨਾਂ ਵਿੱਚ ਹੀ ਉਪਲਬਧ (ਬਾਕੀ ਸਫਾ 2 'ਤੇ)

## ਵਿਕਸਿਤ ਭਾਰਤ ਲਈ ਚਾਹੀਦੇ ਨੇ 'ਪਾਵਰਫੁੱਲ ਬੈਂਕ': ਸੀਤਾਰਮਨ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 9 ਫਰਵਰੀ : ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਸਰਕਾਰ ਵਿਕਸਿਤ ਭਾਰਤ ਦੀਆਂ ਵਿੱਤੀ ਲੋੜਾਂ ਨੂੰ ਪੂਰਾ ਕਰਨ 'ਚ ਸਮਰੱਥ, ਵੱਡੇ ਅਤੇ ਮਜ਼ਬੂਤ ਬੈਂਕ ਬਣਾਉਣ ਲਈ ਜਲਦ ਹੀ 'ਵਿਕਸਿਤ ਭਾਰਤ ਲਈ ਬੈਂਕਿੰਗ 'ਤੇ ਉੱਚ ਪੱਧਰੀ ਕਮੇਟੀ' ਦਾ ਗਠਨ ਕਰੇਗੀ।



ਇਸ ਦਾ ਉਦੇਸ਼ ਇਹ ਤੈਅ ਕਰਨਾ ਹੈ ਕਿ ਦੇਸ਼ ਨੂੰ ਵਿਕਸਿਤ ਭਾਰਤ ਦੀ ਵਿੱਤੀ ਸਹਾਇਤਾ ਲਈ ਕਿਸ ਤਰ੍ਹਾਂ ਦੀਆਂ ਬੈਂਕਿੰਗ ਸਹੂਲਤਾਂ ਉਪਲੱਬਧ ਕਰਵਾਈਆਂ ਜਾਣ।

ਸੀਤਾਰਮਨ ਨੇ ਸਪੱਸ਼ਟ ਕੀਤਾ ਕਿ ਇਸ ਕਮੇਟੀ ਦਾ ਕੰਮ ਸਿਰਫ ਸਰਕਾਰੀ ਬੈਂਕਾਂ ਦੇ ਰਲੇਵੇਂ ਤੱਕ ਸੀਮਤ ਨਹੀਂ ਹੈ। ਇਸ ਦਾ ਟੀਚਾ ਪੂਰੇ ਬੈਂਕਿੰਗ ਖੇਤਰ ਨੂੰ ਇੰਨਾ ਸ਼ਕਤੀਸ਼ਾਲੀ ਬਣਾਉਣਾ ਹੈ ਕਿ ਉਹ ਵਿਕਸਿਤ ਭਾਰਤ ਦੇ ਟੀਚਿਆਂ ਲਈ ਲੋੜੀਂਦਾ ਫੰਡ, ਕਰਜ਼ਾ ਅਤੇ ਬੈਂਕਿੰਗ ਸੇਵਾਵਾਂ ਉਪਲੱਬਧ ਕਰਵਾ ਸਕੇ। ਕਮੇਟੀ ਦੇ ਗਠਨ ਦੀ ਪ੍ਰਕਿਰਿਆ ਜਲਦ ਪੂਰੀ ਕੀਤੀ ਜਾਵੇਗੀ।

ਉਨ੍ਹਾਂ ਇਹ ਵੀ ਦੱਸਿਆ ਕਿ ਬਜਟ 'ਚ ਐੱਨ. ਬੀ. ਐੱਫ. ਸੀ. ਦੀ ਕਾਰਜਕੁਸ਼ਲਤਾ ਸੁਧਾਰਨ ਲਈ ਪਾਵਰ ਫਾਈਨਾਂਸ ਕਾਰਪੋਰੇਸ਼ਨ (ਪੀ. ਐੱਫ. ਸੀ.) ਅਤੇ ਰੂਰਲ ਇਲੈਕਟ੍ਰੀਫਿਕੇਸ਼ਨ ਕਾਰਪੋਰੇਸ਼ਨ (ਆਰ. ਈ. ਸੀ.) ਦੇ ਮੁੜ ਗਠਨ ਦਾ ਪ੍ਰਸਤਾਵ ਰੱਖਿਆ ਗਿਆ ਹੈ। (ਬਾਕੀ ਸਫਾ 2 'ਤੇ)

## ਗੁਰਦੁਆਰਾ ਸਾਹਿਬ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਹੋਏ ਅਗਨ ਭੇਟ

ਗੋਰਾਇਆ, 9 ਫਰਵਰੀ (ਚ.ਨ.ਸ.): ਇਥੋਂ ਦੇ ਨੇੜਲੇ ਪਿੰਡ ਅਨੀਹਰ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਦੁਆਰਾ ਸਾਹਿਬ ਵਿਖੇ ਵਾਪਰੀ ਅੱਗ ਲੱਗਣ ਦੀ ਘਟਨਾ ਕਾਰਨ ਸੰਗਤਾਂ ਦੇ ਹਿਰਦੇ ਵਲੂੰਧਰੇ ਗਏ। ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼-ਦਿਹਾੜੇ ਨੂੰ ਸਮਰਪਿਤ ਪਿੰਡ ਵਿਖੇ ਦੋ ਦਿਨ ਪਹਿਲਾਂ ਨਗਰ ਕੀਰਤਨ ਸਜਾਇਆ ਗਿਆ, ਜਿਸ ਤੋਂ ਬਾਅਦ ਐਤਵਾਰ ਨੂੰ ਗੁਰਦੁਆਰਾ ਸਾਹਿਬ ਵਿਖੇ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਰਾਤ 10 ਵਜੇ ਦੇ ਕਰੀਬ ਗੁਰਦੁਆਰਾ ਸਾਹਿਬ ਨੂੰ ਬੰਦ ਕਰਕੇ ਗਏ ਸਨ, ਜਿਸ ਤੋਂ ਕੁਝ ਹੀ ਸਮਾਂ ਬਾਅਦ ਗੁਰਦੁਆਰਾ ਸਾਹਿਬ ਦੇ ਸਾਹਮਣੇ ਘਰਦਿਆਂ ਨੇ ਵੇਖਿਆ ਕਿ ਗੁਰਦੁਆਰਾ ਸਾਹਿਬ ਦੇ ਹਾਲ ਵਿੱਚੋਂ ਧੂਆਂ ਨਿਕਲ ਰਿਹਾ ਹੈ, ਜਿਸ ਤੋਂ (ਬਾਕੀ ਸਫਾ 2 'ਤੇ)

## ਰਾਜਪੁਰਾ ਬਾਈਪਾਸ ਲਾਈਨ ਦੇ ਨਿਰਮਾਣ ਨੂੰ ਮਨਜ਼ੂਰੀ

### 411.96 ਕਰੋੜ ਰੁਪਏ ਦੀ ਆਏਗੀ ਲਾਗਤ

ਚੜ੍ਹਦੀਕਲਾ ਬਿਊਰੋ

================




ਨਵੀਂ ਦਿੱਲੀ, 9 ਫਰਵਰੀ : ਰੇਲ ਮੰਤਰਾਲੇ ਨੇ ਉੱਤਰੀ ਰੇਲਵੇ ਦੇ ਸਭ ਤੋਂ ਵਿਅਸਤ ਭਾਗਾਂ ਵਿੱਚੋਂ ਇੱਕ 'ਤੇ ਭੀੜ-ਭੜੱਕੇ ਨੂੰ ਘੱਟ ਕਰਨ ਲਈ ਰਾਜਪੁਰਾ ਬਾਈਪਾਸ ਲਾਈਨ ਦੇ ਨਿਰਮਾਣ ਨੂੰ ਰਸਮੀ ਤੌਰ 'ਤੇ ਮਨਜ਼ੂਰੀ ਦੇ ਦਿੱਤੀ ਹੈ। ਰੇਲ ਮੰਤਰੀ ਤੋਂ ਪ੍ਰਵਾਨਗੀ ਪ੍ਰਾਪਤ ਕਰਨ ਤੋਂ ਬਾਅਦ ਰੇਲ ਰਾਜ ਮੰਤਰੀ, ਰਵਨੀਤ ਸਿੰਘ ਬਿੱਟੂ ਨੇ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਪ੍ਰੋਜੈਕਟ ਦੀ ਅਨੁਮਾਨਤ ਲਾਗਤ 411.96 ਕਰੋੜ ਰੁਪਏ ਹੈ ਅਤੇ ਰੇਲਵੇ ਬੋਰਡ ਦੀ ਸਿਫਾਰਸ਼ ਤੋਂ ਬਾਅਦ ਇਸ ਨੂੰ ਮਨਜ਼ੂਰੀ ਦਿੱਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਪ੍ਰਵਾਨਿਤ ਕੰਮ ਤਹਿਤ ਨਵੇਂ ਸ਼ੰਭੂ ਸਮਰਪਿਤ ਮਾਲ ਗਲਿਆਰਾ ਸਟੇਸ਼ਨ ਨੂੰ ਮੌਜੂਦਾ ਰਾਜਪੁਰਾ-ਬਠਿੰਡਾ ਲਾਈਨ ਦੇ ਕਾਉਲੀ ਸਟੇਸ਼ਨ ਨਾਲ ਜੋੜਨ ਲਈ 13.46 ਕਿਲੋਮੀਟਰ ਬਾਈਪਾਸ ਲਾਈਨ ਦਾ ਨਿਰਮਾਣ ਕੀਤਾ ਜਾਵੇਗਾ। ਇਹ ਰਣਨੀਤਕ ਲਿੰਕ ਭਾਰਤੀ ਰੇਲਵੇ (ਬਾਕੀ ਸਫਾ 2 'ਤੇ)

## ਕਿਉਂ ਉਠ ਰਹੇ ਹਨ ਭਾਰਤ-ਅਮਰੀਕਾ ਵਪਾਰ ਸਮਝੌਤੇ 'ਤੇ ਸਵਾਲ ?

### ਭਾਰਤੀ ਕਿਸਾਨੀ ਨੂੰ ਹੋ ਸਕਦੈ ਵੱਡਾ ਨੁਕਸਾਨ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 9 ਫਰਵਰੀ :ਸਰਕਾਰ ਭਾਰਤ ਅਤੇ ਅਮਰੀਕਾ ਵਿਚਕਾਰ ਨਵੇਂ ਵਪਾਰ ਸਮਝੌਤੇ ਨੂੰ ਇੱਕ ਵੱਡੀ ਪ੍ਰਾਪਤੀ ਦੱਸ ਰਹੀ ਹੈ। ਮੰਤਰੀ ਬਿਆਨ ਦੇ ਰਹੇ ਹਨ ਅਤੇ ਇਸਨੂੰ ਦੇਸ਼ ਲਈ ਲਾਭਦਾਇਕ ਦੱਸ ਰਹੇ ਹਨ। ਹਾਲਾਂਕਿ, ਇਸ ਸਮਝੌਤੇ ਬਾਰੇ ਕਈ ਗੰਭੀਰ ਸਵਾਲ ਉਠਾਏ ਜਾ ਰਹੇ ਹਨ।ਕੀ ਇਹ ਸਮਝੌਤਾ ਸੱਚਮੁੱਚ ਭਾਰਤ ਦੇ ਕਿਸਾਨਾਂ ਅਤੇ ਆਮ ਲੋਕਾਂ ਦੇ ਹਿੱਤ ਵਿੱਚ ਹੈ, ਜਾਂ ਕੀ ਨੁਕਸਾਨ ਨੂੰ ਜਿੱਤ ਵਜੋਂ ਦਰਸਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ? ਜਦੋਂ ਸੱਚਾਈ ਸਾਹਮਣੇ ਆਉਂਦੀ ਹੈ, ਤਾਂ ਤਸਵੀਰ ਵੱਖਰੀ ਹੁੰਦੀ ਹੈ। ਪਿਊਸ਼ ਗੋਇਲ ਨੇ ਕਿਹਾ ਕਿ ਭਾਰਤ-ਅਮਰੀਕਾ ਸਮਝੌਤੇ ਨਾਲ ਦੇਸ਼ ਨੂੰ ਫਾਇਦਾ ਹੋਵੇਗਾ। ਹਾਲਾਂਕਿ, ਆਲੋਚਕਾਂ ਦਾ ਕਹਿਣਾ ਹੈ ਕਿ ਸਰਕਾਰ ਪੂਰੀ ਸੱਚਾਈ ਨਹੀਂ ਦੱਸ ਰਹੀ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਹਾਰ ਨੂੰ ਜਿੱਤ ਵਜੋਂ ਦਰਸਾਇਆ ਜਾ ਰਿਹਾ ਹੈ। ਇਸ ਲਈ, ਇਸ ਸਮਝੌਤੇ ਨੂੰ ਸਹੀ ਢੰਗ ਨਾਲ ਸਮਝਣਾ ਬਹੁਤ ਜ਼ਰੂਰੀ ਹੈ।ਟੈਕਸਾਂ ਨੂੰ ਖਤਮ ਕਰਨਾ ਚਿੰਤਾ ਦਾ ਕਾਰਨ ਕਿਉਂ ਹੈ ? ਭਾਰਤ ਆਮ ਤੌਰ 'ਤੇ ਦਰਾਮਦ ਕੀਤੇ ਸਮਾਨ 'ਤੇ ਟੈਕਸ ਲਗਾਉਂਦਾ ਹੈ। ਇਹ ਟੈਕਸ ਖੇਤੀਬਾੜੀ ਵਸਤਾਂ 'ਤੇ ਹੋਰ ਵੀ ਜ਼ਿਆਦਾ ਹੈ। ਹਾਲਾਂਕਿ, ਇਹ ਨਵਾਂ ਸਮਝੌਤਾ ਅਮਰੀਕਾ ਤੋਂ ਦਰਾਮਦ ਕੀਤੀਆਂ ਜਾਣ ਵਾਲੀਆਂ ਵਸਤਾਂ 'ਤੇ ਟੈਕਸ ਨੂੰ ਜ਼ੀਰੋ ਕਰ ਰਿਹਾ ਹੈ। ਇਸਦਾ ਮਤਲਬ ਹੈ ਕਿ ਅਮਰੀਕੀ ਸਮਾਨ ਹੁਣ ਭਾਰਤ ਵਿੱਚ ਟੈਕਸ-ਮੁਕਤ ਆਵੇਗਾ। ਇਸ ਨਾਲ ਇਹ ਸਵਾਲ ਉੱਠਦਾ ਹੈ ਕਿ ਭਾਰਤ ਨੂੰ ਇਸ ਤੋਂ ਕਿਵੇਂ ਲਾਭ ਹੋਵੇਗਾ।



**ਸਸਤੀਆਂ ਵਿਦੇਸ਼ੀ ਵਸਤਾਂ ਅਤੇ ਭਾਰਤੀ ਕਿਸਾਨ:** ਅਮਰੀਕਾ ਸਰਕਾਰ ਆਪਣੇ ਕਿਸਾਨਾਂ ਨੂੰ ਮਹੱਤਵਪੂਰਨ ਸਹਾਇਤਾ ਪ੍ਰਦਾਨ ਕਰਦੀ ਹੈ। ਉੱਥੇ ਖੇਤੀ ਵੱਡੇ ਪੱਧਰ 'ਤੇ ਕੀਤੀ ਜਾਂਦੀ ਹੈ ਅਤੇ ਨਵੀਂ ਤਕਨਾਲੋਜੀ ਦੀ ਵਰਤੋਂ ਕੀਤੀ ਜਾਂਦੀ ਹੈ। ਨਤੀਜੇ ਵਜੋਂ, ਉੱਥੇ ਖੇਤੀਬਾੜੀ ਸਾਮਾਨ ਬਹੁਤ ਸਸਤਾ ਹੁੰਦਾ ਹੈ। ਜਦੋਂ ਇਹ ਸਸਤੇ ਅਨਾਜ, ਦਾਲਾਂ, ਫਲ, ਦੁੱਧ ਅਤੇ ਹੋਰ ਉਤਪਾਦ ਭਾਰਤ ਵਿੱਚ ਟੈਕਸ-ਮੁਕਤ ਆਉਂਦੇ ਹਨ, ਤਾਂ ਭਾਰਤੀ ਕਿਸਾਨਾਂ ਨੂੰ ਆਪਣੀ ਉਪਜ ਘੱਟ ਕੀਮਤਾਂ 'ਤੇ ਵੇਚਣੀ ਪਵੇਗੀ। ਇਸ ਨਾਲ ਕਿਸਾਨਾਂ ਨੂੰ ਭਾਰੀ ਨੁਕਸਾਨ ਹੋਵੇਗਾ ਅਤੇ ਉਨ੍ਹਾਂ ਦੀ ਦੁਰਦਸ਼ਾ ਹੋਰ ਵੀ ਵਿਗੜ ਸਕਦੀ ਹੈ।

**ਭਾਰਤ ਤੋਂ ਅਮਰੀਕਾ ਜਾਣ ਵਾਲੀਆਂ ਵਸਤਾਂ ਹੋਰ ਮਹਿੰਗੀਆਂ ਹੋ ਜਾਣਗੀਆਂ:** ਪਹਿਲਾਂ, ਭਾਰਤ ਤੋਂ ਅਮਰੀਕਾ ਜਾਣ (ਬਾਕੀ ਸਫਾ 2 'ਤੇ)

## ਚੰਦਰਮਾ ਤੋਂ ਮਿੱਟੀ ਲੈ ਕੇ ਆਵੇਗਾ ਭਾਰਤ, ਇਸਰੋ ਨੇ ਲੱਭੀ ਉਤਰਨ ਦੀ ਨਵੀਂ ਥਾਂ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 9 ਫਰਵਰੀ : ਭਾਰਤ ਪੁਲਾੜ ਦੀ ਦੁਨੀਆਂ ਵਿੱਚ ਇੱਕ ਹੋਰ ਵੱਡੀ ਛਾਲ ਮਾਰਨ ਲਈ ਤਿਆਰ ਹੈ।




ਇਸਰੋ ਨੇ ਆਪਣੇ ਬਹੁਤ ਹੀ ਮਹੱਤਵਪੂਰਨ ਚੰਦਰਯਾਨ-4 ਮਿਸ਼ਨ ਲਈ ਵੱਡੀ ਸਫਲਤਾ ਪ੍ਰਾਪਤ ਕੀਤੀ ਹੈ। ਇਹ ਮਿਸ਼ਨ ਨਾ ਸਿਰਫ਼ ਚੰਦਰਮਾ ਦੀ ਸਤ੍ਹਾ 'ਤੇ ਉਤਰੇਗਾ ਬਲਕਿ ਚੰਦਰਮਾ ਦੀ ਮਿੱਟੀ ਤੇ ਚੱਟਾਨਾਂ ਦੇ ਨਮੂਨੇ ਵੀ ਇਕੱਠੇ ਕਰੇਗਾ ਤੇ ਉਨ੍ਹਾਂ ਨੂੰ ਸੁਰੱਖਿਅਤ ਢੰਗ ਨਾਲ ਧਰਤੀ 'ਤੇ ਵਾਪਸ ਭੇਜੇਗਾ। ਇਸਰੋ ਨੇ ਹਾਲ ਹੀ ਵਿੱਚ ਮੁੱਖ ਤਕਨਾਲੋਜੀਆਂ ਦੀ ਸਫਲਤਾਪੂਰਵਕ ਜਾਂਚ ਕੀਤੀ ਹੈ ਜਿਨ੍ਹਾਂ ਨੂੰ ਚੰਦਰਯਾਨ-4 ਲਈ ਸਭ ਤੋਂ ਵੱਡੀਆਂ ਚੁਣੌਤੀਆਂ ਮੰਨਿਆ ਜਾਂਦਾ ਸੀ। ਇਨ੍ਹਾਂ ਵਿੱਚੋਂ ਸਭ ਤੋਂ ਮਹੱਤਵਪੂਰਨ 'ਵਾਪਸੀ ਮਿਸ਼ਨ' ਤਕਨਾਲੋਜੀ ਹੈ- ਯਾਨੀ ਚੰਦਰਮਾ ਤੋਂ ਵਾਪਸ ਆਉਣ ਤੋਂ ਬਾਅਦ ਧਰਤੀ ਦੇ ਵਾਯੂਮੰਡਲ ਵਿੱਚ ਸੁਰੱਖਿਅਤ ਢੰਗ ਨਾਲ ਦੁਬਾਰਾ ਦਾਖਲ ਹੋਣਾ। ਚੰਦਰਮਾ ਦੀ ਮਿੱਟੀ ਅਤੇ ਖਣਿਜਾਂ ਦਾ ਧਰਤੀ 'ਤੇ ਇੱਕ ਪ੍ਰਯੋਗਸ਼ਾਲਾ ਵਿੱਚ ਨੇੜਿਓਂ ਅਧਿਐਨ ਕੀਤਾ ਜਾਵੇਗਾ, ਜਿਸ ਨਾਲ ਚੰਦਰਮਾ ਦੀ ਉਤਪਤੀ ਦੇ ਕਈ ਅਣਸੁਲਝੇ ਰਹੱਸਾਂ ਦਾ ਖੁਲਾਸਾ ਹੋ ਸਕਦਾ ਹੈ।

**ਏਲੀਟ ਕਲੱਬ ਵਿੱਚ ਦਾਖਲ ਹੋਣਾ:** ਇਸ ਸਫਲਤਾ ਦੇ ਨਾਲ, ਭਾਰਤ ਉਨ੍ਹਾਂ ਚੁਣੇ ਹੋਏ ਦੇਸ਼ਾਂ (ਬਾਕੀ ਸਫਾ 2 'ਤੇ)

# ਸਾਬਕਾ ਜਨਰਲ ਨਰਵਣੇ ਦੀ ਆਤਮਕਥਾ 'ਫੋਰ ਸਟਾਰਜ਼ ਆਫ਼ ਡੈਸਟਨੀ' ਪ੍ਰਕਾਸ਼ਨ ਤੋਂ ਪਹਿਲਾਂ ਹੀ ਹੋਈ ਲੀਕ

## ਦਿੱਲੀ ਪੁਲਿਸ ਨੇ ਦਰਜ ਕੀਤਾ ਮਾਮਲਾ

ਨਵੀਂ ਦਿੱਲੀ, 9 ਫਰਵਰੀ (ਚ.ਨ.ਸ.): ਦਿੱਲੀ ਪੁਲਿਸ ਨੇ ਸਾਬਕਾ ਫੌਜ ਮੁਖੀ ਜਨਰਲ ਮਨੋਜ ਮੁਕੁੰਦ ਨਰਵਣੇ (ਸੇਵਾਮੁਕਤ) ਦੀ ਅਣਪ੍ਰਕਾਸ਼ਿਤ ਆਤਮਕਥਾ , 'ਫੋਰ ਸਟਾਰਸ ਆਫ ਡੈਸਟਨੀ' ਦੀ ਪ੍ਰੀ-ਪ੍ਰਿੰਟ ਕਾਪੀ ਦੇ ਔਨਲਾਈਨ ਸਰਕੂਲੇਸ਼ਨ ਅਤੇ ਲੀਕ ਹੋਣ ਸਬੰਧੀ ਇੱਕ ਸ਼ਿਕਾਇਤ ਦਾ ਗੰਭੀਰ ਨੋਟਿਸ ਲਿਆ ਹੈ । ਕਿਤਾਬ ਨੂੰ ਅਜੇ ਤੱਕ ਰੱਖਿਆ ਮੰਤਰਾਲੇ ਤੋਂ ਲੋੜੀਂਦੀ ਪ੍ਰਵਾਨਗੀ ਨਹੀਂ ਮਿਲੀ ਹੈ, ਪਰ ਇਸ ਦੀਆਂ ਪੀ.ਡੀ.ਐੱਫ. ਕਾਪੀਆਂ ਸੋਸ਼ਲ ਮੀਡੀਆ ਅਤੇ ਕੁਝ ਵੈੱਬਸਾਈਟਾਂ 'ਤੇ ਘੁੰਮ ਰਹੀਆਂ ਹਨ। ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ ਅਤੇ ਔਨਲਾਈਨ ਨਿਊਜ਼ ਫੋਰਮਾਂ 'ਤੇ ਦਾਅਵੇ ਘੁੰਮ ਰਹੇ ਸਨ ਕਿ ਕਿਤਾਬ ਦੀਆਂ ਪ੍ਰੀ-ਪ੍ਰਿੰਟ ਜਾਂ ਟਾਈਪ-ਸੈੱਟ ਕਾਪੀਆਂ ਬਿਨਾਂ ਇਜਾਜ਼ਤ ਦੇ ਸਾਂਝੀਆਂ ਕੀਤੀਆਂ ਜਾ ਰਹੀਆਂ ਸਨ। ਪੁਲਿਸ ਨੇ ਇਨ੍ਹਾਂ ਰਿਪੋਰਟਾਂ ਦੀ ਪੁਸ਼ਟੀ ਕੀਤੀ ਅਤੇ ਪਾਇਆ ਕਿ ਮੈਸਰਜ਼ ਪੈਂਗੁਇਨ ਰੈਂਡਮ ਹਾਊਸ ਇੰਡੀਆ ਪ੍ਰਾਈਵੇਟ ਲਿਮਟਿਡ ਦੁਆਰਾ ਤਿਆਰ ਕੀਤੀ ਗਈ ਕਿਤਾਬ ਦੀ ਇੱਕ ਪੀ.ਡੀ.ਐੱਫ. ਕਾਪੀ ਕਈ ਵੈੱਬਸਾਈਟਾਂ 'ਤੇ ਉਪਲੱਬਧ ਸੀ। ਇਸ ਤੋਂ ਇਲਾਵਾ, ਕੁਝ ਔਨਲਾਈਨ ਮਾਰਕੀਟਿੰਗ ਪਲੇਟਫਾਰਮ ਕਿਤਾਬ ਦੇ ਪੂਰੇ ਕਵਰ ਨੂੰ ਇਸ ਤਰ੍ਹਾਂ ਪ੍ਰਦਰਸ਼ਿਤ ਕਰ ਰਹੇ ਸਨ ਜਿਵੇਂ ਇਹ ਖਰੀਦ ਲਈ ਉਪਲੱਬਧ ਹੋਵੇ।

ਦਿੱਲੀ ਪੁਲਿਸ ਨੇ ਇਸ ਵਿਵਾਦਪੂਰਨ ਕਿਤਾਬ ਦੇ ਕਥਿਤ ਲੀਕ ਹੋਣ ਅਤੇ ਇਸਦੇ ਅਜੇ ਤੱਕ ਪ੍ਰਵਾਨਿਤ ਪ੍ਰਕਾਸ਼ਨ ਦੀ ਉਲੰਘਣਾ ਦੀ ਡੂੰਘਾਈ ਨਾਲ ਜਾਂਚ ਕਰਨ ਲਈ ਸਪੈਸ਼ਲ ਸੈੱਲ ਕੋਲ ਕੇਸ ਦਰਜ ਕੀਤਾ ਹੈ। ਜਾਂਚ ਸ਼ੁਰੂ ਕਰ ਦਿੱਤੀ ਗਈ ਹੈ, ਜੋ ਲੀਕ ਦੇ ਸਰੋਤ, ਪ੍ਰਸਾਰ ਦੇ ਸਾਧਨਾਂ ਅਤੇ ਕਿਸੇ ਵੀ ਸੰਭਾਵੀ ਸੁਰੱਖਿਆ ਉਲੰਘਣਾ ਦੀ ਜਾਂਚ ਕਰੇਗੀ। ਜਨਰਲ ਨਰਵਣੇ ਦੀ ਆਤਮਕਥਾ 2020 ਦੇ ਗਲਵਾਨ ਝੜਪ ਅਤੇ ਲੱਦਾਖ ਵਿੱਚ ਚੀਨ ਨਾਲ ਹੋਏ ਟਕਰਾਅ ਨਾਲ ਸਬੰਧਤ ਸੰਵੇਦਨਸ਼ੀਲ ਵੇਰਵਿਆਂ ਨੂੰ ਸ਼ਾਮਲ ਕਰਦੀ ਹੈ।

ਇਹ ਕਿਤਾਬ 2024 ਤੋਂ ਪ੍ਰਕਾਸ਼ਨ ਲਈ ਲੰਬਿਤ ਹੈ, ਕਿਉਂਕਿ ਇਸ ਵਿੱਚ ਰਾਸ਼ਟਰੀ ਸੁਰੱਖਿਆ ਨਾਲ ਸਬੰਧਤ ਭਾਗ ਹਨ ਜਿਨ੍ਹਾਂ ਨੂੰ ਪ੍ਰਵਾਨਗੀ ਦੀ ਲੋੜ ਹੁੰਦੀ ਹੈ। ਹਾਲ ਹੀ ਵਿੱਚ, ਰਾਜਨੀਤਿਕ ਵਿਵਾਦ ਤੇਜ਼ ਹੋ ਗਿਆ ਜਦੋਂ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਲੋਕ ਸਭਾ ਵਿੱਚ ਕਿਤਾਬ ਦੇ ਅੰਸ਼ਾਂ ਦਾ ਹਵਾਲਾ ਦਿੱਤਾ। ਪੁਲਿਸ ਨੇ ਕਿਹਾ ਕਿ ਜਾਂਚ ਇਹ ਯਕੀਨੀ ਬਣਾਏਗੀ ਕਿ ਕੋਈ ਵੀ ਅਣਅਧਿਕਾਰਤ ਪ੍ਰਕਾਸ਼ਨ ਜਾਂ ਪ੍ਰਸਾਰ ਰਾਸ਼ਟਰੀ ਸੁਰੱਖਿਆ ਨੂੰ ਪ੍ਰਭਾਵਤ ਨਾ ਕਰੇ। ਜਾਂਚ ਦੇ ਨਤੀਜਿਆਂ ਦੇ ਆਧਾਰ 'ਤੇ ਅੱਗੇ ਦੀ ਕਾਰਵਾਈ ਕੀਤੀ ਜਾਵੇਗੀ।

# ਪੈਰੋਲ ਨਾ ਮਿਲਣ 'ਤੇ ਹਾਈ ਕੋਰਟ ਪੁੱਜੇ ਸਾਂਸਦ ਅੰਮ੍ਰਿਤਪਾਲ ਸਿੰਘ

## 'ਲੋਕਾਂ ਦੀ ਆਵਾਜ਼ ਚੁੱਕਣਾ ਮੇਰਾ ਲੋਕਤੰਤਰੀ ਹੱਕ'

ਚੰਡੀਗੜ੍ਹ, 9 ਫਰਵਰੀ (ਚ.ਨ.ਸ.) : ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੇ ਪੈਰੋਲ ਦੀ ਅਰਜ਼ੀ ਖਾਰਜ ਹੋਣ ਤੋਂ ਬਾਅਦ ਇੱਕ ਵਾਰ ਫਿਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਦਰਵਾਜ਼ਾ ਖੜਕਾਇਆ ਹੈ। ਨੈਸ਼ਨਲ ਸਕਿਊਰਿਟੀ ਐਕਟ ਤਹਿਤ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਅੰਮ੍ਰਿਤਪਾਲ ਸਿੰਘ ਨੇ ਪੰਜਾਬ ਸਰਕਾਰ ਦੇ ਉਸ ਫੈਸਲੇ ਨੂੰ ਰੱਦ ਕਰਨ ਦੀ ਮੰਗ ਕੀਤੀ ਹੈ,



ਜਿਸ ਤਹਿਤ ਉਨ੍ਹਾਂ ਨੂੰ ਸੰਸਦ ਦੇ ਬਜਟ ਇਜਲਾਸ ਵਿੱਚ ਸ਼ਾਮਲ ਹੋਣ ਲਈ ਆਰਜ਼ੀ ਰਿਹਾਈ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ ਸੀ।ਅੰਮ੍ਰਿਤਪਾਲ ਨੇ ਅਦਾਲਤ ਵਿੱਚ ਤਰਕ ਦਿੱਤਾ ਹੈ ਕਿ ਉਹ ਆਪਣੇ ਹਲਕੇ ਦੇ 19 ਲੱਖ ਲੋਕਾਂ ਦੀ ਨੁਮਾਇੰਦਗੀ ਕਰਦੇ ਹਨ ਅਤੇ ਸੰਸਦ ਵਿੱਚ ਜਾ ਕੇ ਉਨ੍ਹਾਂ ਦੇ ਮੁੱਦੇ ਚੁੱਕਣਾ ਉਨ੍ਹਾਂ ਦਾ ਸੰਵਿਧਾਨਕ ਅਧਿਕਾਰ ਹੈ। ਪਟੀਸ਼ਨ ਵਿੱਚ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਉਹ ਆਪਣੇ ਹਲਕੇ ਦੇ ਉਨ੍ਹਾਂ 1000 ਪਿੰਡਾਂ ਦੀ ਗੱਲ ਕਰਨਾ ਚਾਹੁੰਦੇ ਹਨ ਜੋ ਅਗਸਤ, 2025 ਦੇ ਹੜ੍ਹਾਂ ਕਾਰਨ ਬਰਬਾਦ ਹੋ ਗਏ ਸਨ। ਇਸ ਤੋਂ ਇਲਾਵਾ, ਉਹ ਪੰਜਾਬ ਵਿੱਚ ਵੱਧ ਰਹੇ ਨਸ਼ਿਆਂ ਦੇ ਕੋਹੜ ਅਤੇ ਸਰਹੱਦੀ ਖੇਤਰਾਂ ਦੇ ਵਿਕਾਸ ਦੇ ਮੁੱਦਿਆਂ ਨੂੰ ਵੀ ਲੋਕ ਸਭਾ ਵਿੱਚ ਚੁੱਕਣਾ ਚਾਹੁੰਦੇ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਦੇ ਪੈਰੋਲ ਨਾ ਦੇਣ ਵਾਲੇ ਆਦੇਸ਼ ਨੂੰ ਗੈਰ-ਕਾਨੂੰਨੀ ਅਤੇ ਗੁੰਝਲਦਾਰ ਦੱਸਿਆ ਹੈ। ਇਹ ਪਟੀਸ਼ਨ ਜਲਦ ਹੀ ਮੁੱਖ ਜਸਟਿਸ ਸ਼ੀਲ ਨਾਗੂ ਦੀ ਅਗਵਾਈ ਵਾਲੇ ਬੈਂਚ ਕੋਲ ਸੁਣਵਾਈ ਲਈ ਆ ਸਕਦੀ ਹੈ। ਯਾਦ ਰਹੇ ਕਿ ਇਸ ਤੋਂ ਪਹਿਲਾਂ ਵੀ ਅਦਾਲਤ ਨੇ ਸਪੱਸ਼ਟ ਕੀਤਾ ਸੀ ਕਿ ਪੈਰੋਲ ਦੇਣ ਦਾ ਅੰਤਿਮ ਫੈਸਲਾ ਸੂਬਾ ਸਰਕਾਰ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ।

# ਬਿੱਟੂ ਵੱਲੋਂ ਕਾਂਗਰਸ-ਅਕਾਲੀ ਗੱਠਜੋੜ ਦੀ ਸਿਆਸਤ ਬੇਨਕਾਬ: ਪੰਨੂ

ਚੰਡੀਗੜ੍ਹ, 9 ਫਰਵਰੀ (ਅੰਮ੍ਰਿਤਪਾਲ ਸਿੰਘ) : ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਸੋਮਵਾਰ ਨੂੰ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ 'ਤੇ ਤਿੱਖਾ ਹਮਲਾ ਕਰਦਿਆਂ ਉਨ੍ਹਾਂ 'ਤੇ ਦਹਾਕਿਆਂ ਤੋਂ ਗੁਪਤ ਸੱਤਾ-ਸਾਂਝਾਕਰਨ ਦਾ ਗੱਠਜੋੜ ਚਲਾਉਣ ਦਾ ਦੋਸ਼ ਲਾਇਆ, ਜਿਸ ਨੇ ਸਿਆਸੀ ਵਿਰੋਧੀ ਹੋਣ ਦਾ ਦਿਖਾਵਾ ਕਰਦਿਆਂ ਪੰਜਾਬ ਨੂੰ ਲੁੱਟਿਆ।ਪਾਰਟੀ ਦਫ਼ਤਰ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਨੂ ਨੇ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਦੀ ਇੱਕ ਵੀਡੀਓ ਕਲਿੱਪ ਚਲਾਈ, ਜਿਸ ਵਿੱਚ ਬਿੱਟੂ ਖੁਦ ਮੰਨ ਰਹੇ ਹਨ ਕਿ 2017 ਵਿੱਚ ਉਨ੍ਹਾਂ ਨੇ ਭਗਵੰਤ ਮਾਨ ਨੂੰ ਹਰਾਉਣ ਅਤੇ ਸੁਖਬੀਰ ਬਾਦਲ ਦੀ ਜਿੱਤ ਯਕੀਨੀ ਬਣਾਉਣ ਦੀ ਯੋਜਨਾ ਬਣਾਈ ਸੀ। ਪੰਨੂ ਨੇ ਕਿਹਾ ਕਿ ਇਹ ਕਾਂਗਰਸ ਅਤੇ ਅਕਾਲੀ ਲੀਡਰਸ਼ਿਪ ਵਿਚਾਲੇ ਨਾਪਾਕ ਗੱਠਜੋੜ ਨੂੰ ਬੇਨਕਾਬ ਕਰਦਾ ਹੈ।



ਪੰਨੂ ਨੇ ਕਿਹਾ ਕਿ।ਇਹ 'ਆਪ' ਦਾ ਦੋਸ਼ ਨਹੀਂ ਹੈ। ਇਹ ਉਨ੍ਹਾਂ ਦਾ ਆਪਣਾ ਆਗੂ ਬੋਲ ਰਿਹਾ ਹੈ। ਰਵਨੀਤ ਬਿੱਟੂ ਨੇ ਖੁੱਲ੍ਹੇਆਮ ਕਬੂਲ ਕੀਤਾ ਹੈ ਕਿ ਕਾਂਗਰਸ ਅਤੇ ਅਕਾਲੀ ਦਲ ਦੇ ਆਗੂ ਬੰਦ ਕਮਰਿਆਂ ਵਿੱਚ ਮਿਲ ਕੇ ਕੰਮ ਕਰਦੇ ਸਨ, ਇਹ ਤੈਅ ਕਰਦੇ ਸਨ ਕਿ ਕੌਣ ਜਿੱਤੇਗਾ, ਕੌਣ ਹਾਰੇਗਾ ਅਤੇ ਕਿਹੜੀ ਸੀਟ ਕਿਸ ਨੂੰ ਜਾਵੇਗੀ।

*ਪੰਜ ਸਾਲ ਇੱਕ ਨੇ ਲੁੱਟਿਆ, ਫਿਰ ਅਗਲੇ ਪੰਜ ਸਾਲ ਦੂਜੇ ਨੇ, 'ਆਪ' ਤੋਂ ਪਹਿਲਾਂ ਇਹੀ ਪੰਜਾਬ ਦੀ ਸਿਆਸਤ ਸੀ*

ਪੰਨੂ ਨੇ ਦੋਸ਼ ਲਾਇਆ ਕਿ ਸਾਲਾਂ ਬੱਧੀ ਪੰਜਾਬ ਇੱਕ 'ਫਿਕਸ ਮੈਚ' ਮਾਡਲ 'ਤੇ ਚੱਲਿਆ—ਪੰਜ ਸਾਲ ਤੁਸੀਂ ਰਾਜ ਕਰੋ, ਪੰਜ ਸਾਲ ਅਸੀਂ। ਤੁਸੀਂ ਸਾਨੂੰ ਸਵਾਲ ਨਾ ਪੁੱਛੋ, ਅਸੀਂ ਤੁਹਾਨੂੰ ਨਹੀਂ ਪੁੱਛਾਂਗੇ। ਉਨ੍ਹਾਂ ਨੇ ਇੱਕ-ਦੂਜੇ ਨੂੰ ਬਚਾਇਆ। ਉਨ੍ਹਾਂ ਕਿਹਾ, ਇਹ ਸ਼ਾਸਨ ਨਹੀਂ ਸੀ; ਇਹ ਸੰਗਠਿਤ ਸਿਆਸੀ ਭ੍ਰਿਸ਼ਟਾਚਾਰ ਸੀ। ਪੰਨੂ ਨੇ ਵਿਸਥਾਰ ਨਾਲ ਦੱਸਿਆ ਕਿ ਕਿਵੇਂ ਕਾਂਗਰਸ ਅਤੇ ਅਕਾਲੀ ਆਗੂਆਂ ਵਿਚਕਾਰ ਹਲਕੇ ਪਹਿਲਾਂ ਹੀ ਤੈਅ ਕੀਤੇ ਗਏ ਸਨ- ਪਟਿਆਲਾ ਇੱਕ ਲਈ, ਲੰਬੀ ਦੂਜੇ ਲਈ, ਲਹਿਰਾਗਾਗਾ, ਸੁਨਾਮ, ਬਠਿੰਡਾ, ਸੰਗਰੂਰ, ਦੋਆਬਾ, ਮਾਝਾ, ਹਰ ਖੇਤਰ ਵਿੱਚ ਅਕਾਲੀ ਅਤੇ ਕਾਂਗਰਸੀ ਆਗੂਆਂ ਵਿਚਕਾਰ ਅੰਦਰੂਨੀ ਸੌਦੇਬਾਜ਼ੀ ਸੀ।

ਉਨ੍ਹਾਂ ਅੱਗੇ ਕਿਹਾ ਕਿ।ਆਗੂ ਬਠਿੰਡਾ ਵਿੱਚ ਇੱਕ ਗੱਲ ਕਹਿੰਦੇ ਸਨ, ਸੰਗਰੂਰ ਵਿੱਚ ਦੂਜੀ, ਅਤੇ ਚੰਡੀਗੜ੍ਹ ਪਹੁੰਚਦਿਆਂ ਹੀ ਆਪਣਾ ਬਿਆਨ ਫਿਰ ਬਦਲ ਲੈਂਦੇ ਸਨ। ਉਨ੍ਹਾਂ ਨੂੰ ਇਹ ਵੀ ਯਾਦ ਨਹੀਂ ਰਹਿੰਦਾ ਸੀ ਕਿ ਉਨ੍ਹਾਂ ਨੇ ਕਿੱਥੇ ਕੀ ਕਿਹਾ ਹੈ। ਪੰਨੂ ਨੇ ਕਿਹਾ ਕਿ ਜਦੋਂ ਸੰਗਰੂਰ ਦੇ ਇੱਕ ਪਿੰਡ ਦਾ ਇੱਕ ਆਮ ਆਦਮੀ ਸਿਆਸਤ ਵਿੱਚ ਆਇਆ ਅਤੇ ਉਨ੍ਹਾਂ ਦੇ ਗੱਠਜੋੜ ਦਾ ਪਰਦਾਫਾਸ਼ ਕਰਨਾ ਸ਼ੁਰੂ ਕੀਤਾ, ਤਾਂ ਸਾਰਾ ਸਿਸਟਮ ਘਬਰਾ ਗਿਆ। ਉਨ੍ਹਾਂ ਨੇ 2017 ਵਿੱਚ ਭਗਵੰਤ ਮਾਨ ਨੂੰ ਹਰਾਉਣ ਦੀ ਕੋਸ਼ਿਸ਼ ਕੀਤੀ, 2019 ਵਿੱਚ ਫਿਰ ਕੋਸ਼ਿਸ਼ ਕੀਤੀ। ਪਰ ਸੰਗਰੂਰ 2014 ਵਿੱਚ ਹੀ ਸੱਚਾਈ ਸਮਝ ਗਿਆ ਸੀ। ਜਦੋਂ ਮਾਨ ਸਾਹਿਬ ਸੰਗਰੂਰ ਤੋਂ ਦੋ ਵਾਰ ਜਿੱਤੇ, ਤਾਂ ਇਹ ਸੰਦੇਸ਼ ਪੂਰੇ ਪੰਜਾਬ ਵਿੱਚ ਗਿਆ ਅਤੇ 2022 ਵਿੱਚ ਲੋਕਾਂ ਨੇ ਆਪਣਾ ਫੈਸਲਾ ਸੁਣਾ ਦਿੱਤਾ।

## ਪੰਜਾਬ ਅਤੇ ਹਰਿਆਣਾ ਹਾਈਕੋਰਟ ਤੇ ਪੰਚਕੂਲਾ

ਧਮਕੀ ਦੁਪਹਿਰ ਵੇਲੇ ਮਿਲੀ, ਜਿਸ ਤੋਂ ਬਾਅਦ ਪੰਜਾਬ ਤੇ ਹਰਿਆਣਾ ਹਾਈ ਕੋਰਟ ਦਾ ਗੇਟ ਨੰਬਰ ਇਕ ਬੰਦ ਕਰ ਦਿੱਤਾ ਗਿਆ ਤੇ ਵਕੀਲਾਂ ਤੇ ਸਟਾਫ ਨੂੰ ਬਾਹਰ ਕੱਢ ਦਿੱਤਾ ਗਿਆ। ਇਹ ਵੀ ਪਤਾ ਲੱਗਿਆ ਹੈ ਕਿ ਪੁਲਿਸ ਵਲੋਂ ਸਾਰੇ ਖੇਤਰ ਦੀ ਤਲਾਸ਼ੀ ਲਈ ਗਈ ਤੇ ਹਾਲੇ ਤਕ ਕੁਝ ਵੀ ਸ਼ੱਕੀ ਚੀਜ਼ ਬਰਾਮਦ ਨਹੀਂ ਹੋਈ। ਦੂਜੇ ਪਾਸੇ ਪੁਲਿਸ ਨੇ ਧਮਕੀ ਦੇਣ ਵਾਲੇ ਦਾ ਖੁਰਾ ਖੋਜ ਲੱਭਣ ਲਈ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੇ ਦੱਸਿਆ ਕਿ ਇਲਾਕੇ ਵਿੱਚ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਕਰਦਿਆਂ ਵੱਡੇ ਪੱਧਰ 'ਤੇ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਹੈ। ਸਥਿਤੀ ਦੀ ਗੰਭੀਰਤਾ ਨੂੰ ਦੇਖਦੇ ਹੋਏ ਬੰਬ ਨਕਾਰਾ ਦਸਤਾ ਅਤੇ ਡੌਗ ਸਕੁਐਡ ਦੀਆਂ ਟੀਮਾਂ ਨੂੰ ਤਾਇਨਾਤ ਕੀਤਾ ਗਿਆ ਹੈ। ਪੁਲਿਸ ਅਧਿਕਾਰੀਆਂ ਅਨੁਸਾਰ ਸੂਚਨਾ ਮਿਲਣ ਤੋਂ ਬਾਅਦ ਪੂਰੇ ਇਲਾਕੇ ਨੂੰ ਸੀਲ ਕਰ ਦਿੱਤਾ ਗਿਆ ਅਤੇ ਹਰ ਕੋਨੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਲੋਕਾਂ ਨੂੰ ਸ਼ਾਂਤੀ ਬਣਾਈ ਰੱਖਣ ਅਤੇ ਅਫਵਾਹਾਂ ਤੋਂ ਬਚਣ ਦੀ ਅਪੀਲ ਕੀਤੀ ਗਈ ਹੈ। ਫਿਲਹਾਲ ਆਪਰੇਸ਼ਨ ਜਾਰੀ ਹੈ ਅਤੇ ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਪਿਛਲੇ ਸਾਲ ਦੋ ਵਾਰ ਅਜਿਹੀ ਧਮਕੀ ਮਿਲੀ ਸੀ ਪਰ ਉਦੋਂ ਤਲਾਸ਼ੀ ਦੌਰਾਨ ਕੋਈ ਵੀ ਸ਼ੱਕੀ ਵਸਤੂ ਬਰਾਮਦ ਨਹੀਂ ਹੋਈ ਸੀ।

## ਕੁਲਦੀਪ ਸੇਂਗਰ ਦੀ ਜ਼ਮਾਨਤ ਪਟੀਸ਼ਨ 'ਤੇ

ਸੁਣਾਇਆ ਜਾਵੇ। ਅਦਾਲਤ ਨੇ ਕਿਹਾ ਕਿ ਇਸ ਮਾਮਲੇ ਦੀ ਸੁਣਵਾਈ ਪਹਿਲ ਦੇ ਆਧਾਰ 'ਤੇ ਕੀਤੀ ਜਾਣੀ ਚਾਹੀਦੀ ਹੈ। ਚੀਫ ਜਸਟਿਸ ਸੂਰਿਆ ਕਾਂਤ, ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਐਨ.ਵੀ. ਅੰਜਾਰੀਆ ਦੇ ਬੈਂਚ ਨੇ ਹਾਈ ਕੋਰਟ ਦੇ ਉਸ ਫੈਸਲੇ ਵਿਰੁੱਧ ਸੇਂਗਰ ਦੀ ਪਟੀਸ਼ਨ 'ਤੇ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ, ਜਿਸ ਵਿੱਚ ਉਸ ਦੀ 10 ਸਾਲ ਦੀ ਸਜ਼ਾ ਨੂੰ ਮੁਅੱਤਲ ਕਰਨ ਤੋਂ ਇਨਕਾਰ ਕੀਤਾ ਗਿਆ ਸੀ। ਸੁਪਰੀਮ ਕੋਰਟ ਨੇ ਇਹ ਵੀ ਕਿਹਾ ਕਿ ਜੇਕਰ ਪੀੜਤ ਪਰਿਵਾਰ ਵੱਲੋਂ ਵੀ ਕੋਈ ਅਪੀਲ ਦਾਇਰ ਕੀਤੀ ਗਈ ਹੈ ਤਾਂ ਹਾਈ ਕੋਰਟ ਉਸ ਨੂੰ ਵੀ ਸੇਂਗਰ ਦੀ ਪਟੀਸ਼ਨ ਦੇ ਨਾਲ ਹੀ ਸੁਣੇ।

ਸੁਣਵਾਈ ਦੌਰਾਨ ਚੀਫ਼ ਜਸਟਿਸ ਨੇ ਪੀੜਤਾ ਦੇ ਵਕੀਲ ਵੱਲੋਂ ਮੀਡੀਆ ਵਿੱਚ ਦਿੱਤੇ ਜਾ ਰਹੇ ਬਿਆਨਾਂ 'ਤੇ ਨਾਰਾਜ਼ਗੀ ਜ਼ਾਹਰ ਕੀਤੀ। ਜਸਟਿਸ ਕਾਂਤ ਨੇ ਕਿਹਾ, 'ਅਸੀਂ ਕਿਸੇ ਮਹਿਲ ਵਿੱਚ ਨਹੀਂ ਬੈਠੇ ਹਾਂ। ਸਾਨੂੰ ਪਤਾ ਹੈ ਕਿ ਬਾਹਰ ਮੀਡੀਆ ਟਰਾਇਲ ਚੱਲ ਰਿਹਾ ਹੈ।' ਉਨ੍ਹਾਂ ਸਪੱਸ਼ਟ ਕੀਤਾ ਕਿ ਅਦਾਲਤ ਤੋਂ ਬਾਹਰ ਬਰਾਬਰ ਚੱਲ ਰਹੀ ਕਿਸੇ ਵੀ ਸੁਣਵਾਈ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ 13 ਮਾਰਚ 2020 ਨੂੰ ਹੇਠਲੀ ਅਦਾਲਤ ਨੇ ਸੇਂਗਰ ਨੂੰ ਪੀੜਤਾ ਦੇ ਪਿਤਾ ਦੀ ਮੌਤ ਦੇ ਮਾਮਲੇ ਵਿੱਚ 10 ਸਾਲ ਦੀ ਸਜ਼ਾ ਅਤੇ 10 ਲੱਖ ਰੁਪਏ ਜੁਰਮਾਨਾ ਲਾਇਆ ਸੀ। ਪੀੜਤਾ ਦੇ ਪਿਤਾ ਨੂੰ ਸੇਂਗਰ ਦੇ ਕਹਿਣ 'ਤੇ ਆਰਮਜ਼ ਐਕਟ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ 9 ਅਪਰੈਲ 2018 ਨੂੰ ਪੁਲਿਸ ਹਿਰਾਸਤ ਵਿੱਚ ਤਸ਼ੱਦਦ ਕਾਰਨ ਉਸ ਦੀ ਮੌਤ ਹੋ ਗਈ ਸੀ। ਸੇਂਗਰ ਨੂੰ 2017 ਵਿੱਚ ਇੱਕ ਨਾਬਾਲਗ ਨੂੰ ਅਗਵਾ ਕਰਨ ਅਤੇ ਜਬਰ ਜਨਾਹ ਕਰਨ ਦੇ ਦੋਸ਼ ਵਿੱਚ ਪਹਿਲਾਂ ਹੀ ਉਮਰ ਕੈਦ ਦੀ ਸਜ਼ਾ ਸੁਣਾਈ ਜਾ ਚੁੱਕੀ ਹੈ।ਦਿੱਲੀ ਹਾਈ ਕੋਰਟ ਹੁਣ 11 ਫਰਵਰੀ ਨੂੰ ਇਸ ਮਾਮਲੇ 'ਤੇ ਮੁੜ ਸੁਣਵਾਈ ਕਰੇਗੀ।

## ਸੁਪਰੀਮ ਕੋਰਟ ਨੇ 54 ਹਜ਼ਾਰ ਕਰੋੜ ਦੇ

ਜਿੱਥੇ ਠੱਗ ਆਪਣੇ-ਆਪ ਨੂੰ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਜਾਂ ਸਰਕਾਰੀ ਅਧਿਕਾਰੀ ਦੱਸ ਕੇ ਲੋਕਾਂ ਨੂੰ ਡਰਾਉਂਦੇ-ਧਮਕਾਉਂਦੇ ਹਨ। ਸੁਪਰੀਮ ਕੋਰਟ ਨੇ ਸੀ.ਬੀ.ਆਈ. ਨੂੰ ਦੇਸ਼ ਵਿਆਪੀ ਜਾਂਚ ਕਰਨ ਦੇ ਨਿਰਦੇਸ਼ ਦਿੱਤੇ ਹਨ ਅਤੇ ਗੁਜਰਾਤ ਤੇ ਦਿੱਲੀ ਸਰਕਾਰਾਂ ਨੂੰ ਇਸ ਜਾਂਚ ਲਈ ਲੋੜੀਂਦੀ ਪ੍ਰਵਾਨਗੀ ਦੇਣ ਲਈ ਕਿਹਾ ਹੈ। ਇਸ ਤੋਂ ਇਲਾਵਾ, ਅਦਾਲਤ ਨੇ ਆਰ.ਬੀ.ਆਈ. ਅਤੇ ਦੂਰਸੰਚਾਰ ਵਿਭਾਗ ਨੂੰ ਹੁਕਮ ਦਿੱਤਾ ਹੈ ਕਿ ਉਹ ਡਿਜੀਟਲ ਠੱਗੀ ਦੇ ਸ਼ਿਕਾਰ ਹੋਏ ਲੋਕਾਂ ਨੂੰ ਮੁਆਵਜ਼ਾ ਦੇਣ ਲਈ ਇੱਕ ਢਾਂਚਾ ਤਿਆਰ ਕਰਨ। ਅਦਾਲਤ ਨੇ ਕਿਹਾ ਕਿ ਪੀੜਤਾਂ ਨੂੰ ਮੁਆਵਜ਼ਾ ਦੇਣ ਵੇਲੇ 'ਵਿਹਾਰਕ ਅਤੇ ਉਦਾਰਵਾਦੀ' ਪਹੁੰਚ ਅਪਣਾਉਣ ਦੀ ਲੋੜ ਹੈ। ਸੁਪਰੀਮ ਕੋਰਟ ਨੇ ਆਰ.ਬੀ.ਆਈ. ਤੋਂ ਸਵਾਲ ਪੁੱਛਿਆ ਹੈ ਕਿ ਸਾਈਬਰ ਅਪਰਾਧੀਆਂ ਦੁਆਰਾ ਵਰਤੇ ਜਾ ਰਹੇ ਬੈਂਕ ਖਾਤਿਆਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਨੂੰ ਫ੍ਰੀਜ਼ ਕਰਨ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਕਿਉਂ ਨਹੀਂ ਕੀਤੀ ਜਾ ਰਹੀ। ਅਦਾਲਤ ਨੇ ਦੇਸ਼ ਤੋਂ ਬਾਹਰ ਭੇਜੀ ਜਾ ਰਹੀ ਭਾਰੀ ਰਕਮ 'ਤੇ ਵੀ ਡੂੰਘੀ ਚਿੰਤਾ ਜਤਾਈ ਹੈ। ਇਸ ਮਾਮਲੇ ਦੀ ਅਗਲੀ ਸੁਣਵਾਈ ਚਾਰ ਹਫਤਿਆਂ ਬਾਅਦ ਹੋਵੇਗੀ, ਜਿਸ ਤੋਂ ਪਹਿਲਾਂ ਸਬੰਧਤ ਅਧਿਕਾਰੀਆਂ ਨੂੰ ਤਾਜ਼ਾ ਸਥਿਤੀ ਰਿਪੋਰਟ ਦਾਖ਼ਲ ਕਰਨੀ ਪਵੇਗੀ।

## ਮਾਨ ਵੱਲੋਂ ਨਸ਼ਿਆਂ ਨੂੰ ਖ਼ਤਮ ਕਰਨ

ਖੇਡਾਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕਰਨ ਵਿੱਚ ਆਪਣਾ ਵੱਧ ਤੋਂ ਵੱਧ ਯੋਗਦਾਨ ਪਾਉਣ। ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਬਹਾਲ ਕਰਨ ਅਤੇ ਸੂਬੇ ਭਰ ਦੇ ਨੌਜਵਾਨਾਂ ਨੂੰ ਖੇਡ ਮੈਦਾਨਾਂ ਨਾਲ ਜੋੜਨ ਲਈ ਲਗਾਤਾਰ ਕੰਮ ਕੀਤੇ ਜਾ ਰਹੇ ਹਨ।"

ਖੇਡ ਵਿਭਾਗ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਤੋਂ ਨੌਜਵਾਨ ਪ੍ਰਤਿਭਾ ਨੂੰ ਨਿਖਾਰਨ ਦੇ ਉਦੇਸ ਨਾਲ ਪੰਜਾਬ ਕ੍ਰਿਕਟ ਐਸੋਸੀਏਸ਼ਨ ਅਤੇ ਭਾਰਤੀ ਕ੍ਰਿਕਟ ਕੰਟਰੋਲ ਬੋਰਡ ਦੇ ਤਾਲਮੇਲ ਨਾਲ ਪੰਜਾਬ ਕ੍ਰਿਕਟ ਲੀਗ ਕਰਵਾਈ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਨੇ ਵਿਸਵ ਕ੍ਰਿਕਟ ਵਿੱਚ ਇੱਕ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ, "ਇਮਰਾਨ ਖਾਨ ਅਤੇ ਅਰਜੁਨ ਰਾਣਾਤੁੰਗਾ ਵਰਗੇ ਕ੍ਰਿਕਟਰਾਂ ਨੇ ਅਜਿਹੀਆਂ ਪਹਿਲਕਦਮੀਆਂ ਰਾਹੀਂ ਵਿਸਵ ਕ੍ਰਿਕਟ ਨੂੰ ਕਈ ਪ੍ਰਸਿੱਧ ਖਿਡਾਰੀ ਦਿੱਤੇ ਅਤੇ ਇਹ ਲੀਗ ਪੰਜਾਬ ਨੂੰ ਕ੍ਰਿਕਟ ਪ੍ਰਤਿਭਾ ਦੀ ਨਰਸਰੀ ਵਜੋਂ ਉਭਾਰਨ ਵਿੱਚ ਬਹੁਤ ਮੱਦਦ ਕਰੇਗੀ।"

ਪ੍ਰਸਤਾਵਿਤ ਲੀਗ ਢਾਂਚੇ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਲੀਗ ਇੰਡੀਅਨ ਪ੍ਰੀਮੀਅਰ ਲੀਗ ਦੀ ਤਰਜ 'ਤੇ ਕਰਵਾਈ ਜਾਵੇਗੀ ਅਤੇ ਟੂਰਨਾਮੈਂਟ ਵਿੱਚ ਹਿੱਸਾ ਲੈਣ ਲਈ ਸਾਰੇ ਜ਼ਿਲ੍ਹਿਆਂ ਅਤੇ ਮਾਝਾ, ਦੋਆਬਾ ਤੇ ਮਾਲਵਾ ਵਰਗੇ ਭੂਗੋਲਿਕ ਖੇਤਰਾਂ ਦੇ ਆਧਾਰ 'ਤੇ ਟੀਮਾਂ ਬਣਾਈਆਂ ਜਾਣਗੀਆਂ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਲੀਗ ਰਾਸਟਰੀ ਅਤੇ ਅੰਤਰਰਾਸਟਰੀ ਪੱਧਰ ਦੇ ਕ੍ਰਿਕਟ ਟੂਰਨਾਮੈਂਟਾਂ ਲਈ ਕ੍ਰਿਕਟਰਾਂ ਦਾ ਪ੍ਰਤਿਭਾਸਾਲੀ ਪੂਲ ਪੈਦਾ ਕਰਨ ਵਿੱਚ ਮਦਦ ਕਰੇਗੀ।

ਇਸ ਦੇ ਨਾਲ ਹੀ ਉਨ੍ਹਾਂ ਨੇ ਸੂਬੇ ਭਰ ਵਿੱਚ ਹੋਰਨਾਂ ਖੇਡਾਂ ਨੂੰ ਉਤਸ਼ਾਹਿਤ ਕਰਨ ਦੀ ਲੋੜ 'ਤੇ ਵੀ ਜੋਰ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਵਾਲੀਬਾਲ, ਫੁੱਟਬਾਲ, ਹਾਕੀ, ਬਾਸਕਟਬਾਲ, ਖੋ-ਖੋ ਅਤੇ ਕਬੱਡੀ ਵਰਗੀਆਂ ਖੇਡਾਂ ਲਈ ਵੀ ਜ਼ਿਲ੍ਹਾ ਪੱਧਰੀ ਅਤੇ ਰਾਜ ਪੱਧਰੀ ਲੀਗ ਟੂਰਨਾਮੈਂਟ ਕਰਵਾਏ ਜਾਣੇ ਚਾਹੀਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਚੰਗੀ ਤਰ੍ਹਾਂ ਸਿਖ਼ਲਾਈ ਪ੍ਰਾਪਤ ਅਤੇ ਪ੍ਰਤਿਭਾਸ਼ਾਲੀ ਖਿਡਾਰੀ ਪੈਦਾ ਕਰਨ ਲਈ ਠੋਸ ਮੁਹਿੰਮ 'ਤੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡਾ ਉਦੇਸ ਇਹ ਯਕੀਨੀ ਬਣਾਉਣਾ ਹੈ ਕਿ ਵੱਧ ਤੋਂ ਵੱਧ ਪੰਜਾਬੀ ਖਿਡਾਰੀ ਅੰਤਰਰਾਸਟਰੀ ਖੇਡ ਮੁਕਾਬਲਿਆਂ ਵਿੱਚ ਭਾਰਤ ਦੀ ਨੁਮਾਇੰਦਗੀ ਕਰਨ।

ਪੰਜਾਬ ਦੀ ਅਮੀਰ ਖੇਡ ਵਿਰਾਸਤ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚ ਖੇਡ ਪ੍ਰਤਿਭਾ ਦਾ ਭੰਡਾਰ ਹੈ ਅਤੇ ਸਰਕਾਰ ਇਸ ਨੂੰ ਵਧਣ-ਫੁੱਲਣ ਵਿੱਚ ਮੱਦਦ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਵਿੱਚ ਅਥਾਹ ਖੇਡ ਪ੍ਰਤਿਭਾ ਹੈ ਅਤੇ ਸੂਬਾ ਸਰਕਾਰ ਖਿਡਾਰੀਆਂ ਨੂੰ ਅੰਤਰਰਾਸਟਰੀ ਪੱਧਰ 'ਤੇ ਹਿੱਸਾ ਲੈ ਕੇ ਦੇਸ਼ ਲਈ ਤਗਮੇ ਜਿੱਤਣ ਦੇ ਯੋਗ ਬਣਾਉਣ ਖ਼ਾਤਰ ਕੋਈ ਕਸਰ ਬਾਕੀ ਨਹੀਂ ਛੱਡੇਗੀ।

ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਅੱਗੇ ਵਧਣ ਅਤੇ ਸੂਬੇ ਦਾ ਨਾਮ ਰੌਸ਼ਨ ਕਰਨ ਲਈ ਸਹੀ ਦਿਸ਼ਾ ਪ੍ਰਦਾਨ ਕਰਦਿਆਂ ਸਾਡੇ ਨੌਜਵਾਨਾਂ ਨੂੰ ਬੁਲੰਦੀਆਂ ਛੂਹਣ ਅਤੇ ਆਪਣੀ ਸ਼ਖ਼ਸੀਅਤ ਨਿਖ਼ਾਰਨ ਦੇ ਬੇਮਿਸਾਲ ਮੌਕੇ ਦਿੰਦੀਆਂ ਹਨ। ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਖੇਡਾਂ ਦੇ ਖੇਤਰ ਵਿੱਚ ਸੂਬੇ ਦੀ ਪੁਰਾਤਨ ਸਾਨ ਬਹਾਲ ਕਰਨ ਲਈ ਦ੍ਰਿੜ੍ਹ ਹੈ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਖੇਡਾਂ ਵਿੱਚ ਪੰਜਾਬ ਦੀ ਸਾਨ ਨੂੰ ਸੁਰਜੀਤ ਕਰਨ ਲਈ ਵਚਨਬੱਧ ਹੈ ਅਤੇ ਇਸ ਟੀਚੇ ਦੀ ਪ੍ਰਾਪਤੀ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।

## ਵਿਦਿਆਰਥੀਆਂ ਨੂੰ ਟੈਕਨਾਲੌਜੀ ਦਾ ਗੁਲਾਮ

ਕਰਨੀ ਚਾਹੀਦੀ ਹੈ ਤੇ ਉਨ੍ਹਾਂ ਨੂੰ ਟੌਪਿਕ ਸਮਝਾਉਣੇ ਚਾਹੀਦੇ ਹਨ। ਦੂਜਿਆਂ ਨੂੰ ਪੜ੍ਹਾਉਣ ਨਾਲ ਵੀ ਖੁਦ ਨੂੰ ਬੇਹਤਰ ਸਿੱਖਣ ਵਿਚ ਮਦਦ ਮਿਲਦੀ ਹੈ। ਮੋਦੀ ਨੇ ਕਿਹਾ ਕਿ ਪ੍ਰੀਖਿਆ ਲਈ ਸਭ ਤੋਂ ਚੰਗੀ ਚੀਜ਼ ਹੁੰਦੀ ਹੈ ਕਿ ਤੁਸੀਂ ਪੇਪਰ ਹੱਲ ਕਰਨ ਦੀ ਆਦਤ ਪਾਓ। ਲਿਖਣ ਦੀ ਆਦਤ ਪਾਓ। ਜੇਕਰ ਖੁਦ ਤੁਸੀਂ ਇਸ ਤਰ੍ਹਾਂ ਪ੍ਰੈਕਟਿਸ ਕਰਦੇ ਰਹੋਗੇ ਤਾਂ ਤੁਹਾਨੂੰ ਕਦੇ ਤਨਾਅ ਨਹੀਂ ਹੋਵੇਗਾ। ਪਹਿਲਾਂ ਨਿਡਰ ਬਣੋ, ਜੋ ਕੰਮ ਹੈ, ਮਨ ਵਿਚ ਤੈਅ ਕਰੋ ਕਿ ਕੋਈ ਹੋਰ ਕਰੇ ਜਾਂ ਨਾ ਕਰੇ ਮੈਂ ਕਰਾਂਗਾ। ਜਦੋਂ ਤੁਸੀਂ ਇੰਝ ਸੋਚਣਾ ਸ਼ੁਰੂ ਕਰ ਦਿਓਗੇ ਤਾਂ ਤੁਸੀਂ ਦੇਖੋਗੇ ਕਿ ਤੁਹਾਡੇ ਵਿਚ ਲੀਡਰਸ਼ਿਪ ਕੁਆਲਿਟੀ ਡਿਵੈਪਲ ਹੋ ਜਾਵੇਗੀ।

ਦੂਜਿਆਂ ਵਿਦਿਆਰਥੀਆਂ ਨਾਲ ਤੁਲਨਾ ਕਰਨ ਤੋਂ ਬਚੋ: ਬੋਰਡ ਪ੍ਰੀਖਿਆ ਦੇ ਮਾਹੌਲ ਵਿਚਕਾਰ ਆਯੋਜਿਤ ਇਸ ਸੈਸ਼ਨ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਪੜ੍ਹਾਈ, ਮਾਨਸਿਕ ਤਣਾਅ, ਏ.ਆਈ. ਦੇ ਵਧਦੇ ਪ੍ਰਭਾਵ, ਆਤਮ-ਵਿਸ਼ਵਾਸ ਅਤੇ ਪਰਿਵਾਰਕ ਵਿਵਹਾਰ ਵਰਗੇ ਵਿਸ਼ਿਆਂ 'ਤੇ ਖੁੱਲ੍ਹ ਕੇ ਗੱਲ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਡਿਜੀਟਲ ਯੁੱਗ ਵਿੱਚ ਸੰਤੁਲਨ ਬਣਾਈ ਰੱਖਣ ਅਤੇ ਆਪਣੇ ਆਪ ਨੂੰ ਵਿਕਸਤ ਕਰਨ ਦੀ ਸਲਾਹ ਦਿੱਤੀ। ਇੱਕ ਵਿਦਿਆਰਥੀ ਨੇ ਪੁੱਛਿਆ ਕਿ ਜਦੋਂ ਮਾਪੇ ਆਪਣੇ ਬੱਚਿਆਂ ਦੀ ਤੁਲਨਾ ਦੂਜਿਆਂ ਨਾਲ ਕਰਦੇ ਹਨ ਤਾਂ ਕੀ ਕਰਨਾ ਚਾਹੀਦਾ ਹੈ। ਇਸ 'ਤੇ, ਮੋਦੀ ਨੇ ਕਿਹਾ ਕਿ ਪਰਿਵਾਰ ਵਿੱਚ ਮੁਕਾਬਲੇ ਵਾਲਾ ਮਾਹੌਲ ਬਣਾਉਣ ਦੀ ਬਜਾਏ, ਸਹਿਯੋਗ ਅਤੇ ਸਮਝ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ। ਬੱਚਿਆਂ ਦੀ ਤੁਲਨਾ ਕਰਨ ਨਾਲ ਉਨ੍ਹਾਂ ਦੇ ਆਤਮ-ਵਿਸ਼ਵਾਸ 'ਤੇ ਅਸਰ ਪੈ ਸਕਦਾ ਹੈ। ਉਨ੍ਹਾਂ ਮਾਪਿਆਂ ਨੂੰ ਸਲਾਹ ਦਿੱਤੀ ਕਿ ਉਹ ਇੱਕ ਬੱਚੇ ਦੀ ਬਹੁਤ ਜ਼ਿਆਦਾ ਪ੍ਰਸ਼ੰਸਾ ਨਾ ਕਰਨ, ਜਿਸ ਨਾਲ ਦੂਜੇ ਵਿੱਚ ਹੀਣ ਭਾਵਨਾ ਪੈਦਾ ਹੁੰਦੀ ਹੈ। ਸੰਤੁਲਿਤ ਪਰਿਵਾਰਕ ਵਿਵਹਾਰ ਬੱਚਿਆਂ ਨੂੰ ਮਾਨਸਿਕ ਤੌਰ 'ਤੇ ਮਜ਼ਬੂਤ ਕਰਦਾ ਹੈ। ਚਰਚਾ ਦੌਰਾਨ, ਪ੍ਰਧਾਨ ਮੰਤਰੀ ਮੋਦੀ ਨੇ ਆਤਮ-ਵਿਸ਼ਵਾਸ ਨੂੰ ਸਵੈ ਅਤੇ ਵਿਸ਼ਵਾਸ ਦਾ ਸੁਮੇਲ ਦੱਸਿਆ। ਉਨ੍ਹਾਂ ਦੇ ਅਨੁਸਾਰ, ਜਿਸ ਵਿਅਕਤੀ ਕੋਲ ਆਤਮ-ਵਿਸ਼ਵਾਸ ਹੁੰਦਾ ਹੈ ਉਹ ਮੁਸ਼ਕਲ ਸਥਿਤੀਆਂ ਵਿੱਚ ਵੀ ਨਹੀਂ ਡੋਲਦਾ। ਇਸ ਐਪੀਸੋਡ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਵਿਦਿਆਰਥੀਆਂ ਨੂੰ ਏ.ਆਈ. ਤੋਂ ਸਿੱਖਣ ਅਤੇ ਇਸ ਤੋਂ ਡਰਨ ਦੀ ਬਜਾਏ ਸਹੀ ਦਿਸ਼ਾ ਵਿੱਚ ਇਸਦੀ ਵਰਤੋਂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਕਾਫ਼ੀ ਨੀਂਦ ਲੈਣ, ਤਣਾਅ ਘਟਾਉਣ ਅਤੇ ਲਿਖਣ ਦੀ ਆਦਤ ਵਿਕਸਤ ਕਰਨ ਵਰਗੇ ਵਿਹਾਰਕ ਸੁਝਾਅ ਵੀ ਦਿੱਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਮਾਨਸਿਕ ਸਿਹਤ ਦਾ ਧਿਆਨ ਰੱਖਣਾ ਵੀ ਬਰਾਬਰ ਮਹੱਤਵਪੂਰਨ ਹੈ।

## ਦੇਸ਼ 'ਚੋਂ ਨਕਸਲਵਾਦ

**ਚੜ੍ਹਦੀਕਲਾ**

**ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।**

**PRGI (RNI) Regd. No. 22972/1972**

**Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.**

**Chief Editor : Jagjit Singh Dardi**

**PRGI (RNI) Regd. No. 22972/1972**

# ਪਹਿਲੇ ਸਫ਼ੇ ਦੀ ਬਾਕੀ

## 31 ਮਾਰਚ ਤੱਕ ਹੋ

ਦੀ ਅਪੀਲ ਕੀਤੀ ਅਤੇ ਭਰੋਸਾ ਦਿੱਤਾ ਕਿ ਉਨ੍ਹਾਂ ਦਾ ਸਨਮਾਨਜਨਕ ਪੁਨਰਵਾਸ ਕੀਤਾ ਜਾਵੇਗਾ। ਉਨ੍ਹਾਂ ਚਿੰਤਾ ਜ਼ਾਹਰ ਕੀਤੀ ਕਿ ਮਾਓਵਾਦੀਆਂ 'ਚ ਅਜੇ ਵੀ ਨੌਜਵਾਨ ਕਬਾਇਲੀ ਕੁੜੀਆਂ ਸ਼ਾਮਲ ਹਨ, ਜਿਨ੍ਹਾਂ ਨੂੰ ਮੁੜ ਵਸੇਬੇ ਲਈ ਭੇਜਿਆ ਜਾਣਾ ਚਾਹੀਦਾ ਹੈ। ਕਿਉਂਕਿ ਉਨ੍ਹਾਂ ਦਾ ਪੂਰਾ ਜੀਵਨ ਅੱਗੇ ਪਿਆ ਹੈ।

ਹਿੰਸਾ ਕਰਨ ਵਾਲਿਆਂ ਨੂੰ ਸਖ਼ਤ ਚਿਤਾਵਨੀ ਗ੍ਰਹਿ ਮੰਤਰੀ ਨੇ ਸਪੱਸ਼ਟ ਕੀਤਾ ਕਿ ਜਿਹੜੇ ਲੋਕ ਗੋਲੀਆਂ ਚਲਾਉਣਾ, ਆਈਈਡੀ ਲਗਾਉਣਾ ਅਤੇ ਸਕੂਲਾਂ-ਹਸਪਤਾਲਾਂ ਨੂੰ ਅੱਗ ਲਗਾਉਣਾ ਜਾਰੀ ਰੱਖਣਗੇ, ਉਨ੍ਹਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ 'ਹਥਿਆਰਬੰਦ ਹਿੰਸਾ ਦਾ ਜਵਾਬ ਹਥਿਆਰਾਂ ਨਾਲ ਹੀ ਦਿੱਤਾ ਜਾਵੇਗਾ।' ਉਨ੍ਹਾਂ ਮਾਓਵਾਦੀਆਂ 'ਤੇ ਦਹਾਕਿਆਂ ਤੱਕ ਸਕੂਲ ਬੰਦ ਰੱਖਣ ਅਤੇ ਪੀੜ੍ਹੀਆਂ ਨੂੰ ਸਿੱਖਿਆ ਤੋਂ ਵਾਂਝੇ ਰੱਖਣ ਦਾ ਦੋਸ਼ ਵੀ ਲਗਾਇਆ।

ਬਸਤਰ ਦੇ ਵਿਕਾਸ ਲਈ ਵੱਡਾ ਰੋਡਮੈਪ ਸ਼ਾਹ ਨੇ ਬਸਤਰ ਦੇ ਵਿਕਾਸ ਲਈ ਅਗਲੇ ਪੰਜ ਸਾਲਾਂ ਦਾ ਖਾਕਾ ਪੇਸ਼ ਕਰਦਿਆਂ ਕਿਹਾ ਕਿ ਦਸੰਬਰ 2027 ਤੱਕ ਹਰ ਪਿੰਡ 'ਚ ਬਿਜਲੀ ਅਤੇ ਮੋਬਾਈਲ ਕੁਨੈਕਟੀਵਿਟੀ ਯਕੀਨੀ ਬਣਾਈ ਜਾਵੇਗੀ। ਹਰ ਪੰਜ ਕਿਲੋਮੀਟਰ ਦੇ ਘੇਰੇ ਵਿੱਚ ਇੱਕ ਪੋਸਟ ਆਫਿਸ ਜਾਂ ਬੈਂਕ ਸ਼ਾਖਾ ਖੋਲ੍ਹੀ ਜਾਵੇਗੀ। ਕਬਾਇਲੀ ਕਿਸਾਨਾਂ ਤੋਂ 3,100 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਝੋਨਾ ਖਰੀਦਿਆ ਜਾਵੇਗਾ। ਹਰ ਘਰ 'ਚ ਰਸੋਈ ਗੈਸ ਸਿਲੰਡਰ ਅਤੇ ਪੀਣ ਵਾਲੇ ਪਾਣੀ ਦੇ ਕੁਨੈਕਸ਼ਨ ਦਿੱਤੇ ਜਾਣਗੇ। ਰੁਜ਼ਗਾਰ ਲਈ 118 ਏਕੜ 'ਚ ਇਕ ਨਵਾਂ ਉਦਯੋਗਿਕ ਖੇਤਰ ਸਥਾਪਿਤ ਕੀਤਾ ਜਾ ਰਿਹਾ ਹੈ।

ਸੱਭਿਆਚਾਰ ਅਤੇ ਸੈਰ-ਸਪਾਟੇ 'ਤੇ ਜ਼ੋਰ ਗ੍ਰਹਿ ਮੰਤਰੀ ਨੇ ਕਿਹਾ ਕਿ ਬੰਦੂਕਾਂ ਅਤੇ ਵਿਸਫੋਟਕ ਬਸਤਰ ਦੀ ਪਛਾਣ ਨਹੀਂ ਹੋ ਸਕਦੇ, ਇਸਦੀ ਅਸਲ ਪਛਾਣ ਇੱਥੋਂ ਦਾ ਸੱਭਿਆਚਾਰ ਅਤੇ ਵਿਰਾਸਤ ਹੈ। ਬਸਤਰ ਦੀ ਆਰਥਿਕਤਾ ਨੂੰ ਹੁਲਾਰਾ ਦੇਣ ਲਈ ਐਡਵੈਂਚਰ ਟੂਰਿਜ਼ਮ, ਹੋਮਸਟੇਅ ਅਤੇ ਗਲਾਸ ਬ੍ਰਿਜ ਵਰਗੇ ਨਵੇਂ ਪ੍ਰੋਜੈਕਟ ਸ਼ੁਰੂ ਕੀਤੇ ਜਾ ਰਹੇ ਹਨ। ਉਨ੍ਹਾਂ 'ਬਸਤਰ ਪਾਂਡੁਮ 2026' ਦੇ ਜੇਤੂਆਂ ਨੂੰ ਰਾਸ਼ਟਰਪਤੀ ਭਵਨ ਵਿੱਚ ਆਪਣੀ ਕਲਾ ਦਿਖਾਉਣ ਲਈ ਸੱਦਾ ਦਿੱਤਾ।

## ਖੜਗੇ ਨੂੰ ਬੋਲਣ ਦੀ ਮਨਜ਼ੂਰੀ ਨਾ ਮਿਲਣ 'ਤੇ ਰਾਜ ਸਭਾ 'ਚੋਂ ਵਿਰੋਧੀ

ਅਤੇ ਰਾਜ ਸਭਾ, ਇਨ੍ਹਾਂ ਦੋਵਾਂ ਸਦਨਾਂ ਨੂੰ ਮਿਲਾ ਕੇ ਸੰਸਦ ਬਣਦੀ ਹੈ ਅਤੇ ਸੰਵਿਧਾਨ ਦੀ ਪਾਲਣਾ ਸਾਰਿਆਂ ਨੇ ਕਰਨੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੂੰ ਰਾਸ਼ਟਰਪਤੀ ਦੇ ਭਾਸ਼ਣ 'ਤੇ ਲਿਆਂਦੇ ਗਏ ਧੰਨਵਾਦ ਪ੍ਰਸਤਾਵ 'ਤੇ ਬੋਲਣ ਦੀ ਮਨਜ਼ੂਰੀ ਨਹੀਂ ਦਿੱਤੀ ਗਈ। ਸਪੀਕਰ ਸੀ.ਪੀ. ਰਾਧਾਕ੍ਰਿਸ਼ਨਨ ਨੇ ਲੋਕ ਸਭਾ ਨਾਲ ਸੰਬੰਧਤ ਇਸ ਮੁੱਦੇ ਨੂੰ ਉੱਚ ਸਦਨ 'ਚ ਚੁੱਕਣ ਦੀ ਮਨਜ਼ੂਰੀ ਨਹੀਂ ਦਿੱਤੀ ਅਤੇ ਕਿਹਾ ਕਿ 'ਉਹ (ਖੜਗੇ) ਜੋ ਕੁਝ ਵੀ ਕਹਿਣਗੇ, ਉਹ ਰਿਕਾਰਡ 'ਚ ਨਹੀਂ ਜਾਵੇਗਾ।"

ਇਸ ਤੋਂ ਪਹਿਲਾਂ ਖੜਗੇ ਨੇ ਵਣਜ ਮੰਤਰੀ ਪੀਊਸ਼ ਗੋਇਲ ਵੱਲੋਂ ਪਿਛਲੇ ਹਫ਼ਤੇ ਸੰਸਦ ਸੈਸ਼ਨ ਦੌਰਾਨ ਭਾਰਤ-ਅਮਰੀਕਾ ਵਪਾਰ ਸਮਝੌਤੇ 'ਤੇ ਸਦਨ ਦੇ ਬਾਹਰ ਬਿਆਨ ਦੇਣ ਦਾ ਮੁੱਦਾ ਵੀ ਚੁੱਕਿਆ ਸੀ। ਜਦੋਂ ਸਪੀਕਰ ਨੇ ਖੜਗੇ ਨੂੰ ਬੋਲਣ ਦੀ ਮਨਜ਼ੂਰੀ ਨਹੀਂ ਦਿੱਤੀ, ਉਦੋਂ ਵਿਰੋਧੀ ਧਿਰ ਦੇ ਸਾਰੇ ਮੈਂਬਰ ਖੜ੍ਹੇ ਹੋ ਕੇ ਵਿਰੋਧ ਕਰਨ ਲੱਗੇ। ਸਪੀਕਰ ਨੇ ਪ੍ਰਸ਼ਨਕਾਲ ਦੀ ਕਾਰਵਾਈ ਅੱਗੇ ਵਧਾਈ ਤਾਂ ਵਿਰੋਧੀ ਧਿਰ ਦੇ ਮੈਂਬਰਾਂ ਨੇ ਆਪਣਾ ਵਿਰੋਧ ਜਾਰੀ ਰੱਖਿਆ ਅਤੇ ਬਾਅਦ 'ਚ ਸਦਨ ਤੋਂ ਬਾਈਕਾਟ ਕਰ ਦਿੱਤਾ। ਇਸ ਤੋਂ ਪਹਿਲਾਂ, ਜ਼ੀਰੋ ਕਾਲ ਸ਼ੁਰੂ ਹੋਣ 'ਤੇ ਦਰਮੁਕ ਮੈਂਬਰ ਤਿਰੂਚੀ ਸ਼ਿਵਾ ਨੇ ਕਿਹਾ ਕਿ ਉਨ੍ਹਾਂ ਨੇ ਵਿਸ਼ੇਸ਼ ਅਧਿਕਾਰ ਹਨਨ ਦਾ ਨੋਟਿਸ ਦਿੱਤਾ, ਕਿਉਂਕਿ ਸੰਸਦ ਦਾ ਸੈਸ਼ਨ ਚੱਲ ਰਿਹਾ ਹੈ ਅਤੇ ਪੀਊਸ਼ ਗੋਇਲ ਨੇ ਭਾਰਤ-ਅਮਰੀਕਾ ਵਪਾਰ ਸਮਝੌਤੇ 'ਤੇ ਸਦਨ ਦੇ ਬਾਹਰ ਬਿਆਨ ਦਿੱਤਾ ਸੀ। ਸਪੀਕਰ ਨੇ ਕਿਹਾ ਕਿ ਉਹ ਇਸ ਬਾਰੇ ਵਿਵਸਥਾ ਦੇ ਚੁੱਕੇ ਹਨ। ਇਸ ਤੋਂ ਬਾਅਦ ਸਦਨ 'ਚ ਜ਼ੀਰੋ ਕਾਲ ਆਮ ਤਰੀਕੇ ਨਾਲ ਚੱਲਿਆ।

## ਪੰਜਾਬ ਦੇ ਲਾਅ ਕਾਲਜ 'ਚ ਮੁੰਡੇ ਵੱਲੋਂ ਕੁੜੀ ਨੂੰ ਗੋਲੀ

ਦਾਖ਼ਲ ਹੋ ਕੇ ਸੰਦੀਪ ਕੌਰ ਦੇ ਮੱਥੇ 'ਤੇ ਗੋਲੀ ਮਾਰੀ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਿਸ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਸਥਿਤੀ ਨੂੰ ਕਾਬੂ ਵਿੱਚ ਲਿਆ। ਪੁਲਿਸ ਵੱਲੋਂ ਘਟਨਾ ਸਥਾਨ ਤੋਂ ਲੋੜੀਂਦੇ ਸਬੂਤ ਇਕੱਠੇ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਇਸ ਘਟਨਾ ਨਾਲ ਕਾਲਜ ਵਿਦਿਆਰਥੀਆਂ 'ਚ ਦਹਿਸ਼ਤ ਦਾ ਮਾਹੌਲ ਬਣ ਗਿਆ।

## 328 ਸਰੂਪਾਂ ਦੇ ਮਾਮਲੇ 'ਚ ਪੰਜਾਬ ਸਰਕਾਰ

ਦੀ ਕਾਰਗੁਜ਼ਾਰੀ ਦੇ ਕਾਰਨ ਸੰਗਤ ਦੇ ਮਨਾਂ ਵਿੱਚ ਦੁਵਿਧਾ ਪੈਦਾ ਹੋਈ ਹੈ ਅਤੇ ਕਈ ਖ਼ਦਸ਼ੇ ਖੜ੍ਹੇ ਹੋਏ ਹਨ, ਇਸ ਕਰਕੇ ਇਹ ਅਤਿ ਜ਼ਰੂਰੀ ਹੋ ਜਾਂਦਾ ਹੈ ਕਿ ਕੇਵਲ ਅੰਮ੍ਰਿਤਧਾਰੀ ਸਿੱਖ ਅਫ਼ਸਰ ਜਿਨ੍ਹਾਂ ਨੂੰ ਸਿੱਖ ਰਹਿਤ ਮਰਯਾਦਾ ਅਤੇ ਗੁਰੂ ਸਾਹਿਬ ਜੀ ਦੇ ਅਦਬ ਸਤਿਕਾਰ ਦੀ ਪੂਰਨ ਲਿਆਕਤ ਹੋਵੇ ਉਹ ਹੀ ਜਾਂਚ ਨੂੰ ਅੱਗੇ ਵਧਾਉਣ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਜਦੋਂ ਜਾਂਚ ਟੀਮ ਦੋਆਬਾ ਖੇਤਰ ਦੇ ਇੱਕ ਅਸਥਾਨ ਵਿਖੇ ਪਹੁੰਚੀ ਤਾਂ ਉਨ੍ਹਾਂ ਵੱਲੋਂ ਉੱਥੇ ਸਿੱਖ ਮਰਯਾਦਾ ਦੀ ਉਲੰਘਣਾ ਕਰਦਿਆਂ ਸੁਖਆਸਨ ਵਾਲੇ ਅਸਥਾਨ ਵਿਖੇ ਜਾ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਜਾਂਚ ਮਰਯਾਦਾ ਦੇ ਉਲਟ ਕੀਤੀ ਗਈ, ਜਿਸ ਨਾਲ ਸਿੱਖ ਸੰਗਤ ਦੀਆਂ ਭਾਵਨਾਵਾਂ ਨੂੰ ਭਾਰੀ ਠੇਸ ਪਹੁੰਚੀ ਹੈ, ਇਹ ਵਰਤਾਰਾ ਅਗਾਂਹ ਨਾ ਵਾਪਰੇ ਇਸ ਲਈ ਇਹ ਆਦੇਸ਼ ਕੀਤਾ ਗਿਆ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਦਬ ਸਤਿਕਾਰ ਦੇ ਵਿਰੁੱਧ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਪਿਛਲੇ ਦਿਨੀਂ ਟਿੱਪਣੀਆਂ ਕਰਨ ਦੇ ਮਾਮਲੇ ਵਿੱਚ ਬਰਨਾਲਾ ਦੇ ਕਥਾਵਾਚਕ ਗੁਰਜੰਟ ਸਿੰਘ ਨੂੰ ਅੱਜ ਤਲਬ ਕੀਤਾ ਗਿਆ ਸੀ, ਉਹ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਿੰਘ ਸਾਹਿਬ ਦੇ ਸਨਮੁਖ ਪੇਸ਼ ਹੋਏ। ਇਸ ਸੰਬੰਧੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਭਾਵੇਂ ਕਿ ਗੁਰਜੰਟ ਸਿੰਘ ਨੇ ਅੱਜ ਪੇਸ਼ ਹੋ ਕੇ ਖਿਮਾ ਜਾਚਨਾ ਕੀਤੀ ਹੈ, ਪਰੰਤੂ ਇਨ੍ਹਾਂ ਦਾ ਮਾਮਲਾ ਗੰਭੀਰ ਹੋਣ ਕਰਕੇ ਇਹ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਵਿਚਾਰਿਆ ਜਾਵੇਗਾ ਅਤੇ ਇਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਦੋਂ ਤੱਕ ਗੁਰਜੰਟ ਸਿੰਘ ਨੂੰ ਪੇਸ਼ ਨਹੀਂ ਕੀਤਾ ਜਾਂਦਾ ਉਦੋਂ ਤੱਕ ਇਨ੍ਹਾਂ ਉੱਤੇ ਕਿਸੇ ਵੀ ਸਟੇਜ ਤੋਂ ਬੋਲਣ ਦੀ, ਕੀਰਤਨ ਕਰਨ ਦੀ ਪਾਬੰਦੀ ਰਹੇਗੀ। ਇਸ ਦੇ ਨਾਲ ਹੀ ਇਹ ਉਦੋਂ ਤੱਕ ਕਿਸੇ ਵੀ ਸਿੱਖ ਧਾਰਮਿਕ ਸਟੇਜ ਉੱਤੇ ਵੀ ਨਹੀਂ ਬੈਠਣਗੇ। ਕੈਨੇਡਾ ਦੇ ਗੁਰਦੁਆਰਾ ਸਾਹਿਬ ਵਿਨੀਪੈੱਗ ਸਾਊਥ ਸਿੱਖ ਸੈਂਟਰ ਦੇ ਮਾਮਲੇ ਸਬੰਧੀ ਜੋ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੰਗਤ ਦੀਆਂ ਸ਼ਿਕਾਇਤਾਂ ਤੋਂ ਬਾਅਦ ਵਿਚਾਰਅਧੀਨ ਹੈ, ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸੰਗਤ ਵੱਲੋਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵਿਰੁੱਧ ਸ਼ਿਕਾਇਤਾਂ ਕੀਤੀਆਂ ਗਈਆਂ ਹਨ ਕਿ ਉੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨਾਲ ਕੋਈ ਛੇੜਛਾੜ ਕੀਤੀ ਗਈ ਹਨ, ਪ੍ਰਬੰਧਕ ਅੰਮ੍ਰਿਤਧਾਰੀ ਨਹੀਂ, ਗੁਰੂ ਘਰ ਅੰਦਰ ਮਨਮਤਾਂ ਹੁੰਦੀਆਂ ਹਨ ਅਤੇ ਸੰਗਤ ਨੂੰ ਗੁਰਦੁਆਰਾ ਸਾਹਿਬ ਆਉਣ ਤੋਂ ਰੋਕਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਸੰਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰਦੁਆਰਾ ਪ੍ਰਬੰਧਕਾਂ ਨੂੰ ਵਾਰ-ਵਾਰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਪਰੰਤੂ ਉਨ੍ਹਾਂ ਵੱਲੋਂ ਆਪਹੁਦਰੀ ਕਾਰਗੁਜ਼ਾਰੀ ਕਰਦਿਆਂ ਸੰਗਤ ਦੀਆਂ ਭਾਵਨਾਵਾਂ ਦੇ ਵਿਰੁੱਧ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੰਗਤ - 35 ਡਿਗਰੀ ਦੇ ਤਾਪਮਾਨ ਵਿੱਚ ਵੀ ਉੱਥੇ ਵਿਰੋਧ ਕਰ ਰਹੀ ਹੈ, ਇਸ ਦੇ ਬਾਵਜੂਦ ਵੀ ਗੁਰਦੁਆਰਾ ਪ੍ਰਬੰਧਕਾਂ ਨੇ ਆਪਣਾ ਸਪੱਸ਼ਟੀਕਰਨ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭੇਜਣਾ ਜ਼ਰੂਰੀ ਨਹੀਂ ਸਮਝਿਆ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਗੁਰਦੁਆਰਾ ਸਾਹਿਬ ਵਿਨੀਪੈੱਗ ਸਾਊਥ ਸਿੱਖ ਸੈਂਟਰ ਦੇ ਪ੍ਰਧਾਨ ਸ. ਨਿਸ਼ਾਨ ਸਿੰਘ, ਸਕੱਤਰ ਸ. ਬਲਜਿੰਦਰ ਸਿੰਘ, ਸ. ਮੋਹਨ ਸਿੰਘ, ਸ. ਨਵਦੀਪ ਸਿੰਘ, ਸ. ਕੁਲਵਿੰਦਰ ਸਿੰਘ, ਸ. ਰਛਪਾਲ ਸਿੰਘ ਅਤੇ ਸ. ਪਰਦੀਪ ਸਿੰਘ ਨੂੰ ਸਖ਼ਤ ਤਾੜਨਾ ਕੀਤੀ ਕਿ ਇਹ 10 ਦਿਨਾਂ ਦੇ ਵਿੱਚ-ਵਿੱਚ ਆਪਣਾ ਪੱਖ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਿੱਜੀ ਤੌਰ ਉੱਤੇ ਪੇਸ਼ ਹੋ ਕੇ ਦੇਣ, ਸੰਗਤ ਦੀਆਂ ਭਾਵਨਾਵਾਂ ਦੀ ਕਦਰ ਕਰਦਿਆਂ ਸੰਗਤ ਨੂੰ ਗੁਰਦੁਆਰਾ ਸਾਹਿਬ ਆਉਣ ਦੀ ਇਜਾਜ਼ਤ ਦੇਣ ਅਤੇ ਗੁਰਮਤਿ ਦੇ ਉਲਟ ਕੀਤੇ ਜਾ ਰਹੇ ਕੰਮ ਬੰਦ ਕਰਨ। ਉਨ੍ਹਾਂ ਕਿਹਾ ਕਿ ਜੇਕਰ ਪ੍ਰਬੰਧਕਾਂ ਨੇ 10 ਦਿਨਾਂ ਦੇ ਵਿੱਚ-ਵਿੱਚ ਕੀਤੀਆਂ ਹਦਾਇਤਾਂ ਅਤੇ ਤਾੜਨਾ ਉੱਤੇ ਪਾਲਣਾ ਨਾ ਕੀਤੀ ਤਾਂ ਇਨ੍ਹਾਂ ਵਿਰੁੱਧ ਪੰਥਕ ਭਾਵਨਾਵਾਂ ਮੁਤਾਬਕ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ 4 ਮਾਰਚ ਨੂੰ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਉੱਤੇ ਹੋਲਾ-ਮਹੱਲਾ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਮੇਂ ਤੋਂ ਹੀ ਨਿਹੰਗ ਸਿੰਘ ਫ਼ੌਜਾਂ ਅਤੇ ਸਮੂਹ ਖ਼ਾਲਸਾ ਪੰਥ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ ਮਹੱਲਾ ਖ਼ਾਲਸਾਈ ਜਾਹੋ ਜਲਾਲ ਨਾਲ ਮਨਾਉਂਦੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਸਾਲਾਂ ਤੋਂ ਇਹ ਸਾਹਮਣੇ ਆਇਆ ਹੈ ਅਤੇ ਇਸ ਸਬੰਧੀ ਲਿਖਤੀ ਸ਼ਿਕਾਇਤਾਂ ਵੀ ਪੁੱਜੀਆਂ ਹਨ ਕਿ ਹੋਲੇ ਮਹੱਲੇ ਦੌਰਾਨ ਬਹੁਤ ਲੋਕ ਇੱਕ ਦੂਜੇ ਉੱਤੇ ਅੰਨ੍ਹੇਵਾਹ ਰੰਗ ਸੁੱਟਦੇ ਹਨ ਅਤੇ ਸੰਗਤ ਉੱਤੇ ਵੀ ਇਹ ਰੰਗ ਸੁੱਟਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਵਿਲੱਖਣ ਹੋਲੇ ਮਹੱਲੇ ਨੂੰ ਹੋਲੀ ਵੱਲ ਤਬਦੀਲ ਕਰਨ ਦੀਆਂ ਕੋਸ਼ਿਸ਼ਾਂ ਦਾ ਹਿੱਸਾ ਜਾਪਦਾ ਹੈ ਜੋ ਠੀਕ ਨਹੀਂ। ਉਨ੍ਹਾਂ ਕਿਹਾ ਕਿ ਹੋਲੇ ਮੋਹੱਲੇ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਗਤ ਉੱਤੇ ਰੰਗ ਸੁੱਟਣਾ ਬਿਲਕੁਲ ਗ਼ੈਰ-ਵਾਜਬ ਹੈ ਅਤੇ ਇਹ ਸਿੱਖੀ ਸਿਧਾਂਤ ਦੇ ਉਲਟ ਹੈ, ਇਸ ਉੱਤੇ ਪੂਰਨ ਰੂਪ ਵਿੱਚ ਪਾਬੰਦੀ ਹੈ। ਇਸ ਸਬੰਧ ਪ੍ਰਸ਼ਾਸਨ ਨਾਲ ਵੀ ਗੱਲ ਕੀਤੀ ਜਾਵੇਗੀ ਅਤੇ ਜੇਕਰ ਕੋਈ ਉਲੰਘਣਾ ਕਰਦਾ ਹੈ ਤਾਂ ਉਸ ਉੱਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਦੋਂ ਨਿਹੰਗ ਸਿੰਘ ਮਹੱਲਾ ਕੱਢਦੇ ਹਨ ਤਾਂ ਉਹ ਇੱਕ ਦੂਜੇ ਦੇ ਉੱਪਰ ਗੁਲਾਲ ਪਾਉਂਦੇ ਹਨ ਜੋ ਕਿ ਇੱਕ ਸੀਮਤ ਦਾਇਰੇ ਦੇ ਵਿੱਚ ਹੁੰਦਾ ਹੈ। ਉਨ੍ਹਾਂ ਸਮੂਹ ਸਿੱਖ ਸੰਗਤ ਨੂੰ ਵਿਸ਼ੇਸ਼ ਅਪੀਲ ਕੀਤੀ

ਕਿ ਹੋਲਾ ਮਹੱਲਾ ਗੁਰੂ ਸਾਹਿਬ ਵੱਲੋਂ ਬਖ਼ਸ਼ਿਸ਼ ਕੀਤੀ ਰਵਾਇਤ ਅਨੁਸਾਰ ਹੀ ਮਨਾਈਏ ਅਤੇ ਇਸ ਮੌਕੇ ਵੱਧ ਤੋਂ ਵੱਧ ਗਿਣਤੀ ਵਿੱਚ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਉੱਤੇ ਨਤਮਸਤਕ ਹੋਈਏ। ਬੀਤੇ ਦਿਨੀਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੀ ਪ੍ਰਕਰਮਾ ਵਿੱਚੋਂ ਸ਼ਰਧਾਲੂ ਵਜੋਂ ਆਏ ਦੋ ਵਿਅਕਤੀਆਂ ਨੂੰ ਪੰਜਾਬ ਪੁਲਿਸ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬਿਨਾਂ ਧਿਆਨ ਵਿੱਚ ਲਿਆਏ ਚੁੱਕਣ ਦੇ ਮਾਮਲੇ ਸਬੰਧੀ ਪੁੱਛੇ ਇੱਕ ਸਵਾਲ ਦੇ ਜਵਾਬ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਘਟਨਾ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਸਿੱਧੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਸੂਬੇ ਦੇ ਗ੍ਰਹਿ ਵਿਭਾਗ ਦੀ ਹੈ, ਕਿ ਕੀ ਉਨ੍ਹਾਂ ਵੱਲੋਂ ਹੁਣ ਪੁਲਿਸ ਨੂੰ ਇੰਨੀ ਖੁੱਲ੍ਹ ਦੇ ਦਿੱਤੀ ਗਈ ਹੈ ਕਿ ਉਹ ਐਵੇਂ ਸ੍ਰੀ ਦਰਬਾਰ ਸਾਹਿਬ ਦੀ ਪ੍ਰਕਰਮਾ ਵਿੱਚੋਂ ਲੋਕਾਂ ਨੂੰ ਚੁੱਕ ਕੇ ਲੈ ਜਾਵੇ। ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਸ਼੍ਰੋਮਣੀ ਕਮੇਟੀ ਦੀ ਕਾਰਜਕਾਰਨੀ ਪਾਸੋਂ ਸਮੁੱਚੀ ਰਿਪੋਰਟ ਲਈ ਜਾਵੇਗੀ। ਇਹ ਪੁਲਿਸ ਦੀ ਬਹੁਤ ਹੀ ਗ਼ੈਰ-ਜ਼ਿੰਮੇਵਾਰੀ ਵਾਲੀ ਹਰਕਤ ਸੀ, ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਗ੍ਰਹਿ ਮੰਤਰਾਲੇ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਜੋ ਲੋਕ ਪ੍ਰਕਰਮਾ ਵਿੱਚੋਂ ਦੋ ਵਿਅਕਤੀਆਂ ਨੂੰ ਚੁੱਕ ਕੇ ਲੈ ਗਏ ਹਨ ਕੀ ਉਹ ਪੁਲਿਸ ਵਾਲੇ ਸਨ ਜਾਂ ਨਹੀਂ। ਉਸ ਦਿਨ ਉਹ ਕਿਹੜੇ ਵਿਅਕਤੀ ਸਨ ਜੋ ਪ੍ਰਕਰਮਾ ਵਿੱਚ ਦਾਖਲ ਹੋਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਇਹ ਖੁੱਲ੍ਹ ਨਹੀਂ ਦਿੱਤੀ ਜਾ ਸਕਦੀ ਕਿ ਉਹ ਐਵੇਂ ਸ੍ਰੀ ਦਰਬਾਰ ਸਾਹਿਬ ਵਿੱਚੋਂ ਬੰਦਿਆਂ ਨੂੰ ਚੁੱਕੇ।

ਸ੍ਰੀ ਚਮਕੌਰ ਸਾਹਿਬ ਦੇ ਖੇਤਰ ਵਿੱਚ ਲਗਾਈ ਜਾ ਰਹੀ ਪੇਪਰ ਮਿੱਲ ਸਬੰਧੀ ਬੀਤੇ ਦਿਨੀਂ ਇਲਾਕੇ ਦੀ ਸੰਗਤ ਵੱਲੋਂ ਦਿੱਤੇ ਮੰਗ ਪੱਤਰ ਸਬੰਧੀ ਪੁੱਛੇ ਸਵਾਲ ਦੇ ਜਵਾਬ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਫੈਕਟਰੀ ਲਗਾਉਣ ਲਈ ਜੋ ਸਰਵੇਖਣ ਕਰਵਾਇਆ ਗਿਆ ਹੈ ਉਸ ਵਿੱਚੋਂ ਇਲਾਕੇ ਦੇ ਇਤਿਹਾਸਕ ਸਿੱਖ ਧਾਰਮਿਕ ਅਸਥਾਨਾਂ ਨੂੰ ਮਨਫ਼ੀ ਕੀਤਾ ਗਿਆ ਹੈ ਜੋ ਕਿ ਬਹੁਤ ਹੀ ਇਤਰਾਜ਼ਯੋਗ ਕਾਰਵਾਈ ਹੈ। ਉਨ੍ਹਾਂ ਕਿਹਾ ਕਿ ਸ੍ਰੀ ਚਮਕੌਰ ਸਾਹਿਬ ਦੀ ਸੰਗਤ ਨੇ ਸਰਵੇਖਣ ਰਿਪੋਰਟ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੌਂਪੀ ਹੈ ਜਿਸ ਨੂੰ ਘੋਖ ਕੇ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ।

## ਹੁਣ ਰੇਲਵੇ ਯਾਤਰੀਆਂ ਨੂੰ ਸੀਟ 'ਤੇ ਹੀ ਮਿਲੇਗਾ

ਸੀ, ਪਰ ਹੁਣ ਇਸ ਦਾ ਦਾਇਰਾ ਵਧਾ ਦਿੱਤਾ ਗਿਆ ਹੈ। ਇਹ ਸੇਵਾ ਖ਼ਾਸ ਤੌਰ 'ਤੇ ਉਨ੍ਹਾਂ ਟ੍ਰੇਨਾਂ ਲਈ ਲਾਭਦਾਇਕ ਹੈ ਜਿੱਥੇ ਟਿਕਟ ਦੀ ਕੀਮਤ ਵਿੱਚ ਖਾਣਾ ਸ਼ਾਮਲ ਨਹੀਂ ਹੁੰਦਾ। ਇੰਡੀਅਨ ਰੇਲਵੇ ਕੈਟਰਿੰਗ ਐਂਡ ਟੂਰਿਜ਼ਮ ਕਾਰਪੋਰੇਸ਼ਨ ਦਾ ਮੰਨਣਾ ਹੈ ਕਿ ਇਸ ਕਦਮ ਨਾਲ ਨਾ ਸਿਰਫ਼ ਯਾਤਰੀਆਂ ਦੀ ਸਹੂਲਤ ਵਧੇਗੀ, ਸਗੋਂ ਉਨ੍ਹਾਂ ਨੂੰ ਹਾਈਜੀਨਿਕ ਅਤੇ ਤੈਅ ਕੀਮਤ 'ਤੇ ਭੋਜਨ ਮਿਲਣਾ ਵੀ ਯਕੀਨੀ ਹੋਵੇਗਾ। ਯਾਤਰੀਆਂ ਦੇ ਫੀਡਬੈਕ ਦੇ ਆਧਾਰ 'ਤੇ ਆਉਣ ਵਾਲੇ ਸਮੇਂ ਵਿੱਚ ਇਸ ਸੇਵਾ ਨੂੰ ਹੋਰ ਟ੍ਰੇਨਾਂ ਵਿੱਚ ਵੀ ਵਧਾਇਆ ਜਾ ਸਕਦਾ ਹੈ।

## ਵਿਕਸਿਤ ਭਾਰਤ ਲਈ ਚਾਹੀਦੇ ਨੇ

ਇਹ ਕਦਮ ਇਕ ਹੀ ਖੇਤਰ 'ਚ ਕੰਮ ਕਰਨ ਵਾਲੀਆਂ ਸੰਸਥਾਵਾਂ ਨੂੰ ਇਕਜੁੱਟ ਕਰਨ ਦੀ ਦਿਸ਼ਾ 'ਚ ਹੈ।ਸੀਤਾਰਾਮਨ ਨੇ ਇਹ ਵੀ ਦੁਹਰਾਇਆ ਕਿ ਆਮ ਬਜਟ 2026-27 ਪ੍ਰਧਾਨ ਮੰਤਰੀ ਮੋਦੀ ਦੇ ਨੀਤੀਗਤ ਸਥਿਰਤਾ ਦੇ ਦ੍ਰਿਸ਼ਟੀਕੋਣ 'ਤੇ ਆਧਾਰਿਤ ਹੈ ਅਤੇ ਇਸ ਦਾ ਕੇਂਦਰ ਲੰਬੇ ਸਮੇਂ ਲਈ 'ਵਿਕਸਿਤ ਭਾਰਤ' ਦਾ ਟੀਚਾ ਹੈ। ਬਜਟ ਨਾ ਸਿਰਫ ਇਕ ਸਾਲ ਦੀ ਵਿੱਤੀ ਯੋਜਨਾ ਹੈ, ਸਗੋਂ ਇਹ 2047 ਅਤੇ 2050 ਤੱਕ ਦੇਸ਼ ਨੂੰ ਭਵਿੱਖ ਦੀਆਂ ਚੁਣੌਤੀਆਂ ਅਤੇ ਮੌਕਿਆਂ ਲਈ ਤਿਆਰ ਕਰਨ ਦੀ ਲੰਬੇ ਸਮੇਂ ਦੀ ਰਣਨੀਤੀ ਦਾ ਹਿੱਸਾ ਹੈ।

## ਗੁਰਦੁਆਰਾ ਸਾਹਿਬ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ

ਬਾਅਦ ਗੁਰਦੁਆਰੇ ਦੀ ਕਮੇਟੀ ਅਤੇ ਸੰਗਤ ਫੌਰੀ ਤੌਰ 'ਤੇ ਉੱਥੇ ਪਹੁੰਚੇ ਪਰ ਉਦੋਂ ਤੱਕ ਅੱਗ ਕਾਫ਼ੀ ਭਿਆਨਕ ਲੱਗ ਚੁੱਕੀ ਸੀ। ਲੋਕਾਂ ਨੇ ਕਾਫ਼ੀ ਜੱਦੋ-ਜ਼ਹਿਦ ਕਰਨ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ, ਪਰ ਉਦੋਂ ਤੱਕ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਨੁਕਸਾਨੇ ਗਏ ਸਨ। ਉਨ੍ਹਾਂ ਦੱਸਿਆ ਕਿ ਇਹ ਸਾਰਾ ਹਾਦਸਾ ਬਿਜਲੀ ਦੇ ਸ਼ਾਰਟ ਸਰਕਿਟ ਕਾਰਨ ਵਾਪਰਿਆ ਹੈ, ਜਿਸ ਦਾ ਪਤਾ ਪੁਲਿਸ ਨੂੰ ਸਵੇਰੇ 11 ਵਜੇ ਦੇ ਕਰੀਬ ਲੱਗਾ ਜਦੋਂ ਪਿੰਡ ਵਾਸੀਆਂ ਨੇ ਉਨ੍ਹਾਂ ਨੂੰ ਇਤਲਾਹ ਦਿੱਤੀ। ਜਿਸ ਤੋਂ ਬਾਅਦ ਡੀ.ਐੱਸ.ਪੀ. ਫਿਲੌਰ ਭਰਤ ਮਸੀਹ ਸਮੇਤ ਗੋਰਾਇਆ ਪੁਲਿਸ ਮੌਕੇ 'ਤੇ ਪੁੱਜੀ। ਇਸ ਤੋਂ ਇਲਾਵਾ ਐੱਸ.ਜੀ.ਪੀ.ਸੀ. ਦੀਆਂ ਟੀਮਾਂ, ਸਤਿਕਾਰ ਕਮੇਟੀ ਅਤੇ ਸਿੱਖ ਜਥੇਬੰਦੀਆਂ ਮੌਕੇ 'ਤੇ ਪੁੱਜੀਆਂ। ਇਸ ਮੌਕੇ ਸਤੀਸ਼ ਸਿੰਘ ਖਾਲਸਾ ਫਗਵਾੜਾ ਤੋਂ ਜ਼ਿਲ੍ਹਾ ਜਥੇਦਾਰ ਦਸਮੇਸ਼ ਤਰਨਾ ਦਲ, ਅਰਬਾਂ ਖਰਬਾਂ ਤਰਨਾ ਦਲ ਦੇ ਜਥੇਦਾਰ ਬਾਬਾ ਰਾਜਾ ਰਾਜ ਸਿੰਘ ਅਤੇ ਉਨ੍ਹਾਂ ਦੇ ਥਾਪੇ ਜਥੇਦਾਰ ਸੁਖਦੀਪ ਸਿੰਘ ਦਿਹਾਤੀ ਮਾਛੀਵਾੜਾ, ਜੱਥੇਦਾਰ ਰਵਿੰਦਰ ਸਿੰਘ ਖਾਲਿਸਤਾਨੀ ਆਲ ਇੰਡੀਆ ਸਿੱਖ ਸਤਿਕਾਰ ਕਮੇਟੀ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 2013 ਵਿੱਚ ਖਰੜਾ ਤਿਆਰ ਕੀਤਾ ਸੀ ਕਿ ਗੁਰਦੁਆਰਾ ਸਾਹਿਬ ਵਿਖੇ ਪੱਕੇ ਤੌਰ 'ਤੇ ਸੇਵਾਦਾਰ ਨਿਯੁਕਤ ਕੀਤਾ ਜਾਣਾ ਚਾਹੀਦਾ ਹੈ ਪਰ ਇਸ ਗੁਰਦੁਆਰਾ ਸਾਹਿਬ ਵਿਖੇ ਨਾ ਤਾਂ ਕੋਈ ਪੱਕਾ ਸੇਵਾਦਾਰ ਹੈ ਨਾ ਹੀ ਸੀ.ਸੀ.ਟੀ. ਵੀ ਕੈਮਰੇ ਚਲਦੇ ਹਨ। ਇੰਨੀ ਵੱਡੀ ਘਟਨਾ ਕਿਸ ਤਰ੍ਹਾਂ ਨਾਲ ਵਾਪਰੀ ਹੈ ਇਹ ਜਾਂਚ ਦਾ ਵਿਸ਼ਾ ਹੈ। ਇਸ ਮੌਕੇ ਪਿੰਡ ਵਾਸੀਆਂ ਨੇ ਕਿਹਾ ਕਿ ਇਹ ਘਟਨਾ ਬਿਜਲੀ ਦੇ ਸ਼ਾਰਟ ਸਰਕਿਟ ਕਾਰਨ ਵਾਪਰੀ ਹੈ, ਜਿਸ ਵਿੱਚ ਕਿਸੇ ਦਾ ਕੋਈ ਵੀ ਕਸੂਰ ਨਹੀਂ ਹੈ। ਸਾਰੀ ਸੰਗਤ ਸ਼ਰਧਾ ਭਾਵਨਾ ਨਾਲ ਗੁਰਪੁਰਬ ਮਨਾ ਰਹੀ ਸੀ ਅੱਜ ਸੰਗਤਾਂ ਦੇ ਵੀ ਹਿਰਦੇ ਵਲੂੰਧਰੇ ਗਏ ਹਨ, ਕਿਉਂਕਿ ਗੁਰੂ ਮਹਾਰਾਜ ਦੇ ਦੋਵੇਂ ਹੀ ਸਰੂਪ ਪਿੰਡ ਵਿੱਚੋਂ ਲਿਜਾਏ ਗਏ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਹੋਣ ਲਈ ਵੀ ਕਿਹਾ ਗਿਆ ਹੈ ਜਿੱਥੇ ਪਿੰਡ ਵਾਸੀ ਜਾਣਗੇ ਅਤੇ ਜੋ ਖ਼ਾਮੀਆਂ ਉਨ੍ਹਾਂ ਕੋਲੋਂ ਰਹੀਆਂ ਹਨ, ਉਨ੍ਹਾਂ ਨੂੰ ਪੂਰਾ ਕਰਕੇ ਆਦਰ ਸਤਿਕਾਰ ਨਾਲ ਬੇਨਤੀ ਕਰਨ ਤੋਂ ਬਾਅਦ ਮਹਾਰਾਜ ਪਿੰਡ ਵਿੱਚ ਲੈ ਕੇ ਆਉਣਗੇ। ਸੰਗਤਾਂ ਨੇ ਨਮ ਅੱਖਾਂ ਨਾਲ ਮਹਾਰਾਜ ਗੁਰਦੁਆਰਾ ਸਾਹਿਬ ਤੋਂ ਭੇਜੇ। ਇਸ ਮੌਕੇ ਡੀ.ਐੱਸ.ਪੀ. ਭਾਰਤ ਮਸ਼ੀਨ ਨੇ ਕਿਹਾ ਕਿ ਇਹ ਸਾਰੀ ਘਟਨਾ ਮੁੱਢਲੀ ਤਫ਼ਤੀਸ਼ ਵਿੱਚ ਸ਼ਾਰਟ ਸਰਕਿਟ ਕਾਰਨ ਹੀ ਵਾਪਰੀ ਲੱਗਦੀ ਹੈ ਬਾਕੀ ਜਾਂਚ ਕੀਤੀ ਜਾ ਰਹੀ ਹੈ।

## ਚੰਦਰਮਾ ਤੋਂ ਮਿੱਟੀ ਲੈ ਕੇ ਆਵੇਗਾ ਭਾਰਤ,

(ਜਿਵੇਂ ਕਿ ਸੰਯੁਕਤ ਰਾਜ, ਰੂਸ ਅਤੇ ਚੀਨ) ਦੇ ਸਮੂਹ ਵਿੱਚ ਸ਼ਾਮਲ ਹੋ ਜਾਵੇਗਾ, ਜਿਨ੍ਹਾਂ ਕੋਲ ਚੰਦਰਮਾ ਤੋਂ ਨਮੂਨੇ ਪ੍ਰਾਪਤ ਕਰਨ ਦੀ ਤਕਨਾਲੋਜੀ ਹੈ। ਇਸਰੋ ਦੇ ਵਿਗਿਆਨੀਆਂ ਦੇ ਅਨੁਸਾਰ ਇਸਦੀਆਂ ਤਿਆਰੀਆਂ ਨੂੰ ਦੇਖਦੇ ਹੋਏ ਮਿਸ਼ਨ ਨੂੰ 2027 ਤੱਕ ਲਾਂਚ ਕਰਨ ਦੀ ਯੋਜਨਾ ਹੈ। ਵਰਤਮਾਨ ਵਿੱਚ ਮਿਸ਼ਨ ਡਿਜ਼ਾਈਨ ਅਤੇ ਰਾਕੇਟ ਸਮਰੱਥਾਵਾਂ ਨੂੰ ਵਧਾਉਣ ਲਈ ਕੰਮ ਚੱਲ ਰਿਹਾ ਹੈ। ਇਹ ਮਿਸ਼ਨ ਨਾ ਸਿਰਫ਼ ਇਸਰੋ ਦੀ ਤਕਨੀਕੀ ਸਵੈ-ਨਿਰਭਰਤਾ ਦਾ ਪ੍ਰਦਰਸ਼ਨ ਕਰੇਗਾ, ਸਗੋਂ ਭਵਿੱਖ ਦੇ ਮਨੁੱਖੀ ਮਿਸ਼ਨਾਂ (ਗਗਨਯਾਨ) ਲਈ ਇੱਕ ਮਜ਼ਬੂਤ ਨੀਂਹ ਵੀ ਰੱਖੇਗਾ।

## ਰਾਜਪੁਰਾ ਬਾਈਪਾਸ ਲਾਈਨ

ਦੀ 'ਅੰਬਰੇਲਾ ਵਰਕਸ 2025-26' ਯੋਜਨਾ ਦੇ ਤਹਿਤ ਨਵੇਂ ਰੇਲ ਲਾਈਨ ਪ੍ਰੋਜੈਕਟਾਂ ਦਾ ਹਿੱਸਾ ਹੈ। ਇਸ ਪ੍ਰੋਜੈਕਟ ਦਾ ਮੁੱਖ ਉਦੇਸ਼ ਰਾਜਪੁਰਾ ਯਾਰਡ 'ਤੇ ਦਬਾਅ ਘਟਾਉਣਾ ਹੈ, ਜੋ ਇਸ ਸਮੇਂ ਪੂਰੀ ਸਮਰੱਥਾ ਨਾਲ ਕੰਮ ਕਰ ਰਿਹਾ ਹੈ। ਰਵਨੀਤ ਸਿੰਘ ਬਿੱਟੂ ਨੇ ਇਹ ਵੀ ਕਿਹਾ ਕਿ ਅੰਬਾਲਾ-ਜਲੰਧਰ ਸੈਕਸ਼ਨ ਉੱਤਰੀ ਰੇਲਵੇ ਨੈੱਟਵਰਕ 'ਤੇ ਸਭ ਤੋਂ ਵਿਅਸਤ ਕੋਰੀਡੋਰਾਂ ਵਿੱਚੋਂ ਇੱਕ ਹੈ। ਸਮੇਂ ਸਿਰ ਦਖਲਅੰਦਾਜ਼ੀ ਤੋਂ ਬਿਨਾਂ, ਇਸ ਸੈਕਸ਼ਨ ਵਿੱਚ ਲਾਈਨ ਸਮਰੱਥਾ ਦੀ ਵਰਤੋਂ 2030-31 ਤੱਕ 165 ਪ੍ਰਤੀਸ਼ਤ ਤੋਂ ਵੱਧ ਹੋਣ ਦਾ ਅਨੁਮਾਨ ਹੈ, ਜਿਸ ਨਾਲ ਵਧੇ ਹੋਏ ਟ੍ਰੈਫਿਕ ਕਾਰਨ ਹੋਰ ਵੀ ਵੱਡਾ ਦਬਾਅ ਪੈਦਾ ਹੋਵੇਗਾ।

ਨਵੀਂ ਬਾਈਪਾਸ ਲਾਈਨ ਰੇਲਗੱਡੀਆਂ ਲਈ ਸਿੱਧੀ ਪਹੁੰਚ ਪ੍ਰਦਾਨ ਕਰੇਗੀ, ਜਿਸ ਨਾਲ ਉਹ ਰਾਜਪੁਰਾ ਯਾਰਡ 'ਤੇ ਭੀੜ ਨੂੰ ਪੂਰੀ ਤਰ੍ਹਾਂ ਬਾਈਪਾਸ ਕਰ ਸਕਣਗੇ। ਇਹ ਮਾਲ ਗੱਡੀਆਂ ਅਤੇ ਯਾਤਰੀ ਰੇਲਗੱਡੀਆਂ ਦੀ ਸੁਚਾਰੂ ਅਤੇ ਤੇਜ਼ ਆਵਾਜਾਈ ਦੀ ਸਹੂਲਤ ਦੇਵੇਗਾ। ਨਿਊ ਸ਼ੰਭੂ ਵਿਖੇ ਸਮਰਪਿਤ ਮਾਲ ਗੱਡੀ ਕੋਰੀਡੋਰ ਨਾਲ ਸਿੱਧਾ ਸੰਪਰਕ ਮਾਲ ਕੁਸ਼ਲਤਾ ਅਤੇ ਗਤੀ ਵਿੱਚ ਵੀ ਮਹੱਤਵਪੂਰਨ ਵਾਧਾ ਕਰੇਗਾ। ਇਹ ਪ੍ਰਵਾਨਗੀ ਖੇਤਰ ਵਿੱਚ ਰੇਲ ਬੁਨਿਆਦੀ ਢਾਂਚੇ ਦੇ ਆਧੁਨਿਕੀਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ, ਜੋ ਦੇਸ਼ ਦੀਆਂ ਵਧਦੀਆਂ ਆਵਾਜਾਈ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਸਮਰੱਥਾ ਵਿਸਥਾਰ ਨੂੰ ਯਕੀਨੀ ਬਣਾਉਂਦਾ ਹੈ।

## ਕਿਉਂ ਉੱਠ ਰਹੇ ਹਨ ਭਾਰਤ-ਅਮਰੀਕਾ

ਵਾਲੀਆਂ ਵਸਤਾਂ 'ਤੇ ਬਹੁਤ ਘੱਟ ਟੈਕਸ ਲਗਾਇਆ ਜਾਂਦਾ ਸੀ। ਹੁਣ, ਇਸ ਸਮਝੌਤੇ ਤੋਂ ਬਾਅਦ, ਅਮਰੀਕਾ ਨੇ ਉਹ ਟੈਕਸ ਵਧਾ ਦਿੱਤਾ ਹੈ। ਇਸਦਾ ਮਤਲਬ ਹੈ ਕਿ ਭਾਰਤੀ ਸਾਮਾਨ ਅਮਰੀਕਾ ਵਿੱਚ ਹੋਰ ਮਹਿੰਗਾ ਹੋ ਜਾਵੇਗਾ। ਜਦੋਂ ਸਾਮਾਨ ਹੋਰ ਮਹਿੰਗਾ ਹੋ ਜਾਵੇਗਾ, ਤਾਂ ਉਨ੍ਹਾਂ ਦੀ ਵਿਕਰੀ ਵੀ ਘੱਟ ਜਾਵੇਗੀ। ਇਸ ਨਾਲ ਭਾਰਤੀ ਵਪਾਰੀਆਂ ਅਤੇ ਮਜ਼ਦੂਰਾਂ ਨੂੰ ਨੁਕਸਾਨ ਹੋਵੇਗਾ।

ਵਿਦੇਸ਼ੀ ਭੋਜਨ ਸਾਡੀਆਂ ਭੋਜਨ ਪਲੇਟਾਂ ਤੱਕ ਪਹੁੰਚੇਗਾ: ਇਹ ਸਮਝੌਤਾ ਵਿਸ਼ੇਸ਼ ਤਕਨੀਕਾਂ ਦੀ ਵਰਤੋਂ ਕਰਕੇ ਤਿਆਰ ਕੀਤਾ ਗਿਆ ਅਮਰੀਕੀ ਭੋਜਨ ਭਾਰਤ ਲਿਆਏਗਾ। ਕੁਝ ਭੋਜਨ ਅਜਿਹੇ ਤਰੀਕਿਆਂ ਨਾਲ ਤਿਆਰ ਕੀਤੇ ਜਾਂਦੇ ਹਨ ਜਿਨ੍ਹਾਂ ਦੇ ਸਿਹਤ 'ਤੇ ਪ੍ਰਭਾਵ ਪੈ ਸਕਦੇ ਹਨ। ਜਦੋਂ ਅਜਿਹਾ ਭੋਜਨ ਹਰ ਭਾਰਤੀ ਦੀ ਪਲੇਟ ਤੱਕ ਪਹੁੰਚਦਾ ਹੈ, ਤਾਂ ਸਾਡੀ ਸਿਹਤ 'ਤੇ ਇਸਦੇ ਪ੍ਰਭਾਵ 'ਤੇ ਵਿਚਾਰ ਕਰਨਾ ਮਹੱਤਵਪੂਰਨ ਹੈ।

ਸਮਝੌਤੇ ਦੇ ਪਿੱਛੇ ਦਾ ਕਾਰਨ ਅਸਪਸ਼ਟ ਹੈ। ਆਲੋਚਕਾਂ ਦਾ ਕਹਿਣਾ ਹੈ ਕਿ ਸਰਕਾਰ ਦੇ ਸਮਝੌਤੇ ਦੇ ਪਿੱਛੇ ਦੀਆਂ ਮਜਬੂਰੀਆਂ ਨੂੰ ਸਮਝਣਾ ਮੁਸ਼ਕਲ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਇਹ ਸਮਝੌਤਾ ਭਾਰਤੀ ਕਿਸਾਨਾਂ, ਮਜ਼ਦੂਰਾਂ ਅਤੇ ਆਮ ਜਨਤਾ ਦੇ ਹਿੱਤ ਵਿੱਚ ਨਹੀਂ ਹੈ। ਇਹ ਇੱਕ ਘਾਟੇ ਵਾਲਾ ਸੌਦਾ ਜਾਪਦਾ ਹੈ।

ਕਿਸਾਨ ਜਥੇਬੰਦੀਆਂ ਦਾ ਕਹਿਣਾ ਹੈ ਕਿ ਸਰਕਾਰ ਨੂੰ ਸਿਰਫ਼ ਬਿਆਨਬਾਜ਼ੀ ਨਹੀਂ ਕਰਨੀ ਚਾਹੀਦੀ। ਸਰਕਾਰ ਨੂੰ ਇਸ ਸਮਝੌਤੇ ਦੇ ਪੂਰੇ ਵੇਰਵੇ ਸੰਸਦ ਅਤੇ ਜਨਤਾ ਦੇ ਸਾਹਮਣੇ ਪੇਸ਼ ਕਰਨੇ ਚਾਹੀਦੇ ਹਨ। ਜਦੋਂ ਪੂਰੀ ਸੱਚਾਈ ਸਾਹਮਣੇ ਆਵੇਗੀ ਤਾਂ ਹੀ ਲੋਕ ਸਮਝ ਸਕਣਗੇ ਕਿ ਕੀ ਇਹ ਸਮਝੌਤਾ ਦੇਸ਼ ਲਈ ਸਹੀ ਹੈ।

# ਦਲਿਤਾਂ ਤੇ ਮਿਹਨਤਕਸ਼ਾਂ ਦਾ ਮਜ਼ਾਕ ਉਡਾਉਣ 'ਤੇ ਕਾਂਗਰਸ ਖ਼ਿਲਾਫ਼ ਬੈਂਡ-ਵਾਜਿਆਂ ਨਾਲ 'ਆਪ' ਦਾ ਜ਼ੋਰਦਾਰ ਪ੍ਰਦਰਸ਼ਨ




ਚੰਡੀਗੜ੍ਹ, 9 ਫਰਵਰੀ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਕੈਬਨਿਟ ਮੰਤਰੀਆਂ, ਵਿਧਾਇਕਾਂ, ਚੇਅਰਮੈਨਾਂ ਅਤੇ ਵਰਕਰਾਂ ਨੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਅਤੇ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਵੱਲੋਂ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵਿਰੁੱਧ ਕੀਤੀ ਗਈ ਇਤਰਾਜ਼ਯੋਗ ਟਿੱਪਣੀ ਦੇ ਵਿਰੋਧ ਵਿੱਚ ਬਾਜਵਾ ਦੀ ਰਿਹਾਇਸ਼ ਦੇ ਬਾਹਰ 'ਬੈਂਡ-ਵਾਜੇ' ਨਾਲ ਪ੍ਰਦਰਸ਼ਨ ਕੀਤਾ। ਇਸ ਦੌਰਾਨ ਮੰਤਰੀ ਹਰਭਜਨ ਸਿੰਘ ਈ.ਟੀ.ਓ., ਉਨ੍ਹਾਂ ਦੀ ਪਤਨੀ ਸੁਰਿੰਦਰ ਕੌਰ ਦੇ ਨਾਲ ਵਿੱਤ ਮੰਤਰੀ ਹਰਪਾਲ ਚੀਮਾ, ਸਿਹਤ ਮੰਤਰੀ ਡਾ. ਬਲਬੀਰ, ਮੋਹਿੰਦਰ ਭਗਤ, ਡਾ. ਰਵਜੋਤ, ਵਿਧਾਇਕ ਸ਼ੈਰੀ ਕਲਸੀ, ਕੁਲਜੀਤ ਰੰਧਾਵਾ, ਇੰਦਰਵੀਰ ਸਿੰਘ ਨਿੱਝਰ, ਨੀਨਾ ਮਿੱਤਲ, ਲਾਭ ਸਿੰਘ ਉਗੋਕੇ, ਚੇਤਨ ਸਿੰਘ ਜੋੜੇਮਾਜਰਾ, ਇੰਦਰਜੀਤ ਕੌਰ, ਚੇਅਰਮੈਨ ਹਰਚੰਦ ਸਿੰਘ ਬਰਸਟ, ਸੰਨੀ ਸਿੰਘ ਆਹਲੂਵਾਲੀਆ ਸਮੇਤ ਸੈਂਕੜੇ ਆਗੂ ਤੇ ਵਰਕਰ ਮੌਜੂਦ ਸਨ।

ਇਸ ਤੋਂ ਇਲਾਵਾ 'ਆਪ' ਆਗੂ ਜੋਬਨ ਰੰਧਾਵਾ ਦੀ ਅਗਵਾਈ ਹੇਠ ਕਾਦੀਆਂ (ਗੁਰਦਾਸਪੁਰ) ਵਿੱਚ ਵੀ ਪ੍ਰਤਾਪ ਬਾਜਵਾ ਦੀ ਰਿਹਾਇਸ਼ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਗਿਆ। ਬਾਜਵਾ 'ਤੇ ਨਿਸ਼ਾਨਾ ਸਾਧਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮਿਹਨਤ ਦੀ ਕਮਾਈ ਦਾ ਮਜ਼ਾਕ ਉਡਾਉਣਾ ਸ਼ਰਮਨਾਕ ਹੈ। ਕਿਸੇ ਦੇ ਪਿਤਾ ਵੱਲੋਂ ਇਮਾਨਦਾਰੀ ਨਾਲ ਕੀਤੇ ਕੰਮ ਦਾ ਮਜ਼ਾਕ ਉਡਾਉਣਾ ਅਤੇ ਪੂਰੇ ਭਾਈਚਾਰੇ ਨੂੰ ਨੀਵਾਂ ਦਿਖਾਉਣਾ, ਇਸ ਤੋਂ ਵੱਧ ਸ਼ਰਮਨਾਕ ਕੁਝ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਮੇਰੇ ਪਿਤਾ ਇੱਕ 'ਬੈਂਡ ਮਾਸਟਰ' ਸਨ, ਉਨ੍ਹਾਂ ਨੇ ਸਖ਼ਤ ਮਿਹਨਤ ਨਾਲ ਸਾਨੂੰ ਪੜ੍ਹਾਇਆ। ਮੈਂ ਸਰਕਾਰੀ ਸਕੂਲ ਵਿੱਚ ਪੜ੍ਹ ਕੇ ਤੇ ਆਪਣੀ ਕਾਬਲੀਅਤ ਦੇ ਦਮ 'ਤੇ ਇੱਥੇ ਪਹੁੰਚਿਆ ਹਾਂ। ਬਾਜਵਾ ਸਾਹਿਬ ਕਹਿ ਰਹੇ ਹਨ ਕਿ 'ਬੈਂਡ ਵਜਾਉਣ ਵਾਲੇ ਦੇ ਪੁੱਤ ਦਾ ਬੈਂਡ ਵਜਾ ਦਿਆਂਗੇ'। ਅਸੀਂ ਮਿਹਨਤ ਕੀਤੀ ਹੈ, ਕੋਈ ਸਮਗਲਿੰਗ ਜਾਂ ਸੋਨੇ ਦੇ ਬਿਸਕੁਟਾਂ ਦੀ ਤਸਕਰੀ ਨਹੀਂ ਕੀਤੀ। ਇਹ ਅਪਮਾਨ ਸਿਰਫ਼ ਮੇਰਾ ਨਹੀਂ, ਸਗੋਂ ਹਰ ਉਸ ਗਰੀਬ ਵਰਗ ਦਾ ਹੈ ਜੋ ਪਸੀਨੇ ਦੀ ਕਮਾਈ ਨਾਲ ਆਪਣੇ ਬੱਚਿਆਂ ਨੂੰ ਪੜ੍ਹਾਉਂਦਾ ਹੈ।

ਕਾਂਗਰਸ 'ਤੇ ਤਿੱਖਾ ਹਮਲਾ ਕਰਦਿਆਂ ਉਨ੍ਹਾਂ ਕਿਹਾ ਕਿ ਬਾਜਵਾ ਦੀ ਨਜ਼ਰ ਵਿੱਚ ਦਲਿਤ ਸਮਾਜ ਸਿਰਫ਼ ਇੱਕ 'ਮਟੀਰੀਅਲ' ਹੈ ਜਿਸ ਨੂੰ ਵੋਟਾਂ ਲਈ ਖਰੀਦਿਆ ਅਤੇ ਵੇਚਿਆ ਜਾ ਸਕਦਾ ਹੈ। ਮੰਤਰੀ ਨੇ ਕਿਹਾ ਕਿ ਇਨ੍ਹਾਂ ਨੇ ਵਿਧਾਨ ਸਭਾ ਵਿੱਚ ਕਿਹਾ ਕਿ 'ਪਤਾ ਨਹੀਂ ਇਹ ਮਟੀਰੀਅਲ ਕਿੱਥੋਂ ਆ ਗਿਆ'। ਇਨ੍ਹਾਂ ਲਈ ਇੱਕ ਮੋਬਾਈਲ ਰਿਪੇਅਰ ਕਰਨ ਵਾਲਾ ਜਾਂ ਇੱਕ ਗਰੀਬ ਦਾ ਬੱਚਾ ਵਿਧਾਇਕ ਨਹੀਂ ਬਣ ਸਕਦਾ। ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੇ ਸੰਵਿਧਾਨ ਵਿੱਚ ਸਭ ਨੂੰ ਬਰਾਬਰੀ ਦਿੱਤੀ ਹੈ, ਪਰ ਕਾਂਗਰਸ ਦੀ ਸਾਮੰਤਵਾਦੀ ਸੋਚ ਅੱਜ ਵੀ ਉਹੀ ਹੈ। ਰਾਜਾ ਵੜਿੰਗ ਅਤੇ ਬਾਜਵਾ ਵਰਗੇ ਲੋਕ ਖ਼ੁਦ ਨੂੰ ਰਾਜੇ ਸਮਝਦੇ ਹਨ ਤੇ ਇਨ੍ਹਾਂ ਨੂੰ ਇਹ ਹਜ਼ਮ ਨਹੀਂ ਹੋ ਰਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਕੈਬਨਿਟ ਵਿੱਚ 6 ਦਲਿਤ ਮੰਤਰੀ ਆਮ ਘਰਾਂ ਤੋਂ ਉੱਠ ਕੇ ਸ਼ਾਨਦਾਰ ਕੰਮ ਕਰ ਰਹੇ ਹਨ। ਰਾਜਾ ਵੜਿੰਗ 'ਤੇ ਨਿਸ਼ਾਨਾ ਸਾਧਦਿਆਂ ਈ.ਟੀ.ਓ. ਨੇ ਕਿਹਾ ਕਿ ਇੱਕ ਪਾਸੇ ਇਹ ਲੋਕ ਲਾਅ ਐਂਡ ਆਰਡਰ ਦੀ ਗੱਲ ਕਰਦੇ ਹਨ ਤੇ ਦੂਜੇ ਪਾਸੇ ਇੱਕ ਰੈਲੀ ਵਿੱਚ 1200 ਲੋਕਾਂ ਦੇ ਸਾਹਮਣੇ ਖੁੱਲ੍ਹੇਆਮ ਕਹਿ ਰਹੇ ਹਨ ਕਿ 'ਈ.ਟੀ.ਓ. ਦੀ ਧੌਣ ਮਰੋੜ ਦਿਓ, ਸਿਰਫ਼ 3 ਮਿੰਟ ਲੱਗਦੇ ਹਨ'। ਕੀ ਇਹ ਜੰਗਲ ਰਾਜ ਨਹੀਂ ਹੈ? ਤੁਸੀਂ ਆਪਣੇ ਵਰਕਰਾਂ ਨੂੰ ਇੱਕ ਚੁਣੇ ਹੋਏ ਨੁਮਾਇੰਦੇ 'ਤੇ ਹਮਲਾ ਕਰਨ ਲਈ ਉਕਸਾ ਰਹੇ ਹੋ ਤਾਂ ਜੋ ਕੋਈ ਗਰੀਬ ਦਾ ਬੱਚਾ ਦੁਬਾਰਾ ਰਾਜਨੀਤੀ ਵਿੱਚ ਆਉਣ ਦੀ ਹਿੰਮਤ ਨਾ ਕਰੇ। ਅਸੀਂ ਇਸ ਗੁੰਡਾਗਰਦੀ ਤੇ ਚੁਣੌਤੀ ਨੂੰ ਸਵੀਕਾਰ ਕਰਦੇ ਹਾਂ। ਆਪਣੀ ਸਿੱਖਿਆ ਦੇ ਸੰਘਰਸ਼ ਨੂੰ ਯਾਦ ਕਰਦਿਆਂ ਮੰਤਰੀ ਨੇ ਕਿਹਾ ਕਿ ਪਿਤਾ ਦੀ ਮੌਤ ਦੇ ਇੱਕ ਮਹੀਨੇ ਬਾਅਦ ਹੀ ਉਨ੍ਹਾਂ ਨੇ ਸਖ਼ਤ ਮਿਹਨਤ ਕਰਕੇ ਪ੍ਰੀਖਿਆ ਪਾਸ ਕੀਤੀ ਤਾਂ ਜੋ ਉਨ੍ਹਾਂ ਦੇ ਪਿਤਾ ਦਾ ਸੁਪਨਾ ਪੂਰਾ ਹੋ ਸਕੇ। ਉਨ੍ਹਾਂ ਕਿਹਾ, "ਮੈਂ ਅੱਜ ਵੀ ਪੰਜਾਬ ਯੂਨੀਵਰਸਿਟੀ ਤੋਂ ਪੀ.ਐਚ.ਡੀ. ਕਰ ਰਿਹਾ ਹਾਂ। ਮੇਰੇ ਹਲਕੇ ਵਿੱਚ 163 ਸਰਕਾਰੀ ਸਕੂਲ ਹਨ ਤੇ ਮੇਰੀ ਕੋਸ਼ਿਸ਼ ਹੈ ਕਿ ਹਰ ਘਰ ਵਿੱਚੋਂ ਇੱਕ 'ਈ.ਟੀ.ਓ.' ਪੈਦਾ ਹੋਵੇ। ਅਸੀਂ ਸਿੱਖਿਆ ਕ੍ਰਾਂਤੀ ਇਸ ਲਈ ਸ਼ੁਰੂ ਕੀਤੀ ਤਾਂ ਜੋ ਗਰੀਬ ਤੇ ਅਮੀਰ ਦੇ ਬੱਚੇ ਵਿਚਕਾਰਲਾ ਫਰਕ ਖ਼ਤਮ ਹੋ ਸਕੇ। ਕਾਂਗਰਸ ਇਸੇ ਗੱਲ ਤੋਂ ਡਰੀ ਹੋਈ ਹੈ ਕਿ ਜੇਕਰ ਗਰੀਬ ਦਾ ਬੱਚਾ ਪੜ੍ਹ ਗਿਆ ਤਾਂ ਇਨ੍ਹਾਂ ਦੀ ਰਾਜਨੀਤੀ ਖ਼ਤਮ ਹੋ ਜਾਵੇਗੀ।"

ਮੰਤਰੀ ਈ.ਟੀ.ਓ. ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਅਸੀਂ 24 ਘੰਟੇ ਦਾ ਅਲਟੀਮੇਟਮ ਦਿੱਤਾ ਸੀ, ਪਰ ਬਾਜਵਾ ਸਾਹਿਬ ਘਰ ਛੱਡ ਕੇ ਭੱਜ ਗਏ। ਉਹ ਜਿੱਥੇ ਵੀ ਭੱਜਣਗੇ, ਸਾਡੇ ਲੋਕ ਉੱਥੇ ਉਨ੍ਹਾਂ ਦਾ ਘਿਰਾਓ ਕਰਨਗੇ। ਇਨ੍ਹਾਂ ਦੀਆਂ ਰੈਲੀਆਂ ਵਿੱਚ ਲੋਕ ਤੜਫ ਕੇ ਮਰ ਜਾਂਦੇ ਹਨ ਅਤੇ ਇਹ ਭਾਸ਼ਣ ਦੇਣਾ ਬੰਦ ਨਹੀਂ ਕਰਦੇ। ਜੇਕਰ ਪ੍ਰਤਾਪ ਸਿੰਘ ਬਾਜਵਾ ਨੇ ਤੁਰੰਤ ਮੁਆਫੀ ਨਾ ਮੰਗੀ, ਤਾਂ ਅਸੀਂ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਾਂਗੇ। 2027 ਵਿੱਚ ਪੰਜਾਬ ਦੀ ਜਨਤਾ ਇਸ ਹੰਕਾਰੀ ਮਾਨਸਿਕਤਾ ਨੂੰ ਜੜ੍ਹ ਤੋਂ ਉਖਾੜ ਸੁੱਟੇਗੀ।

**ਬਾਜਵਾ ਨੇ ਸਾਡੇ ਜੱਦੀ ਕੰਮ 'ਤੇ ਭੱਦੀ ਟਿੱਪਣੀ ਕੀਤੀ, ਕੋਈ ਵੀ ਕੰਮ ਛੋਟਾ-ਵੱਡਾ ਨਹੀਂ ਹੁੰਦਾ: ਸੁਰਿੰਦਰ ਕੌਰ**

ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੀ ਪਤਨੀ ਸੁਰਿੰਦਰ ਕੌਰ ਨੇ ਕਿਹਾ ਕਿ ਬਾਜਵਾ ਨੇ ਸਾਡੇ ਜੱਦੀ ਕੰਮ 'ਤੇ ਭੱਦੀ ਟਿੱਪਣੀ ਕੀਤੀ ਹੈ। 'ਬਾਜਾ ਵਜਾਉਣ ਵਾਲਾ' ਕਹਿ ਕੇ ਇਸ ਕੰਮ ਨੂੰ ਨਕਾਰਿਆ ਹੈ, ਜਦਕਿ ਕੋਈ ਵੀ ਕੰਮ ਛੋਟਾ ਜਾਂ ਵੱਡਾ ਨਹੀਂ ਹੁੰਦਾ। ਕਾਂਗਰਸ ਪ੍ਰਧਾਨ ਰਾਜਾ ਵੜਿੰਗ ਨੇ ਵੀ ਬਹੁਤ ਭੜਕਾਊ ਬਿਆਨ ਦਿੱਤਾ ਕਿ 'ਈ.ਟੀ.ਓ. ਦੀ ਤਿੰਨ ਮਿੰਟ ਵਿੱਚ ਧੌਣ ਮਰੋੜ ਦਿਓ'। ਉਨ੍ਹਾਂ ਕਿਹਾ ਕਿ ਇੱਕ ਪਾਸੇ ਵੜਿੰਗ ਸਾਹਮਣੇ ਬੈਠੇ 1000-1500 ਲੋਕਾਂ ਨੂੰ ਭੜਕਾਉਣ ਦੀ ਕੋਸ਼ਿਸ਼ ਕਰਦੇ ਹਨ ਤੇ ਦੂਜੇ ਪਾਸੇ ਇਹ ਕਹਿੰਦੇ ਹਨ ਕਿ ਪੰਜਾਬ ਵਿੱਚ ਜੰਗਲ ਰਾਜ ਹੈ ਅਤੇ ਕਾਨੂੰਨ ਵਿਵਸਥਾ ਦੀ ਸਥਿਤੀ ਬਹੁਤ ਖ਼ਰਾਬ ਹੈ।

**'ਆਪ' ਨੇ ਰਾਜਨੀਤੀ ਵਿੱਚੋਂ ਪਰਿਵਾਰਵਾਦ ਨੂੰ ਖ਼ਤਮ ਕਰਕੇ ਆਮ ਘਰਾਂ ਦੇ ਨੌਜਵਾਨਾਂ ਨੂੰ ਦਿੱਤੀ ਪਛਾਣ : ਚੀਮਾ**

ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿਰੋਧੀ ਪਾਰਟੀਆਂ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਵਰਗੀਆਂ ਪਾਰਟੀਆਂ ਨੇ ਹਮੇਸ਼ਾ 'ਪਰਿਵਾਰਵਾਦ' ਨੂੰ ਉਤਸ਼ਾਹਿਤ ਕੀਤਾ ਹੈ। ਇਨ੍ਹਾਂ ਪਾਰਟੀਆਂ ਵਿੱਚ ਕੁਝ ਗਿਣੇ-ਚੁਣੇ ਪਰਿਵਾਰਾਂ ਦਾ ਹੀ ਰਾਜ ਰਿਹਾ ਹੈ, ਜਦਕਿ ਆਮ ਆਦਮੀ ਪਾਰਟੀ (ਆਪ) ਨੇ ਇਸ ਧਾਰਨਾ ਨੂੰ ਤੋੜ ਕੇ ਆਮ ਘਰਾਂ ਦੇ ਪੜ੍ਹੇ-ਲਿਖੇ ਨੌਜਵਾਨਾਂ ਨੂੰ ਵਿਧਾਨ ਸਭਾ ਅਤੇ ਕੈਬਨਿਟ ਤੱਕ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ 'ਆਪ' ਦੇ ਵਿਰੋਧ ਦਾ ਮਕਸਦ ਉਨ੍ਹਾਂ ਲੋਕਾਂ ਦੀ ਸੋਚ ਨੂੰ ਪੂਰੀ ਦੁਨੀਆ ਦੇ ਸਾਹਮਣੇ ਲਿਆਉਣਾ ਸੀ ਜੋ ਉਨ੍ਹਾਂ ਉੱਚੇ ਮਹਿਲਾਂ ਦੇ ਅੰਦਰ ਬੈਠ ਕੇ ਦਲਿਤਾਂ ਨਾਲ ਨਫ਼ਰਤ ਕਰਦੇ ਹਨ।

ਚੀਮਾ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਦੀ ਦੂਰਅੰਦੇਸ਼ੀ ਸੋਚ ਕਾਰਨ ਦੇਸ਼ ਦੀ ਰਾਜਨੀਤੀ ਵਿੱਚ ਵੱਡਾ ਬਦਲਾਅ ਆਇਆ ਹੈ। ਦਿੱਲੀ ਤੋਂ ਬਾਅਦ ਪੰਜਾਬ ਦੇ ਲੋਕਾਂ ਨੇ ਵੀ ਇਸ ਕ੍ਰਾਂਤੀ ਨੂੰ ਅਪਣਾਇਆ। 2017 ਵਿੱਚ ਪਹਿਲੀ ਵਾਰ ਪੰਜਾਬ ਵਿਧਾਨ ਸਭਾ ਵਿੱਚ ਡਾਕਟਰ, ਵਕੀਲ, ਪ੍ਰੋਫੈਸਰ ਤੇ ਸਾਬਕਾ ਫੌਜੀ ਅਧਿਕਾਰੀਆਂ ਵਰਗੇ ਆਮ ਪਿਛੋਕੜ ਵਾਲੇ ਲੋਕ ਪਹੁੰਚੇ। 2022 ਵਿੱਚ ਪੰਜਾਬ ਦੀ ਜਨਤਾ ਨੇ ਇਸ ਕਾਫਲੇ ਨੂੰ 92 ਸੀਟਾਂ ਤੱਕ ਪਹੁੰਚਾ ਕੇ ਸਪੱਸ਼ਟ ਕਰ ਦਿੱਤਾ ਕਿ ਉਹ ਹੁਣ ਵੰਸ਼ਵਾਦ ਦੀ ਰਾਜਨੀਤੀ ਨੂੰ ਸਵੀਕਾਰ ਨਹੀਂ ਕਰਨਗੇ।

ਚੀਮਾ ਨੇ ਜ਼ੋਰ ਦੇ ਕੇ ਕਿਹਾ ਕਿ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਵੱਲੋਂ ਦਿੱਤੇ ਗਏ 'ਬਰਾਬਰੀ ਦੇ ਅਧਿਕਾਰ' ਕਾਰਨ ਹੀ ਅੱਜ ਇੱਕ ਰਿਕਸ਼ਾ ਚਾਲਕ ਦਾ ਪੁੱਤਰ ਆਈਏਐੱਸ ਬਣ ਰਿਹਾ ਹੈ ਅਤੇ ਆਮ ਘਰਾਂ ਦੇ ਨੌਜਵਾਨ ਪੰਜਾਬ ਕੈਬਨਿਟ ਦਾ ਹਿੱਸਾ ਹਨ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਅੱਜ ਪੰਜਾਬ ਕੈਬਨਿਟ ਵਿੱਚ 6 ਮੰਤਰੀ ਦਲਿਤ ਵਰਗ ਤੋਂ ਹਨ, ਜੋ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ। ਉਨ੍ਹਾਂ ਕਿਹਾ ਕਿ 2027 ਵਿੱਚ ਪੰਜਾਬ ਦੀ ਜਨਤਾ ਇਨ੍ਹਾਂ ਹੰਕਾਰੀ ਅਤੇ ਪਰਿਵਾਰਵਾਦੀ ਪਾਰਟੀਆਂ ਨੂੰ ਇੱਕ ਵਾਰ ਫਿਰ ਕਰਾਰਾ ਸਬਕ ਸਿਖਾਏਗੀ

**ਕਾਂਗਰਸੀਆਂ ਦੀ ਦਲਿਤ ਵਿਰੋਧੀ ਮਾਨਸਿਕਤਾ ਸਭ ਦੇ ਸਾਹਮਣੇ ਆ ਗਈ ਹੈ : ਡਾ. ਬਲਬੀਰ**

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਕਾਂਗਰਸੀਆਂ ਦੀ ਨਫ਼ਰਤ ਸਭ ਦੇ ਸਾਹਮਣੇ ਆ ਗਈ ਹੈ। ਪ੍ਰਤਾਪ ਸਿੰਘ ਬਾਜਵਾ ਦੇ ਬਿਆਨ 'ਤੇ ਡਾ. ਬਲਬੀਰ ਸਿੰਘ ਨੇ ਕਿਹਾ ਕਿ ਕਾਂਗਰਸ ਮਿਹਨਤ ਕਰਨ ਵਾਲਿਆਂ ਨੂੰ ਕੁਝ ਨਹੀਂ ਸਮਝਦੀ ਅਤੇ ਉਨ੍ਹਾਂ ਦਾ ਮਜ਼ਾਕ ਉਡਾਉਂਦੀ ਹੈ। ਉਨ੍ਹਾਂ ਦੇ ਬਿਆਨ ਛੋਟੇ (ਆਮ) ਲੋਕਾਂ ਪ੍ਰਤੀ ਉਨ੍ਹਾਂ ਦੀ ਘਟੀਆ ਮਾਨਸਿਕਤਾ ਅਤੇ ਨਫ਼ਰਤ ਨੂੰ ਦਰਸਾਉਂਦੇ ਹਨ।

**ਬਾਜਵਾ ਦੇ ਅਪਮਾਨਜਨਕ ਸ਼ਬਦ ਸਿਰਫ਼ ਇੱਕ ਵਿਅਕਤੀ ਦਾ ਨਹੀਂ, ਸਗੋਂ ਪੰਜਾਬ ਦੇ ਪੂਰੇ ਦਲਿਤ ਅਤੇ ਮਿਹਨਤਕਸ਼ ਵਰਗ ਦਾ ਅਪਮਾਨ ਹੈ : ਵਿਧਾਇਕਾ ਇੰਦਰਜੀਤ ਕੌਰ**

ਵਿਧਾਇਕਾ ਇੰਦਰਜੀਤ ਕੌਰ ਨੇ ਵੀ ਕਾਂਗਰਸ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ 'ਤੇ ਤਿੱਖਾ ਹਮਲਾ ਬੋਲਿਆ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਦੀ 'ਦਲਿਤ ਵਿਰੋਧੀ' ਮਾਨਸਿਕਤਾ ਹੁਣ ਪੂਰੀ ਤਰ੍ਹਾਂ ਉਜਾਗਰ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵਿਰੁੱਧ ਬੋਲੇ ਗਏ ਅਪਮਾਨਜਨਕ ਸ਼ਬਦ ਸਿਰਫ਼ ਇੱਕ ਵਿਅਕਤੀ ਦਾ ਨਹੀਂ, ਸਗੋਂ ਪੰਜਾਬ ਦੇ ਉਸ ਪੂਰੇ ਦਲਿਤ ਤੇ ਮਿਹਨਤਕਸ਼ ਵਰਗ ਦਾ ਅਪਮਾਨ ਹਨ। ਉਨ੍ਹਾਂ ਕਾਂਗਰਸ ਦੇ ਸੂਬਾ ਪ੍ਰਧਾਨ ਰਾਜਾ ਵੜਿੰਗ ਵੱਲੋਂ ਈ.ਟੀ.ਓ. ਵਿਰੁੱਧ ਕੀਤੀ ਗਈ ਹਿੰਸਕ ਟਿੱਪਣੀ ਨੂੰ ਗੰਭੀਰ ਦੱਸਦਿਆਂ ਉਨ੍ਹਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਅਤੇ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਸਧਾਰਨ ਘਰਾਂ ਦੇ ਲੋਕਾਂ ਦੀ ਪਾਰਟੀ ਹੈ, ਜਦਕਿ ਕਾਂਗਰਸ ਭ੍ਰਿਸ਼ਟਾਚਾਰ ਤੇ ਹੰਕਾਰ ਵਿੱਚ ਡੁੱਬੀ ਹੋਈ ਹੈ। ਵਿਧਾਇਕਾ ਨੇ ਚਿਤਾਵਨੀ ਦਿੱਤੀ ਕਿ ਜੇਕਰ ਵਿਰੋਧੀ ਆਗੂਆਂ ਨੇ ਆਪਣੀ ਜ਼ੁਬਾਨ ਅਤੇ ਸੋਚ ਨੂੰ ਲਗਾਮ ਨਾ ਦਿੱਤੀ, ਤਾਂ ਪੰਜਾਬ ਦੀ ਜਨਤਾ ਆਉਣ ਵਾਲੀਆਂ ਚੋਣਾਂ ਵਿੱਚ ਉਨ੍ਹਾਂ ਨੂੰ ਪਿੰਡਾਂ ਵਿੱਚ ਵੜਨ ਨਹੀਂ ਦੇਵੇਗੀ ਅਤੇ 2027 ਵਿੱਚ ਸਾਰੀਆਂ 117 ਸੀਟਾਂ 'ਤੇ ਜਿੱਤ ਦਰਜ ਕਰਕੇ ਉਨ੍ਹਾਂ ਦੇ ਸਿਆਸੀ ਹੰਕਾਰ ਨੂੰ ਪੂਰੀ ਤਰ੍ਹਾਂ ਖ਼ਤਮ ਕਰ ਦੇਵੇਗੀ।

**ਕਾਂਗਰਸ ਦੀ 'ਦਲਿਤ ਵਿਰੋਧੀ' ਤੇ 'ਪਰਿਵਾਰਵਾਦੀ' ਮਾਨਸਿਕਤਾ ਨੂੰ ਪੰਜਾਬ ਦੀ ਜਨਤਾ 2027 ਵਿੱਚ ਸਬਕ ਸਿਖਾਏਗੀ : ਸ਼ੈਰੀ ਕਲਸੀ**

ਵਿਧਾਇਕ ਅਮਨਸ਼ੇਰ ਸਿੰਘ (ਸ਼ੈਰੀ ਕਲਸੀ) ਨੇ ਕਿਹਾ ਕਿ ਕਾਂਗਰਸ ਤੇ ਅਕਾਲੀ ਦਲ ਵਰਗੇ ਪੁਰਾਣੇ ਸਿਆਸੀ ਘਰਾਣੇ ਆਮ ਘਰਾਂ ਦੇ ਬੱਚਿਆਂ ਦੀ ਤਰੱਕੀ ਤੇ ਉਨ੍ਹਾਂ ਦਾ ਰਾਜਨੀਤੀ ਵਿੱਚ ਆਉਣਾ ਬਰਦਾਸ਼ਤ ਨਹੀਂ ਕਰ ਪਾ ਰਹੇ। ਉਨ੍ਹਾਂ ਕਿਹਾ ਕਿ ਵਿਰੋਧੀ ਆਗੂਆਂ ਦੇ ਮਨ ਵਿੱਚ ਇਹ ਹੰਕਾਰ ਭਰਿਆ ਹੋਇਆ ਹੈ ਕਿ ਸੱਤਾ ਸਿਰਫ਼ ਉਨ੍ਹਾਂ ਦੇ ਪਰਿਵਾਰਾਂ ਤੱਕ ਹੀ ਸੀਮਤ ਰਹਿਣੀ ਚਾਹੀਦੀ ਹੈ, ਇਸੇ ਲਈ ਉਹ ਕਦੇ ਕੈਬਨਿਟ ਮੰਤਰੀਆਂ ਨੂੰ 'ਮਟੀਰੀਅਲ' ਕਹਿੰਦੇ ਹਨ ਤੇ ਕਦੇ ਹਿੰਸਕ ਬਿਆਨਬਾਜ਼ੀ ਕਰਦੇ ਹਨ। ਉਨ੍ਹਾਂ ਵਿਰੋਧੀ ਧਿਰ ਨੂੰ ਚੁਣੌਤੀ ਦਿੰਦਿਆਂ ਕਿਹਾ ਕਿ ਜੋ ਆਗੂ 2027 ਵਿੱਚ ਵਾਪਸੀ ਦਾ ਭਰਮ ਪਾਲੀ ਬੈਠੇ ਹਨ, ਉਨ੍ਹਾਂ ਨੂੰ ਪੰਜਾਬ ਦੀ ਜਨਤਾ ਵੱਡੀ ਹਾਰ ਦਾ ਸੁਆਦ ਚਖਾਏਗੀ। ਪ੍ਰਦਰਸ਼ਨ ਦੌਰਾਨ ਪ੍ਰਤਾਪ ਬਾਜਵਾ ਦੇ ਘਰ ਦਾ ਘਿਰਾਓ ਕਰਨ ਜਾ ਰਹੇ 'ਆਪ' ਆਗੂਆਂ ਤੇ ਪੁਲਿਸ ਵਿਚਾਲੇ ਤਿੱਖੀ ਬਹਿਸ ਹੋਈ, ਜੋ ਦੇਖਦੇ ਹੀ ਦੇਖਦੇ ਉਗਰ ਹੋ ਗਈ। 'ਆਪ' ਆਗੂਆਂ ਨੂੰ ਰੋਕਣ ਲਈ ਪੁਲਿਸ ਨੇ ਵਾਟਰ ਕੈਨਨ (ਪਾਣੀ ਦੀਆਂ ਬੌਛਾਰਾਂ) ਦੀ ਵਰਤੋਂ ਕੀਤੀ, ਜਿਸ ਵਿੱਚ ਕਈ ਆਗੂ ਤੇ ਵਰਕਰ ਜ਼ਖ਼ਮੀ ਹੋ ਗਏ। ਪੁਲਿਸ ਨੇ ਕਈ ਪ੍ਰਮੁੱਖ ਆਗੂਆਂ ਨੂੰ ਹਿਰਾਸਤ ਵਿੱਚ ਲੈ ਲਿਆ।

# 4ਜੀ/5ਜੀ ਟੈਲੀਕਾਮ ਸਬੰਧੀ ਚੋਰੀਆਂ 'ਤੇ ਪੰਜਾਬ ਪੁਲਿਸ ਦੀ ਸਖ਼ਤ ਕਾਰਵਾਈ ਜਾਰੀ, 17 ਹੋਰ ਗ੍ਰਿਫ਼ਤਾਰ

ਚੰਡੀਗੜ੍ਹ, 9 ਫਰਵਰੀ (ਚ.ਨ.ਸ.): ਭਾਰਤੀ ਏਅਰਟੈੱਲ ਲਿਮਟਿਡ ਨੂੰ ਨਿਸ਼ਾਨਾ ਬਣਾਉਣ ਦੇ ਇਰਾਦੇ ਨਾਲ 4ਜੀ/5ਜੀ ਟੈਲੀਕਾਮ ਬੁਨਿਆਦੀ ਢਾਂਚੇ ਦੀ ਚੋਰੀ 'ਤੇ ਵੱਡੀ ਤੇ ਨਿਰੰਤਰ ਕਾਰਵਾਈ ਤਹਿਤ ਪੰਜਾਬ ਪੁਲਿਸ ਨੇ 17 ਹੋਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਸ ਦੇ ਨਾਲ ਸੂਬੇ ਭਰ ਵਿੱਚ ਗ੍ਰਿਫ਼ਤਾਰੀਆਂ ਦੀ ਕੁੱਲ ਗਿਣਤੀ 126 ਹੋ ਗਈ ਹੈ ਅਤੇ 140 ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ। ਇਨ੍ਹਾਂ ਫੈਸਲਾਕੁੰਨ ਕਾਰਵਾਈਆਂ ਦੇ ਲਾਗੂ ਕਰਨ ਸਦਕਾ ਅਹਿਮ ਜਨਤਕ ਟੈਲੀਕਾਮ ਸੇਵਾਵਾਂ ਨਿਰੰਤਰ ਚੱਲ ਰਹੀਆਂ ਹਨ। ਜ਼ਿਕਰਯੋਗ ਹੈ ਕਿ 4ਜੀ/5ਜੀ ਬੁਨਿਆਦੀ ਢਾਂਚੇ ਨਾਲ ਸਬੰਧਤ ਚੋਰੀਆਂ ਦੀਆਂ ਰਿਪੋਰਟਾਂ ਤੋਂ ਬਾਅਦ, ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਹੁਕਮਾਂ 'ਤੇ ਇੱਕ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ.) ਦਾ ਗਠਨ ਕੀਤਾ ਗਿਆ ਸੀ। ਚੇਅਰਮੈਨ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਰਾਜਪਾਲ ਸਿੰਘ ਸੰਧੂ ਦੀ ਅਗਵਾਈ ਵਾਲੀ ਐਸ.ਆਈ.ਟੀ. ਨੇ ਜ਼ਿਲ੍ਹਾ ਪੁਲਿਸ ਯੂਨਿਟਾਂ ਨਾਲ ਮਿਲ ਕੇ ਕੰਮ ਕੀਤਾ ਤਾਂ ਜੋ ਮੁਲਜ਼ਮਾਂ ਨੂੰ ਫੜਿਆ ਜਾ ਸਕੇ ਅਤੇ ਚੋਰੀ ਹੋਏ ਸਾਜ਼ੋ-ਸਾਮਾਨ ਦੀ ਬਰਾਮਦਗੀ ਕੀਤੀ ਜਾ ਸਕੇ।

ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਐਸ.ਆਈ.ਟੀ. ਦੇ ਚੇਅਰਮੈਨ ਆਈ.ਜੀ.ਪੀ. ਰਾਜਪਾਲ ਸੰਧੂ ਨੇ ਕਿਹਾ ਕਿ ਮੁਲਜ਼ਮਾਂ ਨੇ ਖਾਸ ਤੌਰ 'ਤੇ ਉੱਚ-ਮੁੱਲ ਵਾਲੇ ਜੀ.ਯੂ.ਸੀ.1 ਕਾਰਡਾਂ (ਬੇਸ ਬੈਂਡ ਯੂਨਿਟਾਂ) ਨੂੰ ਨਿਸ਼ਾਨਾ ਬਣਾਇਆ, ਜੋ ਕਿ 4ਜੀ ਅਤੇ 5ਜੀ ਸਿਗਨਲਾਂ ਦੇ ਸੰਚਾਰ ਲਈ ਬਹੁਤ ਅਹਿਮ ਹੁੰਦੇ ਹਨ। ਉਨ੍ਹਾਂ ਕਿਹਾ, "ਚੋਰੀ ਦੀ ਪੂਰੀ ਕਾਰਵਾਈ ਨੂੰ ਦੋ ਮਿੰਟਾਂ ਤੋਂ ਵੀ ਘੱਟ ਸਮੇਂ ਵਿੱਚ ਅੰਜਾਮ ਦਿੱਤਾ ਗਿਆ, ਜਿਸ ਤੋਂ ਬਾਅਦ ਦੋਸ਼ੀ ਮੌਕੇ ਤੋਂ ਫਰਾਰ ਹੋ ਗਏ।" ਇਨ੍ਹਾਂ ਚੋਰੀਆਂ ਕਾਰਨ ਪ੍ਰਭਾਵਿਤ ਖੇਤਰਾਂ ਵਿੱਚ ਦੂਰਸੰਚਾਰ ਸੇਵਾਵਾਂ ਵਿੱਚ ਕਾਫ਼ੀ ਪ੍ਰਭਾਵਿਤ ਰਹੀਆਂ,ਜਿਸ ਨਾਲ ਲੋਕਾਂ ਜ਼ਰੂਰੀ ਵਾਇਸ ਅਤੇ ਡੇਟਾ ਕਨੈਕਟੀਵਿਟੀ ਤੋਂ ਵਾਂਝੇ ਰਹੇ।

ਆਈ.ਜੀ.ਪੀ. ਨੇ ਕਿਹਾ ਕਿ ਤਕਨੀਕੀ ਨਿਗਰਾਨੀ ਅਤੇ ਮਨੁੱਖੀ ਬੌਧਿਕਤਾ ਦੀ ਵਰਤੋਂ ਕਰਦਿਆਂ ਪੰਜਾਬ ਪੁਲਿਸ ਨੇ ਇਨ੍ਹਾਂ ਚੋਰੀਆਂ ਵਿੱਚ ਸ਼ਾਮਲ ਨੈੱਟਵਰਕਾਂ ਨੂੰ ਸਫਲਤਾਪੂਰਵਕ ਬੇਅਸਰ ਕਰ ਦਿੱਤਾ ਹੈ, ਜਦੋਂ ਕਿ ਅਗਲੇਰੇ-ਪਿਛਲੇਰੇ ਸਬੰਧਾਂ ਦਾ ਪਤਾ ਲਗਾਉਣ ਤੇ ਪੂਰੇ ਅਪਰਾਧਿਕ ਨੈੱਟਵਰਕ ਨੂੰ ਬੇਨਕਾਬ ਕਰਨ ਲਈ ਹੋਰ ਜਾਂਚ ਜਾਰੀ ਹੈ।" ਪੰਜਾਬ ਪੁਲਿਸ ਨੇ ਸਾਰੇ ਸਮਾਜ ਵਿਰੋਧੀ ਤੱਤਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨੂੰ ਤੁਰੰਤ ਬੰਦ ਕਰ ਦੇਣ ਜਾਂ ਫਿਰ ਸਖ਼ਤ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ । ਜ਼ਿਲ੍ਹਾ ਪੁਲਿਸ ਬਲਾਂ ਵੱਲੋਂ ਸਮਰਪਿਤ ਵਿਸ਼ੇਸ਼ ਕਰੈਕ ਟੀਮਾਂ ਬਣਾਈਆਂ ਗਈਆਂ ਹਨ। ਅਗਲੇਰੀ ਜਾਂਚ ਕੀਤੀ ਜਾ ਰਹਹ ਹੈ ਅਤੇ ਹੋਰ ਗ੍ਰਿਫ਼ਤਾਰੀਆਂ ਹੋਣ ਦੀ ਉਮੀਦ ਹੈ।

# ਏ.ਐਸ.ਆਈ. 15000 ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ

ਚੰਡੀਗੜ੍ਹ 9 ਫਰਵਰੀ (ਚ.ਨ.ਸ.): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਜ਼ਿਲ੍ਹਾ ਮੋਹਾਲੀ ਦੇ ਥਾਣਾ ਸਦਰ, ਖਰੜ ਵਿਖੇ ਤਾਇਨਾਤ ਸਹਾਇਕ ਸਬ-ਇੰਸਪੈਕਟਰ ਜਸਵੀਰ ਸਿੰਘ ਨੂੰ 15000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਦੋਸ਼ੀ ਨੂੰ ਸੈਕਟਰ 127, ਮੋਹਾਲੀ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਸੁਮਨ ਲਤਾ ਵਿਰੁੱਧ ਥਾਣਾ ਖਰੜ ਵਿੱਚ ਕੁੱਟਮਾਰ ਸਬੰਧੀ ਮਾਮਲਾ ਦਰਜ ਕਰਵਾਇਆ ਸੀ ਤੇ ਇਸ ਕੇਸ ਵਿੱਚ ਜਾਂਚ ਅਧਿਕਾਰੀ ਦੋਸ਼ੀ ਏਐਸਆਈ ਜਸਵੀਰ ਸਿੰਘ ਸੀ। ਜਦੋਂ ਸ਼ਿਕਾਇਤਕਰਤਾ ਨੇ ਇਸ ਮਾਮਲੇ ਸਬੰਧੀ ਅਦਾਲਤ ਵਿੱਚ ਚਲਾਨ ਪੇਸ਼ ਕਰਨ ਲਈ ਉਨ੍ਹਾਂ ਕੋਲ ਪਹੁੰਚ ਕੀਤੀ ਤਾਂ ਦੋਸ਼ੀ ਏਐਸਆਈ ਨੇ ਸਮਰੱਥ ਅਦਾਲਤ ਵਿੱਚ ਚਲਾਨ ਪੇਸ਼ ਕਰਨ ਦੇ ਬਦਲੇ ਸ਼ਿਕਾਇਤਕਰਤਾ ਤੋਂ 20000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗਣ ਸਬੰਧੀ ਗੱਲਬਾਤ ਰਿਕਾਰਡ ਕਰ ਲਈ ਸੀ।

ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਦੋਸ਼ੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 15000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਇਸ ਸਬੰਧੀ, ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਮੋਹਾਲੀ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਰਾਜਪਾਲ ਗੁਲਾਬ ਚੰਦ ਕਟਾਰੀਆ ਸ੍ਰੀ ਦਰਬਾਰ ਸਾਹਿਬ ਤੇ ਜੈਨ ਮੰਦਰ ਵਿਖੇ ਹੋਏ ਨਤਮਸਤਕ

ਅੰਮ੍ਰਿਤਸਰ, 9 ਫਰਵਰੀ (ਬਬਲੂ ਮਹਾਜਨ): ਪੰਜਾਬ ਦੇ ਰਾਜਪਾਲ ਤੇ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਵੱਲੋਂ ਬੀਤੀ ਦੇਰ ਸ਼ਾਮ ਸ੍ਰੀ ਦਰਬਾਰ ਸਾਹਿਬ ਵਿਖੇ ਮੱਥਾ ਟੇਕ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਗੁਲਾਬ ਚੰਦ ਕਟਾਰੀਆ ਨੇ ਸੂਬੇ ਵਿੱਚ ਨਸ਼ਿਆਂ ਵਿਰੁੱਧ ਜੰਗ ਨੂੰ ਹੋਰ ਮਜ਼ਬੂਤ ਕਰਨ ਲਈ ਚਲਾਈ ਜਾ ਰਹੀ ਤੀਬਰ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਸ਼ੁਰੂ ਕਰਨ ਤੋਂ ਪਹਿਲਾਂ ਗੁਰੂ ਸਾਹਿਬ ਦਾ ਅਸ਼ੀਰਵਾਦ ਲਿਆ ਹੈ। ਇਸ ਤੋਂ ਬਾਅਦ ਸਵੇਰੇ ਰਾਜਪਾਲ ਪੰਜਾਬ ਵੱਲੋਂ ਸ੍ਰੀ ਜੈਨ ਮੰਦਰ ਵਿਖੇ ਵੀ ਮੱਥਾ ਟੇਕਿਆ ਗਿਆ। ਨਸ਼ਿਆਂ ਵਿਰੁੱਧ ਪੈਦਲ ਯਾਤਰਾ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਪੰਜਾਬ ਰੈੱਡ ਕਰਾਸ ਸੋਸਾਇਟੀ ਦੇ ਯਤਨਾਂ ਨਾਲ, ਪੈਦਲ ਯਾਤਰਾ ਦਾ ਉਦੇਸ਼ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣਾ ਹੈ। ਉਨ੍ਹਾਂ ਦੁਹਰਾਇਆ ਕਿ ਨਸ਼ਿਆਂ ਵਿਰੁੱਧ ਲੜਾਈ ਵਿੱਚ ਕਾਨੂੰਨ ਨੂੰ ਸਖ਼ਤੀ ਨਾਲ ਲਾਗੂ ਕਰਨਾ ਅਤੇ ਨਿਰੰਤਰ ਜਨਤਕ ਜਾਗਰੂਕਤਾ ਦੇ ਨਾਲ-ਨਾਲ ਮੁੜ ਵਸੇਬਾ ਅਤੇ ਰੁਜ਼ਗਾਰ ਪੈਦਾ ਕਰਨਾ ਮੁੱਖ ਤਰਜੀਹ ਹੋਣੀ ਚਾਹੀਦੀ ਹੈ । ਉਨ੍ਹਾਂ ਸਮਾਜ ਦੇ ਸਾਰੇ ਵਰਗਾਂ ਨੂੰ ਇਸ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਇਹ ਚਾਰ ਰੋਜ਼ਾ ਮੁਹਿੰਮ ਵਿੱਚ ਤਰਨਤਾਰਨ, ਫਿਰੋਜ਼ਪੁਰ ਤੇ ਫਾਜ਼ਿਲਕਾ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਚਾਰ-ਰੋਜ਼ਾ ਜਾਗਰੂਕਤਾ ਪੈਦਲ ਯਾਤਰਾ ਸ਼ਾਮਲ ਹੈ, ਜਿਸਦਾ ਉਦੇਸ਼ ਨਸ਼ਿਆਂ ਵਿਰੁੱਧ ਜਨਤਕ ਭਾਗੀਦਾਰੀ ਨੂੰ ਲਾਮਬੰਦ ਕਰਨਾ ਹੈ। ਉਨ੍ਹਾਂ ਦੱਸਿਆ ਕਿ 9 ਫਰਵਰੀ ਨੂੰ ਤਰਨ ਤਾਰਨ ਸ਼ਹਿਰ, 10 ਫਰਵਰੀ ਸਾਰਾਗੜ੍ਹੀ ਮੈਮੋਰੀਅਲ ਤੋਂ ਸਰਕਾਰੀ ਸਕੂਲ ਆਫ਼ ਐਮੀਨੈਂਸ, ਫਿਰੋਜ਼ਪੁਰ ਸ਼ਹਿਰ ਤੱਕ, 11 ਫਰਵਰੀ ਨੂੰ ਸੰਜੀਵ ਸਿਨੇਮਾ, ਫਾਜ਼ਿਲਕਾ ਤੋਂ ਘੰਟਾਘਰ, ਫਾਜ਼ਿਲਕਾ ਤੱਕ ਤੇ 12 ਫਰਵਰੀ ਨੂੰ ਨਗਰ ਨਿਗਮ ਦਫ਼ਤਰ, ਅਬੋਹਰ ਤੋਂ ਡੀ.ਏ.ਵੀ. ਕਾਲਜ, ਅਬੋਹਰ ਤੱਕ ਜਾਗਰੂਕਤਾ ਪੈਦਲ ਯਾਤਰਾ ਕੀਤੀ ਜਾਵੇਗੀ। ਰਾਜਪਾਲ ਪੰਜਾਬ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਨਸ਼ਿਆਂ ਦੀ ਦੁਰਵਰਤੋਂ ਸਿਰਫ਼ ਇੱਕ ਸਥਾਨਕ ਜਾਂ ਸੂਬੇ ਦਾ ਮੁੱਦਾ ਨਹੀਂ ਹੈ ਸਗੋਂ ਇੱਕ ਆਲਮੀ ਚੁਣੌਤੀ ਹੈ, ਜਿਸ ਲਈ ਨਿਰੰਤਰ ਤੇ ਸਮੂਹਿਕ ਯਤਨਾਂ ਦੀ ਲੋੜ ਹੈ। ਉਨ੍ਹਾਂ ਦੁਹਰਾਇਆ ਕਿ ਅਰਥਪੂਰਨ ਤਬਦੀਲੀ ਸਿਰਫ ਸਰਗਰਮ ਭਾਗੀਦਾਰੀ, ਨਿਰੰਤਰ ਯਤਨਾਂ ਤੇ ਪੁਨਰਵਾਸ 'ਤੇ ਧਿਆਨ ਕੇਂਦਰਿਤ ਕਰਕੇ ਤੇ ਪ੍ਰਭਾਵਿਤ ਵਿਅਕਤੀਆਂ ਨੂੰ ਪੂਰੇ ਸਨਮਾਨ ਅਤੇ ਰੁਜ਼ਗਾਰ ਮੌਕੇ ਪ੍ਰਦਾਨ ਕਰਕੇ ਮੁੜ ਸਮਾਜ ਨਾਲ ਜੋੜਨ ਨੂੰ ਯਕੀਨੀ ਬਣਾ ਕੇ ਹੀ ਪ੍ਰਾਪਤ ਕੀਤੀ ਜਾ ਸਕਦੀ ਹੈ।



# ਬੁਨਿਆਦੀ ਢਾਂਚੇ ਨਾਲ ਸਬੰਧਤ ਨਵੇਂ ਪ੍ਰੋਜੈਕਟਾਂ ਨਾਲ ਸ੍ਰੀ ਅਨੰਦਪੁਰ ਸਾਹਿਬ 'ਚ ਵਿਕਾਸ ਜ਼ੋਰਾਂ 'ਤੇ : ਬੈਂਸ



ਚੰਡੀਗੜ੍ਹ, 9 ਫਰਵਰੀ (ਹਰਦੀਪ ਕੌਰ): ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਹੋਰ ਤੇਜ਼ੀ ਲਿਆਉਣ ਦੀ ਦਿਸ਼ਾ ਵੱਲ ਅਹਿਮ ਕਦਮ ਚੁੱਕਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਅੱਜ ਐਲਾਨ ਕੀਤਾ ਕਿ ਇਲਾਕੇ ਵਿੱਚ ਸੜਕੀ ਸੰਪਰਕ ਨੂੰ ਹੋਰ ਬਿਹਤਰ ਬਣਾਉਣ ਅਤੇ ਆਰਥਿਕ ਵਿਕਾਸ ਨੂੰ ਹੁਲਾਰਾ ਦੇਣ ਲਈ ਬੁਨਿਆਦੀ ਢਾਂਚੇ ਨਾਲ ਸਬੰਧਤ ਅਹਿਮ ਪ੍ਰੋਜੈਕਟਾਂ ਨੂੰ ਹਰੀ ਝੰਡੀ ਮਿਲ ਗਈ ਹੈ। ਇੱਥੋਂ ਜਾਰੀ ਵੀਡੀਓ ਸੰਦੇਸ਼ ਵਿੱਚ ਹਰਜੋਤ ਸਿੰਘ ਬੈਂਸ ਨੇ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਲੋਕਾਂ ਨੂੰ ਵਧਾਈ ਦਿੱਤੀ ਅਤੇ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਪੰਜ ਅਹਿਮ ਪੁਲਾਂ ਨੂੰ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀਬੀਐਮਬੀ) ਵੱਲੋਂ ਮਨਜ਼ੂਰੀ ਮਿਲ ਗਈ ਹੈ। ਬੈਂਸ ਨੇ ਕਿਹਾ, "ਸ੍ਰੀ ਅਨੰਦਪੁਰ ਸਾਹਿਬ ਵਿੱਚ ਵਿਕਾਸ ਜੰਗੀ ਪੱਧਰ 'ਤੇ ਚੱਲ ਰਿਹਾ ਹੈ।" ਉਨ੍ਹਾਂ ਕਿਹਾ ਕਿ ਪ੍ਰਵਾਨਿਤ ਪੁਲ ਪ੍ਰੋਜੈਕਟਾਂ ਵਿੱਚ ਬ੍ਰਹਮਪੁਰ ਅਤੇ ਡਰੋਲੀ ਪੁਲ ਸ਼ਾਮਲ ਹਨ, ਜੋ ਅਸਲ ਵਿੱਚ ਨਹਿਰ ਦੀ ਉਸਾਰੀ ਸਮੇਂ ਬਣਾਏ ਗਏ ਸਨ। ਇਨ੍ਹਾਂ ਪੁਲਾਂ ਨੂੰ ਆਧੁਨਿਕ ਜ਼ਰੂਰਤਾਂ ਨੂੰ ਵੇਖਦਿਆਂ ਹੁਣ ਦੁਬਾਰਾ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਗੰਗੂਵਾਲ ਡਬਲ ਪੁਲ ਇੱਕ ਰਣਨੀਤਕ ਪ੍ਰੋਜੈਕਟ ਹੈ। ਇਨ੍ਹਾਂ ਪੁਲਾਂ ਦੀ ਉਸਾਰੀ ਨਾਲ ਖਾਸ ਕਰਕੇ ਗੁਰੂ ਕਾ ਲਾਹੌਰ ਵਿਖੇ ਵਿਆਹ ਪੁਰਬ ਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ ਮੁਹੱਲਾ ਦੌਰਾਨ ਵੱਡੀ ਗਿਣਤੀ ਵਿੱਚ ਪੁੱਜਣ ਵਾਲੀ ਸੰਗਤ ਨੂੰ ਜਿੱਥੇ ਵੱਡੀ ਸੌਖ ਹੋਵੇਗੀ ਉੱਥੇ ਟ੍ਰੈਫਿਕ ਦੀ ਸਮੱਸਿਆ ਹੱਲ ਹੋਵੇਗੀ। ਉਨ੍ਹਾਂ ਕਿਹਾ, "ਇਸ ਨਾਲ ਸੰਗਤ ਲਈ ਨਿਰਵਿਘਨ ਯਾਤਰਾ ਯਕੀਨੀ ਬਣਾਏਗੀ।"

ਇਸ ਤੋਂ ਇਲਾਵਾ, ਅਟਾਰੀ ਪਿੰਡ ਦਾ ਪੁਲ ਅਟਾਰੀ ਪਿੰਡ ਨੂੰ ਸਿੱਧੇ ਕੌਮੀ ਰਾਜਮਾਰਗ ਨਾਲ ਜੋੜੇਗਾ ਜਿਸ ਨਾਲ ਲੰਬੇ ਚੱਕਰ ਖਤਮ ਹੋਣਗੇ ਤੇ ਸਥਾਨਕ ਆਰਥਿਕਤਾ ਨੂੰ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਭਾਓਵਾਲ ਪੁਲ ਨਾਲ ਖੇਤਰ ਵਿੱਚ ਰੁਜ਼ਗਾਰ ਤੇ ਆਰਥਿਕ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ। ਸਿੱਖਿਆ ਮੰਤਰੀ ਨੇ ਕਿਹਾ ਕਿ ਸਰਸਾ ਨੰਗਲ ਪੁਲ ਪ੍ਰੋਜੈਕਟ ਦਾ ਟੈਂਡਰ ਪਹਿਲਾਂ ਹੀ ਜਾਰੀ ਹੋ ਚੁੱਕਾ ਹੈ ਅਤੇ ਇਸ ਦਾ ਕੰਮ 14 ਅਪ੍ਰੈਲ ਦੇ ਆਸਪਾਸ ਸ਼ੁਰੂ ਹੋ ਜਾਵੇਗਾ।

ਬੈਂਸ ਨੇ ਨੰਗਲ ਤੋਂ ਕਲਮਾ ਮੋੜ ਸੜਕ ਅਤੇ ਭੰਗਲਾਂ ਤੋਂ ਕਾਨਪੁਰ ਖੂਹੀ ਸੜਕ ਸਬੰਧੀ ਯੋਜਨਾਵਾਂ ਬਾਰੇ ਵੀ ਯੋਜਨਾ ਸਾਂਝੀ ਕੀਤੀ। ਨੰਗਲ ਤੋਂ ਕਲਮਾ ਮੋੜ ਸੜਕ 10 ਕਰੋੜ ਰੁਪਏ ਦੀ ਲਾਗਤ ਨਾਲ ਭਾਰੀ ਉਦਯੋਗਿਕ ਆਵਾਜਾਈ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਬਣਾਈ ਜਾਵੇਗੀ, ਜਦੋਂ ਕਿ ਭੰਗਲਾਂ ਤੋਂ ਕਾਨਪੁਰ ਖੂਹੀ ਸੜਕ ਨੂੰ ਅਪਗ੍ਰੇਡ ਕਰਨ ਨਾਲ ਬੱਸ ਸੰਪਰਕ ਵਿੱਚ ਸੁਧਾਰ ਹੋਵੇਗਾ ਅਤੇ ਖੇੜਾ ਕਲਮੋਟ ਵਿੱਚ ਪਾਣੀ ਭਰਨ ਦੀਆਂ ਸਮੱਸਿਆਵਾਂ ਨਾਲ ਨਜਿੱਠਣ ਲਈ ਸੜਕ ਦੇ ਦੋਵੇਂ ਪਾਸੇ ਕੰਕਰੀਟ ਦੀ ਡਰੇਨ ਬਣਾਈ ਜਾਵੇਗੀ। ਇਹ ਪ੍ਰਾਜੈਕਟ ਲਗਭਗ 12.5 ਕਰੋੜ ਰੁਪਏ ਨਾਲ ਤਿਆਰ ਹੋਵੇਗਾ। ਇਨ੍ਹਾਂ ਦੋਵਾਂ ਪ੍ਰੋਜੈਕਟਾਂ 'ਤੇ ਕੰਮ ਅਗਲੇ ਦੋ ਹਫ਼ਤਿਆਂ ਦੇ ਅੰਦਰ ਸ਼ੁਰੂ ਹੋ ਜਾਵੇਗਾ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਜਿੱਥੇ ਲੋਕਾਂ ਦੀ ਚਿਰੋਕਣੀ ਮੰਗ ਪੂਰੀ ਹੋਵੇਗੀ ਉੱਥੇ ਇਲਾਕੇ ਵਿੱਚ ਰੁਜ਼ਗਾਰ ਦੇ ਮੌਕੇ ਵਧਣਗੇ ਤੇ ਸੜਕੀ ਸੰਪਰਕ ਬਿਹਤਰ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਮਹਿਜ਼ ਬੁਨਿਆਦੀ ਢਾਂਚੇ ਦਾ ਵਿਕਾਸ ਨਹੀਂ, ਬਲਕਿ ਲੋਕਾਂ ਦੀਆਂ ਜ਼ਿੰਦਗੀਆਂ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਦਾ ਜ਼ਰੀਆ ਸਾਬਤ ਹੋਣਗੇ। ਉਨ੍ਹਾਂ ਦੁਹਰਾਇਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨਾਗਰਿਕਾਂ ਦੇ ਜੀਵਨ ਪੱਧਰ ਨੂੰ ਹੋਰ ਉੱਚਾ ਚੁੱਕਣ ਲਈ ਟਿਕਾਊ ਵਿਕਾਸ 'ਤੇ ਧਿਆਨ ਕੇਂਦਰਿਤ ਕੀਤਾ ਜਾ ਰਿਹਾ ਹੈ।

# ਗੁ. ਸਿੰਘ ਸ਼ਹੀਦਾਂ ਵਿਖੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ

ਐੱਸ.ਏ.ਐੱਸ. ਨਗਰ, 9 ਫਰਵਰੀ (ਹਰਦੀਪ ਕੌਰ): ਧੰਨ-ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਸਿਰਲੱਥ ਯੋਧੇ ਧੰਨ-ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਜਨਮ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਸ਼ੇਰੇ ਪੰਜਾਬ ਕਵੀਸ਼ਰੀ ਜੱਥੇ ਨੇ 'ਬਚਨ ਕੇ ਬਲੀ ਸਿਰਲੱਥ ਯੋਧੇ ਧੰਨ ਧੰਨ ਅਮਰ ਸ਼ਹੀਦ ਜਥੇਦਾਰ ਬਾਬਾ ਦੀਪ ਸਿੰਘ ਜੀ' ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਕਵੀਸ਼ਰੀ ਵਾਰਾਂ ਵਿੱਚ ਵਿਸਥਾਰ ਸਹਿਤ ਸੁਣਾਇਆ। ਭਾਈ ਜਰਨੈਲ ਸਿੰਘ ਜੀ ਲੁਧਿਆਣੇ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਬਾਬਾ ਦੀਪ ਸਿੰਘ ਜੀ ਵਲੋਂ ਸ੍ਰੀ ਦਰਬਾਰ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੇ ਮੁਗਲਾਂ ਖਿਲਾਫ ਲੜੀ ਜੰਗ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ। ਇਸ ਤੋਂ ਇਲਾਵਾ ਭਾਈ ਮਨਦੀਪ ਸਿੰਘ ਜੀ ਦਮਦਮੀ ਟਕਸਾਲ, ਭਾਈ ਹਰਵਿੰਦਰ ਸਿੰਘ ਜੀ, ਭਾਈ ਜੋਗਿੰਦਰ ਸਿੰਘ ਜੀ, ਭਾਈ ਸੁਖਵਿੰਦਰ ਸਿੰਘ, ਭਾਈ ਇਕਬਾਲ ਸਿੰਘ, ਭਾਈ ਜਗਮੀਤ ਸਿੰਘ, ਭਾਈ ਸੰਦੀਪ ਸਿੰਘ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ, ਮੀਰੀ ਪੀਰੀ ਪੰਥਕ ਢਾਡੀ ਜਥਾ, ਭਾਈ ਗੁਰਸੇਵਕ ਸਿੰਘ ਜੀ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਗੁਰਮੀਤ ਸਿੰਘ ਅਤੇ ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਤੇ ਗੁਰਮਤਿ ਵਿਚਾਰਾਂ ਰਾਹੀਂ ਸਾਰਾ ਦਿਨ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਜਨਮ ਦਿਹਾੜੇ ਦੀ ਖੁਸ਼ੀ ਵਿੱਚ ਦਰਬਾਰ ਸਾਹਿਬ ਜੀ ਦੀ ਅੰਦਰੋਂ ਫੁੱਲਾਂ ਨਾਲ ਵਿਸ਼ੇਸ਼ ਸਜਾਵਟ ਕੀਤੀ ਗਈ ਸੀ। ਦਰਬਾਰ ਸਾਹਿਬ ਜੀ ਨੂੰ ਬਾਹਰੋਂ ਅਤੇ ਗੇਟ ਤੱਕ ਦੇ ਰਸਤੇ ਨੂੰ ਵਿਸ਼ੇਸ਼ ਢੰਗ ਨਾਲ ਸਜਾਇਆ ਗਿਆ ਸੀ। ਇਸ ਦਿਹਾੜੇ ਤੇ ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।







## ਸੰਪਾਦਕੀ

# ਭਾਰਤ ਅਤੇ ਅਮਰੀਕਾ ਵਪਾਰ ਸਮਝੌਤਾ-ਚਿੰਤਾਵਾਂ 'ਤੇ ਸਵਾਲ

ਲਗਭਗ ਇੱਕ ਸਾਲ ਦੇ ਤੀਬਰ ਵਿਚਾਰ-ਵਟਾਂਦਰੇ ਤੋਂ ਬਾਅਦ, ਭਾਰਤ ਅਤੇ ਅਮਰੀਕਾ ਵਿਚਕਾਰ ਪ੍ਰਸਤਾਵਿਤ ਵਪਾਰ ਸਮਝੌਤੇ 'ਤੇ ਆਖਰਕਾਰ ਇੱਕ ਦੁਵੱਲਾ ਸਮਝੌਤਾ ਹੋ ਗਿਆ ਹੈ। ਦੋਵਾਂ ਦੇਸ਼ਾਂ ਵੱਲੋਂ ਸ਼ਨੀਵਾਰ ਨੂੰ ਇਸ ਸਮਝੌਤੇ ਦਾ ਐਲਾਨ ਕੀਤਾ ਗਿਆ। ਸਮਝੌਤੇ ਦੀਆਂ ਸ਼ਰਤਾਂ ਦੇ ਤਹਿਤ ਅਮਰੀਕਾ ਭਾਰਤੀ ਵਸਤੂਆਂ 'ਤੇ ਟੈਰਿਫ ਨੂੰ 18 ਪ੍ਰਤੀਸ਼ਤ ਤੱਕ ਘਟਾ ਦੇਵੇਗਾ। ਭਾਰਤ ਸਾਰੇ ਅਮਰੀਕੀ ਉਦਯੋਗਿਕ ਵਸਤੂਆਂ ਅਤੇ ਭੋਜਨ ਅਤੇ ਖੇਤੀਬਾੜੀ ਉਤਪਾਦਾਂ ਦੀ ਇੱਕ ਵਿਸ਼ਾਲ ਸ਼੍ਰੇਣੀ 'ਤੇ ਆਯਾਤ ਡਿਊਟੀਆਂ ਨੂੰ ਵੀ ਖਤਮ ਜਾਂ ਘਟਾ ਦੇਵੇਗਾ। ਇਹ ਸਮਝੌਤਾ ਬਿਨਾਂ ਸ਼ੱਕ ਦੋਵਾਂ ਦੇਸ਼ਾਂ ਲਈ ਲਾਭਦਾਇਕ ਹੋਵੇਗਾ, ਪਰ ਲਾਭ ਅਤੇ ਨੁਕਸਾਨ ਦੇ ਸੰਤੁਲਨ ਬਾਰੇ ਵੱਖੋ-ਵੱਖਰੇ ਵਿਸ਼ਲੇਸ਼ਣ ਸਾਹਮਣੇ ਆਏ ਹਨ। ਇਸ ਨਾਲ ਕੁਝ ਚਿੰਤਾਵਾਂ ਅਤੇ ਸਵਾਲ ਉੱਠੇ ਹਨ ਕਿ ਇਸ ਸਮਝੌਤੇ ਨੂੰ ਆਕਾਰ ਦੇਣ ਵਿੱਚ ਰੁਕਾਵਟਾਂ ਕਿੱਥੇ ਸਨ ਅਤੇ ਦੋਵੇਂ ਧਿਰਾਂ ਇਸ 'ਤੇ ਸਹਿਮਤ ਕਿਉਂ ਹੋਈਆਂ। ਜਦੋਂ ਕਿ ਭਾਰਤੀ ਸੱਤਾਧਾਰੀ ਪਾਰਟੀ ਨੇ ਇਸ ਮੁੱਦੇ 'ਤੇ ਆਪਣੀ ਸਥਿਤੀ ਸਪੱਸ਼ਟ ਕਰਨ ਦੀ ਕੋਸ਼ਿਸ਼ ਕੀਤੀ ਹੈ, ਵਿਰੋਧੀ ਧਿਰ ਅਸਹਿਮਤ ਹੈ। ਭਾਰਤ ਅਤੇ ਅਮਰੀਕਾ ਨੇ ਪਿਛਲੇ ਸਾਲ ਫਰਵਰੀ ਵਿੱਚ ਪ੍ਰਸਤਾਵਿਤ ਵਪਾਰ ਸਮਝੌਤੇ 'ਤੇ ਗੱਲਬਾਤ ਦਾ ਪਹਿਲਾ ਪੜਾਅ ਸ਼ੁਰੂ ਕੀਤਾ ਸੀ। ਕਈ ਦੌਰ ਦੀ ਗੱਲਬਾਤ ਤੋਂ ਬਾਅਦ ਵੀ, ਦੋਵੇਂ ਧਿਰਾਂ ਭਾਰਤੀ ਖੇਤੀਬਾੜੀ ਅਤੇ ਡੇਅਰੀ ਬਾਜ਼ਾਰਾਂ ਤੱਕ ਅਮਰੀਕੀ ਪਹੁੰਚ ਨੂੰ ਵਧਾਉਣ ਸਮੇਤ ਕੁਝ ਮੁੱਦਿਆਂ 'ਤੇ ਸਹਿਮਤੀ ਬਣਾਉਣ ਵਿੱਚ ਅਸਫਲ ਰਹੀਆਂ। ਅਮਰੀਕਾ ਨੇ ਲਗਾਤਾਰ ਮੰਗ ਕੀਤੀ ਹੈ ਕਿ ਭਾਰਤੀ ਖੇਤੀਬਾੜੀ ਅਤੇ ਡੇਅਰੀ ਬਾਜ਼ਾਰਾਂ ਨੂੰ ਇਸ ਲਈ ਪੂਰੀ ਤਰ੍ਹਾਂ ਖੋਲ੍ਹਿਆ ਜਾਵੇ, ਜਦੋਂ ਕਿ ਭਾਰਤ ਨੇ ਲਗਾਤਾਰ ਇਸ ਮੰਗ ਨੂੰ ਰੱਦ ਕਰ ਦਿੱਤਾ ਹੈ। ਹੁਣ ਸਹਿਮਤ ਹੋਏ ਸਮਝੌਤੇ ਦੇ ਢਾਂਚੇ ਦੇ ਅਨੁਸਾਰ ਭਾਰਤ ਅਮਰੀਕੀ ਭੋਜਨ ਅਤੇ ਖੇਤੀਬਾੜੀ ਉਤਪਾਦਾਂ 'ਤੇ ਆਯਾਤ ਡਿਊਟੀਆਂ ਨੂੰ ਖਤਮ ਜਾਂ ਘਟਾਏਗਾ। ਪਹਿਲੀ ਨਜ਼ਰ 'ਤੇ ਇਹ ਦਰਸਾਉਂਦਾ ਹੈ ਕਿ ਭਾਰਤ ਨੇ ਇਸ ਮੁੱਦੇ 'ਤੇ ਵਧੇਰੇ ਉਦਾਰਵਾਦੀ ਪਹੁੰਚ ਅਪਣਾਈ ਹੈ। ਇਹ ਮੰਨਿਆ ਜਾਂਦਾ ਹੈ ਕਿ ਸਮਝੌਤੇ ਨੂੰ ਲਾਗੂ ਕਰਨ ਨਾਲ ਭਾਰਤੀ ਬਾਜ਼ਾਰ ਵਿੱਚ ਅਮਰੀਕੀ ਖੇਤੀਬਾੜੀ ਉਤਪਾਦਾਂ ਦੀ ਆਮਦ ਵਧੇਗੀ, ਜਿਸਦਾ ਦੇਸ਼ ਦੇ ਕਿਸਾਨਾਂ 'ਤੇ ਪ੍ਰਭਾਵ ਪੈ ਸਕਦਾ ਹੈ। ਹਾਲਾਂਕਿ, ਸਰਕਾਰ ਦਾ ਦਾਅਵਾ ਹੈ ਕਿ ਦੇਸ਼ ਦੇ ਕਿਸਾਨਾਂ ਦੇ ਹਿੱਤ ਪੂਰੀ ਤਰ੍ਹਾਂ ਸੁਰੱਖਿਅਤ ਹਨ ਅਤੇ ਇਹ ਸਮਝੌਤਾ ਉਨ੍ਹਾਂ ਨੂੰ ਲਾਭ ਪਹੁੰਚਾਏਗਾ। ਵਪਾਰ ਸਮਝੌਤੇ ਦੀਆਂ ਸ਼ਰਤਾਂ ਵਿੱਚ ਭਾਰਤ ਵੱਲੋਂ ਅਗਲੇ ਪੰਜ ਸਾਲਾਂ ਵਿੱਚ 500 ਬਿਲੀਅਨ ਡਾਲਰ ਦੇ ਅਮਰੀਕੀ ਊਰਜਾ ਉਤਪਾਦ, ਜਹਾਜ਼ ਅਤੇ ਉਨ੍ਹਾਂ ਦੇ ਹਿੱਸੇ, ਕੀਮਤੀ ਧਾਤਾਂ, ਤਕਨਾਲੋਜੀ ਉਤਪਾਦ ਅਤੇ ਕੋਲਾ ਖਰੀਦਣਾ ਵੀ ਸ਼ਾਮਲ ਹੈ। ਇਸ ਤੋਂ ਇਲਾਵਾ, ਰੂਸ ਤੋਂ ਸਿੱਧੇ ਜਾਂ ਅਸਿੱਧੇ ਤੇਲ ਦੀ ਖਰੀਦ ਨੂੰ ਬੰਦ ਕਰਨ ਦੀ ਲੋੜ ਹੋਵੇਗੀ। ਇਸਦਾ ਮਤਲਬ ਹੈ ਕਿ ਸਮਝੌਤੇ ਦਾ ਪ੍ਰਭਾਵ ਇਸ ਗੱਲ 'ਤੇ ਨਿਰਭਰ ਕਰੇਗਾ ਕਿ ਕੀ ਭਾਰਤ ਇਨ੍ਹਾਂ ਸ਼ਰਤਾਂ ਨੂੰ ਪੂਰਾ ਕਰਨ ਦੇ ਯੋਗ ਹੈ। ਇਸ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਭਾਰਤੀ ਵਸਤੂਆਂ ਦੇ ਨਿਰਯਾਤ, ਜੋ ਕਿ ਅਮਰੀਕੀ ਟੈਰਿਫਾਂ ਤੋਂ ਪ੍ਰਭਾਵਿਤ ਹੋਏ ਸਨ, ਮੁੜ ਉੱਭਰਨਗੇ। ਸਰਕਾਰ ਦਾ ਦਾਅਵਾ ਹੈ ਕਿ ਇਸ ਨਾਲ 30 ਟ੍ਰਿਲੀਅਨ ਅਮਰੀਕੀ ਡਾਲਰ ਦਾ ਬਾਜ਼ਾਰ ਖੁੱਲ੍ਹੇਗਾ, ਜਿਸ ਨਾਲ ਭਾਰਤੀ ਨਿਰਯਾਤ ਨੂੰ ਇੱਕ ਨਵੀਂ ਦਿਸ਼ਾ ਮਿਲੇਗੀ। ਸਵਾਲ ਇਹ ਹੈ ਕਿ ਕੀ ਅਮਰੀਕਾ ਤੋਂ ਆਯਾਤ ਅਤੇ ਨਿਰਯਾਤ ਵਿਚਕਾਰ ਸੰਤੁਲਨ ਬਣਾਈ ਰੱਖਿਆ ਗਿਆ ਹੈ। ਵਿਰੋਧੀ ਧਿਰ ਦਾ ਦੋਸ਼ ਹੈ ਕਿ ਇਸ ਸਮਝੌਤੇ ਨਾਲ ਭਾਰਤ ਨਾਲੋਂ ਅਮਰੀਕਾ ਨੂੰ ਜ਼ਿਆਦਾ ਫਾਇਦਾ ਹੋਵੇਗਾ। ਸੱਤਾਧਾਰੀ ਪਾਰਟੀ ਦਾ ਤਰਕ ਹੈ ਕਿ ਕੁਝ ਅਮਰੀਕੀ ਖੇਤੀਬਾੜੀ ਉਤਪਾਦਾਂ ਨੂੰ ਕੋਟਾ-ਅਧਾਰਤ ਟੈਰਿਫ ਰਿਆਇਤਾਂ ਦਿੱਤੀਆਂ ਜਾਣਗੀਆਂ, ਜਿਸਦਾ ਭਾਰਤੀ ਕਿਸਾਨਾਂ ਦੀ ਰੋਜ਼ੀ-ਰੋਟੀ 'ਤੇ ਕੋਈ ਪ੍ਰਭਾਵ ਨਹੀਂ ਪਵੇਗਾ। ਹਾਲਾਂਕਿ, ਸਮਝੌਤੇ ਦੇ ਅਸਲ ਫਾਇਦੇ ਅਤੇ ਨੁਕਸਾਨ ਦਾ ਮੁਲਾਂਕਣ ਉਦੋਂ ਹੀ ਕੀਤਾ ਜਾਵੇਗਾ ਜਦੋਂ ਕੁਝ ਦਿਨਾਂ ਵਿੱਚ ਦੁਵੱਲੇ ਵਪਾਰ ਦੇ ਅੰਕੜੇ ਜਾਰੀ ਕੀਤੇ ਜਾਣਗੇ।

-ਜਗਜੀਤ ਸਿੰਘ ਦਰਦੀ

## ਦੇਸ਼ ਦੀ ਸੰਸਦ ਵਿੱਚ ਤਮਾਸ਼ਾ

# ਹਰ ਰੋਜ਼ ਨਾਅਰੇਬਾਜ਼ੀ, ਹੰਗਾਮਾ, ਲੋਕਾਂ ਦੇ ਟੈਕਸ ਦੇ ਪੈਸੇ 'ਤੇ ਨੇਤਾਵਾਂ ਦੀ ਰਾਜਨੀਤਿਕ ਅਯਾਸ਼ੀ ਭਾਰਤੀ ਰਾਜਨੀਤੀ ਤੇ ਲੋਕਤੰਤਰ ਨੂੰ ਡੋਬ ਦੇਵੇਗੀ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਭਾਰਤ ਦੀ ਸੰਸਦ ਵਿੱਚ ਜਿਸ ਤਰ੍ਹਾਂ ਦਾ ਤਮਾਸ਼ਾ ਹੋ ਰਿਹਾ ਹੈ, ਉਸ ਤੋਂ ਲੋਕ ਨਿਰਾਸ਼ ਤੇ ਉਦਾਸ ਹਨ ਪਰੰਤੂ ਰਾਜਨੀਤਿਕ ਲੋਕਾਂ ਦਾ ਕਿਰਦਾਰ ਇਸ ਤਰ੍ਹਾਂ ਦਾ ਹੋ ਗਿਆ ਹੈ ਕਿ ਇਹ ਜਨਤਾ ਦੇ ਪੈਸੇ ਦਾ ਮਜ਼ਾਕ ਉਡਾ ਰਹੇ ਹਨ। ਇਹ ਸਥਿਤੀ 140 ਕਰੋੜ ਲੋਕਾਂ ਨੂੰ ਹੋਰ ਨਿਰਾਸ਼ਾ ਤੇ ਉਦਾਸ ਕਰਦੀ ਹੈ ।

ਅੱਜ ਰਾਜਨੀਤੀ ਨੂੰ ਉਦਯੋਗ ਬਣਾਉਣ ਵਾਲੇ ਪ੍ਰੋਫੈਸ਼ਨਲ ਨੇਤਾਵਾਂ ਦੀ ਬੇਰੁਖੀ, ਜਾਤੀ ਰਾਜਨੀਤੀ ਅਤੇ ਗਰੀਬਾਂ ਦੇ ਟੈਕਸ ਪੈਸੇ ਦੀ ਭਿਆਨਕ ਬਰਬਾਦੀ ਭਾਰਤੀ ਸੰਸਦ—ਵਿਸ਼ਵ ਦੀ ਸਭ ਤੋਂ ਵੱਡੀ ਲੋਕਤੰਤਰੀ ਸੰਸਥਾ—ਅੱਜ ਇੱਕ ਅਜਿਹੇ ਤਮਾਸ਼ੇ ਵਿੱਚ ਬਦਲ ਚੁੱਕੀ ਹੈ, ਜਿੱਥੇ ਨਾਅਰੇਬਾਜ਼ੀ, ਹੰਗਾਮੇ, ਕਾਗਜ਼ ਫਾੜਨਾ, ਮੈਂਬਰਾਂ ਦਾ ਸਸਪੈਂਸ਼ਨ ਅਤੇ ਰਾਜਨੀਤਕ ਡਰਾਮੇ ਹੀ ਮੁੱਖ ਭੂਮਿਕਾ ਨਿਭਾਉਂਦੇ ਹਨ। ਅੱਜ ਫਰਵਰੀ 2026 ਦੇ ਬਜਟ ਸੈਸ਼ਨ ਵਿੱਚ ਇਹ ਹਾਲਾਤ ਚਰਮ ਸੀਮਾ 'ਤੇ ਪਹੁੰਚ ਗਏ ਹਨ। 9 ਫਰਵਰੀ 2026 ਨੂੰ ਲੋਕ ਸਭਾ ਵਿੱਚ ਲੀਡਰ ਆਫ ਆਪੋਜ਼ੀਸ਼ਨ ਰਾਹੁਲ ਗਾਂਧੀ ਨੂੰ ਬੋਲਣ ਦੀ ਇਜਾਜ਼ਤ ਨਾ ਮਿਲਣ 'ਤੇ ਵਿਰੋਧੀ ਧਿਰ ਨੇ ਵਾਰ-ਵਾਰ ਹੰਗਾਮਾ ਕੀਤਾ। ਉਹ ਪੂਰਵ ਆਰਮੀ ਚੀਫ ਜਨਰਲ ਐਮ.ਐਮ. ਨਰਵਾਣੇ ਦੀ ਅਣ-ਪ੍ਰਕਾਸ਼ਿਤ ਮੈਮੋਅਰ 'ਤੇ ਗਲਵਾਨ ਵਾਲੇ ਮਾਮਲੇ ਦੀ ਚਰਚਾ ਚਾਹੁੰਦੇ ਸਨ, ਪਰ ਸਪੀਕਰ ਓਮ ਬਿਰਲਾ ਨੇ ਇਸ ਨੂੰ ਰੋਕਿਆ। ਨਤੀਜੇ ਵਜੋਂ ਹਾਊਸ ਨੂੰ ਕਈ ਵਾਰ ਅਜਰਨ ਕੀਤਾ ਗਿਆ—ਸਵੇਰੇ 11 ਵਜੇ, ਫਿਰ 12 ਵਜੇ, ਦੁਪਹਿਰ 2 ਵਜੇ ਅਤੇ ਅੰਤ ਵਿੱਚ ਦਿਨ ਲਈ ਮੁਲਤਵੀ ਕਰ ਦਿੱਤਾ ਗਿਆ। ਅਗਲੀ ਬੈਠਕ 10 ਫਰਵਰੀ ਨੂੰ ਸਵੇਰੇ 11 ਵਜੇ ਹੋਵੇਗੀ। ਸਪੀਕਰ ਨੇ ਖੁਦ ਕਿਹਾ ਕਿ ਇਸ ਸੈਸ਼ਨ ਵਿੱਚ ਪਹਿਲਾਂ ਹੀ 19 ਘੰਟੇ ਤੋਂ ਵੱਧ ਸਮਾਂ ਵਿਘਨ ਪਾਉਣ ਕਾਰਨ ਬਰਬਾਦ ਹੋ ਚੁੱਕਾ ਹੈ ਅਤੇ ਇਹ ਲੋਕਤੰਤਰ ਦੀ ਬੇਇੱਜ਼ਤੀ ਹੈ। ਵਿਰੋਧੀ ਧਿਰ ਨੇ ਸਪੀਕਰ ਖਿਲਾਫ ਨੋ-ਕਾਨਫੀਡੈਂਸ ਮੋਸ਼ਨ ਲਿਆਉਣ ਦੀ ਯੋਜਨਾ ਬਣਾਈ ਹੈ। ਇਸ ਤੋਂ ਪਹਿਲਾਂ 8 ਵਿਰੋਧੀ ਮੈਂਬਰਾਂ ਨੂੰ ਪੂਰੇ ਸੈਸ਼ਨ ਲਈ ਸਸਪੈਂਡ ਕੀਤਾ ਗਿਆ ਕਿਉਂਕਿ ਉਹਨਾਂ ਨੇ ਕਾਗਜ਼ ਫਾੜ ਕੇ ਸਪੀਕਰ ਵੱਲ ਸੁੱਟੇ ਅਤੇ ਹੰਗਾਮਾ ਕੀਤਾ।

ਅੱਜ ਰਾਜ ਸਭਾ ਵਿੱਚ ਵੀ ਇਹੀ ਹਾਲ ਰਿਹਾ—ਹੰਗਾਮੇ ਕਾਰਨ ਅਜਰਨ ਅਤੇ ਵਿਘਨ। ਇਹ ਸਭ ਮਿਲ ਕੇ ਇੱਕ ਨਾਟਕ ਰਚ ਰਿਹਾ ਹੈ, ਜਿੱਥੇ ਅਸਲ ਮੁੱਦੇ (ਬਜਟ ਚਰਚਾ, ਭਾਰਤ-ਅਮਰੀਕਾ ਵਪਾਰ ਸਮਝੌਤਾ, ਮਹਿੰਗਾਈ, ਬੇਰੁਜ਼ਗਾਰੀ) ਗਾਇਬ ਹੋ ਜਾਂਦੇ ਹਨ। ਰਾਜਨੀਤੀ ਨੂੰ ਉਦਯੋਗ ਬਣਾਉਣ ਵਾਲੇ ਪ੍ਰੋਫੈਸ਼ਨਲ ਨੇਤਾਵਾਂ ਦੀ ਬੇਰੁਖੀ ਰਾਜਨੀਤੀ ਹੁਣ ਭਾਰਤ ਵਿੱਚ ਇੱਕ ਪੂਰਨ ਉਦਯੋਗ ਬਣ ਚੁੱਕੀ ਹੈ।

ਅੱਜ ਨੇਤਾ ਪ੍ਰੋਫੈਸ਼ਨਲ ਵਜੋਂ ਕੰਮ ਕਰਦੇ ਹਨ—ਜਿਸ ਵਿੱਚ ਵੋਟ ਬੈਂਕ ਪਾਲਟਿਕਸ, ਜਾਤੀਆਂ ਦੀ ਰਾਜਨੀਤੀ, ਮੀਡੀਆ ਟਰਾਇਲ ਅਤੇ ਵਿਰੋਧੀ ਨੂੰ ਘੇਰਨਾ ਮੁੱਖ ਬਿਜ਼ਨੈੱਸ ਮਾਡਲ ਹੈ। ਇਹ ਨੇਤਾ ਆਪਣੇ ਏਜੰਡੇ ਨੂੰ ਅੱਗੇ ਵਧਾਉਣ ਲਈ ਹਰ ਤਰ੍ਹਾਂ ਦੇ ਹੱਥਕੰਡੇ ਅਪਣਾਉਂਦੇ ਹਨ। ਗਰੀਬ ਮਜ਼ਦੂਰ, ਕਿਸਾਨ ਅਤੇ ਬੇਰੁਜ਼ਗਾਰ ਨੌਜਵਾਨ ਆਪਣੀਆਂ ਅਸਲ ਸਮੱਸਿਆਵਾਂ ਨਾਲ ਜੂਝ ਰਹੇ ਹਨ—ਮਹਿੰਗਾਈ ਵੱਧ ਰਹੀ ਹੈ, ਰੁਜ਼ਗਾਰ ਨਹੀਂ ਮਿਲ ਰਿਹਾ, ਕਿਸਾਨਾਂ ਦੀਆਂ ਆਤਮਹੱਤਿਆਵਾਂ ਜਾਰੀ ਹਨ, ਲਾਅ ਐਂਡ ਆਰਡਰ ਭੰਗ ਹੋ ਰਿਹਾ ਹੈ (ਖਾਸ ਕਰਕੇ ਪੰਜਾਬ ਵਿੱਚ ਗੈਂਗਸਟਰ ਰਾਜ)—ਪਰ ਸੰਸਦ ਵਿੱਚ ਤਿੱਖੇ ਤੇਵਰ ਅਤੇ ਤਿੱਖੇ ਸ਼ਬਦ ਹੀ ਗੂੰਜਦੇ ਹਨ। ਇਹ ਬੇਰੁਖੀ ਨਹੀਂ, ਬਲਕਿ ਜਾਣਬੁੱਝ ਕੇ ਵਾਪਰ ਰਹੀ ਗੱਲ ਹੈ। ਨੇਤਾਵਾਂ ਨੂੰ ਲੱਗਦਾ ਹੈ ਕਿ ਹੰਗਾਮਾ ਕਰਨ ਨਾਲ ਵੋਟਰਾਂ ਵਿੱਚ ਧੁੰਦਲਾ ਪੈਦਾ ਹੁੰਦਾ ਹੈ ਅਤੇ ਉਹਨਾਂ ਦਾ ਆਪਣਾ ਏਜੰਡਾ ਚੱਲ ਜਾਂਦਾ ਹੈ। ਅੱਜ ਸੰਸਦ ਮੈਂਬਰਾਂ ਨੂੰ ਮਿਲਣ ਵਾਲੀਆਂ ਸਹੂਲਤਾਂ ਐਨੀਆਂ ਵੱਡੀਆਂ ਹਨ ਕਿ ਰਾਜਨੀਤੀ ਇੱਕ ਆਰਾਮਦਾਇਕ ਅਤੇ ਲਾਭਦਾਇਕ ਕਾਰੋਬਾਰ ਬਣ ਗਈ ਹੈ। ਮਹੀਨੇ ਦੀ ਤਨਖਾਹ 1.24 ਲੱਖ ਰੁਪਏ, ਡੇਲੀ ਅਲਾਊਂਸ 2500 ਰੁਪਏ, ਰੈਂਟ-ਫਰੀ ਘਰ, 50,000 ਯੂਨਿਟ ਬਿਜਲੀ ਮੁਫਤ, 4000 ਕਿਲੋਲੀਟਰ ਪਾਣੀ ਮੁਫਤ, ਯਾਤਰਾ ਭੱਤਾ, ਮੈਡੀਕਲ ਸਹੂਲਤਾਂ ਅਤੇ ਲਾਈਫ ਲੌਂਗ ਪੈਨਸ਼ਨ—ਇਹ ਸਭ ਟੈਕਸ ਪੇਅਰਾਂ ਦੇ ਪੈਸੇ ਨਾਲ ਚੱਲਦਾ ਹੈ। ਪਰ ਨੇਤਾ ਇਸ ਨੂੰ ਆਪਣੇ ਛੋਟੇ ਰਾਜਨੀਤਕ ਫਾਇਦੇ ਲਈ ਬਰਬਾਦ ਕਰ ਰਹੇ ਹਨ। ਇੱਕ ਮਿੰਟ ਦੀ ਵਿਘਨ 'ਤੇ ਲਗਭਗ 2.5 ਲੱਖ ਰੁਪਏ ਖਰਚ ਹੁੰਦਾ ਹੈ। ਇਸ ਸੈਸ਼ਨ ਵਿੱਚ ਹੀ ਜਨਵਰੀ ਅੰਤ ਤੋਂ ਲੈ ਕੇ ਹੁਣ ਤੱਕ ਲਗਭਗ 57 ਕਰੋੜ ਰੁਪਏ ਦਾ ਨੁਕਸਾਨ ਹੋ ਚੁੱਕਾ ਹੈ। ਪਿਛਲੇ 10 ਸਾਲਾਂ ਵਿੱਚ ਵਿਘਨ ਕਾਰਨ 3300 ਕਰੋੜ ਰੁਪਏ ਤੋਂ ਵੱਧ ਦਾ ਨੁਕਸਾਨ ਹੋਇਆ ਹੈ—ਇਹ ਪੈਸਾ ਸਿੱਖਿਆ, ਸਿਹਤ ਜਾਂ ਰੁਜ਼ਗਾਰ 'ਤੇ ਖਰਚ ਹੋ ਸਕਦਾ ਸੀ।

ਅੱਜ ਜਾਤੀ ਦੀ ਰਾਜਨੀਤੀ ਅਤੇ ਘਟੀਆ ਕਿਰਦਾਰ ਦੀ ਭੂਮਿਕਾ ਜਾਤੀਆਂ ਨੂੰ ਵੰਡ ਕੇ ਵੋਟ ਲੈਣਾ ਅਸਾਨ ਹੈ, ਇਸ ਲਈ ਨੇਤਾ ਅਸਲ ਮੁੱਦਿਆਂ ਨੂੰ ਛੱਡ ਕੇ ਜਾਤੀਆਂ ਦੇ ਨਾਮ 'ਤੇ ਹੰਗਾਮਾ ਕਰਦੇ ਹਨ। ਇਹ ਉਨ੍ਹਾਂ ਦਾ ਮੁੱਖ ਏਜੰਡਾ ਬਣ ਗਿਆ ਹੈ। ਨੇਤਾਵਾਂ ਦਾ ਕਿਰਦਾਰ ਘਟੀਆ ਹੋ ਗਿਆ ਹੈ—ਉਹ ਲੋਕਾਂ ਨੂੰ ਸਿਰਫ ਵੋਟਰ ਵਜੋਂ ਵੇਖਦੇ ਹਨ, ਨਾ ਕਿ ਨਾਗਰਿਕ ਵਜੋਂ। ਸੰਸਦ ਵਿੱਚ ਬੋਲਣ ਦੀ ਬਜਾਏ ਹੰਗਾਮਾ ਕਰਨਾ ਆਸਾਨ ਹੈ ਕਿਉਂਕਿ ਇਸ ਨਾਲ ਮੀਡੀਆ ਕਵਰੇਜ ਮਿਲਦਾ ਹੈ ਅਤੇ ਵੋਟਰਾਂ ਵਿੱਚ ਭਾਵਨਾਵਾਂ ਭੜਕਾਈਆਂ ਜਾ ਸਕਦੀਆਂ ਹਨ। ਐਂਟੀ-ਡਿਫੈਕਸ਼ਨ ਲਾਅ ਨੇ ਵਿਪੱਖ ਨੂੰ ਬੰਦੂਕ ਵਾਂਗ ਵਰਤ ਲਿਆ ਹੈ—ਮੈਂਬਰ ਆਪਣੀ ਰਾਏ ਨਹੀਂ ਰੱਖ ਸਕਦੇ, ਸਿਰਫ ਪਾਰਟੀ ਲਾਈਨ 'ਤੇ ਚੱਲਦੇ ਹਨ।

ਅੱਜ ਸਪੀਕਰ ਦੀ ਨਿਰਪੱਖਤਾ 'ਤੇ ਵੀ ਸਵਾਲ ਉੱਠ ਰਹੇ ਹਨ। ਹੱਲ: ਇਸ ਤਮਾਸ਼ੇ ਨੂੰ ਰੋਕਣ ਲਈ ਜ਼ਰੂਰੀ ਅਤੇ ਪ੍ਰਭਾਵਸ਼ਾਲੀ ਕਦਮ ਇਹ ਸਮੱਸਿਆ ਰਾਜਨੀਤਕ ਇੱਛਾਸ਼ਕਤੀ ਨਾਲ ਹੀ ਹੱਲ ਹੋ ਸਕਦੀ ਹੈ। ਕੁਝ ਮੁੱਖ ਸੁਝਾਅ: ਐਂਟੀ-ਡਿਫੈਕਸ਼ਨ ਲਾਅ ਵਿੱਚ ਤੁਰੰਤ ਸੁਧਾਰ — ਵਿਪ ਨੂੰ ਸਿਰਫ ਨੋ-ਕਾਨਫੀਡੈਂਸ ਮੋਸ਼ਨ, ਮਨੀ ਬਿੱਲ ਜਾਂ ਸੰਵਿਧਾਨਕ ਸੋਧਾਂ ਤੱਕ ਸੀਮਤ ਕੀਤਾ ਜਾਵੇ।

ਅੱਜ ਆਮ ਚਰਚਾ ਵਿੱਚ ਮੈਂਬਰ ਆਜ਼ਾਦ ਰਾਏ ਰੱਖ ਸਕਣ। ਡਿਸਕੁਆਲੀਫਿਕੇਸ਼ਨ ਦੇ ਮਾਮਲੇ ਸੁਤੰਤਰ ਟ੍ਰਿਬਿਊਨਲ (ਰਿਟਾਇਰਡ ਜੱਜਾਂ ਵਾਲਾ) ਨੂੰ ਸੌਂਪੋ। ਸਪੀਕਰ ਅਤੇ ਚੇਅਰਮੈਨ ਦੀ ਨਿਰਪੱਖਤਾ ਯਕੀਨੀ ਬਣਾਓ — ਸਪੀਕਰ ਚੁਣਨ ਵਿੱਚ ਵਿਪੱਖ ਨੂੰ ਵੱਧ ਭੂਮਿਕਾ। ਸਸਪੈਂਸ਼ਨ ਅਤੇ ਨੇਮਿੰਗ ਵਿੱਚ ਨਿਰਪੱਖ ਨਿਯਮ ਲਾਗੂ ਕਰੋ। ਵਿਘਨ 'ਤੇ ਸਖ਼ਤ ਜੁਰਮਾਨਾ — ਵਿਘਨ ਪਾਉਣ ਵਾਲੇ ਮੈਂਬਰਾਂ ਦੀ ਤਨਖਾਹ, ਅਲਾਊਂਸ ਜਾਂ ਸਹੂਲਤਾਂ ਕੱਟੋ (ਯੂਕੇ ਵਾਂਗ)। ਹਰ ਮਿੰਟ ਦੀ ਬਰਬਾਦੀ ਦਾ ਰਿਕਾਰਡ ਜਨਤਕ ਕਰੋ ਅਤੇ ਇਸ ਨੂੰ ਲਾਈਵ ਟੈਲੀਕਾਸਟ 'ਤੇ ਵੀ ਦਿਖਾਓ।

ਸੈਸ਼ਨਾਂ ਦੀ ਬਿਹਤਰ ਯੋਜਨਾ ਅਤੇ ਵੱਧ ਦਿਨ — ਸੈਸ਼ਨਾਂ ਵਿੱਚ ਵੱਧ ਦਿਨ ਬੈਠਕਾਂ ਕਰੋ (ਪਹਿਲਾਂ 120 ਦਿਨ ਹੁੰਦੇ ਸਨ, ਹੁਣ 60-70)। ਵਿਪੱਖ ਨੂੰ ਫਿਕਸਡ ਸਮਾਂ ਅਤੇ ਸਲੋਟ ਦਿਓ। ਪ੍ਰਾਈਮ ਮਿਨਿਸਟਰ ਕੁਐਸ਼ਚਨ ਅਵਰ ਨੂੰ ਮਜ਼ਬੂਤ ਕਰੋ। ਜਨਤਕ ਜਵਾਬਦੇਹੀ ਅਤੇ ਸਹੂਲਤਾਂ 'ਤੇ ਕੰਟਰੋਲ — ਵੋਟਰਾਂ ਨੂੰ ਮੈਂਬਰਾਂ ਦੇ ਪ੍ਰਦਰਸ਼ਨ ਬਾਰੇ ਰਿਪੋਰਟ ਮਿਲੇ। ਚੋਣਾਂ ਵਿੱਚ ਇਹ ਮੁੱਦਾ ਵੱਡਾ ਬਣੇ। ਸਹੂਲਤਾਂ ਨੂੰ ਪ੍ਰਦਰਸ਼ਨ ਨਾਲ ਜੋੜੋ—ਘਟੀਆ ਪ੍ਰਦਰਸ਼ਨ ਵਾਲੇ ਨੂੰ ਘੱਟ ਸਹੂਲਤਾਂ। ਜਾਤੀ ਅਧਾਰਿਤ ਰਾਜਨੀਤੀ ਨੂੰ ਨਿਯੰਤਰਿਤ ਕਰਨ ਲਈ ਕਾਨੂੰਨੀ ਪ੍ਰਬੰਧ ਕਰੋ। ਹੁਣ ਜੇ ਇਹ ਸੁਧਾਰ ਨਾ ਹੋਏ ਤਾਂ ਰਾਜਨੀਤੀ ਉਦਯੋਗ ਬਣ ਕੇ ਰਹਿ ਜਾਵੇਗੀ ਅਤੇ ਸੰਸਦ ਤਮਾਸ਼ਾਗਾਹ ਬਣ ਜਾਵੇਗੀ। ਗਰੀਬਾਂ ਦਾ ਪੈਸਾ ਅਤੇ ਮਜ਼ਾਕ ਦੋਵੇਂ ਉੱਡਦੇ ਰਹਿਣਗੇ। ਸਮਾਂ ਆ ਗਿਆ ਹੈ ਕਿ ਨੇਤਾ ਆਪਣੇ ਘਟੀਆ ਕਿਰਦਾਰ ਨੂੰ ਛੱਡ ਕੇ ਦੇਸ਼ ਨੂੰ ਅੱਗੇ ਵਧਾਉਣ। ਨਹੀਂ ਤਾਂ ਲੋਕਤੰਤਰ ਦੀ ਬੇਇੱਜ਼ਤੀ ਜਾਰੀ ਰਹੇਗੀ ਅਤੇ ਅਸਲ ਜਿੱਤ ਰਾਜਨੀਤਕ ਡਰਾਮੇ ਦੀ ਹੋਵੇਗੀ, ਨਾ ਕਿ ਲੋਕਾਂ ਦੀ।

## ਨਵਾਂ ਰਾਜ ਪੁਰਾਣਾ ਢਾਂਚਾ

# ਬ੍ਰਿਟਿਸ਼ "ਡਿਵਾਇਡ ਐਂਡ ਰੂਲ" ਤੋਂ ਅੱਜ ਦੀ "ਡਿਵਾਇਡ ਐਂਡ ਵਿੰਨ" ਤੱਕ ਭਾਸ਼ਾ/ਸਿੱਖਿਆ, ਧਰਮ/ਜਾਤ, ਦੰਗੇ ਅਤੇ ਨੈਰੇਟਿਵ ਦੀ ਸਿਆਸਤ



ਵਿੰਕਲਜੀਤ ਸਿੰਘ ਸਰਾ
9501477889

**ਭਾਗ 2 : ਅੱਜ ਦੀ ਭਾਰਤੀ ਸਿਆਸਤ 'ਚ ਉਸੇ ਮਾਡਲ ਦੀ ਛਾਂਹ**: ਧਰਮ-ਜਾਤ ਦੰਗੇ, ਮੀਡੀਆ ਨੈਰੇਟਿਵ ਅਤੇ **"ਆਪਣਿਆਂ"** ਦੀ ਭੂਮਿਕਾ **ਲੋਕਤੰਤਰ ਵਿੱਚ ਵੀ ਵੰਡ ਕਿਉਂ ਚਲਦੀ ਹੈ: "Divide & Rule" ਤੋਂ "Divide & Win"**: ਅੱਜ ਭਾਰਤ ਕਾਲੋਨੀ ਨਹੀਂ ਇਹ ਲੋਕਤੰਤਰ ਹੈ। ਪਰ ਲੋਕਤੰਤਰ ਵਿੱਚ ਇੱਕ ਵੱਡੀ ਹਕੀਕਤ ਹੈ: ਵੋਟ ਜਿੱਤਣ ਲਈ ਭੀੜ ਦਾ ਮਨ ਜਿੱਤਣਾ ਪੈਂਦਾ ਹੈ। ਅਤੇ ਭੀੜ ਦੇ ਮਨ ਨੂੰ ਜਿੱਤਣ ਦਾ ਸਭ ਤੋਂ ਸੌਖਾ ਰਸਤਾ ਅਕਸਰ ਇਹ ਹੁੰਦਾ ਹੈ ਕਿ ਲੋਕਾਂ ਨੂੰ ਕਿਸੇ ਇਕ ਗੱਲ 'ਤੇ ਇਕੱਠਾ ਨਹੀਂ, ਬਲਕਿ ਕਿਸੇ ਇਕ ਡਰ ਜਾਂ ਗੁੱਸੇ 'ਤੇ ਇਕੱਠਾ ਕੀਤਾ ਜਾਵੇ। ਬ੍ਰਿਟਿਸ਼ ਰਾਜ ਦਾ ਟੀਚਾ ਸੀ **"ਰਾਜ ਟਿਕਾਉਣਾ,** ਅੱਜ ਚੋਣੀ ਸਿਆਸਤ ਦਾ ਟੀਚਾ ਹੁੰਦਾ ਹੈ **"ਜਿੱਤ ਟਿਕਾਉਣਾ"** ਪਰ ਢੰਗ ਕਈ ਵਾਰ ਮਿਲਦਾ ਜੁਲਦਾ ਦਿਖਦਾ ਹੈ: ਸਮਾਜ ਦੀਆਂ ਦਰਾਰਾਂ ਨੂੰ ਪਛਾਣੋ, ਉਹਨਾਂ ਨੂੰ ਵਧਾਓ, ਅਤੇ ਫਿਰ ਆਪਣੇ ਕੈਂਪ ਨੂੰ **"ਸੁਰੱਖਿਆ"** ਜਾਂ "ਇਜ਼ਤ" ਦੀ ਗਾਰੰਟੀ ਵਾਂਗ ਪੇਸ਼ ਕਰੋ। ਇਸ ਵਿੱਚ ਸਭ ਤੋਂ ਵੱਡਾ ਖ਼ਤਰਾ ਇਹ ਹੁੰਦਾ ਹੈ ਕਿ ਅਸਲ ਮਸਲੇ ਰੋਜ਼ਗਾਰ, ਮਹਿੰਗਾਈ, ਸਿੱਖਿਆ, ਸਿਹਤ, ਨਸ਼ਾ, ਕਿਸਾਨੀ ਸੰਕਟ, ਨਿਆਂ ਤੱਕ ਪਹੁੰਚ ਹੌਲੀ-ਹੌਲੀ ਪਿੱਛੇ ਧੱਕੇ ਜਾਂਦੇ ਹਨ। ਲੋਕਾਂ ਨੂੰ ਇਹ ਮਹਿਸੂਸ ਕਰਵਾ ਦਿੱਤਾ ਜਾਂਦਾ ਹੈ ਕਿ **"ਇਹ ਚੋਣ ਰੋਟੀ ਦੀ ਨਹੀਂ, ਹਸਤੀ ਦੀ ਹੈ"** ਜਦੋਂ ਵੋਟਰ ਦੇ ਮਨ ਵਿੱਚ **"ਹਸਤੀ"** ਪਹਿਲਾਂ ਆ ਜਾਂਦੀ ਹੈ, ਤਾਂ ਉਹ ਰੋਟੀ 'ਤੇ ਗੱਲ ਕਰਨ ਵਾਲੇ ਨੂੰ ਵੀ ਸ਼ੱਕ ਨਾਲ ਦੇਖਣ ਲੱਗ ਪੈਂਦਾ ਹੈ ਜਿਵੇਂ ਉਹ ਮਸਲਿਆਂ ਦੀ ਗੱਲ ਕਰਕੇ **"ਕੈਂਪ"** ਕਮਜ਼ੋਰ ਕਰ ਰਿਹਾ ਹੋਵੇ। ਇਹੀ ਪੋਲਰਾਈਜ਼ੇਸ਼ਨ ਦਾ ਅਸਲ ਜਾਲ ਹੈ।

**ਧਰਮ ਅਤੇ ਜਾਤ ਦੀ ਰਾਜਨੀਤੀ: ਪਛਾਣ ਕਦੋਂ ਹੱਕ ਬਣਦੀ ਹੈ, ਕਦੋਂ ਹਥਿਆਰ ?** : ਧਰਮ ਅਤੇ ਜਾਤ ਭਾਰਤ ਵਿੱਚ ਸਿਰਫ਼ ਸਿਆਸੀ ਲੇਬਲ ਨਹੀਂ ਇਹ ਸਮਾਜਕ ਸੱਚਾਈਆਂ ਹਨ। ਜਾਤ ਕਈਆਂ ਲਈ ਹੱਕ ਅਤੇ ਨੁਮਾਇੰਦਗੀ ਦੀ ਲੜਾਈ ਹੈ; ਧਰਮ ਕਈਆਂ ਲਈ ਆਸ, ਸੰਭਾਲ ਅਤੇ ਸੰਸਕਾਰ ਹੈ। ਪਰ ਜਦੋਂ ਇਹ ਦੋਵੇਂ ਚੀਜ਼ਾਂ ਸਿਆਸਤ ਦੇ ਹੱਥ ਆ ਕੇ **"ਕੈਂਪ"** ਬਣ ਜਾਂਦੀਆਂ ਹਨ, ਤਾਂ ਧਰਮ-ਜਾਤ ਆਪਣੀ ਨਰਮੀ ਗਵਾ ਦਿੰਦੀਆਂ ਹਨ ਅਤੇ ਲੋਕਾਂ ਦੀ ਸੋਚ ਵਿੱਚ ਇੱਕ ਸਖ਼ਤ ਲਕੀਰ ਖਿੱਚ ਦਿੰਦੀਆਂ ਹਨ: ਅਸੀਂ ਅਤੇ ਉਹ। ਧਰਮ ਦੀ ਸਿਆਸਤ ਦਾ ਆਮ ਮਕੈਨਿਜ਼ਮ ਇਹ ਹੁੰਦਾ ਹੈ ਕਿ ਪਹਿਲਾਂ **"ਖ਼ਤਰੇ"** ਦਾ ਅਹਿਸਾਸ ਬਣਾਇਆ ਜਾਂਦਾ ਹੈ। ਇਹ ਖ਼ਤਰਾ ਕਈ ਵਾਰ ਹਕੀਕਤ ਹੁੰਦਾ ਹੈ, ਪਰ ਕਈ ਵਾਰ ਉਹ ਖ਼ਤਰੇ ਨੂੰ ਲੋੜ ਤੋਂ ਵਧਾ ਕੇ ਦਿਖਾਇਆ ਜਾਂਦਾ ਹੈ ਇਤਿਹਾਸ ਦੀਆਂ ਘਟਨਾਵਾਂ ਨੂੰ ਅੱਜ 'ਤੇ ਲਾ ਕੇ, ਕੁਝ ਵਿਅਕਤੀਆਂ ਦੇ ਕੰਮ ਨੂੰ ਪੂਰੀ ਕਮਿਊਨਿਟੀ 'ਤੇ ਲਾ ਕੇ, ਜਾਂ ਚੁਣੀਆਂ ਹੋਈਆਂ ਖ਼ਬਰਾਂ ਨੂੰ ਦੁਹਰਾ-ਦੁਹਰਾ ਕੇ। ਜਦੋਂ ਡਰ ਪੱਕਾ ਹੋ ਜਾਂਦਾ ਹੈ, ਤਾਂ ਫਿਰ **"ਸੁਰੱਖਿਆ"** ਵੇਚੀ ਜਾਂਦੀ ਹੈ ਲੀਡਰ, ਪਾਰਟੀ ਜਾਂ ਸੰਗਠਨ ਦੇ ਰੂਪ ਵਿੱਚ। ਇਸਦੇ ਨਾਲ-ਨਾਲ ਵਿਰੋਧੀ ਨੂੰ **"ਦੁਸ਼ਮਣ"** ਨਹੀਂ ਤਾਂ **"ਸ਼ੱਕੀ"** ਬਣਾਇਆ ਜਾਂਦਾ ਹੈ। ਇਥੇ ਤੋਂ ਧਰਮ ਲੋਕਾਂ ਨੂੰ ਜੋੜਨ ਦੀ ਥਾਂ ਤੋੜਨ ਲੱਗ ਪੈਂਦਾ ਹੈ।

ਜਾਤੀ ਦੀ ਸਿਆਸਤ ਦਾ ਮਕੈਨਿਜ਼ਮ ਕੁਝ ਵੱਖਰਾ ਹੈ। ਇੱਥੇ ਕਈ ਵਾਰ ਅਸਲ ਬੁਨਿਆਦ ਨੁਮਾਇੰਦਗੀ ਹੁੰਦੀ ਹੈ ਕੌਣ ਕਿੰਨਾ ਪਿੱਛੇ ਰਹਿ ਗਿਆ, ਕੌਣ ਕਿੰਨਾ ਅੱਗੇ ਹੈ ਅਤੇ ਸਰੋਤਾਂ ਵਿੱਚ ਕੌਣ ਕਿਵੇਂ ਹਿੱਸਾ ਲੈ ਰਿਹਾ ਹੈ। ਪਰ ਜਦੋਂ ਸਿਆਸਤ ਇਸਨੂੰ **"ਸੁਧਾਰ"** ਦੀ ਥਾਂ ਸਿਰਫ਼ "ਗਣਿਤ" ਬਣਾਉਂਦੀ ਹੈ ਫਲਾਂ ਜਾਤ ਇੰਨੇ ਪ੍ਰਤੀਸ਼ਤ, ਫਲਾਂ ਨੂੰ ਵਾਅਦਾ, ਫਲਾਂ ਨੂੰ ਡਰ ਤਾਂ ਇਹ ਲੜਾਈ ਹੱਕਾਂ ਤੋਂ ਹਟ ਕੇ ਕੈਂਪਾਂ ਦੀ ਟਕਰ ਬਣ ਜਾਂਦੀ ਹੈ। ਫਿਰ ਸਮਾਜ ਵਿੱਚ ਆਪਸੀ ਭਰੋਸਾ ਕਮਜ਼ੋਰ ਹੁੰਦਾ ਹੈ ਅਤੇ ਹਰ ਸਮੂਹ ਆਪਣੇ ਲਈ **"ਮਿਨੀ-ਰਾਜ"** ਮੰਗਣ ਲੱਗ ਪੈਂਦਾ ਹੈ। ਸਭ ਤੋਂ ਖ਼ਤਰਨਾਕ ਹਾਲਾਤ ਉਦੋਂ ਬਣਦੇ ਹਨ ਜਦੋਂ ਧਰਮ ਅਤੇ ਜਾਤ ਇਕੱਠੇ **"ਕੈਂਪ-ਪਛਾਣ"** ਬਣ ਜਾਵਣ। ਫਿਰ ਇੱਕ ਵਿਅਕਤੀ ਨੂੰ ਪਹਿਲਾਂ ਹੀ ਇੱਕ ਡੱਬੇ ਵਿੱਚ ਪਾ ਦਿੱਤਾ ਜਾਂਦਾ ਹੈ ਉਹ ਮਨੁੱਖ ਘੱਟ, **"ਕੈਂਪ"** ਵੱਧ ਬਣ ਜਾਂਦਾ ਹੈ। ਇਹੀ ਥਾਂ ਹੈ ਜਿੱਥੇ ਸਮਾਜਕ ਸਾਂਝ ਟੁੱਟਦੀ ਹੈ ਅਤੇ ਹਿੰਸਾ ਦੀ ਸੰਭਾਵਨਾ ਵਧਦੀ ਹੈ।

**ਦੰਗੇ, ਹਿੰਸਾ ਅਤੇ ਅਫਵਾਹ: "ਚਿੰਗਾਰੀ" ਤੋਂ ਪਹਿਲਾਂ ਮਿੱਟੀ ਤਿਆਰ ਹੁੰਦੀ ਹੈ** : ਦੰਗੇ ਕਦੇ ਵੀ ਸਿਰਫ਼ ਇੱਕ ਘਟਨਾ ਨਹੀਂ ਹੁੰਦੇ ਉਹ ਇੱਕ ਪ੍ਰਕਿਰਿਆ ਹੁੰਦੇ ਹਨ। ਜਿਹੜੇ ਸਮਾਜ ਵਿੱਚ ਹਿੰਸਾ ਵਾਰ-ਵਾਰ ਹੁੰਦੀ ਹੈ, ਉੱਥੇ ਅਕਸਰ ਪਹਿਲਾਂ ਤੋਂ ਕੁਝ ਗੱਲਾਂ ਚੱਲ ਰਹੀਆਂ ਹੁੰਦੀਆਂ ਹਨ ਨਫ਼ਰਤ ਵਾਲੀ ਭਾਸ਼ਾ, ਇਤਿਹਾਸ ਦੇ ਜ਼ਖ਼ਮਾਂ ਦੀ ਤਾਜ਼ਗੀ, ਜੁਲੂਸਾਂ ਦੀ ਅਹੰਕਾਰ-ਭਰੀ ਰਾਜਨੀਤੀ ਅਤੇ ਸੋਸ਼ਲ ਮੀਡੀਆ 'ਤੇ ਅਫਵਾਹਾਂ ਦਾ ਬਾਰੂਦ। ਫਿਰ ਕੋਈ ਇਕ ਛੋਟੀ ਚਿੰਗਾਰੀ ਰਸਤੇ ਦੀ ਝੜਪ, ਕਿਸੇ ਧਾਰਮਿਕ ਥਾਂ ਨੇੜੇ ਉਕਸਾਉਣ, ਕਿਸੇ ਪੋਸਟ ਦੀ ਗਲਤ ਵਿਆਖਿਆ, ਜਾਂ ਫੇਕ ਵੀਡੀਓ ਅੱਗ ਲਾ ਸਕਦੀ ਹੈ। ਹਿੰਸਾ ਫੈਲਣ ਵਿੱਚ ਭੀੜ ਦਾ ਮਨੋਵਿਗਿਆਨ ਬਹੁਤ ਮਹੱਤਵਪੂਰਨ ਹੈ। ਭੀੜ ਵਿੱਚ ਵਿਅਕਤੀ ਆਪਣੀ ਜ਼ਿੰਮੇਵਾਰੀ ਘੱਟ ਮਹਿਸੂਸ ਕਰਦਾ ਹੈ। ਉਹ ਸੋਚਦਾ ਹੈ ਕਿ **"ਸਭ ਕਰ ਰਹੇ ਨੇ"** ਫਿਰ ਉਹ ਐਸਾ ਕੰਮ ਵੀ ਕਰ ਬੈਠਦਾ ਹੈ ਜੋ ਉਹ ਇਕੱਲਾ ਕਦੇ ਨਾ ਕਰੇ। ਇਸ ਦੌਰ ਵਿੱਚ ਅਕਸਰ ਹਿੰਸਾ ਦੇ ਨਾਲ ਲੁੱਟ ਵੀ ਹੁੰਦੀ ਹੈ, ਬਦਲੇ ਦੀ ਭੁੱਖ ਵੀ ਹੁੰਦੀ ਹੈ ਅਤੇ ਕਈ ਵਾਰ ਚੁੱਪਚਾਪ ਚੋਣੀ/ਸਿਆਸੀ ਲਾਭ ਵੀ ਬਣਦਾ ਹੈ। ਇਸ ਲਈ ਹਿੰਸਾ ਨੂੰ ਸਿਰਫ਼ **"ਜਨਤਾ ਦਾ ਗੁੱਸਾ"** ਕਹਿ ਕੇ ਛੱਡ ਦੇਣਾ ਵੀ ਸੱਚ ਨੂੰ ਅਧੂਰਾ ਕਰ ਦਿੰਦਾ ਹੈ। ਕਈ ਵਾਰੀ ਗੁੱਸੇ ਦੇ ਪਿੱਛੇ ਯੋਜਨਾ ਹੁੰਦੀ ਹੈ ਅਤੇ ਯੋਜਨਾ ਦੇ ਪਿੱਛੇ ਲਾਭ। ਇੱਥੇ ਪ੍ਰਸ਼ਾਸਨ ਦੀ ਭੂਮਿਕਾ ਸਭ ਤੋਂ ਨਾਜ਼ੁਕ ਬਣ ਜਾਂਦੀ ਹੈ। ਜੇ ਸ਼ੁਰੂ ਵਿੱਚ ਨਿਊਟਰਲ, ਤੇਜ਼ ਅਤੇ ਸਖ਼ਤ ਕਾਰਵਾਈ ਹੋ ਜਾਵੇ ਚਾਹੇ ਉਹ ਕਿਸੇ ਵੀ ਪਾਸੇ ਦੇ ਹੋਣ ਤਾਂ ਹਿੰਸਾ ਰੁਕ ਸਕਦੀ ਹੈ। ਪਰ ਜੇ ਕਾਰਵਾਈ ਧੀਮੀ ਹੋਵੇ ਜਾਂ ਲੋਕਾਂ ਨੂੰ ਲੱਗੇ ਕਿ ਐਨਫੋਰਸਮੈਂਟ ਇੱਕ ਪਾਸੇ ਖੜ੍ਹਾ ਹੈ, ਤਾਂ ਹਿੰਸਾ ਇੱਕ **"ਸਿਗਨਲ"** ਬਣ ਜਾਂਦੀ ਹੈ ਕਿ **"ਇੱਥੇ ਭੀੜ ਦਾ ਰਾਜ ਚੱਲ ਸਕਦਾ ਹੈ"** ਅਤੇ ਜਦੋਂ ਭੀੜ ਦਾ ਰਾਜ ਚੱਲਦਾ ਹੈ, ਤਾਂ ਸਮਾਜ ਦੇ ਕਮਜ਼ੋਰ ਵਰਗ ਸਭ ਤੋਂ ਵਧੇਰੇ ਪੀਸੇ ਜਾਂਦੇ ਹਨ ਕਿਉਂਕਿ ਉਹਨਾਂ ਕੋਲ ਬਚਾਅ ਦੇ ਸਰੋਤ ਘੱਟ ਹੁੰਦੇ ਹਨ।

**ਮੀਡੀਆ-ਨੈਰੇਟਿਵ: ਅੱਜ ਦੀ ਸਿਆਸਤ ਦਾ ਨਵਾਂ "ਕਾਗਜ਼ੀ ਸਿਸਟਮ"** : ਬ੍ਰਿਟਿਸ਼ ਰਾਜ ਵਿੱਚ "ਫਾਈਲ" ਅਤੇ **"ਰਿਪੋਰਟ"** ਸਭ ਕੁਝ ਸੀ। ਅੱਜ ਦੀ ਸਿਆਸਤ ਵਿੱਚ ਉਹੀ ਕਿਰਦਾਰ **"ਨੈਰੇਟਿਵ"** ਨਿਭਾਉਂਦਾ ਹੈ। ਟੀਵੀ, ਸੋਸ਼ਲ ਮੀਡੀਆ ਅਤੇ ਸ਼ਾਰਟ-ਵੀਡੀਓ ਕਲਿੱਪਾਂ ਨੇ ਇੱਕ ਨਵਾਂ ਮਾਹੌਲ ਬਣਾਇਆ ਹੈ ਇੱਥੇ ਸੱਚ ਦੀ ਕੀਮਤ ਅਕਸਰ ਘੱਟ ਹੁੰਦੀ ਹੈ ਅਤੇ ਗੁੱਸੇ ਦੀ ਕੀਮਤ ਵੱਧ। ਜੋ ਕਨਟੈਂਟ ਲੋਕਾਂ ਨੂੰ ਤੁਰੰਤ ਭੜਕਾਉਂਦਾ ਹੈ, ਉਹੀ ਤੇਜ਼ੀ ਨਾਲ ਫੈਲਦਾ ਹੈ। ਇਸ ਕਰਕੇ ਅਫਵਾਹਾਂ ਦਾ ਯੁੱਗ ਖਤਮ ਨਹੀਂ ਹੋਇਆ ਉਹ ਸਿਰਫ਼ ਡਿਜੀਟਲ ਹੋ ਗਿਆ ਹੈ। ਨੈਰੇਟਿਵ ਦੀ ਤਾਕਤ ਇਹ ਹੁੰਦੀ ਹੈ ਕਿ ਉਹ ਲੋਕਾਂ ਨੂੰ **"ਸੋਚਣ"** ਤੋਂ ਪਹਿਲਾਂ **"ਮਹਿਸੂਸ"** ਕਰਵਾ ਦਿੰਦਾ ਹੈ। ਜਦੋਂ ਮਨ ਪਹਿਲਾਂ ਗੁੱਸੇ ਜਾਂ ਡਰ ਨਾਲ ਭਰ ਜਾਵੇ ਫਿਰ ਤੱਥ ਕਈ ਵਾਰ ਉਸ ਮਨ ਵਿੱਚ ਨਹੀਂ ਵੜਦੇ। ਇਸੇ ਕਰਕੇ ਅੱਜ ਪੋਲਰਾਈਜ਼ੇਸ਼ਨ ਬਹੁਤ ਤੇਜ਼ ਹੁੰਦੀ ਹੈ ਲੋਕ ਅਸਲ ਵਿੱਚ ਇਕ-ਦੂਜੇ ਨੂੰ ਜਾਣਦੇ ਵੀ ਨਹੀਂ ਪਰ ਉਹ ਇਕ-ਦੂਜੇ ਬਾਰੇ ਬਣੇ ਨੈਰੇਟਿਵ ਨੂੰ ਜਾਣਦੇ ਹਨ ਅਤੇ ਉਹ ਨੈਰੇਟਿਵ ਅਕਸਰ **"ਪੂਰਾ ਮਨੁੱਖ"** ਨਹੀਂ ਦਿਖਾਉਂਦਾ ਉਹ ਸਿਰਫ਼ **"ਕੈਂਪ"** ਦਿਖਾਉਂਦਾ ਹੈ। ਇੱਥੇ ਬ੍ਰਿਟਿਸ਼ ਮਾਡਲ ਨਾਲ ਇੱਕ ਡੂੰਘੀ ਮਿਲਾਪ ਹੈ ਤਦ ਰਾਜ ਨੇ ਭਾਸ਼ਾ-ਸਿੱਖਿਆ ਰਾਹੀਂ **"ਉੱਪਰ"** ਵਾਲੀ ਸੋਚ ਬਣਾਈ ਅੱਜ ਨੈਰੇਟਿਵ ਰਾਹੀਂ "ਟੀਮ" ਵਾਲੀ ਸੋਚ ਬਣਾਈ ਜਾਂਦੀ ਹੈ। ਦੋਹਾਂ ਦਾ ਨਤੀਜਾ ਇੱਕੋ ਲੋਕ ਆਪਣੇ ਆਪ ਨੂੰ ਪਹਿਲਾਂ **"ਨਾਗਰਿਕ"** ਨਹੀਂ, ਕਿਸੇ **"ਕੈਂਪ"** ਦਾ ਮੈਂਬਰ ਸਮਝਣ ਲੱਗ ਪੈਂਦੇ ਹਨ।

**"ਆਪਣਿਆਂ" ਦੀ ਅੱਜ ਵਾਲੀ ਗਦਾਰੀ: ਹੁਣ ਜ਼ਮੀਂਦਾਰ ਨਹੀਂ ਕੈਡਰ, ਟਰੋਲ, ਅਫਵਾਹ ਅਤੇ ਚੁੱਪ** : ਤੁਸੀਂ **"ਗਦਾਰੀ"** ਦਾ ਸ਼ਬਦ ਵਰਤਦੇ ਹੋ ਤਾਂ ਉਸਦਾ ਅਰਥ ਸਿਰਫ਼ ਇਹ ਨਹੀਂ ਕਿ ਕੋਈ ਇੱਕ ਵਿਅਕਤੀ ਦੇਸ਼ ਵੇਚ ਦੇਂਦਾ ਹੈ। ਅੱਜ ਦੀ ਗਦਾਰੀ ਬਹੁਤ ਵਾਰੀ ਛੋਟੇ-ਛੋਟੇ ਰੂਪਾਂ ਵਿੱਚ ਹੁੰਦੀ ਹੈ ਅਫਵਾਹ ਫਾਰਵਰਡ ਕਰ ਦੇਣੀ, ਨਫ਼ਰਤ ਵਾਲੀ ਲਾਈਨ ਨੂੰ "ਜੋਕ" ਕਹਿ ਕੇ ਚਲਾ ਦੇਣਾ, ਕਿਸੇ ਮਾਸੂਮ ਉੱਤੇ ਹੋ ਰਹੇ ਜ਼ੁਲਮ 'ਤੇ **"ਕੈਂਪ"** ਦੇ ਡਰ ਨਾਲ ਚੁੱਪ ਰਹਿ ਜਾਣਾ ਜਾਂ ਹਿੰਸਾ ਨੂੰ **"ਉਹਨਾਂ ਨੇ ਪਹਿਲਾਂ ਕੀਤਾ ਸੀ"** ਕਹਿ ਕੇ ਜਾਇਜ਼ ਠਹਿਰਾ ਦੇਣਾ। ਇਹ ਸਭ ਸਮਾਜ ਨੂੰ ਅੰਦਰੋਂ ਖੋਖਲਾ ਕਰਦਾ ਹੈ। ਬ੍ਰਿਟਿਸ਼ ਰਾਜ ਨੇ ਆਪਣੇ ਮਿਡਲਮੈਨ ਕਲਰਕ, ਮੁਨਸ਼ੀ, ਜ਼ਮੀਂਦਾਰ, ਲੰਬਰਦਾਰਾਂ ਵਿੱਚੋਂ ਬਣਾਏ ਸਨ। ਅੱਜ ਦੇ ਯੁੱਗ ਵਿੱਚ **"ਸਾਥੀ ਵਰਗ"** ਦਾ ਰੂਪ ਬਦਲ ਗਿਆ ਹੈ ਲੋਕਲ ਕੈਡਰ, ਆਈਟੀ ਗਰੁੱਪ, ਇਨਫਲੂਐਂਸਰ, ਟਰੋਲ ਨੈੱਟਵਰਕ, ਭੜਕਾਊ ਬੋਲਣ ਵਾਲੇ ਅਤੇ ਉਹ ਲੋਕ ਜੋ ਭੀੜ ਨੂੰ ਮੋਬਿਲਾਈਜ਼ ਕਰਨਾ ਜਾਣਦੇ ਹਨ। ਕਈ ਵਾਰੀ ਇਹ ਲੋਕ ਜਾਣ-ਬੁੱਝ ਕੇ ਕਰਦੇ ਹਨ। ਕਈ ਵਾਰੀ ਉਹਨਾਂ ਨੂੰ ਲੱਗਦਾ ਹੈ ਕਿ ਉਹ ਆਪਣੀ ਪਹਿਚਾਣ ਦੀ ਰੱਖਿਆ ਕਰ ਰਹੇ ਹਨ। ਪਰ ਜਦੋਂ ਪਹਿਚਾਣ ਦੀ ਰੱਖਿਆ ਮਨੁੱਖਤਾ ਮਾਰ ਕੇ ਹੋਵੇ ਤਾਂ ਉਹ ਰੱਖਿਆ ਨਹੀਂ ਜ਼ਹਿਰ ਹੁੰਦੀ ਹੈ। ਸਭ ਤੋਂ ਵੱਡੀ ਗਦਾਰੀ ਅਕਸਰ ਚੁੱਪ ਹੁੰਦੀ ਹੈ। ਜਦੋਂ ਸਮਾਜ ਦੇ **"ਸਧਾਰਣ"** ਲੋਕ ਇਹ ਕਹਿ ਕੇ ਪਾਸਾ ਵਟਾ ਲੈਂਦੇ ਹਨ ਕਿ **"ਇਹ ਸਾਡਾ ਮਸਲਾ ਨਹੀਂ"** ਜਾਂ **"ਸਾਡੇ ਕੈਂਪ ਦਾ ਨੁਕਸਾਨ ਹੋ ਜਾਵੇਗਾ"** ਤਾਂ ਨਫ਼ਰਤ ਨੂੰ ਹਿੰਮਤ ਮਿਲਦੀ ਹੈ ਅਤੇ ਜਦੋਂ ਨਫ਼ਰਤ ਨੂੰ ਹਿੰਮਤ ਮਿਲੇ ਉਹ ਇੱਕ ਦਿਨ ਸਭ ਦੇ ਘਰ ਦਾ ਦਰਵਾਜ਼ਾ ਖੜਕਾਉਂਦੀ ਹੈ ਕੈਂਪ ਪੁੱਛ ਕੇ ਨਹੀਂ।

**ਭਾਗ 2 ਦਾ ਨਿਚੋੜ** : ਅੱਜ ਦਾ ਭਾਰਤ ਲੋਕਤੰਤਰ ਹੈ ਪਰ ਜੇ ਸਿਆਸਤ ਦਾ ਇੰਜਨ ਡਰ, ਗੁੱਸਾ ਅਤੇ ਪਹਿਚਾਣੀ ਵੰਡ ਬਣ ਜਾਵੇ ਤਾਂ ਲੋਕਤੰਤਰ ਦੀ ਰੂਹ ਕਮਜ਼ੋਰ ਹੋ ਜਾਂਦੀ ਹੈ। ਬ੍ਰਿਟਿਸ਼ ਰਾਜ ਵਿੱਚ ਵੰਡ **"ਰਾਜ ਕਰਨ"** ਲਈ ਸੀ ਅੱਜ ਕਈ ਵਾਰੀ ਵੰਡ **"ਜਿੱਤਣ"** ਲਈ ਬਣ ਜਾਂਦੀ ਹੈ। ਨਤੀਜਾ ਦੋਹਾਂ ਦਾ ਇੱਕੋ ਭਰੋਸਾ ਟੁੱਟਦਾ ਹੈ ਸਮਾਜ ਚਿਰਕੁੱਟ ਹੁੰਦਾ ਹੈ ਅਤੇ ਅਸਲ ਮਸਲੇ ਪਿੱਛੇ ਧੱਕੇ ਜਾਂਦੇ ਹਨ।

**ਆਖ਼ਰੀ ਗੱਲ** : ਬ੍ਰਿਟਿਸ਼ ਰਾਜ ਦਾ ਸਭ ਤੋਂ ਖ਼ਤਰਨਾਕ ਵਿਰਸਾ ਤੋਪਾਂ ਨਹੀਂ ਸਨ ਉਹ ਵੰਡ ਰਾਹੀਂ ਤਾਕਤ ਵਾਲੀ ਸੋਚ ਸੀ। ਜਦੋਂ ਅਸੀਂ ਅੱਜ ਵੀ ਧਰਮ-ਜਾਤ ਦੇ ਨਾਮ 'ਤੇ ਇਕ-ਦੂਜੇ ਨੂੰ ਘੱਟ ਮਨੁੱਖ ਅਤੇ ਵੱਧ **"ਕੈਂਪ"** ਸਮਝਣ ਲੱਗ ਪੈਂਦੇ ਹਾਂ ਤਾਂ ਅਸੀਂ ਅਸਲ ਵਿੱਚ ਉਸੇ ਢਾਂਚੇ ਨੂੰ ਆਪਣੇ ਹੱਥਾਂ ਨਾਲ ਜਿਉਂਦਾ ਕਰ ਰਹੇ ਹੁੰਦੇ ਹਾਂ। ਪੰਜਾਬ ਦੀ ਭਾਸ਼ਾ-ਸਿੱਖਿਆ ਵਾਲੀ ਕਹਾਣੀ ਸਾਨੂੰ ਇਹ ਸਿਖਾਉਂਦੀ ਹੈ ਕਿ ਪਾਵਰ ਸਭ ਤੋਂ ਪਹਿਲਾਂ ਭਾਸ਼ਾ, ਸਕੂਲ ਅਤੇ ਦਫ਼ਤਰ ਵਿੱਚ ਲੁੱਕੀ ਹੁੰਦੀ ਹੈ ਅਤੇ ਅੱਜ ਦੀ ਰਾਜਨੀਤੀ ਸਾਨੂੰ ਇਹ ਦਿਖਾਉਂਦੀ ਹੈ ਕਿ ਪਾਵਰ ਹੁਣ ਨੈਰੇਟਿਵ, ਸਕਰੀਨ ਅਤੇ ਭੀੜ ਵਿੱਚ ਵੀ ਲੁੱਕੀ ਹੁੰਦੀ ਹੈ।



ਕਮਲਜੀਤ ਸਿੰਘ ਬਨਵੈਤ
98147 34035

# 'ਆਪ' ਸਰਕਾਰ : ਨਵੀਆਂ ਪਿਰਤਾਂ ਪਾਉਣ 'ਚ ਨਹੀਂ ਕੋਈ ਸਾਨੀ

- ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੀਹ ਅਫ਼ਸਰ ਹਵਾ ਵਿੱਚ ਲਟਕਾਏ
- ਪੰਜ ਅਫ਼ਸਰ ਕੀਤੇ ਜਾ ਚੁੱਕੇ ਨੇ ਮੁਅੱਤਲ, ਦਸ ਅਧਿਕਾਰੀ ਕੇਂਦਰ ਵਿੱਚ ਡੈਪੂਟੇਸ਼ਨ 'ਤੇ ਗਏ
- ਗੁਰ ਕੀਰਤ ਕ੍ਰਿਪਾਲ ਨੂੰ 11 ਮਹੀਨੇ ਬਾਅਦ ਪੋਸਟਿੰਗ, ਏ. ਕੇ. ਸਿਨਹਾ ਲਟਕਦੇ ਹੋਏ ਸੇਵਾਮੁਕਤ
- ਚਾਰ ਦਰਜ਼ਨ ਦੇ ਕਰੀਬ ਪੁਲਿਸ ਅਧਿਕਾਰੀਆਂ ਨੂੰ ਕੀਤਾ ਜਾ ਚੁੱਕੈ ਬਰਖ਼ਾਸਤ,ਸੱਤ ਵੱਡੇ ਪੁਲਿਸ ਅਫਸਰ ਤੋਰੇ ਘਰਾਂ ਨੂੰ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬਦਲਾਅ ਦਾ ਰੰਗ ਦਿਖਾਇਆ ਹੋਵੇ ਚਾਹੇ ਨਾ ਪਰ ਕਈ ਨਵੀਆਂ ਪਿਰਤਾਂ ਜ਼ਰੂਰ ਪਾਈਆਂ ਹਨ। ਭਗਵੰਤ ਸਿੰਘ ਮਾਨ ਸਮੇਤ ਉਹਨਾਂ ਦੇ ਕਈ ਮੰਤਰੀ ਅਤੇ ਵਿਧਾਇਕ ਸਾਥੀਆਂ ਨੇ ਕੂਹਣੀ ਮੋੜ ਕੱਟਣ ਦੇ ਰਿਕਾਰਡ ਬਣਾਏ ਹਨ। ਮੌਜੂਦਾ ਸਰਕਾਰ ਨੇ ਜਿੰਨੇ ਆਈਏਐਸ ਜਾਂ ਆਈਪੀਐਸ ਅਫਸਰਾਂ ਨੂੰ ਘਰੀਂ ਤੋਰਿਆ ਹੈ, ਸ਼ਾਇਦ ਆਪਣੇ ਆਪ ਵਿੱਚ ਇੱਕ ਰਿਕਾਰਡ ਹੋਵੇ। ਕੇਂਦਰ ਵਿੱਚ ਜਾਣ ਵਾਲੇ ਅਧਿਕਾਰੀਆਂ ਦੀ ਗਿਣਤੀ ਵੀ ਸਭ ਤੋਂ ਵੱਧ ਇਸੇ ਸਰਕਾਰ ਦੀ ਹਕੂਮਤ ਦੌਰਾਨ ਗਈ ਹੈ। ਐਡਵੋਕੇਟ ਜਨਰਲ ਲਾਉਣ ਅਤੇ ਹਟਾਉਣ ਦੇ ਸਾਰੇ ਪਿਛਲੇ ਰਿਕਾਰਡ ਤੋੜ ਦਿੱਤੇ ਹਨ। ਕਾਰਜਕਾਰੀ ਡੀਜੀਪੀ ਵੀ ਸਭ ਤੋਂ ਵੱਧ ਇਸੇ ਸਰਕਾਰ ਦੇ ਕਾਰਜਕਾਲ ਦੌਰਾਨ ਚੱਲ ਰਿਹਾ ਹੈ।

ਪੰਜਾਬ ਸਰਕਾਰ ਹੁਣੇ ਹੁਣੇ ਦੋ ਆਈ ਆਈਏਐਸ ਅਧਿਕਾਰੀਆਂ ਨੂੰ ਸਸਪੈਂਡ ਕਰਨ ਕਰਕੇ ਚਰਚਾ ਵਿੱਚ ਹੈ। ਕਮਲ ਕਿਸ਼ੋਰ ਯਾਦਵ ਅਤੇ ਜਸਪ੍ਰੀਤ ਸਿੰਘ ਆਈਏਐਸ ਨੂੰ ਘਰੇ ਤੋਰਨ ਨੂੰ ਸਮਾਰਟ ਫ਼ੋਨ ਮਾਮਲੇ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ। ਸਿਆਸਤ ਉੱਤੇ ਘੋਖਵੀਂ ਨਜ਼ਰ ਰੱਖਣ ਵਾਲੇ ਇਸ ਮਾਮਲੇ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਿਦੇਸ਼ ਫੇਰੀ ਦੀ ਇਜਾਜ਼ਤ ਨਾ ਮਿਲਣ ਨਾਲ ਦੇਖ ਕੇ ਜੋੜ ਰਹੇ ਹਨ। ਦੋ ਆਈਐਸ ਅਫਸਰਾਂ ਨੂੰ ਸਸਪੈਂਡ ਕਰਨ ਵੇਲੇ 11 ਮਹੀਨਿਆਂ ਤੋਂ ਖੂੰਜੇ ਲਾਈ ਰੱਖੇ ਇੱਕ ਹੋਰ ਸੀਨੀਅਰ ਅਧਿਕਾਰੀ ਗੁਰਕੀਰਤ ਕਿਰਪਾਲ ਸਿੰਘ ਨੂੰ ਅਹਿਮ ਜ਼ਿੰਮੇਵਾਰੀ ਦੇਣ ਦੇ ਫੈਸਲੇ ਨੇ ਵੀ ਹੈਰਾਨੀ ਵਿੱਚ ਪਾ ਦਿੱਤਾ ਹੈ। ਲੰਮਾ ਸਮਾਂ ਪਹਿਲਾਂ ਉਸ ਨੂੰ ਘਰ ਬਿਠਾਈ ਰੱਖਿਆ ਅਤੇ ਹੁਣ ਜਦੋਂ ਮਹਿਲਾਵਾਂ ਨੂੰ 1100 ਰੁਪਿਆ ਮਦਦ ਦੇਣ ਦਾ ਵੇਲਾ ਆਇਆ ਤਾਂ ਸਮਾਜਿਕ ਸੁਰੱਖਿਆ ਵਿਭਾਗ ਦੀ ਕਮਾਨ ਉਸ ਦੇ ਹੱਥ ਫੜਾ ਦਿੱਤੀ। ਮਾਰਚ ਦੇ ਅੱਧ ਨੂੰ ਪੰਜਾਬ ਇੰਡਸਟਰੀਅਲ ਸਬਮਿਟ ਕਰਾਇਆ ਜਾਣਾ ਹੈ, ਜਿਸ ਵਾਸਤੇ ਮੁੱਖ ਮੰਤਰੀ ਮਾਨ ਨੇ ਨੀਦਰਲੈਂਡ ਗੇੜਾ ਲਾਉਣਾ ਸੀ। ਕੇਂਦਰ ਸਰਕਾਰ ਵੱਲੋਂ ਮੁੱਖ ਮੰਤਰੀ ਨੂੰ ਵਿਦੇਸ਼ੀ ਦੌਰੇ ਲਈ ਇਜਾਜ਼ਤ ਵਾਲਾ ਪੱਤਰ ਹਾਲੇ ਲਮਕਦਾ ਰੱਖਿਆ ਗਿਆ ਹੈ। ਸਮਝਿਆ ਜਾ ਰਿਹਾ ਹੈ ਕਿ ਕਮਲ ਕਿਸ਼ੋਰ ਯਾਦਵ ਨੇ ਮੁੱਖ ਮੰਤਰੀ ਦੇ ਕੇਸ ਨੂੰ ਫਾਲੋਅਪ ਕਰ ਦਿੱਤਾ, ਜਿਸ ਕਰਕੇ ਉਸ ਨੂੰ ਗੁੱਸੇ ਦਾ ਸ਼ਿਕਾਰ ਹੋਣਾ ਪਿਆ ਹੈ। ਦੂਜੇ ਬੰਨੇ ਗੁਰਕੀਰਤ ਕਿਰਪਾਲ ਸਿੰਘ ਇਕ ਇਮਾਨਦਾਰ ਅਤੇ ਮਿਹਨਤੀ ਅਫ਼ਸਰ ਹੈ। ਉਹ ਅਹਿਮ ਜ਼ਿੰਮੇਵਾਰੀਆਂ ਲੈਣ ਲਈ ਲੇਲੜੀਆਂ ਨਹੀਂ ਕੱਢਦਾ। ਹੁਣ ਉਸ ਨੂੰ ਸਬਮਿਟ ਦੀ ਜ਼ਿੰਮੇਵਾਰੀ ਦੇਣਾ ਕਈ ਪਾਸਿਆਂ ਨੂੰ ਸੰਕੇਤ ਕਰਦਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੇ ਆਖ਼ਰੀ ਸਾਲ ਦੌਰਾਨ ਸਬਮਿੱਟ 'ਤੇ 1000 ਦੀ ਮਦਦ ਅਹਿਮ ਕੰਮ ਹਨ। ਜਿਸ ਅਫ਼ਸਰ ਨੂੰ 11 ਮਹੀਨੇ ਘਰ ਬਿਠਾ ਹੀ ਰੱਖਿਆ ਹੁਣ ਉਸ ਨੂੰ ਦੋਨੋਂ ਜ਼ਿੰਮੇਵਾਰੀਆਂ ਦਿੱਤੀਆਂ ਗਈਆਂ ਹਨ। ਨਾ ਜਾਣੇ ਉਸ ਨੇ ਸਰਕਾਰ ਦੀ ਹਾਮੀ ਵਿੱਚ ਹਾਮੀ ਭਰਨ ਦਾ ਭਰੋਸਾ ਦਿਵਾਇਆ ਹੈ ਜਾਂ ਫਿਰ ਸਭ ਤੋਂ ਪਾਵਰਫੁਲ ਮੰਤਰੀ ਸੰਜੀਵ ਅਰੋੜਾ ਦੀਆਂ ਫਾਈਲਾਂ ਨੂੰ ਪੌਂਜ ਦੇਣ ਦਾ ਰਸਤਾ ਲੱਭਿਆ ਹੈ। ਆਮ ਆਦਮੀ ਪਾਰਟੀ ਸਰਕਾਰ ਦੇ ਹੁਣ ਤੱਕ ਦੇ ਕਾਰਜਕਾਲ ਉੱਤੇ ਘੋਖ ਮਾਰੀਏ ਤਾਂ ਇੰਝ ਲੱਗਦਾ ਹੈ ਕਿ ਸਰਕਾਰ ਦਾ ਅਫ਼ਸਰਸ਼ਾਹੀ ਉੱਤੇ ਭਰੋਸਾ ਨਹੀਂ ਬਣ ਸਕਿਆ ਅਤੇ ਅਫਸਰਸ਼ਾਹੀ ਸਰਕਾਰ ਉੱਤੇ ਵਿਸ਼ਵਾਸ ਨਹੀਂ ਕਰ ਰਹੀ ਹੈ। ਇਹੋ ਵਜ੍ਹਾ ਹੈ ਕਿ ਅਫਸਰਸ਼ਾਹੀ ਨੂੰ ਮੁਅੱਤਲ ਕਰਨ ਦੀ ਰਫਤਾਰ ਰੁਕ ਨਹੀਂ ਰਹੀ ਹੈ।

ਆਮ ਆਦਮੀ ਪਾਰਟੀ ਦੀ ਸਰਕਾਰ ਹੁਣ ਤੱਕ ਪੰਜ ਆਈਏਐਸ ਅਤੇ 15 ਦੇ ਕਰੀਬ ਪੁਲਿਸ ਅਧਿਕਾਰੀਆਂ ਨੂੰ ਮੁਅੱਤਲ ਕਰ ਚੁੱਕੀ ਹੈ। ਪਿਛਲੀਆਂ ਸਰਕਾਰਾਂ ਦੇ ਮੁਕਾਬਲੇ ਆਮ ਆਦਮੀ ਪਾਰਟੀ ਦੇ ਰਾਜ ਦੌਰਾਨ ਸਭ ਤੋਂ ਵੱਧ ਮੁਅੱਤਲੀਆਂ ਹੋਈਆਂ ਹਨ। ਇਸੇ ਤਰ੍ਹਾਂ ਚਾਰ ਸਾਲਾਂ ਦੌਰਾਨ ਕਰੀਬ 20 ਆਈਏਐਸ ਅਫਸਰਾਂ ਨੂੰ ਲੰਮਾ ਸਮਾਂ ਹਵਾ ਵਿੱਚ ਲਟਕਾਈ ਰੱਖਿਆ ਹੈ। ਆਮ ਆਦਮੀ ਪਾਰਟੀ ਸਰਕਾਰ ਦੇ ਰਾਜ ਦੌਰਾਨ ਹੁਣ ਤੱਕ 10 ਆਈਐਸ ਅਫਸਰ ਕੇਂਦਰ ਵਿੱਚ ਡੈਪੂਟੇਸ਼ਨ 'ਤੇ ਜਾ ਚੁੱਕੇ ਹਨ ਜਦੋਂ ਕਿ ਕਰੀਬ ਦਰਜਨ ਆਈਏਐਸ ਅਫਸਰਾਂ ਨੂੰ ਸਰਕਾਰ ਨੇ ਦਸੰਬਰ 2005 ਵਿੱਚ ਏਸੀ ਆਰ ਵਿੱਚ ਡਾਊਨਗ੍ਰਿਡ ਦਿੱਤਾ ਹੈ। ਭਗਵੰਤ ਸਿੰਘ ਮਾਨ ਦੀ ਸਰਕਾਰ ਦੇ ਪਹਿਲੇ ਸਾਲ ਦਾ ਕਾਰਜਕਾਲ ਸਮਾਪਤ ਹੋਣ ਵੇਲੇ ਪੀਸੀਐਸ ਅਫਸਰ ਐਸੋਸੀਏਸ਼ਨ ਨੇ ਪੰਜ ਦਿਨਾਂ ਦੀ ਸਮੂਹਿਕ ਛੁੱਟੀ 'ਤੇ ਜਾਣ ਦਾ ਐਲਾਨ ਕੀਤਾ ਸੀ। ਬੇਸ਼ੱਕ ਮੁੱਖ ਮੰਤਰੀ ਭਗਵੰਤ ਮਾਨ ਨੇ ਸਖਤ ਐਕਸ਼ਨ ਲੈਣ ਦੇ ਐਲਾਨ ਮਗਰੋਂ ਐਸੋਸੀਏਸ਼ਨ ਨੇ ਰੁਖ ਬਦਲ ਲਿਆ ਪਰੰਤੂ ਦੋਹਾਂ ਧਿਰਾਂ ਵਿੱਚ ਕੌੜਕ ਵੱਧ ਗਈ। ਆਈਏਐਸ ਅਫਸਰ ਵੀ ਮੁੱਖ ਮੰਤਰੀ ਨਾਲ ਮੀਟਿੰਗ ਤੋਂ ਬਾਅਦ ਸੰਘਰਸ਼ ਤੋਂ ਰੁਕ ਗਏ ਸਨ। ਉਹਨਾਂ ਦਿਨਾਂ ਵਿੱਚ ਹੀ ਬਿਜਨਸ ਬਿਊਰੋ ਨੇ 2008 ਬੈਚ ਦੀ ਮਹਿਲਾ ਅਧਿਕਾਰੀ ਖਿਲਾਫ਼ ਕੇਸ ਦਰਜ ਕੀਤਾ ਸੀ, ਜਿਸ ਤੋਂ ਆਈਐਸ ਅਫਸਰ ਐਸੋਸੀਏਸ਼ਨ ਵੀ ਅੰਦਰੋਂ ਨਾਰਾਜ਼ ਹੋਈ ਸੀ। ਪੰਜਾਬ ਸਰਕਾਰ ਨੇ ਪਹਿਲੇ ਗੇੜ ਵਿੱਚ ਉਸ ਵਕਤ ਦੋ ਆਈਐਸ ਅਧਿਕਾਰੀ 31 ਅਗਸਤ 2023 ਨੂੰ ਮੁਅੱਤਲ ਕਰ ਦਿੱਤੇ ਸਨ। ਜਦੋਂ ਕਿ ਚੋਣਾਂ ਤੋਂ ਪਹਿਲਾਂ ਪੰਚਾਇਤਾਂ ਨੂੰ ਭੰਗ ਕੀਤੇ ਜਾਣ ਦੇ ਮਾਮਲੇ 'ਤੇ ਹਾਈਕੋਰਟ ਵਿੱਚੋਂ ਸਰਕਾਰ ਨੂੰ ਨਮੋਸ਼ੀ ਝੱਲਣੀ ਪਈ ਸੀ। ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਪ੍ਰਮੁੱਖ ਸਕੱਤਰ ਡੀ ਕੇ ਤਿਵਾੜੀ ਅਤੇ ਡਾਇਰੈਕਟਰ ਗੁਰਪ੍ਰੀਤ ਸਿੰਘ ਖਹਿਰਾ ਨੂੰ ਮੁਅੱਤਲ ਕੀਤਾ ਗਿਆ ਸੀ। ਉਹਨਾਂ ਤੋਂ ਮਗਰੋਂ ਮੁਕਤਸਰ ਦੇ ਡਿਪਟੀ ਕਮਿਸ਼ਨਰ ਰਜੇਸ਼ ਤਿਰਪਾਠੀ ਨੂੰ 17 ਫਰਵਰੀ ਨੂੰ ਮੁਅੱਤਲ ਕੀਤਾ ਗਿਆ। ਫਾਜ਼ਿਲਕਾ ਦੇ ਐਸਐਸਪੀ ਵਰਿੰਦਰ ਬਰਾੜ ਅਤੇ ਐਸ ਪੀ ਐਸ ਪਰਮਾਰ ਨੂੰ ਵੀ ਸਰਕਾਰ ਦੀ ਨਾਰਾਜ਼ਗੀ ਝੱਲਣੀ ਪਈ। ਵਿਜੀਲੈਂਸ ਦੇ ਮੁਖੀ ਰਹੇ ਵਰਿੰਦਰ ਕੁਮਾਰ ਵੀ ਸਰਕਾਰ ਦੀ ਨਰਾਜ਼ਗੀ ਤੋਂ ਬਚ ਨਾ ਸਕੇ।

ਹੁਣ 2003 ਬੈਚ ਦੇ ਆਈ ਅਧਿਕਾਰੀ ਕੇ ਯਾਦਵ ਅਤੇ ਸਾਲ 2014 ਬੈਚ ਦੇ ਅਧਿਕਾਰੀ ਜਸਪ੍ਰੀਤ ਸਿੰਘ ਨੂੰ ਮੁਅੱਤਲ ਕੀਤਾ ਗਿਆ ਹੈ। ਮਾਨ ਸਰਕਾਰ ਵੱਲੋਂ ਮੁਅੱਤਲ ਕੀਤੇ ਜਾਣ ਦੇ ਕਾਰਨ ਕੁਝ ਵੀ ਹੋਣ ਪ੍ਰੰਤੂ ਸਰਕਾਰ ਦੀ ਉੱਚ ਅਫਸਰਾਂ ਪ੍ਰਤੀ ਇਸ ਪਹੁੰਚ ਨੇ ਨੌਕਰਸ਼ਾਹੀ ਅਤੇ ਸੱਤਾ ਵਿਚਾਲੇ ਨਵਾਂ ਪਾੜਾ ਖੜ੍ਹਾ ਕਰ ਦਿੱਤਾ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਇਸ ਸਰਕਾਰ ਦੇ ਰਾਜ ਦੌਰਾਨ ਅਫਸਰ ਅਹਿਮ ਪੋਸਟ ਲੈਣ ਤੋਂ ਬਚਦੇ ਆ ਰਹੇ ਹਨ ਨਹੀਂ ਤਾਂ ਪਿਛਲੀਆਂ ਸਰਕਾਰਾਂ ਵੇਲੇ ਸਿਆਸੀ ਪਾਰਟੀਆਂ ਆਪਣੇ ਪੱਖੀਆਂ ਨੂੰ ਮਹੱਤਵਪੂਰਨ ਅਹੁਦੇ ਨਾਲ ਨਿਵਾਜ਼ਦੀਆਂ ਰਹੀਆਂ ਹਨ। ਕਈ ਜਿਹਨਾਂ ਦਾ ਹੱਥ ਨਹੀਂ ਸੀ ਪੈਂਦਾ ਉਹ ਅਹਿਮ ਮੁੱਦਾ ਲੈਣ ਲਈ ਤਰਲੋਮੱਛੀ ਹੁੰਦੇ ਦੇਖੇ ਗਏ ਸਨ। ਪੰਜਾਬ ਸਰਕਾਰ ਨੇ ਪਿਛਲੇ ਸਾਲ ਪੀਸੀਐਸ ਅਧਿਕਾਰੀਆਂ ਜੀ ਐਸ ਜੌਹਲ ਅਤੇ ਚਾਰੂਮਿਤਾ ਨੂੰ ਵੀ ਘਰੇ ਤੋਰਿਆ ਸੀ। ਇੱਕ ਹੋਰ ਜਾਣਕਾਰੀ ਅਨੁਸਾਰ ਚਾਰ ਦਰਜਨ ਦੇ ਕਰੀਬ ਅਧਿਕਾਰੀਆਂ ਨੂੰ ਨੌਕਰੀ ਤੋਂ ਬਰਖਾਸਤ ਕੀਤਾ ਗਿਆ ਹੈ।

ਹੈਰਾਨੀ ਦੀ ਗੱਲ ਇਹ ਹੈ ਕਿ ਬਿਨਾਂ ਪੋਸਟਿੰਗ ਤੋਂ ਸਮਾਂ ਦੇਖਣ ਵਾਲੇ ਆਈਐਸ ਅਫਸਰਾਂ ਵਿੱਚ ਕੁਮਾਰ ਸਿਨਹਾ ਸ਼ਾਮਲ ਹਨ ਜੋ 31 ਜਨਵਰੀ ਨੂੰ ਬਿਨਾਂ ਮਹਿਕਮੇ ਤੋਂ ਹੀ ਸੇਵਾ ਮੁਕਤ ਹੋ ਗਏ। ਵਧੀਕ ਮੁੱਖ ਸਕੱਤਰ ਵਿਕਾਸ ਪ੍ਰਤਾਪ ਹੁਣ ਵੀ ਹਵਾ ਵਿੱਚ ਲਟਕ ਗਏ ਹਨ। ਹਵਾ ਵਿੱਚ ਲਟਕਣ ਵਾਲਿਆਂ ਵਿੱਚ ਦਲੀਪ ਕੁਮਾਰ , ਰਾਹੁਲ ਭੰਡਾਰੀ, ਸਮੀਰ ਗੁਰਜਰ ਨੀਲ ਕੰਠ, ਅਜੋਏ ਸ਼ਰਮਾ, ਬਸੰਤ ਗਰਗ, ਕੇਪੀ ਬਰਾੜ, ਪੁਨੀਤ ਗੋਇਲ, ਨੀਲਮਾ, ਗਰੀਸ਼ ਦਿਆਲਨ, ਹਰਵੀਰ ਸਿੰਘ, ਅਮਿਤ ਤਲਵਾੜ ਅਤੇ ਜਤਿੰਦਰ ਜੋਰਵਾਲ ਦੇ ਨਾਂ ਸ਼ਾਮਿਲ ਹਨ। ਆਪ ਸਰਕਾਰ ਦੇ ਕਰੀਬ ਚਾਰ ਵਰ੍ਹਿਆਂ ਦੌਰਾਨ ਦਸ ਆਈ.ਏ. ਅਫਸਰ ਕੇਂਦਰੀ ਡੈਪੂਟੇਸ਼ਨ 'ਤੇ ਚਲੇ ਗਏ ਹਨ ਅਤੇ ਹੋਰ ਕਈ ਕੇਂਦਰ ਵਿੱਚ ਜਾਣ ਲਈ ਦੱਸੇ ਜਾ ਰਹੇ ਹਨ। ਕੇਂਦਰੀ ਡੈਪੂਟੇਸ਼ਨ 'ਤੇ ਜਾਣ ਵਾਲੇ ਅਫਸਰਾਂ ਵਿੱਚ ਅਨੁਰਾਗ ਅਗਰਵਾਲ, ਸੀਮਾ ਜੈਨ, ਈਸ਼ਾ ਕਾਲੀਆ, ਵਿੱਪਲ ਉਜਵਲ, ਸ਼ਰੂਤੀ ਸਿੰਘ, ਸੁਮੀਤ ਜਾਰੰਗਲ, ਕੈਸ਼ਯਪ ਅਤੇ ਕੁਮਾਰ ਸੌਰਵ ਰਾਜ ਦਾ ਨਾਂ ਸ਼ਾਮਲ ਹੈ । ਇੱਕ ਸੱਚ ਇਹ ਵੀ ਹੈ ਕਿ ਪੰਜਾਬ ਵਿੱਚ ਬਦਲਾਅ ਆਉਣ ਦੇ ਚਾਰ ਸਾਲ ਬਾਅਦ ਵੀ ਅਫ਼ਸਰਾਂ ਨੂੰ ਆਪਣੇ ਅਸਲੀ ਬੌਸ ਬਾਰੇ ਪਤਾ ਨਹੀਂ ਲੱਗ ਸਕਿਆ ਹੈ। ਹੁਕਮ ਕਿਸੇ ਹੋਰ ਦੇ ਚਲਦੇ ਹਨ ਫਾਈਲਾਂ 'ਤੇ ਦਸਤਖ਼ਤ ਕੋਈ ਹੋਰ ਕਰ ਰਿਹਾ ਹੈ। ਵਿਭਾਗ ਦਾ ਮੁਖੀ ਕੋਈ ਹੋਰ ਹੈ ਅਤੇ ਮੀਟਿੰਗਾਂ ਕੋਈ ਹੋਰ ਲੈ ਰਿਹਾ ਹੈ। ਇਸ ਦੇ ਚੱਲਦਿਆਂ ਭਗਵੰਤ ਮਾਨ ਦੀ ਅਫ਼ਸਰਸ਼ਾਹੀ ਉੱਤੇ ਮਜ਼ਬੂਤ ਪਕੜ ਨਹੀਂ ਬਣ ਸਕੀ। ਮੰਤਰੀ ਵਿਚਾਰੇ ਤਾਂ ਹੋਏ ਕਿਸ ਬਾਗ ਦੀ ਮੂਲੀ।

## ਸਾਬਕਾ ਅਕਾਊਂਟੈਂਟ ਕੋਹਲੀ ਨੂੰ ਜੇਲ੍ਹ ਭੇਜਿਆ, ਸਾਹਮਣੇ ਆਏ ਕਈ ਰਾਜ਼

ਅੰਮ੍ਰਿਤਸਰ, 9 ਫਰਵਰੀ (ਚ.ਨ.ਸ): ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲਾਪਤਾ 328 ਪਾਵਨ ਸਰੂਪਾਂ ਦੇ ਮਾਮਲੇ 'ਚ ਸ਼੍ਰੋਮਣੀ



ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਅਕਾਊਂਟੈਂਟ ਐਸਐਸ ਕੋਹਲੀ ਨੂੰ ਦੋ ਦਿਨਾਂ ਦੇ ਪ੍ਰੋਡਕਸ਼ਨ ਵਾਰੰਟ ਤੋਂ ਬਾਅਦ ਜੇਲ੍ਹ ਭੇਜ ਦਿੱਤਾ ਗਿਆ ਹੈ। ਪਤਾ ਲੱਗਿਆ ਹੈ ਕਿ ਐਸਆਈਟੀ ਵੱਲੋਂ ਮੁਲਜ਼ਮ ਤੋਂ ਪੁੱਛਗਿੱਛ 'ਚ ਕਈ ਰਾਜ਼ ਸਾਹਮਣੇ ਆਏ ਹਨ। ਜ਼ਿਕਰਯੋਗ ਹੈ ਕਿ ਥਾਣਾ ਸੀ-ਡਵੀਜ਼ਨ ਦੀ ਪੁਲਿਸ ਨੇ ਬੀਤੇ ਸਾਲ ਕੋਹਲੀ ਸਮੇਤ 16 ਮੁਲਜ਼ਮਾਂ ਖ਼ਿਲਾਫ਼ ਕੇਸ ਦਰਜ ਕੀਤਾ ਸੀ।

## ਸੜਕ ਹਾਦਸੇ 'ਚ ਮਾਂ-ਪੁੱਤ ਦੀ ਮੌਤ, ਪਤੀ ਗੰਭੀਰ ਜ਼ਖ਼ਮੀ

ਭਿੱਖੀਵਿੰਡ, 9 ਫਰਵਰੀ (ਚ.ਨ.ਸ): ਅੰਮ੍ਰਿਤਸਰ-ਖੇਮਕਰਨ ਹਾਈਵੇਅ 'ਤੇ ਸੈਕਰਡ ਹਾਰਡ ਸਕੂਲ ਨਜ਼ਦੀਕ ਕਾਰ ਤੇ ਟਰੈਕਟਰ-ਟਰਾਲੀ ਵਿਚਾਲੇ ਟੱਕਰ ਹੋ ਗਈ।ਹਾਦਸੇ ਵਿੱਚ ਕਾਰ ਸਵਾਰ ਮਾਂ-ਪੁੱਤ ਦੀ ਮੌਕੇ 'ਤੇ ਮੌਤ ਹੋ ਗਈ, ਜਦਕਿ ਕਾਰ ਚਾਲਕ ਗੰਭੀਰ ਜ਼ਖ਼ਮੀ ਹੋ ਗਿਆ।ਮ੍ਰਿਤਕਾਂ ਦੀ ਪਛਾਣ ਪ੍ਰਭਜੀਤ ਕੌਰ ਤੇ ਫ਼ਤਹਿ ਸਿੰਘ ਵਾਸੀ ਪਿੰਡ ਆਸਲ ਉਤਾੜ ਵਜੋਂ ਹੋਈ ਹੈ। ਦੁਖਦਾਈ ਘਟਨਾ ਮਗਰੋਂ ਇਲਾਕੇ ਵਿੱਚ ਸੋਗ ਹੈ।ਜਾਣਕਾਰੀ ਅਨੁਸਾਰ ਦਵਿੰਦਰ ਸਿੰਘ (30) ਪੁੱਤਰ ਕੁਲਦੀਪ ਸਿੰਘ, ਜੋ ਚੰਡੀਗੜ੍ਹ 'ਚ ਟੈਕਸੀ ਡਰਾਈਵਰ ਹੈ, ਬੀਤੀ ਰਾਤ ਡਿਜ਼ਾਇਰ ਕਾਰ 'ਤੇ ਪਤਨੀ ਪ੍ਰਭਜੀਤ ਕੌਰ ਤੇ ਲੜਕੇ ਫ਼ਤਹਿ ਸਿੰਘ (5) ਨਾਲ ਸਹੁਰੇ ਪਿੰਡ ਫਤਾਹਪੁਰ 'ਚ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਲਈ ਜਾ ਰਿਹਾ ਸੀ। ਇਸ ਦੌਰਾਨ ਉਸ ਦੀ ਕਾਰ ਅੱਗੇ ਜਾ ਰਹੇ ਟਰੈਕਟਰ-ਟਰਾਲੀ ਨਾਲ ਜਾ ਟਕਰਾਈ। ਹਾਦਸੇ 'ਚ ਪ੍ਰਭਜੀਤ ਕੌਰ ਤੇ ਫ਼ਤਹਿ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ



ਗਈ, ਜਦਕਿ ਦਵਿੰਦਰ ਸਿੰਘ ਨੂੰ ਨਾਜ਼ੁਕ ਹਾਲਤ ਵਿੱਚ ਇਲਾਜ ਲਈ ਨਿੱਜੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ।ਮ੍ਰਿਤਕਾਂ ਦੇ ਰਿਸ਼ਤੇਦਾਰ ਸਰਪੰਚ ਸੁਖਵਿੰਦਰ ਸਿੰਘ ਬੱਬੂ ਨੇ ਦੱਸਿਆ ਕਿ ਦਵਿੰਦਰ ਸਿੰਘ ਆਪਣੀ ਪਤਨੀ ਤੇ ਪੁੱਤਰ ਨਾਲ ਕਾਰ ਵਿੱਚ ਸਵਾਰ ਹੋ ਕੇ ਸਹੁਰੇ ਪਿੰਡ ਵਿਆਹ ਸਮਾਗਮ 'ਚ ਸ਼ਾਮਲ ਹੋਣ ਲਈ ਜਾ ਰਿਹਾ ਸੀ।ਰਸਤੇ ਵਿੱਚ ਉਸ ਦੀ ਕਾਰ ਮਿੱਟੀ ਨਾਲ ਭਰੀ ਟਰੈਕਟਰ-ਟਰਾਲੀ ਨਾਲ ਟਕਰਾ ਗਈ।ਹਾਦਸੇ 'ਚ ਪ੍ਰਭਜੀਤ ਕੌਰ ਤੇ ਉਸ ਦੇ ਪੰਜ ਸਾਲ ਦੇ ਪੁੱਤਰ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਦਵਿੰਦਰ ਸਿੰਘ ਜ਼ਖ਼ਮੀ ਹੋ ਗਿਆ।

## ਰੂਸ ਦੇ ਜਨਰਲ 'ਤੇ ਜਾਨਲੇਵਾ ਹਮਲੇ ਦਾ ਮੁਲਜ਼ਮ ਦੁਬਈ ਤੋਂ ਗ੍ਰਿਫ਼ਤਾਰ

ਮਾਸਕੋ, 9 ਫਰਵਰੀ (ਚ.ਨ.ਸ): ਰੂਸ ਦੇ ਸਿਖਰਲੇ ਫ਼ੌਜੀ ਜਨਰਲ 'ਤੇ ਜਾਨਲੇਵਾ ਹਮਲੇ ਦੇ ਮੁਲਜ਼ਮ ਨੂੰ ਦੁਬਈ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਰੂਸ ਦੇ ਸੁਰੱਖਿਆ ਅਧਿਕਾਰੀਆਂ ਤੇ ਪੜਤਾਲ ਕਰਨ ਵਾਲਿਆਂ ਨੇ ਐਤਵਾਰ ਨੂੰ ਦੱਸਿਆ ਕਿ ਮੁਲਜ਼ਮ ਲਿਊਬੋਮੀਰ ਕੋਰਬਾ ਰੂਸੀ ਨਾਗਰਿਕ ਹੈ ਤੇ ਹਮਲੇ ਤੋਂ ਬਾਅਦ ਦੁਬਈ ਭੱਜ ਗਿਆ ਸੀ। ਉਨ੍ਹਾਂ ਦੱਸਿਆ ਕਿ ਹਮਲਾਵਰ ਨੇ ਸ਼ੁੱਕਰਵਾਰ ਨੂੰ ਸਾਇਲੈਂਸਰ ਵਾਲੀ ਮਾਕਾਰੋਵ ਪਿਸਟਲ ਨਾਲ ਲੈਫਟੀਨੈਂਟ ਜਨਰਲ ਵਲਾਦੀਮੀਰ ਐਲੇਕਸੇਏਵ ਨੂੰ ਉੱਤਰੀ ਮਾਸਕੋ ਦੇ ਵੋਲੋਕੋਲਾਮਸਕ ਹਾਈਵੇ 'ਤੇ ਉਨ੍ਹਾਂ ਦੇ ਅਪਾਰਟਮੈਂਟ ਦੇ ਬਾਹਰ ਤਿੰਨ ਗੋਲੇ ਮਾਰੇ ਸਨ। 64 ਸਾਲਾ ਐਲੇਕਸੇਏਵ ਰੂਸੀ ਸੈਨਾ ਇੰਟੈਲੀਜੈਂਸ,/ਜੀਆਰਯੂ ਦੇ ਡਿਪਟੀ ਚੀਫ਼ ਹਨ।ਉਨ੍ਹਾਂ ਦਾ ਹਸਪਤਾਲ 'ਚ ਇਲਾਜ ਜਾਰੀ ਹੈ।ਅਧਿਕਾਰੀਆਂ ਨੇ ਦੱਸਿਆ ਕਿ ਸੋਵੀਅਤ ਦੌਰ ਦੇ ਯੂਕਰੇਨ ਸਥਿਤ ਟਰਨੋਪਿਲ ਖੇਤਰ 'ਚ 1960 'ਚ ਜਨਮੇ ਕੋਰਬਾ ਨੂੰ ਯੂਕਰੇਨੀ ਖੁਫੀਆ ਏਜੰਸੀ ਨੇ ਹਮਲੇ ਦਾ ਜ਼ਿੰਮੇਵਾਰ ਬਣਾਇਆ ਸੀ। ਹਾਲਾਂਕਿ, ਯੂਕਰੇਨ ਨੇ ਇਸ ਦੋਸ਼ ਨੂੰ ਨਕਾਰਿਆ ਹੈ। ਰੂਸੀ ਮੀਡੀਆ ਨੇ ਖੁਫੀਆ ਏਜੰਸੀ ਫੈਡਰਲ ਸਿਕਿਓਰਿਟੀ ਸਰਵਿਸ (ਐਫਐਸਬੀ) ਦੀ ਗ੍ਰਿਫ਼ਤ 'ਚ ਮੌਜੂਦ ਦੋਸ਼ੀ ਦਾ ਵੀਡੀਓ ਜਾਰੀ ਕੀਤਾ ਹੈ।ਦੋਸ਼ੀ ਦੀਆਂ ਅੱਖਾਂ 'ਤੇ ਪੱਟੀ ਬੰਨ੍ਹੀ ਹੋਈ ਸੀ। ਹਾਲਾਂਕਿ, ਇਹ ਸਪੱਸ਼ਟ ਨਹੀਂ ਹੋ ਸਕਿਆ ਹੈ ਕਿ ਯੂਏਈ 'ਚ ਦੋਸ਼ੀ ਨੂੰ ਕਿਵੇਂ ਗ੍ਰਿਫ਼ਤਾਰ ਕੀਤਾ ਗਿਆ।ਐਫਐਸਬੀ ਨੇ ਦੱਸਿਆ ਕਿ ਇਸ ਘਟਨਾ 'ਚ ਦੋ ਹੋਰ ਰੂਸੀ ਨਾਗਰਿਕਾਂ ਦੇ ਵੀ ਸ਼ਾਮਲ ਹੋਣ ਦੀ ਪੁਸ਼ਟੀ ਹੋਈ ਹੈ।ਇਨ੍ਹਾਂ ਦੀ ਪਛਾਣ ਵਿਕਟਰ ਵਾਸਿਨ ਤੇ



ਜ਼ਿਨੈਡਾ ਸੇਰੇਬਰਿਸਕਾਇਆ ਵਜੋਂ ਕੀਤੀ ਗਈ ਹੈ। ਵਿਕਟਰ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਜਦਕਿ ਜ਼ਿਨੈਡਾ ਯੂਕਰੇਨ ਚਲੀ ਗਈ ਹੈ।ਵਿਦੇਸ਼ ਮੰਤਰੀ ਸਰਗੇਈ ਲਾਵਰੋਵ ਨੇ ਇਸ ਹਮਲੇ ਨੂੰ ਯੂਕਰੇਨ ਵੱਲੋਂ ਕੀਤੀ ਗਈ ਅੱਤਵਾਦੀ ਘਟਨਾ ਦੱਸਿਆ ਸੀ, ਜੋ ਸ਼ਾਂਤੀ ਗੱਲਬਾਤ ਨੂੰ ਪੱਟੜੀ ਤੋਂ ਹਟਾ ਸਕਦੀ ਹੈ। ਰੂਸ ਨੇ ਯੂਕਰੇਨ 'ਚ ਹਮਲੇ ਵਧਾਏ, ਨਵੇਂ ਕਬਜ਼ੇ ਦਾ ਦਾਅਵਾ: ਅਮਰੀਕਾ ਵੱਲੋਂ ਯੂਕ੍ਰੇਨ ਤੇ ਰੂਸ ਨੂੰ ਪਿਛਲੇ ਚਾਰ ਸਾਲਾਂ ਤੋਂ ਚੱਲ ਰਹੇ ਯੁੱਧ ਨੂੰ ਖਤਮ ਕਰਨ ਲਈ ਜੂਨ ਤੱਕ ਦਾ ਸਮਾਂ ਦੇਣ ਤੋਂ ਬਾਅਦ ਦੋਹਾਂ ਪੱਖਾਂ ਦੇ ਵਿਚਕਾਰ ਟਕਰਾਅ ਤੇਜ਼ ਹੋ ਗਿਆ ਹੈ।ਏਪੀ ਦੇ ਅਨੁਸਾਰ ਇਸ ਦੌਰਾਨ ਰੂਸ ਨੇ ਪੂਰਬੀ ਯੂਕਰੇਨ 'ਚ ਭਿਆਨਕ ਹਵਾਈ ਹਮਲੇ ਕੀਤੇ, ਜਿਸ 'ਚ ਇੱਕ ਨਾਗਰਿਕ ਦੀ ਮੌਤ ਹੋ ਗਈ ਤੇ ਦੋ ਜ਼ਖ਼ਮੀ ਹੋ ਗਏ।ਰੂਸ ਨੇ ਇਹ ਹਮਲੇ ਯੂਕਰੇਨ ਦੇ ਡੋਨੇਤਸਕ ਖੇਤਰ ਦੇ ਕਾਮੇਂਟਰਸਕ 'ਚ ਕੀਤੇ।

## ਹਸਪਤਾਲ ਤੇ ਮਾਲ ਦੇ ਬਾਹਰ ਫਾਇਰਿੰਗ ਕਰਨ ਵਾਲੇ ਤਿੰਨ ਨੌਜਵਾਨ ਕਾਬੂ, ਦੋ ਨਾਬਾਲਗ ਸ਼ਾਮਲ

ਯਮੁਨਾਨਗਰ, 9 ਫਰਵਰੀ (ਚ.ਨ.ਸ): ਹਰਿਆਣਾ ਦੇ ਯਮੁਨਾਨਗਰ ਵਿੱਚ ਇੱਕ ਨਿੱਜੀ ਹਸਪਤਾਲ ਤੇ ਸ਼ਾਪਿੰਗ ਮਾਲ ਦੇ ਬਾਹਰ ਅੰਨ੍ਹੇਵਾਹ ਗੋਲੀਆਂ ਚਲਾਉਣ ਦੇ ਮਾਮਲੇ ਵਿੱਚ ਪੁਲਿਸ ਨੇ ਤਿੰਨ ਨੌਜਵਾਨਾਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਫੜੇ ਗਏ ਮੁਲਜ਼ਮਾਂ ਵਿੱਚ ਦੋ



ਨਾਬਾਲਗ ਹਨ, ਜਦਕਿ ਤੀਜੇ ਦੀ ਪਛਾਣ ਗੁਰਲਾਲ ਸਿੰਘ ਵਜੋਂ ਹੋਈ ਹੈ। ਪੁਲਿਸ ਅਨੁਸਾਰ ਇਹ ਘਟਨਾ ਸ਼ਨੀਵਾਰ ਰਾਤ ਦੀ ਹੈ, ਜਦੋਂ ਮੋਟਰਸਾਈਕਲ ਸਵਾਰ ਤਿੰਨ ਨੌਜਵਾਨਾਂ ਨੇ ਪਹਿਲਾਂ ਇੱਕ ਪ੍ਰਾਈਵੇਟ ਹਸਪਤਾਲ ਤੇ ਫਿਰ ਸਿਟੀ ਮਾਲ ਦੇ ਬਾਹਰ ਲਗਭਗ 17-18 ਰਾਊਂਡ ਫਾਇਰ ਕੀਤੇ। ਐਤਵਾਰ ਸਵੇਰੇ ਕਾਸਨਪੁਰ ਇਲਾਕੇ ਵਿੱਚ ਪੁਲਿਸ ਤੇ ਮੁਲਜ਼ਮਾਂ ਵਿਚਕਾਰ ਹੋਏ ਮੁਕਾਬਲੇ ਦੌਰਾਨ ਦੋ ਨੌਜਵਾਨ ਗੋਲੀ ਲੱਗਣ ਕਾਰਨ ਜ਼ਖ਼ਮੀ ਹੋ ਗਏ, ਜਦਕਿ ਤੀਜਾ ਮੋਟਰਸਾਈਕਲ ਤੋਂ ਡਿੱਗਣ ਕਾਰਨ ਜ਼ਖ਼ਮੀ ਹੋਇਆ।ਤਿੰਨਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਜ਼ਿਲ੍ਹਾ ਪੁਲਿਸ ਮੁਖੀ ਕਮਲ ਦੀਪ ਗੋਇਲ ਨੇ ਦੱਸਿਆ ਕਿ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਮਾਮਲਾ ਫਿਰੌਤੀ ਤੇ ਲੋਕਾਂ ਵਿੱਚ ਦਹਿਸ਼ਤ ਫੈਲਾਉਣ ਨਾਲ ਜੁੜਿਆ ਹੋਇਆ ਹੈ।ਹਸਪਤਾਲ ਦੇ ਸੰਚਾਲਕ ਨੂੰ ਪਹਿਲਾਂ ਵੀ ਅਣਪਛਾਤੇ ਗੈਂਗਸਟਰਾਂ ਵੱਲੋਂ ਧਮਕੀਆਂ ਮਿਲੀਆਂ ਸਨ।ਫੜੇ ਗਏ ਮੁਲਜ਼ਮ ਕਰਨਾਲ ਤੇ ਕੁਰੂਕਸ਼ੇਤਰ ਦੇ ਰਹਿਣ ਵਾਲੇ ਹਨ। ਪੁਲਿਸ ਨੇ ਇਨ੍ਹਾਂ ਕੋਲੋਂ ਦੋ ਪਿਸਤੌਲ ਬਰਾਮਦ ਕੀਤੇ ਹਨ ਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ਤਾਂ ਜੋ ਇਨ੍ਹਾਂ ਦੇ ਗੈਂਗਸਟਰਾਂ ਨਾਲ ਸਬੰਧਾਂ ਦਾ ਪਤਾ ਲਗਾਇਆ ਜਾ ਸਕੇ।

## ਰਮਨ ਬਹਿਲ ਨੇ ਪਿੰਡ ਬਾਜੇਚੱਕ, ਬੱਬਰੀ ਨੰਗਲ ਤੇ ਤਲਵੰਡੀ ਵਿਰਕ ਵਿਖੇ ਸੜਕ ਬਣਾਉਣ ਦਾ ਨੀਂਹ ਪੱਥਰ ਰੱਖਿਆ



ਗੁਰਦਾਸਪੁਰ, 9 ਫਰਵਰੀ (ਜਗੀਰ ਸਿੰਘ ਮੰਡ/ਨਾਹਰ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਬੁਨਿਆਦੀ ਢਾਂਚੇ ਦੇ ਸੁਧਾਰ ਲਈ ਲਗਾਤਾਰ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ। ਪਿੰਡਾਂ ਦੇ ਵਿਕਾਸ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ। ਇਸੇ ਲੜੀ ਤਹਿਤ ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਨੇ 94 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਬਾਜੇਚੱਕ, ਬੱਬਰੀ ਨੰਗਲ ਤੇ ਤਲਵੰਡੀ ਵਿਰਕ ਵਿਖੇ ਸੜਕ ਬਣਾਉਣ ਦਾ ਨੀਂਹ ਪੱਥਰ ਰੱਖ ਕੇ ਕੰਮ ਸ਼ੁਰੂ ਕਰਵਾਇਆ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸੁੱਚਾ ਸਿੰਘ ਮੁਲਤਾਨੀ ਸਮੇਤ ਪਿੰਡਾਂ ਦੇ ਪੰਚ ਸਰਪੰਚ ਮੌਜੂਦ ਸਨ।ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਪਿੰਡਾਂ ਦੀਆਂ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ ਤਾਂ ਜੋ ਰਾਹਗੀਰਾਂ ਨੂੰ ਕੋਈ ਦਿੱਕਤ ਨਾ ਆਵੇ।ਉਨ੍ਹਾਂ ਨੇ ਦੱਸਿਆ ਕਿ ਪਿੰਡ ਬਾਜੇਚੱਕ ਵਿਖੇ 27 ਲੱਖ ਰੁਪਏ, ਬੱਬਰੀ ਨੰਗਲ ਵਿਖੇ 27 ਲੱਖ ਰੁਪਏ ਤੇ ਪਿੰਡ ਤਲਵੰਡੀ ਵਿਰਕ ਵਿਖੇ 40 ਲੱਖ ਰੁਪਏ ਦੀ ਲਾਗਤ ਨਾਲ ਸੜਕ ਨਿਰਮਾਣ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਪਿੰਡਾਂ ਵਿਖੇ ਮੁੱਢਲੀਆਂ ਸਹੂਲਤਾਂ ਦੀ ਪੂਰਤੀ ਕਰਨ ਵਿਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀ ਸੋਚ ਹੈ ਕਿ ਪਿੰਡਾਂ ਤੇ ਸ਼ਹਿਰਾਂ ਵਿਚ ਵੱਧ ਤੋਂ ਵੱਧ ਵਿਕਾਸ ਪ੍ਰੋਜੈਕਟ ਉਲੀਕੇ ਜਾਣ ਤਾਂ ਜੋ ਪਿੰਡਾਂ ਤੇ ਸ਼ਹਿਰ ਵਿਕਾਸ ਦੀਆਂ ਲੀਹਾਂ ਤੋਂ ਵਾਂਝੇ ਨਾ ਰਹਿਣ।ਉਨ੍ਹਾਂ ਕਿਹਾ ਕਿ ਪਿੰਡਾਂ ਅੰਦਰ ਸੜਕਾਂ, ਗਲੀਆਂ, ਨਾਲੀਆਂ ਆਦਿ ਹਰ ਪੱਖੋਂ ਸਹੂਲਤਾਂ ਦੀ ਪੂਰਤੀ ਨਾਲ ਲੈਸ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਉਹ ਦਿਨ-ਰਾਤ ਲੋਕ ਭਲਾਈ ਕਾਰਜਾਂ ਵਿੱਚ ਲਗੇ ਹੋਏ ਹਨ ਤਾਂ ਜੋ ਲੋਕਾਂ ਨੂੰ ਸਰਕਾਰ ਦੀਆਂ ਸਕੀਮਾਂ ਤੇ ਯੋਜਨਾਵਾਂ ਦਾ ਲਾਹਾ ਮੁਹੱਈਆ ਕਰਵਾਇਆ ਜਾ ਸਕੇ।

## ਆਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ ਹੁਣ ਸਿਰਫ ਸੇਵਾ ਕੇਂਦਰਾਂ ਰਾਹੀਂ ਹੀ ਕੀਤਾ ਜਾ ਸਕਦੈ ਅਪਲਾਈ: ਡੀ.ਸੀ.

ਮੋਗਾ, 9 ਫਰਵਰੀ (ਗੁਰਦੇਵ ਖੁਰਾਣਾ/ਨਿਸ਼ੀ ਮਨਚੰਦਾ): ਪੰਜਾਬ ਸਰਕਾਰ ਵੱਲੋਂ ਆਸ਼ੀਰਵਾਦ ਸਕੀਮ ਨੂੰ ਹੋਰ ਪਾਰਦਰਸ਼ੀ ਤੇ ਸੁਚਾਰੂ ਬਣਾਉਣ ਲਈ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਆਸ਼ੀਰਵਾਦ ਪੋਰਟਲ ਨੂੰ ਸੇਵਾ ਕੇਂਦਰਾਂ ਨਾਲ ਜੋੜ ਦਿੱਤਾ ਗਿਆ ਹੈ।ਹੁਣ ਇਸ ਸਕੀਮ ਦਾ ਲਾਭ ਲੈਣ ਲਈ ਅਰਜ਼ੀਆਂ ਸਿਰਫ ਸੇਵਾ ਕੇਂਦਰਾਂ ਰਾਹੀਂ ਹੀ



ਦਾਖਲ ਕੀਤੀਆਂ ਜਾ ਸਕਣਗੀਆਂ, ਜਿਸ ਨਾਲ ਸਕੀਮ ਦੀ ਕਾਰਗੁਜ਼ਾਰੀ ਹੋਰ ਪ੍ਰਭਾਵਸ਼ਾਲੀ ਬਣੇਗੀ।ਇਸ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੇ ਦੱਸਿਆ ਕਿ ਆਸ਼ੀਰਵਾਦ ਸਕੀਮ ਅਧੀਨ ਹਰੇਕ ਜਾਤੀ ਦੀਆਂ ਲੜਕੀਆਂ ਨੂੰ 51 ਹਜ਼ਾਰ ਰੁਪਏ ਦੀ ਆਰਥਿਕ ਮਦਦ ਦਿੱਤੀ ਜਾਂਦੀ ਹੈ।ਇਸ ਤੋਂ ਇਲਾਵਾ ਇਸ ਸਕੀਮ ਤਹਿਤ ਵਿਧਵਾ ਮਹਿਲਾਵਾਂ ਦੀਆਂ ਲੜਕੀਆਂ ਤੇ ਵਿਧਵਾਵਾਂ ਜਾਂ ਤਲਾਕਸ਼ੁਦਾ ਲੜਕੀਆਂ ਨੂੰ ਉਨ੍ਹਾਂ ਦੇ ਮੁੜ ਵਿਆਹ ਸਮੇਂ 51 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇੱਕ ਪਰਿਵਾਰ ਦੀਆਂ ਦੋ ਲੜਕੀਆਂ ਇਸ ਸਕੀਮ ਦਾ ਲਾਭ ਲੈ ਸਕਦੀਆਂ ਹਨ। ਸਾਗਰ ਸੇਤੀਆ ਨੇ ਦੱਸਿਆ ਕਿ ਆਸ਼ੀਰਵਾਦ ਸਕੀਮ ਤਹਿਤ ਹੁਣ ਵਿਆਹ ਤੋਂ 60 ਦਿਨਾਂ ਦੇ ਅੰਦਰ ਫਾਈਲ ਆਨਲਾਈਨ ਕਰਵਾਈ ਜਾ ਸਕਦੀ ਹੈ, ਪਹਿਲਾਂ ਇਹ 30 ਦਿਨਾਂ ਦੇ ਅੰਦਰ ਆਨਲਾਈਨ ਕਰਵਾਉਣੀ ਜ਼ਰੂਰੀ ਸੀ।

## ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਣੇ ਹੈਲਥ ਕਾਰਡਾਂ ਨੇ ਕੰਮ ਕੀਤਾ ਸ਼ੁਰੂ

### ☛ਮਰੀਜ਼ ਆਪਣਾ ਕਰਵਾ ਰਹੇ ਨੇ ਮੁਫ਼ਤ ਇਲਾਜ: ਵਿਧਾਇਕ ਕਲਸੀ

ਬਟਾਲਾ, 9 ਫਰਵਰੀ (ਬਲਵਿੰਦਰ ਸਿੰਘ ਪੰਜਗਰਾਈਂ/ਜਗੀਰ ਸਿੰਘ ਮੰਡ/ਡਾ. ਸਤਨਾਮ ਸੰਧੂ): ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਕੈਸ਼ਲੈਸ ਬੀਮਾ ਦੇਣ ਲਈ ਲਗਾਏ ਗਏ ਕੈਂਪਾਂ ਵਿੱਚ ਲੋਕ ਹੈਲਥ ਕਾਰਡ ਬਣਾ ਰਹੇ ਹਨ ਤਾਂ ਜੋ ਲੋੜ ਪੈਣ 'ਤੇ ਉਨ੍ਹਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨਾਲ ਕੀਤੀ ਗਰੰਟੀ ਪੂਰੀ ਕਰਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕਰ ਦਿੱਤੀ ਹੈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਣੇ ਹੈਲਥ ਕਾਰਡਾਂ ਨੇ ਆਪਣਾ ਕੰਮ ਸ਼ੁਰੂ ਕਰ ਦਿੱਤਾ ਹੈ ਤੇ ਮਰੀਜ਼ ਆਪਣੇ ਇਲਾਜ ਸਰਕਾਰੀ ਹਸਪਤਾਲਾਂ ਦੇ ਨਾਲ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਕਰਵਾ ਰਹੇ ਹਨ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਗੁਰਦਾਸਪੁਰ ਨੰਗਲ ਦੇ ਵਸਨੀਕ ਸੁਲੱਖਣ ਸਿੰਘ ਨੂੰ ਦਿਲ ਦੀ ਬਿਮਾਰੀ ਸੀ।ਉਸ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹੈਲਥ ਕਾਰਡ ਬਣਾਇਆ ਗਿਆ ਤੇ ਰੰਧਾਵਾ ਹਸਪਤਾਲ ਸ੍ਰੀ ਅੰਮ੍ਰਿਤਸਰ ਤੋਂ ਆਪਣਾ ਇਲਾਜ ਕਰਵਾਇਆ। ਸੁਲੱਖਣ ਸਿੰਘ ਦੇ ਤਿੰਨ ਸਟੰਟ ਪਏ ਤੇ ਲੱਖਾਂ ਰੁਪਏ ਦੀ



ਰਾਹਤ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬਣੇ ਹੈਲਥ ਕਾਰਡ ਨਾਲ ਹੋਈ ਹੈ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇਸ ਸਿਹਤ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ।ਉਨ੍ਹਾਂ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ ਸਰਕਾਰ ਨੇ ਪਿੰਡਾਂ ਤੇ ਮੁਹੱਲਿਆਂ ਵਿੱਚ ਲਗਭਗ 1,000 ਮੁਹੱਲਾ ਕਲੀਨਿਕ ਬਣਾਏ ਹਨ। ਪਿਛਲੇ 75 ਸਾਲਾਂ ਵਿੱਚ ਸਾਰੀਆਂ ਸਰਕਾਰਾਂ ਨੇ ਮਿਲ ਕੇ ਸਿਰਫ਼ 400 ਪ੍ਰਾਇਮਰੀ ਹੈਲਥ ਸੈਂਟਰ ਖੋਲ੍ਹੇ ਹਨ ਤੇ ਹੋਰ 500 ਨਿਰਮਾਣ ਅਧੀਨ ਹਨ।ਅਗਲੇ ਚਾਰ ਤੋਂ ਪੰਜ ਮਹੀਨਿਆਂ ਵਿੱਚ 2500 ਪਿੰਡ ਕਲੀਨਿਕ ਖੋਲ੍ਹੇ ਜਾਣਗੇ।ਹਸਪਤਾਲ ਦੇ ਖਰਚਿਆਂ ਦੇ ਨਾਲ-ਨਾਲ ਡਾਇਗਨੋਸਟਿਕ ਸੇਵਾਵਾਂ ਨੂੰ ਵੀ ਇਸ ਸਕੀਮ ਅਧੀਨ ਸ਼ਾਮਲ ਕੀਤਾ ਗਿਆ ਹੈ ਤੇ ਕਿਹਾ ਕਿ ਕੋਈ ਵੀ ਨਾਗਰਿਕ ਹੁਣ ਪੰਜਾਬ ਜਾਨ ਚੰਡੀਗੜ੍ਹ ਦੇ ਕਿਸੇ ਵੀ ਸਰਕਾਰੀ ਜਾਂ ਨਿੱਜੀ ਹਸਪਤਾਲ ਵਿੱਚ ਮੁਫਤ ਇਲਾਜ ਕਰਵਾ ਸਕਦਾ ਹੈ।

## ਵਿਧਾਇਕ ਨੇ ਪਿੰਡ ਬਸੀ ਜਮਾਲ ਖਾਂ 'ਚ ਖੇਡ ਪਾਰਕ ਦਾ ਨੀਂਹ ਪੱਥਰ ਰੱਖਿਆ



ਹੁਸ਼ਿਆਰਪੁਰ, 9 ਫਰਵਰੀ (ਦੀਪਕ ਅਗਨੀਹੋਤਰੀ): ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਪਿੰਡ ਬਸੀ ਜਮਾਲ ਖਾਂ ਵਿੱਚ 21 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਆਧੁਨਿਕ ਖੇਡ ਪਾਰਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ।ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਸੂਬਾ ਸਰਕਾਰ ਪਿੰਡਾਂ ਵਿੱਚ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਤਾਂ ਜੋ ਨੌਜਵਾਨਾਂ ਨੂੰ ਬਿਹਤਰ ਸਹੂਲਤਾਂ ਮਿਲ ਸਕਣ ਤੇ ਉਨ੍ਹਾਂ ਨੂੰ ਸਕਾਰਾਤਮਕ ਦਿਸ਼ਾ ਵਿੱਚ ਅੱਗੇ ਵਧਣ ਦਾ ਮੌਕਾ ਮਿਲ ਸਕੇ।ਵਿਧਾਇਕ ਜਿੰਪਾ ਨੇ ਕਿਹਾ ਕਿ ਪ੍ਰਸਤਾਵਿਤ ਖੇਡ ਪਾਰਕ ਵਿੱਚ ਫੁੱਟਬਾਲ ਤੇ ਵਾਲੀਬਾਲ ਲਈ ਆਧੁਨਿਕ ਮੈਦਾਨ, ਬੱਚਿਆਂ ਲਈ ਸੁਰੱਖਿਅਤ ਤੇ ਆਕਰਸ਼ਕ ਖੇਡ ਮੈਦਾਨ, ਸਾਫ਼ ਪਖਾਨੇ ਤੇ ਹੋਰ ਜ਼ਰੂਰੀ ਸਹੂਲਤਾਂ ਵਿਕਸਿਤ ਕੀਤੀਆਂ ਜਾਣਗੀਆਂ।ਇਸ ਨਾਲ ਪਿੰਡ ਦੇ ਬੱਚਿਆਂ ਤੇ ਨੌਜਵਾਨਾਂ ਨੂੰ ਖੇਡ ਅਭਿਆਸ ਲਈ ਢੁੱਕਵੀਂ ਜਗ੍ਹਾ ਪ੍ਰਦਾਨ ਹੋਵੇਗੀ ਤੇ ਉਨ੍ਹਾਂ ਦੇ ਹੁਨਰ ਨੂੰ ਨਿਖਾਰਨ ਵਿੱਚ ਮਦਦ ਮਿਲੇਗੀ।ਇਸ ਮੌਕੇ 'ਤੇ ਸਰਪੰਚ ਜਤਿੰਦਰ ਪਾਲ ਸਿੰਘ, ਸੁਖਵਿੰਦਰ ਸਿੰਘ, ਜਗਤਾਰ ਸਿੰਘ, ਨੰਬਰਦਾਰ ਤਲਵਿੰਦਰ ਸਿੰਘ ਬਿੰਦੀ, ਨਿਰਮਲ ਸਿੰਘ ਤੇ ਹੀਰਾ ਸਿੰਘ ਸਮੇਤ ਹੋਰ ਪਤਵੰਤੇ ਵਿਅਕਤੀ ਮੌਜੂਦ ਸਨ।ਸਾਰਿਆਂ ਨੇ ਇਸ ਪਹਿਲਕਦਮੀ ਦਾ ਸਵਾਗਤ ਕੀਤਾ ਤੇ ਵਿਧਾਇਕ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਇਹ ਪ੍ਰੋਜੈਕਟ ਪਿੰਡ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ।

## ਵਿਦੇਸ਼ੀ ਪਰਿੰਦਿਆਂ ਦੀ ਚਹਿਚਹਾਟ ਨਾਲ ਗੂੰਜੀ ਰਾਮਸਰ ਸਾਈਟ ਪੌਂਗ ਡੈਮ

ਤਲਵਾੜਾ, 9 ਫਰਵਰੀ (ਜਗਮੋਹਨ ਸ਼ਰਮਾ): ਤਲਵਾੜਾ ਦੇ ਕੰਢੇ 'ਤੇ ਹਿਮਾਚਲ ਪ੍ਰਦੇਸ਼ ਦੀ ਅੰਤਰਰਾਸ਼ਟਰੀ ਰਾਮਸਰ ਵੈਟਲੈਂਡ ਪੌਂਗ ਡੈਮ ਝੀਲ ਇੱਕ ਵਾਰ ਫਿਰ ਵਿਦੇਸ਼ੀ ਪਰਿੰਦਿਆਂ ਦੀ ਚਹਿਚਹਾਟ ਨਾਲ ਗੂੰਜ ਉੱਠੀ ਹੈ।ਇਸ ਸਾਲ ਇੱਥੇ ਪ੍ਰਵਾਸੀ ਪੰਛੀਆਂ ਦੀ ਰਿਕਾਰਡ ਗਿਣਤੀ ਦਰਜ ਕੀਤੀ ਗਈ ਹੈ।ਵਣ ਜੀਵ ਵਿਭਾਗ ਵੱਲੋਂ ਕਰਵਾਈ ਗਈ ਸਾਲਾਨਾ ਗਿਣਤੀ ਦੌਰਾਨ 1 ਲੱਖ 24 ਹਜ਼ਾਰ 344 ਵਿਦੇਸ਼ੀ ਪੰਛੀਆਂ ਦੀ ਮੌਜੂਦਗੀ ਦਰਜ ਹੋਈ, ਜੋ ਹੁਣ ਤੱਕ ਦਾ ਸਭ ਤੋਂ ਵੱਡਾ ਅੰਕੜਾ ਹੈ। ਇਹ ਨਾ ਸਿਰਫ਼ ਵਾਤਾਵਰਨ ਲਈ ਸ਼ੁਭ ਸੰਕੇਤ ਹੈ, ਸਗੋਂ ਪੌਂਗ ਡੈਮ ਵਿੱਚ ਹੋ ਰਹੇ ਸਫ਼ਲ ਸੰਰੱਖਣ ਯਤਨਾਂ ਦਾ ਵੀ ਪ੍ਰਮਾਣ ਹੈ।**115 ਪ੍ਰਜਾਤੀਆਂ ਦੀ ਮੌਜੂਦਗੀ ਦਰਜ:** ਵਣ ਜੀਵ ਵਿਭਾਗ ਵੱਲੋਂ 30 ਤੇ 31 ਜਨਵਰੀ ਨੂੰ ਕੀਤੀ ਗਈ ਵਿਸਤ੍ਰਿਤ ਗਿਣਤੀ ਦੌਰਾਨ 115 ਵੱਖ-ਵੱਖ ਪ੍ਰਜਾਤੀਆਂ ਦੇ ਪਰਵਾਸੀ ਪੰਛੀ ਦਰਜ ਕੀਤੇ ਗਏ।ਮਾਹਿਰਾਂ ਅਨੁਸਾਰ ਇੰਨੀ ਵੱਡੀ ਗਿਣਤੀ ਇਹ ਦਰਸਾਉਂਦੀ ਹੈ ਕਿ ਪੌਂਗ ਡੈਮ ਪ੍ਰਵਾਸੀ ਪੰਛੀਆਂ ਲਈ ਇੱਕ ਸੁਰੱਖਿਅਤ ਤੇ ਅਨੁਕੂਲ ਠਹਿਰਾਉ ਸਥਾਨ ਬਣਿਆ ਹੋਇਆ ਹੈ।**ਬਾਰ-ਹੈਡਿਡ ਗੂਜ਼ ਦੀ ਸਭ ਤੋਂ ਵੱਧ ਗਿਣਤੀ:** ਹਰ ਸਾਲ ਦੀ ਤਰ੍ਹਾਂ ਇਸ ਵਾਰ



ਵੀ ਬਾਰ-ਹੈਡਿਡ ਗੂਜ਼ (ਕਲਹੰਸ) ਦੀ ਗਿਣਤੀ ਸਭ ਤੋਂ ਵੱਧ ਰਹੀ।ਗਿਣਤੀ ਅਨੁਸਾਰ 62,293 ਬਾਰ-ਹੈਡਿਡ ਗੂਜ਼ ਪੌਂਗ ਡੈਮ ਖੇਤਰ ਵਿੱਚ ਦਰਜ ਕੀਤੇ ਗਏ।ਇਹ ਪ੍ਰਜਾਤੀ ਮੱਧ ਏਸ਼ੀਆ ਤੇ ਤਿਬਤ ਖੇਤਰਾਂ ਤੋਂ ਹਜ਼ਾਰਾਂ ਕਿਲੋਮੀਟਰ ਦੀ ਦੂਰੀ ਤੈਅ ਕਰਕੇ ਇੱਥੇ ਪਹੁੰਚਦੀ ਹੈ।**25 ਸੈਕਟਰਾਂ ਵਿੱਚ ਵੰਡ ਕੇ ਹੋਈ ਗਿਣਤੀ:** ਸਹੀ ਤੇ ਭਰੋਸੇਯੋਗ ਅੰਕੜੇ ਇਕੱਠੇ ਕਰਨ ਲਈ ਵਣ ਜੀਵ ਵਿਭਾਗ ਨੇ ਪੌਂਗ ਡੈਮ ਅਭਿਆਰਣ ਨੂੰ 25 ਵੱਖ-ਵੱਖ ਸੈਕਟਰਾਂ ਵਿੱਚ ਵੰਡਿਆ।ਇਸ ਅਭਿਆਨ ਵਿੱਚ ਵਿਭਾਗੀ ਅਧਿਕਾਰੀਆਂ ਦੇ ਨਾਲ-ਨਾਲ ਵੱਖ-ਵੱਖ ਖੋਜ ਸੰਸਥਾਵਾਂ, ਸਵੈਸੇਵੀ ਸੰਸਥਾਵਾਂ ਤੇ ਪੰਛੀ ਵਿਗਿਆਨੀਆਂ ਨੇ ਵੀ ਭਾਗ ਲਿਆ।ਸਾਰੇ ਸੈਕਟਰਾਂ ਵਿੱਚ ਇੱਕੋ ਸਮੇਂ ਸਰਵੇ ਕਰਕੇ ਅੰਕੜੇ ਇਕੱਠੇ ਕੀਤੇ ਗਏ।ਡੀਐਫਓ ਵਾਇਲਡ ਲਾਈਫ ਧਰਮਸ਼ਾਲਾ ਸੰਜੀਵ ਸਿੰਘ ਨੇ ਦੱਸਿਆ ਕਿ ਇਸ ਸਾਲ 30 ਜਨਵਰੀ ਤੋਂ 2 ਫਰਵਰੀ ਤੱਕ ਗਿਣਤੀ ਅਭਿਆਨ ਚਲਾਇਆ ਗਿਆ।ਇੰਨੀ ਵੱਡੀ ਗਿਣਤੀ ਵਿੱਚ ਪ੍ਰਵਾਸੀ ਪੰਛੀਆਂ ਦਾ ਆਉਣਾ ਸਾਡੇ ਲਈ ਬਹੁਤ ਉਤਸ਼ਾਹਜਨਕ ਹੈ।ਆਉਣ ਵਾਲੇ ਸਮੇਂ ਵਿੱਚ ਉਨ੍ਹਾਂ ਦੇ ਸੰਰੱਖਣ ਤੇ ਕੁਦਰਤੀ ਆਵਾਸ ਨੂੰ ਸੁਰੱਖਿਅਤ ਬਣਾਉਣ ਲਈ ਨਿਗਰਾਨੀ ਤੇ ਸੰਰੱਖਣ ਉਪਾਇ ਹੋਰ ਮਜ਼ਬੂਤ ਕੀਤੇ ਜਾਣਗੇ।

## ਬਿਕਰਮ ਸਿੰਘ ਮਜੀਠੀਆ ਦੇ ਸਵਾਗਤ ਲਈ ਰਾਜਨਬੀਰ ਸਿੰਘ ਘੁਮਾਣ ਦੀ ਅਗਵਾਈ ਹੇਠ ਬਿਆਸ ਲਈ ਵਰਕਰਾਂ ਦਾ ਕਾਫ਼ਲਾ ਰਵਾਨਾ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 9 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਸ਼੍ਰੋਮਣੀ ਅਕਾਲੀ ਦਲ ਦੇ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਦੀ ਅਗਵਾਈ ਹੇਠ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਅਕਾਲੀ ਵਰਕਰਾਂ ਦਾ ਸੈਂਕੜਿਆਂ ਦੀ ਗਿਣਤੀ ਵਿੱਚ ਕਾਫ਼ਲਾ ਮਾਝੇ ਦੇ ਨਿਧੜਕ ਜਰਨੈਲ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਬਿਆਸ ਪਹੁੰਚਣ 'ਤੇ ਉਨ੍ਹਾਂ ਦੇ ਨਿੱਘੇ ਸਵਾਗਤ ਲਈ ਬਿਆਸ ਲਈ ਰਵਾਨਾ ਹੋਇਆ। ਇਸ ਮੌਕੇ ਹਲਕਾ ਇੰਚਾਰਜ ਸ੍ਰੀ ਹਰਿਗੋਬਿੰਦਪੁਰ ਸਾਹਿਬ ਰਾਜਨਬੀਰ ਸਿੰਘ ਘੁਮਾਣ ਨੇ ਆਖਿਆ ਕਿ ਅਕਾਲੀ ਵਰਕਰਾਂ ਵੱਡੀ ਗਿਣਤੀ ਵਿੱਚ ਕਾਫ਼ਲਾ ਬਿਕਰਮ ਸਿੰਘ ਮਜੀਠੀਆ ਦੇ ਨਿੱਘੇ ਸਵਾਗਤ ਲਈ ਰਵਾਨਾ ਹੋਇਆ ਹੈ। ਉਨ੍ਹਾਂ ਆਖਿਆ ਕਿ 2027 ਦੀਆਂ ਆਗਾਮੀ ਵਿਧਾਨ ਚੋਣਾਂ ਵਿੱਚ ਅਕਾਲੀ ਦਲ ਸ਼ਾਨਦਾਰ ਜਿੱਤ ਪ੍ਰਾਪਤ ਕਰੇਗਾ ਤੇ ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਬਣੇਗੀ ਤੇ ਪੰਜਾਬ ਦੇ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਬਣਨਗੇ। ਇਸ ਮੌਕੇ 'ਤੇ ਕੈਪਟਨ ਕੁਲਵਿੰਦਰ ਸਿੰਘ ਉਧਨਵਾਲ, ਸੁਲੱਖਣ ਸਿੰਘ ਬਾਠ ਘੁਮਾਣ, ਈਸ਼ਵਰ ਸਿੰਘ ਯਾਦਪੁਰ, ਸੁਖਬੀਰ ਸਿੰਘ ਯਾਦਪੁਰ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸਰਦੂਲ ਸਿੰਘ ਔਲਖ, ਜ਼ਿਲ੍ਹਾ ਯੂਥ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਭੋਮਾ, ਦਰਸ਼ਨ ਸਿੰਘ ਔਲਖ, ਸੂਬੇਦਾਰ ਗੁਰਨਾਮ ਸਿੰਘ ਮੰਡਿਆਲਾ, ਮਨਜਿੰਦਰ ਸਿੰਘ ਬੋਹਜਾ,



ਮੁਖਤਾਰ ਸਿੰਘ, ਜੁਗਰਾਜ ਸਿੰਘ, ਅਮਰੀਕ ਸਿੰਘ ਫੌਜੀ, ਸਰਪੰਚ ਗੁਰਮੇਜ ਸਿੰਘ ਮੰਡਿਆਲਾ, ਸਰਪੰਚ ਬਲਦੇਵ ਸਿੰਘ, ਸੀਨੀਅਰ ਆਗੂ ਦਿਲਬਾਗ ਸਿੰਘ ਕੋਟਲਾ, ਨੰਬਰਦਾਰ ਜਸਵੰਤ ਸਿੰਘ ਘੁਮਾਣ, ਸਰਪੰਚ ਹਰਜੀਤ ਸਿੰਘ ਪਰਮਾਰ, ਪ੍ਰਧਾਨ ਜਰਨੈਲ ਸਿੰਘ ਹਰਪੁਰਾ, ਹੀਰਾ ਸਿੰਘ ਵਾਲੀਆ ਕੰਡੀਲਾ, ਜੱਗੀ ਕਲੇਰ, ਯੁੱਧਬੀਰ ਸਿੰਘ ਕਲੇਰ, ਦਵਿੰਦਰ ਸਿੰਘ ਸਾਹ, ਮਾ. ਕੇਵਲ ਸਿੰਘ ਭੱਟੀਵਾਲ, ਡਾ. ਗੁਰਨੇਕ ਸਿੰਘ ਹਰਚੋਵਾਲ, ਹਰਦੀਪ ਸਿੰਘ ਵੈਰੋਨੰਗਲ, ਡਾ. ਜਸਬੀਰ ਸਿੰਘ ਸੱਲੋਚਾਹਲ, ਹਰਜੀਤ ਸਿੰਘ ਘੁਮਾਣ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਸਮਰਥਕ ਹਾਜ਼ਰ ਸਨ।

## 'ਯੁਵਾ ਆਪਦਾ ਮਿੱਤਰ' ਟ੍ਰੇਨਿੰਗ ਪ੍ਰੋਗਰਾਮ 'ਚ ਖੁੱਲ੍ਹੇ ਜ਼ਖ਼ਮ ਤੇ ਬੰਦ ਜ਼ਖ਼ਮਾਂ ਦੇ ਸਬੰਧ 'ਚ ਅਹਿਮ ਜਾਣਕਾਰੀ ਦਿੱਤੀ



ਦੀਨਾਨਗਰ, 9 ਫਰਵਰੀ (ਜਗੀਰ ਸਿੰਘ ਮੰਡ/ਡਾ. ਸਰੰਗਲ): ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਨਿਸਟਰੇਸ਼ਨ (ਮੈਗਸੀਪਾ) ਵੱਲੋਂ 11 ਫਰਵਰੀ ਤੱਕ ਯੁਵਾ ਆਪਦਾ ਮਿੱਤਰ ਟ੍ਰੇਨਿੰਗ ਪ੍ਰੋਗਰਾਮ ਐਸ.ਐਸ.ਐਮ. ਕਾਲਜ, ਦੀਨਾਨਗਰ, ਜ਼ਿਲ੍ਹਾ ਗੁਰਦਾਸਪੁਰ ਵਿਖੇ ਕਰਨਲ ਦਲਬੀਰ ਸਿੰਘ (ਹੈਡ ਆਫ਼ ਮਗਸੀਪਾ) ਦੀ ਅਗਵਾਈ ਹੇਠ ਕਰਵਾਈ ਜਾ ਰਹੀ ਹੈ।ਟ੍ਰੇਨਿੰਗ ਪ੍ਰੋਗਰਾਮ ਦੇ ਪੰਜਵੇਂ ਦਿਨ ਰਜਿਸਟਰਡ ਕੀਤੇ ਹੋਏ 200 ਐਨ.ਐਸ.ਐਸ ਤੇ ਐਨ.ਵਾਈ.ਕੇ.ਐਸ. ਦੇ ਵਲੰਟੀਅਰਜ਼ ਨੂੰ ਕੋਰਸ ਕੋਆਰਡੀਨੇਟਰ ਅੰਕੁਰ ਸ਼ਰਮਾ ਨੇ ਖੁੱਲ੍ਹੇ ਤੇ ਬੰਦ ਜ਼ਖ਼ਮਾਂ ਬਾਰੇ ਮੁੱਢਲੀ ਜਾਣਕਾਰੀ ਦਿੱਤੀ। ਇਸ ਮੌਕੇ ਹਰਪ੍ਰੀਤ ਸਿੰਘ, ਸੀ.ਜੇ.ਐਮ-ਕਮ ਸੈਕਰੇਟਰੀ ਡਿਸਟਰਿਕਟ ਲੀਗਲ ਸਰਵਿਸਿਜ਼ ਅਥਾਰਟੀ ਗੁਰਦਾਸਪੁਰ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿਨ੍ਹਾਂ ਵੱਲੋਂ ਬੱਚਿਆਂ ਨੂੰ ਆਪਦਾ ਸਬੰਧੀ ਟ੍ਰੇਨਿੰਗ ਲੈਣ ਲਈ ਹੋਰ ਉਤਸ਼ਾਹਿਤ ਕੀਤਾ ਗਿਆ ਤੇ ਭਵਿੱਖ ਲਈ ਵੀ ਮੋਟੀਵੇਸ਼ਨਲ ਲੈਕਚਰ ਦਿੱਤਾ।ਇਸ ਮੌਕੇ ਅੰਕੁਰ ਸ਼ਰਮਾ ਨੇ ਦੱਸਿਆ ਕਿ ਜਦੋਂ ਕਿਸੇ ਦੇ ਸਰੀਰ ਦਾ ਕੋਈ ਅੰਗ ਸਰੀਰ ਤੋਂ ਵੱਖ ਹੋ ਜਾਵੇ ਤਾਂ ਕਿਸ ਤਰ੍ਹਾਂ ਅਸੀਂ ਉਸ ਭਾਗ ਨੂੰ ਸੁਰੱਖਿਅਤ ਹਸਪਤਾਲ ਤੱਕ ਪਹੁੰਚਾ ਸਕਦੇ ਹਾਂ ਜਾਂ ਘਰ ਜਾਂ ਸੜਕ 'ਤੇ ਕੋਈ ਹਾਦਸਾ ਜੇਕਰ ਵਾਪਰ ਜਾਂਦਾ ਹੈ ਤਾਂ ਕਿਸ ਤਰ੍ਹਾਂ ਜ਼ਖ਼ਮੀ ਦਾ ਘਰੇਲੂ ਸਮਾਨ ਵਰਤ ਕੇ ਇਲਾਜ ਕਰਨਾ ਹੈ ਤਾਂ ਜੋ ਉਸ ਦੀ ਸੱਟ ਉਸ ਨੂੰ ਹੋਰ ਨੁਕਸਾਨ ਨਾ ਪਹੁੰਚਾਵੇ।ਵਲੰਟੀਅਰਾਂ ਨੂੰ ਲੋਡ ਸਟੇਬਲਾਈਜ਼ ਕਰਨ ਬਾਰੇ ਵੀ ਜਾਣਕਾਰੀ ਦਿੱਤੀ ਗਈ।ਇਸ ਮੌਕੇ ਐਸ.ਐਸ.ਐਮ. ਕਾਲਜ ਦੇ ਪ੍ਰਿੰਸੀਪਲ ਡਾ.ਆਰ.ਕੇ. ਤੁਲੀ, ਪਰਮਿੰਦਰ ਸੈਣੀ, ਜ਼ਿਲ੍ਹਾ ਗਾਈਡੈਂਸ ਕੌਂਸਲਰ ਕਮ ਜ਼ਿਲ੍ਹਾ ਨੋਡਲ ਅਫ਼ਸਰ, ਮੁਕੇਸ਼ ਵਰਮਾ, ਸਹਾਇਕ ਨੋਡਲ ਅਫ਼ਸਰ, ਪ੍ਰੋ. ਗਰੋਵਰ ਡੀਨ ਯੂਥ ਵੈਲਫੇਅਰ, ਪਵਨ ਭਾਰਦਵਾਜ, ਐਨ.ਐਸ.ਐਸ. ਇੰਚਾਰਜ ਸੁਸ਼ਮਾ ਤੇ ਸੁਬੀਰ ਆਦਿ ਤੋਂ ਇਲਾਵਾ ਇੰਸਟਰਕਟਰ ਪ੍ਰੀਤੀ ਦੇਵੀ ਸ਼ਾਨੂੰ, ਸ਼ਾਇਨਾ,ਆਯੂਸ਼, ਯੋਗੇਸ਼, ਆਦਿਤੀ, ਰਿਸ਼ਾ, ਦਵਿੰਦਰ ਕੌਰ ਸ਼ਾਮਲ ਸਨ।

## ਪੰਜਾਬ ਨੂੰ 'ਮੁੜ ਰੰਗਲਾ ਪੰਜਾਬ' ਬਣਾਉਣ ਲਈ ਨੌਜਵਾਨਾਂ ਨੂੰ ਸਮਾਜਿਕ ਬੁਰਾਈਆਂ ਤੋਂ ਦੂਰ ਕਰਕੇ ਖੇਡਾਂ ਨਾਲ ਜੋੜਿਆ ਜਾ ਰਿਹੈ: ਵਿਧਾਇਕ ਰੰਧਾਵਾ

ਡੇਰਾ ਬਾਬਾ ਨਾਨਕ, 9 ਫਰਵਰੀ (ਹੈਪੀ ਕੋਟਲੀ): ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਪਿੰਡ ਦਬੁਰਜੀ ਵਿਖੇ ਫੁੱਟਬਾਲ ਟੂਰਨਾਮੈਂਟ ਮੌਕੇ ਸ਼ਿਰਕਤ ਕਰਕੇ ਨੌਜਵਾਨ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।ਉਨ੍ਹਾਂ ਨੌਜਵਾਨਾਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੁੜਨ ਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਸਰੀਰਕ ਤੰਦਰੁਸਤੀ ਨਾਲ-ਨਾਲ ਅਨੁਸ਼ਾਸਨ ਤੇ ਸਕਾਰਾਤਮਕ ਸੋਚ ਨੂੰ ਵੀ ਮਜ਼ਬੂਤ ਕਰਦੀਆਂ ਹਨ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖਾਸ ਉਪਰਾਲੇ ਕਰ ਰਹੀ ਹੈ ਤੇ ਸੂਬੇ ਅੰਦਰ ਖੇਡ ਸੱਭਿਆਚਾਰ ਪ੍ਰਫੁਲਿਤ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਵਿੱਚ ਨੰਬਰ ਇੱਕ ਸੂਬਾ ਬਣਾਉਣ ਲਈ ਸਰਕਾਰ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ



'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਸੂਬੇ ਅੰਦਰ ਖਿਡਾਰੀਆਂ ਨੂੰ ਸ਼ਾਨਦਾਰ ਪਲੇਟਫਾਰਮ ਮੁਹੱਈਆ ਕਰਵਾਇਆ ਗਿਆ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਖਿਡਾਰੀਆਂ ਨੇ ਵੱਖ-ਵੱਖ ਖੇਡਾਂ ਵਿੱਚ ਭਾਗ ਲਿਆ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖਿਡਾਰੀਆਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਖਾਸ ਯਤਨ ਕੀਤੇ ਜਾ ਰਹੇ ਹਨ ਤੇ ਪੰਜਾਬ ਨੂੰ ਕਿ ਅਜਿਹੇ ਖੇਡ ਮੇਲੇ ਕਰਵਾਏ ਜਾਣ ਤਾਂ ਜੋ ਨੌਜਵਾਨਾਂ ਨੂੰ ਨਸ਼ਿਆਂ ਤੋਂ ਮੋੜ ਕੇ ਖੇਡਾਂ ਵੱਲ ਪ੍ਰੇਰਿਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਨੂੰ 'ਮੁੜ ਰੰਗਲਾ ਪੰਜਾਬ' ਬਣਾਉਣ ਲਈ ਨੌਜਵਾਨਾਂ ਨੂੰ ਸਮਾਜਿਕ ਬੁਰਾਈਆਂ ਤੋਂ ਦੂਰ ਕਰਕੇ ਖੇਡਾਂ ਨਾਲ ਜੋੜਿਆ ਜਾ ਰਿਹਾ ਹੈ। ਇਸ ਮੌਕੇ ਇਲਾਕੇ ਦੀਆਂ ਉੱਚ ਸ਼ਖ਼ਸੀਅਤਾਂ ਤੇ ਖਿਡਾਰੀ ਮੌਜੂਦ ਸਨ।

## ਭੂੰਗਾ ਹਸਪਤਾਲ 'ਚ ਸ਼ਾਰਟ ਸਰਕਟ ਨਾਲ ਅੱਗ ਲੱਗੀ, ਜਾਨੀ ਨੁਕਸਾਨ ਤੋਂ ਬਚਾਅ

ਹਰਿਆਣਾ, 9 ਫਰਵਰੀ (ਚੰਦਰ ਪ੍ਰਕਾਸ਼): ਅੱਜ ਭੂੰਗਾ ਸਰਕਾਰੀ ਹਸਪਤਾਲ ਵਿੱਚ ਉਸ ਸਮੇਂ ਮਰੀਜ਼ਾਂ ਵਿੱਚ ਹਫੜਾ ਦਫੜੀ ਮੱਚ ਗਈ, ਜਦੋਂ ਦੁਪਹਿਰੇ ਵੇਲੇ ਦੂਜੀ ਮੰਜ਼ਿਲ ਦੇ ਬੀ.ਈ.ਈ. ਰੂਮ ਵਿੱਚੋਂ ਅੱਗ ਦੀਆਂ ਲਪਟਾਂ ਨਿਕਲਦੀਆਂ ਦਿਖਾਈ ਦਿੱਤੀਆਂ। ਪ੍ਰਾਪਤ ਜਾਣਕਾਰੀ ਅਨੁਸਾਰ ਦੁਪਹਿਰ 1 ਵਜੇ ਦੇ ਕਰੀਬ ਹਸਪਤਾਲ ਦੀ ਦੂਜੀ ਮੰਜ਼ਿਲ ਦੇ ਰੂਮ ਵਿੱਚੋਂ ਧੂੰਆਂ ਵੱਡੀ ਮਾਤਰਾ ਵਿੱਚ ਬਾਹਰ ਨਿਕਲਦਾ ਦਿਖਾਈ ਦਿੱਤਾ, ਜਿਸ ਨਾਲ ਹਸਪਤਾਲ ਵਿੱਚ ਦਾਖਲ ਮਰੀਜ਼ ਸਹਿਮ ਗਏ, ਹਸਪਤਾਲ ਵਿੱਚ ਐਮਰਜੈਂਸੀ ਡਿਊਟੀ 'ਤੇ ਤੈਨਾਤ ਡਾ.ਨੀਤੇਸ ਮਹਾਜਨ ਵੱਲੋਂ ਸਟਾਫ ਮੈਂਬਰਾਂ ਨੂੰ ਨਾਲ ਲੈ ਕੇ ਲੱਗੀ ਅੱਗ ਵਾਲੇ ਰੂਮ ਦਾ ਦਰਵਾਜ਼ਾ ਤੋੜਿਆ ਗਿਆ। ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ ਗਈ, ਪਰ ਧੂੰਏਂ ਦੇ ਕਾਰਨ ਅੰਦਰ ਕੁੱਝ ਵੀ ਦਿਖਾਈ ਨਹੀਂ ਦੇ ਰਿਹਾ ਸੀ, ਫਿਰ ਉਨ੍ਹਾਂ ਨੇ ਰੂਮ ਦੇ ਬਾਹਰਲੇ ਪਾਸੇ ਤੋਂ ਖਿੜਕੀਆਂ ਦੇ ਸ਼ੀਸ਼ੇ ਤੋੜੇ, ਜਿਸ ਨਾਲ ਧੂੰਆਂ ਬਾਹਰ ਨਿਕਲਣ ਨਾਲ ਰੂਮ ਵਿੱਚ ਲੱਗੀ ਅੱਗ 'ਤੇ ਕਾਬੂ ਪਾਇਆ ਗਿਆ। ਡਾ.ਨੀਤੇਸ਼ ਮਹਾਜਨ ਨੇ ਦੱਸਿਆ ਕਿ ਅੱਗ ਨੂੰ ਬਝਾਉਣ ਲਈ ਫਾਇਰ ਬ੍ਰਿਗੇਡ ਨੂੰ ਫੋਨ ਕੀਤਾ ਗਿਆ, ਪਰ ਉਨ੍ਹਾਂ ਦੇ ਆਉਣ ਤੱਕ ਅੱਗ 'ਤੇ ਕਾਬੂ ਪਾ ਲਿਆ ਗਿਆ।ਉਨ੍ਹਾਂ ਨੇ ਦੱਸਿਆ ਕਿ ਅੱਗ ਨੂੰ ਕੰਟਰੋਲ ਕਰਨ ਸਮੇਂ ਮੁਲਾਜ਼ਮ ਨੂੰ ਸੱਟ ਲੱਗੀ ਤੇ ਸਾਨੂੰ ਧੂੰਆਂ ਵੀ ਚੜ੍ਹ ਗਿਆ, ਪਰ ਸਭ ਕੰਟਰੋਲ ਕਰ ਲਿਆ ਗਿਆ।ਜੇਕਰ ਸਮੇਂ ਸਿਰ ਅੱਗ 'ਤੇ ਕਾਬੂ ਨਾ ਪਾਇਆ ਜਾਂਦਾ ਤਾਂ ਕੋਈ ਵੱਡੀ ਘਟਨਾ ਵਾਪਰ ਸਕਦੀ ਸੀ। ਅੱਗ ਲੱਗਣ ਕਾਰਨ ਬੀ.ਈ.ਈ. ਰੂਮ ਵਿੱਚ ਰੱਖੇ ਕੰਪਿਊਟਰ ਤੇ ਹੋਰ ਸਮਾਨ ਸੜ ਕੇ ਸਵਾਹ ਹੋ ਗਿਆ। ਅੱਗ ਦੇ ਕਾਰਨਾਂ ਸਬੰਧੀ ਜਦੋਂ ਸੀਨੀਅਰ ਮੈਡੀਕਲ ਅਫ਼ਸਰ ਡਾ.ਸੁਦੇਸ਼ ਰਾਜਨ ਨਾਲ ਫੋਨ 'ਤੇ ਗੱਲਬਾਤ ਕੀਤੀ ਤਾਂ ਉਨ੍ਹਾਂ ਨੇ ਕਿਹਾ ਕਿ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਚੱਲ ਸਕਿਆ, ਕਿਉਂਕਿ ਐਤਵਾਰ ਛੁੱਟੀ ਹੋਣ ਕਾਰਨ ਭਲਕੇ ਇਸ ਦੇ ਕਾਰਨਾਂ ਦਾ ਪਤਾ ਲਗਾਇਆ ਜਾਵੇਗਾ।

## ਖੁਰਾਕ ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਵਿਭਾਗ ਵੱਲੋਂ ਰਾਸ਼ਨ ਕਾਰਡ ਸਬੰਧੀ ਜ਼ਰੂਰੀ ਸੂਚਨਾ

### ☛ਹਾਲ ਦੀ ਘੜੀ ਨਵੇਂ ਰਾਸ਼ਨ ਕਾਰਡ ਨਹੀਂ ਬਣ ਰਹੇ

ਬਟਾਲਾ, 9 ਫਰਵਰੀ (ਬਲਵਿੰਦਰ ਸਿੰਘ ਪੰਜਗਰਾਈਂ/ ਸਤਨਾਮ ਸਿੰਘ ਸੰਧੂ): ਖੁਰਾਕ ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਵਿਭਾਗ ਬਟਾਲਾ, ਗੁਰਦਾਸਪੁਰ ਵੱਲੋਂ ਸੂਚਿਤ ਕੀਤਾ ਗਿਆ ਹੈ ਕਿ ਹਾਲ ਦੀ ਘੜੀ ਵਿਭਾਗ ਵੱਲੋਂ (ਨੈਸ਼ਨਲ ਫੂਡ ਸਕਿਓਰਿਟੀ ਐਕਟ-2013) ਅਧੀਨ ਨਵੇਂ ਰਾਸ਼ਨ ਕਾਰਡ ਨਹੀਂ ਬਣਾਏ ਜਾ ਰਹੇ ਹਨ। ਜਦੋਂ ਵੀ ਦੁਬਾਰਾ ਨਵੇਂ ਰਾਸ਼ਨ ਕਾਰਡ ਬਣਾਉਣ ਦਾ ਕੰਮ ਸ਼ੁਰੂ ਹੋਵੇਗਾ ਤਾਂ ਵਿਭਾਗ ਵੱਲੋਂ ਸੂਚਿਤ ਕਰ ਦਿੱਤਾ ਜਾਵੇਗਾ।ਖੁਰਾਕ ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਵਿਭਾਗ ਬਟਾਲਾ ਦੇ ਅਧਿਕਾਰੀ ਰਾਜੇਸ਼ ਕੁਮਾਰ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਦੀਆ ਹਦਾਇਤਾਂ ਅਨੁਸਾਰ ਪੰਜਾਬ ਰਾਜ ਵਿੱਚ ਨੈਸ਼ਨਲ ਫੂਡ ਸਕਿਓਰਿਟੀ ਐਕਟ



2013 ਅਧੀਨ ਜਾਰੀ ਹੋਏ ਰਾਸ਼ਨ ਕਾਰਡ ਦੀ (ਈ.ਕੇ.ਵਾਈ.ਸੀ ) ਦਾ ਕੰਮ ਚੱਲ ਰਿਹਾ ਹੈ।ਸਮੂਹ ਲਾਭਪਾਤਰੀਆਂ ਨੂੰ ਸੂਚਿਤ ਕੀਤਾ ਜਾਦਾ ਹੈ ਕਿ ਹਰੇਕ ਲਾਭਪਾਤਰੀ ਦਾ (ਈ.ਕੇ.ਵਾਈ.ਸੀ) ਕਰਵਾਉਣਾ ਲਾਜ਼ਮੀ ਹੈ। ਜੋ ਲਾਭਪਾਤਰੀ ਨਿਯਤ ਸਮੇਂ ਵਿੱਚ (ਈ.ਕੇ.ਵਾਈ.ਸੀ) ਕਰਵਾਉਣ ਵਿੱਚ ਅਸਮਰਥ ਰਹਿੰਦੇ ਹਨ, ਉਨ੍ਹਾਂ ਨੂੰ ਭਵਿੱਖ ਵਿੱਚ ਰਾਸ਼ਨ ਮਿਲਣਾ ਬੰਦ ਹੋ ਸਕਦਾ ਹੈ।

## ਆਮ ਆਦਮੀ ਪਾਰਟੀ ਲੋਕਾਂ ਦੀ ਪਹਿਲੀ ਪਸੰਦ: ਜੋਬਨ ਰੰਧਾਵਾ

ਫਤਹਿਗੜ੍ਹ ਚੂੜੀਆਂ, 9 ਫਰਵਰੀ (ਰਾਜਨ ਸ਼ਰਮਾ): ਆਮ ਆਦਮੀ ਪਾਰਟੀ ਲੋਕਾਂ ਦੀ ਪਹਿਲੀ ਪਸੰਦ ਬਣ ਚੁੱਕੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਜੋਬਨ ਰੰਧਾਵਾ ਪਲਾਨਿੰਗ ਬੋਰਡ ਦੇ ਚੇਅਰਮੈਨ ਨੇ ਕੀਤਾ।ਗੱਲਬਾਤ ਦੌਰਾਨ ਜੋਬਨ ਰੰਧਾਵਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਇੱਕ ਵੱਡੀ ਤਾਕਤ ਬਣ ਚੁੱਕੀ ਹੈ। ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਅਰਵਿੰਦ ਕੇਜਰੀਵਾਲ ਨੇ ਜੋ ਵੀ ਲੋਕਾਂ ਨਾਲ ਵਾਅਦੇ ਕੀਤੇ ਸਨ ਉਹ ਇੱਕ-ਇੱਕ ਕਰਕੇ ਪੂਰੇ ਕੀਤੇ ਜਾ ਰਹੇ ਹਨ। ਜਿਸ ਕਾਰਨ ਸਰਕਾਰ ਦੀਆਂ ਨੀਤੀਆਂ ਤੇ ਕੰਮਾਂ ਤੋਂ ਖੁਸ਼ ਹੋ ਕੇ ਲੋਕ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ ਤੇ ਨਾਲ ਹੀ ਵਿਰੋਧੀਆਂ ਦੇ ਭੁਲੇਖੇ ਸਰਕਾਰ ਨੇ ਦੂਰ



ਕਰ ਦਿੱਤੇ ਹਨ ਤੇ ਬਹੁਤ ਸਾਰੇ ਪਿੰਡਾਂ ਵਿੱਚ ਲੱਖਾਂ ਰੁਪਏ ਦੇ ਵਿਕਾਸ ਕਾਰਜ ਚੱਲ ਰਹੇ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ।ਜੋਬਨ ਰੰਧਾਵਾ ਪਲਾਨਿੰਗ ਬੋਰਡ ਚੇਅਰਮੈਨ ਨੇ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਅੱਜ ਲੋਕਾਂ ਦੀ ਪਹਿਲੀ ਪਸੰਦ ਬਣ ਚੁੱਕੀ ਹੈ ਕਿਉਂਕਿ ਆਮ ਆਦਮੀ ਪਾਰਟੀ ਇੱਕ ਅਜਿਹੀ ਪਾਰਟੀ ਹੈ, ਜਿਸਨੇ ਹਰ ਵਿਅਕਤੀ ਨੂੰ ਪੂਰਾ ਮਾਣ ਸਨਮਾਨ ਦਿੱਤਾ ਹੈ ਤੇ ਨੌਜਵਾਨਾਂ ਨੂੰ ਵੱਡੀਆਂ ਨੁਮਾਇੰਦਗੀਆਂ ਦਿੱਤੀਆਂ ਹਨ। ਅਕਾਲੀ ਦਲ, ਕਾਂਗਰਸ ਤੇ ਭਾਜਪਾ 'ਤੇ ਵਰਦਿਆਂ ਜੋਬਨ ਰੰਧਾਵਾ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਦੀ ਸਿਆਸੀ ਜ਼ਮੀਨ ਪੰਜਾਬ ਅੰਦਰ ਪੂਰੀ ਤਰ੍ਹਾਂ ਖਤਮ ਹੋ ਚੁੱਕੀ ਹੈ ਤੇ ਇਹ ਲੋਕ ਸਿਰਫ ਝੂਠ ਫੈਲਾਅ ਕੇ ਸੱਤਾ ਵਿੱਚ ਆਉਣ ਦੇ ਸੁਪਨੇ ਦੇਖ ਰਹੇ ਹਨ ਲੇਕਿਨ ਇਨ੍ਹਾਂ ਦੇ ਨਕਾਰੇ ਹੋਏ ਲੀਡਰ ਇਹ ਗੱਲ ਚੰਗੀ ਤਰ੍ਹਾਂ ਸਮਝ ਲੈਣ ਕਿ ਇਹ ਲੋਕ ਪੰਜਾਬ ਦੀ ਸੱਤਾ 'ਤੇ ਨਜ਼ਰ ਨਹੀਂ ਆਉਣਗੇ। ਆਖਿਰ ਵਿੱਚ ਜੋਬਨ ਰੰਧਾਵਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸਿਹਤ ਸੁਰੱਖਿਆ ਨੂੰ ਲੈ ਕੇ ਜੋ 10 ਲੱਖ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਉਸਦੇ ਲਈ ਉਨ੍ਹਾਂ ਨੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ।

## ਯੁੱਧ ਨਸ਼ਿਆਂ ਵਿਰੁੱਧ ਤਹਿਤ ਸਰਕਾਰ ਨੇ ਦਿੱਤਾ ਮੁਲਾਜ਼ਮਾਂ ਨੂੰ ਜਜ਼ੀਆ ਕਰ ਦਾ ਤੋਹਫ਼ਾ

ਕੋਟ ਈਸੇ ਖਾਂ, 9 ਫਰਵਰੀ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਪੰਜਾਬ ਰਾਜ ਦੇ ਜ਼ਿਲ੍ਹਾ ਨਸ਼ਾ ਛੁਡਾਊ ਕੇਂਦਰ ਤੇ ਮੁੜ ਵਸੇਬਾ ਸੁਸਾਇਟੀ ਅਧੀਨ ਕੰਟਰੈਕਟ 'ਤੇ ਲੱਗੇ ਮੁਲਾਜ਼ਮਾਂ ਨੂੰ ਸਿਹਤ ਵਿਭਾਗ ਵੱਲੋਂ ਪਿਛਲੇ ਦਿਨੀਂ ਇੱਕ ਫ਼ਰਮਾਨ ਜਾਰੀ ਹੋਇਆ ਹੈ, ਜਿਸ ਵਿੱਚ ਪਿਛਲੇ ਸਮੇਂ ਤੋਂ ਪੰਜਾਬ ਸਟੇਟ ਡਿਵੈਲਪਮੈਂਟ ਟੈਕਸ 2018 ਅਧੀਨ ਆਉਂਦੇ ਕੰਟਰੈਕਟ ਮੁਲਾਜ਼ਮਾਂ ਦਾ 200/- ਰੁਪਏ ਪ੍ਰਤੀ ਮਹੀਨਾ ਕੱਟਣ ਈ-ਚਲਾਨ ਰਾਹੀਂ ਖਜ਼ਾਨੇ ਵਿੱਚ ਜਮ੍ਹਾਂ ਕਰਵਾਉਣ ਦੀ ਹਦਾਇਤ ਸਰਕਾਰ ਵੱਲੋਂ ਪ੍ਰਾਪਤ ਹੋਈ ਹੈ। ਜਿਸ ਨਾਲ ਕੰਟਰੈਕਟ 'ਤੇ ਲੱਗੇ ਮੁਲਾਜ਼ਮਾਂ 'ਚ ਰੋਸ ਦੀ ਲਹਿਰ ਹੈ ਤੇ ਨਸ਼ਾ ਛੁਡਾਊ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਪਰਮਿੰਦਰ ਸਿੰਘ ਵੱਲੋਂ ਇਸ ਦੀ ਨਿਖੇਧੀ ਕੀਤੀ ਹੈ ਤੇ ਨਾਲ ਹੀ ਸਰਕਾਰ ਨੂੰ ਬੇਨਤੀ ਕੀਤੀ ਹੈ ਕਿ ਇਸ ਵਿੱਚ ਮੁਲਾਜ਼ਮਾਂ ਦਾ ਕੋਈ ਦੋਸ਼ ਨਹੀਂ ਹੈ, ਬਲਕਿ ਇਹ ਵਿਭਾਗ ਦੀ ਨਕਾਮੀ ਹੈ ਕਿ ਉਨ੍ਹਾਂ ਨੇ ਪਹਿਲਾਂ ਇਹ ਟੈਕਸ ਨਹੀਂ ਕੱਟਿਆ। ਯੁੱਧ ਨਸ਼ਿਆਂ ਵਿਰੁੱਧ ਤਹਿਤ ਮੁਲਾਜ਼ਮ ਦਿਨ-ਰਾਤ ਪਹਿਲ ਦਰਜੇ ਦੇ ਸਿਪਾਹੀਆਂ ਵਾਂਗ ਨਸ਼ਾ ਛੁਡਾਊ ਕੇਂਦਰ ਤੇ ਓਟ ਕਲੀਨਿਕ ਵਿੱਚ ਨਿਰੰਤਰ ਸੇਵਾਵਾਂ ਦੇ ਰਹੇ ਹਨ ਤੇ ਸਰਕਾਰ



ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਤਨਦੇਹੀ ਨਾਲ ਆਪਣਾ ਯੋਗਦਾਨ ਪਾ ਰਹੇ ਹਨ ਤੇ ਸਰਕਾਰ ਨੇ ਉਨ੍ਹਾਂ ਨੂੰ ਇਹ ਇਨਾਮ ਦਿੱਤਾ। ਮੌਜੂਦਾ ਸਮੇਂ ਤੋਂ 200/- ਰੁਪਏ ਪ੍ਰਤੀ ਮਹੀਨਾ ਮੁਲਾਜ਼ਮ ਅਦਾਇਗੀ ਕਰਨ ਨੂੰ ਤਿਆਰ ਹਨ।ਕ੍ਰਿਪਾ ਕਰਕੇ ਰੇਟਰੋਸਪੈਕਟਿਵ ਰਿਕਵਰੀ ਨੂੰ ਬੰਦ ਕੀਤਾ ਜਾਵੇ, ਇਸ ਨਾਲ ਮੁਲਾਜ਼ਮ ਨੂੰ 18000 ਤੋਂ 20000 ਰੁਪਏ ਦਾ ਭਾਰੀ ਨੁਕਸਾਨ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜੇਕਰ ਸਰਕਾਰ ਮੁਲਾਜ਼ਮਾਂ ਦੀ ਇਸ ਬੇਨਤੀ ਨੂੰ ਪ੍ਰਵਾਨ ਨਹੀਂ ਕਰਦੀ ਤਾਂ ਆਉਣ ਵਾਲੇ ਸਮੇਂ ਵਿੱਚ ਮੁਲਾਜ਼ਮਾਂ ਨੂੰ ਮਜਬੂਰਨ ਸੰਘਰਸ਼ ਦਾ ਰਾਹ ਚੁਣਨਾ ਪਵੇਗਾ ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਦੀ ਹੋਵੇਗੀ।

# 'ਆਪਰੇਸ਼ਨ ਪ੍ਰਹਾਰ-2' ਤਹਿਤ ਖੰਨਾ ਪੁਲਿਸ ਨੇ 125 ਸ਼ੱਕੀਆਂ ਨੂੰ ਲਿਆ ਹਿਰਾਸਤ 'ਚ



ਲੁਧਿਆਣਾ, 9 ਫਰਵਰੀ (ਵਿਸ਼ਾਲ ਸ਼ਰਮਾ): ਪੰਜਾਬ ਸਰਕਾਰ ਵੱਲੋਂ ਅਪਰਾਧ, ਗੈਂਗਸਟਰਾਂ ਅਤੇ ਨਸ਼ਿਆਂ ਖ਼ਿਲਾਫ਼ ਸ਼ੁਰੂ ਕੀਤੇ ਗਏ ਆਪਰੇਸ਼ਨ ਪ੍ਰਹਾਰ-2 ਤਹਿਤ ਪੁਲਿਸ ਜ਼ਿਲ੍ਹਾ ਖੰਨਾ ਵਿੱਚ ਵੱਡੀ ਕਾਰਵਾਈ ਕੀਤੀ ਗਈ। ਇਸ ਮੁਹਿੰਮ ਦੇ ਪਹਿਲੇ ਹੀ ਦਿਨ ਕੁੱਝ ਘੰਟਿਆਂ ਦੇ ਅੰਦਰ ਖੰਨਾ ਪੁਲਿਸ ਦੀਆਂ ਵੱਖ-ਵੱਖ ਟੀਮਾਂ ਨੇ ਕਰੀਬ 125 ਸ਼ੱਕੀ ਵਿਅਕਤੀਆਂ ਨੂੰ ਹਿਰਾਸਤ ਵਿੱਚ ਲੈ ਕੇ ਅਪਰਾਧੀਆਂ ਵਿੱਚ ਹੜਕੰਪ ਮਚਾ ਦਿੱਤਾ ਹੈ। ਇਹ ਕਾਰਵਾਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਖ਼ਤ ਨਸ਼ਾ ਵਿਰੋਧੀ ਨੀਤੀ, ਡੀ.ਜੀ.ਪੀ ਗੌਰਵ ਯਾਦਵ ਦੀ ਮਜ਼ਬੂਤ ਰਣਨੀਤੀ ਅਤੇ ਖੰਨਾ ਦੇ ਐਸ.ਐਸ.ਪੀ ਡਾ. ਦਰਪਨ ਆਹਲੂਵਾਲੀਆ ਦੀ ਮੈਦਾਨੀ ਅਗਵਾਈ ਦਾ ਸ਼ਾਨਦਾਰ ਨਤੀਜਾ ਮੰਨੀ ਜਾ ਰਹੀ ਹੈ। ਆਪਰੇਸ਼ਨ ਪ੍ਰਹਾਰ-2 ਦੇ ਤਹਿਤ ਖੰਨਾ, ਪਾਇਲ ਅਤੇ ਸਮਰਾਲਾ ਦੀਆਂ ਤਿੰਨ ਸਬ ਡਵੀਜ਼ਨਾਂ ਵਿੱਚ ਇਕੋ ਸਮੇਂ 151 ਥਾਵਾਂ 'ਤੇ ਛਾਪੇਮਾਰੀ ਕੀਤੀ ਗਈ। ਪੁਲਿਸ ਦੀਆਂ ਕਈ ਟੀਮਾਂ ਨੇ ਪੂਰੀ ਯੋਜਨਾ ਅਤੇ ਗੁਪਤ ਸੂਚਨਾਵਾਂ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਗੈਂਗਸਟਰਾਂ, ਨਸ਼ਾ ਤਸਕਰਾਂ ਅਤੇ ਹੋਰ ਅਪਰਾਧੀ ਤੱਤਾਂ ਨੂੰ ਨਿਸ਼ਾਨਾ ਬਣਾਇਆ। ਇਸ ਦੌਰਾਨ 3 ਸਰਗਰਮ ਗੈਂਗਸਟਰ ਗ੍ਰਿਫ਼ਤਾਰ ਕੀਤੇ ਗਏ, 45 ਲੋੜੀਂਦੇ ਅਪਰਾਧੀ ਫੜੇ ਗਏ, 46 ਵਿਅਕਤੀਆਂ ਨੂੰ ਅਪਰਾਧ ਰੋਕੂ ਕਾਰਵਾਈ ਤਹਿਤ ਹਿਰਾਸਤ ਵਿੱਚ ਲਿਆ ਗਿਆ, 2 ਕੇਸਾਂ ਦੇ ਭਗੌੜੇ ਕਾਬੂ ਕੀਤੇ ਗਏ ਅਤੇ 29 ਹੋਰ ਸ਼ੱਕੀ ਵਿਅਕਤੀਆਂ ਨੂੰ ਪੁੱਛਗਿੱਛ ਲਈ ਹਿਰਾਸਤ ਵਿੱਚ ਲਿਆ ਗਿਆ। ਇਸ ਤਰ੍ਹਾਂ ਕੁੱਲ 125 ਲੋਕਾਂ 'ਤੇ ਕਾਰਵਾਈ ਹੋਈ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਨਸ਼ਾ ਮੁਕਤ ਅਤੇ ਅਪਰਾਧ ਮੁਕਤ ਪੰਜਾਬ ਬਣਾਉਣ ਲਈ ਲਗਾਤਾਰ ਸਖ਼ਤ ਫ਼ੈਸਲੇ ਲਏ ਜਾ ਰਹੇ ਹਨ। ਉਨ੍ਹਾਂ ਦੀ ਦੂਰਦਰਸ਼ੀ ਸੋਚ ਅਤੇ ਸਖ਼ਤ ਨੀਤੀ ਦਾ ਨਤੀਜਾ ਹੈ ਕਿ ਪੁਲਿਸ ਹੁਣ ਪੂਰੇ ਜੋਸ਼ ਨਾਲ ਮੈਦਾਨ ਵਿੱਚ ਉਤਰ ਕੇ ਅਪਰਾਧੀਆਂ ਖ਼ਿਲਾਫ਼ ਕਾਰਵਾਈ ਕਰ ਰਹੀ ਹੈ। ਆਪਰੇਸ਼ਨ ਪ੍ਰਹਾਰ-2 ਇਸੇ ਸੋਚ ਦਾ ਪ੍ਰਤੀਕ ਹੈ, ਜਿਸ ਨਾਲ ਪੰਜਾਬ ਭਰ ਵਿੱਚ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਪੰਜਾਬ ਪੁਲਿਸ ਦੇ ਡੀ.ਜੀ.ਪੀ ਸ੍ਰੀ ਗੌਰਵ ਯਾਦਵ ਦੀ ਸਖ਼ਤ ਨਿਗਰਾਨੀ ਅਤੇ ਸੁਚੱਜੀ ਰਣਨੀਤੀ ਨੇ ਇਸ ਮੁਹਿੰਮ ਨੂੰ ਕਾਮਯਾਬ ਬਣਾਇਆ। ਉਨ੍ਹਾਂ ਵੱਲੋਂ ਸੂਬੇ ਭਰ ਦੀ ਪੁਲਿਸ ਨੂੰ ਇਕਸਾਰ ਦਿਸ਼ਾ-ਨਿਰਦੇਸ਼ ਦੇ ਕੇ ਅਪਰਾਧ ਅਤੇ ਨਸ਼ਿਆਂ ਖ਼ਿਲਾਫ਼ ਜ਼ੀਰੋ ਟੋਲਰੈਂਸ ਨੀਤੀ ਲਾਗੂ ਕੀਤੀ ਗਈ, ਜਿਸ ਦਾ ਸਪੱਸ਼ਟ ਅਸਰ ਖੰਨਾ ਵਿੱਚ ਕੀਤੀ ਗਈ ਇਸ ਵੱਡੀ ਕਾਰਵਾਈ ਰੂਪ ਵਿੱਚ ਸਾਹਮਣੇ ਆਇਆ। ਖੰਨਾ ਦੇ ਐਸ.ਐਸ.ਪੀ ਡਾ. ਦਰਪਨ ਆਹਲੂਵਾਲੀਆ ਦੀ ਮਜ਼ਬੂਤ ਕਮਾਂਡ ਅਤੇ ਮੈਦਾਨੀ ਅਗਵਾਈ ਇਸ ਸਫਲਤਾ ਦੀ ਮੁੱਖ ਕੁੰਜੀ ਰਹੀ। ਉਨ੍ਹਾਂ ਨੇ ਖੁਦ ਪੂਰੀ ਕਾਰਵਾਈ ਦੀ ਨਿਗਰਾਨੀ ਕਰਦਿਆਂ ਹਰ ਟੀਮ ਨੂੰ ਸਪੱਸ਼ਟ ਦਿਸ਼ਾ ਦਿੱਤੀ।

# ਐਕਸੀਅਨ ਦਫ਼ਤਰ ਜਗਰਾਓਂ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ

## ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸਰਬੱਤ ਦੇ ਭਲੇ ਲਈ ਉਪਰਾਲਾ ਸ਼ਲਾਘਾਯੋਗ : ਪ੍ਰੋ. ਸੁਖਵਿੰਦਰ ਸਿੰਘ



ਜਗਰਾਓਂ, 9 ਫਰਵਰੀ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਸਮੂਹ ਬਿਜਲੀ ਮੁਲਾਜ਼ਮਾਂ, ਅਧਿਕਾਰੀਆਂ ਤੇ ਪੈਨਸ਼ਨਰਜ਼ ਐਸੋਸ਼ੀਏਸ਼ਨ ਵੱਲੋਂ ਹਰ ਸਾਲ ਦੀ ਤਰ੍ਹਾਂ ਮੁਲਾਜ਼ਮਾਂ ਤੇ ਅਧਿਕਾਰੀਆਂ ਦੀ ਤੰਦਰੁਸਤੀ ਅਤੇ ਸਰਬੱਤ ਦੇ ਭਲੇ ਲਈ ਐਕਸੀਅਨ ਇੰਜ:ਗੁਰਪ੍ਰੀਤਮਹਿੰਦਰ ਸਿੰਘ ਸਿੱਧੂ ਦੀ ਅਗਵਾਈ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਅਖੰਡ ਪਾਠ ਸਹਿਬ ਦੇ ਅੱਜ ਭੋਗ ਪਾਏ ਗਏ। ਇਸ ਮੌਕੇ ਭਾਈ ਰਣਜੀਤ ਸਿੰਘ ਖਾਲਸਾ ਵੱਲੋਂ ਗੁਰੂ ਸਾਹਿਬਾਂ ਵੱਲੋਂ ਬਖਸ਼ੇ ਹੁਕਮਨਾਮੇ ਦਾ ਵਖਿਆਨ ਕਰਦਿਆਂ ਵਾਹਿਗੁਰੂ ਦੀ ਰਜ਼ਾ ਵਿੱਚ ਰਹਿਣ ਅਤੇ ਸੱਚੇ ਮਾਰਗ 'ਤੇ ਚੱਲਣ ਦਾ ਸੁਨੇਹਾ ਦਿੱਤਾ। ਇਸ ਮੌਕੇ ਕੇਂਦਰੀ ਜ਼ੋਨ ਲੁਧਿਆਣਾ ਦੇ ਮੁੱਖ ਇੰਜਨੀਅਰ ਇੰਜ:ਜਗਦੇਵ ਸਿੰਘ ਹਾਂਸ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਅਤੇ ਐਕਸੀਅਨ ਇੰਜ:ਗੁਰਪ੍ਰੀਤਮਹਿੰਦਰ ਸਿੰਘ ਸਿੱਧੂ ਵੱਲੋਂ ਸਮੂਹ ਸੰਗਤਾਂ ਦਾ ਸਤਿਕਾਰ ਕਰਦਿਆਂ ਧੰਨਵਾਦ ਕੀਤਾ ਗਿਆ ਤੇ ਸਟੇਜ਼ ਦਾ ਸੰਚਾਲਨ ਪਰਮਜੀਤ ਸਿੰਘ ਚੀਮਾਂ ਵੱਲੋਂ ਬਾਖੂਬੀ ਨਿਭਾਇਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਿਪਟੀ ਚੀਫ਼ ਸਬਅਰਬਨ ਹਲਕਾ ਲੁਧਿਆਣਾ ਇੰਜ:ਜਸਵਿੰਦਰ ਸਿੰਘ, ਐਸ.ਈ.ਹੈਡ ਕੁਆਰਟਰ ਇੰਜ:ਜਸਪ੍ਰੀਤ ਸਿੰਘ ਸਰਾਂ, ਐਸ.ਈ.ਫਿਰੋਜ਼ਪੁਰ ਇੰਜ:ਧਰਮਪਾਲ, ਸਾਬਕਾ ਵਿਧਾਇਕ ਐਸ.ਆਰ.ਕਲੇਰ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਹਰਿੰਦਰਜੀਤ ਸਿੰਘ ਚਾਹਲ, ਐਕਸੀਅਨ ਮਨਿੰਦਰ ਕੁਮਾਰ ਲਲਤੋਂ, ਐਕਸੀਅਨ ਕੁਲਵੰਤ ਸਿੰਘ ਰਾਏਕੋਟ, ਨਗਰ ਕੌਂਸਲ ਪ੍ਰਧਾਨ ਕੰਵਰਪਾਲ ਸਿੰਘ, ਮੀਤ ਪ੍ਰਧਾਨ ਜਗਜੀਤ ਸਿੰਘ ਜੱਗੀ, ਸਾਬਕਾ ਪ੍ਰਧਾਨ ਅਮਰਜੀਤ ਸਿੰਘ ਮਾਲਵਾ, ਦੀਦਾਰ ਸਿੰਘ ਮਲਕ, ਕੌਂਸਲਰ ਸਤੀਸ਼ ਕੁਮਾਰ ਪੱਪੂ, ਸਾਜਨ ਮਲਹੋਤਰਾ, ਕੁਲਵੰਤ ਸਿੰਘ ਪੋਨਾਂ, ਲਾਡੀ ਤੂਰ ਪੰਚ, ਜਗਰੂਪ ਸਿੰਘ ਟਾਰਜਨ, ਮਾ.ਪਰਮਿੰਦਰ ਸਿੰਘ ਗਿੱਦੜਵਿੰਡੀ, ਨਿਰਭੈ ਸਿੰਘ ਅਲੀਗੜ੍ਹ, ਹਰਚਰਨ ਸਿੰਘ ਤੂਰ, ਐਡਵੋਕੇਟ ਕਰਮ ਸਿੰਘ, ਸੁਖਮਿੰਦਰ ਸਿੰਘ ਵਜਾਨੀਆਂ, ਜੁਗਿੰਦਰ ਕੁਮਾਰ ਚੀਮਨਾਂ, ਜਗਰੂਪ ਸਿੰਘ ਰੂਪਾ, ਪ੍ਰਧਾਨ ਮਨਜੀਤ ਸਿੰਘ, ਅਵਤਾਰ ਸਿੰਘ ਕਲੇਰ, ਹਰਵਿੰਦਰ ਸਿੰਘ ਸਵੱਦੀ, ਰਕੇਸ਼ ਕੁਮਾਰ ਕੱਕੜ, ਇੰਜ:ਗੁਰਵਿੰਦਰ ਸਿੰਘ ਸਿੱਧਵਾਂ ਬੇਟ, ਇੰਜ:ਗੁਰਪ੍ਰੀਤ ਸਿੰਘ ਕੰਗ, ਇੰਜ:ਗੁਰਪ੍ਰੀਤ ਸਿੰਘ ਮੱਲੀ, ਇੰਜ:ਹਰਮਨਦੀਪ ਸਿੰਘ, ਅਜਮੇਰ ਸਿੰਘ ਕਲੇਰ, ਚਰਨਜੀਤ ਸਿੰਘ ਸੋਹਲ, ਪ੍ਰਧਾਨ ਜਸਪਾਲ ਸਿੰਘ ਸਿੱਧਵਾਂ ਬੇਟ, ਰਾਜਵਿੰਦਰ ਸਿੰਘ ਲਵਲੀ, ਮੁਨੀਸ਼ ਕੁਮਾਰ, ਭੁਪਿੰਦਰਪਾਲ ਸਿੰਘ ਬਰਾੜ, ਧਰਮਪਾਲ ਛੱਜਾਵਾਲ, ਮਨਦੀਪ ਸਿੰਘ, ਜਗਦੀਪ ਸਿੰਘ ਲੱਖਾ, ਦਲਜੀਤ ਸਿੰਘ ਜੇਈ, ਮਨਪ੍ਰੀਤ ਸਿੰਘ ਜੇਈ, ਜਗਜੀਵਨ ਸਿੰਘ ਜੇਈ, ਬਲਜੀਤ ਸਿੰਘ ਭੱਟੀ, ਸੁਖਵਿੰਦਰ ਸਿੰਘ ਕਾਕਾ ਜੇਈ, ਗੁਰਿੰਦਰ ਸਿੰਘ ਡਾਂਗੀਆਂ, ਪਵਨ ਕੁਮਾਰ ਜੇਈ, ਬੂਟਾ ਸਿੰਘ ਮਲਕ, ਪ੍ਰਧਾਨ ਸੰਜੇ ਕੁਮਾਰ ਬੱਬਾ, ਨਛੱਤਰ ਸਿੰਘ ਚਚਰਾੜੀ, ਜਗਤਾਰ ਸਿੰਘ ਮਲਕ, ਕੁਲਦੀਪ ਸਿੰਘ ਮਲਕ, ਮਨਜੀਤ ਸਿੰਘ ਸਵੱਦੀ, ਬਲਜੀਤ ਸਿੰਘ ਜੇਈ, ਪ੍ਰਧਾਨ ਬਲਦੇਵ ਸਿੰਘ, ਮੇਹਰ ਸਿੰਘ ਮਲਕ, ਹਰਚੰਦ ਸਿੰਘ, ਰਾਜੀਵ ਕੁਮਾਰ, ਬਲਵੰਤ ਸਿੰਘ ਲੋਹਟ, ਸੁਖਦੇਵ ਗਰਗ, ਰਮਿੰਦਰਜੀਤ ਸਿੰਘ, ਕੁਲਦੀਪ ਸਿੰਘ ਰਾਮਗੜ੍ਹ ਆਦਿ ਵੀ ਹਾਜ਼ਰ ਸਨ।

# ਬਾਜਵਾ ਅਤੇ ਵੜਿੰਗ ਦੀਆਂ ਭ੍ਰਿਸ਼ਟਾਚਾਰ ਵਿਰੁੱਧ ਟਿੱਪਣੀਆਂ ਨੂੰ 'ਆਪ' ਨੇਤਾ ਜਾਤੀਵਾਦ ਦੀ ਰੰਗਤ ਦੇ ਕੇ ਲੋਕਾਂ ਨੂੰ ਗੁੰਮਰਾਹ ਨਾ ਕਰਨ : ਬਾਵਾ



ਲੁਧਿਆਣਾ, 9 ਫਰਵਰੀ (ਰਵਿੰਦਰ ਸਿੰਘ ਨਿੱਝਰ): ਕਾਂਗਰਸ ਦੇ ਸੀਨੀਅਰ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਕੋਆਰਡੀਨੇਟਰ ਏ.ਆਈ.ਸੀ.ਸੀ ਇੰਚਾਰਜ ਹਿਮਾਚਲ ਪ੍ਰਦੇਸ਼ ਨੇ ਕਿਹਾ ਕਿ 'ਆਪ' ਪਾਰਟੀ ਦੇ ਨੇਤਾ ਹਮੇਸ਼ਾ ਕਾਂਗਰਸ ਪਾਰਟੀ ਦੇ ਸੀਨੀਅਰ ਨੇਤਾ ਅਤੇ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਅਤੇ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਕੀਤੀਆਂ ਟਿੱਪਣੀਆਂ ਨੂੰ ਜਾਤੀ ਦਾ ਸਹਾਰਾ ਲੈ ਕੇ ਪ੍ਰਚਾਰ ਕਰ ਰਹੇ ਹਨ ਜੋ ਨਿੰਦਣਯੋਗ ਹੈ। ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਹੀ ਹੈ ਜੋ ਸਭ ਜਾਤੀਆਂ, ਧਰਮਾਂ ਦਾ ਬਰਾਬਰ ਸਤਿਕਾਰ ਕਰਦੀ ਹੈ।ਸ੍ਰੀ ਬਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਪੰਜਾਬ ਸਰਕਾਰ ਦੀਆਂ ਪੰਜਾਬ ਦੀ ਕਿਸਾਨੀ, ਸਨਅਤ, ਵਪਾਰ, ਮੁਲਾਜ਼ਮ, ਮਜ਼ਦੂਰ, ਯੂਥ, ਦੁਕਾਨਦਾਰ ਪ੍ਰਤੀ ਨੀਤੀ ਦੱਸਣ ਦੀ ਬਜਾਏ ਸਟੇਟ ਨੂੰ ਸਟੇਜ ਦੀ ਤਰ੍ਹਾਂ ਵਰਤਦੇ ਹੋਏ ਅਕਾਲੀ ਅਤੇ ਕਾਂਗਰਸੀ ਨੇਤਾਵਾਂ 'ਤੇ ਤਰ੍ਹਾਂ-ਤਰ੍ਹਾਂ ਦੇ ਤੰਜ ਕਸਦੇ ਰਹਿੰਦੇ ਹਨ। ਕੀ ਮੁੱਖ ਮੰਤਰੀ ਦੀ ਪੰਜਾਬ ਪ੍ਰਤੀ ਇਹ ਡਿਊਟੀ ਹੈ..? ਲੱਗਦਾ ਹੈ ਪੰਜਾਬ ਦੇ ਲੋਕਾਂ ਪ੍ਰਤੀ ਪੰਜਾਬ ਸਰਕਾਰ ਕੋਲ ਨਾ ਤਾਂ ਕੋਈ ਨੀਤੀ ਹੈ ਅਤੇ ਨਾ ਹੀ ਨੀਅਤ ਸਾਫ ਹੈ। ਸਿਰਫ ਚੁਟਕਲਿਆਂ ਨਾਲ ਟਾਈਮ ਪਾਸ ਹੁੰਦਾ ਹੈ ਜਦਕਿ ਫੈਸਲੇ ਦਿੱਲੀ ਤੋਂ ਹੁੰਦੇ ਹਨ ਅਤੇ ਦਿੱਲੀ ਦੇ ਲੋਕਾਂ ਦਾ ਪੰਜਾਬ ਸਰਕਾਰ ਦੇ ਪ੍ਰਮੁੱਖ ਸਿਆਸੀ ਅਹੁਦਿਆਂ 'ਤੇ ਬਿਰਾਜਮਾਨ ਹੋਣਾ ਪੰਜਾਬ ਦੇ ਗੌਰਵਮਈ ਇਤਿਹਾਸ ਅਤੇ ਪਰੰਪਰਾਵਾਂ ਨੂੰ ਕਲੰਕਿਤ ਕਰਦਾ ਹੈ।

# ਸ਼ਹੀਦ ਬਾਬਾ ਦੀਪ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਲੰਗਰ ਲਗਾਇਆ



ਲੁਧਿਆਣਾ, 9 ਫਰਵਰੀ (ਰਵਿੰਦਰ ਸਿੰਘ ਨਿੱਝਰ): ਅਮਰ ਸ਼ਹੀਦ ਬਾਬਾ ਦੀਪ ਸਿੰਘ ਏਕਤਾ ਵੈਲਫੇਅਰ ਸੋਸਾਇਟੀ ਵੱਲੋਂ ਗਿੱਲਾਂ ਦੇ ਨਜ਼ਦੀਕ ਸ਼ਹੀਦ ਬਾਬਾ ਦੀਪ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਜਲੇਬੀਆਂ ਅਤੇ ਦਾਲ ਪ੍ਰਸ਼ਾਦੇ ਦਾ ਲੰਗਰ ਲਗਾਇਆ ਗਿਆ। ਸੰਸਥਾ ਦੇ ਪ੍ਰਧਾਨ ਬਾਬਾ ਜਸਵੰਤ ਸਿੰਘ ਲਾਲ ਬੱਤੀ ਵਾਲਿਆਂ ਨੇ ਦੱਸਿਆ ਕਿ ਇਹ ਉਨਾਂ ਵੱਲੋਂ 26ਵਾਂ ਸਲਾਨਾ ਲੰਗਰ ਹੈ ਅਤੇ ਉਹ ਹਰ 26 ਸਾਲਾਂ ਤੋਂ ਹਰ ਵਾਰ ਹਰ ਸਾਲ ਅਮਰ ਸ਼ਹੀਦ ਬਾਬਾ ਦੀਪ ਸਿੰਘ ਦੇ ਜਨਮ ਦਿਹਾੜੇ ਮੌਕੇ ਲੰਗਰ ਲਗਾਉਣ ਦੀ ਸੇਵਾ ਨਿਭਾਉਂਦੇ ਆ ਰਹੇ ਹਨ।ਲੱਗਭਗ ਚਾਰ ਘੰਟੇ ਦੇ ਕਰੀਬ ਚੱਲੇ ਲੰਗਰ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਕਤਾਰ ਵਿੱਚ ਬੈਠ ਕੇ ਲੰਗਰ ਛਕਿਆ। ਇਸ ਮੌਕੇ ਦਸਮੇਸ਼ ਤਰਨਾ ਦਲ ਦੇ ਜਥੇਦਾਰ ਸ਼ੇਰ ਸਿੰਘ ਖਾਲਸਾ, ਬਾਬਾ ਮੋਹਨ ਸਿੰਘ, ਬਾਬਾ ਮੇਜਰ ਸਿੰਘ, ਬਾਬਾ ਜਗਤਾਰ ਸਿੰਘ, ਰਵਿੰਦਰ ਸਿੰਘ ਖਾਲਸਾ ਲੁਹਾਰਾ, ਕਰਤਾਰ ਸਿੰਘ ਖਾਲਸਾ, ਕੁਲਦੀਪ ਸਿੰਘ, ਜਗਜੀਤ ਸਿੰਘ, ਕਿਰਪਾਲ ਸਿੰਘ, ਹਰਦੀਪ ਸਿੰਘ, ਨਰਿੰਦਰ ਸਿੰਘ, ਬਲਬੀਰ ਸਿੰਘ, ਬੂਟਾ ਸਿੰਘ, ਸੁਧਾ ਸਿੰਘ, ਹਰਮਨ ਸਿੰਘ, ਜਸਪ੍ਰੀਤ ਸਿੰਘ, ਰਤਨਜੋਤ ਸਿੰਘ, ਨਵਜੋਤ ਸਿੰਘ ਲੁਹਾਰਾ, ਮਨਿੰਦਰ ਸਿੰਘ ਅਤੇ ਗੁਰਦੀਪ ਸਿੰਘ ਆਦਿ ਨੇ ਵੀ ਲੰਗਰ ਪਕਾਉਣ ਅਤੇ ਵਰਤਾਉਣ ਵੇਲੇ ਸੇਵਾ ਕੀਤੀ।

# ਭਨੋਟ ਇੰਟਰਪ੍ਰਾਈਜ਼ਿਜ਼ ਦੀ ਲਾਟਰੀ ਟਿਕਟ ਨੇ ਬਣਾਇਆ ਇੱਕ ਹੋਰ ਲੱਖਪਤੀ




ਲੁਧਿਆਣਾ, 9 ਫਰਵਰੀ (ਵਿਸ਼ਾਲ ਸ਼ਰਮਾ): ਪੰਜਾਬ ਸਟੇਟ ਡੀਅਰ-200 ਮਾਸਿਕ ਲਾਟਰੀ ਡਰਾਅ ਜ਼ਿਲ੍ਹਾ ਪ੍ਰੀਸ਼ਦ ਦਫ਼ਤਰ ਵਿਖੇ ਕੱਢਿਆ ਗਿਆ। ਜਿੱਥੇ 10 ਲੱਖ ਦਾ ਦੂਜਾ ਇਨਾਮ ਟਿਕਟ ਨੰਬਰ 804853 ਦੁਆਰਾ ਜਿੱਤਿਆ ਗਿਆ ਜੋ ਭਨੋਟ ਇੰਟਰਪ੍ਰਾਈਜ਼ਿਜ਼ ਦੇ ਲੁਧਿਆਣਾ ਸਥਿਤ ਵਿਕਰੇਤਾ, ਸ਼ਸ਼ੀ ਬਾਲਾ ਲਾਟਰੀ ਏਜੰਸੀ ਦੁਆਰਾ ਵੇਚਿਆ ਗਿਆ ਸੀ। ਇਸ ਸਬੰਧ ਵਿੱਚ ਭਨੋਟ ਇੰਟਰਪ੍ਰਾਈਜ਼ਿਜ਼ ਦੇ ਦਫ਼ਤਰ ਵਿਖੇ, ਮਾਲਕ ਸ਼ਾਮ ਸੁੰਦਰ ਭਨੋਟ ਨੇ ਸ਼ਸ਼ੀ ਬਾਲਾ ਲਾਟਰੀ ਦੇ ਮਾਲਕ ਸੁਨੀਲ ਖੰਨਾ ਨੂੰ ਮਠਿਆਈਆਂ ਭੇਟ ਕੀਤੀਆਂ। ਭਨੋਟ ਨੇ ਦੱਸਿਆ ਕਿ ਉਹ ਪਿਛਲੇ 20 ਸਾਲਾਂ ਤੋਂ ਲਾਟਰੀ ਦੇ ਕਾਰੋਬਾਰ ਵਿੱਚ ਸ਼ਾਮਲ ਹੈ ਅਤੇ ਇਸ ਸਮੇਂ ਦੌਰਾਨ ਲੱਗਭੱਗ 167 ਕਰੋੜਪਤੀ ਪੈਦਾ ਕੀਤੇ ਹਨ। ਹੁਣ, ਜਨਤਾ ਪੰਜਾਬ ਸਟੇਟ ਡੀਅਰ ਹੋਲੀ ਬੰਪਰ ਦੀ ਬੇਸਬਰੀ ਨਾਲ ਉਡੀਕ ਕਰ ਰਹੀ ਹੈ। ਪਹਿਲਾ ਇਨਾਮ 3 ਕਰੋੜ, ਜਨਤਾ ਦੁਆਰਾ ਖਰੀਦੀਆਂ ਗਈਆਂ ਟਿਕਟਾਂ ਤੋਂ ਨਿਕਲਣ ਦੀ ਗਰੰਟੀ ਹੈ। ਉਸਨੂੰ ਉਮੀਦ ਹੈ ਕਿ ਅਗਲਾ ਕਰੋੜਪਤੀ ਵੀ ਉਸਦੇ ਵਿਕਰੇਤਾਵਾਂ ਅਤੇ ਸਬ-ਸਟਾਕਿਸਟਾਂ ਦੁਆਰਾ ਵੇਚੀਆਂ ਗਈਆਂ ਟਿਕਟਾਂ ਤੋਂ ਨਿਕਲੇਗਾ ਡਰਾਅ 14 ਮਾਰਚ ਨੂੰ ਹੋਵੇਗਾ।

# ਸ਼ੇਰ ਕੌਰ ਯਾਦਗਾਰੀ ਅੱਖਾਂ ਦੇ 9ਵੇਂ ਕੈਂਪ ਦਾ 142 ਮਰੀਜ਼ਾਂ ਨੇ ਲਿਆ ਲਾਭ



ਲੁਧਿਆਣਾ, 9 ਫਰਵਰੀ (ਰਵਿੰਦਰ ਸਿੰਘ ਨਿੱਝਰ) : ਤਰਕਸ਼ੀਲ ਆਗੂ ਜਸਵੰਤ ਜੀਰਖ ਦੀ ਮਰਹੂਮ ਪਤਨੀ ਸ੍ਰੀ ਮਤੀ ਸ਼ੇਰ ਕੌਰ ਦੀ ਯਾਦ ਵਿੱਚ ਪਿੰਡ ਜੀਰਖ ਵਿਖੇ ਲਗਾਏ 9ਵੇਂ ਅੱਖਾਂ ਦੇ ਫ੍ਰੀ ਕੈਂਪ ਵਿੱਚ 142 ਮਰੀਜ਼ਾਂ ਦੀਆਂ ਅੱਖਾਂ ਦੇ ਮੁਆਇਨੇ ਕੀਤੇ ਗਏ।ਅੱਖਾਂ ਦੇ ਵਿਸ਼ਵ ਪ੍ਰਸਿੱਧ ਡਾ ਰਮੇਸ਼ (ਐਮ ਡੀ ਅੱਖਾਂ) ਅਤੇ ਉਹਨਾਂ ਦੀ ਟੀਮ ਨੇ ਮੁਆਇਨੇ ਕਰਦਿਆਂ 100 ਦੇ ਕ੍ਰੀਬ ਮਰੀਜ਼ਾਂ ਨੂੰ ਮੁਫ਼ਤ ਐਨਕਾਂ ਅਤੇ 12 ਮਰੀਜ਼ਾਂ ਨੂੰ ਚਿੱਟੇ ਮੋਤੀਏ ਦੇ ਅਪ੍ਰੇਸ਼ਨ ਲਈ ਚੁਣਿਆ। ਐਨਕਾਂ ਮੌਕੇ 'ਤੇ ਹੀ ਜ਼ੀਰਖ ਪਰਿਵਾਰ ਵੱਲੋਂ ਮੁਹੱਈਆ ਕੀਤੀਆਂ ਗਈਆਂ। ਚਿੱਟੇ ਮੋਤੀਏ ਦੇ ਅਪ੍ਰੇਸ਼ਨ ਅਤੇ ਲੈਂਜ ਪਾਉਣ ਲਈ 9 ਫਰਵਰੀ ਨੂੰ ਪ੍ਰੱਨਰ ਜੋਤ ਸੁਪਰ ਸਪੈਸਿਲਟੀ ਹਸਪਤਾਲ ਲੁਧਿਆਣਾ ਵਿਖੇ ਕਰਨਾ ਤਹਿ ਕੀਤਾ ਗਿਆ। ਇਸ ਮੌਕੇ ਡਾ. ਰਮੇਸ਼ ਵੱਲੋਂ ਕੈਂਪ ਵਿੱਚ ਆਏ ਲੋਕਾਂ ਨੂੰ ਆਪਣੀ ਨਜ਼ਰ ਸਹੀ ਸਲਾਮਤ ਰੱਖਣ ਦੇ ਨੁਕਤੇ ਸਮਝਾ ਕੇ ਖੁਦ ਨੂੰ ਸਿਹਤ ਮੰਦ ਰੱਖਣ ਲਈ ਪ੍ਰੇਰਿਤ ਕੀਤਾ। ਕੈਂਪ ਦੇ ਪ੍ਰਬੰਧਾਂ ਲਈ ਜ਼ੀਰਖ ਪਰਿਵਾਰ ਦੇ ਮੈਂਬਰਾਂ ਦਲਬਾਗ ਸਿੰਘ, ਐਡਵੋਕੇਟ ਹਰਪ੍ਰੀਤ ਜ਼ੀਰਖ, ਤਰਲੋਚਨ ਉਰਫ ਰਾਜੂ ਜ਼ੀਰਖ (ਆਸਟ੍ਰੇਲੀਆ)ਅਤੇ ਜੋਬਨ ਪ੍ਰੀਤ ਜ਼ੀਰਖ(ਆਸਟ੍ਰੇਲੀਆ) ਕਰਮਜੀਤ ਕੌਰ, ਕੁਲਦੀਪ ਕੌਰ, ਦਮਨਦੀਪ ਕੌਰ ਸਮੇਤ ਸਾਬਕਾ ਸਰਪੰਚ ਬਲਜੀਤ ਸਿੰਘ, ਮੈਂਬਰ ਮੋਹਣ ਸਿੰਘ, ਕਰਮਜੀਤ ਸਿੰਘ ਅਤੇ ਪਿੰਡ ਵਾਸੀਆਂ ਨੇ ਭਰਵਾਂ ਸਹਿਯੋਗ ਦਿੱਤਾ।

# ਡੀ.ਏ.ਵੀ. ਸੈਂਟੇਨਰੀ ਪਬਲਿਕ ਸਕੂਲ ਖੇਡ ਦਿਵਸ ਸਮਾਰੋਹ ਮਨਾਇਆ



ਜਗਰਾਓਂ, 9 ਫਰਵਰੀ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਡੀ.ਏ.ਵੀ. ਸੈਂਟੇਨਰੀ ਪਬਲਿਕ ਸਕੂਲ, ਜਗਰਾਓਂ ਨੇ 9 ਫਰਵਰੀ 2026 ਨੂੰ ਜੂਨੀਅਰ ਵਿੰਗ (ਨਰਸਰੀ ਤੋਂ ਕਲਾਸ ਦੂਸਰੀ) ਦਾ ਸਾਲਾਨਾ ਖੇਡ ਦਿਵਸ ਬੜੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ। ਇਹ ਸਮਾਰੋਹ ਸਕੂਲ ਦੇ ਖੇਡ ਮੈਦਾਨ ਵਿੱਚ ਖੁਸ਼ਗਵਾਰ ਅਤੇ ਉਰਜਾਵਾਨ ਮਾਹੌਲ ਵਿੱਚ ਆਯੋਜਿਤ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਸ੍ਰੀ ਰਾਜ ਕੁਮਾਰ ਭੱਲਾ ਨੇ ਆਪਣੀ ਹਾਜ਼ਰੀ ਨਾਲ ਸਮਾਰੋਹ ਦੀ ਸ਼ੋਭਾ ਵਧਾਈ। ਸਕੂਲ ਦੇ ਪ੍ਰਿੰਸਿਪਲ ਨੇ ਸਮਾਰੋਹ ਨੂੰ ਸਫਲ ਬਣਾਉਣ ਲਈ ਅਧਿਆਪਕਾਂ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ।

ਨੰਨੇ ਬੱਚਿਆਂ ਲਈ ਵੱਖ-ਵੱਖ ਮਨੋਰੰਜਕ ਅਤੇ ਰੋਮਾਂਚਕ ਦੌੜ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਭਾਗ ਲਿਆ। ਜੇਤੂਆਂ ਨੂੰ ਮੈਡਲ ਦਿੱਤੇ ਗਏ ਅਤੇ ਸਾਰੇ ਭਾਗੀਦਾਰਾਂ ਦੀ ਉਨ੍ਹਾਂ ਦੇ ਯਤਨਾਂ ਲਈ ਸ਼ਲਾਘਾ ਕੀਤੀ ਗਈ।ਰੰਗ-ਬਿਰੰਗੀਆਂ ਅਤੇ ਉਰਜਾਵਾਨ ਨ੍ਰਿਤ ਪ੍ਰਸਤੁਤੀਆਂ ਨੇ ਮਾਹੌਲ ਨੂੰ ਖੁਸ਼ੀ ਨਾਲ ਭਰ ਦਿੱਤਾ। ਸਮਾਰੋਹ ਦੇ ਅੰਤ ਵਿੱਚ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ (ਸੈਂਡਵਿਚ) ਵੰਡੇ ਗਏ।ਖੇਡ ਦਿਵਸ ਖੁਸ਼ਗਵਾਰ ਮਾਹੌਲ ਵਿੱਚ ਸੰਪੰਨ ਹੋਇਆ ਅਤੇ ਬੱਚਿਆਂ ਦੇ ਚਿਹਰਿਆਂ ਉੱਤੇ ਮੁਸਕਾਨਾਂ ਅਤੇ ਸੁਹਾਵਣੀਆਂ ਯਾਦਾਂ ਛੱਡ ਗਿਆ।

# ਸੌਂਦ ਨੇ 19.56 ਕਰੋੜ ਦੇ ਨਵੀਨੀਕਰਨ ਕਾਰਜ ਦਾ ਰੱਖਿਆ ਨੀਂਹ ਪੱਥਰ



ਲੁਧਿਆਣਾ, 9 ਫਰਵਰੀ (ਵਿਸ਼ਾਲ ਸ਼ਰਮਾ): ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ, ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ, ਕਿਰਤ ਅਤੇ ਪ੍ਰਾਹੁਣਚਾਰੀ ਮੰਤਰੀ ਤਰੁਨਪ੍ਰੀਤ ਸੌਂਦ ਨੇ ਸੋਮਵਾਰ ਨੂੰ ਵਿਕਾਸ ਦੀ ਇੱਕ ਹੋਰ ਇਤਿਹਾਸਕ ਸ਼ੁਰੂਆਤ ਤਹਿਤ ਖੰਨਾ-ਮਲੇਰਕੋਟਲਾ ਰੋਡ ਲੰਬਾਈ 23.91 ਕਿੱਲੋਮੀਟਰ ਦਾ 19.56 ਕਰੋੜ ਰੁਪਏ ਦੀ ਲਾਗਤ ਨਾਲ ਨਵੀਨੀਕਰਨ ਕਰਨ ਦੇ ਕਾਰਜ ਦਾ ਨੀਂਹ ਪੱਥਰ ਰੱਖ ਕੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਏਜੰਸੀ ਵੱਲੋਂ ਇਸ ਸੜਕ 5 ਸਾਲਾਂ ਦੀ ਮੈਨਟੀਨੈਂਸ ਵੀ ਕੀਤੀ ਜਾਵੇਗੀ। ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਇਸ ਸੜਕ ਦੇ ਤਿਆਰ ਹੋਣ ਨਾਲ ਪਿੰਡਾਂ ਅਤੇ ਖੰਨਾ ਸ਼ਹਿਰ ਦਾ ਆਪਸੀ ਰਾਬਤਾ ਮਜ਼ਬੂਤ ਹੋਵੇਗਾ ਅਤੇ ਲੋਕਾਂ ਨੂੰ ਸੁਰੱਖਿਅਤ, ਸੁਵਿਧਾਜਨਕ ਅਤੇ ਤੇਜ਼ ਆਵਾਜਾਈ ਦੀ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੇਂਡੂ ਅਤੇ ਸ਼ਹਿਰੀ ਵਿਕਾਸ ਨੂੰ ਤਰਜੀਹ ਦੇ ਰਹੀ ਹੈ ਅਤੇ ਸੂਬੇ ਦੇ ਹਰ ਖੇਤਰ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਜ਼ਬੂਤ ਸੜਕੀ ਢਾਂਚਾ ਖੇਤੀਬਾੜੀ, ਵਪਾਰ ਅਤੇ ਉਦਯੋਗ ਲਈ ਰੀੜ੍ਹ ਦੀ ਹੱਡੀ ਹੈ। ਮੰਤਰੀ ਸੌਂਦ ਨੇ ਕਿਹਾ ਕਿ ਹਲਕਾ ਖੰਨਾ ਦੇ ਵਿਕਾਸ ਲਈ ਸਰਕਾਰ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਅਤੇ ਇਲਾਕੇ ਦੇ ਵਿਕਾਸ ਵਿੱਚ ਕੋਈ ਵੀ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਉਨ੍ਹਾਂ ਕਿਹਾ ਕਿ ਸੜਕਾਂ, ਪੀਣ ਵਾਲੇ ਪਾਣੀ, ਸਿਹਤ, ਸਿੱਖਿਆ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕਈ ਅਹਿਮ ਪ੍ਰੋਜੈਕਟ ਚੱਲ ਰਹੇ ਹਨ, ਜਿਨ੍ਹਾਂ ਨਾਲ ਆਉਣ ਵਾਲੇ ਸਮੇਂ ਵਿੱਚ ਹਲਕਾ ਖੰਨਾ ਦੀ ਤਸਵੀਰ ਪੂਰੀ ਤਰ੍ਹਾਂ ਬਦਲ ਜਾਵੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕ-ਹਿਤੈਸ਼ੀ ਨੀਤੀਆਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਜਾ ਰਿਹਾ ਹੈ ਤਾਂ ਜੋ ਹਰ ਵਰਗ ਤੱਕ ਵਿਕਾਸ ਦੇ ਫ਼ਾਇਦੇ ਪਹੁੰਚ ਸਕਣ। ਕੈਬਨਿਟ ਮੰਤਰੀ ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਪਿੰਡਾਂ ਅਤੇ ਸ਼ਹਿਰਾਂ ਨੂੰ ਜੋੜਨ ਵਾਲੀਆਂ ਸੜਕਾਂ ਦੀ ਗੁਣਵੱਤਾ ਯਕੀਨੀ ਬਣਾਉਣ ਲਈ ਇੱਕ ਵਿਸ਼ੇਸ਼ ਸੀ.ਐਮ ਫਲਾਇੰਗ ਸਕੁਐਡ ਦਾ ਗਠਨ ਕੀਤਾ ਹੈ। ਇਹ ਅਨੋਖੀ ਪਹਿਲ ਪੰਜਾਬ ਦੇ ਸੜਕੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖ਼ਤਮ ਕਰਨ ਦੀ ਦਿਸ਼ਾ ਵਿੱਚ ਇੱਕ ਇਨਕਲਾਬੀ ਕਦਮ ਹੈ। ਉਨ੍ਹਾਂ ਕਿਹਾ ਕਿ ਇਹਨਾਂ ਸੜਕਾਂ ਨਾਲ ਲੋਕਾਂ ਦੀ ਆਵਾਜਾਈ ਨੂੰ ਆਸਾਨ ਬਣੇਗੀ। ਉਨ੍ਹਾਂ ਕਿਹਾ ਕਿ ਹਲਕਾ ਖੰਨਾ ਦਾ ਵਿਕਾਸ ਅਤੇ ਲੋਕ ਸੇਵਾ ਉਹਨਾਂ ਦੀ ਡਿਊਟੀ ਹੈ।

# ਕੌਮੀ ਲੋਕ ਅਦਾਲਤ 14 ਮਾਰਚ ਨੂੰ



ਲੁਧਿਆਣਾ, 9 ਫਰਵਰੀ (ਵਿਸ਼ਾਲ ਸ਼ਰਮਾ): ਜ਼ਿਲ੍ਹਾ ਕੁਚਹਿਰੀਆਂ, ਲੁਧਿਆਣਾ ਅਤੇ ਸਿਵਲ ਕੋਰਟਸ-ਜਗਰਾਓਂ, ਖੰਨਾ, ਸਮਰਾਲਾ ਅਤੇ ਪਾਇਲ ਵਿਖੇ ਵੱਖ-ਵੱਖ ਨਿਆਂਇਕ ਅਦਾਲਤਾਂ ਵਿੱਚ 14 ਮਾਰਚ, 2026 ਦਿਨ ਸ਼ਨੀਵਾਰ ਨੂੰ ਲੱਗਣ ਵਾਲੀ ਰਾਸ਼ਟਰੀ ਲੋਕ ਅਦਾਲਤ ਦੇ ਮਾਧਿਅਮ ਰਾਹੀਂ ਆਪਣੇ ਝਗੜਿਆਂ ਦਾ ਨਿਪਟਾਰਾ ਕਰਵਾ ਕੇ ਛੇਤੀ ਅਤੇ ਸਸਤਾ ਨਿਆਂ ਪ੍ਰਾਪਤ ਕੀਤਾ ਜਾਵੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਡਾ. ਅਮਨਦੀਪ ਵਲੋਂ ਪ੍ਰੈਸ ਨੋਟ ਰਾਹੀਂ ਜਾਣਕਾਰੀ ਦਿੰਦਿਆਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਆਮ ਲੋਕਾਂ ਦੇ ਆਪਸੀ ਝਗੜਿਆਂ ਦਾ ਛੇਤੀ ਅਤੇ ਸਸਤੇ ਢੰਗ ਨਾਲ ਨਿਪਟਾਰਾ ਕਰਵਾਉਣ ਦੇ ਮੰਤਵ ਨਾਲ ਆਗਾਮੀ 14 ਮਾਰਚ (ਸ਼ਨੀਵਾਰ) ਨੂੰ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਵੱਲੋਂ 14 ਮਾਰਚ, 2026 ਨੂੰ 'ਨੈਸ਼ਨਲ ਲੋਕ ਅਦਾਲਤ' ਰਾਹੀਂ ਜ਼ਿਲ੍ਹਾ ਕਚਹਿਰੀਆਂ, ਲੁਧਿਆਣਾ ਅਤੇ ਸਿਵਲ ਕੋਰਟਸ-ਜਗਰਾਓਂ, ਖੰਨਾ, ਸਮਰਾਲਾ ਅਤੇ ਪਾਇਲ ਵਿਖੇ ਵੱਖ-ਵੱਖ ਨਿਆਂਇਕ ਅਦਾਲਤਾਂ ਵਿੱਚ ਲੰਬਿਤ ਮਾਮਲਿਆਂ ਦਾ ਨਿਪਟਾਰਾ ਧਿਰਾਂ ਦੀ ਆਪਸੀ ਸਹਿਮਤੀ ਨਾਲ ਕਰਵਾਇਆ ਜਾਵੇਗਾ।

ਸਕੱਤਰ ਡਾ. ਅਮਨਦੀਪ ਨੇ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਸਿਵਲ ਕੇਸ ਜਿਵੇਂ ਕਿ ਕਿਰਾਇਆ, ਬੈਂਕ ਦੀ ਰਿਕਵਰੀ, ਮਾਲ ਮਾਮਲੇ, ਬਿਜਲੀ ਅਤੇ ਪਾਣੀ ਦੇ ਬਿੱਲਾਂ (ਚੋਰੀ ਦੇ ਕੇਸਾਂ ਨੂੰ ਛੱਡ ਕੇ), ਤਨਖਾਹਾਂ ਅਤੇ ਭੱਤਿਆਂ ਅਤੇ ਸੇਵਾ ਮੁਕਤ ਲਾਭਾਂ ਨਾਲ ਸਬੰਧਤ ਮਾਮਲੇ, ਜੰਗਲਾਤ ਐਕਟ ਦੇ ਕੇਸ, ਤਬਾਹੀ ਮੁਆਵਜ਼ਾ, ਫੌਜਦਾਰੀ ਮਿਕਦਾਰ ਮਾਮਲੇ, ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਦੀ ਧਾਰਾ 138 ਦੇ ਅਧੀਨ ਸ਼ਿਕਾਇਤਾਂ, ਕਵਰਡ ਮਾਮਲਿਆਂ ਦੀ ਸੁਣਵਾਈ ਸਿਵਲ ਜੱਜਾਂ ਜਾਂ ਜੁਡੀਸ਼ੀਅਲ ਮੈਜਿਸਟਰੇਟਾਂ ਦੁਆਰਾ ਲੋਕ ਅਦਾਲਤ ਵਿੱਚ ਕੀਤੀ ਜਾਵੇਗੀ।ਉਨ੍ਹਾਂ ਵੱਲੋਂ ਇਹ ਵੀ ਦੱਸਿਆ ਗਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਅਜਿਹੇ ਪ੍ਰੀ-ਲਿਟੀਗੇਟਿਵ ਮਾਮਲਿਆਂ ਦਾ ਨਿਪਟਾਰਾ ਵੀ ਧਿਰਾਂ ਦੀ ਆਪਸੀ ਸਹਿਮਤੀ ਨਾਲ ਕਰਵਾਉਣ ਦੇ ਉਪਰਾਲੇ ਕੀਤੇ ਜਾਣਗੇ ਜਿਹੜੇ ਅਜੇ ਤੱਕ ਕਿਸੇ ਅਦਾਲਤ ਵਿੱਚ ਦਾਇਰ ਨਹੀਂ ਕੀਤੇ ਗਏ ਹਨ।

# ਤਰਕਸ਼ੀਲ ਪਰਖ ਪ੍ਰੀਖਿਆ ਵਿੱਚ ਪਾਸ ਹੋਏ ਵਿਦਿਆਰਥੀ ਸਨਮਾਨਿਤ

ਲੁਧਿਆਣਾ, 9 ਫਰਵਰੀ ( ਰਵਿੰਦਰ ਸਿੰਘ ਨਿੱਝਰ) : ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਸੱਤਵੀਂ ਤਰਕਸ਼ੀਲ ਚੇਤਨਾ ਪਰਖ ਪ੍ਰੀਖਿਆ ਵਿੱਚ ਭਾਗ ਲੈ ਕੇ ਪਾਸ ਹੋਣ ਵਾਲੇ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੂੰ ਲੁਧਿਆਣਾ ਜ਼ੋਨ ਦੇ ਤਰਕਸ਼ੀਲ ਆਗੂਆਂ ਜਸਵੰਤ ਜ਼ੀਰਖ ਅਤੇ ਬਲਵਿੰਦਰ ਸਿੰਘ ਵੱਲੋਂ ਸਰਟੀਫਿਕੇਟ ਅਤੇ ਚੰਗੀ ਕਾਰਗੁਜ਼ਾਰੀ ਵਾਲੇ ਵਿਦਿਆਰਥੀਆਂ ਨੂੰ , ਵਿਗਿਆਨਿਕ ਵਿਚਾਰਾਂ ਦੇ ਧਾਰਨੀ ਬਣਾਉਣ ਲਈ ਕਿਤਾਬਾਂ ਦੇ ਕੇ ਸਨਮਾਨਿਤ ਕੀਤਾ।ਯਾਦ ਰਹੇ ਕਿ ਇਸ ਵਾਰ ਤਰਕਸ਼ੀਲ ਸੁਸਾਇਟੀ ਵੱਲੋਂ ਪੰਜਾਬ ਭਰ ਦੇ ਚੋਣਵੇਂ ਸਕੂਲਾਂ ਵਿੱਚ ਲਈ ਗਈ ਇਹ ਸੱਤਵੀਂ ਸਾਲਾਨਾ ਪਰੀਖਿਆ ਸੀ ਜੋ ਕਿ ਗਦਰ ਪਾਰਟੀ ਦੀ ਨਾਇਕਾ ਬੀਬੀ ਗੁਲਾਬ ਕੌਰ ਨੂੰ ਸਮਰਪਿਤ ਕੀਤੀ ਗਈ ਸੀ। ਇਸ ਮੌਕੇ ਤਰਕਸ਼ੀਲ ਸੋਸਾਇਟੀ ਦੇ ਜ਼ੋਨ ਮੁਖੀ ਜਸਵੰਤ ਜ਼ੀਰਖ ਨੇ ਸਮਾਜ ਵਿੱਚੋਂ ਅੰਧਵਿਸ਼ਵਾਸੀ ਵਿਚਾਰਧਾਰਾ ਖਤਮ ਕਰਕੇ ਵਧੀਆ ਸਿਹਤਮੰਦ ਸਮਾਜ ਸਿਰਜਣ ਲਈ ਤਰਕਸ਼ੀਲ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਯਤਨਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਸਕੂਲ ਦੇ ਸਮੁੱਚੇ ਸਟਾਫ ਵੱਲੋਂ ਇਸ ਉੱਦਮ ਦੀ ਸ਼ਲਾਘਾ ਕੀਤੀ ਅਤੇ ਲੈਕਚਰਾਰ ਹਰਕੇਸ਼ ਕੁਮਾਰ ਨੇ ਤਰਕਸ਼ੀਲ ਸੁਸਾਇਟੀ ਵੱਲੋਂ ਸ਼ੁਰੂ ਕੀਤੀ ਇਸ ਪ੍ਰੀਖਿਆ ਨੂੰ ਸਮੁੱਚੇ ਸਮਾਜ ਦੀ ਬੇਹਤਰੀ ਲਈ ਇੱਕ ਚਾਨਣ ਮੁਨਾਰਾ ਬਿਆਨ ਕੀਤਾ।ਇਸ ਪ੍ਰੀਖਿਆ ਲਈ ਵਿਸ਼ੇਸ਼ ਸਹਿਯੋਗ ਦੇਣ ਲਈ ਪ੍ਰਿੰਸੀਪਲ ਜਗਦੀਪ ਕੌਰ ਸਿੱਧੂ ਅਤੇ ਲੈਕਚਰਾਰ ਹਰਕੇਸ਼ ਚੌਧਰੀ ਨੂੰ ਤਰਕਸ਼ੀਲ ਸੋਸਾਇਟੀ ਪੰਜਾਬ ਵੱਲੋਂ ਵਿਸ਼ੇਸ਼ ਪ੍ਰਸ਼ੰਸਾ ਪੱਤਰ ਭੇਂਟ ਕਰਕੇ ਸਨਮਾਨਿਤ ਕੀਤਾ।

# ਕੌਮਾਂਤਰੀ ਪੀ.ਡੀ.ਐਫ਼.ਏ. ਡੇਅਰੀ ਅਤੇ ਖੇਤੀ ਐਕਸਪੋ ਪ੍ਰਿਤਪਾਲ ਦੀ ਗਾਂ ਬਣੀ ਜੇਤੂ

## 79.126 ਕਿੱਲੋਗ੍ਰਾਮ ਦੁੱਧ ਦਿੰਦਿਆਂ ਜਿੱਤਿਆ ਟਰੈਕਟਰ, ਦੁੱਧ ਚੁਆਈ ਅਤੇ ਬਰੀਡ ਮੁਕਾਬਲਿਆਂ ਦੇ ਪੰਜ ਜੇਤੂਆਂ ਨੂੰ ਮਿਲੇ ਬੁਲੇਟ



ਜਗਰਾਓਂ, 9 ਫਰਵਰੀ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਸਥਾਨਕ ਪਸ਼ੂ ਮੰਡੀ ਵਿਖੇ ਅੰਤਰਰਾਸ਼ਟਰੀ 19ਵੇਂ ਪੀਡੀਐੱਫਏ ਡੇਅਰੀ ਅਤੇ ਖੇਤੀ ਐਕਸਪੋ 2026 ਦੇ ਦੁੱਧ ਚੁਆਈ ਮੁਕਾਬਲਿਆਂ ਵਿਚ ਐਸਬੀਐਸ ਨਗਰ ਦੇ ਪ੍ਰਿਤਪਾਲ ਸਿੰਘ ਦੀ ਗਾਂ ਨੇ 79.126 ਕਿੱਲੋਗ੍ਰਾਮ ਦੁੱਧ ਦਿੰਦਿਆਂ ਕੌਮੀ ਮੁਕਾਬਲਾ ਜਿੱਤਿਆ। ਇਹੀ ਨਹੀਂ ਪ੍ਰਿਤਪਾਲ ਦੀ ਦੂਸਰੀ ਗਾਂ ਨੇ ਵੀ ਇਸ ਮੁਕਾਬਲੇ ਵਿਚ 76.125 ਕਿੱਲੋਗ੍ਰਾਮ ਦੁੱਧ ਦਿੰਦਿਆਂ ਦੂਜਾ ਸਥਾਨ ਵੀ ਆਪਣੇ ਨਾਮ ਕੀਤਾ। ਇਸ ਤੋਂ ਇਲਾਵਾ ਸੰਧੂ ਡਾਇਰੀ ਫਾਰਮ ਪਿੰਡ ਕੁਲਾਰ ਦੀ ਗਾਂ ਨੇ 74.467 ਕਿੱਲੋ ਦੁੱਧ ਦਿੰਦਿਆਂ ਤੀਜੇ ਸਥਾਨ 'ਤੇ ਮੱਲ ਮਾਰੀ। ਜੇਤੂ ਗਾਂ ਦੇ ਮਾਲਕ ਨੂੰ ਪੀਡੀਐੱਫਏ ਵੱਲੋਂ ਮਿਲਕਫੈਡ ਦੇ ਚੇਅਰਮੈਨ ਨਰਿੰਦਰ ਸਿੰਘ ਸ਼ੇਰਗਿੱਲ, ਐਮਡੀ ਰਾਹੁਲ ਗੁਪਤਾ ਅਤੇ ਪ੍ਰਧਾਨ ਦਲਜੀਤ ਸਿੰਘ ਸਦਰਪੁਰਾ ਨੇ ਟਰੈਕਟਰ ਨਾਲ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਐਕਸਪੋ ਵਿਚ ਦੁੱਧ ਚੁਆਈ ਅਤੇ ਬਰੀਡ ਮੁਕਾਬਲਿਆਂ ਦੇ ਜੇਤੂਆਂ ਨੂੰ ਪੰਜ ਬੁਲੇਟ ਮੋਟਰਸਾਈਕਲਾਂ ਨਾਲ ਨਿਵਾਜਿਆ ਗਿਆ। ਇਸ ਤੋਂ ਇਲਾਵਾ ਐਚਐਫ ਚਾਰ ਦੰਦ ਮੁਕਾਬਲਿਆਂ ਵਿੱਚ ਗਿੱਦੜਵਿੰਡੀ ਪਿੰਡ ਦੇ ਸਰਪੰਚ ਸੁਖਦੇਵ ਸਿੰਘ ਦੀ ਗਾਂ ਨੇ 55.305 ਕਿਲੋਗਰਾਮ ਦੁੱਧ ਦਿੰਦਿਆਂ ਪਹਿਲਾਂ, ਬਠਿੰਡਾ ਦੇ ਮੇਜਰ ਸਿੰਘ ਦੀ ਗਾਂ ਨੇ 43.965 ਗ੍ਰਾਮ ਦੁੱਧ ਦਿੰਦਿਆਂ ਦੂਜਾ ਸਥਾਨ ਹਾਸਲ ਕੀਤਾ। ਐਚਐਫ ਗਾਵਾਂ ਦੇ ਦੋ ਦੁੱਧ ਮੁਕਾਬਲਿਆਂ ਵਿਚ ਸੰਧੂ ਡਾਇਰੀ ਫਾਰਮ ਕੁਲਾਰ ਦੀ ਗਾਂ ਨੇ 56.025 ਕਿੱਲੋਗ੍ਰਾਮ ਦੁੱਧ ਦਿੰਦਿਆਂ ਪਹਿਲਾਂ, ਡਾਲੀਆ ਖੁਰਦ ਪਟਿਆਲਾ ਦੇ ਅਗਰਦੀਪ ਸਿੰਘ ਦੀ ਗਾਂ ਨੇ 55.890 ਕਿਲੋ ਦੁੱਧ ਦਿੰਦਿਆਂ ਦੂਜਾ ਅਤੇ ਸੰਧੂ ਡੇਅਰੀ ਫਾਰਮ ਦੀ ਗਾਂ ਨੇ 54.577 ਕਿਲੋਗ੍ਰਾਮ ਦੁੱਧ ਦਿੰਦਿਆਂ ਤੀਜਾ ਸਥਾਨ ਹਾਸਲ ਕੀਤਾ। ਜਰਸੀ ਬਰੀਡ ਗਾਂ ਦੇ ਦੁੱਧ ਚੁਆਈ ਮੁਕਾਬਲੇ ਵਿਚ ਸੰਧੂ ਡੇਅਰੀ ਫਾਰਮ ਦੀ ਗਾਂ ਨੇ ਪਹਿਲਾਂ, ਬਲਦੇਵ ਸਿੰਘ ਗਾਲਿਬ ਕਲਾਂ ਹਰਿਆਣਾ ਦੀ ਗਾਂ ਨੇ ਦੂਜਾ, ਅਮਰਜੀਤ ਸਿੰਘ ਚੀਮਨਾ ਦੀ ਗਾਂ ਨੇ ਤੀਜਾ ਸਥਾਂਨ ਹਾਸਲ ਕੀਤਾ। ਜਰਸੀ 4 ਦੰਦ ਮੁਕਾਬਲੇ ਵਿਚ ਅਮਰਜੀਤ ਸਿੰਘ ਚੀਮਨਾ ਦੀ ਗਾਂ ਪਹਿਲੇ ਅਤੇ ਮੋਗਾ ਦੇ ਪਿੰਡ ਮਾਣੂੰਕੇ ਗਿੱਲ ਦੇ ਗੁਰਚਰਨ ਸਿੰਘ ਦੀ ਗਾਂ ਦੂਜੇ ਸਥਾਨ 'ਤੇ ਰਹੀ। ਮੱਝਾਂ ਵਿਚ ਮੁਰਹਾ ਨਸਲ ਦੇ ਦੁੱਧ ਚੁਆਈ ਦੇ ਮੁਕਾਬਲੇ ਵਿਚ ਪਟਿਆਲਾ ਦੇ ਪਿੰਡ ਚਤੇਰਾ ਦੇ ਪੰਜਾਬ ਸਿੰਘ ਦੀ ਮੱਝ ਨੇ ਪਹਿਲਾ, ਅੰਬਾਲਾ ਦੇ ਪਿੰਡ ਸਾਹਾ ਦੇ ਰਵਿੰਦਰ ਸਿੰਘ ਬਿੱਲੂ ਦੀ ਮੱਝ ਨੇ ਦੂਜਾ ਅਤੇ ਪੰਜਾਬ ਸਿੰਘ ਦੀ ਮੱਝ ਨੇ ਹੀ ਤੀਜਾ ਸਥਾਨ ਹਾਸਲ ਕੀਤਾ। ਨੀਲੀ ਰਾਵੀ ਮੁਕਾਬਲੇ ਵਿਚ ਤਰਨਤਾਰਨ ਦੇ ਪਿੰਡ ਜਮਾਲਪੁਰ ਦੇ ਗੁਰਲਾਲ ਸਿੰਘ ਦੀਆਂ ਮੱਝਾਂ ਨੇ ਪਹਿਲਾ ਅਤੇ ਤੀਜਾ ਸਥਾਂਨ ਹਾਸਲ ਕੀਤਾ। ਜਦਕਿ ਤਰਨਤਾਰਨ ਦੇ ਪਿੰਡ ਵਲਟੋਹਾ ਦੇ ਰਸਲ ਸਿੰਘ ਦੀ ਮੱਝ ਨੇ ਤੀਜਾ ਸਥਾਂਨ ਹਾਸਲ ਕੀਤਾ। ਐਚਐਫ ਚਾਰ ਦੰਦ ਗਾਵਾਂ ਦੇ ਬਰੀਡ ਮੁਕਾਬਲਿਆਂ 'ਚ ਸਿੱਧੂ ਡੇਅਰੀ ਫਾਰਮ ਗੌਂਦਵਾਲ ਨੇ ਪਹਿਲਾ, ਖਾਨ ਡੇਅਰੀ ਫਾਰਮ ਬੇਬੋਪੁਰ ਨੇ ਦੂਜਾ ਅਤੇ ਐਸਬੀਐਸ ਨਗਰ ਰੁੜਕੀ ਖੁਰਦ ਦੇ ਗੁਰੀ ਜਰਸੀ ਡੇਅਰੀ ਫਾਰਮ ਨੇ ਤੀਜਾ ਸਥਾਨ ਹਾਸਲ ਕੀਤਾ। ਐਚਐਫ ਹੀਫਰ ਦੋ ਦੰਦ ਮੁਕਾਬਲਿਆਂ ਵਿਚ ਗਿੱਲ ਡੇਅਰੀ ਫਾਰਮ ਨੇ ਪਹਿਲਾ, ਅਮਰਜੀਤ ਸਿੰਘ ਡੇਅਰੀ ਫਾਰਮ ਨੇ ਦੂਜਾ ਅਤੇ ਕੁਲਦੀਪ ਡੇਅਰੀ ਫਾਰਮ ਨੇ ਤੀਜਾ ਸਥਾਨ ਹਾਸਲ ਕੀਤਾ। ਐਚਐਫ ਖੀਰੀਆਂ ਹੈਫਰ ਮੁਕਾਬਲੇ ਵਿਚ ਨਾਗਖੁਰਦ ਦੇ ਦਿਲਪ੍ਰੀਤ ਸਿੰਘ ਨੇ ਪਹਿਲਾ, ਐਸਬੀਐਸ ਨਗਰ ਦੇ ਨਰਿੰਦਰ ਚੌਧਰੀ ਨੇ ਦੂਜਾ ਅਤੇ ਬਠਿੰਡਾ ਮੌਲਕ ਦੇ ਨਿਰਭੈ ਸਿੰਘ ਨੇ ਤੀਜਾ ਸਥਾਂਨ ਹਾਸਲ ਕੀਤਾ। ਜਰਸੀ ਗਾਂ ਦੇ ਬਰੀਡ ਮੁਕਾਬਲੇ ਵਿਚ ਫਿਰੋਜਪੁਰ ਦੇ ਪਿੰਡ ਲਹਿਰਾ ਬੇਟ ਦੇ ਪ੍ਰਵੀਨ ਸਿੰਘ ਦੀ ਗਾਂ ਪਹਿਲੇ, ਡੱਬਵਾਲੀ ਦੇ ਸਾਹਿਬ ਡੇਅਰੀ ਫਾਰਮ ਨੇ ਦੂਜਾ ਅਤੇ ਗਨੀਆਂ ਬਾਘੜਵਾਲਾ ਦੇ ਸੁਖਵਿੰਦਰ ਸਿੰਘ ਦੀ ਗਾਂ ਨੇ ਤੀਜਾ ਸਥਾਨ ਹਾਸਲ ਕੀਤਾ। ਜਰਸੀ ਹੀਫਰ ਚਾਰ ਦੰਦ ਰੁੜਕੀ ਖੁਰਦ ਦੇ ਗੁਰੀ ਡੇਅਰੀ ਫਾਰਮ ਨੇ ਪਹਿਲਾ, ਗਨੀਆਂ ਬਾਘਰਵਾਲਾ ਦੇ ਸੁਖਵਿੰਦਰ ਸਿੰਘ ਦੀ ਗਾਂ ਨੇ ਦੂਜਾ ਅਤੇ ਕੁੜਕੀ ਕਲਾਂ ਦੇ ਜੰਗਲ ਡੇਅਰੀ ਫਾਰਮ ਨੇ ਤੀਜਾ, ਜਰਸੀ ਗਾਂ ਹੀਫਰ ਦੋ ਦੰਦ ਵਿਚ ਜਗਰਾਓਂ ਦੇ ਜਗਤ ਸਿੰਘ ਦੀ ਗਾਂ ਨੇ ਪਹਿਲਾ, ਡੰਗਰਾਲੀ ਦੇ ਪਰਮਿੰਦਰ ਸਿੰਘ ਨੇ ਦੂਜਾ ਅਤੇ ਫੂਲ ਦੇ ਔਲਖ ਡੇਅਰੀ ਫਾਰਮ ਦੀ ਗਾਂ ਨੇ ਤੀਜਾ ਸਥਾਨ ਹਾਸਲ ਕੀਤਾ। ਜਰਸੀ ਹੀਫਰ ਖੀਰੀਆਂ 'ਚ ਕਰੀਮਪੁਰ ਦੇ ਕਾਰਤਿਕ ਡੇਅਰੀ ਫਾਰਮ ਨੇ ਪਹਿਲਾ, ਉਂਦੇਵਾਲ ਦੇ ਨਰਿੰਦਰ ਚੌਧਰੀ ਦੀ ਗਾਂ ਨੇ ਦੂਜਾ ਅਤੇ ਸੋਹਲ ਦੇ ਮਨਜਿੰਦਰ ਸਿੰਘ ਦੀ ਗਾਂ ਨੇ ਤੀਜਾ ਸਥਾਨ। ਮੁਰਹਾ ਹੀਫਰ ਦੋ ਦੰਦ ਵਿਚ ਬੰਗੀ ਰੁਲਦੂ ਦੇ ਸੋਹਜਜੀਤ ਸਿੱਧੂ ਨੇ ਪਹਿਲਾ, ਕੀਰੋੜੀ ਦੇ ਪ੍ਰਦੀਪ ਨੇ ਦੂਜਾ ਅਤੇ ਮਖੰਡ ਦੇ ਲੱਕੀ ਨੇ ਤੀਜਾ, ਮੁਰਹਾ ਨਸਲ ਦੇ ਮੁਕਾਬਲਿਆਂ ਵਿਚ ਫਤਿਹਗੜ੍ਹ ਸਾਹਿਬ ਦੇ ਅਸਲਮ ਖਾਨ ਦੀਆਂ ਮੱਝਾਂ ਨੇ ਪਹਿਲਾ ਅਤੇ ਦੂਜਾ ਸਥਨ ਹਾਸਲ ਕੀਤਾ, ਜਦਕਿ ਸੰਗਰੂਰ ਦੇ ਪਿੰਡ ਸ਼ੇਰੋ ਦੇ ਦੂਲਤ ਡੇਅਰੀ ਫਾਰਮ ਨੇ ਤੀਜਾ ਸਥਾਨ ਹਾਸਲ ਕੀਤਾ। ਮੁਰਹਾ ਖੀਰੀਆਂ ਹਾਈਫਰ ਬਰੀਡ ਮੁਕਾਬਲੇ ਵਿਚ ਬਠਿੰਡਾ ਦੇ ਸੋਹਜਜੀਤ ਸਿੰਘ ਸਿੱਧੂ ਦੇ ਪਸ਼ੂਆਂ ਨੇ ਪਹਿਲਾ ਅਤੇ ਦੂਜਾ ਸਥਾਨ ਆਪਣੇ ਨਾਮ ਕੀਤਾ, ਜਦਕਿ ਚਰੀ ਦੇ ਮਨਪ੍ਰੀਤ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਨੀਲੀ ਰਾਵੀ ਮੱਝਾਂ ਦੇ ਬਰੀਡ ਮੁਕਾਬਲੇ ਵਿਚ ਸਰਸਵਤੀ ਡੇਅਰੀ ਫਾਰਮ ਪਹਿਲੇ, ਪਰਮਿੰਦਰ ਸਿੰਘ ਦੂਜ ਅਤੇ ਦਰਸ਼ਨ ਸਿੰਘ ਤੀਜੇ ਸਥਾਨ 'ਤੇ ਰਹੇ। ਨੀਲੀ ਰਾਵੀ ਹੀਫਰ ਦੋ ਦੰਦ ਬਰੀਡ ਮੁਕਾਬਲੇ ਵਿਚ ਨਬਾਣਾ ਦੇ ਦਿਲਬਾਗ, ਚੀਮਾ ਦੇ ਗੁਰਸਿਮਰਨ ਅਤੇ ਸ਼ਾਹਪੁਰ ਦੇ ਹਰਜੋਤ ਸਿੰਘ ਦੇ ਪਸ਼ੂਆਂ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਂਨ ਹਾਸਲ ਕੀਤਾ। ਨੀਲੀ ਰਾਵੀ ਖੀਰੀਆਂ ਵਿਚ ਧੰਨਾ ਸ਼ਹੀਦ ਦੇ ਗੁਰਸੇਵਕ ਸਿੰਘ, ਬਰਗਾ ਦੇ ਸੰਦੀਪ ਸਿੰਘ ਅਤੇ ਨੀਲੋਵਾਲ ਦੇ ਹਰਮਨ ਸਿੰਘ ਦੇ ਪਸ਼ੂਆਂ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਐਚਐਫ ਗਾਂ ਦੇ ਬਰੀਡ ਮੁਕਾਬਲਾ ਮਾਨਸਾ ਦੇ ਫੱਟਾ ਮਲੋਕਾ ਦੇ ਅਗਮ ਢਿੱਲੋਂ ਡੇਅਰੀ ਫਾਰਮ ਦੀ ਗਾਂ ਪਹਿਲੇ ਸਥਾਨ 'ਤੇ ਰਹੀ, ਜਦਕਿ ਐਸਬੀਐਸ ਨਗਰ ਦੇ ਪ੍ਰਿਤਪਾਲ ਅਤੇ ਮਾਨਸਾ ਦੇ ਪਿੰਡ ਰੜ ਦੇ ਸੁਖਵੰਤ ਸਿੰਘ ਦੀਆਂ ਗਾਵਾਂ ਦੂਜੇ ਅਤੇ ਤੀਜੇ ਸਥਾਨ 'ਤੇ ਰਹੀਆਂ। ਅੱਜ ਪੀਡੀਐਫਏ ਐਕਸਪੋ ਦੇ ਆਖਰੀ ਤੀਜੇ ਦਿਨ ਬਰੀਡ ਅਤੇ ਦੁੱਧ ਚੁਆਈ ਦੇ ਮੁਕਾਬਲਿਆਂ ਦੇ ਜੇਤੂਆਂ 'ਤੇ ਲੱਖਾਂ ਰੁਪਏ ਦੇ ਇਨਾਮਾਂ ਦਾ ਮੀਂਹ ਵਰ੍ਹਿਆ। ਇਸ ਮੌਕੇ ਪ੍ਰਧਾਨ ਦਲਜੀਤ ਸਿੰਘ ਸਦਰਪੁਰਾ ਨੇ ਅਗਲੇ ਵਰ੍ਹੇ ਫਿਰ ਇੱਕੋ ਛੱਤ ਹੇਠ ਦੇਸ਼ ਦੁਨੀਆਂ ਦੀ ਡੇਅਰੀ ਅਤੇ ਖੇਤੀ ਕਿੱਤੇ 'ਚ ਕ੍ਰਾਂਤੀ ਲਿਆਉਣ ਦਾ ਸੁਨੇਹਾ ਲੈ ਕੇ ਮੁੜ ਮਿਲਣ ਦੇ ਵਾਅਦਾ ਕੀਤਾ।


## KOTAK MAHINDRA BANK LIMITED

**Regd office:** 27BKC, C 27, G Block, Bandra Kurla Complex, Bandra (E), Mumbai 400 051 **Corporate office:** Kotak Infiniti, Bldg No 21, Infinity Park, General AK Vaidya Marg, Malad (E), Mumbai 400 097 **www.kotak.com**

### AUCTION - NOTICE

That the below mentioned Borrower/s had availed gold loan facility against security of the gold ornaments/ items, as specified below. The Borrower/s defaulted in due repayment of the installments and outstanding dues and as a result of which the Bank was constrained to issue notices calling upon the Borrower/s to repay the outstanding amounts. However, the Borrower/s has failed to repay/clear his outstanding dues thereby compelling the Bank to auction the gold ornaments pledged in favour of the Bank.

The auction of the below mentioned gold ornaments would be held on/after at :-**Date: 19-FEB-2026 Time: 10.00 AM** Place: Respective Branch Premises//E-Auction

| Apppl | Apac/ Account No | Borrower Name | State | Location | Branch | Gross weight (In Gms) |
|---|---|---|---|---|---|---|
| GLN | 4213931 | SUNITA KAUR | PUNJAB & CHANDIGARH | LUDHIANA | AEASTMNAGA | 10.60 |
| GLN | 4215089 | KARANBIR SINGH | PUNJAB & CHANDIGARH | LUDHIANA | AEASTMNAGA | 82.50 |
| GLN | 4230900 | SATPAL SINGH | PUNJAB & CHANDIGARH | LUDHIANA | AEASTMNAGA | 266.10 |
| GLN | 4002659 | NIKKI RANI | PUNJAB & CHANDIGARH | CHANDIGARH | AMBALA | 39.41 |
| GLN | 3976096 | SAHIL . | PUNJAB & CHANDIGARH | CHANDIGARH | AMBALA | 13.08 |
| GLN | 4226570 | ISHAN MEHRA | PUNJAB & CHANDIGARH | LUDHIANA | AMRITSAR | 28.60 |
| GLN | 4251612 | I SHAN MEHRA | PUNJAB & CHANDIGARH | LUDHIANA | AMRITSAR | 23.90 |
| GLN | 3969660 | SUKHBIR SINGH | PUNJAB & CHANDIGARH | LUDHIANA | AMRITSAR | 115.50 |
| GLN | 3969680 | SUKHBIR SINGH | PUNJAB & CHANDIGARH | LUDHIANA | AMRITSAR | 104.90 |
| GLN | 3979663 | MANIDER KAUR | PUNJAB & CHANDIGARH | LUDHIANA | AMRITSAR | 254.60 |
| GLN | 4134798 | HARJINDER SINGH | PUNJAB & CHANDIGARH | LUDHIANA | AMRITSAR | 23.00 |
| GLN | 4219044 | SUNITA KAUR | PUNJAB & CHANDIGARH | LUDHIANA | AMTHABAZAR | 4.00 |
| GLN | 3831212 | RAVI . | PUNJAB & CHANDIGARH | LUDHIANA | AMTPCHK | 27.20 |
| GLN | 4123085 | HARVINDER SINGH | PUNJAB & CHANDIGARH | LUDHIANA | AMTPCHK | 50.90 |
| GLN | 4123110 | HARVINDER SINGH | PUNJAB & CHANDIGARH | LUDHIANA | AMTPCHK | 34.50 |
| GLN | 4137415 | BALWINDER SINGH | PUNJAB & CHANDIGARH | LUDHIANA | AMTPCHK | 158.80 |
| GLN | 3646432 | MANDEEP BIRDA | PUNJAB & CHANDIGARH | CHANDIGARH | HISARDELRO | 8.90 |
| GLN | 4077725 | MAHAVEER . | PUNJAB & CHANDIGARH | CHANDIGARH | HUDACMPLX | 23.60 |
| GLN | 4204143 | ASHOK KUMARI | PUNJAB & CHANDIGARH | CHANDIGARH | HUDACMPLX | 155.40 |
| GLN | 4130886 | SANJEEV . | PUNJAB & CHANDIGARH | CHANDIGARH | JHAJJAR | 27.80 |
| GLN | 4182973 | RAHUL . | PUNJAB & CHANDIGARH | CHANDIGARH | JHAJJAR | 15.60 |
| GLN | 4201247 | RAHUL . | PUNJAB & CHANDIGARH | CHANDIGARH | JHAJJAR | 47.10 |
| GLN | 3689248 | NARENDER . | PUNJAB & CHANDIGARH | CHANDIGARH | JHAJJAR | 112.80 |
| GLN | 3661414 | POOJA . | PUNJAB & CHANDIGARH | CHANDIGARH | MOHALI3B2 | 43.20 |
| GLN | 3814074 | SUNITA . | PUNJAB & CHANDIGARH | CHANDIGARH | MTOWN | 21.34 |
| GLN | 3813913 | AMANDEEP KAUR | PUNJAB & CHANDIGARH | CHANDIGARH | PATIALA | 101.40 |
| GLN | 3818247 | AMANDEEP KAUR | PUNJAB & CHANDIGARH | CHANDIGARH | PATIALA | 99.80 |
| GLN | 2818757 | PARVEEN KAUR | PUNJAB & CHANDIGARH | CHANDIGARH | RAJPURA | 69.64 |
| GLN | 4031902 | MANDEEP SINGH | PUNJAB & CHANDIGARH | CHANDIGARH | RAJPURA | 29.17 |
| GLN | 4232530 | MANPREET SINGH | PUNJAB & CHANDIGARH | CHANDIGARH | RAJPURA | 81.87 |
| GLN | 4106550 | AMANDEEP KAUR | PUNJAB & CHANDIGARH | CHANDIGARH | RATIA | 51.40 |
| GLN | 4182621 | LALI KHAN | PUNJAB & CHANDIGARH | CHANDIGARH | RATIA | 17.23 |
| GLN | 4228008 | PARVEEN KUMAR | PUNJAB & CHANDIGARH | CHANDIGARH | RATIA | 92.66 |
| GLN | 3944250 | HARMAIL SINGH | PUNJAB & CHANDIGARH | CHANDIGARH | RATIA | 41.76 |
| GLN | 4121980 | GURPREET SINGH | PUNJAB & CHANDIGARH | CHANDIGARH | RATIA | 175.74 |
| GLN | 4027311 | HUKAM CHAND | PUNJAB & CHANDIGARH | CHANDIGARH | REWARI | 9.10 |
| GLN | 3749237 | JASWINDER KAUR | PUNJAB & CHANDIGARH | CHANDIGARH | SAMANA | 110.90 |
| GLN | 3850891 | KASHMIR SINGH | PUNJAB & CHANDIGARH | CHANDIGARH | SAMANA | 68.80 |
| GLN | 3898180 | MEWA SINGH | PUNJAB & CHANDIGARH | CHANDIGARH | SAMANA | 22.50 |
| GLN | 4116235 | SONIA . | PUNJAB & CHANDIGARH | CHANDIGARH | SAMANA | 42.80 |
| GLN | 4188052 | SEEMA RANI | PUNJAB & CHANDIGARH | CHANDIGARH | SAMANA | 43.80 |
| GLN | 4197648 | KULVIR KAUR | PUNJAB & CHANDIGARH | CHANDIGARH | SAMANA | 107.20 |
| GLN | 4228851 | ARASHDEEP SINGH | PUNJAB & CHANDIGARH | CHANDIGARH | SAMANA | 10.70 |
| GLN | 3963684 | DARSHAN SINGH | PUNJAB & CHANDIGARH | CHANDIGARH | SAMANA | 46.70 |
| GLN | 4158840 | KIRAN . | PUNJAB & CHANDIGARH | CHANDIGARH | SECTORC | 18.00 |
| GLN | 4222750 | LALIT MOHAN | PUNJAB & CHANDIGARH | CHANDIGARH | SECTORC | 89.10 |

Bidders are requested to Submit a copy of their Photo – identity, signature and address proof along with their original for verification together with 2(Two) recent photographs **submit before 10:00 am** on the day of auction. The Bank reserves the right to change the venue/date/time of auction or cancel the auction without any notice to bidders.
The cost of the auction process will be debited to the customer account. Bank reserves the right to recover the balance amount from the customer if the bid amount is insufficient to meet the payoff amount of the account. For any further details regarding the terms and conditions of the auction, You are required to contact the below mentioned person/s.

**Kotak Mahindra Bank Ltd. Jaskaran Singh**
**Email - jaskaran.singh@kotak.com Cont - +91-9888478036 / 7009634242**

# ਸਿਰਲੇਖਵਾਰ ਇਸ਼ਤਿਹਾਰ/Classified Advertisement

**In the Court of Ms. Aanchal Dhir Judicial Magistrate-1st Class SBS Nagar**
CNR No. PBSB03-006808-2022
Next Date: 06.03.2026
NACT/308/2022
M/s Shriram Transport Finance Co.Ltd.
Versus
Mohd. Farooq
Notice to:Mohd. Farooq Father :: Rehmat Ali R/o Village oladhni Mehatpur ,Near Annath Ashram, Nawanshahr Punjab
In above titled case the accused could not be served. It is ordered that accused should appear in person or through counsel on 06.03.2026 at 10:00 A.M.
For details logon to https://highcourtchd.gov.in/?mod=district_notice&district=mogacourt.
Dated, this day of 17-01-2026
**Sd/- JMIC, SBS Nagar**

---

**(U/o 5 Rule 20 cpc)**
**In the Court of Ms. Roopa Dhaliwal Addl. Civil Judge Senior Division, Muktsar**
CNR No. PBSM02-001051-2025
Next Date: 05.03.2026
Veeru Ram
Versus
General Public
Notice To.:General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **05.**03.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 30-01-2026
**Sd/- Addl. Civil Judge Sr. Divn., Muktsar**

---

**In the Court of Ms. Pallvi Rana Civil Judge Junior Division, Ajnala**
CNR No. PBASA00005422024
Next Date: 05.03.2026
Amolak Singh S/o Makhan Singh S/o Kundan Singh R/o Vill. Bakha Tara Singh Teh.Ajnala, Distt. Amritsar
Versus
Ajit Singh and others
**Suit For Recovery**
Notice to :1. Ajit Singh S/o Makhan Singh S/oSher Singh R/o Vill. Sarai , Teh. Ajnala Distt. Amritsar 2. palwinder Singh S/o Bakhshish Singh S/o Puran Singh R/o ward No.10, Bakha Tara Singh, Teh. Ajnala 3. Meenakshi w/oSham lal S/o Kasturi Lal, Mohalla Ram Nagar, Teh.Ajnala,Distt. Amritsar. 4. Kawaljit Kaur w/o Ranjit Singh S/o Rupa Singh R/o Vill. Nangal wanzanwala, Teh. Ajnala. 5. Kawaljit Kaur w/o Balwinder Singh S/o Chanan Singh R/o Vill. Riar, Teh. Ajnala Distt. Amritsar.
In above titled petition the respondent could not be served. It is ordered that respondent should appear in person or through counsel on **05.**03.2026 at 10:00 A.M.
For details logon to https://highcourtchd.gov.in/?trs=district_notice&district=amritsar.
Given under my hand and the seal of the court, this 22.01.2026
**Sd/- Civil Judge Jr. Divn. Ajnala**

---

**(U/o 5 Rule 20 CPC)**
**In the Court of Ms. Jatinder Kaur District and Sessions Judge, Amtitsar**
CNR No. PBAS01-008836-2024
Next Date: 05.03.2026
Case No-MACT59/2024
Pushpa Rani
Versus
Prince Travels
Notice To: Kirpal Singh S/o Jagat Singh :- R/o Vill. Kaluwal Kotla, Teh. Dasuya, Hoshiarpur
In above titled case the defendant(s)/respondent(s) ccould not be served. It is ordered that defendant(s)/respondent(s) c should appear in person or through counsel on **05.**03.2026 at 10:00 A.M.
For details logon to https://highcourtchd.gov.in/?trs=district_notice&district= Amritsar
Dated, this day of 03-02-2026
**Sd/- District and Sessions Judge, Amtitsar**

---

**(U/o 5 Rule 20 CPC)**
**In the Court of Ms. Sakshi Chaudhary Civil Judge (Junior Division), Jagaron**
CNR No. PBLDB0-000818-2025
Next Date: 25.02.2026
Jagraj Singh
Versus
Gurmeet Singh
Notice to:Gurmeet Singh S/o Harjit Singh S/o S. Harnam Singh 2. Harpreet Singh S/o S. Harjit Singh S/o S. Harnam Singh Both R/o Vill. Pakhowal Teh. Raikot Distt. Ludhiana
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 25.02.2026 at 10:00 A.M.
For details logon to https://highcourtchd.gov.in/?mod=district_notice&district=ludhianacourt
Dated, this day of 05-02-2026
**Sd/- Civil Judge (Junior Divn.), Jagaron**

---

**(U/o 5 Rule 20 cpc)**
**(Under Guardian and Ward Act)**
**In the Court of Ms. Rana Kanwardeep Kaur Chahal Principal Judge, Family Court Camp at Phagwara, Phagwara**
CNR No. PBKPF2-000012-2024
Next Date: 27.02.2026
Harmeet Kaur walia.
Versus
General Public
Notice to: General Public: -GP
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **27.**02.2026 at 10:00 A.M.
For details logon to https://highcourtchd.gov.in/?mod=district_notice&district=Kapurthala
Dated, this day of 02-02-2026
**Sd/- Principal judge,Family Court Camp at Phagwara, Kapurthala**

---

**(U/o 5 Rule 20 CPC)**
**In the Court of Ms. Sumukhi Additional Civil Judge (Senior Division), Malout**
CNR No. PBSMB0-000494-2024
Next Date: 23.02.2026
Ms. AS Traders
Versus
Subash Kumar
Notice To.: Subash Kumar Father : Bala Ram R/o Mehrana Road, (Near Kinnow Juice Grading Plant) Vill. Seeto Guno, Teh. Abohar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **23.**02.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 05-02-2026
**Sd/- Addl. Civil Judge Senior Division, Malout**

---

**(U/o 5 Rule 20 CPC)**
**In the Court of Sh.Shaminder Pal Singh Addl. Civil Judge senior Division,Jaitu**
CNR No. PBFDA0-000025-2022
Next Date: 24.02.2026
CIS No. CS/15/2022
State Bank of india
Versus
Shamsher Singh & others
Notice to :1. LR(III) Paramjit Kaur d/o Shamsher Singh and Now wife of Gurmit Singh R/o Gurusar, Teh. Gidderbaha,Distt. Sri Mukatsar Sahib(LR of Defendant No. 1 Shamsher Singh S/o Inder Singh R/o Chand Bhan,Teh. Jaitu) LR (iv)Gurmeet Kaur d/o Shamsher Singh and Now wife of Roop Singh R/o Bangi Deepa, Teh. and Distt. Bathinda, (LR of Defendant No.1Shamsher Singh S/o Inder Singh R/o Chand Bhan,Teh. Jaitu)
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **24.**02.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 21.01.2026
**Sd/- Addl. Civil Judge Sr. Divn., Jaitu**

---

**In the Court of Sh.Sukhmandeep Singh Judicial Magistrate First Class-3, Abohar**
CNR No. PPBFZE1-0043282024
Next Date: 08.04.2026
NACT/1300/2024
Punjab Gramin Bank
Versus
Sushil Kumar
**Detail of offence:-138 NIACT**
Notice To: Sushil Kumar S/o om parkash R/o vill. Sukhchain Near Gopal Hair Saloon wali Gali Teh. Abohar 2nd Add. Sushil Kumar S/o om parkash R/o vill. Sukhchain Near Mukesh Karyana Store and Near Primary School Sukhchain Teh. Abohar.
In above titled case the accused ccould not be served. It is ordered that accused should appear in person or through counsel on 08.04.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 7-02-2026
**Sd/- Judicial Magistrate First Class-3, Abohar**

---

**(U/o 5 Rule 20 cpc)**
**In the Court of Ms. Sudipa Kaur Civil Judge (Jr Divn.), Amloh (P)**
**Next Date, Purpose of Case , Orders and Judgments as well as other Case information is available on http://ecourts.gov. in**
CNR No. PBFGA0-000355-2018
Next Date: 24.02.2026
CS/229/2018
Parabjot Singh
Versus
Davinder Kaur & Ors.
Suit for Joint Possession
Notice to:19. Karnail Singh S/o Kashmir Singh 20. Mahal SIngh 21. Jarnail Singh both Sons of Mohan Singh 22. Kashmir Singh 23. Sukhwant Singh both Sons of Major Singh Residents & khewatdars of Vill. Narasli,Teh. Patti,Distt. Amritsar 24.Oriental Bank of Commerce Branch Khal Rehri. 27. Amar Singh S/o Dial Singh 28. Rajwant Singh S/o Mohinder Singh r/o Vill. Kaulgarh Teh. Amloh,Distt. Fatehgarh Sahib.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 24.02.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 09-02-2026
**Sd/-Civil Judge (Jr Divn.), Amloh (P)**

---

**(U/o 5 Rule 20 CPC)**
**In the Court of Dr. Amit Sharma Principal Judge, Family Court Jagadhri**
CNR No. HRYN01-001088-2025
Next Date: 25.02.2026
Sudhir Kumar Bakshi
Versus
Sunita Bakshi
Notice to:Sunita Bakshi Spouse: :- Sudhir Lumar D/o Mangat Ram R/o H.N.335 Shivpuri-A Colony Kansapur Road Yamuna Nagar Distt. Yamuna Nagar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 25.02.2026 at 10:00 A.M.
For details logon to https://highcourtchd.gov.in/?mod=district_notice&district=Yamunanagar
Dated, this day of 07-02-2026
**Sd/-Principal Judge, Family Court, Jagadhri**

---

**(U/o 5 Rule 20 cpc)**
**In the Court of Hon'ble Priyanka Sharma Civil Judge (Junior Division),**
CNR No. PBAS02-001476-2020
Next Date: 18.02.2026
CS/1032/2025
Canara Bank
Versus
Harbahajan Kaur
Notice To.: Smt. Harbhajan Kaur W/o Late Shri Jaswant Singh R/o Vill. Chabba, Teh. and Distt., Amritsar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **18.**02.2026 at 10:00 A.M.
For details logon to https://highcourtchd.gov.in/?trs=district_notice&district=Amritsar
Dated, this day of 05-01-2026
**Sd/- Civil Judge (Junior Division),**

---

**(U/o 5 Rule 20 CPC)**
**In the Court of Ms. Haramrit Kaur Civil Judge (Junior Division)-7,**
CNR No. PBSA02-000966-2022
Next Date: 02.03.2026
Sharanjit Kaur
Versus
Inderpal Singh
Notice to :1)Gurbir Singh Grewal S/o Gurnam Singh Grewal R/o H.No.286, Sector 10 Chandigarh 2) Birshalinder Singh virk S/o Harbans Singh R/o H.No. 1068 Sector 12A Panchkula 3) Sukhbir Singh S/o Tarlochan Singh 4) Gulab Singh S/o Tarlochan Singh R/o H. No. 82 ward no. 13 Gaushala Road Patiala 5) Amit Garg S/o Jagdish Lal R/o H.No. 89 Sector 33 A Chandigarh 6) Ms.Dimple w/o Sanjay Chanana 7) Ms. Rajani Chnana w/o Sunil Chanana R/o H.No. 6 Hisar Road Ambala City 8) Baldev Singh Mann S/o Mukand Singh R/o H.No. 3370/1 Sector 45 D Chandigarh 9) Baffle Sol Technology private Limited through Authorised Signatory vikas Garg R/o H.No.1 wework DLF Two Horizon Centre 5th floor DLF Phase 5Sector 43 Golf Course Road Gurugram 10) Anita Sood w/o Rakesh Sood R/o H.No. 79 Indraprastha Apartment Plot No. 1 Rohini Sector 14 North West Delhi
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **02.**03.2026 at 10:00 A.M.
For details logon to https://highcourtchd.gov.in/?mod=district_notice&district=mohali
Dated this day of 02.02.2026
**Sd/- Civil Judge (Jr. Divn.)-7,**

## ਬੇਦਖਲੀ ਸੂਚਨਾ

ਮੈਂ, ਹਰਜੀਤ ਕੌਰ ਪਤਨੀ ਹਰਿੰਦਰ ਸਿੰਘ ਵਾਸੀ ਪਿੰਡ ਲਟੌਰ ਸਬ ਤਹਿਸੀਲ ਚਨਾਰਥਲ ਕਲਾਂ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਬਿਆਨ ਕਰਦੀ ਹਾਂ ਕਿ ਮੇਰੀ ਤਲਾਕਸ਼ੁਦਾ ਲੜਕੀ ਰਾਜਵਿੰਦਰ ਕੌਰ ਜੋ ਮੇਰੇ ਕੋਲ ਰਹਿੰਦੀ ਸੀ। ਮੇਰੇ ਕਹਿਣੇ ਤੋਂ ਬਾਹਰ ਹੈ, ਇਸ ਲਈ ਮੈਂ ਇਸ ਨੂੰ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ/ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ 'ਚ ਰਹੋ।

## ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।
-ਇਸ਼ਤਿਹਾਰ ਮੈਨੇਜਰ

# ਤਕਨੀਕੀ ਦੌਰ ਵਿੱਚ ਵੱਧ ਰਹੀ ਇਕੱਲਤਾ



ਸੰਜੀਵ ਸਿੰਘ ਸੈਣੀ
7888966168

ਦਿਨ ਪ੍ਰਤੀ ਦਿਨ ਨਵੀਂ ਨਵੀਂ ਟੈਕਨੋਲੋਜੀ ਆ ਰਹੀ ਹੈ। ਜਿੰਨੀ ਵਿਗਿਆਨ ਨੇ ਤਰੱਕੀ ਕੀਤੀ ਹੈ, ਉਸ ਮੁਤਾਬਕ ਇਨਸਾਨ ਦੀ ਜ਼ਿੰਦਗੀ ਸੁਖਾਲੀ ਹੋ ਜਾਣੀ ਸੀ, ਪਰ ਦਿਨ ਪ੍ਰਤੀ ਦਿਨ ਇਨਸਾਨ ਤਣਾਅ, ਚਿੜਚਿੜਾਪਣ, ਉਦਾਸੀ, ਅਕੇਵਾਂ ਮਾਨਸਿਕ ਪਰੇਸ਼ਾਨੀ ਨਾਲ ਘਿਰ ਚੁੱਕਿਆ ਹੈ। ਸਕੂਨ ਖ਼ਤਮ ਜਿਹਾ ਹੋ ਚੁੱਕਿਆ ਹੈ। ਉਹ ਕਿਸੇ ਕੋਲ ਵੀ ਆਪਣਾ ਮਨ ਹੌਲਾ ਨਹੀਂ ਕਰਨਾ ਚਾਹੁੰਦਾ। ਉਸ ਨੂੰ ਇਹ ਹੁੰਦਾ ਹੈ ਕਿ ਉਸ ਦੀ ਇਸ ਤਰ੍ਹਾਂ ਨਾਲ ਪ੍ਰਾਈਵੇਸੀ ਖ਼ਤਮ ਹੋ ਜਾਵੇਗੀ।ਅਸੀਂ ਸਾਰੇ ਹੀ ਸਮਾਜ ਦਾ ਹਿੱਸਾ ਹਾਂ। ਕਈ ਵਾਰ ਕੋਈ ਕੰਮ ਨੂੰ ਕਰਦੇ ਹੋਏ ਸਾਨੂੰ ਅਵੇਸਲਾਪਨ,(ਆਲਸ) ਲੱਗਣ ਲੱਗ ਜਾਂਦਾ ਹੈ। ਅਸੀਂ ਸੋਚਦੇ ਹਾਂ ਕਿ ਮੇਰਾ ਤਾਂ ਇਸ ਕੰਮ ਨੂੰ ਕਰਦੇ ਹੋਏ ਮਨ ਭਰ ਗਿਆ, ਜਾਂ ਅੱਕ ਗਿਆ ਹਾਂ। ਫਿਰ ਉਸ ਕੰਮ ਵਿੱਚ ਇਨਸਾਨ ਦੀ ਦਿਲਚਸਪੀ ਨਹੀਂ ਲੱਗਦੀ। ਕਈ ਵਾਰ ਉਹ ਕੰਮ ਸਿਰੇ ਵੀ ਨਹੀਂ ਚੜ੍ਹਦਾ, ਭਾਵ ਉਸ ਵਿੱਚ ਬਹੁਤ ਜ਼ਿਆਦਾ ਕਮੀਆਂ, ਗਲਤੀਆਂ ਹੋ ਜਾਂਦੀਆਂ ਹਨ।ਚਾਹੇ ਉਹ ਕੋਈ ਵੀ ਕੰਮ ਵਿੱਚ ਹੱਥ ਪਾ ਲਵੇ, ਉਸ ਦਾ ਦਿਮਾਗ ਇੱਧਰ ਉੱਧਰ ਭਟਕਦਾ ਰਹੇਗਾ। ਤੱਤ ਪੜੱਤ, ਕਾਹਲੀ ਵਿੱਚ ਇੱਕ ਕੰਮ ਛੱਡ ਕੇ ਦੂਜੇ ਨੂੰ ਹੱਥ ਪਾਉਣ ਨਾਲ ਗਲਤੀ ਸੁਭਾਵਿਕ ਹੀ ਹੈ। ਅੱਜ ਲੋਕ ਮਨ 'ਤੇ ਇੰਨਾ ਬੋਝ ਲੈ ਕੇ ਘੁੰਮ ਰਹੇ ਹਨ ਕਿ ਦੱਸ ਨਹੀਂ ਸਕਦੇ। ਕਿਸੇ ਨੂੰ ਵੀ ਨਹੀਂ ਮਿਲਣਾ ਅੱਜ ਕੱਲ ਦੀ ਨੌਜਵਾਨ ਪੀੜੀ ਨੂੰ ਪਸੰਦ ਹੈ। ਮਨ 'ਤੇ ਬੋਝ ਲੈ ਕੇ ਪਤਾ ਵੀ ਨਹੀਂ ਇਨਸਾਨ ਅੱਜ ਕਿੰਨੀਆਂ ਹੀ ਨਾਮੁਰਾਦ ਬਿਮਾਰੀਆਂ ਨਾਲ ਘਿਰ ਚੁੱਕਿਆ ਹੈ। ਜਦੋਂ ਉਸਨੂੰ ਲੱਗਦਾ ਹੈ ਕਿ ਉਸ ਲਈ ਜ਼ਿੰਦਗੀ ਹੁਣ ਹਨੇਰੀ ਹੋਣ ਲੱਗ ਪਈ ਹੈ ਤਾਂ ਫਿਰ ਉਹ ਗਲਤ ਰਾਹ ਤੁਰ ਪੈਂਦਾ ਹੈ। ਆਤਮਾ ਹੱਤਿਆ ਖ਼ੁਦਕੁਸ਼ੀ ਕਰਨ ਦੀ ਸੋਚਣ ਲੱਗ ਜਾਂਦਾ ਹੈ। ਅਜਿਹਾ ਹੋ ਵੀ ਰਿਹਾ ਹੈ । ਅੱਜ ਲੋਕ ਖ਼ਾਸ ਕਰ ਨੌਜਵਾਨ ਪੀੜੀ ਦੀ ਤਾਂ ਗੱਲ ਹੀ ਛੱਡ ਦਿਓ, ਹਰ ਰੋਜ਼ ਇੱਕ ਜਾਂ ਦੋ ਤਿੰਨ ਨੌਜਵਾਨ ਤਕਰੀਬਨ 15 ਤੋਂ ਲੈ ਕੇ 30 ਸਾਲ ਤੱਕ ਦੇ ਬੱਚੇ ਅਜਿਹਾ ਗਲਤ ਕਦਮ ਚੁੱਕ ਰਹੇ ਹਨ। ਡਿਪਰੈਸ਼ਨ ਛੋਟੇ ਤੋਂ ਛੋਟੇ ਬੱਚਿਆਂ ਨੂੰ ਹੋ ਚੁੱਕਿਆ ਹੈ। ਵੱਡਿਆਂ ਦੀ ਤਾਂ ਗੱਲ ਹੀ ਛੱਡ ਦਿਓ। ਬੱਚਿਆਂ ਨੂੰ ਇਹ ਹੁੰਦਾ ਹੈ ਕਿ ਉਹਨਾਂ ਨੂੰ ਕੋਈ ਟੋਕਾ ਟਾਕੀ ਨਾ ਕਰੇ। ਮਾਪਿਆਂ ਦੇ ਅੱਗੇ ਬੋਲਦੇ ਹਨ।

ਮੋਬਾਇਲ, ਸੋਸ਼ਲ ਮੀਡੀਆ ਨੇ ਇਨਸਾਨ ਨੂੰ ਆਪਣੀ ਕੈਦ ਵਿੱਚ ਜਕੜ ਲਿਆ ਹੈ। ਸਵੇਰ ਤੋਂ ਲੈ ਕੇ ਰਾਤ ਤੱਕ ਉਸ ਦੀ ਕੈਦ ਵਿੱਚ ਹੈ। ਬਾਹਰ ਨਿਕਲਣਾ ਨਹੀਂ ਹੈ। ਸੈਰ ਲਈ ਜਾਣਾ ਨਹੀਂ ਹੈ। ਦਿਨ ਪ੍ਰਤੀ ਦਿਨ ਇਨਸਾਨ ਚੀਜ਼ਾਂ ਦਾ ਗੁਲਾਮ ਬਣ ਕੇ ਰਹਿ ਚੁੱਕਿਆ ਹੈ । ਸੋਸ਼ਲ ਮੀਡੀਆ ਨੇ ਇਨਸਾਨ ਦੀ ਜ਼ਿੰਦਗੀ ਨਰਕ ਬਣਾ ਦਿੱਤੀ ਹੈ । ਦੇਖੋ ਫਾਇਦਾ ਤਾਂ ਕੀ ਲੈਣਾ ਸੀ, ਉਲਟਾ ਇਨਸਾਨ ਸਮੱਸਿਆਵਾਂ ਨਾਲ ਘਿਰ ਚੁੱਕਿਆ ਹੈ । ਸੋਸ਼ਲ ਮੀਡੀਆ ਤੇ ਫੇਸਬੁੱਕ ,ਵਟਸਐਪ ਹੋਰ ਪਤਾ ਨਹੀਂ ਕਿੰਨੀ ਸਾਈਟਸ 'ਤੇ ਤੁਸੀਂ ਲੋਕਾਂ ਨੂੰ ਆਪਣੀ ਪ੍ਰੋਫਾਈਲ 'ਤੇ ਐਡ ਕਰਦੇ ਹੋ, ਬਹੁਤ ਮਿੱਤਰ ਬਣਾਉਂਦੇ ਹੋ। ਵਿਚਾਰ ਕਰਨ ਵਾਲੀ ਗੱਲ ਹੈ ਕਿ ਅਸੀਂ ਉਹਨਾਂ ਦਾ ਪਿਛੋਕੜ ਵੀ ਨਹੀਂ ਜਾਣਦੇ ਕਿ ਉਹਨਾਂ ਦਾ ਪਿਛੋਕੜ ਕਿਹੋ ਜਿਹਾ ਸੀ? ਉਹਨਾਂ ਨਾਲ ਨੇੜਤਾ ਬਣਾ ਲੈਂਦੇ ਹਾਂ, ਪਰ ਉਹਨਾਂ ਨੂੰ ਮਿਲਦੇ ਕਦੇ ਨਹੀਂ । ਕਈ ਵਾਰ ਤਾਂ ਆਨਲਾਈਨ ਦੋਸਤੀ ਦੇ ਚੱਕਰ ਵਿੱਚ ਤੁਸੀਂ ਆਪਣਾ ਨੁਕਸਾਨ ਵੀ ਕਰਵਾ ਬੈਠਦੇ ਹੋ। ਜੋ ਇਨਸਾਨ ਤੁਹਾਡੇ ਨੇੜੇ ਤੇੜੇ 24 ਘੰਟੇ ਰਹਿ ਰਿਹਾ ਹੈ, ਤੁਸੀਂ ਉਸ ਨਾਲ ਗੱਲ ਕਰਨੀ ਪਸੰਦ ਵੀ ਨਹੀਂ ਕਰਦੇ ਹੋ। ਦੋਸਤ ਮਿੱਤਰ ਅਜਿਹਾ ਹੋਵੇ, ਜੋ ਹਰ ਦੁੱਖ ਸੁੱਖ ਵਿੱਚ ਤੁਹਾਡਾ ਸ਼ਰੀਕ ਹੋਵੇ। ਪੁਰਾਣੇ ਸਮੇਂ ਦੀ ਗੱਲ ਕਰੀਏ ਤਾਂ ਉਹਨਾਂ ਵੇਲਿਆਂ ਵਿੱਚ ਆਪਸੀ ਪ੍ਰੀਤ, ਪਿਆਰ ਸੀ। ਜੇ ਕਿਸੇ ਨੂੰ ਕੋਈ ਸਮੱਸਿਆ ਹੁੰਦੀ ਸੀ ਤਾਂ ਦੂਜੇ ਨਾਲ ਸਾਂਝੀ ਕਰ ਲੈਂਦਾ ਸੀ। ਘਰ ਵਿੱਚ ਵੱਡਿਆਂ ਨਾਲ ਗੱਲ ਕਰਕੇ ਸਮੱਸਿਆ ਦਾ ਹੱਲ ਮਿਲ ਜਾਂਦਾ ਸੀ। ਡਿਪਰੈਸ਼ਨ, ਤਣਾਅ ਉਹਨਾਂ ਵੇਲਿਆਂ ਵਿੱਚ ਕਿਸੇ ਨੂੰ ਵੀ ਨਹੀਂ ਹੁੰਦਾ ਸੀ, ਉਹਨਾਂ ਲੋਕਾਂ ਕੋਲ ਬਰਦਾਸ਼ਤ ਸ਼ਕਤੀ ਬਹੁਤ ਹੁੰਦੀ ਸੀ, ਜੇ ਕੋਈ ਆਪਣੇ ਮਨ ਦੀ ਗੱਲ ਕਰਦਾ ਸੀ ਤਾਂ ਉਸਨੂੰ ਅੱਗੇ ਛੱਜ ਵਿੱਚ ਪਾ ਕੇ ਪਛੱਟਿਆ ਨਹੀਂ ਜਾਂਦਾ ਸੀ, ਉਸ ਗੱਲ ਨੂੰ ਉੱਥੇ ਹੀ ਛੱਡ ਦਿੱਤਾ ਜਾਂਦਾ ਸੀ ਤੇ ਬੰਦੇ ਦੀ ਸਮੱਸਿਆ ਦਾ ਹੱਲ ਵੀ ਹੋ ਜਾਂਦਾ ਸੀ। ਅੱਜ ਲੋਕਾਂ ਦੀ ਫ਼ਿਤਰਤ ਹੈ ਕਿਸੇ ਨੂੰ ਰਾਮ ਸਲਾਮ ਨਹੀਂ ਕਰਨੀ ਹੈ । ਆਪਣੇ ਤੱਕ ਮਤਲਬ ਰੱਖਦਾ ਹੈ। ਗੁਆਂਢੀ ਨੂੰ ਪਤਾ ਨਹੀਂ ਹੁੰਦਾ ਕਿ ਉਸਦੇ ਨਾਲ ਵਾਲੇ ਘਰ ਵਿੱਚ ਕੀ ਹੋ ਰਿਹਾ ਹੈ । ਪੱਥਰਾਂ ਵਰਗੇ ਦਿਲ ਬਣ ਚੁੱਕੇ ਹਨ। ਜੇ ਕਿਸੇ ਨਾਲ ਦਿਲ ਦੀ ਗੱਲ ਕਰੇਗਾ ਤਾਂ ਚਿਹਰਾ ਆਪਣੇ ਆਪ ਖਿੜਿਆ ਰਹੇਗਾ, ਬਿਮਾਰੀਆਂ ਦੂਰ ਰਹਿਣਗੀਆਂ। ਹਾਂ-ਪੱਖੀ ਸੋਚ ਰਹੇਗੀ। ਸਕਾਰਾਤਮਕ ਸੋਚ ਨਾਲ ਵੱਡੇ ਤੋਂ ਵੱਡਾ ਮੁਕਾਮ ਹਾਸਿਲ ਕਰ ਸਕਦਾ ਹੈ। ਪਰ ਇਨਸਾਨ ਅੱਜ ਕੱਲ ਕਿਸੇ ਨੂੰ ਬੁਲਾਉਣਾ ਹੀ ਨਹੀਂ ਚਾਹੁੰਦਾ। ਜਦੋਂ ਲੱਗ ਰਿਹਾ ਹੈ ਕਿ ਤੁਸੀਂ ਬੋਰ ਹੋ ਰਹੇ ਹੋ ਜਾਂ ਕੋਈ ਸਮੱਸਿਆ ਨਾਲ ਘਿਰ ਰਹੇ ਹੋ ਤਾਂ ਚੰਗੇ ਦੋਸਤ ਦਾ ਸੰਗ ਕਰੋ, ਉਸਨੂੰ ਮਿਲੋ, ਉਸ ਨਾਲ ਸਮਾਂ ਗੁਜ਼ਾਰੋ, ਉਸਨੂੰ ਆਪਣੇ ਦਿਲ ਦੀ ਗੱਲ ਦੱਸੋ। ਸਮੱਸਿਆ ਦਾ ਹੱਲ ਜ਼ਰੂਰ ਨਿਕਲੇਗਾ। ਪੈਸਾ ਕਮਾਓ, ਪਰ ਇੰਨਾ ਵੀ ਨਹੀਂ ਕਿ ਤੁਸੀਂ ਇਹ ਸਮਝੋ ਕਿ ਮੈਨੂੰ ਕਿਸੇ ਇਨਸਾਨ ਦੀ ਜ਼ਰੂਰਤ ਨਹੀਂ ਪੈਣੀ। ਪੈਸਾ ਗੁਜ਼ਰਾਨ ਲਈ ਹੁੰਦਾ ਹੈ। ਚੰਗੇ ਦੋਸਤਾਂ ਦੇ ਸੰਗ ਨਾਲ ਤੁਹਾਡੇ ਦਿਮਾਗ ਵਿੱਚ ਤਰ੍ਹਾਂ ਤਰ੍ਹਾਂ ਦੇ ਬਹੁਤ ਸੋਹਣੇ ਵਿਚਾਰ ਆਪਣੇ ਆਪ ਪੈਦਾ ਹੁੰਦੇ ਰਹਿਣਗੇ ।

# ਵਿਗਿਆਨ ਵਿਚ ਮਹਿਲਾਵਾਂ ਦੀ ਦਿਲਚਸਪੀ ਵਧਾਉਣ ਦੀ ਲੋੜ

ਪ੍ਰੋ. ਪਰਮਜੀਤ ਸਿੰਘ
ਨਿੱਕੇ ਘੁੰਮਣ
ਮੋ : 97816-46008

ਇਹ ਕੋਈ ਅਤਿਕਥਨੀ ਨਹੀਂ ਹੈ ਕਿ ਇਸ ਵਿਸ਼ਵ ਅੰਦਰ ਮਹਿਲਾਵਾਂ ਨੇ ਜੀਵਨ ਦੇ ਹਰੇਕ ਖੇਤਰ ਵਿਚ ਆਪਣੀ ਕਾਬਲੀਅਤ ਅਤੇ ਸੂਝ ਦਾ ਪ੍ਰਮਾਣ ਦਿੰਦਿਆਂ ਹੋਇਆਂ ਸਿਰਕੱਢ ਪ੍ਰਾਪਤੀਆਂ ਕੀਤੀਆਂ ਹਨ ਤੇ ਸਮੁੱਚੀ ਨਾਰੀ ਜਾਤੀ ਦਾ ਮਾਣ ਮਣਾਂ ਮੂੰਹੀਂ ਵਧਾਇਆ ਹੈ। ਅੱਜ ਦੀ ਨਾਰੀ ਉਹ ਨਾਰੀ ਨਹੀਂ ਰਹੀ ਹੈ ਜੋ ਘਰ ਦੀ ਚਾਰਦੀਵਾਰੀ ਅੰਦਰ ਬਣੇ ਚੁੱਲ੍ਹੇ-ਚੌਂਕੇ ਤੱਕ ਹੀ ਸੀਮਿਤ ਸੀ ਤੇ ਜਿਸਨੂੰ 'ਬੱਚੇ ਪੈਦਾ ਕਰਨ ਦੀ ਮਸ਼ੀਨ' ਅਤੇ 'ਪੈਰ ਦੀ ਜੁੱਤੀ ' ਤੋਂ ਵਧ ਕੇ ਕੁਝ ਨਹੀਂ ਸਮਝਿਆ ਜਾਂਦਾ ਸੀ। ਅਜੋਕੀ ਨਾਰੀ ਨੇ ਵਿੱਦਿਆ ਹਾਸਿਲ ਕਰਕੇ ਆਪਣੀ ਦਸ਼ਾ ਅਤੇ ਦਿਸ਼ਾ ਵਿਚ ਵੱਡੇ ਪਰਿਵਰਤਨ ਲਿਆਂਦੇ ਹਨ। ਉਹ ਜਲ ਤੇ ਥਲ ਦੀਆਂ ਗਹਿਰਾਈਆਂ ਤੋਂ ਲੈ ਕੇ ਆਕਾਸ਼ ਤੇ ਪੁਲਾੜ ਦੀਆਂ ਉਚਾਈਆਂ ਤੱਕ ਸਭ ਖਿੱਤਿਆਂ ਵਿਚ ਮਰਦਾਂ ਦੇ ਬਰਾਬਰ ਤੇ ਕਈ ਖੇਤਰਾਂ ਵਿਚ ਤਾਂ ਮਰਦਾਂ ਤੋਂ ਵੀ ਅੱਗੇ ਚੱਲ ਰਹੀ ਹੈ ਪਰ ਕੇਵਲ ਵਿਗਿਆਨ ਹੀ ਇਕ ਅਜਿਹਾ ਖੇਤਰ ਹੈ ਜਿਸ ਵਿਚ ਮਹਿਲਾਵਾਂ ਅਜੇ ਬਹੁਤ ਪਛੜੀਆਂ ਹੋਈਆਂ ਹਨ। ਇਸ ਖੇਤਰ ਵਿਚ ਮਹਿਲਾਵਾਂ ਦੀ ਸ਼ਮੂਲੀਅਤ ਵਧਾਉਣ ਪ੍ਰਤੀ ਜਾਗਰੂਕਤਾ ਹਿਤ ਹਰ ਸਾਲ 11 ਫ਼ਰਵਰੀ ਦੇ ਦਿਨ ਕੌਮਾਂਤਰੀ ਪੱਧਰ 'ਤੇ 'ਵਿਗਿਆਨ ਦੇ ਖੇਤਰ ਵਿਚ ਮਹਿਲਾਵਾਂ ਦਿਵਸ' ਮਨਾਇਆ ਜਾਂਦਾ ਹੈ।

ਅਜੋਕਾ ਦਿਵਸ ਮਨਾਉਣ ਸਬੰਧੀ ਸੰਯੁਕਤ ਰਾਸ਼ਟਰ ਸੰਘ ਦੀ ਆਮ ਸਭਾ ਨੇ 22 ਦਸੰਬਰ, 2015 ਨੂੰ ਇਕ ਵਿਸ਼ੇਸ਼ ਮਤਾ ਪਾਸ ਕੀਤਾ ਸੀ ਤੇ ਇਹ ਦਿਵਸ 'ਯੂਨੇਸਕੋ' ਦੇ ਵਿਸ਼ੇਸ਼ ਉੱਦਮ ਸਦਕਾ ਹਰ ਸਾਲ ਮਨਾਇਆ ਜਾਂਦਾ ਹੈ।ਇਸ ਦਿਵਸ ਨੂੰ ਮਨਾਉਣ ਦਾ ਮੁੱਖ ਉਦੇਸ਼ ਮਹਿਲਾਵਾਂ ਦੀ ਵਿਗਿਆਨ, ਤਕਨਾਲੋਜੀ, ਇੰਜੀਨਿਅਰਿੰਗ ਅਤੇ ਗਣਿਤ ਤੱਕ ਪੁਰਸ਼ਾਂ ਦੇ ਬਰਾਬਰ ਪਹੁੰਚ ਨੂੰ ਯਕੀਨੀ ਬਣਾਉਣਾ ਹੈ। ਇਸ ਦਿਵਸ ਨੂੰ ਮਨਾਉਣ ਹਿਤ ਵੱਖ-ਵੱਖ ਸਰਕਾਰੀ ਤੇ ਸਵੈ-ਸੇਵੀ ਸੰਗਠਨਾਂ ਤੋਂ ਇਲਾਵਾ ਯੂਨੀਵਰਸਿਟੀਆਂ ਅਤੇ ਹੋਰ ਵਿਦਿਅਕ ਅਦਾਰਿਆਂ ਦੀ ਮਦਦ ਲਈ ਜਾਂਦੀ ਹੈ ਤੇ ਉਕਤ ਚਾਰਾਂ ਖੇਤਰਾਂ ਵਿਚ ਅਧਿਐਨ ਅਤੇ ਖੋਜ ਲਈ ਮਹਿਲਾਵਾਂ ਨੂੰ ਪ੍ਰੇਰਿਤ ਕੀਤਾ ਜਾਂਦਾ ਹੈ। ਅਮਰੀਕਾ ਅਤੇ ਇੰਗਲੈਂਡ ਜਿਹੇ ਵਿਕਸਿਤ ਸਮਝੇ ਜਾਂਦੇ ਮੁਲਕਾਂ ਅੰਦਰ ਵੀ ਵਿਗਿਆਨ, ਤਕਨਾਲੋਜੀ, ਇੰਜੀਨਿਅਰਿੰਗ ਅਤੇ ਗਣਿਤ ਆਦਿ ਵਿਸ਼ਿਆਂ ਵਿਚ ਬਹੁਤ ਘੱਟ ਮਹਿਲਾਵਾਂ ਨੇ ਉਚੇਰੀ ਵਿੱਦਿਆ ਪ੍ਰਾਪਤੀ ਜਾਂ ਫਿਰ ਸਪੈਸ਼ਲਾਈਜ਼ੇਸ਼ਨ ਕੀਤੀ ਹੋਈ ਹੈ ਤੇ ਇਹੋ ਹਾਲਤ ਏਸ਼ੀਆਈ ਤੇ ਅਫ਼ਰੀਕੀ ਮੁਲਕਾਂ ਵਿਚ ਵੀ ਵੇਖਣ ਨੂੰ ਮਿਲਦੀ ਹੈ। ਵਿਕਾਸਸ਼ੀਲ ਅਤੇ ਪਿਛੜੇ ਮੁਲਕਾਂ ਵਿਚ ਕਈ ਸਾਰੇ ਆਰਥਿਕ,ਸਮਾਜਿਕ ਅਤੇ ਅੰਧਵਿਸ਼ਵਾਸੀ ਕਾਰਨਾਂ ਕਰਕੇ ਲੜਕੀਆਂ ਨੂੰ ਉਕਤ ਵਿਸ਼ਿਆਂ ਦੀ ਉਚੇਰੀ ਸਿੱਖਿਆ ਤੱਕ ਪੁੱਜਣ ਨਹੀਂ ਦਿੱਤਾ ਜਾਂਦਾ ਹੈ। ਹੈਰਾਨੀ ਭਰੀ ਤੇ ਦਿਲਚਸਪ ਗੱਲ ਇਹ ਹੈ ਕਿ ਮਹਿਲਾਵਾਂ ਪ੍ਰਤੀ ਸੌੜੀ ਸੋਚ ਵਾਲੇ ਸਮਝੇ ਜਾਣ ਵਾਲੇ ਅਰਬ ਮੁਲਕਾਂ ਵਿਚ ਵਿਗਿਆਨ ਅਤੇ ਗਣਿਤ ਜਿਹੇ ਵਿਸ਼ੇ ਪੜ੍ਹਨ ਵਾਲੀਆਂ ਲੜਕੀਆਂ ਤੇ ਮਹਿਲਾਵਾਂ ਦੀ ਸੰਖਿਆ ਬਹੁਤ ਜ਼ਿਆਦਾ ਹੈ ਪਰ ਜਦੋਂ ਇਨ੍ਹਾ ਮੁਸਲਿਮ ਮਹਿਲਾਵਾਂ ਵੱਲੋਂ ਵਿਗਿਆਨ ਆਦਿ ਵਿਸ਼ਿਆਂ ਵਿਚ ਵਿੱਦਿਆ ਹਾਸਿਲ ਕਰਕੇ ਕੋਈ ਕਰੀਅਰ ਬਣਾਉਣ ਜਾਂ ਕਿੱਤਾ ਚੁਣਨ ਦੀ ਗੱਲ ਆਉਂਦੀ ਹੈ ਤਾਂ ਉਥੇ ਅਰਬ ਦੇਸ਼ਾਂ ਦੇ ਪੁਰਸ਼ਾਂ ਦੀ ਸੰਕੀਰਨ ਸੋਚ ਕਰਕੇ ਇਹ ਮਹਿਲਾਵਾਂ ਅੱਗੇ ਨਹੀਂ ਵਧ ਪਾਉਂਦੀਆਂ ਹਨ।

ਸੰਨ 2022 ਵਿਚ ਭਾਰਤ ਦੇ ਉਸ ਵੇਲੇ ਦੇ ਵਿਗਿਆਨ ਤੇ ਤਕਨਾਲੋਜੀ ਮੰਤਰੀ ਡਾ.ਜਿੰਤੇਂਦਰ ਸਿੰਘ ਨੇ ਸੰਸਦ ਅੰਦਰ ਜਾਣਕਾਰੀ ਦਿੱਤੀ ਸੀ ਕਿ ਸੌ ਦੇ ਕਰੀਬ ਯੂਨੀਵਰਸਿਟੀਆਂ ਅਤੇ ਉੱਚ-ਸਿੱਖਿਆ ਦੇ ਹੋਰ ਅਦਾਰਿਆਂ ਵਿਚ ਕਰਵਾਏ ਗਏ ਇਕ ਸਰਵੇਖਣ ਤੋਂ ਇਹ ਪਤਾ ਲੱਗਾ ਸੀ ਕਿ ਵਿਗਿਆਨ ਵਿਸ਼ਾ ਚੁਣਨ ਵਾਲੇ ਕੁੱਲ ਵਿਦਿਆਰਥੀਆਂ ਵਿੱਚੋਂ ਮਹਿਲਾ ਵਿਦਿਆਰਥਣਾਂ ਦੀ ਸੰਖਿਆ ਕੇਵਲ 16.6 ਫ਼ੀਸਦੀ ਸੀ। ਇਸੇ ਤਰ੍ਹਾਂ ਦੇ ਇਕ ਹੋਰ ਅਧਿਐਨ ਵਿਚ ਨਿਚੋੜ ਪੇਸ਼ ਕਰਦਿਆਂ ਕੁਝ ਖੋਜਕਰਤਾਵਾਂ ਨੇ ਦੱਸਿਆ ਹੈ-"ਜਿੰਨੀ ਜ਼ਿਆਦਾ ਨਾਮਵਰ ਵਿਦਿਅਕ ਸੰਸਥਾ ਹੋਏਗੀ, ਉਥੇ ਓਨੀਆਂ ਹੀ ਘੱਟ ਔਰਤਾਂ ਵਿਗਿਆਨ ਵਿਸ਼ਾ ਪੜ੍ਹਦੀਆਂ ਮਿਲਣਗੀਆਂ।"

ਭਾਰਤ ਵਿਚ ਵਿਗਿਆਨ ਦੇ ਖੇਤਰ ਵਿਚ ਮੱਲਾਂ ਮਾਰਨ ਵਾਲੇ ਵਿਗਿਆਨੀਆਂ ਨੂੰ ਹਰ ਸਾਲ 'ਸ਼ਾਂਤੀ ਸਵਰੂਪ ਭਟਨਾਗਰ ਪੁਰਸਕਾਰ' ਪ੍ਰਦਾਨ ਕੀਤਾ ਜਾਂਦਾ ਹੈ ਤੇ ਸੰਨ 1958 ਵਿਚ ਸ਼ੁਰੂ ਕੀਤੇ ਗਏ ਇਸ ਪੁਰਸਕਾਰ ਦੇ ਜੇਤੂਆਂ ਦੀ ਸੰਨ 2025 ਤੱਕ ਦੀ ਲੰਮੀ ਸੂਚੀ ਵਿਚ ਮਹਿਲਾ ਵਿਗਿਆਨੀਆਂ ਦੀ ਸੰਖਿਆ ਕੇਵਲ 19 ਹੈ। ਇਸੇ ਤਰ੍ਹਾਂ ਜੇਕਰ ਨੋਬਲ ਪੁਰਸਕਾਰਾਂ ਦੀ ਗੱਲ ਕੀਤੀ ਜਾਵੇ ਤਾਂ ਪਤਾ ਲੱਗਦਾ ਹੈ ਕਿ ਇਸ ਪੁਰਸਕਾਰ ਦੇ ਸੰਨ 1901 ਤੋਂ 2025 ਤੱਕ ਦੇ 125 ਸਾਲ ਦੇ ਸਫ਼ਰ ਵਿਚ ਭੌਤਿਕ ਵਿਗਿਆਨ , ਰਸਾਇਣ ਵਿਗਿਆਨ, ਅਰਥ ਸ਼ਾਸਤਰ, ਸਾਹਿਤ, ਸ਼ਾਂਤੀ ਅਤੇ ਮੈਡੀਸਨ ਆਦਿ ਖੇਤਰਾਂ ਵਿਚ ਵੀ ਹੁਣ ਤੱਕ ਕੇਵਲ 68 ਮਹਿਲਾਵਾਂ ਹੀ ਨੋਬਲ ਪੁਰਸਕਾਰ ਹਾਸਿਲ ਕਰ ਪਾਈਆਂ ਹਨ ਤੇ ਇਨ੍ਹਾ ਵਿੱਚੋਂ ਵੀ ਨਿਰੋਲ ਵਿਗਿਆਨ ਵਿਸ਼ਿਆਂ ਵਿਚ ਨੋਬਲ ਪੁਰਸਕਾਰ ਹਾਸਿਲ ਕਰਨ ਵਾਲੀਆਂ ਮਹਿਲਾਵਾਂ ਕੇਵਲ 27 ਦੇ ਕਰੀਬ ਹੀ ਹਨ। ਮੈਰੀ ਕਿਊਰੀ ਇਕਲੌਤੀ ਅਜਿਹੀ ਮਹਿਲਾ ਹੈ ਜਿਸਨੇ ਦੋ ਵਾਰ ਨੋਬਲ ਪੁਰਸਕਾਰ ਜਿੱਤਣ ਦਾ ਸ਼ਰਫ਼ ਹਾਸਿਲ ਕੀਤਾ ਹੈ। ਉਸਨੂੰ ਸੰਨ 1903 ਵਿਚ ਭੌਤਿਕ ਵਿਗਿਆਨ ਲਈ ਅਤੇ ਸੰਨ 1911 ਵਿਚ ਰਸਾਇਣ ਵਿਗਿਆਨ ਲਈ ਨੋਬਲ ਇਨਾਮ ਨਾਲ ਸਨਮਾਨਿਤ ਕੀਤਾ ਗਿਆ ਸੀ।'ਲਾਰਾ ਬੱਸੀ' ਨਾਮਕ ਮਹਿਲਾ ਵਿਗਿਆਨੀ,ਯੂਰਪ ਦੀ ਕਿਸੇ ਯੂਨੀਵਰਸਿਟੀ ਲਈ ਚੁਣੀ ਗਈ ਭੌਤਿਕ ਵਿਗਿਆਨ ਵਿਸ਼ੇ ਦੀ ਪਹਿਲੀ ਪ੍ਰੋਫ਼ੈਸਰ ਸੀ। ਉਹ ਇਟਲੀ ਦੀ ਨਾਗਰਿਕ ਸੀ।

ਇਤਿਹਾਸ ਦੇ ਪੰਨੇ ਫ਼ਰੋਲਣ 'ਤੇ ਪਤਾ ਲੱਗਦਾ ਹੈ ਕਿ 2600 ਈਸਾਪੂਰਵ ਕਾਲਖੰਡ ਵਿਚ 'ਪੈਸ਼ੈਟ' ਨਾਮਕ ਮਹਿਲਾ ਡਾਕਟਰ ਹੋਇਆ ਕਰਦੀ ਅਤੇ ਇਸੇ ਤਰ੍ਹਾਂ ਹੀ ਵਿਸ਼ਵ ਪ੍ਰਸਿੱਧ ਤੇ ਪ੍ਰਾਚੀਨਕਾਲੀ ਸਾਹਿਤਕਾਰ ਹੋਮਰ ਵੀ ਆਪਣੀ ਇਕ ਰਚਨਾ ਵਿਚ ਜ਼ਿਕਰ ਕਰਦਾ ਹੈ ਕਿ 1194-1184 ਈਸਾਪੂਰਵ ਵਿਚ ਵਾਪਰੀ 'ਟਰੋਜਨ ਜੰਗ' ਵੇਲੇ 'ਅਗਾਮੇਡ' ਨਾਮਕ ਇਕ ਮਹਿਲਾ ਡਾਕਟਰ ਵੀ ਹਾਜ਼ਰ ਸੀ। ਉਂਜ ਸੰਸਾਰ ਦੀ ਪਹਿਲੀ ਮਹਿਲਾ ਡਾਕਟਰ ਜਿਸਨੇ ਕਾਨੂੰਨੀ ਮਾਨਤਾ ਤਹਿਤ ਡਾਕਟਰੀ ਦੀ ਪ੍ਰੈਕਟਿਸ ਸ਼ੁਰੂ ਕੀਤੀ ਸੀ, ਉਸਦਾ ਨਾਂ 'ਐਗਨੋਡਾਇਸ' ਸੀ ਤੇ ਉਸਦਾ ਸਬੰਧ ਚੌਥੀ ਸਦੀ ਈਸਾਪੂਰਵ ਦੇ ਏਥਨਜ਼ ਸ਼ਹਿਰ ਨਾਲ ਸੀ। ਸੰਸਾਰ ਪੱਧਰ 'ਤੇ ਵਿਗਿਆਨ ਦੇ ਖੇਤਰ ਵਿਚ ਨਾਮਣਾ ਖੱਟਣ ਵਾਲੀਆਂ ਔਰਤਾਂ ਦੀ ਜੇ ਗੱਲ ਕੀਤੀ ਜਾਵੇ ਤਾਂ ਇਨ੍ਹਾ ਵਿਚ-' ਰੋਜ਼ਾਲਿਨ ਫ਼ਰੈਂਕਲਿਨ, ਬਾਰਬਰਾ ਮੈਕਲਿੰਟੌਕ, ਸਾਰਾ ਸੀਗਰ, ਮਾਰੀਆ ਮਿਸ਼ੇਲ, ਡਿਆਨ ਫੋਜ਼ੀ, ਡੋਰਥੀ ਹੌਜਕਿਨ, ਕੈਥਰੀਨ ਜੌਹਨਸਨ, ਲਿਜ਼ਾ ਮੈਟਨਰ, ਗਰੇਸ ਹਾਪਰ, ਚਿਨ-ਸ਼ੁਆਂਗ-ਵੂ, ਐਲਿਸ ਅਗਸਤਾ ਬੌਲ, ਮੈਰੀ ਕਿਊਰੀ, ਵੈਲੀ ਫੰਕ, ਜੇਨ ਗੋਡਾਲ,ਮ੍ਰੇਅ ਕੈਰੋਲ ਜੈਨੀਸਨ' ਆਦਿ ਸਣੇ ਕੁਝ ਹੋਰ ਮਹਿਲਾਵਾਂ ਦੇ ਨਾਂ ਸ਼ਾਮਿਲ ਹਨ। ਇਸੇ ਤਰ੍ਹਾਂ ਜੇਕਰ ਵਿਗਿਆਨ ਦੇ ਖੇਤਰ ਵਿਚ ਭਾਰਤੀ ਮਹਿਲਾ ਵਿਗਿਆਨੀਆਂ ਦੀ ਗੱਲ ਕੀਤੀ ਜਾਵੇ ਤਾਂ ਮਾਣਯੋਗ ਪ੍ਰਾਪਤੀਆਂ ਕਰਨ ਵਾਲੀਆ ਮਹਿਲਾਵਾਂ ਵਿਚ-'ਅਨੰਦੀਬਾਈ ਜੋਸ਼ੀ, ਕਾਦੰਬਨੀ ਗਾਂਗੁਲੀ, ਮੈਰੀ ਲੂਕੋਸ, ਜਾਨਕੀ ਅੰਮਲ, ਕਮਲਾ ਸੋਹਣੀ, ਐਨਾ ਮਨੀ, ਅਸ਼ਿਮਾ ਚੈਟਰਜੀ, ਡੀ.ਰੰਗਨਾਥਨ, ਮਹਾਰਾਣੀ ਚੱਕਰਵਰਤੀ,ਰਾਜੇਸ਼ਵਰੀ ਚੈਟਰਜੀ, ਵਿਭਾ ਚੌਧਰੀ, ਇਰਾਵਤੀ ਕਾਰਵੇ , ਕਲਪਨਾ ਚਾਵਲਾ ਅਤੇ ਬੀ. ਵਿਜੇਲਕਸ਼ਮੀ ' ਆਦਿ ਸਣੇ ਕੁਝ ਹੋਰ ਮਹਿਲਾ ਵਿਗਿਆਨੀਆਂ ਦੇ ਨਾਂ ਸ਼ਾਮਿਲ ਹਨ।

ਸੋ ਮੁੱਕਦੀ ਗੱਲ ਇਹ ਹੈ ਕਿ ਮਹਿਲਾਵਾਂ ਵਿਚ ਵਿਗਿਆਨ, ਤਕਨਾਲੋਜੀ, ਇੰਜੀਨਿਅਰਿੰਗ ਅਤੇ ਗਣਿਤ ਪ੍ਰਤੀ ਰੁਚੀ ਵਧਾ ਕੇ ਗਿਆਨ ਦੀਆਂ ਇਨ੍ਹਾ ਸ਼ਾਖ਼ਾਵਾਂ ਦੇ ਆਸਰੇ ਮਹਿਲਾਵਾਂ ਨੂੰ ਵੱਡੀਆਂ ਪ੍ਰਾਪਤੀਆਂ ਲਈ ਪ੍ਰੇਰਨਾ ਦੇਣਾ ਅੱਜ ਦੇ ਦਿਵਸ ਦਾ ਮੁੱਖ ਉਦੇਸ਼ ਹੈ। ਇਸ ਸਬੰਧ ਵਿਚ ਲੜਕੀਆਂ ਦੇ ਮਾਪਿਆਂ, ਮਹਿਲਾ ਸੰਗਠਨਾਂ, ਸਮੇਂ ਦੀਆਂ ਸਰਕਾਰਾਂ ਅਤੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਮਿਲਜੁਲ ਕੇ ਯਤਨ ਕੀਤੇ ਜਾਣ ਦੀ ਬੜੀ ਭਾਰੀ ਲੋੜ ਹੈ। ਇਨ੍ਹਾ ਵਿਸ਼ਿਆਂ ਵਿਚ ਵਿੱਦਿਆ ਪ੍ਰਾਪਤ ਕਰਨ ਵਾਲੀਆਂ ਮਹਿਲਾਵਾਂ ਇਕ ਜਾਗ੍ਰਿਤ ਸੋਚ ਵਾਲੇ ਸਮਾਜ ਦਾ ਨਿਰਮਾਣ ਕਰਨ ਵਿਚ ਇਕ ਵੱਡੀ ਭੂਮਿਕਾ ਅਦਾ ਕਰ ਸਕਦੀਆਂ ਹਨ।

# ਮਹਾਸ਼ਿਵਰਾਤਰੀ ਸਬੰਧੀ ਕੱਢੀ ਸ਼ੋਭਾ ਯਾਤਰਾ ਦੌਰਾਨ ਹਰ ਹਰ ਮਹਾਦੇਵ ਦੇ ਜੈਕਾਰਿਆਂ ਨਾਲ ਗੂੰਜਿਆ ਟਾਂਡਾ

ਟਾਂਡਾ ਉੜਮੁੜ, 9 ਫਰਵਰੀ (ਅਰਜੁਨ ਜੈਨ)- ਮਹਾਸ਼ਿਵਰਾਤਰੀ ਦੇ ਪਾਵਨ ਅਵਸਰ @ਤੇ ਅੱਜ ਸ਼ਾਮ ਸ੍ਰੀ ਸ਼ਿਵ ਮੰਦਰ ਮੇਨ ਬਾਜ਼ਾਰ ਟਾਂਡਾ ਤੋਂ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਭਰਪੂਰ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ ਵੀਨੂੰ ਪੰਡਿਤ, ਸੰਜੀਵ ਸਿਆਲਅਤੇ ਰਲ ਵਰਮਾ ਅਤੇ ਹੋਰਨਾਂ ਸ਼ਿਵ ਭਗਤਾਂ ਦੀ ਦੇਖ-ਰੇਖ ਵਿਚ ਹਰ ਹਰ ਮਹਾਂਦੇਵ ਅਤੇ ਬਮ ਬਮ ਭੋਲੇ ਦੇ ਗੂੰਜਦੇ ਜੈਕਾਰਿਆਂ ਨਾਲ ਜਦੋਂ ਸ਼ੋਭਾ ਯਾਤਰਾ ਨੇ ਮੰਦਰ ਤੋਂਰਵਾਨਗੀ ਭਰੀ ਤਾਂ ਸਮੂਹ ਇਲਾਕਾ ਸ਼ਿਵਮਈ ਹੋ ਗਿਆ। ਸ਼ਰਧਾਲੂ ਭਗਤ ਕੇਸਰੀ ਝੰਡਿਆਂ ਨਾਲ ਸ਼ੋਭਾ ਯਾਤਰਾ ਵਿਚ ਸ਼ਾਮਲ ਹੋਏ।ਸ਼ਿਵ ਭੋਲੇ ਦੀ ਪਾਵਨ ਮੂਰਤੀ ਫੁੱਲਾਂ ਨਾਲ ਸਜਾਈ ਪਾਲਕੀ ਵਿਚ ਸੁਸ਼ੋਭਿਤ ਸੀ। ਇਹ ਸ਼ੋਭਾ ਯਾਤਰਾ ਮੇਨ ਬਾਜ਼ਾਰ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਮੁੱਖ ਮਾਰਗਾਂ ਅਤੇ ਗਲੀਆਂ ਵਿਚੋਂ ਹੁੰਦੀ ਹੋਈ ਗੁਜ਼ਰੀ । ਹਰ ਮੋੜ @ਤੇ ਸਥਾਨਕ ਨਿਵਾਸੀਆਂ, ਦੁਕਾਨਦਾਰਾਂ ਅਤੇ ਸਮਾਜਿਕ ਸੰਸਥਾਵਾਂ ਵੱਲੋਂ ਫੁੱਲਾਂ ਦੀ ਵਰਖਾ ਕਰ ਕੇ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਗਿਆ।ਸ਼ੋਭਾ ਯਾਤਰਾ ਦੌਰਾਨ ਢੋਲ-ਨਗਾਰਿਆਂ ਦੀ ਗੂੰਜ, ਭਜਨਾਂ ਅਤੇ ਸ਼ਿਵ ਭਗਤੀ ਗੀਤਾਂ ਨੇ ਮਾਹੌਲ ਨੂੰ ਆਤਮਿਕ ਆਨੰਦ ਨਾਲ ਭਰ ਦਿੱਤਾ। ਬੱਚਿਆਂ, ਨੌਜਵਾਨਾਂ ਅਤੇ ਬਜ਼ੁਰਗਾਂ ਨੇ ਇਕੱਠੇ ਹੋ ਕੇ ਭਗਵਾਨ ਸ਼ਿਵ ਦੇ ਗੁਣਗਾਨ ਕਰਦਿਆਂ ਭਗਤੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਸੇਵਾਦਾਰਾਂ ਵੱਲੋਂ ਸੁਚੱਜੇ ਪ੍ਰਬੰਧ ਕੀਤੇ ਗਏ। ਸ਼ੋਭਾ ਯਾਤਰਾ ਸ਼ਾਂਤੀਪੂਰਵਕ ਅਤੇ ਸੁਚੱਜੇ ਢੰਗ ਨਾਲ ਸੰਪੰਨ ਹੋਈ। ਅੰਤ ਵਿਚ ਸ਼ੋਭਾ ਯਾਤਰਾ ਮੁੜ ਮੰਦਰ ਕੰਪਲੈਕਸ ਵਿਚ ਸਮਾਪਤ ਹੋਈ। ਜਿੱਥੇ ਵਿਸ਼ੇਸ਼ ਆਰਤੀ ਉਪਰੰਤ ਭਗਤਾਂ ਵਿਚ ਪ੍ਰਸਾਦ ਵੰਡਿਆ ਗਿਆ ।ਸਮੂਹ ਸਮਾਗਮ ਨੇ ਟਾਂਡਾ ਨਗਰ ਵਿਚ ਧਾਰਮਿਕ ਸਾਂਝ, ਭਾਈਚਾਰਕ ਏਕਤਾ ਅਤੇ ਸਨਾਤਨ ਪ੍ਰੰਪਰਾਵਾਂ ਦੀ ਸੁੰਦਰ ਝਲਕ ਪੇਸ਼ ਕੀਤੀ ਅਤੇ ਮਹਾਸ਼ਿਵਰਾਤਰੀ ਦੇ ਪਾਵਨ ਤਿਉਹਾਰ ਨੂੰ ਯਾਦਗਾਰ ਬਣਾ ਦਿੱਤਾ।ਇਸ ਮੌਕੇ ਬਾਈ ਅਨਮੋਲਾ ਨੰਦ, ਡਾ. ਕੇਵਲ ਸਿੰਘ ਕਾਜਲ, ਅਮਰਦੀਪ ਜੋਲੀ, ਸੰਦੀਪ ਭਾਗੀਆਂ, ਸਤੀਸ਼ ਚੱਢਾ, ਨਗਰ ਕੌਂਸਲ ਪ੍ਰਧਾਨ ਗੁਰਸੇਵਕ ਮਾਰਸ਼ਲ, ਸੀਨੀਅਰ ਭਾਜਪਾ ਆਗੂ ਸੁਰਿੰਦਰ ਜਾਜਾ, ਜਵਾਹਰ ਖੁਰਾਣਾ, ਰਾਜੇਸ਼ ਲਾਡੀ, ਰਮੇਸ਼ਵਰ ਕੁਕਰੇਤੀ, ਰਾਹੁਲ ਵਰਮਾ, ਕ੍ਰਿਸ਼ਨ ਬਿੱਟੂ ,ਜਸਵਿੰਦਰ ਕਾਕਾ, ਦੇਸ ਰਾਜ ਡੋਗਰਾ, ਆਸੂ ਵੈਦ, ਅਵਿਨਾਸ਼ ਚੰਦਰ, ਹਰਿ ਕ੍ਰਿਸ਼ਨ ਸੈਣੀ, ਮੰਨਾ ਮਹਿਰਾ, ਸੋਨੂ ਖੁੱਲਰ, ਰਣਜੀਤ ਸਿੱਧੂ, ਰਾਮੂ, ਕਰਨ ਸਹਿਬਾਜ਼ਪੁਰ, ਸੋਢੀ, ਅਰਜੁਨ ਪੰਡਿਤ, ਗੁਰਮੁਖ ਸਿੰਘ, ਪੰਕਜ ਸਚਦੇਵਾ, ਗੁਰਬਖਸ਼ ਸਿੰਘ ਮੁਲਤਾਨੀ, ਰਸ਼ਪਾਲਰਾਣਾ, ਦਲੀਪ ਤੁੱਲੀ, ਬਲਜੀਤ ਰਾਏ, ਸੰਜੀਵ ਸ਼ਰਮਾ, ਸੁਖਦੇਵ ਭਾਰਦਵਾਜ, ਜੈ ਗੋਪਾਲ, ਅਨਿਲ ਕੁਮਾਰ, ਦੀਪਕ ਮਦਾਨ, ਭਿੰਦਾ ਪਹਿਲਵਾਨ, ਰਣਜੀਤ ਸਿੰਘ ਤੁੱਲੀ, ਸ਼ੁਭਮ ਬਿੱਲਾ, ਰਾਕੇਸ਼ ਬਿੱਟੂ, ਸੁੰਦਰੀ ਖੋਸਲਾ, ਸਤੀਸ਼ ਭਾਰਦਵਾਜ, ਸੰਜੀਵ ਸ਼ਰਮਾ, ਸਤਨਾਮ ਸਿੰਘ, ਡਿੰਪੀ ਸੈਣੀ, ਦੀਪਕ ਵਰਮਾ, ਬੰਟੀ ਸਹੋਤਾ, ਨਿਖਿਲ ਨਗਲ, ਗਗਨ ਸਿੰਘ ਆਦਿ ਨੇ ਹਾਜ਼ਰੀ ਲੁਆਈ।



ਭਾਰਤੀ ਰੇਲ
**ਪਟਿਆਲਾ ਲੋਕੋਮੋਟਿਵ ਵਰਕਸ**
ਪਟਿਆਲਾ-147 003
ਫੋਨ : 2396000, 2396001, ਫੈਕਸ: 91-0175-2306413

**ਵਿਸ਼ਾ: ਚਾਰ Consultants ਦੀ ਠੇਕੇ ਦੇ ਆਧਾਰ ਉਤੇ ਨਿਯੁਕਤੀ**

ਪੀ.ਐਲ.ਡਬਲਯੂ/ ਪਟਿਆਲਾ ਵਿਖੇ 04 (ਚਾਰ) Consultants in Mechancal- Deptt. ਦੇ ਆਧਾਰ ਤੇ ਭਰਤੀ ਹੇਤੂ ਬਿਨੈ ਪੱਤਰ ਮੰਗੇ ਜਾਂਦੇ ਹਨ। ਇਸ ਸਬੰਧੀ ਸ਼ਰਤਾਂ ਅਤੇ ਨਿਯਮ ਦੀ ਵਿਸਤਾਰ ਨਾਲ ਜਾਣਕਾਰੀ ਲਈ ਪੀ. ਐਲ. ਡਬਲਯੂ. ਪਟਿਆਲਾ ਦੀ website **www.plw.indianrailways.gov.in.** > News & Announcement > Recruitment > Consultants ਉਤੇ ਵੇਖੀ ਜਾਏ। ਬਿਨੈ ਪੱਤਰ ਪ੍ਰਾਪਤ ਕਰਨ ਦੀ ਆਖਰੀ ਮਿਤੀ 02.03.2026 ਹੈ। **447/2026**

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਉੱਤਰ ਰੇਲਵੇ**

**ਖੁਲ੍ਹੀ ਨਿਵਿਦਾ ਸੂਚਨਾ**
**(ਦਿਲਚਸਪੀ ਦਾ ਪ੍ਰਗਟਾਵਾ)**

| | | |
|---|---|---|
| 1 | ਐਨ.ਆਈ.ਟੀ. ਨੰਬਰ | ਐਨ.ਆਈ.ਟੀ. 140-ਮੇਡ/01/ਅੰਬਾਲਾ/2026 |
| 2 | ਟੈਂਡਰ ਨੰਬਰ | 140-ਮੇਡ/ਟੈਂਡਰ/01/2026 |
| 3 | ਕੰਮ ਦਾ ਨਾਮ | ਚੀਫ ਮੈਡੀਕਲ ਸੁਪਰਟੈਂਡੈਂਟ, ਉਤਰ ਰੇਲਵੇ ਅੰਬਾਲਾ ਮੰਡਲ ਦੇ ਦੁਆਰਾ ਪ੍ਰਸਿੱਧ ਮਲਟੀ ਸਪੈਸ਼ਿਲਿਟੀ ਅਤੇ ਹੋਮੋਡਾਯਲਿਸਿਸ ਸਹੂਲਤਾਂ ਵਾਲੇ ਹਸਪਤਾਲਾਂ ਤੋ ਕਾਲਕਾ ਜਿਲਾ ਦੇ ਲਈ ਵਰਤਮਾਨ ਸੀ.ਜੀ.ਐਚ. 2025 ਰੇਟ ਉਤੇ ਰੇਲਵੇ ਲਾਭਆਰਥੀ ਨੂੰ ਕੈਸ਼ਲੇਸ ਐਮਰਜੈਂਸੀ ਡਾਕਟਰੀ ਸੁਵਿਧਾ ਦੇਣ ਲਈ ਦਿਲਚਸਪੀ ਦਾ ਪ੍ਰਗਟਾਵਾ ਮੰਗ ਕੀਤੀ ਗਈ ਹੈ। ਪੂਰੀ ਜਾਣਕਾਰੀ ਦੇ ਲਈ ਭਾਰਤੀਯ ਰੇਲਵੇ ਦੀ ਵੈਬ ਸਾਈਟ www.nr.indianrailways.gov.in 'ਤੇ ਜਾਓ। |
| 4 | ਕੰਮ ਦਾ ਸਮਾਂ | 24 ਮਹੀਨੇ |
| 5 | ਨਿਵਿਦਾ ਪਾਉਣ ਤੇ ਖੋਹਲਣ ਦੀ ਅੰਤਿਮ ਮਿਤੀ ਤੇ ਸਮਾਂ | ਨਿਵਿਦਾ/ਬਿਨੈ ਪੱਤਰ ਪਾਉਣ ਦਾ ਸਮਾਂ ਮਿਤੀ 16.03.2026 ਨੂੰ 15:00 ਵਜੇ ਤਕ ਅਤੇ ਟੈਂਡਰ ਖੋਹਲਣ ਦਾ ਸਮਾਂ ਮਿਤੀ 16.03.2026 ਨੂੰ 15:10 ਵਜੇ ਚੀਫ ਮੈਡੀਕਲ ਸੁਪਰਟੈਂਡੈਂਟ, ਉਤਰ ਰੇਲਵੇ, ਅੰਬਾਲਾ ਛਾਉਣੀ ਦੇ ਦਫਤਰ ਵਿਚ |
| 6 | ਉਤਰ ਰੇਲਵੇ ਦੀ ਵੈਬਸਾਈਟ | www.nr.indianrailways.gov.in ਨਿਵਿਦਾ ਦਾਤਾ ਤੋ ਮਿਤੀ 16.03.2026 ਪੂਰਵ: 11:00 ਵਜੇ ਤਕ ਆਪਣੇ ਰਿਸਕ ਤੇ ਨਿਵਿਦਾ ਕਾਗਜਾਤ ਡਾਊਨਲੋਡ ਕੀਤੀ ਜਾ ਸਕਦੀ ਹੈ। |
| 7 | ਟੈਂਡਰ ਫਾਰਮ ਦੀ ਲਾਗਤ | ਜੀਰੋ |
| 8 | | ਜਿਨ੍ਹਾਂ ਹਸਪਤਾਲਾਂ ਨੂੰ ਪਹਿਲਾਂ ਤੋਂ ਹੀ ਅੰਬਾਲਾ ਡਵੀਜਨ ਦੇ ਨਾਲ ਸੂਚੀਬੱਧ ਕੀਤਾ ਗਿਆ ਹੈ ਅਤੇ ਉਨ੍ਹਾਂ ਦੇ ਕੋਲ ਵੈਲਿਡ ਕਾਂਟਰੈਕਟ ਹੈ, ਉਨ੍ਹਾਂ ਨੂੰ ਨਵੇਂ ਸਿਰੇ ਤੋਂ ਦਰਖਾਸਤ ਕਰਨ ਦੀ ਜਰੂਰਤ ਨਹੀਂ ਹੈ। |

ਨੰਬਰ: ਐਨ.ਆਈ.ਟੀ. 140-ਮੇਡ/01/ਅੰਬਾਲਾ/2026 ਮਿਤੀ:- 04.02.2026 **439/2026**

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਪੰਜਾਬ ਸਰਕਾਰ**
**ਨਗਰ ਕੌਂਸਲ ਫਿਰੋਜ਼ਪੁਰ**

| ਲ. ਨੰ. | ਕੰਮ ਦਾ ਨਾਮ | ਐਨਆਈਟੀ ਨੰਬਰ ਅਤੇ ਮਿਤੀ | ਬੰਦ ਹੋਣ ਦੀ ਮਿਤੀ ਅਤੇ ਸਮਾਂ |
|---|---|---|---|
| 1. | ਨੰ. 3 (ਕੰਮਾਂ ਦੀ ਸਪਲਾਈ ਅਤੇ ਵਿਕਾਸ) | ਐਮਸੀਐਫ/ 24/2025-26 | 27.02.2026 ਸਮਾਂ-ਬਾ. ਦੁ. 02.00 ਵਜੇ |

ਵੇਰਵਿਆਂ ਲਈ ਲਾਗ ਆਨ ਕਰੋ : **http://eproc.punjab.gov.in**
ਨੋਟ : ਟੈਂਡਰ/ਆਰਐਫਪੀ ਸੂਚਨਾ ਵਿਚ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।

| | | |
|---|---|---|
| ਸਹੀ/- | ਸਹੀ/- | ਸਹੀ/- |
| ਪ੍ਰਧਾਨ, ਨਗਰ ਕੌਂਸਲ, ਫਿਰੋਜ਼ਪੁਰ | ਕਾਰਜਕਾਰੀ ਅਧਿਕਾਰੀ, ਨਗਰ ਕੌਂਸਲ, ਫਿਰੋਜ਼ਪੁਰ | ਸਹਾਇਕ ਮਿਊਂਸਪਲ ਇੰਜੀਨੀਅਰ, ਜੂਨੀਅਰ ਇੰਜੀਨੀਅਰ, ਨਗਰ ਕੌਂਸਲ, ਫਿਰੋਜ਼ਪੁਰ |

**RO.No.PR-Advt.No. 1215/12/2025-26/8041 Dated CHD : 9/2/2026**

**ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ**
ਰਜਿਸਟਰਡ ਦਫਤਰ : ਪੰ:ਰਾ: ਬਿ: ਬੋਰਡ: ਮੁੱਖ ਦਫਤਰ ਦੀ ਮਾਲ ਪਟਿਆਲਾ -147001
ਕਾਰਪੋਰੇਸ਼ਨ ਪਹਿਚਾਣ ਨੰ.: U40109PB2010SGC033813 ਵੈਬ ਸਾਈਟ : www.pspcl.in.
ਮੋਬਾਇਲ ਨੰ: 96461-17906
ਥੋੜ੍ਹੇ ਸਮੇਂ ਦਾ ਈ -ਟੈਂਡਰ ਇਨਕੁਆਰੀ ਨੰ: 42/ਸੀ.ਡਬਲਿਊ.ਸੀ / 2025-26
ਮਿਤੀ: 06.02.2026

ਨਿਗਰਾਨ ਇੰਜੀਨੀਅਰ/ਸਿਵਲ ਨਿਰਮਾਣ ਹਲਕਾ, ਸ਼ੈਡ ਡੀ-4 ਏ, ਸ਼ਕਤੀ ਵਿਹਾਰ, ਪਟਿਆਲਾ ਵੱਲੋਂ ਉਪਰੋਕਤ ਟੈਂਡਰ ਇੰਨਕੁਆਰੀ 12/ਸੀ.ਡਬਲਿਊ.ਸੀ / 2025-26 ਬਾਬਤ 66 ਕੇ.ਵੀ ਸਬ ਸਟੇਸਨ ਕੜਿਆਲ ਅਧੀਨ ਸੰਚਾਲਣ ਹਲਕਾ ਸੰਗਰੂਰ ਵਿਖੇ ਮਿੱਟੀ ਦੀ ਭਰਤ ਪਾਉਣ ਸਬੰਧੀ ਦੇ ਥੋੜ੍ਹੇ ਸਮੇਂ ਦੇ ਈ-ਟੈਂਡਰ ਮੰਗੇ ਜਾਂਦੇ ਹਨ। ਵਿਸਤ੍ਰਿਤ ਟੈਂਡਰ ਮੰਗ ਨੋਟਿਸ ਅਤੇ ਟੈਂਡਰ ਸਪੈਸੀਫੀਕੇਸ਼ਨ https://eproc.punjab.gov.in ! ਤੇ ਮਿਤੀ 08.02.2026 ਸ਼ਾਮ 5.00 ਵਜੇ ਤੋਂ ਬਾਅਦ ਦੇਖੇ ਜਾ ਸਕਦੇ ਹਨ । ।
ਨੋਟ: ਸੋਧ ਸਬੰਧੀ ਵੇਰਵੇ ਵੈਬਸਾਇਟ :-https://eproc.punjab.gov.in 'ਤੇ ਵੇਖੇ ਜਾਣ।

ਸੀ 207/26
Ro No PR ADVT NO: 1079/12/2025-26/8074/ Dated CHD: 9/2/2026

**ਵੇਰਕਾ**
ਹਰ ਦਿਨ ਦਾ, ਹਰ ਦਿਲ ਦਾ
**ਨੋਟਿਸ ਆਮ ਅਜਲਾਸ**

ਦੁੱਧ ਸੰਘ ਫ਼ਿਰੋਜ਼ਪੁਰ ਦੀਆਂ ਸਮੂਹ ਹਿੱਸੇਦਾਰ ਦੁੱਧ ਉਤਪਾਦਕ ਸਹਿਕਾਰੀ ਸਭਾਵਾਂ / ਫਰਮਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦੀ ਫ਼ਿਰੋਜ਼ਪੁਰ ਜ਼ਿਲ੍ਹਾ ਸਹਿਕਾਰੀ ਦੁੱਧ ਉਤਪਾਦਕ ਯੂਨੀਅਨ ਲਿਮ: ਫ਼ਿਰੋਜ਼ਪੁਰ ਦਾ ਸਾਲ 2024-25 ਦਾ ਸਲਾਨਾ ਆਮ ਇਜਲਾਸ ਮਿਤੀ 26-02-2026 ਦਿਨ ਵੀਰਵਾਰ ਨੂੰ ਸਵੇਰੇ 11:00 ਵਜੇ ਫ਼ਿਰੋਜ਼ਪੁਰ ਕਲੱਬ, ਫ਼ਿਰੋਜ਼ਪੁਰ ਛਾਉਣੀ ਵਿਖੇ ਹੋਣਾ ਨਿਸ਼ਚਿਤ ਹੋਇਆ ਹੈ।

ਮੈਂਬਰ ਦੁੱਧ ਉਤਪਾਦਕ ਸਹਿਕਾਰੀ ਸਭਾਵਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਨਾਮਜਦ ਮੈਂਬਰ / ਪ੍ਰਤੀਨਿਧੀ ਨੂੰ ਨਾਮਜਦ ਕਰਕੇ ਉਸ ਨੂੰ ਆਮ ਇਜਲਾਸ ਵਿੱਚ ਭਾਗ ਲੈਣ ਲਈ ਸਭਾ ਦੇ ਤਸਦੀਕਸ਼ੁਦਾ ਨਕਲ ਮਤੇ ਸਮੇਤ ਭੇਜਣ ਦੀ ਕ੍ਰਿਪਾਲਤਾ ਕਰਨ ।

ਆਮ ਇਜਲਾਸ ਵਿੱਚ ਵਿਚਾਰੇ ਜਾਣ ਵਾਲੇ ਏਜੰਡੇ :-

1) ਆਮ ਇਜਲਾਸ ਦੀ ਪਿਛਲੀ ਮੀਟਿੰਗ ਮਿਤੀ 27-03-2025 ਦੀ ਕਾਰਵਾਈ ਦੀ ਪੁਸ਼ਟੀ ਕਰਨ ਬਾਰੇ।

2) ਮਿਲਕ ਯੂਨੀਅਨ ਫ਼ਿਰੋਜ਼ਪੁਰ ਦੀ ਆਡਿਟਡ ਬੇਲੈਂਸ ਸ਼ੀਟ, ਚਿੱਠਾ ਲਾਭ ਹਾਨੀ ਤੇ ਵਪਾਰਕ ਲੇਖਾ ਵਿੱਤੀ ਸਾਲ 2024-25 ਦੀ ਪ੍ਰਵਾਨਗੀ ਬਾਰੇ।

3) ਮਿਲਕ ਯੂਨੀਅਨ ਫ਼ਿਰੋਜ਼ਪੁਰ ਦੇ ਰੈਵੀਨਿਊ ਅਤੇ ਕੈਪੀਟਲ ਬਜਟ ਸਾਲ 2025-26 ਨੂੰ ਪਾਸ ਕਰਨ ਬਾਰੇ।

ਧੰਨਵਾਦ ਸਹਿਤ ।
ਸਹੀ/-ਜਨਰਲ ਮੈਨੇਜਰ,
ਮਿਲਕ ਯੂਨੀਅਨ ਫ਼ਿਰੋਜ਼ਪੁਰ ।

Ro No PR ADVT NO: 1079/12/2025-26/8053/ Dated CHD: 9/2/2026

**PSPCL Punjab State Power Corporation Limited**
Regd Office : PSEB Head Office, The Mall, Patiala-147001
Office : Addl.S.E/Central Stores, PSPCL, Hoshiarpur
email=centraistorehsp@gmail.com, xen-cs-hoshianrpur@pspcl.in
Corporate Identity No. U40109PB2010SGC033813 Website.www.pspcl.in

ਟੈਂਡਰ ਇਨਕੁਆਰੀ ਨੰ. 01/2025-26/CSHSP ਮਿਤੀ: 13-02-2026

**ਟੈਂਡਰ ਇੰਨਕੁਆਰੀ**

ਵਧੀਕ ਨਿਗਰਾਨ ਇੰਜੀ: /ਕੇਂਦਰੀ ਭੰਡਾਰ, ਪੰ.ਰਾ.ਪਾ.ਕਾ.ਲਿਮ, ਹੁਸ਼ਿਆਰਪੁਰ ਵਲੋਂ ਵੱਖ-ਵੱਖ ਸਟੋਰਾਂ ਲਈ 6 ਨੰ. ਗੱਡੀਆਂ (3 ਨੰ. 9 ਟਨ ਜਿਸ ਦੀ ਬਾਡੀ 20 ਫੁੱਟ ਲੰਬੀ ਹੋਵੇ, 2 ਨੰ. 6 ਟਨ ਅਤੇ 1 ਨੰ: 2.5 ਟਨ ਕਪੈਸਟੀ) ( 2.5 ਟਨ ਦੀ ਗੱਡੀ ਕੇਂਦਰੀ ਭੰਡਾਰ ਹੁਸ਼ਿਆਰਪੁਰ ਅਤੇ ਨਿਕਾਸ ਭੰਡਾਰ ਦਸੂਹਾ ਲਈ ਸਾਂਝੇ ਤੋਰ ਢੋਆ ਢੋਆਈ ਦੇ ਕੰਮ ਲਈ ਵਰਤੀ ਜਾਵੇਗੀ। ਸਮਾਨ ਦੀ ਢੋਆ ਢੋਆਈ ਦੀ ਜਰੂਰਤ ਦੇ ਹਿਸਾਬ ਨਾਲ ਇਸ ਗੱਡੀ ਨੂੰ ਕੇਂਦਰੀ ਭੰਡਾਰ ਹੁਸ਼ਿਆਰਪੁਰ ਅਤੇ ਨਿਕਾਸ ਭੰਡਾਰ ਦਸੂਹਾ ਵਿਖੇ ਭੇਜਿਆ ਜਾਵੇਗਾ) ਅਤੇ 4 ਨੰ ਕਰੇਨਾ (ਘੱਟੋ-ਘੱਟ ਕਪੈਸਿਟੀ 12 ਮੀ.ਟਨ) ਦੀ ਮੰਗ ਸਮੇਤ ਲੇਬਰ, ਜਰੂਰੀ ਔਜਾਰ, ਢੋਆ-ਢੁਆਈ, ਲਦਾਈ ਲੁਹਾਈ ਅਤੇ ਸਟੋਰ/ਟੀ.ਆਰ.ਵਾਈ ਵਿੱਚ ਪਏ ਸਮਾਨ (ਪੀ.ਸੀ.ਸੀ.ਪੋਲ, ਟਰਾਸਫਾਰਮਰ, ਚੈਨਲ, ਐਂਗਲ, ਫਲੈਟ ਵਗੈਰਾ) ਦੀ ਸਟੈਕਿੰਗ ਕਰਨ ਵਾਸਤੇ, ਇੰਟਰ ਸਟੋਰ ਅਤੇ ਮਹਿਕਮੇ ਦੇ ਦੂਸਰੇ ਕੰਮ ਵਾਲੀਆਂ ਥਾਵਾਂ ਉਤੇ ਮਹਿਕਮੇ ਦੀ ਜਰੂਰਤ ਅਨੁਸਾਰ ਸਮਾਨ ਦੀ ਢੋਆ ਢੁਆਈ ਲਈ ਗੱਡੀਆਂ ਉਪਲੱਬਧ ਕਰਾਉਣ ਸਬੰਧੀ । ਇਸ ਤੋਂ ਇਲਾਵਾ, ਸਟੋਰ/ਟੀ.ਆਰ.ਵਾਈ ਵਿਖੇ ਜਰੂਰਤ ਅਨੁਸਾਰ ਮਹਿਕਮੇ ਦੁਆਰਾ ਵਰਤੀਆਂ ਜਾਣ ਵਾਲੀਆਂ ਗੱਡੀਆਂ ਵਿੱਚੋਂ ਸਮਾਨ ਦੀ ਲੁਹਾਈ, ਲਦਾਈ ਅਤੇ ਸਟੈਕਿੰਗ ਦਾ ਕੰਮ ਠੇਕੇਦਾਰ ਦੇ ਕੰਮ ਦੇ ਸਕੋਪ ਵਿੱਚ ਸ਼ਾਮਿਲ ਹੋਵੇਗਾ। ਸਟੋਰ ਨਾਲੋਂ ਵੱਖਰੀ ਥਾਂ 'ਤੇ ਸਥਿਤ ਟੀ.ਆਰ.ਵਾਈ. ਵਿਖੇ ਸਮਾਨ ਦੀ ਢੋਆ-ਢੁਆਈ, ਲੁਹਾਈ, ਲਦਾਈ ਅਤੇ ਸਟੈਕਿੰਗ ਦਾ ਕੰਮ ਠੇਕੇਦਾਰ ਦੇ ਕੰਮ ਦੇ ਸਕੋਪ ਵਿੱਚ ਸ਼ਾਮਿਲ ਹੋਵੇਗਾ। ਵਿਸਤ੍ਰਿਤ NIT ਅਤੇ ਟੈਂਡਰ ਸਪੈਸੀਫੀਕੇਸ਼ਨ ਲਈ https://eproc.punjab.gov.in ਤੋਂ ਮਿਤੀ: 13-02-2026 ਨੂੰ ਸ਼ਾਮ 04:00 ਵਜੇ ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ।
ਨੋਟ: ਸ਼ੁਧਤਾ ਅਤੇ ਜੋੜ, ਜੇਕਰ ਕੋਈ ਹੋਵੇ ਤਾਂ https://eproc.punjab.gov.in ਤੇ ਆਨਲਾਈਨ ਪ੍ਰਕਾਸ਼ਿਤ ਕੀਤਾ ਜਾਵੇਗਾ।

C 209/26
Ro No PR ADVT NO: 1079/12/2025-26/8080/ Dated CHD: 9/2/2026

**ਜਨਤਕ ਸੂਚਨਾ**



ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫਸਰ-999, ਅਸਟੇਟ ਅਫਸਰ ਯੂ.ਟੀ. ਚੰਡੀਗੜ੍ਹ ਦੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ।

ਵਿਸ਼ਾ: ਸ਼੍ਰੀ ਜੋਰਾ ਸਿੰਘ ਅਤੇ ਸੁਰਮੁਖ ਸਿੰਘ ਦੁਆਰਾ 15.11.2017 ਨੂੰ ਕੀਤੇ ਗਏ ਸੇਲ ਡੀਡ ਦੇ ਆਧਾਰ 'ਤੇ ਬੇ ਬੂਥ ਸਾਈਟ ਨੰਬਰ 36, ਸੈਕਟਰ 15, ਚੰਡੀਗੜ੍ਹ ਦੇ 40% (ਭਾਵ 20%+20%) ਹਿੱਸੇ ਦੇ ਤਬਾਦਲੇ ਸੰਬੰਧੀ।
ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ, ਬੇ ਬੂਥ ਸਾਈਟ ਨੰਬਰ 36, ਸੈਕਟਰ 15, ਚੰਡੀਗੜ੍ਹ ਦੇ 40% (20%+20%) ਹਿੱਸੇ ਵਜੋਂ ਜਾਣੀ ਜਾਂਦੀ ਜਾਇਦਾਦ ਸ਼੍ਰੀ ਜੋਰਾ ਸਿੰਘ (20% ਹਿੱਸਾ) ਅਤੇ ਸ਼੍ਰੀ ਸੁਰਮੁਖ ਸਿੰਘ (20% ਹਿੱਸਾ) ਦੇ ਨਾਮ 'ਤੇ ਹੈ।
ਹੁਣ, ਸ਼੍ਰੀ ਕੁਲਦੀਪ ਸਿੰਘ ਪੁੱਤਰ ਸ਼੍ਰੀ. ਪ੍ਰਤਾਪ ਸਿੰਘ ਨੇ 15.11.2017 ਨੂੰ ਸ਼੍ਰੀ ਜੋਰਾ ਸਿੰਘ (20%) ਅਤੇ ਸੁਰਮੁਖ ਸਿੰਘ (20%) ਦੁਆਰਾ ਕੀਤੇ ਗਏ ਸੇਲ ਡੀਡ ਦੇ ਆਧਾਰ 'ਤੇ ਜਾਇਦਾਦ ਦੇ 40% (20%+20%) ਹਿੱਸੇ ਨੂੰ ਆਪਣੇ ਹੱਕ ਵਿੱਚ ਤਬਦੀਲ ਕਰਨ ਲਈ ਅਰਜ਼ੀ ਦਿੱਤੀ ਹੈ। ਜੇਕਰ ਕਿਸੇ ਕੋਲ ਉਪਰੋਕਤ ਦੱਸੇ ਗਏ ਤੋਂ ਇਲਾਵਾ ਮ੍ਰਿਤਕ ਦੇ ਕਿਸੇ ਹੋਰ ਕਾਨੂੰਨੀ ਵਾਰਸ ਬਾਰੇ ਕੋਈ ਜਾਣਕਾਰੀ ਹੈ, ਤਾਂ ਇਸਨੂੰ ਤੁਰੰਤ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਨੂੰ ਸੂਚਿਤ ਕੀਤਾ ਜਾ ਸਕਦਾ ਹੈ।
ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰ ਦੇ ਹੱਕ ਵਿੱਚ ਉਕਤ ਜਾਇਦਾਦ ਦੇ ਇੰਤਕਾਲ 'ਤੇ ਕੋਈ ਇਤਰਾਜ਼ ਹੈ ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕਰਨ ਵਾਲੇ ਦੇ ਦਫ਼ਤਰ ਵਿੱਚ ਲਿਖਤੀ ਰੂਪ ਵਿੱਚ ਕਾਰਜਕਾਰੀ ਮੈਜਿਸਟ ?ਰੇਟ/ਨੋਟਰੀ ਪਬਲਿਕ ਦੁਆਰਾ ਤਸਦੀਕ ਕੀਤੇ ਗਏ ਹਲਫ਼ਨਾਮੇ ਦੇ ਰੂਪ ਵਿੱਚ ਪੇਸ਼ ਕਰ ਸਕਦੇ ਹਨ, ਜਿਸ ਵਿੱਚ ਅਸਟੇਟ ਦਫ਼ਤਰ, ਸੈਕਟਰ 17, ਚੰਡੀਗੜ੍ਹ ਨੂੰ ਆਪਣੇ ਇਤਰਾਜ਼ ਦੀ ਅਸਲੀਅਤ ਦਾ ਦਾਅਵਾ ਕੀਤਾ ਜਾ ਰਿਹਾ ਹੈ, ਨਹੀਂ ਤਾਂ ਉਪਰੋਕਤ ਜਾਇਦਾਦ ਦੇ 40% (20%+20%) ਹਿੱਸੇ ਨੂੰ ਉਸ ਅਨੁਸਾਰ ਬਦਲਿਆ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।
**ਸ੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫਸਰ-999, ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ**

**ਜਨਤਕ ਸੂਚਨਾ**



ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ ਤੋਂ ਪਹਿਲਾਂ।
ਵਿਸ਼ਾ:: ਵਪਾਰ੍ਕ ਐਸ.ਸੀ.ਓ. ਨੰ. 147-148, ਸੈਕਟਰ 8-ਸੀ, ਚੰਡੀਗੜ੍ਹ (ਸੀ.ਪੀ.ਐਲ.3309) ਦੇ ਸੰਬੰਧ ਵਿੱਚ ਲੀਜ਼ ਹੋਲਡ ਅਧਿਕਾਰਾਂ ਦਾ ਤਬਾਦਲਾ ਲੇਟ ਸਨੇਹ ਸੇਤੀਆ ਦੀ ਰਜਿਸਟਰਡ ਵਸੀਅਤ ਦੇ ਆਧਾਰ 'ਤੇ 14.29% ਹਿੱਸੇ ਦੀ ਹੱਦ ਤੱਕ।
ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਸ਼੍ਰੀ/ਸ਼੍ਰੀਮਤੀ ਸਨੇਹ ਸੇਤੀਆ ਵਪਾਰਕ ਐਸ.ਸੀ.ਓ. ਨੰ. 147-148, ਸੈਕਟਰ ਚੰਡੀਗੜ੍ਹ ਦੇ 14.29% ਹਿੱਸੇ ਦੇ ਮਾਲਕ/ਪੱਟੇਦਾਰ ਹਨ। ਅਨੀਸ਼ ਸੇਤੀਆ ਦੁਆਰਾ ਸੂਚਿਤ ਕੀਤਾ ਗਿਆ ਹੈ ਕਿ ਸ਼੍ਰੀ/ਸ਼੍ਰੀਮਤੀ। ਸਨੇਹ ਸੇਤੀਆ ਦੀ ਮਿਆਦ 16/10/2025 ਨੂੰ ਖਤਮ ਹੋ ਗਈ ਸੀ ਅਤੇ ਉਸਨੇ/ਉਨ੍ਹਾਂ ਨੇ ਮ੍ਰਿਤਕ ਮਾਲਕ/ਪੱਟੇਦਾਰ ਦੇ ਹੇਠ ਲਿਖੇ ਕਾਨੂੰਨੀ ਵਾਰਸਾਂ ਨੂੰ ਵੀ ਸੂਚਿਤ ਕੀਤਾ ਹੈ:-

| ਲ. ਨੰ. | ਕਾਨੂੰਨੀ ਵਾਰਸ ਦਾ ਨਾਮ | ਮ੍ਰਿਤਕ ਨਾਲ ਰਿਸ਼ਤਾ |
|---|---|---|
| 1. | ਅਨੀਸ਼ ਸੇਤੀਆ | ਸਪੁੱਤ |
| 2. | ਆਰ ਸੀ ਸੇਤੀਆ | ਪਤੀ |
| 3. | ਗਾਇਤਰੀ ਸੂਰੀ | ਸਪੁੱਤਰੀ |

ਹੁਣ, ਅਨੀਸ਼ ਸੇਤੀਆ ਨੇ ਵਪਾਰਕ ਐਸਸੀਓ ਨੰਬਰ 147-148, ਸੈਕਟਰ 8-ਸੀ, ਚੰਡੀਗੜ੍ਹ ਦੇ ਸੰਬੰਧ ਵਿੱਚ, ਮਰਹੂਮ ਸਨੇਹ ਸੇਤੀਆ ਦੁਆਰਾ ਆਪਣੇ/ਉਨ੍ਹਾਂ ਦੇ ਹੱਕ ਵਿੱਚ ਰੱਖੇ ਗਏ 14.29% ਹਿੱਸੇ ਦੀ ਹੱਦ ਤੱਕ ਲੀਜ਼ ਅਧਿਕਾਰਾਂ ਦੇ ਤਬਾਦਲੇ ਲਈ ਅਰਜ਼ੀ ਦਿੱਤੀ ਹੈ/ਦੇ ਦਿੱਤੀ ਹੈ, ਮਿਤੀ 04/01/2018 ਦੀ ਰਜਿਸਟਰਡ ਵਸੀਅਤ ਦੇ ਆਧਾਰ 'ਤੇ। ਜੇਕਰ ਕਿਸੇ ਕੋਲ ਉੱਪਰ ਦੱਸੇ ਗਏ ਤੋਂ ਇਲਾਵਾ ਮ੍ਰਿਤਕ ਦੇ ਕਿਸੇ ਹੋਰ ਕਾਨੂੰਨੀ ਵਾਰਸ (ਵਾਰਸਾਂ) ਬਾਰੇ ਕੋਈ ਜਾਣਕਾਰੀ ਹੈ, ਤਾਂ ਇਸਦੀ ਸੂਚਨਾ ਤੁਰੰਤ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਨੂੰ ਦਿੱਤੀ ਜਾ ਸਕਦੀ ਹੈ।
ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰਾਂ ਦੇ ਹੱਕ ਵਿੱਚ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦੇ ਇੰਤਕਾਲ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ ਵਿੱਚ (ਮੈਜਿਸਟ ?ਰੇਟ/ਨੋਟਰੀ ਦੁਆਰਾ ਪ੍ਰਮਾਣਿਤ ਹਲਫਨਾਮੇ ਨਾਲ ਸਮਰਥਤ) ਹੇਠ ਹਸਤਾਖਰ ਕੀਤੇ ਵਿਅਕਤੀ ਦੇ ਦਫ਼ਤਰ ਵਿੱਚ ਜਮ ?ਾਂ ਕਰਵਾ ਸਕਦੇ ਹਨ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦਾ ਇੰਤਕਾਲ ਉਪਰੋਕਤ ਲਾਭਪਾਤਰੀਆਂ ਦੇ ਨਾਮ 'ਤੇ ਕਰ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।
ਅਧਿਕਾਰਾਂ ਦੀ ਵਰਤੋਂ ਕਰਦੇ ਹੋਏ
ਰਾਜੀਵ ਤਿਵਾੜੀ ਸਹਾਇਕ ਅਸਟੇਟ ਅਫ਼ਸਰ, ਆਫ਼ ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ




# ਸਿੱਖ ਪ੍ਰੀਖਿਆਰਥੀਆਂ ਦੇ ਕੜੇ ਲੁਹਾਏ ਜਾਣਾ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ : ਐਡਵੋਕੇਟ ਧਾਮੀ



ਅੰਮ੍ਰਿਤਸਰ, 9 ਫ਼ਰਵਰੀ (ਗੁਰਦਿਆਲ ਸਿੰਘ) :ਕੇਂਦਰੀ ਅਧਿਆਪਕ ਯੋਗਤਾ ਪ੍ਰੀਖਿਆ ਵਿਚ ਸਿੱਖ ਪ੍ਰੀਖਿਆਰਥੀਆਂ ਦੇ ਕੜੇ ਲੁਹਾਏ ਜਾਣ ਦਾ ਕਰੜਾ ਨੋਟਿਸ ਲੈਂਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਦੀ ਪੜਤਾਲ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਆਖਿਆ ਕਿ ਇਹ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਹੈ, ਜਿਸ ਨੂੰ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਬੀਤੇ ਦਿਨ ਅਧਿਆਪਕ ਯੋਗਤਾ ਪ੍ਰੀਖਿਆ ਲਈ ਬਠਿੰਡਾ ਦੇ ਪਿੰਡ ਭੋਖੜਾ ਵਿਖੇ ਦਿੱਲੀ ਪਬਲਿਕ ਸਕੂਲ ’ਚ ਬਣੇ ਪ੍ਰੀਖਿਆ ਕੇਂਦਰ ਵਿਚ ਸਿੱਖ ਪ੍ਰੀਖਿਆਰਥੀਆਂ ਦੇ ਕੜੇ ਲੁਹਾਏ ਜਾਣ ਦਾ ਮਾਮਲਾ ਸਾਹਮਣੇ ਆਇਆ ਸੀ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਬਹੁਗਿਣਤੀ ਸਿੱਖ ਵਸੋਂ ਵਾਲਾ ਖਿੱਤਾ ਹੈ, ਜਿਥੇ ਹਰ ਇਕ ਨੂੰ ਇਹ ਪਤਾ ਹੈ ਕਿ ਕੜਾ ਸਿੱਖਾਂ ਦਾ ਅਨਿੱਖੜਵਾਂ ਅੰਗ ਹਨ, ਪਰ ਇਸ ਦੇ ਬਾਵਜੂਦ ਵੀ ਸਿੱਖ ਪ੍ਰੀਖਿਆਰਥੀਆਂ ਦੇ ਕੜੇ ਲੁਹਾਉਣ ਦੀ ਹਰਕਤ ਮੰਦਭਾਗੀ ਹੈ। ਉਨ੍ਹਾਂ ਆਖਿਆ ਕਿ ਗੁਰੂਆਂ ਦੀ ਧਰਤੀ ਪੰਜਾਬ ਵਿਚ ਅਜਿਹੀਆਂ ਹਰਕਤਾਂ ਕਿਸ ਦੇ ਇਸ਼ਾਰੇ ’ਤੇ ਹੋ ਰਹੀਆਂ ਹਨ, ਇਹ ਜਾਂਚ ਦਾ ਵਿਸ਼ਾ ਹੈ। ਕੀ ਪੰਜਾਬ ਸਰਕਾਰ ਇਸ ਨੂੰ ਪ੍ਰਵਾਨਗੀ ਦੇ ਰਹੀ ਹੈ, ਜੇਕਰ ਅਜਿਹਾ ਹੈ ਤਾਂ ਇਸ ਤੋਂ ਦੁਖਦਾਈ ਹੋਰ ਕੀ ਹੋ ਸਕਦਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਸੰਜੀਦਾ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਕਾਰਵਾਈ ਵਾਸਤੇ ਲਿਖਿਆ ਜਾਵੇਗਾ। ਫਿਲਹਾਲ ਇਸ ਦੀ ਪੜਤਾਲ ਕਰਵਾਈ ਜਾ ਰਹੀ ਹੈ। ਜਾਂਚ ਪੜਤਾਲ ਦੀ ਇਸ ਕਾਰਵਾਈ ਲਈ ਗੁਰਦੁਆਰਾ ਸ੍ਰੀ ਹਾਜੀਰਤਨ ਸਾਹਿਬ ਬਠਿੰਡਾ ਦੇ ਮੈਨੇਜਰ ਸ. ਦਰਸ਼ਨ ਸਿੰਘ, ਸਬ-ਆਫਿਸ ਤਲਵੰਡੀ ਸਾਬੋ ਦੇ ਇੰਚਾਰਜ ਸ. ਭੋਲਾ ਸਿੰਘ ਅਤੇ ਪ੍ਰਚਾਰਕ ਸਿੰਘਾਂ ਦੀ ਡਿਊਟੀ ਲਗਾਈ ਗਈ ਹੈ।ਇਸ ਕਮੇਟੀ ਦੀ ਜਾਂਚ ਰਿਪੋਰਟ ਅਨੁਸਾਰ ਬਣਦੀ ਕਰਵਾਈ ਹੋਵੇਗੀ। ਐਡਵੋਕੇਟ ਧਾਮੀ ਨੇ ਪੰਜਾਬ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਅਜਿਹੀਆਂ ਹਰਕਤਾਂ ਦਾ ਮੌਕੇ ’ਤੇ ਹੀ ਵਿਰੋਧ ਦਰਜ ਕਰਵਾਇਆ ਜਾਵੇ। ਕਿਸੇ ਵੀ ਸਿੱਖ ਵਿਰੋਧੀ ਕਾਰਵਾਈ ਨੂੰ ਚੁਣੌਤੀ ਦਿੱਤੀ ਜਾਵੇ ਅਤੇ ਮੌਕੇ ’ਤੇ ਮੌਜੂਦ ਸਿੱਖ ਪ੍ਰਸੰਗ ਵਿਚ ਆਪਣੀ ਗੱਲ ਰੱਖ ਕੇ ਕੌਮੀ ਤਰਜਮਾਨੀ ਕਰਨਾ ਹਰ ਸਿੱਖ ਦਾ ਫ਼ਰਜ਼ ਹੈ ਅਤ ਜੇਕਰ ਅਜਿਹੀਆਂ ਹਰਕਤਾਂ ਨੂੰ ਮੂਕ ਪ੍ਰਵਾਨਗੀ ਮਿਲਦੀ ਰਹੀ ਤਾਂ ਸਿੱਖ ਵਿਰੋਧੀ ਅਨਸਰਾਂ ਦੇ ਹੌਂਸਲੇ ਹੋਰ ਵਧਣਗੇ।

# ਘਣੀਏ ਕੇ ਬਾਂਗਰ ਵਿਖੇ 36ਵਾਂ ਪੰਚਾਇਤੀ ਫੁੱਟਬਾਲ ਟੂਰਨਾਮੈਂਟ ਕਰਵਾਇਆ



ਫਤਿਹਗੜ੍ਹ ਚੂੜੀਆਂ 9 ਫਰਵਰੀ (ਰਾਜਨ ਸ਼ਰਮਾ) : ਹਲਕਾ ਫ਼ਤਹਿਗੜ੍ਹ ਚੂੜਿਆ ਦੇ ਆਉਂਦੇ ਅਧੀਨ ਪਿੰਡ ਘਣੀਏ ਕੇ ਬਾਂਗਰ ਵਿਖੇ 36 ਵਾ ਪੰਚਾਇਤੀ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ। ਜਿਸ ਵਿੱਚ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਮੁੱਖ ਮਹਿਮਾਨ ਵਜੋ ਹਾਜ਼ਰੀ ਭਰੀ। ਅਤੇ ਜੈਤੋ ਸਰਜਾ ਟੀਮ ਨੂੰ ਪਹਿਲਾ ਸਥਾਨ ਅਤੇ ਕਾਦੀਆਂ ਮਿਰਜ਼ਾ ਦਇਆ ਨੂੰ ਦੂਜਾ ਸਥਾਨ ਪ੍ਰਾਪਤ ਕਰਨ ਤੇ ਵਧਾਈ ਦਿੱਤੀ। ਪਹਿਲਾ ਇਨਾਮ 1 ਲੱਖ ਅਤੇ ਦੂਜਾ ਇਨਾਮ 81000 ਰੱਖਿਆ ਗਿਆ ਸੀ। ਬਲਬੀਰ ਸਿੰਘ ਪੰਨੂ ਨੇ ਜੇਤੂ ਟੀਮਾਂ ਨੂੰ ਵਧਾਈ ਦਿੱਤੀ ਅਤੇ ਇਹ ਸੰਦੇਸ਼ ਦਿੱਤਾ ਕਿ ਸਾਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਦੇ ਨਾਲ ਜੁੜਨਾ ਵੀ ਜਰੂਰੀ ਹੈ ਤਾਂ ਜੋ ਅਸੀਂ ਨਸ਼ੇ ਵਰਗੇ ਕੋਹੜ ਨੂੰ ਛੱਡ ਕੇ ਆਪਣੀ ਸਿਹਤ ਨੂੰ ਠੀਕ ਰੱਖ ਸਕੀਏ ।ਇਸ ਮੌਕੇ ਪ੍ਰਧਾਨ ਗੁਰਪ੍ਰੀਤ ਸਿੰਘ ਸਪੋਰਟਸ ਕਲੱਬ ਕਮਾਡੈਂਟ ਅਫਸਰ ਬਟਾਲਾ ਮਨਪ੍ਰੀਤ ਸਿੰਘ।, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਲਖਵਿੰਦਰ ਸਿੰਘ ਘਣੀਏ ਕੇ ਬਾਂਗਰ, ਸਰਪੰਚ ਕਰਮਜੀਤ ਸਿੰਘ ਬਰਾੜ, ਬਰਨਾਟ ਮਸੀਹ, ਬਿਕਰਮਜੀਤ ਸਿੰਘ, ਦਲਜੀਤ ਸਿੰਘ, ਸਰਬਜੀਤ ਸਿੰਘ ,ਹਰਜਿੰਦਰ ਸਿੰਘ, ਬਲਜੀਤ ਸਿੰਘ ,ਗੁਰਮੀਤ ਸਿੰਘ ਜੌਹਨ, ਸਟੀਫਨ, ਹਰਬੀਰ ਸਿੰਘ, ਕੁਲਵਿੰਦਰ ਸਿੰਘ, ਹਰਜਿੰਦਰ ਸਿੰਘ, ਮਨਜੀਤ ਸਿੰਘ ਪਟਵਾਰੀ,। ਹਰਦੇਵ ਸਿੰਘ ,ਜਗਮੀਤ ਸਿੰਘ, ਦਵਿੰਦਰ ਸਿੰਘ, ਤੋ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਰਹੇ। ਆਖਿਰ ਵਿੱਚ ਜੇਤੂ ਟੀਮਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ।

# ਮਜੀਠੀਆ ਚੰਡੀਗੜ੍ਹ ਤੋਂ ਲੰਬੇ ਕਾਫ਼ਲੇ ਸਮੇਤ ਸ੍ਰੀ ਹਰਿਮੰਦਰ ਸਾਹਿਬ ਸ਼ੁਕਰਾਨਾ ਕਰਨ ਪੁੱਜੇ




ਅੰਮ੍ਰਿਤਸਰ, 9 ਫਰਵਰੀ ਗੁਰਦਿਆਲ ਸਿੰਘ।: ਸ਼੍ਰੋਮਣੀ ਅਕਾਲੀ ਦਲ ਤੇ ਸੀਨੀਅਰ ਆਗੂ ਸਾਬਕਾ ਮੰਤਰੀ ਸਰਦਾਰ ਬਿਕਰਮ ਸਿੰਘ ਮਜੀਠੀਆ ਅੱਜ ਚੰਡੀਗੜ੍ਹ ਤੋਂ ਲੰਬੇ ਕਾਫਲੇ ਸਮੇਤ ਸ੍ਰੀ ਹਰਿਮੰਦਰ ਸਾਹਿਬ ਸ਼ੁਕਰਾਨਾ ਕਰਨ ਪੁੱਜੇ। ਗੋਲਡਨ ਗੇਟ ਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਸਵਾਗਤ ਕਰਨ ਲਈ ਭਰਵਾਂ ਇਕੱਠ ਕੀਤਾ ਗਿਆ ਜਿਸ ਵਿੱਚ ਹਲਕਾ ਚ ਅਕਾਲੀ ਦਲ ਦੇ ਹਲਕਾ ਚਾਰਜਾਂ ਮੈਂਬਰ ਸ਼੍ਰੋਮਣੀ ਕਮੇਟੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨਾਂ ਸਾਬਕਾ ਮੰਤਰੀਆਂ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਗੁਰਦੁਆਰਾ ਸਾਹਿਬ ਦੇ ਮੈਨੇਜਰ ਨੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਨੇ ਭਰਵਾਂ ਸਵਾਗਤ ਕੀਤਾ ਇਸ ਮੌਕੇ ਬੁਲਾਰਿਆਂ ਨੇ ਪੰਜਾਬ ਸਰਕਾਰ ਦੀ ਰੱਜ ਕੇ ਨਿਖੇਦੀ ਕੀਤੀ ਉਹਨਾਂ ਕਿਹਾ ਵਿਕਰਮ ਸਿੰਘ ਮਜੀਠੀਆ ਅਠ ਮਹੀਨੇ ਜੇਲ ਕੱਟ ਕੇ ਨਜਾਇਜ਼ ਗੁਰੂ ਦਾ ਸ਼ੁਕਰਾਨਾ ਕਰਨ ਆ ਰਿਹਾ ਇਸ ਲਈ ਥਾਂ ਥਾਂ ਸਵਾਗਤ ਕੀਤਾ ਗਿਆ ਗੋਲਡਨ ਗੇਟ ’ਤੇ ਗੁਲਜ਼ਾਰ ਸਿੰਘ ਰਾਣੀ ਕੇ ਸਾਬਕਾ ਮੰਤਰੀ ਰਜਿੰਦਰ ਸਿੰਘ ਮਹਿਤਾ ਮੈਂਬਰ ਸ਼੍ਰੋਮਣੀ ਕਮੇਟੀ ਸੁਰਜੀਤ ਸਿੰਘ ਭਿਟੇਵਡ ਮੈਂਬਰ ਸ਼੍ਰੋਮਣੀ ਕਮੇਟੀ ਭਗਵੰਤ ਸਿੰਘ ਸਿਆਲਕਾ ਅਜਾਇਬ ਸਿੰਘ ਅਭਿਆਸੀ ਰਾਣਾ ਲੋਪੋਕੇ ਹਜ਼ਾਰਾਂ ਅਕਾਲੀ ਆਗੂਆਂ ਨੇ ਵਿਕਰਮ ਜੀਠੀ ਦਾ ਸਵਾਗਤ ਕੀਤਾ ਗੋਲਡਨ ਤੇ ਇਸ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਚਾਰਜਾਂ ਨੇ ਆਪਣੇ ਆਪਣੇ ਹਲਕੇ ਤੋਂ ਵੱਧ ਤੋਂ ਵੱਧ ਅਕਾਲੀ ਵਰਕਰ ਲੈਂਦੇ ਭਾਰੀ ਇਕੱਠ ਵਿੱਚ ਸ਼੍ਰੋਮਣੀ ਅਕਾਲੀ ਦਲ ਜ਼ਿੰਦਾਬਾਦ ਦੇ ਨਾਅਰੇਬਾਜ਼ੀ ਕੀਤੀ ਗਈ ਤੇ ਪੰਜਾਬ ਸਰਕਾਰ ਨੂੰ ਰੱ ਕੇ ਕੋਸਿਆ ਗਿਆ ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਜਿਹੜੇ ਲੋਕਾਂ ਨਾਲ ਵਾਅਦੇ ਕੀਤੇ ਉਹ ਪੂਰੇ ਨਹੀਂ ਕੀਤੇ ਹਜ਼ਾਰ ਹਜ਼ਾਰ ਰੁਪਇਆ ਬੀਬੀਆਂ ਨੂੰ ਨਹੀਂ ਦਿੱਤਾ ਗਿਆ।

# ਲਾਪਤਾ ਹੋਏ ਨੌਜਵਾਨ ਦਾ 9 ਦਿਨਾਂ ਬਾਅਦ ਵੀ ਨਹੀਂ ਮਿਲਿਆ ਕੋਈ ਸੁਰਾਗ

ਸ੍ਰੀ ਕੀਰਤਪੁਰ ਸਾਹਿਬ, 9 ਫਰਵਰੀ (ਬੀ ਐਸ ਰਾਣਾ) : ਪਿੰਡ ਬਰੂਵਾਲ ਦੇ ਦਾਬਵਾਲ ਵਾਸ ਦਾ ਇੱਕ ਨੌਜਵਾਨ ਲਵਪ੍ਰੀਤ ਸਿੰਘ 31 ਜਨਵਰੀ ਤੋਂ ਭੇਦ ਭਰੀ ਹਾਲਤ ਵਿੱਚ ਲਾਪਤਾ ਹੈ, ਜਿਸ ਦਾ ਨੌ ਦਿਨਾਂ ਬਾਅਦ ਵੀ ਕੋਈ ਸੁਰਾਗ ਨਹੀਂ ਮਿਲਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਬਰੂਵਾਲ ਦਾਬਵਾਲ ਵਾਸ ਦੀ ਵਸਨੀਕ ਕਿਰਨਾ ਪਤਨੀ ਪਰਮਿੰਦਰ ਸਿੰਘ ਨੇ ਦੱਸਿਆ ਕਿ ਉਸਦੇ ਦੋ ਪੁੱਤਰ ਹਨ ਅਤੇ ਛੋਟਾ ਪੁੱਤਰ ਲਵਪ੍ਰੀਤ ਸਿੰਘ, ਜਿਸਦੀ ਉਮਰ ਕਰੀਬ 19 ਸਾਲ ਹੈ, ਬਾਰਵੀਂ ਜਮਾਤ ਦੀ ਪੜ੍ਹਾਈ ਕਰਨ ਤੋਂ ਬਾਅਦ ਆਪਣੇ ਚਾਚੇ ਮੰਗਲ ਸਿੰਘ ਨਾਲ ਮੌਸੇਵਾਲ ਵਿਖੇ ਰਿਫਲੈਕਟਰਾ ਦੀ ਦੁਕਾਨ ‘ਤੇ ਕੰਮ ਕਰਦਾ ਸੀ।ਉਹਨਾਂ ਦੱਸਿਆ ਕਿ ਲਵਪ੍ਰੀਤ ਸਿੰਘ 31 ਜਨਵਰੀ 2026 ਨੂੰ ਸਵੇਰੇ ਕਰੀਬ 10 ਵਜੇ ਰੋਜ਼ਾਨਾ ਦੀ ਤਰ੍ਹਾਂ ਕੰਮ ‘ਤੇ ਜਾਣ ਲਈ ਘਰੋਂ ਨਿਕਲਿਆ ਸੀ, ਪਰ ਨਾ ਤਾਂ ਉਹ ਦੁਕਾਨ ‘ਤੇ ਪਹੁੰਚਿਆ ਅਤੇ ਨਾ ਹੀ ਘਰ ਵਾਪਸ ਆਇਆ। ਉਸ ਦਾ ਮੋਬਾਈਲ ਫੋਨ ਵੀ ਉਸ ਦਿਨ ਤੋਂ ਬੰਦ ਆ ਰਿਹਾ ਹੈ।ਪਰਿਵਾਰ ਵੱਲੋਂ ਰਿਸ਼ਤੇਦਾਰਾਂ ਅਤੇ ਜਾਣ-ਪਹਿਚਾਣ ਵਾਲਿਆਂ ਕੋਲ ਉਸ ਦੀ ਭਾਲ ਕੀਤੀ ਗਈ, ਪਰ ਕੋਈ ਸੁਰਾਗ ਨਾ ਮਿਲਣ ਕਾਰਨ ਇਸ ਸਬੰਧੀ ਪੁਲਿਸ ਥਾਣਾ ਕੀਰਤਪੁਰ ਸਾਹਿਬ ਵਿਖੇ ਗੁਮਸ਼ੁਦਗੀ ਦੀ ਰਿਪੋਰਟ ਵੀ ਦਰਜ ਕਰਵਾਈ ਗਈ ਹੈ।ਪਰਿਵਾਰਕ ਮੈਂਬਰਾਂ ਅਨੁਸਾਰ ਜਦੋਂ ਲਵਪ੍ਰੀਤ ਸਿੰਘ ਘਰੋਂ ਗਿਆ ਸੀ, ਉਸ ਨੇ ਨੀਲੀ ਹੁੱਡੀ, ਲੋਅਰ ਅਤੇ ਕਾਲੇ ਰੰਗ ਦਾ ਪਟਕਾ ਬੰਨ੍ਹਿਆ ਹੋਇਆ ਸੀ। ਉਸ ਦੀ ਸੱਜੇ ਹੱਥ ਦੀ ਪਹਿਲੀ ਉਂਗਲੀ ਵੀ ਕੁਝ ਕੱਟੀ ਹੋਈ ਹੈ।

# ਆਬਕਾਰੀ ਵਿਭਾਗ ਨੇ 716 ਪਰਚੇ ਦਰਜ ਕਰਦੇ ਹੋਏ 604 ਵਿਅਕਤੀ ਕੀਤੇ ਗ੍ਰਿਫ਼ਤਾਰ : ਸਹਾਇਕ ਕਮਿਸ਼ਨਰ



ਅੰਮ੍ਰਿਤਸਰ,9 ਫਰਵਰੀ (ਬਬਲੂ ਮਹਾਜਨ) *ਆਬਕਾਰੀ ਤੇ ਕਰ ਮੰਤਰੀ, ਪੰਜਾਬ ਸ੍ਰੀ ਹਰਪਾਲ ਸਿੰਘ ਚੀਮਾ ਦੀ ਯੋਗ ਅਗਵਾਈ ਅਤੇ ਸ੍ਰੀ ਡੀ.ਕੇ ਤਿਵਾਰੀ, ਵਧੀਕ ਮੁੱਖ ਸਕੱਤਰ-ਕਮ-ਵਿੱਤ ਕਮਿਸ਼ਨਰ, ਐਕਸਾਈਜ਼, ਪੰਜਾਬ, ਸ੍ਰੀ ਜਤਿੰਦਰ ਜੋਰਵਾਲ ਕਰ ਤੇ ਆਬਕਾਰੀ ਕਮਿਸ਼ਨਰ ਪੰਜਾਬ ਅਤੇ ਸ੍ਰੀ ਸੁਰਿੰਦਰ ਕੁਮਾਰ ਗਰਗ, ਡਿਪਟੀ ਕਮਿਸ਼ਨਰ ਐਕਸਾਈਜ਼ ਜਲੰਧਰ ਜੋਨ, ਜਲੰਧਰ ਦੇ ਦਿਸ਼ਾ ਨਿਰਦੇਸਾਂ ਦੀ ਪਾਲਣਾ ਕਰਦਿਆ ਪੰਜਾਬ ਦੇ ਆਬਕਾਰੀ ਮਾਲੀਏ ਨੂੰ ਸੁਰੱਖਿ✪ਤ ਕਰਨ ਹਿੱਤ ਅਤੇ ਸ਼ਰਾਬ ਦੀ ਤਸਕਰੀ ਕਰਨ ਵਾਲੇ ਅਨਸਰਾਂ ਨੂੰ ਨੱਥ ਪਾਉਣ ਉਪਰਾਲੇ ਕੀਤੇ ਜਾ ਰਹੇ ਹਨ। ਇਸ ਸਬੰਧੀ ਪ੍ਰੈਸ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸ੍ਰੀ ਡੀ.ਐਸ ਚੀਮਾ, ਸਹਾਇਕ ਕਮਿਸ਼ਨਰ (ਆਬਕਾਰੀ), ਅੰਮ੍ਰਿਤਸਰ ਰੇਂਜ, ਅੰਮ੍ਰਿਤਸਰ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਚਲਾਈ ਗਈ ਮੁਹਿੰਮ ਹੇਠ ਸ੍ਰੀ ਲਲਿਤ ਕੁਮਾਰ ਆਬਕਾਰੀ ਅਫ਼ਸਰ, ਅੰਮ੍ਰਿਤਸਰ-1 ਅਤੇ 2, ਸ੍ਰੀ ਰਮਨ ਭਗਤ ਆਬਕਾਰੀ ਅਫ਼ਸਰ ਅੰਮ੍ਰਿਤਸਰ-3, ਸ੍ਰੀ ਇੰਦਰਜੀਤ ਸਿੰਘ ਆਬਕਾਰੀ ਅਫ਼ਸਰ ਤਰਨ ਤਾਰਨ ਅਤੇ ਸਮੂਹ ਸਹਾਇਕ ਆਬਕਾਰੀ ਅਫਸਰਾਂ ਵਲੋਂ ਅੰਮ੍ਰਿਸਤਰ ਰੇਂਜ ਅਤੇ ਆਬਕਾਰੀ ਪੁਲਿਸ ਵੱਲੋਂ ਲੋਕਲ ਪੁਲਿਸ ਨਾਲ ਤਾਲਮੇਲ ਕਰਕੇ 01.04-2025 ਤੋਂ ਹੁਕ ਤੱਕ ਕੁਲ 862598 ਲੀਟਰ ਲਾਹਨ, 13066 ਗੈਰ ਕਾਨੂੰਨੀ ਸ਼ਰਾਬ, 1503 ਬੋਤਲ ਦੇਸੀ ਸ਼ਰਾਬ, 5233 ਨਾਜਾਇਜ ਅੰਗਰੇਜੀ ਸ਼ਰਾਬ, 59 ਚਾਲੂ ਭੱਠੀਆਂ ਦੀ ਬਰਾਮਦਗੀ ਕਰਦੇ ਹੋਏ ਕੁਲ 716 ਪਰਚੇ ਦਰਜ ਕਰਦੇ ਹੋਏ 604 ਵਿਅਕਤੀ ਗ੍ਰਿਫਤਾਰ ਕੀਤੇ ਗਏ ਹਨ। ਉਨਾਂ ਦੱਸਿਆ ਕਿ ਸ੍ਰੀ ਧਰਵਿੰਦਰ ਪਾਲ ਸ਼ਰਮਾ, ਸਹਾਇਕ ਆਬਕਾਰੀ ਅਫਸਰ ਵੱਲੋਂ 6 ਫਰਵਰੀ 2026 ਨੂੰ ਇਤਲਾਹ ਮਿਲੀ ਕਿ ਵਿਅਕਤੀ ਚੰਡੀਗੜ੍ਹ ਮਾਰਕਾ ਸ਼ਰਾਬ ਵੇਚਦਾ ਹੈ, ਜਿਸ ਸਬੰਧੀ ਸੂਚਨਾ ਪਹਿਲਾਂ ਵੀ ਸੀ, ਇਸੇ ਕਾਰਵਾਈ ਤਹਿਤ ਮਿਤੀ: 06.02.2026 ਨੂੰ ਮੁਕੱਦਮਾ ਨੰ: 0023 ਥਾਣਾ ਰਣਜੀਤ ਐਵਨਿਊ ਦਰਜ ਕੀਤਾ ਅਤੇ ਮਿਤੀ: 07.02.2026 ਨੂੰ ਮੁਕੱਦਮਾ ਨੰ: 0018 ਮਿਤੀ: 07.02.2026 ਥਾਣਾ ਮੋਹਕਮਪੁਰਾ ਵਿਖੇ ਦਰਜ ਕਰਵਾਇਆ ਗਿਆ। ਇਸ ਦੌਰਾਨ ਕੁਲ 184 ਮਹਿੰਗੀਆ ਬੋਤਲ ਚੰਡੀਗੜ੍ਹ ਮਾਰਕਾ ਬਰਾਮਦ ਕੀਤੀਆ ਗਈਆਂ, ਦੌਸੀਆਂ ਦੇ ਖਿਲਾਫ ਪੰਜਾਬ ਆਬਕਾਰੀ ਐਕਟ, 1914 ਅਤੇ ਭਾਰਤੀ ਨਿਆ ਪਾਲਿਕਾ ਦੇ ਸੈਕਸ਼ਨ 318 ਅਧੀਨ ਮੁਕੱਦਮੇ ਦਰਜ ਕੀਤੇ ਗਏ। ਸ੍ਰੀ ਚੀਮਾ ਨੇ ਦੱਸਿਆ ਕਿ ਪੈਲਸਾਂ/ਬੈਂਕਟ ਹਾਲਾਂ, ਖ਼ਾਸ ਕਰਕੇ ਜਿੱਥੇ 29® ਅਤੇ ਮਹਿੰਗੇ ਲਿਕਰ ਬ੍ਰਾਂਡਾਂ ਦੀ ਵਰਤੋਂ ਕੀਤੀ ਜਾਂਦੀ ਹੈ, ਉੱਥੇ ਖਾਲੀ ਬੋਤਲਾਂ ਨੂੰ ਰੀਫਿਲ ਕਰਕੇ ਗੈਰਕਾਨੂੰਨੀ ਤੌਰ ’ਤੇ ਮੁੜ ਵਿਕਰੀ ਲਈ ਵਰਤਣ ਦਾ ਗੰਭੀਰ ਖਦਸ਼ਾ ਬਣਿਆ ਰਹਿੰਦਾ ਹੈ। ਅਜਿਹੀ ਗੈਰਕਾਨੂੰਨੀ ਕਾਰਵਾਈ ਨਾਲ ਜਿੱਥੇ ਜਾਨੀ ਨੁਕਸਾਨ ਦੀ ਸੰਭਾਵਨਾ ਹੈ, ਉੱਥੇ ਸਰਕਾਰ ਦੇ ਮਾਲੀਏ ਨੂੰ ਵੀ ਭਾਰੀ ਨੁਕਸਾਨ ਪਹੁੰਚ ਸਕਦਾ ਹੈ। ਉਨਾਂ ਸਮੂਹ ਪੈਲਸਾਂ/ਬੈਂਕਟ ਹਾਲਾਂ, ਖ਼ਾਸ ਕਰਕੇ ਜਿੱਥੇ 29® ਅਤੇ ਮਹਿੰਗੇ ਲਿਕਰ ਬ੍ਰਾਂਡਾਂ ਦੀ ਵਰਤੋਂ ਕੀਤੀ ਜਾਂਦੀ ਹੈ ਨੂੰ ਹਦਾਇਤ ਕੀਤੀ ਹੈ ਕਿ ਰੋਜ਼ਾਨਾ ਅਧਾਰ ’ਤੇ ਆਬਕਾਰੀ ਨਿਰੀਖਕ ਦੀ ਨਿਗਰਾਨੀ ਹੇਠ ਵੀਡੀਓਗ੍ਰਾਫੀ ਰਾਹੀਂ ਖਾਲੀ ਬੋਤਲਾਂ ਦਾ ਨਸ਼ਟੀਕਰਨ ਯਕੀਨੀ ਬਣਾਇਆ ਜਾਵੇ ਅਤੇ ਇਸ ਦੀ ਪੂਰੀ ਪਾਲਣਾ ਕਰਵਾਈ ਜਾਵੇ।

# ਵਾਈਸ ਚਾਂਸਲਰ ਪ੍ਰੋ.ਕਰਮਜੀਤ ਸਿੰਘ ਪੰਜਾਬ ਰਤਨ ਪੁਰਸਕਾਰ ਨਾਲ ਸਨਮਾਨਿਤ



ਅੰਮ੍ਰਿਤਸਰ, 9 ਫਰਵਰੀ (ਗੁਰਦਿਆਲ ਸਿੰਘ) :ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ ਕਰਮਜੀਤ ਸਿੰਘ ਜੀ ਨੂੰ ਪੰਜਾਬ ਰਤਨ ਸਨਮਾਨ ਨਾਲ ਨਿਵਾਜਿਆ ਗਿਆ। ਇਹ ਸਨਮਾਨ ਉਹਨਾਂ ਦੀ ਦੂਰਦਰਸ਼ੀ ਸੋਚ, ਵਿਚਾਰਕ ਗਹਿਰਾਈ, ਅਕਾਦਮਿਕ ਅਤੇ ਪ੍ਰਬੰਧਕੀ ਖੇਤਰ ਵਿੱਚ ਪਾਏ ਯੋਗਦਾਨ ਨੂੰ ਧਿਆਨ ਵਿੱਚ ਰੱਖਦਿਆਂ ਪ੍ਰਦਾਨ ਕੀਤਾ ਗਿਆ। ਇਹ ਸਨਮਾਨ ਸਮਾਰੋਹ ਪੰਜਾਬ ਕਲਾ ਪਰਿਸ਼ਦ ਚੰਡੀਗੜ੍ਹ ਵਲੋਂ ਪਦਮ ਭੂਸ਼ਣ ਸ. ਸਰਦਾਰਾ ਸਿੰਘ ਜੌਹਲ ਜੀ ਦੀ ਵਿਸ਼ੇਸ਼ ਮੌਜੂਦਗੀ ਵਿਚ ਕਰਾਇਆ ਗਿਆ, ਜਿਸ ਵਿੱਚ ਜੌਹਲ ਸਾਹਿਬ ਨੇ ਮਾਣਯੋਗ ਵਾਈਸ ਚਾਂਸਲਰ ਬਾਰੇ ਗੱਲ ਕਰਦਿਆਂ ਹੋਇਆਂ ਆਪਣੇ ਭਾਵ ਰੱਖੇ ਕਿ ਮੈਂ ਆਪਣੀ ਜ਼ਿੰਦਗੀ ਵਿੱਚ ਬਹੁਤ ਵਾਈਸ ਚਾਂਸਲਰ ਦੇਖੇ ਹਨ। ਪਰ ਡਾ. ਕਰਮਜੀਤ ਸਿੰਘ ਸਾਰਿਆਂ ਤੋਂ ਵੱਖਰੇ ਹਨ, ਜੋ ਇਹਨਾਂ ਦੀ ਸੋਚ ਦੇ ਵਿੱਚ ਨਿਮਰਤਾ ਅਤੇ ਸਹਿਜ ਹੈ, ਉਹ ਕਮਾਲ ਦਾ ਗੁਣ ਹੈ। ਪੰਜਾਬ ਕਲਾ ਪਰਿਸ਼ਦ ਦੇ ਚੇਅਰਮੈਨ ਸਵਰਨਜੀਤ ਸਵੀ ਜੀ ਨੇ ਪ੍ਰੋ.ਕਰਮਜੀਤ ਸਿੰਘ ਦੇ ਜੀਵਨ ਅਤੇ ਪ੍ਰਾਪਤੀਆਂ ਉੱਪਰ ਚਾਨਣਾ ਪਾਇਆ ਪਾਉਂਦਿਆਂ ਹੋਇਆਂ ਸਾਈਟੇਸ਼ਨ ਪੜ੍ਹੀ। ਸਨਮਾਨ ਮਿਲਣ ਉਪਰੰਤ ਵਾਈਸ ਚਾਂਸਲਰ ਨੇ ਇਸ ਮਾਣ ਨੂੰ ਮਿਲਣਾ ਜਿੱਥੇ ਪਰਮਾਤਮਾ ਦੀ ਬਖਸ਼ਿਸ਼ ਦੱਸਿਆ ਉੱਥੇ ਨਾਲ ਹੀ ਓਹਨਾਂ ਇਹ ਬਿਆਨ ਕੀਤਾ ਕਿ ਇਸ ਸਨਮਾਨ ਨੂੰ ਮਿਲਣ ਪਿੱਛੇ ਉਹ ਸੰਸਕਾਰ ਨੇ ਜੋ ਮੇਰੇ ਮਾਤਾ ਪਿਤਾ ਨੇ ਮੈਨੂੰ ਪ੍ਰਦਾਨ ਕੀਤੇ, ਉਹ ਵਿੱਦਿਆ ਹੈ, ਜੋ ਅਧਿਆਪਕਾਂ ਦੁਆਰਾ ਮੈਨੂੰ ਪ੍ਰਾਪਤ ਹੋਈ, ਉਹ ਸੁਖਾਵਾਂ ਵਾਤਾਵਰਨ ਹੈ, ਜੋ ਪਰਿਵਾਰ ਵਿੱਚੋਂ ਪ੍ਰਾਪਤ ਹੋਇਆ ਅਤੇ ਉਹ ਸਾਰੀਆਂ ਸ਼ੁਭ ਇੱਛਾਵਾਂ ਜੋ ਮੇਰੇ ਵਿਦਿਆਰਥੀਆਂ ਅਤੇ ਮੇਰੇ ਯਾਰਾਂ ਦੋਸਤਾਂ ਦੀਆਂ ਮੇਰੇ ਪ੍ਰਤੀ ਨੇ ਜਿਸ ਕਾਰਨ ਇਹ ਸਨਮਾਨ ਅੱਜ ਮੈਨੂੰ ਪ੍ਰਾਪਤ ਹੋਇਆ ਹੈ। ਅਖੀਰ ਦੇ ਵਿੱਚ ਸੁਨੇਹਾ ਦਿੰਦਿਆਂ ਹੋਇਆਂ ਵਾਈਸ ਚਾਂਸਲਰ ਜੀ ਨੇ ਇਹ ਵਚਨਬੱਧਤਾ ਪ੍ਰਗਟ ਕੀਤੀ ਕਿ ਮੈਂ ਇਸੇ ਤਰ੍ਹਾਂ ਸਮਾਜ ਦੇ ਹਰ ਖੇਤਰ ਵਿੱਚ ਸੇਵਾ ਕਰਦਾ ਰਹਾਂਗਾ ਅਤੇ ਵਿੱਦਿਅਕ ਪ੍ਰਬੰਧ ਵਿੱਚ ਨੈਤਿਕਤਾ ਭਰਪੂਰ ਸਿੱਖਿਆ ਪ੍ਰਦਾਨ ਕਰਨ ਲਈ ਹਰ ਯਤਨ ਕਰਾਂਗਾ।

# ਸ਼ਾਮ ਸਿੰਘ ਅਟਾਰੀਵਾਲਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅੱਜ ਰਾਜ ਪੱਧਰੀ ਸਮਾਗਮ

## ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ



ਅੰਮ੍ਰਿਤਸਰ, 9 ਫਰਵਰੀ ( ਬਬਲੂ ਮਹਾਜਨ): ਪੰਜਾਬ ਸਰਕਾਰ ਵੱਲੋਂ ਸਰਕਾਰ-ਏ-ਖ਼ਾਲਸਾ ਦੇ ਮਹਾਨ ਜਰਨੈਲ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਦੇ 180ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ 10 ਫਰਵਰੀ ਨੂੰ ਨਰਾਇਣਗੜ੍ਹ (ਛੇਹਰਟਾ) ਅਤੇ ਅਟਾਰੀ ਵਿਖੇ ਰਾਜ ਪੱਧਰੀ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਰਾਜ ਪੱਧਰੀ ਸਮਾਗਮ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਇਸ ਰਾਜ ਪੱਧਰੀ ਸਮਾਗਮ ਵਿੱਚ ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ ਜਦਕਿ ਹੋਰ ਵਿਧਾਇਕ ਅਤੇ ਪ੍ਰਮੁੱਖ ਹਸਤੀਆਂ ਵੀ ਇਸ ਸਮਾਗਮ ਵਿੱਚ ਪਹੁੰਚਣਗੀਆਂ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 10 ਫਰਵਰੀ ਨੂੰ ਸ਼ਹੀਦੀ ਦਿਹਾੜੇ ਮੌਕੇ ਸਭ ਤੋਂ ਪਹਿਲਾਂ ਸਵੇਰੇ 10:00 ਵਜੇ ਨਰਾਇਣਗੜ੍ਹ (ਛੇਹਰਟਾ) ਵਿਖੇ ਜੀ.ਟੀ. ਰੋਡ ਤੇ ਸਥਾਪਿਤ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਦੇ ਬੁੱਤ ਤੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਜਾਵੇਗੀ। ਇਸ ਉਪਰੰਤ 11:00 ਵਜੇ ਅਟਾਰੀ ਵਿਖੇ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਦੀ ਸਮਾਧ ਵਿਖੇ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਅਟਾਰੀ ਵਿਖੇ ਧਾਰਮਿਕ ਸਮਾਗਮ ਦੌਰਾਨ ਢਾਡੀ ਜਥੇ ਵੱਲੋਂ ਸਰਦਾਰ ਸ਼ਾਮ ਸਿੰਘ ਅਟਾਰੀਵਾਲੇ ਦੇ ਬਹਾਦਰੀ ਭਰੇ ਕਾਰਨਾਮਿਆਂ ਦੇ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਪੰਜਾਬ ਦਾ ਉਹ ਮਹਾਨ ਯੋਧਾ ਹੋਇਆ ਹੈ ਜਿਸ ਦੀ ਬਹਾਦਰੀ ਦੇ ਗੀਤ ਅੱਜ ਤੱਕ ਵੀ ਗਾਏ ਜਾਂਦੇ ਹਨ। ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਪੰਜਾਬ ਸਰਕਾਰ ਵੱਲੋਂ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 10 ਫਰਵਰੀ ਨੂੰ ਕਰਵਾਏ ਜਾ ਰਹੇ ਰਾਜ ਪੱਧਰੀ ਸਮਾਗਮ ਵਿੱਚ ਨਰਾਇਣਗੜ੍ਹ (ਛੇਹਰਟਾ) ਅਤੇ ਅਟਾਰੀ ਵਿਖੇ ਸਰਦਾਰ ਸ਼ਾਮ ਸਿੰਘ ਦੀ ਸਮਾਧ ਵਿਖੇ ਪਹੁੰਚਣ ਅਤੇ ਇਸ ਮਹਾਨ ਯੋਧੇ ਨੂੰ ਆਪਣੀ ਸ਼ਰਧਾ ਤੇ ਅਕੀਦਤ ਭੇਟ ਕਰਨ।

# ਅੰਮ੍ਰਿਤਸਰ ਤੋਂ ਛੇ ਪਿਸਤੌਲਾਂ, 115 ਗ੍ਰਾਮ ਹੈਰੋਇਨ ਅਤੇ 11.9 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਪੰਜ ਕਾਬੂ

## ਗੈਰ-ਕਾਨੂੰਨੀ ਹਥਿਆਰ ਅਤੇ ਨਸ਼ਾ ਤਸਕਰੀ ਸ਼ਾਮਲ ਸਨ ਗ੍ਰਿਫ਼ਤਾਰ ਕੀਤੇ ਦੋਸ਼ੀ : ਡੀਜੀਪੀ ਗੌਰਵ ਯਾਦਵ



ਅੰਮਿਤਸਰ, 9 ਫਰਵਰੀ (ਗੁਰਦਿਆਲ ਸਿੰਘ/ਬਬਲੂ ਮਹਾਜਨ) :ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ’ਤੇ ਸ਼ੁਰੂ ਕੀਤੀ ਗਈ ‘ਗੈਂਗਸਟਰਾਂ ’ਤੇ ਵਾਰ’ ਮੁਹਿੰਮ ਦੌਰਾਨ ਖੁਫੀਆ ਕਾਰਵਾਈ ਵਿੱਚ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰ ਦੇ ਹਥਿਆਰ ਅਤੇ ਨਸ਼ਾ ਤਸਕਰੀ ਮਾਡਿਊਲ ਦੇ ਪੰਜ ਕਾਰਕੁੰਨਾਂ ਨੂੰ ਛੇ ਆਧੁਨਿਕ ਪਿਸਤੌਲ, 115 ਗ੍ਰਾਮ ਹੈਰੋਇਨ ਅਤੇ 11.90 ਲੱਖ ਰੁਪਏ ਦੀ ਡਰੱਗ ਮਨੀ ਨਾਲ ਗ੍ਰਿਫਤਾਰ ਕਰ ਕੇ ਇਸ ਗਿਰੋਹ ਨੂੰ ਬੇਅਸਰ ਦਿੱਤਾ ਹੈ । ਇਹ ਜਾਣਕਾਰੀ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸਿਮਰਨਜੀਤ ਸਿੰਘ ਉਰਫ਼ ਮੰਨੂ (24), ਗੁਰਪ੍ਰੀਤ ਸਿੰਘ ਉਰਫ਼ ਗੋਪੀ (20), ਸੁਖਰਾਜ ਸਿੰਘ ਉਰਫ਼ ਜੋਗਾ (24) ਅਤੇ ਸਾਜਨ ਸਿੰਘ ਉਰਫ਼ ਗੁਰਸਾਜਨ ਸਿੰਘ ਉਰਫ਼ ਲੱਡਾ ਸਾਰੇ ਵਾਸੀ ਪਿੰਡ ਰੋੜਾ ਵਾਲਾ ਕਲਾਂ (ਅੰਮ੍ਰਿਤਸਰ ) ਅਤੇ ਅੰਮ੍ਰਿਤਸਰ ਦੇ ਪਿੰਡ ਰਣੀਕੇ ਦੇ ਵਸਨੀਕ ਮੋਲਕਦੀਪ ਸਿੰਘ (23) ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਆਸਟਰੀਆ ਦੇ ਬਣੇ ਦੋ 9 ਐਮ.ਐਮ. ਗਲੌਕ, ਤੁਰਕੀ ਦਾ ਬਣਿਆ ਇੱਕ ਜ਼ਿਗਾਨਾ, ਦੋ .32 ਬੋਰ ਅਤੇ ਇੱਕ .30 ਬੋਰ ਪਿਸਤੌਲ ਸਮੇਤ 10 ਜ਼ਿੰਦਾ ਕਾਰਤੂਸ ਸ਼ਾਮਲ ਹਨ। ਪੁਲਿਸ ਟੀਮਾਂ ਨੇ ਦੋਸ਼ੀਆਂ ਦੀ ਹੁੰਡਈ ਕਰੇਟਾ ਕਾਰ ਵੀ ਜ਼ਬਤ ਕੀਤੀ ਹੈ, ਜਿਸਦੀ ਵਰਤੋਂ ਉਹ ਤਸਕਰੀ ਲਈ ਕਰਦੇ ਸਨ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸਰਹੱਦ ਪਾਰ ਤਸਕਰੀ ਨੈੱਟਵਰਕ ਨਾਲ ਸਰਗਰਮੀ ਨਾਲ ਜੁੜੇ ਹੋਏ ਸਨ ਅਤੇ ਸਰਹੱਦ ਪਾਰੋਂ ਡਰੋਨ ਰਾਹੀਂ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀਆਂ ਖੇਪਾਂ ਪ੍ਰਾਪਤ ਕਰ ਰਹੇ ਸਨ। ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ।ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਾਰਵਾਈ ਸੰਬੰਧੀ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਸਰਹੱਦ ਪਾਰ ਦੇ ਤਸਕਰੀ ਸਬੰਧਾਂ ਬਾਰੇ ਪੁਖਤਾ ਤੇ ਗੁਪਤ ਜਾਣਕਾਰੀ ’ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਸਿਮਰਨਜੀਤ ਉਰਫ਼ ਮੰਨੂ, ਮੋਲਕਦੀਪ ਸਿੰਘ, ਗੁਰਪ੍ਰੀਤ ਉਰਫ਼ ਗੋਪੀ, ਸੁਖਰਾਜ ਉਰਫ਼ ਜੋਗਾ ਅਤੇ ਸਾਜਨ ਉਰਫ਼ ਗੁਰਸਾਜਨ ਉਰਫ਼ ਲੱਡਾ ਨੂੰ ਇੱਕ ਕਾਰ ਸਮੇਤ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ .32 ਬੋਰ ਪਿਸਤੌਲ ਬਰਾਮਦ ਕੀਤੇ ਹਨ। ਉਨ੍ਹਾਂ ਕਿਹਾ ਕਿ ਹੋਰ ਪੁੱਛਗਿੱਛ ਤੋਂ ਬਾਅਦ ਹੋਈਆਂ ਬਰਾਮਦਗੀਆਂ ਦੌਰਾਨ ਚਾਰ ਹੋਰ ਪਿਸਤੌਲ, 115 ਗ੍ਰਾਮ ਹੈਰੋਇਨ ਅਤੇ 11.90 ਲੱਖ ਰੁਪਏ ਦੀ ਡਰੱਗ ਮਨੀ ਜ਼ਬਤ ਕੀਤੀ ਗਈ, ਜੋ ਸੰਗਠਿਤ ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀਆਂ ਗਤੀਵਿਧੀਆਂ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਦੀ ਪੁਸ਼ਟੀ ਕਰਦੀ ਹੈ।ਸੀ.ਪੀ. ਨੇ ਕਿਹਾ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸਿਮਰਨਜੀਤ ਉਰਫ਼ ਮੰਨੂ, ਮੋਲਕਦੀਪ ਸਿੰਘ ਅਤੇ ਗੁਰਪ੍ਰੀਤ ਸਿੰਘ ਜੁਰਾਇਮ-ਪੇਸ਼ਾ ਅਪਰਾਧੀ ਹਨ ਅਤੇ ਪਹਿਲਾਂ ਵੀ ਐਨਡੀਪੀਐਸ ਐਕਟ ਅਧੀਨ ਮਾਮਲਿਆਂ ਵਿੱਚ ਸ਼ਾਮਲ ਹਨ।ਉਨ੍ਹਾਂ ਕਿਹਾ ਕਿ ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਮੁਲਜ਼ਮ ਸਿਮਰਨਜੀਤ ਉਰਫ਼ ਮੰਨੂ ਦੁਬਈ ਵਿੱਚ ਟਰੱਕ ਡਰਾਈਵਰ ਵਜੋਂ ਕੰਮ ਕਰਦਾ ਸੀ। ਉਨ੍ਹਾਂ ਅੱਗੇ ਕਿਹਾ ਕਿ ਪੁਲਿਸ ਟੀਮਾਂ ਇਸ ਨੈੱਟਵਰਕ ਦੇ ਵਿੱਤੀ ਟਰੇਲ ਅਤੇ ਹਵਾਲਾ ਲਿੰਕਾਂ ਦੀ ਜਾਂਚ ਵੀ ਕਰ ਰਹੀਆਂ ਹਨ।ਇਸ ਸਬੰਧ ਵਿੱਚ ਐਫਆਈਆਰ ਨੰਬਰ 21 ਮਿਤੀ 03-02-2026 ਨੂੰ ਅੰਮ੍ਰਿਤਸਰ ਦੇ ਪੁਲਿਸ ਸਟੇਸ਼ਨ ਛਾਉਣੀ ਵਿਖੇ ਅਸਲਾ ਐਕਟ ਦੀ ਧਾਰਾ 25 ਅਤੇ 25(8) ਅਤੇ ਐਨਡੀਪੀਐਸ ਐਕਟ ਦੀ ਧਾਰਾ 21ਬੀ, 27ਏ ਅਤੇ 29 ਤਹਿਤ ਇੱਕ ਕੇਸ ਦਰਜ ਕੀਤਾ ਗਿਆ ਹੈ।ਉਨ੍ਹਾਂ ਅੱਗੇ ਕਿਹਾ ਕਿ ਪੁਲਿਸ ਟੀਮਾਂ ਇਸ ਨੈੱਟਵਰਕ ਦੇ ਵਿੱਤੀ ਟਰੇਲ ਅਤੇ ਹਵਾਲਾ ਲਿੰਕਾਂ ਦੀ ਜਾਂਚ ਵੀ ਕਰ ਰਹੀਆਂ ਹਨ।ਇਸ ਸਬੰਧ ਵਿੱਚ ਐਫਆਈਆਰ ਨੰਬਰ 21 ਮਿਤੀ 03-02-2026 ਨੂੰ ਅੰਮ੍ਰਿਤਸਰ ਦੇ ਪੁਲਿਸ ਸਟੇਸ਼ਨ ਛਾਉਣੀ ਵਿਖੇ ਅਸਲਾ ਐਕਟ ਦੀ ਧਾਰਾ 25 ਅਤੇ 25(8) ਅਤੇ ਐਨਡੀਪੀਐਸ ਐਕਟ ਦੀ ਧਾਰਾ 21ਬੀ, 27ਏ ਅਤੇ 29 ਤਹਿਤ ਇੱਕ ਕੇਸ ਦਰਜ ਕੀਤਾ ਗਿਆ ਹੈ।

# ਖ਼ਾਲਸਾ ਕਾਲਜ ਵਿਖੇ ਫੈਕਲਟੀ ਇੰਟਰੈਕਸ਼ਨ ਪ੍ਰੋਗਰਾਮ ਕਰਵਾਇਆ



ਅੰਮ੍ਰਿਤਸਰ, 9 ਫਰਵਰੀ (ਬਬਲੂ ਮਹਾਜਨ)—ਖ਼ਾਲਸਾ ਕਾਲਜ ਦੇ ਕੰਪਿਊਟਰ ਸਾਇੰਸ ਐਂਡ ਐਪਲੀਕੇਸ਼ਨਜ਼ ਦੀ ਟੈਕ ਏਰਾ ਸੋਸਾਇਟੀ ਵੱਲੋਂ ਫੈਕਲਟੀ ਇੰਟਰੈਕਸ਼ਨ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ ’ਤੇ ਕਰਵਾਏ ਗਏ ਉਕਤ ਸਮਾਗਮ ਦੇ ਮੁੱਖ ਬੁਲਾਰੇ ਅਲਰਟ ਐਂਟਰਪ੍ਰਾਈਜ਼, ਕੈਲੀਫ਼ੋਰਨੀਆ (ਅਮਰੀਕਾ) ਤੋਂ ਸੀਈਓ ਡਾ. ਜਸਵੀਰ ਸਿੰਘ ਗਿੱਲ ਸਨ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਡਾ. ਗਿੱਲ ਦਾ ਮੋਮੈਂਟੋ ਨਾਲ ਸਵਾਗਤ ਕਰਨ ਉਪਰੰਤ ਕੰਪਿਊਟਰ ਵਿਭਾਗ ਵੱਲੋਂ ਕੀਤੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਉਨ੍ਹਾਂ ਫੈਕਲਟੀ ਇੰਟਰੈਕਸ਼ਨ ਪ੍ਰੋਗਰਾਮਾਂ ਦੀ ਮਹੱਤਤਾ ’ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਇਹ ਪੇਸ਼ੇਵਰ ਵਿਕਾਸ ਨੂੰ ਉਤਸ਼ਾਹਿਤ ਕਰਦੇ ਹਨ। ਇਸ ਮੌਕੇ ਡਾ. ਗਿੱਲ ਨੇ ਏ. ਆਈ. ਖੇਤਰ ’ਚ ਨਵੇਂ ਰੁਝਾਨਾਂ ਅਤੇ ਤਰੱਕੀਆਂ ਨੂੰ ਉਜਾਗਰ ਕੀਤਾ। ਉਨ੍ਹਾਂ ਦੇ ਜਾਣਕਾਰੀ ਭਰਪੂਰ ਭਾਸ਼ਣ ਪ੍ਰੋਗਰਾਮ ਦਾ ਸਮਾਪਨ ਇਕ ਇੰਟਰੈਕਟਿਵ ਸੈਸ਼ਨ ਨਾਲ ਹੋਇਆ, ਜਿਸ ਦੌਰਾਨ ਫੈਕਲਟੀ ਮੈਂਬਰਾਂ ਨੇ ਸਰਗਰਮੀ ਨਾਲ ਭਾਗ ਲੈਂਦਿਆਂ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਵਿਭਾਗ ਮੁਖੀ ਪ੍ਰੋ. ਸੁਖਵਿੰਦਰ ਕੌਰ ਨੇ ਡਾ. ਗਿੱਲ ਦੇ ਕੀਮਤੀ ਵਿਚਾਰਾਂ ਲਈ ਧੰਨਵਾਦ ਪ੍ਰਗਟ ਕੀਤਾ ਅਤੇ ਸਮੂਹ ਭਾਗੀਦਾਰਾਂ ਦੀ ਉਤਸ਼ਾਹਪੂਰਨ ਭਾਗੀਦਾਰੀ ਦੀ ਵੀ ਪ੍ਰਸ਼ੰਸਾ ਕੀਤੀ। ਇਸ ਮੌਕੇ ਅਕਾਦਮਿਕ ਅਫੇਅਰਜ਼ ਡੀਨ ਡਾ. ਤਮਿੰਦਰ ਸਿੰਘ, ਰਜਿਸਟਰਾਰ ਡਾ. ਦਵਿੰਦਰ ਸਿੰਘ, ਕੋਆਰਡੀਨੇਟਰ ਡਾ. ਮਨੀ ਅਰੋੜਾ ਆਦਿ ਹਾਜ਼ਰ ਸਨ।

## ਮੱਛੀ ਮੰਡੀ ਪਾਰਕਿੰਗ ਸਟੈਂਡ ਵਿੱਚ ਸੁਧਾਰ ਕੀਤਾ ਜਾਵੇਗਾ

# ਵਿਧਾਇਕ ਡਾ. ਗੁਪਤਾ ਨੇ ਪਾਰਕਿੰਗ ਸਟੈਂਡ ਦੇ ਨਵੀਨੀਕਰਨ ਦਾ ਉਦਘਾਟਨ ਕੀਤਾ



ਅੰਮ੍ਰਿਤਸਰ, 9 ਫਰਵਰੀ (ਬਬਲੂ ਮਹਾਜਨ) : ਕੇਂਦਰੀ ਵਿਧਾਨ ਸਭਾ ਹਲਕੇ ਦੀ ਨੁਮਾਇੰਦਗੀ ਕਰਨ ਵਾਲੇ ਵਿਧਾਇਕ ਡਾ. ਅਜੇ ਗੁਪਤਾ ਨੇ ਅੱਜ ਮੱਛੀ ਮੰਡੀ ਪਾਰਕਿੰਗ ਸਟੈਂਡ ਦੇ ਨਵੀਨੀਕਰਨ ਦਾ ਉਦਘਾਟਨ ਕੀਤਾ। ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਮੱਛੀ ਮੰਡੀ ਪਾਰਕਿੰਗ ਸਟੈਂਡ ਵਿੱਚ ਸੁਧਾਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਹਿਲਾਂ ਕਿਸੇ ਨੇ ਇਸ ਮੁੱਦੇ ਵੱਲ ਧਿਆਨ ਨਹੀਂ ਦਿੱਤਾ ਸੀ। ਉਨ੍ਹਾਂ ਕਿਹਾ ਕਿ ਪਾਰਕਿੰਗ ਸਟੈਂਡ ਦੀ ਹਾਲਤ ਮਾੜੀ ਹੈ। ਪਹਿਲਾਂ ਪਾਰਕਿੰਗ ਸਟੈਂਡ ਵਿੱਚ ਸੀਵਰੇਜ਼ ਸਿਸਟਮ ਲਗਾਇਆ ਜਾਵੇਗਾ, ਕਿਉਂਕਿ ਥੋੜ੍ਹੀ ਜਿਹੀ ਬਾਰਿਸ਼ ਵੀ ਲੰਬੇ ਸਮੇਂ ਤੱਕ ਪਾਣੀ ਖੜ੍ਹਾ ਰਹਿੰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪਾਰਕਿੰਗ ਸਟੈਂਡ ਨੂੰ ਪੂਰੀ ਤਰ੍ਹਾਂ ਪੱਕਾ ਕੀਤਾ ਜਾਵੇਗਾ।ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਪਾਰਕਿੰਗ ਸਟੈਂਡ ਦੇ ਆਲੇ-ਦੁਆਲੇ ਇੱਕ ਕੰਧ ਬਣਾਈ ਜਾਵੇਗੀ, ਜਿਸ ਦੇ ਨਾਲ ਦੋ ਗੇਟ ਵੀ ਹੋਣਗੇ। ਉਨ੍ਹਾਂ ਇਹ ਵੀ ਕਿਹਾ ਕਿ ਸਟਰੀਟ ਲਾਈਟਾਂ ਲਗਾਈਆਂ ਜਾਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਪਾਰਕਿੰਗ ਸਟੈਂਡ ਦੇ ਨਵੀਨੀਕਰਨ ਨਾਲ ਨਾ ਸਿਰਫ਼ ਦੁਕਾਨਦਾਰਾਂ ਨੂੰ ਸਗੋਂ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਵੀ ਫਾਇਦਾ ਹੋਵੇਗਾ ਜੋ ਉੱਥੇ ਆਪਣੇ ਵਾਹਨ ਪਾਰਕ ਕਰਦੇ ਹਨ।ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਉਨ੍ਹਾਂ ਨੇ ਪਹਿਲਾਂ ਹੀ ਅੰਦਰੂਨ ਸ਼ਹਿਰ ਵਿੱਚ ਆਵਾਜਾਈ ਦੇ ਪ੍ਰਵਾਹ ਨੂੰ ਬਿਹਤਰ ਬਣਾਉਣ ਲਈ ਇੱਕ ਢੁਕਵੀਂ ਪਾਰਕਿੰਗ ਬਣਾਉਣ ਦਾ ਟੀਚਾ ਮਿੱਥਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਕੈਰੋ ਮਾਰਕੀਟ ਵਿੱਚ ਇੱਕ ਆਧੁਨਿਕ ਪਾਰਕਿੰਗ ਸਟੈਂਡ ਦਾ ਨਿਰਮਾਣ ਵੀ ਤੇਜ਼ੀ ਨਾਲ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਪਾਰਕਿੰਗ ਸਟੈਂਡ ਲਗਭਗ 350 ਵਾਹਨ ਆਪਣੇ ਆਪ ਪਾਰਕ ਕਰਨ ਦੇ ਯੋਗ ਹੋਵੇਗਾ। ਉਨ੍ਹਾਂ ਕਿਹਾ ਕਿ ਕੈਰੋ ਮਾਰਕੀਟ ਪਾਰਕਿੰਗ ਸਟੈਂਡ ਜੂਨ 2026 ਤੱਕ ਜਨਤਾ ਨੂੰ ਸਮਰਪਿਤ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਕੋਈ ਵੀ ਵਿਕਾਸ ਕਾਰਜ ਅਧੂਰਾ ਨਹੀਂ ਛੱਡਿਆ ਜਾਵੇਗਾ। ਵਿਕਾਸ ਪ੍ਰੋਜੈਕਟਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਵਾਰਡ ਇੰਚਾਰਜ ਵਿਸ਼ਾਲ ਗਿੱਲ, ਵਾਸੂ ਰਾਮ, ਬਬੀਤਾ ਜੈਸਵਾਲ, ਮੈਡਮ ਪੂਨਮ, ਵਿੱਕੀ ਕੁਮਾਰ, ਗੁਰਦਾਸ ਸਿੰਘ, ਜੱਗਾ ਸਿੰਘ, ਅਜੈ ਨਿਓਲ, ਬਿੱਟੂ ਦੋਧੀ, ਨਗਰ ਨਿਗਮ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਲੰਟੀਅਰ ਇਸ ਮੌਕੇ ਮੌਜੂਦ ਸਨ।

# ਖ਼ਾਲਸਾ ਕਾਲਜ ਲਾਅ ਵਿਖੇ ਲੇਖ ਪ੍ਰਤੀਯੋਗਤਾ ਕਰਵਾਈ



ਅੰਮ੍ਰਿਤਸਰ, 9 ਫਰਵਰੀ (ਬਬਲੂ ਮਹਾਜਨ):ਖ਼ਾਲਸਾ ਕਾਲਜ ਆਫ਼ ਲਾਅ ਵਿਖੇ ਕਲਚਰਲ ਕਲੱਬ ਵੱਲੋਂ ਵਿਦਿਆਰਥੀਆਂ ਲਈ ਲੇਖ ਪ੍ਰਤੀਯੋਗਤਾ ਕਰਵਾਈ ਗਈ। ਕਾਲਜ ਡਾਇਰੈਕਟਰ-ਕਮ-ਪ੍ਰਿੰਸੀਪਲ ਪ੍ਰੋ. (ਡਾ.) ਜਸਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ’ਤੇ ਕਰਵਾਈ ਗਈ ਉਕਤ ਪ੍ਰਤੀਯੋਗਤਾ ’ਚ ਬੀ. ਏ. ਐਲ. ਐਲ. ਬੀ. (ਪੰਜ ਸਾਲਾ ਕੋਰਸ), ਬੀ.ਕਾਮ. ਐਲ. ਐਲ. ਬੀ. (ਪੰਜ ਸਾਲਾ ਕੋਰਸ) ਅਤੇ ਐਲ. ਐਲ. ਬੀ. (ਤਿੰਨ ਸਾਲਾ ਕੋਰਸ) ਵੱਖ-ਵੱਖ ਸਮੈਸਟਰ ਦੇ ਵਿਦਿਆਰਥੀਆਂ ਨੇ ਭਾਗ ਲਿਆ। ਜਿਸ ’ਚ ਕ੍ਰਮਵਾਰ ਅਰਪਨਜੀਤ ਕੌਰ, ਸ਼ਾਇਨਪ੍ਰੀਤ ਕੌਰ ਅਤੇ ਅੰਤਰਦੀਪ ਕੌਰ ਨੇ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸ ਸਬੰਧੀ ਪ੍ਰੋ. (ਡਾ.) ਜਸਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਪ੍ਰਤੀਯੋਗਤਾ ਦਾ ਆਯੋਜਨ ਕਲਚਰਲ ਕਲੱਬ ਦੇ ਇੰਚਾਰਜ ਡਾ. ਹਰਪ੍ਰੀਤ ਕੌਰ ਵੱਲੋਂ ਕੀਤਾ ਗਿਆ ਅਤੇ ਪ੍ਰੋ. ਮਨਸੀਰਤ ਕੌਰ ਅਤੇ ਪ੍ਰੋ. ਪ੍ਰੇਰਨਾ ਸਿੰਘ ਨੇ ਜੱਜ ਵਜੋਂ ਭੂਮਿਕਾ ਨਿਭਾਈ। ਉਨ੍ਹਾਂ ਕਿਹਾ ਕਿ ਪ੍ਰਤੀਯੋਗਤਾ ’ਚ ਪਹਿਲਾ ਸਥਾਨ ਅਰਪਨਜੀਤ ਕੌਰ ਬੀ. ਏ. ਐਲ. ਐਲ. ਬੀ. (ਪੰਜ ਸਾਲਾ ਕੋਰਸ) ਅਠਵਾਂ ਸਮੈਸਟਰ, ਸ਼ਾਇਨਪ੍ਰੀਤ ਕੌਰ ਬੀ.ਕਾਮ.ਐਲ.ਐਲ.ਬੀ. (ਪੰਜ ਸਾਲਾ ਕੋਰਸ) ਚੌਥਾ ਸਮੈਸਟਰ ਨੇ ਦੂਸਰਾ ਸਥਾਨ ਅਤੇ ਅੰਤਰਦੀਪ ਕੌਰ ਬੀ. ਏ. ਐਲ. ਐਲ. ਬੀ. (ਪੰਜ ਸਾਲਾ ਕੋਰਸ) ਨੇ ਤੀਸਰਾ ਸਥਾਨ ਹਾਸਲ ਕੀਤਾ।ਇਸ ਮੌਕੇ ਪ੍ਰੋ. (ਡਾ.) ਜਸਪਾਲ ਸਿੰਘ ਨੇ ਕਾਰਜਕਾਰੀ ਪ੍ਰਿੰਸੀਪਲ ਡਾ. ਗੁਨੀਸ਼ਾ ਸਲੂਜਾ ਨਾਲ ਮਿਲ ਕੇ ਜੇਤੂ ਵਿਦਿਆਰਥੀਆਂ ਨੂੰ ਸਰਟੀਫ਼ਿਕੇਟ ਅਤੇ ਮੋਮੈਂਟੋ ਨਾਲ ਸਨਮਾਨਿਤ ਕੀਤਾ ਗਿਆ ਅਤੇ ਬਾਕੀ ਵਿਦਿਆਰਥੀਆਂ ਨੂੰ ਪਾਰਟੀਸੀਪੇਸ਼ਨ ਸਰਟੀਫਿਕੇਟ ਪ੍ਰਦਾਨ ਕੀਤੇ। ਇਸ ਮੌਕੇ ਪ੍ਰੋ. (ਡਾ.) ਜਸਪਾਲ ਸਿੰਘ ਨੇ ਜੇਤੂਆਂ ਨੂੰ ਇਨਾਮ ਤਕਸੀਮ ਕਰਨ ਉਪਰੰਤ ਵਧਾਈ ਦਿੰਦਿਆਂ ਭਵਿੱਖ ’ਚ ਹੋਰ ਪ੍ਰਤੀਯੋਗਤਾਵਾਂ ’ਚ ਵੱਧ ਚੜ੍ਹ ਕੇ ਹਿੱਸਾ ਲੈਣ ਪ੍ਰੇਰਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਉਜਵਲ ਭਵਿੱਖ ਲਈ ਹੋਰ ਵੀ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਅਤੇ ਕਾਲਜ ਦੀਆਂ ਹੋਰ ਗਤੀਵਿਧੀਆਂ ’ਚ ਭਾਗ ਲੈ ਕੇ ਆਪਣਾ ਅਤੇ ਆਪਣੇ ਕਾਲਜ ਦਾ ਨਾਂ ਰੌਸ਼ਨ ਕਰਨ ਲਈ ਉਤਸ਼ਾਹਿਤ ਕੀਤਾ।

# ਸ੍ਰੀ ਗੁਰੂ ਰਾਮਦਾਸ ਵੱਲਾ ਹਸਪਤਾਲ ਵਿੱਚ ਗੈਂਗਸਟਰ-ਪੁਲਿਸ ਝੜਪ

## ਪੁਲਿਸ ਨੇ ਹਸਪਤਾਲ ਅਹਾਤੇ ’ਚ ਗੈਂਗਸਟਰਾਂ ਨੂੰ ਘੇਰ ਕੇ ਕੀਤਾ ਕਾਬੂ, ਦਹਿਸ਼ਤ ਦਾ ਮਾਹੌਲ



ਅੰਮ੍ਰਿਤਸਰ, 9 ਫਰਵਰੀ (ਬਬਲੂ ਮਹਾਜਨ): ਸ੍ਰੀ ਗੁਰੂ ਰਾਮਦਾਸ ਵੱਲਾ ਹਸਪਤਾਲ ਵਿੱਚ ਉਸ ਵੇਲੇ ਹੜਕੰਪ ਮਚ ਗਿਆ ਜਦੋਂ ਗੈਂਗਸਟਰਾਂ ਅਤੇ ਪੁਲਿਸ ਦਰਮਿਆਨ ਝੜਪ ਹੋ ਗਈ। ਜਾਣਕਾਰੀ ਮੁਤਾਬਕ 31 ਸਟਾਫ ਦੀ ਪੁਲਿਸ ਟੀਮ ਵੱਲੋਂ ਗੈਂਗਸਟਰਾਂ ਦਾ ਲਗਾਤਾਰ ਪਿੱਛਾ ਕੀਤਾ ਜਾ ਰਿਹਾ ਸੀ। ਇਸ ਦੌਰਾਨ ਭੱਜਦੇ ਹੋਏ ਗੈਂਗਸਟਰ ਆਪਣੀ ਗੱਡੀ ਸਮੇਤ ਸ੍ਰੀ ਗੁਰੂ ਰਾਮਦਾਸ ਹਸਪਤਾਲ ਵਿੱਚ ਦਾਖ਼ਲ ਹੋ ਗਏ।ਪੁਲਿਸ ਨੇ ਤੁਰੰਤ ਮੁਸ਼ਤੈਦੀ ਦਿਖਾਉਂਦਿਆਂ ਹਸਪਤਾਲ ਨੂੰ ਘੇਰ ਲਿਆ। ਭੱਜਣ ਦੀ ਕੋਸ਼ਿਸ਼ ਦੌਰਾਨ ਗੈਂਗਸਟਰਾਂ ਨੇ ਆਪਣੀ ਗੱਡੀ ਨੂੰ ਬੈਕ ਕਰਕੇ ਤੇਜ਼ੀ ਨਾਲ ਭਜਾਇਆ, ਜਿਸ ਕਾਰਨ ਹਸਪਤਾਲ ਦੇ ਮੇਨ ਗੇਟ ਨਾਲ ਟਕਰਾਉਣ ਹੋ ਗਈ ਅਤੇ ਸਿਕਿਉਰਟੀ ਦਫ਼ਤਰ ਦਾ ਸ਼ੀਸ਼ਾ ਟੁੱਟ ਗਿਆ।ਮੌਕੇ ’ਤੇ ਮੌਜੂਦ ਇੱਕ ਨੌਜਵਾਨ ਨੇ ਦੱਸਿਆ ਕਿ ਪੁਲਿਸ ਵੱਲੋਂ ਇੱਕ ਗੱਡੀ ਦਾ ਪਿੱਛਾ ਕੀਤਾ ਜਾ ਰਿਹਾ ਸੀ। ਗੱਡੀ ਵਿੱਚ ਸਵਾਰ ਨੌਜਵਾਨਾਂ ਨੇ ਵਾਹਨ ਛੱਡ ਕੇ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਪੁਲਿਸ ਨੇ ਆਪਣੇ ਕੋਲ ਮੌਜੂਦ ਹਥਿਆਰਾਂ ਦੀ ਮਦਦ ਨਾਲ ਗੱਡੀ ਦੇ ਸ਼ੀਸ਼ੇ ਤੋੜ ਕੇ ਅੰਦਰ ਮੌਜੂਦ ਗੈਂਗਸਟਰਾਂ ਨੂੰ ਕਾਬੂ ਕਰ ਲਿਆ।ਘਟਨਾ ਤੋਂ ਬਾਅਦ ਹਸਪਤਾਲ ਪਰਿਸਰ ਵਿੱਚ ਕੁਝ ਸਮੇਂ ਲਈ ਦਹਿਸ਼ਤ ਦਾ ਮਾਹੌਲ ਬਣਿਆ ਰਿਹਾ, ਹਾਲਾਂਕਿ ਪੁਲਿਸ ਦੀ ਤੁਰੰਤ ਕਾਰਵਾਈ ਨਾਲ ਸਥਿਤੀ ’ਤੇ ਕਾਬੂ ਪਾ ਲਿਆ ਗਿਆ। ਪੁਲਿਸ ਵੱਲੋਂ ਅਗਲੀ ਜਾਂਚ ਜਾਰੀ ਹੈ ਅਤੇ ਗ੍ਰਿਫ਼ਤਾਰ ਗੈਂਗਸਟਰਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ।

ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ

# ਬਿਹਤਰ ਨੀਂਦ ਲਈ ਖ਼ੁਰਾਕ ਵਿੱਚ ਓਟਸ ਕਰੋ ਸ਼ਾਮਲ

ਅੱਜ-ਕੱਲ੍ਹ, ਖ਼ੁਰਾਕ ਤੋਂ ਲੈ ਕੇ ਜੀਵਨ ਸ਼ੈਲੀ ਵਿੱਚ ਬਹੁਤ ਸਾਰੇ ਬਦਲਾਅ ਆਏ ਹਨ, ਜਿਸ ਕਾਰਨ ਨੀਂਦ ਦੀ ਘਾਟ ਬਹੁਤ ਸਾਰੇ ਲੋਕਾਂ ਲਈ ਇੱਕ ਆਮ ਸਮੱਸਿਆ ਬਣ ਗਈ ਹੈ। ਨੀਂਦ ਦੀ ਘਾਟ ਕਈ ਬਿਮਾਰੀਆਂ ਦਾ ਖ਼ਤਰਾ ਵਧਾਉਂਦੀ ਹੈ। ਚੰਗੀ ਨੀਂਦ ਲਈ, ਜੀਵਨ ਸ਼ੈਲੀ ਵਿੱਚ ਕੁਝ ਬਦਲਾਅ ਅਤੇ ਸਹੀ ਖਾਣ-ਪੀਣ ਦੀਆਂ ਆਦਤਾਂ ਜ਼ਰੂਰੀ ਹਨ। ਸਿਹਤ ਮਾਹਿਰਾਂ ਦੇ ਅਨੁਸਾਰ, ਆਪਣੀ ਖ਼ੁਰਾਕ ਵਿੱਚ ਓਟਸ ਨੂੰ ਸ਼ਾਮਲ ਕਰਨਾ ਤੁਹਾਨੂੰ ਚੰਗੀ ਨੀਂਦ ਲੈਣ ਵਿੱਚ ਮਦਦ ਕਰ ਸਕਦਾ ਹੈ। ਓਟਸ ਫਾਈਬਰ, ਪ੍ਰੋਟੀਨ ਅਤੇ ਪੌਸ਼ਟਿਕ ਤੱਤਾਂ ਨਾਲ ਭਰਪੂਰ ਇੱਕ ਪੌਸ਼ਟਿਕ ਅਨਾਜ ਹੈ। ਇਹਨਾਂ ਦੀ ਵਰਤੋਂ ਦਲੀਆ, ਕੂਕੀਜ਼ ਅਤੇ ਗ੍ਰੈਨੋਲਾ ਵਿੱਚ ਕੀਤੀ ਜਾਂਦੀ ਹੈ। ਇਹ ਸਿਹਤ ਲਈ ਬਹੁਤ ਫਾਇਦੇਮੰਦ ਹੁੰਦੇ ਹਨ ਅਤੇ ਪਾਚਨ, ਭਾਰ ਘਟਾਉਣ ਅਤੇ ਕੋਲੈਸਟ੍ਰੋਲ ਨੂੰ ਕੰਟਰੋਲ ਕਰਨ ਵਿੱਚ ਵੀ ਸਹਾਇਤਾ ਕਰਦੇ ਹਨ।



**ਇਮਿਊਨਿਟੀ ਅਤੇ ਪਾਚਨ ਸ਼ਕਤੀ ਨੂੰ ਵਧਾਉਂਦਾ** ; ਓਟਸ ਬੀਟਾ-ਗਲੂਕਨ ਫਾਈਬਰ ਨਾਲ ਭਰਪੂਰ ਹੁੰਦੇ ਹਨ, ਜੋ ਇਮਿਊਨ ਸੈੱਲਾਂ ਨੂੰ ਸਰਗਰਮ ਕਰਦੇ ਹਨ ਅਤੇ ਅੰਤੜੀਆਂ ਦੀ ਸਿਹਤ ਨੂੰ ਬਿਹਤਰ ਬਣਾਉਂਦੇ ਹਨ। ਓਟਸ ਵਿੱਚ ਪੌਲੀਫੇਨੋਲ ਵਰਗੇ ਐਂਟੀਆਕਸੀਡੈਂਟ, ਜ਼ਿੰਕ ਅਤੇ ਸੇਲੇਨੀਅਮ ਵਰਗੇ ਜ਼ਰੂਰੀ ਖਣਿਜ, ਅਤੇ ਅਮੀਨੋ ਐਸਿਡ ਹੁੰਦੇ ਹਨ ਜੋ ਇਮਿਊਨ ਸਿਸਟਮ ਨੂੰ ਮਜ਼ਬੂਤ ਕਰਦੇ ਹਨ।

**ਭਾਰ ਘਟਾਉਣ ਵਿੱਚ ਪ੍ਰਭਾਵਸ਼ਾਲੀ** ; ਓਟਸ ਨਾਲ ਪਕਾਈਆਂ ਗਈਆਂ ਸਬਜ਼ੀਆਂ ਖਾਣ ਨਾਲ ਭਾਰ ਘਟਾਉਣ ਵਿੱਚ ਮਦਦ ਮਿਲ ਸਕਦੀ ਹੈ। ਸਬਜ਼ੀਆਂ ਫਾਈਬਰ ਨਾਲ ਭਰਪੂਰ ਹੁੰਦੀਆਂ ਹਨ। ਤੁਸੀਂ ਸਬਜ਼ੀਆਂ ਪਕਾ ਸਕਦੇ ਹੋ, ਉਨ੍ਹਾਂ 'ਤੇ ਥੋੜ੍ਹਾ ਜਿਹਾ ਨਮਕ ਅਤੇ ਮਿਰਚ ਛਿੜਕ ਸਕਦੇ ਹੋ, ਅਤੇ ਉਨ੍ਹਾਂ ਨੂੰ ਓਟਸ ਦੇ ਨਾਲ ਜਾਂ ਬਿਨਾਂ ਖਾ ਸਕਦੇ ਹੋ। ਇਹ ਸਿਹਤਮੰਦ ਅਤੇ ਸੁਆਦੀ ਹੈ। ਰਾਤ ਦੇ ਖਾਣੇ ਲਈ ਸਮੂਦੀ ਵਜੋਂ ਓਟਸ ਦਾ ਸੇਵਨ ਭਾਰ ਘਟਾਉਣ ਵਿੱਚ ਵੀ ਮਦਦਗਾਰ ਹੋ ਸਕਦਾ ਹੈ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਗੁਰੂ ਅਰਜਨ ਸੇਵਾ ਮਿਸ਼ਨ ਦੀ ਗੁਰਮਤਿ ਪ੍ਰੀਖਿਆ ਵਿੱਚ ਜਿੱਤੇ ਇਨਾਮ

ਪਟਿਆਲਾ, 9 ਫਰਵਰੀ (ਚ.ਨ.ਸ.) : ਗੁਰੂ ਅਰਜਨ ਸੇਵਾ ਮਿਸ਼ਨ ਪਟਿਆਲਾ ਵੱਲੋਂ ਅਕਤੂਬਰ 2025 ਦੌਰਾਨ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਦੀ ਲਈ ਗਈ ਗੁਰਮਤਿ ਪ੍ਰੀਖਿਆ ਵਿੱਚ ਮੈਰਿਟ ਵਿੱਚ ਆਏ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।ਜਿਸ ਦੌਰਾਨ ਮਿਤੀ 8 ਫ਼ਰਵਰੀ 2026 ਦਿਨ ਐਤਵਾਰ ਨੂੰ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਫੁਹਾਰਾ ਚੌਂਕ, ਪਟਿਆਲਾ ਵਿਖੇ ਇਨਾਮ ਵੰਡ ਸਮਾਰੋਹ ਕਰਵਾਏ ਗਏ। ਜਿਸ ਵਿੱਚ ਸਰਦਾਰ ਜਗਜੀਤ ਸਿੰਘ ਜੀ ਦਰਦੀ (ਪਦਮ ਸ਼੍ਰੀ ਅਵਾਰਡੀ) ਦੁਆਰਾ ਜੇਤੂ ਬੱਚਿਆਂ ਨੂੰ ਇਨਾਮ ਦਿੱਤੇ ਗਏ ।ਇਸ ਵਿੱਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੀ 10ਵੀਂ ਜਮਾਤ ਦੀ ਵਿਦਿਆਰਥਣ ਗੁਰਲੀਨ ਕੌਰ ਨੇ ਮੈਰਿਟ ਦੀ ਤੀਜੀ ਪੁਜੀਸ਼ਨ ਹਾਸਲ ਕੀਤੀ ਅਤੇ ਸੰਸਥਾ ਵੱਲੋਂ ਟਰਾਫੀ, ਸਰਟੀਫਿਕੇਟ, ਨਕਦ ਇਨਾਮ ਦੇ ਨਾਲ ਹੋਰ ਵੀ ਸਨਮਾਨ ਪ੍ਰਾਪਤ ਕੀਤੇ। ਇਸ ਤੋਂ ਇਲਾਵਾ ਇਸ ਸਕੂਲ ਦੇ ਹੋਰ ਵਿਦਿਆਰਥੀਆਂ ਸ਼ਗੁਨਦੀਪ ਕੌਰ , ਜਸਲੀਨ ਕੌਰ,ਗੁਰਲੀਨ ਕੌਰ, ਮਨਮੀਤ ਕੌਰ, ਅਵਲੀਨ ਕੌਰ, ਹਿਮਾਂਸ਼ ਗਰਗ,ਇਸ਼ਪ੍ਰੀਤ ਸਿੰਘ, ਸਤਦੀਪ ਸਿੰਘ ਨੇ ਵੀ ਬਹੁਤ ਵਧੀਆ ਅੰਕ ਪ੍ਰਾਪਤ ਕਰਕੇ ਸੰਸਥਾ ਵੱਲੋਂ ਇਨਾਮ ਅਤੇ ਸਰਟੀਫਿਕੇਟ ਪ੍ਰਾਪਤ ਕਰਕੇ ਸਕੂਲ ਦਾ ਨਾਂ ਬੁਲੰਦੀਆਂ ਤੱਕ ਪਹੁੰਚਾਇਆ। ਇਸ ਤੋਂ ਇਲਾਵਾ ਇਸੇ ਸਕੂਲ ਦੇ ਤੀਜੀ ਜਮਾਤ ਦੇ ਵਿਦਿਆਰਥੀਆਂ ਪ੍ਰਭਜੋਤ ਸਿੰਘ ਅਤੇ ਦਮਨਜੀਤ ਕੌਰ ਨੇ ਮਾਈ ਭਾਗੋ ਬ੍ਰਿਗੇਡ (ਰਜਿ:) ਪਟਿਆਲਾ ਵੱਲੋਂ ਬਹੁਤ ਵਧੀਆ ਕਵਿਤਾ ਦੀ ਪੇਸ਼ਕਾਰੀ ਤੇ ਇਨਾਮ ਹਾਸਿਲ ਕੀਤੇ।ਸਕੂਲ ਦੇ ਡਾਇਰੈਕਟਰ ਸ੍ਰੀਮਤੀ ਜਸਵਿੰਦਰ ਕੌਰ ਜੀ ਦਰਦੀ, ਪ੍ਰਿੰਸੀਪਲ ਡਾ: ਕੰਵਲਜੀਤ ਕੌਰ ਜੀ ਵੱਲੋਂ ਇਨ੍ਹਾਂ ਸਾਰੇ ਬੱਚਿਆਂ ਨੂੰ ਅਤੇ ਉਨ੍ਹਾਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਗਈ ਅਤੇ ਇਸੇ ਤਰ੍ਹਾਂ ਗੁਰਮਤਿ ਮੁਕਾਬਲਿਆਂ ਅਤੇ ਪ੍ਰੀਖਿਆਵਾਂ ਵਿੱਚ ਭਾਗ ਲੈਂਦੇ ਰਹਿਣ ਅਤੇ ਹੋਰ ਕਾਮਯਾਬ ਹੋਣ ਦਾ ਆਸ਼ੀਰਵਾਦ ਦਿੱਤਾ।




# ਸਾਂਸਦ ਸਤਨਾਮ ਸਿੰਘ ਸੰਧੂ ਵੱਲੋਂ ਰਾਜ ਸਭਾ 'ਚ ਮਾਨਤਾ ਅਥਾਰਟੀ ਬਿੱਲ ਪੇਸ਼

ਨਵੀਂ ਦਿੱਲੀ, 9 ਫਰਵਰੀ (ਚ.ਨ.ਸ.): ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਸੰਸਦ ਵਿੱਚ ਤਿੰਨ ਨਿੱਜੀ ਮੈਂਬਰ ਬਿੱਲ ਪੇਸ਼ ਕੀਤੇ ਹਨ, ਜਿਸ ਵਿੱਚ ਤਿੰਨ ਕਾਨੂੰਨੀ ਅਥਾਰਟੀਆਂ ਦੀ ਸਥਾਪਨਾ ਦਾ ਪ੍ਰਸਤਾਵ ਹੈ। ਇਨ੍ਹਾਂ ਵਿੱਚ ਕਿਸਾਨਾਂ ਅਤੇ ਖੇਤੀਬਾੜੀ ਮਜ਼ਦੂਰਾਂ ਲਈ ਲਾਜ਼ਮੀ ਦੁਰਘਟਨਾ ਬੀਮਾ ਯੋਜਨਾ ਪ੍ਰਦਾਨ ਕਰਨ ਲਈ ਰਾਸ਼ਟਰੀ ਖੇਤੀਬਾੜੀ ਜੋਖਮ ਬੀਮਾ ਅਥਾਰਟੀ, 2047 ਤੱਕ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਲਈ ਵਿਦੇਸ਼ੀ ਭਾਰਤੀਆਂ ਨੂੰ ਰਾਸ਼ਟਰੀ ਵਿਕਾਸ ਨਾਲ ਜੋੜਨ ਲਈ ਓਵਰਸੀਜ਼ ਇੰਡੀਅਨ ਸਕਿੱਲਜ਼ ਐਂਡ ਟੈਲੇਂਟ ਅਥਾਰਟੀ, ਅਤੇ ਭਾਰਤ ਦੇ ਰੈਂਕਿੰਗ ਢਾਂਚੇ ਨੂੰ ਗਲੋਬਲ ਰੈਂਕਿੰਗ ਨਾਲ ਜੋੜਨ ਅਤੇ ਦੇਸ਼ ਦੇ ਉੱਚ ਸਿੱਖਿਆ ਸੰਸਥਾਨਾਂ ਨੂੰ ਵਿਸ਼ਵ ਪੱਧਰ 'ਤੇ ਪ੍ਰਤੀਯੋਗੀ ਬਣਾਉਣ ਲਈ ਰਾਸ਼ਟਰੀ ਦਰਜਾਬੰਦੀ ਅਤੇ ਮਾਨਤਾ ਅਥਾਰਟੀ ਬਿੱਲ, 2025 ਸ਼ਾਮਲ ਹਨ।

ਇਹ ਤਿੰਨ ਬਿੱਲ - ਕਿਸਾਨ ਜੀਵਨ ਸੁਰੱਖਿਆ ਅਤੇ ਦੁਰਘਟਨਾ ਮੁਆਵਜ਼ਾ ਬਿੱਲ, 2025, ਓਵਰਸੀਜ਼ ਇੰਡੀਅਨ ਸਕਿੱਲਜ਼ ਐਂਡ ਟੈਲੇਂਟ ਇੰਡਕਸ਼ਨ ਬਿੱਲ, 2025, ਅਤੇ ਰਾਸ਼ਟਰੀ ਦਰਜਾਬੰਦੀ ਅਤੇ ਮਾਨਤਾ ਅਥਾਰਟੀ ਫਾਰ ਹਾਇਰ ਐਜੂਕੇਸ਼ਨਲ ਇੰਸਟੀਚਿਊਸ਼ਨਜ਼ ਬਿੱਲ, 2025 - ਸੰਸਦ ਦੇ ਚੱਲ ਰਹੇ ਬਜਟ ਸੈਸ਼ਨ ਦੌਰਾਨ ਰਾਜ ਸਭਾ ਵਿੱਚ ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਦੁਆਰਾ ਪੇਸ਼ ਕੀਤੇ ਗਏ ਸਨ। ਇਸ ਤੋਂ ਪਹਿਲਾਂ, ਸੰਸਦ ਮੈਂਬਰ ਸੰਧੂ ਨੇ ਦਰਿਆਵਾਂ ਨੂੰ @ਕਾਨੂੰਨੀ ਵਿਅਕਤੀ@ ਦਾ ਦਰਜਾ ਦੇਣ ਨਾਲ ਸਬੰਧਤ @ਨਦੀਆਂ ਦੀ ਕਾਨੂੰਨੀ ਵਿਅਕਤੀਤਾ ਦੀ ਮਾਨਤਾ ਬਿੱਲ, 2024@ ਵੀ ਪੇਸ਼ ਕੀਤਾ ਸੀ। ਉਨ੍ਹਾਂ ਵੱਲੋਂ ਪੇਸ਼ ਕੀਤੇ ਗਏ ਪ੍ਰਾਈਵੇਟ ਮੈਂਬਰ ਬਿੱਲਾਂ ਦੀ ਗਿਣਤੀ ਦੋ ਸਾਲਾਂ ਵਿੱਚ ਵਧ ਕੇ ਚਾਰ ਹੋ ਗਈ ਹੈ, ਜਦੋਂ ਕਿ ਸੰਸਦ ਮੈਂਬਰਾਂ ਵੱਲੋਂ ਪੇਸ਼ ਕੀਤੇ ਗਏ ਅਜਿਹੇ ਬਿੱਲਾਂ ਦੀ ਰਾਸ਼ਟਰੀ ਔਸਤ ਸਿਰਫ਼ 0.4% ਹੈ।



ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਨੇ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਅਤੇ ਸਵੈ-ਨਿਰਭਰ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਕਿਸਾਨ ਜੀਵਨ ਸੁਰੱਖਿਆ ਅਤੇ ਦੁਰਘਟਨਾ ਮੁਆਵਜ਼ਾ ਬਿੱਲ, 2025 ਪੇਸ਼ ਕੀਤਾ।

ਰਾਜ ਸਭਾ ਵਿੱਚ ਕਿਸਾਨ ਜੀਵਨ ਸੁਰੱਖਿਆ ਅਤੇ ਦੁਰਘਟਨਾ ਮੁਆਵਜ਼ਾ ਬਿੱਲ, 2025 ਪੇਸ਼ ਕਰਦੇ ਹੋਏ, ਸੰਸਦ ਮੈਂਬਰ ਸੰਧੂ ਨੇ ਕਿਹਾ, ÷ਖੇਤੀਬਾੜੀ ਭਾਰਤ ਦੀ ਲਗਭਗ 46% ਆਬਾਦੀ ਲਈ ਮੁੱਖ ਕਿੱਤਾ ਬਣਿਆ ਹੋਇਆ ਹੈ, ਫਿਰ ਵੀ ਇਹ ਸਭ ਤੋਂ ਖਤਰਨਾਕ ਪੇਸ਼ਿਆਂ ਵਿੱਚੋਂ ਇੱਕ ਹੈ, ਜਿਸ ਵਿੱਚ ਖੇਤੀਬਾੜੀ ਗਤੀਵਿਧੀਆਂ ਦੌਰਾਨ ਹਰ ਸਾਲ 10,000 ਤੋਂ 15,000 ਮੌਤਾਂ ਅਤੇ ਹਜ਼ਾਰਾਂ ਗੈਰ-ਘਾਤਕ ਸੱਟਾਂ ਹੁੰਦੀਆਂ ਹਨ, ਜਿਸ ਵਿੱਚ ਹੱਥੀਂ ਕਟਾਈ, ਕੀਟਨਾਸ਼ਕ ਛਿੜਕਾਅ, ਭਾਰੀ ਮਸ਼ੀਨਰੀ ਚਲਾਉਣਾ, ਜਾਨਵਰਾਂ ਨਾਲ ਕੰਮ ਕਰਨਾ, ਅਤੇ ਅਤਿ ਦੀ ਗਰਮੀ ਜਾਂ ਹੜ੍ਹ ਵਰਗੇ ਵਾਤਾਵਰਣਕ ਖ਼ਤਰੇ ਸ਼ਾਮਲ ਹਨ। ਇਹਨਾਂ ਹਾਦਸਿਆਂ ਦੇ ਨਤੀਜੇ ਵਜੋਂ ਨਾ ਸਿਰਫ਼ ਦੁਖਦਾਈ ਮਨੁੱਖੀ ਨੁਕਸਾਨ ਹੁੰਦੇ ਹਨ ਸਗੋਂ ਅਕਸਰ ਪਹਿਲਾਂ ਹੀ ਕਮਜ਼ੋਰ ਪੇਂਡੂ ਪਰਿਵਾਰਾਂ ਨੂੰ ਗਰੀਬੀ, ਕਰਜ਼ੇ ਅਤੇ ਸਮਾਜਿਕ ਅਸੁਰੱਖਿਆ ਦੇ ਦੁਸ਼ਟ ਚੱਕਰ ਵਿੱਚ ਫਸਾ ਦਿੰਦੇ ਹਨ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਅਤੇ ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ ਵਰਗੀਆਂ ਸਰਕਾਰੀ ਯੋਜਨਾਵਾਂ ਦੇ ਹੋਣ ਦੇ ਬਾਵਜੂਦ, ਇਹ ਯੋਜਨਾਵਾਂ ਜਾਂ ਤਾਂ ਫਸਲਾਂ ਦੇ ਨੁਕਸਾਨ 'ਤੇ ਕੇਂਦ੍ਰਿਤ ਹਨ ਜਾਂ ਘੱਟੋ-ਘੱਟ ਆਮ ਦੁਰਘਟਨਾ ਕਵਰੇਜ ਪ੍ਰਦਾਨ ਕਰਦੀਆਂ ਹਨ ਅਤੇ ਖੇਤੀ ਨਾਲ ਜੁੜੇ ਖਾਸ ਕਿੱਤਾਮੁਖੀ ਜੋਖਮਾਂ ਨੂੰ ਢੁਕਵੇਂ ਢੰਗ ਨਾਲ ਹੱਲ ਨਹੀਂ ਕਰਦੀਆਂ। ਇਸ ਤੋਂ ਇਲਾਵਾ, ਉਨ੍ਹਾਂ ਕਿਹਾ ਕਿ ਇਨ੍ਹਾਂ ਯੋਜਨਾਵਾਂ ਵਿੱਚ ਭਾਗੀਦਾਰੀ ਮੁੱਖ ਤੌਰ @ਤੇ ਸਵੈਇੱਛਤ ਹੈ ਅਤੇ ਜਾਗਰੂਕਤਾ, ਪਹੁੰਚ ਅਤੇ ਕਿਫਾਇਤੀ ਸਮੱਸਿਆਵਾਂ ਤੋਂ ਪੀੜਤ ਹੈ, ਖਾਸ ਕਰਕੇ ਛੋਟੇ ਅਤੇ ਸੀਮਾਂਤ ਕਿਸਾਨਾਂ ਲਈ। ਸੰਸਦ ਮੈਂਬਰ ਨੇ ਕਿਹਾ, ÷ਖੇਤੀਬਾੜੀ ਹਾਦਸਿਆਂ ਲਈ ਸਮਰਪਿਤ ਮੁਆਵਜ਼ਾ ਪ੍ਰਣਾਲੀ ਦੀ ਘਾਟ ਪੇਂਡੂ ਸਮਾਜਿਕ ਸੁਰੱਖਿਆ ਬੁਨਿਆਦੀ ਢਾਂਚੇ ਵਿੱਚ ਇੱਕ ਵੱਡਾ ਪਾੜਾ ਹੈ। ਇਸ ਪਾੜੇ ਨੂੰ ਦੂਰ ਕਰਨ ਲਈ, ਇਹ ਬਿੱਲ ਰਾਸ਼ਟਰੀ ਖੇਤੀਬਾੜੀ ਜੋਖਮ ਬੀਮਾ ਅਥਾਰਟੀ (©1♣91) ਦੀ ਸਥਾਪਨਾ ਦਾ ਪ੍ਰਸਤਾਵ ਰੱਖਦਾ ਹੈ, ਜੋ ਕਿ ਇੱਕ ਕਾਨੂੰਨੀ ਅਤੇ ਖ਼ੁਦਮੁਖਤਿਆਰ ਸੰਸਥਾ ਹੈ ਜੋ ਕਿਸਾਨਾਂ ਅਤੇ ਖੇਤੀਬਾੜੀ ਮਜ਼ਦੂਰਾਂ ਲਈ ਇੱਕ ਵਿਆਪਕ, ਕਿਫਾਇਤੀ ਅਤੇ ਲਾਜ਼ਮੀ ਦੁਰਘਟਨਾ ਬੀਮਾ ਯੋਜਨਾ ਨੂੰ ਡਿਜ਼ਾਈਨ ਕਰਨ, ਲਾਗੂ ਕਰਨ ਅਤੇ ਨਿਗਰਾਨੀ ਕਰਨ ਦਾ ਕੰਮ ਸੌਂਪੀ ਗਈ ਹੈ। ਪ੍ਰਸਤਾਵਿਤ ਯੋਜਨਾ ਪ੍ਰਭਾਵਿਤ ਵਿਅਕਤੀ ਜਾਂ ਉਨ੍ਹਾਂ ਦੇ ਨਾਮਜ਼ਦ ਪਰਿਵਾਰਕ ਮੈਂਬਰ ਨੂੰ ਮੌਤ ਦੀ ਸਥਿਤੀ ਵਿੱਚ ?2.5 ਮਿਲੀਅਨ, ਸਥਾਈ ਅਪੰਗਤਾ ਦੇ ਮਾਮਲੇ ਵਿੱਚ ?1 ਮਿਲੀਅਨ ਅਤੇ ਅੰਸ਼ਕ ਅਪੰਗਤਾ ਦੇ ਮਾਮਲੇ ਵਿੱਚ ?1 ਤੋਂ 20 ਲੱਖ ਦਾ ਮੁਆਵਜ਼ਾ ਪ੍ਰਦਾਨ ਕਰੇਗੀ। ਬਿੱਲ ਸਾਰੇ ਰਜਿਸਟਰਡ ਖੇਤੀਬਾੜੀ ਮਜ਼ਦੂਰਾਂ ਅਤੇ ਕਿਸਾਨਾਂ ਲਈ ਵਿਆਪਕ ਕਵਰੇਜ ਨੂੰ ਲਾਜ਼ਮੀ ਬਣਾਉਂਦਾ ਹੈ, ਜਿਸ ਵਿੱਚ ਬੀਮਾ ਪ੍ਰੀਮੀਅਮ ਕੇਂਦਰ ਸਰਕਾਰ (60%) ਅਤੇ ਰਾਜ ਸਰਕਾਰਾਂ (40%) ਦੁਆਰਾ ਸਾਂਝੇ ਤੌਰ @ਤੇ ਸਹਿਣ ਕੀਤਾ ਜਾਵੇਗਾ। ਛੋਟੇ ਅਤੇ ਸੀਮਾਂਤ ਕਿਸਾਨਾਂ, ਔਰਤਾਂ ਦੀ ਅਗਵਾਈ ਵਾਲੇ ਪਰਿਵਾਰਾਂ ਅਤੇ ਜਲਵਾਯੂ-ਸੰਵੇਦਨਸ਼ੀਲ ਖੇਤਰਾਂ ਵਿੱਚ ਰਹਿਣ ਵਾਲਿਆਂ ਲਈ ਪ੍ਰੀਮੀਅਮ ਸਬਸਿਡੀਆਂ ਵੀ ਉਪਲਬਧ ਹੋਣਗੀਆਂ। ਇਹ ਅਥਾਰਟੀ ਕਿਸਾਨਾਂ ਲਈ ਸੁਰੱਖਿਆ ਸਿੱਖਿਆ, ਮੁੱਢਲੀ ਸਹਾਇਤਾ ਸਿਖਲਾਈ ਅਤੇ ਜੋਖਮ ਜਾਗਰੂਕਤਾ ਨੂੰ ਵੀ ਸੰਸਥਾਗਤ ਕਰੇਗੀ। ਇਹ ਬਿੱਲ ਕਿਸਾਨਾਂ ਦੀ ਆਮਦਨ ਨੂੰ ਵੀ ਮਜ਼ਬੂਤ ? ?ਕਰੇਗਾ। ਭਾਰਤ ਦੇ 74♦ ਨੂੰ ਦੁੱਗਣਾ ਕਰਨ ਦਾ ਦ੍ਰਿਸ਼ਟੀਕੋਣ ਆਤਮਨਿਰਭਰ ਭਾਰਤ ਦੇ ਉਦੇਸ਼ਾਂ ਦੇ ਅਨੁਕੂਲ ਹੈ। ਅਤੇ ਸੰਵਿਧਾਨ ਦੇ ਅਨੁਛੇਦ 21 (ਜੀਵਨ ਦਾ ਅਧਿਕਾਰ), 41 (ਕੰਮ ਕਰਨ ਦਾ ਅਧਿਕਾਰ ਅਤੇ ਜਨਤਕ ਸਹਾਇਤਾ), ਅਤੇ 47 (ਪੋਸ਼ਣ ਦੇ ਪੱਧਰ ਅਤੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਅਤੇ ਜਨਤਕ ਸਿਹਤ ਨੂੰ ਬਿਹਤਰ ਬਣਾਉਣ ਲਈ ਰਾਜ ਦਾ ਫਰਜ਼) ਦੇ ਅਧੀਨ ਸੰਵਿਧਾਨਕ ਆਦੇਸ਼। ਇਹ ਟਿਕਾਊ ਵਿਕਾਸ ਟੀਚਿਆਂ ਪ੍ਰਤੀ ਭਾਰਤ ਦੀਆਂ ਵਚਨਬੱਧਤਾਵਾਂ ਦਾ ਵੀ ਸਮਰਥਨ ਕਰਦਾ ਹੈ। ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਨੇ ਇੱਕ ਵਿਕਸਤ ਭਾਰਤ ਲਈ ਭਾਰਤੀ ਪ੍ਰਵਾਸੀਆਂ ਨੂੰ ਸ਼ਾਮਲ ਕਰਨ ਲਈ ਪ੍ਰਵਾਸੀ ਭਾਰਤੀ ਕੌਸ਼ਲ ਅਤੇ ਪ੍ਰਤਿਭਾ ਪ੍ਰੇਰਕ ਬਿੱਲ, 2025 ਪੇਸ਼ ਕੀਤਾ।

# ਭਾਰਤੀ ਰਿਜ਼ਰਵ ਬੈਂਕ ਵੱਲੋਂ ਵਿੱਤੀ ਸਾਖਰਤਾ ਹਫ਼ਤਾ-2026 ਸ਼ੁਰੂ



ਚੰਡੀਗੜ੍ਹ, 9 ਫਰਵਰੀ (ਚ.ਨ.ਸ.) : ਭਾਰਤੀ ਰਿਜ਼ਰਵ ਬੈਂਕ ਸਾਲ 2016 ਤੋਂ ਹਰ ਸਾਲ ਇੱਕ ਖਾਸ ਥੀਮ ਦੇ ਅਧੀਨ ਵਿੱਤੀ ਸਾਖਰਤਾ ਹਫ਼ਤਾ ਮਨਾਉਂਦਾ ਆ ਰਿਹਾ ਹੈ, ਜਿਸ ਦਾ ਉਦੇਸ਼ ਸਮਾਜ ਦੇ ਵੱਖ-ਵੱਖ ਵਰਗਾਂ ਵਿੱਚ ਵਿੱਤੀ ਜਾਗਰੂਕਤਾ ਫੈਲਾਉਣਾ ਹੈ। ਵਿੱਤੀ ਸਾਖਰਤਾ ਹਫ਼ਤਾ 2026, 9 ਫਰਵਰੀ ਤੋਂ 13 ਫਰਵਰੀ, 2026 ਤੱਕ ਮਨਾਇਆ ਜਾ ਰਿਹਾ ਹੈ, ਜੋ ਕਿ ਇਸ ਪਹਿਲ ਦਾ 11ਵਾਂ ਐਡੀਸ਼ਨ ਹੈ। 6✶⇨ ਮਨਾਉਣ ਦਾ ਮੁੱਖ ਮਕਸਦ ਕੇਂਦ੍ਰਿਤ ਅਭਿਆਨਾਂ ਰਾਹੀਂ ਲੋਕਾਂ ਨੂੰ ਮਹੱਤਵਪੂਰਨ ਵਿੱਤੀ ਵਿਸ਼ਿਆਂ ਬਾਰੇ ਜਾਗਰੂਕ ਕਰਨਾ ਹੈ।

ਚੰਡੀਗੜ੍ਹ ਵਿੱਚ ਵਿੱਤੀ ਸਾਖਰਤਾ ਹਫ਼ਤਾ 2026 ਦਾ ਉਦਘਾਟਨ ਸ਼੍ਰੀ ਵਿਵੇਕ ਸ੍ਰੀਵਾਸਤਵ, ਖੇਤਰੀ ਨਿਰਦੇਸ਼ਕ, ਭਾਰਤੀ ਰਿਜ਼ਰਵ ਬੈਂਕ, ਚੰਡੀਗੜ੍ਹ ਵੱਲੋਂ ਕੀਤਾ ਗਿਆ। ਇਸ ਸਾਲ ਦੀ ਥੀਮ ਹੈ "KYC - ਸੁਰੱਖਿਅਤ ਬੈਂਕਿੰਗ ਵੱਲ ਪਹਿਲਾ ਕਦਮ। ਇਸ ਦੇ ਅਧੀਨ ਉਪ-ਥੀਮਾਂ ਵਿੱਚ ਨੋਅ ਯੁਅਰ ਕਸਟਮਰ ਦੀਆਂ ਬੁਨਿਆਦੀ ਜਾਣਕਾਰੀਆਂ, ਸੈਂਟ੍ਰਲ KYC ਰਜਿਸਟਰੀ ਅਤੇ ਅਕਾਊਂਟ ਹਾਈਜੀਨ ਅਤੇ ਅਨੁਸ਼ਾਸਨ ਸ਼ਾਮਲ ਹਨ। ਇਸ ਥੀਮ ਦਾ ਉਦੇਸ਼ ਸੁਰੱਖਿਅਤ ਅਤੇ ਭਰੋਸੇਮੰਦ ਬੈਂਕਿੰਗ ਦੀ ਨੀਂਹ ਵਜੋਂ KYC ਦੀ ਮਹੱਤਤਾ ਨੂੰ ਉਜਾਗਰ ਕਰਨਾ ਹੈ। KYC ਦੀ ਲੋੜ 'ਤੇ ਜ਼ੋਰ ਦਿੰਦੇ ਹੋਏ, ਸ਼੍ਰੀ ਵਿਵੇਕ ਸ੍ਰੀਵਾਸਤਵ ਨੇ ਇਸ ਨੂੰ ਇੱਕ ਮਹੱਤਵਪੂਰਨ ਰੈਗੂਲੈਟਰੀ ਅਤੇ ਸੁਰੱਖਿਆ ਉਪਾਅ ਕਰਾਰ ਦਿੱਤਾ। ਉਨ੍ਹਾਂ ਨੇ ਸੈਂਟ੍ਰਲ KYC ਰਿਕਾਰਡਜ਼ ਰਜਿਸਟਰੀ ਦੀ ਭੂਮਿਕਾ ਅਤੇ ਸਾਈਬਰ ਧੋਖਾਧੜੀ ਅਤੇ ਮਨੀ ਮਿਊਲ ਗਤੀਵਿਧੀਆਂ ਦੇ ਖ਼ਿਲਾਫ਼ ਲਗਾਤਾਰ ਸਾਵਧਾਨੀ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਸ਼ੁਰੂਆਤੀ ਚੁਣੌਤੀਆਂ ਦੇ ਬਾਵਜੂਦ, CKYCR ਸਿਸਟਮ ਹੁਣ ਸਥਿਰ ਹੋ ਚੁੱਕੀਆਂ ਹਨ ਅਤੇ ਇਹ ਬੈਂਕਾਂ ਵਿਚਕਾਰ ਪ੍ਰਮਾਣਿਤ ਅਤੇ ਕਾਨੂੰਨੀ ਗ੍ਰਾਹਕ ਜਾਣਕਾਰੀ ਦੀ ਉਪਲਬਧਤਾ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ।

ਹਫ਼ਤੇ ਦੌਰਾਨ ਭਾਰਤੀ ਰਿਜ਼ਰਵ ਬੈਂਕ, ਬੈਂਕਾਂ ਅਤੇ ਹੋਰ ਸਾਂਝੇਦਾਰਾਂ ਦੇ ਸਹਿਯੋਗ ਨਾਲ ਦੇਸ਼ ਭਰ ਵਿੱਚ ਜਾਗਰੂਕਤਾ ਪ੍ਰੋਗਰਾਮਾਂ ਅਤੇ ਆਊਟਰੀਚ ਗਤੀਵਿਧੀਆਂ ਆਯੋਜਿਤ ਕਰੇਗਾ। ਪਹੁੰਚ ਮੁਹਿੰਮਾਂ ਦੇ ਹਿੱਸੇ ਵਜੋਂ, ਚੰਡੀਗੜ੍ਹ ਖੇਤਰੀ ਦਫ਼ਤਰ ਤੋਂ ਇੱਕ ਮੋਬਾਈਲ ਵੈਨ ਨੂੰ ਰਵਾਨਾ ਕੀਤਾ ਗਿਆ, ਜਿਸ ਵਿੱਚ ਵਿੱਤੀ ਸਾਖਰਤਾ ਨਾਲ ਸਬੰਧਿਤ ਮੁੱਖ ਸੁਨੇਹੇ ਦਰਸਾਏ ਗਏ ਹਨ। ਇਸ ਤੋਂ ਇਲਾਵਾ, ਸੁਰੱਖਿਅਤ ਅਤੇ ਜ਼ਿੰਮੇਵਾਰ ਬੈਂਕਿੰਗ ਅਭਿਆਸਾਂ ਬਾਰੇ ਜਨ-ਜਾਗਰੂਕਤਾ ਵਧਾਉਣ ਲਈ ਸ਼ਹਿਰ ਦੇ ਪ੍ਰਮੁੱਖ ਸਥਾਨਾਂ 'ਤੇ ਜਾਗਰੂਕਤਾ ਹੋਰਡਿੰਗ ਵੀ ਲਗਾਈਆਂ ਗਈਆਂ ਹਨ। ਇਹ ਪਹਿਲਾਂ ਸਾਲ ਭਰ ਜਾਰੀ ਰਹਿਣਗੀਆਂ ਤਾਂ ਜੋ ਇਸ ਦਾ ਲੰਬੇ ਸਮੇਂ ਤੱਕ ਪ੍ਰਭਾਵ ਯਕੀਨੀ ਬਣਾਇਆ ਜਾ ਸਕੇ।

# ਦੇਸ਼ ਭਗਤ ਯੂਨੀਵਰਸਿਟੀ ਦੇ ਵਫ਼ਦ ਵੱਲੋਂ ਅਲਬਰਟਾ (ਕੈਨੇਡਾ) ਦੀ ਮੰਤਰੀ ਨਾਲ ਮੁਲਾਕਾਤ

ਮੰਡੀ ਗੋਬਿੰਦਗੜ੍ਹ, 9 ਫਰਵਰੀ (ਚ.ਨ.ਸ.) : ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਦੇ ਵਫ਼ਦ ਨੇ ਚੰਡੀਗੜ੍ਹ ਵਿੱਚ ਆਯੋਜਿਤ ਅਲਬਰਟਾ (ਕੈਨੇਡਾ) - ਭਾਰਤ ਡਿਪਲੋਮੈਟਿਕ ਸਟੇਟ ਵਿਜ਼ਿਟ 2026 ਵਿੱਚ ਸ਼ਾਮਿਲ ਹੋ ਕੇ ਮੰਤਰੀ ਨਾਲ ਮੁਲਾਕਾਤ ਕੀਤੀ ਜਿਸ ਨਾਲ ਵਿਸ਼ਵਵਿਆਪੀ ਅਕਾਦਮਿਕ ਸਹਿਯੋਗ ਅਤੇ ਅੰਤਰਰਾਸ਼ਟਰੀ ਸ਼ਮੂਲੀਅਤ ਪ੍ਰਤੀ ਆਪਣੀ ਵਚਨਬੱਧਤਾ ▾ਪੇਸ਼ ਕੀਤੀ।




ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਅਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਉੱਚ-ਪੱਧਰੀ ਕਾਰਜਕਾਰੀ ਮੀਟਿੰਗ ਅਤੇ ਰਣਨੀਤਕ ਸੰਵਾਦ ਵਿੱਚ ਹਿੱਸਾ ਲਿਆ, ਜਿੱਥੇ ਉਨ੍ਹਾਂ ਨੇ ਅਲਬਰਟਾ, ਕੈਨੇਡਾ ਸਰਕਾਰ ਦੇ ਇਮੀਗ੍ਰੇਸ਼ਨ ਅਤੇ ਬਹੁ-ਸੱਭਿਆਚਾਰਵਾਦ ਮੰਤਰੀ ਰਾਜਨ ਸਾਹਨੀ ਨਾਲ ਗੱਲਬਾਤ ਕੀਤੀ।

ਇਸ ਗੱਲਬਾਤ ਦੌਰਾਨ ਯੂਨੀਵਰਸਿਟੀ ਲੀਡਰਸ਼ਿਪ ਨੇ ਰਸਮੀ ਤੌਰ 'ਤੇ ਡੀਬੀਯੂ ਵੱਲੋਂ ਇਮੀਗ੍ਰੇਸ਼ਨ ਅਤੇ ਬਹੁ-ਸੱਭਿਆਚਾਰਵਾਦ ਮੰਤਰੀ ਰਾਜਨ ਸਾਹਨੀ ਨੂੰ ਇੱਕ ਅਧਿਕਾਰਤ ਸਹਿਯੋਗ ਲਈ ਦਸਤਾਵੇਜ਼ ਪੇਸ਼ ਕੀਤਾ। ਦਸਤਾਵੇਜ਼ ਵਿੱਚ ਡੀਬੀਯੂ ਦੇ ਦ੍ਰਿਸ਼ਟੀਕੋਣ, ਅਕਾਦਮਿਕ ਸ਼ਕਤੀਆਂ ਅਤੇ ਭਾਰਤ ਅਤੇ ਅਲਬਰਟਾ ਵਿਚਕਾਰ ਸਹਿਯੋਗ ਦੇ ਪ੍ਰਸਤਾਵਿਤ ਖੇਤਰਾਂ ਨੂੰ ਮੁੱਖ ਰਣਨੀਤਕ ਥੰਮ੍ਹਾਂ ਵਿੱਚ ਦਰਸਾਇਆ ਗਿਆ ਹੈ, ਜਿਸ ਵਿੱਚ ਸਿੱਖਿਆ ਅਤੇ ਅਕਾਦਮਿਕ ਨਵੀਨਤਾ, ਖੋਜ ਅਤੇ ਗਿਆਨ ਸਿਰਜਣਾ, ਤਕਨਾਲੋਜੀ ਅਤੇ ਉੱਭਰ ਰਹੇ ਖੇਤਰ, ਊਰਜਾ ਅਤੇ ਹਾਈਡ੍ਰੋਜਨ, ਖੇਤੀਬਾੜੀ-ਤਕਨੀਕ ਅਤੇ ਹੁਨਰ ਵਿਕਾਸ ਸ਼ਾਮਲ ਹਨ।

ਇਸ ਪੱਤਰ ਵਿੱਚ ਡੀਬੀਯੂ ਦੀ ਸੰਯੁਕਤ ਅਕਾਦਮਿਕ ਪ੍ਰੋਗਰਾਮਾਂ, ਸਹਿਯੋਗੀ ਖੋਜ ਪਹਿਲਕਦਮੀਆਂ, ਵਿਦਿਆਰਥੀ ਅਤੇ ਫੈਕਲਟੀ ਗਤੀਸ਼ੀਲਤਾ, ਉਦਯੋਗ ਨਾਲ ਜੁੜੇ ਹੁਨਰ ਵਿਕਾਸ, ਅਤੇ ਨਵੀਨਤਾ-ਅਧਾਰਤ ਭਾਈਵਾਲੀ ਵਿੱਚ ਸ਼ਾਮਲ ਹੋਣ ਦੀ ਤਿਆਰੀ ਨੂੰ ਉਜਾਗਰ ਕੀਤਾ ਗਿਆ। ਇਹ ਪ੍ਰਸਤਾਵਿਤ ਸਹਿਯੋਗ ਵਿਸ਼ਵਵਿਆਪੀ ਸਭ ਤੋਂ ਵਧੀਆ ਅਭਿਆਸਾਂ ਨਾਲ ਜੁੜੇ ਹੋਏ ਹਨ ਅਤੇ ਭਾਰਤ ਅਤੇ ਅਲਬਰਟਾ ਵਿਚਕਾਰ ਅਕਾਦਮਿਕ ਅਤੇ ਉਦਯੋਗਿਕ ਸਬੰਧਾਂ ਨੂੰ ਮਜ਼ਬੂਤ ਕਰਦੇ ਹੋਏ ਭਵਿੱਖ ਲਈ ਕਾਰਜਬਲ ਤਿਆਰ ਕਰਨ ਦੇ ਉਦੇਸ਼ ਨਾਲ ਸਾਰਥਕ ਹਨ।

# ਅੰਤਰਰਾਸ਼ਟਰੀ ਪੰਜਾਬੀ ਸਾਹਿਤਕ ਮੰਚ, ਦਿੱਲੀ ਵਲੋਂ ਸਾਹਿਤਕ ਸੰਮੇਲਨ

ਨਵੀਂ ਦਿੱਲੀ, 9 ਫਰਵਰੀ (ਚ.ਨ.ਸ.) : ਅੰਤਰਰਾਸ਼ਟਰੀ ਪੰਜਾਬੀ ਸਾਹਿਤਕ ਮੰਚ, ਦਿੱਲੀ ਵਲੋਂ ਸੁਰਜੀਤ ਭਵਨ, ਨੇੜੇ ਮਾਤਾ ਸੁੰਦਰੀ ਕਾਲਜ ਫਾਰ ਵੂਮੈਨ, ਆਈ.ਟੀ.ਓ., ਨਵੀਂ ਦਿੱਲੀ ਵਿਖੇ ਸ਼ਾਨਦਾਰ ਸਾਹਿਤਕ ਸੰਮੇਲਨ ਦਾ ਆਯੋਜਨ ਕੀਤਾ ਗਿਆ। ਇਸ ਇਕੱਤਰਤਾ ਦਾ ਆਗਾਜ਼ ਕਰਦਿਆਂ ਮੰਚ ਦੇ ਮੀਤ ਪ੍ਰਧਾਨ ਰਮੇਸ਼ ਬੋਰਾ ਨੇ ਆਏ ਹੋਏ ਸਾਰੇ ਲੇਖਕਾਂ ਅਤੇ ਸਰੋਤਿਆਂ ਨੂੰ ਜੀ ਆਇਆਂ ਕਿਹਾ। ਉਨ੍ਹਾਂ ਕਿਹਾ ਕਿ ਮੰਚ ਦਾ ਇਹ ਦੂਜਾ ਸਫ਼ਲ ਪ੍ਰੋਗਰਾਮ ਉਲੀਕਿਆ ਗਿਆ ਹੈ। ਇਸ ਇਕੱਤਰਤਾ ਵਿੱਚ ਮੁੱਖ ਮਹਿਮਾਨ ਵਜੋਂ ਰੇਹਾਨ ਅੱਬਾਸ, ਪੱਤਰਕਾਰ, 'ਆਜ ਤੱਕ' ਚੈਨਲ ਨੇ ਸ਼ਿਰਕਤ ਕੀਤੀ। ਉਨ੍ਹਾਂ ਨੇ ਆਪਣੀ ਪੁਸਤਕ 'ਤਪਿਸ਼' ਵਿਚੋਂ ਕਈ ਕਵਿਤਾਵਾਂ ਪੜ੍ਹੀਆਂ ਅਤੇ ਕੁਝ ਨਵੀਆਂ ਅਣਪ੍ਰਕਾਸ਼ਿਤ ਕਵਿਤਾਵਾਂ ਅਤੇ ਗੀਤਾਂ ਦਾ ਗਾਇਨ ਕੀਤਾ। ਨਾਲ ਹੀ ਉਨ੍ਹਾਂ ਕਿਹਾ ਕਿ ਸਾਰੀਆਂ ਭਾਸ਼ਾਵਾਂ ਦਾ ਆਪਸੀ ਤਾਲਮੇਲ ਅਤੇ ਸੰਵਾਦ ਅੱਜ ਦੇ ਸਮੇਂ ਦੀ ਮੰਗ ਹੈ। ਇਸ ਪ੍ਰੋਗਰਾਮ ਵਿੱਚ ਡਾ. ਗੁਰਦੀਪ ਕੌਰ ਦੁਆਰਾ ਕਹਾਣੀ ਪੇਸ਼ ਕੀਤੀ ਗਈ। ਸਰਨਜੀਤ ਕੌਰ ਅਨਹਦ ਨੇ ਆਪਣੀਆਂ ਕਵਿਤਾਵਾਂ ਰਾਹੀਂ ਚੰਗਾ ਰੰਗ ਬੰਨ੍ਹਿਆ। ਇਸ ਸਾਹਿਤਕ ਇਕੱਠ ਵਿੱਚ ਮਨਜੀਤ ਕੌਰ ਨੇ ਅੰਗਰੇਜ਼ੀ ਭਾਸ਼ਾ ਵਿੱਚ ਆਪਣੀਆਂ ਕਵਿਤਾਵਾਂ ਦੀ ਸਾਂਝ ਪਾਈ। ਇਸ ਮੌਕੇ 'ਤੇ ਕੁਝ ਪੁਸਤਕਾਂ ਦੀ ਘੁੰਡ ਚੁਕਾਈ ਵੀ ਕੀਤੀ ਗਈ। ਇਸ ਦੇ ਨਾਲ ਹੀ ਗਿਆਰਾਂ ਭਾਸ਼ਾਵਾਂ ਦੇ ਸਾਹਿਤਕਾਰਾਂ ਨੇ ਵੀ ਆਪਣੀ ਮਾਤ-ਭਾਸ਼ਾ ਬਾਰੇ ਵਡਮੁੱਲੇ ਵਿਚਾਰ ਪੇਸ਼ ਕੀਤੇ। ਪ੍ਰੋਗਰਾਮ ਦੇ ਅੰਤ ਵਿੱਚ ਇਸ ਸਾਹਿਤਕ ਸੰਮੇਲਨ ਦੀ ਪ੍ਰਧਾਨਗੀ ਕਰਦੇ ਹੋਏ ਪ੍ਰਸਿੱਧ ਗੁਜਰਾਤੀ ਸਾਹਿਤਕਾਰ, ਸੰਪਾਦਕ ਅਤੇ ਰੰਗਮੰਚੀ ਸ਼ਖ਼ਸੀਅਤ ਭਾਗੇਂਦਰ ਪਟੇਲ ਨੇ ਸੈਮੀਨਾਰ ਵਿੱਚ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ ਦੀ ਪ੍ਰਸੰਸਾ ਕੀਤੀ। ਉਨ੍ਹਾਂ ਕਿਹਾ ਕਿ ਇਸ ਸਾਲ ਮਨਾਏ ਜਾ ਰਹੇ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਦਾ ਵਿਸ਼ਾ 'ਬਹੁ ਭਾਸ਼ਾਈ ਸਿੱਖਿਆ ਅਤੇ ਯੁਵਾ ਆਵਾਜ਼ਾਂ' ਹੈ। ਇਹ ਸੁਖਦ ਸੰਜੋਗ ਹੂ ਕਿ ਅੱਜ ਇਥੇ ਯੁਵਾ ਸ਼ਕਤੀ ਨੂੰ ਨਵੀਂ ਊਰਜਾ ਨਾਲ ਦੇਖਿਆ ਜਾ ਸਕਦਾ ਹੈ। ਉਨ੍ਹਾਂ ਨੇ ਸਾਰੇ ਸਾਹਿਤਕਾਰਾਂ ਦੁਆਰਾ ਪੇਸ਼ ਕੀਤੀਆਂ ਗਈਆਂ ਰਚਨਾਵਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜੋਕੇ ਦੌਰ ਵਿੱਚ ਸਾਰੀਆਂ ਭਾਸ਼ਾਵਾਂ ਵਿੱਚ ਆਪਸੀ ਸੰਵਾਦ ਦਾ ਹੋਣਾ ਬਹੁਤ ਜ਼ਰੂਰੀ ਹੈ। ਇਸ ਇਕੱਤਰਤਾ ਦਾ ਮੰਚ ਸੰਚਾਲਨ ਮੰਚ ਦੇ ਜਨਰਲ ਸਕੱਤਰ ਡਾ. ਕਮਲਜੀਤ ਸਿੰਘ ਨੇ ਬਾਖ਼ੂਬੀ ਨਿਭਾਇਆ। ਉਨ੍ਹਾਂ ਕਿਹਾ ਕਿ ਜਿਥੇ ਅਸੀਂ ਇਹ ਪ੍ਰਣ ਕੀਤਾ ਸੀ ਕਿ ਪੰਜਾਬੀ ਭਾਸ਼ਾ ਦੀ ਸੇਵਾ ਕਰਾਂਗੇ ਉਥੇ ਹੋਰਨਾਂ ਭਾਸ਼ਾਵਾਂ ਨਾਲ ਵੀ ਸੰਵਾਦ ਰਚਾਉਣ ਦਾ ਯਤਨ ਕਰਾਂਗੇ। ਅਜੋਕੀ ਇਕੱਤਰਤਾ ਇਸ ਪਖੋਂ ਇੱਕ ਸਫ਼ਲ ਉਪਰਾਲਾ ਹੈ। ਅੰਤ ਵਿੱਚ ਮੰਚ ਦੇ ਖ਼ਜ਼ਾਨਚੀ ਮਿਸਰਦੀਪ ਭਾਟੀਆ ਨੇ ਸਾਰਿਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੰਚ ਆਪਣੀਆਂ ਬੁਲੰਦੀਆਂ ਵੱਲ ਵੱਧਦਾ ਜਾ ਰਿਹਾ ਹੈ ਅਤੇ ਇਸਦੇ ਵਿੱਚ ਵੱਖ ਵੱਖ ਭਾਸ਼ਾਵਾਂ ਦੇ ਸਾਹਿਤਕਾਰਾਂ ਦਾ ਸ਼ਾਮਲ ਹੋਣਾ ਇਸ ਪ੍ਰੋਗਰਾਮ ਦੀ ਸਫ਼ਲਤਾ ਦਾ ਸਬੂਤ ਹੈ।



# ਮਹਾਰਾਸ਼ਟਰ ਸਰਕਾਰ ਵੱਲੋਂ ਮੁੰਬਈ ਵਿਖੇ ਤੀਸਰੇ ਪੜਾਅ ਦੇ ਸ਼ਹੀਦੀ ਸ਼ਤਾਬਦੀ ਸਮਾਗਮ ਦੀਆਂ ਤਿਆਰੀਆਂ ਸ਼ੁਰੂ

## ਗਿ.ਹਰਨਾਮ ਸਿੰਘ ਖਾਲਸਾ ਦੀ ਅਗਵਾਈ 'ਚ ਹੋ ਰਹੇ ਸਮਾਗਮਾਂ ਦੌਰਾਨ ਪ੍ਰਧਾਨ ਮੰਤਰੀ ਮੋਦੀ ਤੇ ਗ੍ਰਹਿ ਮੰਤਰੀ ਸ਼ਾਹ ਹੋਣਗੇ ਸ਼ਾਮਿਲ

ਬਾਬਾ ਬਕਾਲਾ ਸਾਹਿਬ, , 9 ਫਰਵਰੀ (ਬਲਰਾਜ ਸਿੰਘ ਰਾਜਾ) : ਮਹਾਰਾਸ਼ਟਰ ਵਿਖੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਦੇ ਵਿਸ਼ੇਸ਼ ਸਹਿਯੋਗ ਨਾਲ ਦਮਦਮੀ ਟਕਸਾਲ ਮੁਖੀ ਤੇ ਸੰਤ ਸਮਾਜ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ 'ਹਿੰਦ ਦੀ ਚਾਦਰ' ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਮਹਾਂਰਾਸ਼ਟਰ ਵਿਖੇ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਏ ਜਾਣ ਦੇ ਦੋ ਪੜਾਅ ਮੁਕੰਮਲ ਹੋਣ ਤੋਂ ਬਾਅਦ ਹੁਣ ਤੀਸਰੇ ਪੜਾਅ ਦੀਆਂ ਤਿਆਰੀਆਂ ਸ਼ੁਰੂ ਹੋ ਚੁੱਕੀਆਂ ਹਨ।ਨਾਗਪੁਰ ਤੇ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਤੋਂ ਬਾਅਦ ਅਗਲਾ ਦੋ ਦਿਨਾਂ ਸ਼ਹੀਦੀ ਸ਼ਤਾਬਦੀ ਸਮਾਗਮ ਉਵੇ ਮੈਦਾਨ ਖਾਰਘਰ ਨਵੀਂ ਮੁੰਬਈ ਵਿਖੇ ਰੱਖੇ ਗਏ ਹਨ,ਜੋ 28 ਫਰਵਰੀ ਦਿਨ ਸ਼ਨੀਵਾਰ ਤੇ 01 ਮਾਰਚ ਦਿਨ ਐਤਵਾਰ ਨੂੰ ਰਾਜ ਪੱਧਰ 'ਤੇ ਮਨਾਏ ਜਾਣਗੇ। ਮਹਾਰਾਸ਼ਟਰ ਸਰਕਾਰ ਵੱਲੋਂ ਵਿਸ਼ੇਸ਼ ਤੌਰ 'ਤੇ ਗਠਿਤ ਸ਼ਹੀਦੀ ਸ਼ਤਾਬਦੀ ਸਮਾਗਮ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਤੇ ਮੁੱਖ ਮੰਤਰੀ ਮਹਾਰਾਸ਼ਟਰਾ ਰਾਹਤ ਫੰਡ ਦੇ ਇੰਚਾਰਜ ਸ੍ਰੀ ਰਾਮੇਸ਼ਵਰ ਨਾਇਕ ਦੀ ਅਗਵਾਈ ਹੇਠ ਅੱਜ ਤੀਸਰੇ ਪੜਾਅ ਦੇ ਸ਼ਹੀਦੀ ਸਮਾਗਮਾਂ ਲਈ ਲਗਾਏ ਜਾ ਰਹੇ ਪੰਡਾਲ ਦੇ ਨਿਰਮਾਣ ਕਾਰਜ ਤੋਂ ਪਹਿਲਾਂ ਅਰਦਾਸ ਸਮਾਗਮ(ਭੂਮੀ ਪੂਜਨ) ਰੱਖਿਆ ਗਿਆ,ਜਿਸ ਵਿੱਚ ਮਹਾਂਰਾਸ਼ਟਰ ਸਰਕਾਰ ਦੇ ਪ੍ਰਤੀਨਿਧੀ,ਸੰਤ ਮਹਾਂਪੁਰਸ਼ ਤੇ ਪ੍ਰਸ਼ਾਸ਼ਨਿਕ ਅਧਿਕਾਰੀਆਂ ਨੇ ਭਾਗ ਲਿਆ। ਇਸ ਦੌਰਾਨ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦਾ ਧੰਨਵਾਦ ਕਰਦੇ ਹੋਏ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਮਹਾਂਰਾਸ਼ਟਰ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਨੂੰ ਬੜੀ ਸ਼ਰਧਾ,ਲਗਨ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।ਮਹਾਰਾਸ਼ਟਰ ਵਿਖੇ 8 ਦਸੰਬਰ ਨੂੰ ਨਾਗਪੁਰ ਤੇ 24-25 ਜਨਵਰੀ ਨੂੰ ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਸੰਪੂਰਨ ਹੋਏ ਇਤਿਹਾਸਕ ਸਮਾਗਮਾਂ ਤੋਂ ਬਾਅਦ ਅਗਲੇ ਸਮਾਗਮ ਖਾਰਗਰ ਵਿਖੇ ਆਯੋਜਿਤ ਕੀਤੇ ਜਾ ਰਹੇ ਹਨ,ਜਿਸ ਦੌਰਾਨ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨੇਰੇਂਦਰ ਮੋਦੀ ਤੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਉਚੇਚੇ ਤੌਰ 'ਤੇ ਸ਼ਾਮਿਲ ਹੋਣਗੇ,ਜਿੰਨ੍ਹਾਂ ਨਾਲ ਹੋਰ ਵੀ ਬਹੁਤ ਸਾਰੀਆਂ ਅਹਿਮ ਧਾਰਮਿਕ,ਰਾਜਨੀਤਿਕ ਤੇ ਸਮਾਜਿਕ ਸ਼ਖਸ਼ੀਅਤਾਂ ਹਾਜ਼ਰੀ ਭਰਨਗੀਆ।ਦਮਦਮੀ ਟਕਸਾਲ ਮੁਖੀ ਨੇ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੁਰੂ ਸਾਹਿਬ ਤੇ ਉਨ੍ਹਾਂ ਨਾਲ ਸ਼ਹੀਦ ਹੋਏ ਭਾਈ ਮਤੀ ਦਾਸ,ਭਾਈ ਸਤੀ ਦਾਸ ਤੇ ਭਾਈ ਦਿਆਲਾ ਜੀ ਦੀ ਅਮੁੱਲੀ ਸ਼ਹਾਦਤ ਪ੍ਰਤੀ ਸਤਿਕਾਰ ਰੱਖਦੇ ਹੋਏ ਇੰਨ੍ਹਾਂ ਦੋ ਦਿਨਾਂ ਸ਼ਹੀਦੀ ਸ਼ਤਾਬਦੀ ਸਮਾਗਮਾਂ 'ਚ ਜ਼ਰੂਰ ਸ਼ਾਮਿਲ ਹੋਣ। ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਰਾਮੇਸ਼ਵਰ ਨਾਇਕ ਨੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਤੇ ਵਿਸ਼ੇਸ਼ ਤੌਰ 'ਤੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇੰਨ੍ਹਾਂ ਦੇ ਸਹਿਯੋਗ ਤੋਂ ਬਿੰਨ੍ਹਾਂ ਇਹ ਸਮਾਗਮ ਅਯੋਜਿਤ ਕੀਤੇ ਜਾਣਾ ਬਹੁਤ ਕਠਿਨ ਕਾਰਜ ਸੀ,ਪਰ ਬਾਬਾ ਹਰਨਾਮ ਸਿੰਘ ਖਾਲਸਾ ਦੇ ਸ਼ਤਾਬਦੀ ਸਮਾਗਮਾਂ ਪ੍ਰਤੀ ਅਥਾਹ ਸ਼ਰਧਾਂ ਤੇ ਉਤਸ਼ਾਹ ਨੂੰ ਦੇਖਦੇ ਹੋਏ ਗੁਰੂ ਸਾਹਿਬ ਨੇ ਆਪ ਅੱਗੇ ਹੋ ਕੇ ਉਨ੍ਹਾਂ ਤੋਂ ਇਹ ਸੇਵਾ ਲਈ ਹੈ ।ਅੱਜ ਬਾਬਾ ਜੀ ਦੇ ਵੱਡੇ ਉਪਰਾਲੇ ਸਦਕਾ 350 ਸ਼ਤਾਬਦੀ ਸਮਾਗਮਾਂ ਨੂੰ ਬਹੁਤ ਹੀ ਵਿਸ਼ਾਲਤਾ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਚੇਅਰਮੈਂਚ ਸੱਚਖੰਡ ਬੋਰਡ ਵਿਜੇ ਸਤਬੀਰ,ਐੱਮ.ਡੀ.ਸਿਡਕੋ ਸ੍ਰੀ ਵਿਜੇ ਸਿੰਘਾਲ,ਡਿਵਿਜ਼ਨ ਕਮਿਸ਼ਨਰ ਸ੍ਰੀ ਵਿਜੇ ਸੂਰਯਵੰਸ਼ੀ, ਨਵੀਂ ਮੁੰਬਈ ਪੁਲਸ ਕਮਿਸ਼ਨਰ ਮਿਲੰਦ ਬਾਰੰਬੇ,ਕੁਲੈਕਟਰ ਥਾਣੇ ਸ੍ਰੀ ਕ੍ਰਿਸ਼ਨਾ ਪੰਚਾਲ,ਮਿਉਸੀਪਲ ਕਾਰਪੋਰੇਸ਼ਨ ਨਵੀਂ ਮੁੰਬਈ ਕਮਿਸ਼ਨਰ ਸ੍ਰੀ ਕੈਲਾਸ਼ ਸ਼ਿੰਦੇ,ਸ੍ਰੀ ਵਿਜੇ ਸਤਬੀਰ ਸਿੰਘ ਚੇਅਰਮੈਨ ਸ੍ਰੀ ਹਜ਼ੂਰ ਸਾਹਿਬ ਸੱਚਖੰਡ ਬੋਰਡ, ਭਾਈ ਜਸਪਾਲ ਸਿੰਘ ਸਿੱਧੂ ਚੇਅਰਮੈਨ ਸੁਪਰੀਮ ਕੌਂਸਲ ਨਵੀਂ ਮੁੰਬਈ ਗੁਰਦੁਆਰਾ,ਭਾਈ ਚਰਨਦੀਪ ਸਿੰਘ ਹੈਪੀ ਮੈਂਬਰ ਮਨਓਰਟੀ ਕਮਿਸ਼ਨ ਮਹਾਂਰਾਸ਼ਟਰ ਸਰਕਾਰ, ਗੁਰੁਦਆਰਾ ਸ੍ਰੀ ਖਾਰਗਰ ਪ੍ਰਧਾਨ ਭਾਈ ਪਰਮਜੀਤ ਸਿੰਘ, ਪ੍ਰਧਾਨ ਅਮਰਪਾਲ ਸਿੰਘ ਰੰਧਾਵਾ, ਦਮਦਮੀ ਟਕਸਾਲ ਤੋਂ ਗਿਆਨੀ ਸਾਹਬ ਸਿੰਘ,ਭਾਈ ਹਰਸ਼ਦੀਪ ਸਿੰਘ ਰੰਧਾਵਾ ਤੇ ਡਾ.ਅਵਤਾਰ ਸਿੰਘ ਬੁੱਟਰ ਆਦਿ ਮੌਜੂਦ ਸਨ।




# ਅੰਟਾਰਕਟਿਕਾ ਦੀ ਬਰਫ਼ ਹੇਠਾਂ 207 ਜਵਾਲਾਮੁਖੀਆਂ ਦੀ ਹੈਰਾਨ ਕਰਨ ਵਾਲੀ ਖੋਜ

ਵਾਸ਼ਿੰਗਟਨ , 9 ਫਰਵਰੀ (ਚ.ਨ.ਸ.) : ਚੀਨ ਦੇ ਵਿਗਿਆਨੀਆਂ ਨੇ ਅੰਟਾਰਕਟਿਕਾ ਦੀ ਮੋਟੀ ਬਰਫ਼ ਦੇ ਹੇਠਾਂ ਲੁਕੇ 207 ਜਵਾਲਾਮੁਖੀਆਂ ਦੀ ਪਹਿਚਾਣ ਕੀਤੀ ਹੈ। ਇਹ ਖੋਜ ਬਰਫ਼ੀਲੇ ਮਹਾਦੀਪ ਦੀ ਭੂਗੋਲਿਕ ਬਣਤਰ ਨੂੰ ਸਮਝਣ ਵਿੱਚ ਇੱਕ ਵੱਡਾ ਕਦਮ ਮੰਨੀ ਜਾ ਰਹੀ ਹੈ। ਤਿੰਨ ਫਰਵਰੀ ਨੂੰ ਜਾਰੀ ਕੀਤੀ ਗਈ ਪਹਿਲੀ ਡਿਜ਼ਿਟਲ ਸੂਚੀ ਵਿੱਚ ਹਰ ਜਵਾਲਾਮੁਖੀ ਦਾ ਆਕਾਰ ਉਸ ਦੀ ਗਹਿਰਾਈ ਅਤੇ ਉਸ ਦੇ ਫੈਲਾਅ ਬਾਰੇ ਸਹੀ ਜਾਣਕਾਰੀ ਦਿੱਤੀ ਗਈ ਹੈ। ਇਸ ਤੋਂ ਪਹਿਲਾਂ ਵਿਗਿਆਨੀਆਂ ਕੋਲ ਇਨ੍ਹਾਂ ਜਵਾਲਾਮੁਖੀਆਂ ਬਾਰੇ ਇੰਨੀ ਵਿਸਥਾਰਪੂਰਣ ਜਾਣਕਾਰੀ ਉਪਲਬਧ ਨਹੀਂ ਸੀ।ਵਿਗਿਆਨੀਆਂ ਦਾ ਮੰਨਣਾ ਹੈ ਕਿ ਇਹ ਜਵਾਲਾਮੁਖੀ ਅੰਟਾਰਕਟਿਕਾ ਦੀ ਬਰਫ਼ੀਲੀ ਪਰਤ ਦੇ ਹੇਠਾਂ ਕਿਵੇਂ ਬਣੇ ਅਤੇ ਇਹ ਭਵਿੱਖ ਵਿੱਚ ਬਰਫ਼ ਪਿਘਲਣ ਦੀ ਗਤੀ 'ਤੇ ਕਿਹੋ ਜਿਹਾ ਪ੍ਰਭਾਵ ਪਾ ਸਕਦੇ ਹਨ ਇਸ ਬਾਰੇ ਹੋਰ ਅਧਿਐਨ ਦੀ ਲੋੜ ਹੈ। ਇਹ ਖੋਜ ਇਹ ਵੀ ਦਰਸਾਉਂਦੀ ਹੈ ਕਿ ਅੰਟਾਰਕਟਿਕਾ ਦੀ ਜ਼ਮੀਨ ਹੇਠਾਂ ਭੂਗਰਭੀ ਗਤੀਵਿਧੀਆਂ ਕਾਫ਼ੀ ਜਟਿਲ ਹਨ ਅਤੇ ਇਹ ਖੇਤਰ ਵਿਗਿਆਨੀਆਂ ਲਈ ਅਜੇ ਵੀ ਇੱਕ ਰਹੱਸ ਬਣਿਆ ਹੋਇਆ ਹੈ।



# ਕੈਂਸਰ ਨਾਲ ਜੰਗ ਹਾਰੇ 3 ਡੋਰਸ ਡਾਊਨ ਦੇ ਲੀਡ ਸਿੰਗਰ ਬ੍ਰੈਡ ਅਰਨੋਲਡ ਹੋਈ ਮੌਤ

ਮਿਸੀਸਿਪੀ , 9 ਫਰਵਰੀ (ਚ.ਨ.ਸ.) : ਗ੍ਰੈਮੀ-ਨਾਮਜ਼ਦ ਰਾਕ ਬੈਂਡ 3 ਡੋਰਸ ਡਾਊਨ ਦੇ ਮੁੱਖ ਗਾਇਕ ਬ੍ਰੈਡ ਅਰਨੋਲਡ ਦਾ ਦੇਹਾਂਤ ਹੋ ਗਿਆ, ਇਹ ਐਲਾਨ ਕਰਨ ਤੋਂ ਕੁਝ ਮਹੀਨੇ ਬਾਅਦ ਕਿ ਉਨ੍ਹਾਂ ਨੂੰ ਸਟੇਜ 4 ਗੁਰਦੇ ਦੇ ਕੈਂਸਰ ਦਾ ਪਤਾ ਲੱਗਿਆ ਸੀ। ਉਹ 47 ਸਾਲ ਦੇ ਸਨ। ਬੈਂਡ ਨੇ ਇੱਕ ਬਿਆਨ ਵਿੱਚ ਕਿਹਾ ਕਿ ਕੈਂਸਰ ਨਾਲ ਇੱਕ ਦਲੇਰੀ ਭਰੀ ਲੜਾਈ ਤੋਂ ਬਾਅਦ, ਆਪਣੇ ਅਜ਼ੀਜ਼ਾਂ ਨਾਲ ਘਿਰੇ ਹੋਏ, ਅਰਨੋਲਡ ਆਪਣੀ ਨੀਂਦ ਵਿੱਚ ਸ਼ਾਂਤੀ ਨਾਲ ਅਕਾਲ ਚਲਾਣਾ ਕਰ ਗਏ।ਉਸਦੀ ਪਹਿਲੀ ਐਲਬਮ, ਦ ਬੈਟਰ ਲਾਈਫ ਦੀਆਂ 6 ਮਿਲੀਅਨ ਤੋਂ ਵੱਧ ਕਾਪੀਆਂ ਵਿਕੀਆਂ। 2003 ਵਿੱਚ, ਉਸਨੂੰ ਵ੍ਹੇਨ ਆਈ'ਮ ਗੋਨ ਗੀਤ ਲਈ ਆਪਣਾ ਦੂਜਾ ਗ੍ਰੈਮੀ ਨਾਮਜ਼ਦਗੀ ਪ੍ਰਾਪਤ ਹੋਈ।

# ਭਾਰਤ ਰੂਸੀ ਤੇਲ ਦੀ ਖਰੀਦ ਘਟਾਏਗਾ

ਨਵੀਂ ਦਿੱਲੀ, 9 ਫਰਵਰੀ (ਚ.ਨ.ਸ): ਭਾਰਤ ਰੂਸ ਤੋਂ ਕੱਚੇ ਤੇਲ ਦੀ ਖਰੀਦ ਘਟਾ ਸਕਦਾ ਹੈ, ਅਜਿਹਾ ਅਮਰੀਕਾ ਨਾਲ ਹੋਏ ਸਮਝੌਤੇ ਕਾਰਨ ਹੋਇਆ ਹੈ। ਸੂਤਰਾਂ ਨੇ ਦੱਸਿਆ ਕਿ ਨਿਆਰਾ ਐਨਰਜੀ ਵਰਗੀਆਂ ਰਿਫਾਇਨਰੀਆਂ ਕੋਲ ਸੀਮਤ ਬਦਲ ਹੋਣ ਕਾਰਨ ਇਹ ਦਰਾਮਦ ਫਿਲਹਾਲ ਪੂਰੀ ਤਰ੍ਹਾਂ ਬੰਦ ਨਹੀਂ ਹੋਵੇਗੀ। ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਸ਼ੁੱਕਰਵਾਰ ਨੂੰ ਭਾਰਤ ਤੋਂ ਹੋਣ ਵਾਲੀ ਦਰਾਮਦ 'ਤੇ ਸਜ਼ਾ ਵਜੋਂ ਲਗਾਇਆ 25 ਫੀਸਦੀ ਟੈਰਿਫ ਰੱਦ ਕਰਨ ਦੇ ਕਾਰਜਕਾਰੀ ਹੁਕਮਾਂ 'ਤੇ ਦਸਤਖ਼ਤ ਕੀਤੇ। ਉਨ੍ਹਾਂ ਕਿਹਾ ਕਿ ਇਹ ਕਦਮ ਨਵੀਂ ਦਿੱਲੀ ਦੀ ਉਸ ਵਚਨਬੱਧਤਾ ਬਾਅਦ ਚੁੱਕਿਆ ਗਿਆ ਹੈ ਜਿਸ ਵਿੱਚ ਰੂਸ ਤੋਂ ਤੇਲ ਦੀ ਦਰਾਮਦ ਰੋਕਣ ਦੀ ਗੱਲ ਕਹੀ ਗਈ ਹੈ। ਸੂਤਰਾਂ ਅਨੁਸਾਰ ਤੇਲ ਰਿਫਾਇਨਰੀਆਂ ਨੂੰ ਰੂਸ ਤੋਂ ਖਰੀਦ ਰੋਕਣ ਦਾ ਕੋਈ ਅਧਿਕਾਰਤ ਨਿਰਦੇਸ਼ ਭਾਵੇਂ ਨਹੀਂ ਮਿਲਿਆ ਪਰ ਉਨ੍ਹਾਂ ਨੂੰ ਗੈਰ-ਰਸਮੀ ਤੌਰ 'ਤੇ ਮਾਸਕੋ ਤੋਂ ਖਰੀਦ ਘਟਾਉਣ ਦੀ ਸਲਾਹ ਦਿੱਤੀ ਗਈ ਹੈ। ਪੈਟਰੋਲੀਅਮ ਮੰਤਰਾਲੇ ਨੇ ਇਸ ਮੁੱਦੇ 'ਤੇ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਉਧਰ, ਵਣਜ ਮੰਤਰਾਲੇ ਤੇ ਵਿਦੇਸ਼ ਮੰਤਰਾਲ ਨੇ ਵੀ ਰੂਸੀ ਤੇਲ ਦੀ ਖਰੀਦ ਦੇ ਸਬੰਧ ਵਿੱਚ ਭਾਰਤ ਦੀ ਵਚਨਬੱਧਤਾ ਬਾਰੇ ਸਿੱਧੇ ਤੌਰ 'ਤੇ ਕੋਈ ਪ੍ਰਤੀਕਿਰਿਆ ਨਹੀਂ ਦਿੱਤੀ ਹੈ। ਦਸੰਬਰ 2025 ਵਿੱਚ ਰੂਸ ਤੋਂ ਤੇਲ ਦਰਾਮਦ ਔਸਤਨ 12 ਲੱਖ ਬੈਰਲ ਪ੍ਰਤੀ ਦਿਨ ਰਹੀ, ਜੋ ਮਈ 2023 ਦੇ 21 ਲੱਖ ਬੈਰਲ ਪ੍ਰਤੀ ਦਿਨ ਦੇ ਪੱਧਰ ਤੋਂ ਕਾਫ਼ੀ ਘੱਟ ਹੈ। ਜਨਵਰੀ ਵਿੱਚ ਇਹ ਪੱਧਰ ਘੱਟ ਕੇ 11 ਲੱਖ ਬੈਰਲ ਰਿਹਾ। ਇਸ ਮਹੀਨੇ ਤੇ ਅਗਲੇ ਮਹੀਨੇ ਇਸ ਦੇ 10 ਲੱਖ ਬੈਰਲ ਤੋਂ ਹੇਠਾਂ ਆਉਣ ਦੀ ਉਮੀਦ ਹੈ।




# ਦੂਜੀ ਵਿਸ਼ਵ ਜੰਗ ਦੌਰਾਨ ਸਿੰਗਾਪੁਰ-ਮਲਾਇਆ ਦੀ ਰੱਖਿਆ ਕਰਦੇ ਹੋਏ ਸ਼ਹੀਦ ਹੋਏ ਸਿੱਖ ਫ਼ੌਜੀਆਂ ਨੂੰ ਯਾਦ ਕੀਤਾ



ਸਿੰਗਾਪੁਰ, 9 ਫਰਵਰੀ (ਚ.ਨ.ਸ): ਸਿੰਗਾਪੁਰ ਦੇ ਇਕ ਮੰਤਰੀ ਤੇ ਭਾਰਤ ਸਮੇਤ ਸੱਤ ਰਾਸ਼ਟਰਮੰਡਲ ਦੇਸ਼ਾਂ ਦੇ ਹਾਈ ਕਮਿਸ਼ਨਰ ਦੂਜੀ ਵਿਸ਼ਵ ਜੰਗ ਦੌਰਾਨ ਸਿੰਗਾਪੁਰ-ਮਲਾਇਆ ਦੀ ਰੱਖਿਆ ਦੌਰਾਨ ਅਪਣੀਆਂ ਸ਼ਹੀਦੀਆਂ ਦੇਣ ਵਾਲੇ ਸਿੱਖ ਫ਼ੌਜੀਆਂ ਨੂੰ ਯਾਦ ਕਰਨ ਲਈ ਐਤਵਾਰ ਨੂੰ ਇੱਥੇ ਸਿੱਖਾਂ ਨਾਲ ਸ਼ਾਮਲ ਹੋਏ।ਉਸ ਸਮੇਂ ਦੇ ਅਣਵੰਡੇ ਪੰਜਾਬ ਦੇ ਭਾਈਚਾਰਿਆਂ ਤੋਂ ਭਰਤੀ ਕੀਤੇ ਗਏ 3,318 ਸ਼ਹੀਦ ਫ਼ੌਜੀਆਂ ਦੀਆਂ ਜਾਨਾਂ ਤੇ ਕੁਰਬਾਨੀਆਂ ਦਾ ਸਨਮਾਨ ਕਰਨ ਲਈ ਕ੍ਰਾਂਜੀ ਜੰਗੀ ਮੈਮੋਰੀਅਲ ਵਿਖੇ ਇਕ ਯਾਦਗਾਰੀ ਦਿਵਸ 'ਮੈਮੋਰੀਅਲ ਸਰਵਿਸ' ਰੱਖੀ ਗਈ, ਜਿਨ੍ਹਾਂ ਨੇ ਜਪਾਨੀ ਫ਼ੌਜਾਂ ਵਿਰੁਧ ਸਿੰਗਾਪੁਰ ਤੇ ਮਲਾਇਆ ਦੀ ਰੱਖਿਆ ਕੀਤੀ ਸੀ। ਸੀਨੀਅਰ ਰਾਜ ਮੰਤਰੀ ਮੁਰਲੀ ਪਿੱਲਈ ਨੇ 'ਮੈਮੋਰੀਅਲ ਸਰਵਿਸ' ਅਤੇ ਪੂਰਬੀ ਤੱਟ ਉਤੇ ਤਤਕਾਲੀ ਪ੍ਰਵਾਸੀ ਸਿੱਖਾਂ ਵਲੋਂ ਬਣਾਏ ਗਏ ਗੁਰਦੁਆਰਾ ਸਾਹਿਬ ਦੇ 100 ਸਾਲ ਪੂਰੇ ਹੋਣ ਦੇ ਜਸ਼ਨ ਵਿਚ ਲਗਭਗ 400 ਭਾਈਚਾਰੇ ਦੇ ਮੈਂਬਰਾਂ ਤੇ ਨੇਤਾਵਾਂ ਨਾਲ ਸ਼ਾਮਲ ਹੋਏ।ਬਰਤਾਨੀਆਂ, ਆਸਟਰੇਲੀਆ, ਮਲੇਸ਼ੀਆ, ਭਾਰਤ, ਨਿਊਜ਼ੀਲੈਂਡ, ਕੈਨੇਡਾ ਤੇ ਪਾਕਿਸਤਾਨ ਦੇ ਹਾਈ ਕਮਿਸ਼ਨਰਾਂ ਨੇ ਦੂਜੇ ਵਿਸ਼ਵ ਜੰਗ ਦਾ ਹਿੱਸਾ ਬਣੇ ਸਾਰੇ ਦੇਸ਼ਾਂ ਨੇ ਕ੍ਰਾਂਜੀ ਵਾਰ ਮੈਮੋਰੀਅਲ ਉਤੇ ਫੁੱਲ ਮਾਲਾਵਾਂ ਭੇਟ ਕੀਤੀਆਂ। ਸਿੰਗਾਪੁਰ 'ਚ ਭਾਰਤੀ ਹਾਈ ਕਮਿਸ਼ਨਰ ਸ਼ਿਲਪਕ ਅੰਬੁਲੇ ਨੇ ਇਸ ਨੂੰ 'ਬਹੁਤ ਹੀ ਯਾਦਗਾਰੀ ਅਤੇ ਮਹੱਤਵਪੂਰਨ ਘਟਨਾ' ਦਸਦੇ ਹੋਏ ਸਿੰਗਾਪੁਰ ਤੇ ਮਲਾਇਆ ਦੇ ਪੁਨਰ ਵਿਕਾਸ 'ਚ ਮਾਰੇ ਗਏ ਫ਼ੌਜੀਆਂ ਤੇ ਭਾਰਤੀ ਭਾਈਚਾਰੇ ਦੇ ਯੋਗਦਾਨ ਦਾ ਜ਼ਿਕਰ ਕੀਤਾ।100 ਸਾਲ ਪਹਿਲਾਂ ਸਿੰਗਾਪੁਰ ਵਿਚ ਰਹਿ ਰਹੇ ਤਤਕਾਲੀ ਸਿੱਖਾਂ ਵਲੋਂ ਸਥਾਪਤ ਕੀਤੇ ਗਏ ਪ੍ਰਦੇਸ਼ ਖਾਲਸਾ ਧਰਮ ਦੀਵਾਨ (ਪੀ.ਕੇ.ਡੀ.ਡੀ.) ਦੇ ਸਕੱਤਰ ਰਵਿੰਦਰਪਾਲ ਸਿੰਘ ਨੇ ਕਿਹਾ, "ਉਨ੍ਹਾਂ ਦਾ ਯੋਗਦਾਨ ਸਿੱਖ ਅਤੇ ਵਿਸ਼ਵ ਇਤਿਹਾਸ ਦੋਹਾਂ ਵਿਚ ਇਕ ਸਥਾਈ ਅਧਿਆਇ ਹੈ।'' ਉਨ੍ਹਾਂ ਕਿਹਾ ਕਿ ਪੀ.ਕੇ.ਡੀ.ਡੀ. ਵੱਲੋਂ ਹਰ ਸਾਲ ਯਾਦਗਾਰੀ ਸੇਵਾ ਕੀਤੀ ਜਾਂਦੀ ਹੈ ਪਰ ਇਸ ਸਾਲ ਗੁਰਦੁਆਰਾ ਸਾਹਿਬ ਦੀ ਸ਼ਤਾਬਦੀ ਦੇ ਵੱਡੇ ਜਸ਼ਨਾਂ ਦੇ ਹਿੱਸੇ ਵਜੋਂ ਇਸ ਨੂੰ ਇਕ ਵੱਡਾ ਸਮਾਗਮ ਬਣਾਇਆ ਗਿਆ ਹੈ।

# ਕੈਨੇਡਾ 'ਚ ਪ੍ਰਦਰਸ਼ਨ ਦੌਰਾਨ ਸ਼ਾਮਲ ਹੋਣ ਵਾਲੇ ਪੁਲਿਸ ਅਧਿਕਾਰੀ ਵਿਰੁੱਧ ਕਾਰਵਾਈ

## ☛ ਛੇ ਮਹੀਨਿਆਂ ਲਈ ਰੈਂਕ ਘਟਾਇਆ

ਟੋਰਾਂਟੋ, 9 ਫਰਵਰੀ (ਚ.ਨ.ਸ): ਕੈਨੇਡਾ ਵਿੱਚ ਸਿੱਖਸ ਫਾਰ ਜਸਟਿਸ ਵੱਲੋਂ ਹਿੰਦੂ ਸਭਾ ਮੰਦਰ ਦੇ ਬਾਹਰ ਕੀਤੇ ਗਏ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਵਾਲੇ ਪੀਲ ਰੀਜਨਲ ਪੁਲਿਸ ਦੇ ਅਧਿਕਾਰੀ ਹਰਿੰਦਰ ਸੋਹੀ ਵਿਰੁੱਧ ਸਖ਼ਤ ਅਨੁਸ਼ਾਸਨੀ ਕਾਰਵਾਈ ਕੀਤੀ ਗਈ ਹੈ। ਓਂਟਾਰੀਓ ਪੁਲਿਸ ਆਰਬਿਟਰੇਸ਼ਨ ਐਂਡ ਐਡਜੂਡੀਕੇਸ਼ਨ ਕਮਿਸ਼ਨ (OPAAC) ਨੇ ਆਪਣੇ ਤਾਜ਼ਾ ਫੈਸਲੇ ਵਿੱਚ ਸੋਹੀ ਨੂੰ ਛੇ ਮਹੀਨਿਆਂ ਲਈ ਡੈਮੋਟ (ਰੈਂਕ ਘਟਾਉਣਾ) ਕਰਨ ਦਾ ਹੁਕਮ ਦਿੱਤਾ ਹੈ। ਹੁਣ ਉਹ ਛੇ ਮਹੀਨਿਆਂ ਲਈ ਫਸਟ ਕਲਾਸ ਕਾਂਸਟੇਬਲ ਵਜੋਂ ਸੇਵਾ ਨਿਭਾਉਣਗੇ ਤੇ ਇਸ ਮਿਆਦ ਤੋਂ ਬਾਅਦ ਉਨ੍ਹਾਂ ਦੀ ਕਾਰਗੁਜ਼ਾਰੀ ਦੇ ਆਧਾਰ 'ਤੇ ਉਨ੍ਹਾਂ ਨੂੰ ਮੁੜ ਪੁਰਾਣੇ ਰੈਂਕ 'ਤੇ ਬਹਾਲ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਨਵੰਬਰ 2024 ਵਿੱਚ ਬਰੈਂਪਟਨ ਸਥਿਤ ਹਿੰਦੂ ਸਭਾ ਮੰਦਰ ਦੇ ਬਾਹਰ ਹੋਏ ਇਸ ਪ੍ਰਦਰਸ਼ਨ ਦੌਰਾਨ ਹਰਿੰਦਰ ਸੋਹੀ ਦੀ ਮੌਜੂਦਗੀ ਦੀਆਂ ਵੀਡੀਓਜ਼ ਸੋਸ਼ਲ ਮੀਡੀਆ 'ਤੇ ਵਾਇਰਲ ਹੋਈਆਂ ਸਨ। ਇਸ ਤੋਂ ਬਾਅਦ ਉਨ੍ਹਾਂ ਨੂੰ ਤੁਰੰਤ ਮੁਅੱਤਲ ਕਰ ਦਿੱਤਾ ਗਿਆ ਸੀ। ਕਮਿਸ਼ਨ ਦੇ ਅਧਿਕਾਰੀ ਨੇ ਆਪਣੇ ਫੈਸਲੇ ਵਿੱਚ ਕਿਹਾ ਕਿ ਪੁਲਿਸ ਅਧਿਕਾਰੀ ਦਾ ਅਜਿਹਾ ਵਿਵਹਾਰ ਜਨਤਾ ਦੇ ਪੁਲਿਸ ਪ੍ਰਤੀ ਵਿਸ਼ਵਾਸ ਅਤੇ ਪੇਸ਼ੇਵਰ ਮਰਿਆਦਾ ਨੂੰ ਠੇਸ ਪਹੁੰਚਾਉਂਦਾ ਹੈ। ਦੂਜੇ ਪਾਸੇ, ਹਿੰਦੂ ਭਾਈਚਾਰੇ ਦੀਆਂ ਕਈ ਜਥੇਬੰਦੀਆਂ ਨੇ ਇਸ ਸਜ਼ਾ ਨੂੰ ਨਾਮਾਤਰ ਦੱਸਦਿਆਂ ਨਾਰਾਜ਼ਗੀ ਜ਼ਾਹਿਰ ਕੀਤੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਅਜਿਹੇ ਗੰਭੀਰ ਮਾਮਲੇ ਵਿੱਚ ਅਧਿਕਾਰੀ ਨੂੰ ਨੌਕਰੀ ਤੋਂ ਬਰਖਾਸਤ ਕੀਤਾ ਜਾਣਾ ਚਾਹੀਦਾ ਸੀ।




# ਡੀ.ਸੀ. ਨੇ ਰਾਜਪਾਲ ਦੀ ਆਮਦ ਸਬੰਧੀ ਤਿਆਰੀਆਂ ਦਾ ਲਿਆ ਜਾਇਜ਼ਾ

## ☛ ਅੱਜ ਸਾਰਾਗੜ੍ਹੀ ਗੁਰਦੁਆਰਾ ਸਾਹਿਬ ਤੋਂ ਸਕੂਲ ਆਫ ਐਮੀਨੈਂਸ ਤੱਕ ਫਿਰੋਜ਼ਪੁਰ ਸ਼ਹਿਰ ਤੱਕ ਕੱਢੀ ਜਾਵੇਗੀ ਨਸ਼ਿਆਂ ਵਿਰੁੱਧ ਪੈਦਲ ਯਾਤਰਾ



ਫਿਰੋਜ਼ਪੁਰ, 9 ਫਰਵਰੀ (ਤਿਵਾੜੀ): ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਹੇਠ 10 ਫ਼ਰਵਰੀ ਨੂੰ ਫਿਰੋਜ਼ਪੁਰ ਵਿਖੇ 'ਨਸ਼ਿਆਂ ਵਿਰੁੱਧ ਪੈਦਲ ਯਾਤਰਾ' ਕੱਢੀ ਜਾਵੇਗੀ, ਜਿਸ ਦੀ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਦੀਪਸ਼ਿਖ਼ਾ ਸ਼ਰਮਾ ਵੱਲੋਂ ਸਰਕਟ ਹਾਊਸ ਵਿਖੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਤੋਂ ਉਨ੍ਹਾਂ ਵੱਲੋਂ ਇਸ ਪ੍ਰੋਗਰਾਮ ਸਬੰਧੀ ਹੁਣ ਤੱਕ ਕੀਤੇ ਗਏ ਕੰਮਾਂ ਦੀ ਜਾਣਕਾਰੀ ਲਈ ਗਈ ਤੇ ਬਾਕੀ ਰਹਿੰਦੇ ਕੰਮਾਂ ਨੂੰ ਜਲਦ ਤੋਂ ਜਲਦ ਪੂਰਾ ਕਰਨ ਦੀ ਹਦਾਇਤ ਕੀਤੀ ਗਈ।ਇਸ ਉਪਰੰਤ ਉਨ੍ਹਾਂ ਵੱਲੋਂ ਰੈਲੀ ਵਾਲੇ ਸ਼ੁਰੂਆਤੀ ਸਥਾਨ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਤੇ ਸਮਾਪਤੀ ਸਥਾਨ ਸਕੂਲ ਆਫ ਐਮੀਨੈਂਸ ਫਿਰੋਜ਼ਪੁਰ ਸ਼ਹਿਰ ਵਿਖੇ ਪਹੁੰਚ ਕੇ ਵੀ ਕੀਤੀਆਂ ਜਾ ਰਹੀਆਂ ਤਿਆਰੀਆਂ ਤੇ ਹੋਰ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਰਾਜਪਾਲ ਦੀ ਅਗਵਾਈ ਵਿੱਚ ਨਸ਼ਿਆਂ ਵਿਰੁੱਧ ਪੈਦਲ ਯਾਤਰਾ 10 ਫ਼ਰਵਰੀ 2026 ਨੂੰ ਸਾਰਾਗੜ੍ਹੀ ਮੈਮੋਰੀਅਲ ਫ਼ਿਰੋਜ਼ਪੁਰ ਛਾਉਣੀ ਤੋਂ ਸ਼ੁਰੂ ਹੋ ਕੇ ਸਰਕਾਰੀ ਸਕੂਲ ਆਫ ਐਮੀਨੈਂਸ ਫ਼ਿਰੋਜ਼ਪੁਰ ਸ਼ਹਿਰ ਤੱਕ ਜਾਵੇਗੀ। ਇਸ ਦੌਰਾਨ ਪੰਜਾਬ ਦੇ ਰਾਜਪਾਲ ਲੋਕਾਂ ਦੇ ਨਾਮ ਆਪਣਾ ਸੰਦੇਸ਼ ਵੀ ਦੇਣਗੇ। ਇਸ ਪੈਦਲ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ, ਯੂਥ ਕਲੱਬਾਂ ਦੇ ਮੈਂਬਰ, ਵਲੰਟੀਅਰ ਅਤੇ ਗੈਰ-ਸਰਕਾਰੀ ਸੰਸਥਾਵਾਂ (ਐਨ.ਜੀ.ਓਜ਼) ਆਦਿ ਸ਼ਾਮਿਲ ਹੋ ਕੇ ਨਸ਼ੇ ਤਿਆਗਣ ਤੇ ਨਸ਼ਿਆਂ ਦੇ ਖਾਤਮੇ ਲਈ ਇੱਕਜੁਟ ਹੋਣ ਦਾ ਸੱਦਾ ਦੇਣਗੇ। ਇਸ ਮੌਕੇ ਐਸ.ਐਸ.ਪੀ ਭੁਪਿੰਦਰ ਸਿੰਘ ਸਿੱਧੂ, ਵਧੀਕ ਡਿਪਟੀ ਕਮਿਸ਼ਨਰ (ਜ.) ਨਿਧੀ ਕੁਮੁਦ ਬੰਬਾਹ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਰਵਿੰਦ ਕੁਮਾਰ, ਐਸਡੀਐਮ ਫਿਰੋਜ਼ਪਰ ਮੈਡਮ ਲਿੰਧਿਆ, ਐਸਡੀਐਮ ਜ਼ੀਰਾ ਅਰਵਿੰਦਰਪਾਲ ਸਿੰਘ ਹਾਜ਼ਰ ਸਨ।

# ਭਾਰਤੀ ਵਿਸ਼ੇਸ਼ ਪਛਾਣ ਅਥਾਰਟੀ ਨੇ 83 ਹਜ਼ਾਰ ਸਕੂਲਾਂ 'ਚ ਬੱਚਿਆਂ ਦਾ ਲਾਜ਼ਮੀ ਬਾਇਓਮੀਟ੍ਰਿਕ ਅਪਡੇਟ ਕਰਕੇ ਕਾਮਯਾਬੀ ਹਾਸਲ ਕੀਤੀ

ਨਵੀਂ ਦਿੱਲੀ, 9 ਫਰਵਰੀ (ਚ.ਨ.ਸ): ਭਾਰਤੀ ਵਿਸ਼ੇਸ਼ ਪਛਾਣ ਅਥਾਰਟੀ (ਯੂਆਈਡੀਏਆਈ) ਨੇ ਦੇਸ਼ ਭਰ ਦੇ 83 ਹਜ਼ਾਰ ਸਕੂਲਾਂ ਵਿਚ ਇਕ ਕਰੋੜ ਤੋਂ ਵੱਧ ਸਕੂਲੀ ਬੱਚਿਆਂ ਦਾ ਲਾਜ਼ਮੀ ਬਾਇਓਮੀਟ੍ਰਿਕ ਅਪਡੇਟ (ਐਮਬੀਯੂ) ਕਰ ਕੇ ਵੱਡੀ ਕਾਮਯਾਬੀ ਹਾਸਲ ਕੀਤੀ ਹੈ। ਪੰਜ ਸਾਲ ਤੋਂ ਘੱਟ ਉਮਰ ਦੇ ਬੱਚੇ ਆਧਾਰ ਲਈ ਫੋਟੋ, ਨਾਂ, ਜਨਮ ਤਰੀਕ, ਲਿੰਗ, ਪਤਾ ਤੇ ਜਨਮ ਸਰਟੀਫਿਕੇਟ ਦੇ ਕੇ ਰਜਿਸਟਰ ਕਰਵਾ ਸਕਦੇ ਹਨ ਪਰ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਆਧਾਰ ਰਜਿਸਟ੍ਰੇਸ਼ਨ ਲਈ ਅੰਗੂਠੇ ਦੇ ਨਿਸ਼ਾਨ ਤੇ ਆਇਰਿਸ ਬਾਇਓਮੀਟ੍ਰਿਕਸੇ ਨਹੀਂ ਲਏ ਜਾਂਦੇ ਕਿਉਂਕਿ ਇਹ ਸੰਕੇਤਕ ਉਦੋਂ ਤੱਕ ਪਰਿਪੱਕ ਨਹੀਂ ਹੁੰਦੇ। ਇਸ ਲਈ ਪੰਜ ਤੋਂ 15 ਸਾਲ ਦੀ ਉਮਰ ਵਿਚ ਐਮਬੀਯੂ ਤਹਿਤ ਅੰਗੂਠੇ ਦੇ ਨਿਸ਼ਾਨ ਅਤੇ ਆਇਰਿਸ ਅਪਡੇਟ ਕਰਵਾਉਣਾ ਲਾਜ਼ਮੀ ਹੈ। ਐਮਬੀਯੂ ਨਾ ਕਰਨ 'ਤੇ ਵੱਖ-ਵੱਖ ਸਰਕਾਰੀ ਯੋਜਨਾਵਾਂ ਦੇ ਲਾਭ ਪ੍ਰਾਪਤ ਕਰਨ ਅਤੇ ਮੁਕਾਬਲੇ ਤੇ ਸਕੂਲੀ ਪ੍ਰੀਖਿਆਵਾਂ ਵਿਚ ਰਜਿਸਟ੍ਰੇਸ਼ਨ ਦੌਰਾਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਯੂਆਈਡੀਏਆਈ ਨੇ ਸੱਤ ਤੋਂ 15 ਸਾਲ ਦੇ ਬੱਚਿਆਂ ਲਈ ਇਕ ਅਕਤੂਬਰ ਤੋਂ ਇਕ ਸਾਲ ਦੀ ਮਿਆਦ ਲਈ ਐਮਬੀਯੂ ਨੂੰ ਮੁਫ਼ਤ ਕਰ ਦਿੱਤਾ ਹੈ। ਇਸ ਦੇ ਨਾਲ ਹੀ ਪੰਜ ਤੋਂ ਸੱਤ ਸਾਲ ਅਤੇ 15-17 ਸਾਲ ਦੇ ਬੱਚਿਆਂ ਵੱਲੋਂ ਐਮਬੀਯੂ ਸੇਵਾ ਮੁਫ਼ਤ ਰਹੇਗੀ। ਬਿਆਨ ਵਿਚ ਕਿਹਾ ਗਿਆ ਹੈ ਕਿ ਯੂਆਈਡੀਏਆਈ ਨੇ ਦੇਸ਼ ਭਰ ਦੇ 83 ਹਜ਼ਾਰ ਸਕੂਲਾਂ ਵਿਚ ਪੜ੍ਹਨ ਵਾਲੇ ਇਕ ਕਰੋੜ ਤੋਂ ਵੱਧ ਬੱਚਿਆਂ ਦੇ ਐਮਬੀਯੂ ਪੂਰੇ ਕਰਨ ਦਾ ਮੀਲ ਦਾ ਪੱਥਰ ਪਾਰ ਕਰ ਲਿਆ ਹੈ। ਯੂਆਈਡੀਏਆਈ ਨੇ ਸਤੰਬਰ 2025 ਵਿਚ ਸਕੂਲੀ ਵਿਦਿਆਰਥੀਆਂ ਲਈ ਵਿਸ਼ੇਸ਼ ਐਮਬੀਯੂ ਮੁਹਿੰਮ ਸ਼ੁਰੂ ਕੀਤੀ ਸੀ। ਇਹ ਮੁਹਿੰਮ ਯੂਨੀਫਾਈਡ ਡਿਸਟ੍ਰਿਕਟ ਇੰਫਰਮੇਸ਼ਨ ਸਿਸਟਮ ਫਾਰ ਐਜੂਕੇਸ਼ਨ ਪਲੱਸ (ਯੂਡੀਆਈਐਸਈ+) ਐਪ ਨਾਲ ਸਫਲ ਤਕਨੀਕੀ ਏਕੀਕਰਨ ਤੋਂ ਬਾਅਦ ਸ਼ੁਰੂ ਕੀਤੀ ਗਈ ਸੀ ਜਿਸ ਨਾਲ ਸਕੂਲਾਂ ਵਿਚ ਬੱਚਿਆਂ ਦੇ ਐਮਬੀਯੂ ਦੀ ਸਥਿਤੀ ਨੂੰ ਦੇਖਣਾ ਸੰਭਵ ਹੋਇਆ। ਮਿਸ਼ਨ ਮੋਡ ਵਿਚ ਸਿਰਫ ਪੰਜ ਮਹੀਨਿਆਂ ਵਿਚ 83 ਹਜ਼ਾਰ ਸਕੂਲਾਂ ਵਿਚ ਐਮਬੀਯੂ ਕੈਂਪ ਲਗਵਾਏ ਗਏ।ਬਿਆਨ ਵਿਚ ਕਿਹਾ ਗਿਆ, ਇਹ ਮੁਹਿੰਮ ਉਦੋਂ ਤੱਕ ਚੱਲੇਗੀ ਜਦੋਂ ਤੱਕ ਦੇਸ਼ ਦੇ ਸਾਰੇ ਸਕੂਲਾਂ ਨੂੰ ਕਵਰ ਨਹੀਂ ਕੀਤਾ ਜਾਂਦਾ। ਇਸ ਪਹਿਲ ਨਾਲ ਹੁਣ ਤੱਕ 83,000 ਸਕੂਲਾਂ ਦੇ ਇਕ ਕਰੋੜ ਬੱਚੇ ਫਾਇਦਾ ਲੈ ਚੁੱਕੇ ਹਨ ਅਤੇ ਹੋਰ ਬੱਚਿਆਂ ਦੇ ਫਾਇਦਾ ਪ੍ਰੁੱਜਣ ਦੀ ਉਮੀਦ ਹੈ। ਸਕੂਲਾਂ ਵਿਚ ਲਗਾਏ ਗਏ ਕੈਂਪ ਤੋਂ ਇਲਾਵਾ ਬੱਚੇ ਦੇਸ਼ ਭਰ ਵਿਚ ਚੱਲ ਰਹੇ ਕਿਸੇ ਵੀ ਆਧਾਰ ਰਜਿਸਟ੍ਰੇਸ਼ਨ ਕੇਂਦਰ ਤੇ ਆਧਾਰ ਸੇਵਾ ਕੇਂਦਰਾਂ 'ਤੇ ਵੀ ਆਪਣਾ ਐਮਬੀਯੂ ਪੂਰਾ ਕਰ ਸਕਦੇ ਹਨ।

# ਪੁਲਿਸ ਵੱਲੋਂ ਇੱਕ ਕਾਰ, ਨਗਦੀ ਤੇ ਹੈਰੋਇਨ ਬ੍ਰਾਮਦ



ਮੋਗਾ, 9 ਫਰਵਰੀ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਪੁਲਿਸ ਦੇ ਥਾਣਾ ਫਤਹਿਗੜ੍ਹ ਪੰਜਤੂਰ ਨੂੰ ਉਸ ਵੇਲੇ ਸਫ਼ਲਤਾ ਮਿਲੀ, ਜਦੋਂ ਏਐਸਆਈ ਸੁਰਿੰਦਰ ਕੁਮਾਰ ਪੁਲਿਸ ਪਾਰਟੀ ਨਾਲ ਗਸ਼ਤ ਲਗਾ ਰਹੇ ਸੀ ਤਾਂ ਸੁਰਿੰਦਰ ਕੁਮਾਰ ਨੂੰ ਇਤਲਾਹ ਮਿਲੀ ਕਿ ਗੁਰਜੀਤ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਕਰੇਹੇ ਵਾਲਾ ਜੋ ਕਿ ਹੈਰੋਇਨ ਵੈਸ਼ਨ ਦਾ ਕੰਮ ਕਰਦਾ ਹੈ, ਅੱਜ ਵੀ ਦਾਣਾ ਮੰਡੀ ਵਿਚ ਗ੍ਰਾਹਕ ਦੀ ਉਡੀਕ ਕਰ ਰਿਹਾ ਹੈ, ਮੁਖਬਰ ਵਲੋਂ ਦੱਸੀ ਗਈ ਜਗ੍ਹਾ 'ਤੇ ਛਾਪੇਮਾਰੀ ਕਰਕੇ ਗੁਰਜੀਤ ਸਿੰਘ ਪੁੱਤਰ ਅਮਰੀਕ ਸਿੰਘ ਨੂੰ ਗ੍ਰਿਫਤਾਰ ਕੀਤਾ ਗਿਆ, ਜਿਸ ਦੇ ਪਾਸੋਂ 2 ਲੱਖ ਰੁਪਏ ਡਰੱਗ ਮਨੀ 7 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਤੇ ਨਾਲ ਕਾਰ ਇੰਡਿਕਾ ਵਿਸਟਾ ਪੀਬੀ 29 ਆਰ 0570 ਫੜ ਲਈ, ਉਸ 'ਤੇ ਮੁਕੱਦਮਾ ਨੰਬਰ 11 ਮਿਤੀ 07.02.2026 ਅ/ਧ 21,27B 61-85 NDPS ACT ਅਧੀਨ ਗ੍ਰਿਫਤਾਰ ਕਰ ਲਿਆ ਹੈ, ਦੋਸ਼ੀ ਗੁਰਜੀਤ ਸਿੰਘ ਨੂੰ ਅੱਜ ਮਾਨਯੋਗ ਅਦਾਲਤ ਵਿਚ ਰਿਮਾਂਡ ਹਾਸਲ ਕਰਕੇ ਇਸ ਦੇ ਬੈਕਵਰਡ ਤੇ ਫੋਰਵਰਡ ਲਿੰਕ ਦੀ ਜਾਂਚ ਕੀਤੀ ਜਾਵੇਗੀ।

# ਗੁ. ਸ੍ਰੀ ਪ੍ਰਕਾਸ਼ਪੁਰਾ ਸਾਹਿਬ ਲਾਂਬੜਾ ਕਾਂਗੜੀ ਵਿਖੇ ਸਮਾਗਮ 14 ਨੂੰ

ਭੋਗਪੁਰ, 9 ਫਰਵਰੀ (ਅਮਰਜੀਤ ਸਿੰਘ ਸੈਣੀ): ਸ੍ਰੀਮਾਨ ਸੰਤ ਬਾਬਾ ਹਰਭਜਨ ਸਿੰਘ ਜੀ ਮਿਰਜਾਪੁਰ ਜੰਡੇ ਵਾਲੇ ਰਾਜ ਯੋਗੀ ਰਾਜ ਤਪੱਸਵੀ ਬ੍ਰਹਮ ਗਿਆਨੀ ਸੱਚਖੰਡ ਵਾਸੀ ਗੁਰਦੁਆਰਾ ਸ੍ਰੀ ਸੁਖ ਸਾਗਰ ਸਾਹਿਬ ਮਿਰਜਾਪੁਰ ਜੰਡੇ ਪਟਿਆਲੇ ਵਾਲਿਆਂ ਦੀ ਮਿੱਠੀ ਯਾਦ ਵਿੱਚ ਬਰਸੀ ਸਮਾਗਮ 12 ਫਰਵਰੀ ਤੋਂ ਲੈ ਕੇ 14 ਫਰਵਰੀ ਤੱਕ ਗੁਰਦੁਆਰਾ ਸ੍ਰੀ ਪ੍ਰਕਾਸ਼ਪੁਰਾ ਸਾਹਿਬ ਲਾਂਬੜਾ ਕਾਂਗੜੀ ( ਹੁਸ਼ਿਆਰਪੁਰ ) ਵਿਖੇ ਮਹਾਨ ਸੰਤ ਸਮਾਗਮ ਕਰਵਾਇਆ ਜਾ ਰਿਹਾ ਹੈ, ਸਮਾਗਮ ਵਿੱਚ ਅਨੇਕਾਂ ਹੀ ਮਹਾਂਪੁਰਖ ਪਹੁੰਚ ਕੇ ਗੁਰਬਾਣੀ ਕਥਾ ਕੀਰਤਨ ਦੁਬਾਰਾ ਸੰਗਤਾਂ ਨੂੰ ਨਿਹਾਲ ਕਰਨਗੇ ਸੰਤ ਬਾਬਾ ਜਸਵੀਰ ਸਿੰਘ ਜੀ ਲਾਂਬੜੇ ਵਾਲਿਆਂ ਨੇ ਸਮੂਹ ਸੰਗਤਾਂ ਨੂੰ ਬੇਨਤੀ ਕਰਦੇ ਹੋਏ ਕਿਹਾ ਕਿ ਸ੍ਰੀ ਅਖੰਡ ਪਾਠ ਸਾਹਿਬ ਜੀ ਭੋਗ ਤੇ ਕੀਰਤਨ ਦਰਬਾਰ 14 ਫਰਵਰੀ 2026 ਦਿਨ ਵੀਰਵਾਰ ਨੂੰ ਹੋ ਰਹੇ ਹਨ । ਸੰਗਤਾਂ ਵੱਧ ਚੜ੍ਹ ਕੇ ਹਾਜ਼ਰੀਆਂ ਭਰਨ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਤੇ ਜੀਵਨ ਸਫਲ ਕਰਨ। ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਮਹਾਂਪੁਰਖ ਸੰਤ ਬਾਬਾ ਗੁਰਪ੍ਰੀਤ ਸਿੰਘ ਜੀ ਮਿਰਜਾਪੁਰ ਜੰਡੇ ਵਾਲੇ, ਭਾਈ ਸੁਰਿੰਦਰ ਸਿੰਘ ਜੀ ਜਥਾ ਢੱਡਰੀਆਂ ਵਾਲੇ, ਭਾਈ ਅਰਸ਼ਦੀਪ ਸਿੰਘ ਜੀ ਲਿੱਦੜਾਂ ਵਾਲੇ, ਬਾਬਾ ਬਲਬੀਰ ਸਿੰਘ ਜੀ ਬਿਰਧ ਆਸ਼ਰਮ ਹਰਿਆਣੇ ਵਾਲੇ, ਬਾਬਾ ਹਰਪ੍ਰੀਤ ਸਿੰਘ ਜੀ ਟਾਲੀ ਸਾਹਿਬ ਵਾਲੇ ਤੇ ਬਾਬਾ ਜਸਪ੍ਰੀਤ ਸਿੰਘ ਜੀ ਭਾਗੋਵਾਲ ਲੱਧਾ ਵਾਲੇ ਹਾਜ਼ਰੀਆਂ ਭਰ ਰਹੇ ਹਨ।



# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਫਿਰੋਜ਼ਪੁਰ ਤੋਂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਬੱਸ ਰਵਾਨਾ: ਵਿਧਾਇਕ ਰਾਏ

ਸ੍ਰੀ ਫਤਹਿਗੜ੍ਹ ਸਾਹਿਬ, 9 ਫਰਵਰੀ (ਹਰਪ੍ਰੀਤ ਕੌਰ ਟਿਵਾਣਾ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਯਾਤਰੀਆਂ ਲਈ ਆਵਾਜਾਈ, ਰਹਿਣ-ਸਹਿਣ ਤੇ ਖਾਣ-ਪੀਣ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਕੀਤਾ ਗਿਆ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਹਲਕੇ ਦੇ ਪਿੰਡ ਫਿਰੋਜ਼ਪੁਰ ਤੋਂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਬੱਸ ਰਵਾਨਾ ਕਰਨ ਮੌਕੇ ਕੀਤਾ। ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਦੱਸਿਆ ਕਿ ਇਹ ਬੱਸ ਸ਼ਰਧਾਲੂਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਰਾਮ ਤੀਰਥ ਮੰਦਰ, ਸ੍ਰੀ ਦੁਰਗਿਆਨਾ ਮੰਦਿਰ ਤੇ ਵਾਹਗਾ ਬਾਰਡਰ ਲੈ ਕੇ ਜਾਵੇਗੀ।ਉਨ੍ਹਾਂ ਕਿਹਾ ਕਿ ਯਾਤਰੀਆਂ ਲਈ ਸਮੁੱਚਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਯਾਤਰੀ ਨੂੰ ਕੋਈ ਅਸੁਵਿਧਾ ਨਾ ਹੋਵੇ।ਉਨ੍ਹਾਂ ਕਿਹਾ ਕਿ ਬਜ਼ੁਰਗ ਅਵਸਥਾ ਵਿਚ ਹੋਣ ਕਾਰਨ ਸ਼ਰਧਾਲੂ ਤੀਰਥ ਸਥਾਨਾਂ ਵਿਖੇ ਜਾਣ ਤੋਂ ਵਾਂਝੇ ਰਹਿ ਜਾਂਦੇ ਸਨ, ਇਸ ਕਰਕੇ ਪੰਜਾਬ ਸਰਕਾਰ ਵੱਲੋਂ ਇਕ ਚੰਗਾ ਉਪਰਾਲਾ ਕਰਦਿਆਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਚਲਾਈ ਗਈ। ਉਨ੍ਹਾਂ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਦੀ ਸ਼ਰਧਾ ਤੇ ਆਸਥਾ ਨੂੰ ਦੇਖਦਿਆਂ ਇਹ ਲੋਕ ਹਿਤ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅਜਿਹੀਆਂ ਲੋਕ ਭਲਾਈ ਸਕੀਮਾਂ ਰਾਹੀਂ ਹਰ ਵਰਗ ਤੱਕ ਸਹੂਲਤਾਂ ਪਹੁੰਚਾਈਆਂ ਜਾ ਰਹੀਆਂ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿਤਪਾਲ ਸਿੰਘ ਜੱਸੀ, ਬਹਾਦਰ ਜਲਾਲ, ਕੁਲਵਿੰਦਰ ਸਿੰਘ ਡੇਰਾ, ਪ੍ਰਹਿਲਾਦ ਸਿੰਘ, ਪੰਚਾਇਤ ਸੈਕਟਰੀ ਰਵਿੰਦਰ ਸਿੰਘ, ਵੀ ਐਸ ਐਸ ਦੇ ਹਲਕਾ ਇੰਚਾਰਜ ਪੀਏ ਸਤੀਸ਼ ਕੁਮਾਰ ਲਟੌਰ, ਬਹਾਦਰ ਜਲਾਲ, ਗੁਰਦਰਸ਼ਨ ਸਿੰਘ ਹਨੀ, ਹਰਬੰਸ ਸਿੰਘ ਜੰਡਾਲੀ, ਰਵੀ ਚੀਮਾ ਹਰਲਾਲਪੁਰਾ, ਜਗਰੂਪ ਸਿੰਘ ਸ਼ਹਿਜ਼ਾਦਪੁਰ ਅਤੇ ਹੋਰ ਪਿੰਡ ਦੇ ਪੰਚ ਸਾਹਿਬਾਨ ਤੇ ਯਾਤਰੀ ਹਾਜ਼ਰ ਸਨ।



# ਦੇਸ਼ ਭਗਤ ਯੂਨੀਵਰਸਿਟੀ ਨੂੰ ਦੁਬਈ ਦੇ ਵਿਸ਼ਵ ਸਿੱਖਿਆ ਸੰਮੇਲਨ ਤੇ ਪੁਰਸਕਾਰ ਵੰਡ 'ਚ ਕੀਤਾ ਸਨਮਾਨਿਤ

ਮੰਡੀ ਗੋਬਿੰਦਗੜ੍ਹ, 9 ਫਰਵਰੀ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਨੂੰ ਦੁਬਈ ਵਿੱਚ ਕਰਵਾਏ ਗਏ 35ਵੇਂ ਵਿਸ਼ਵ ਸਿੱਖਿਆ ਸੰਮੇਲਨ ਤੇ ਪੁਰਸਕਾਰ ਵੰਡ ਵਿੱਚ ਅਕਾਦਮਿਕ ਲੀਡਰਸ਼ਿਪ, ਨਵੀਨਤਾ ਅਤੇ ਵਿਦਿਅਕ ਪਰਿਵਰਤਨ ਲਈ ਗਲੋਬਲ ਪ੍ਰਭਾਵ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਇਹ ਵੱਕਾਰੀ ਸਨਮਾਨ ਯੂਨੀਵਰਸਿਟੀ ਦੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਨੇ ਰਵੀ ਗੁਪਤਾ ਸੀਈਓ ਸੰਸਥਾਪਕ ਤੇ ਈਲੇਟਸ ਟੈਕਨੋਮੀਡੀਆ ਤੋਂ ਪ੍ਰਾਪਤ ਕੀਤਾ ਤੇ ਪ੍ਰਸਿੱਧ ਗਲੋਬਲ ਸਿੱਖਿਆ ਫੋਰਮ ਵਿੱਚ ਯੂਨੀਵਰਸਿਟੀ ਦੀ ਨੁਮਾਇੰਦਗੀ ਕੀਤੀ। ਉਨ੍ਹਾਂ ਇੱਕ ਪੈਨਲਿਸਟ ਵਜੋਂ ਵੀ ਹਿੱਸਾ ਲਿਆ। ਉਨ੍ਹਾਂ ਸੰਸਥਾਗਤ ਲੀਡਰਸ਼ਿਪ, ਨਵੀਨਤਾ-ਅਧਾਰਤ ਸਿੱਖਿਆ ਤੇ ਵਿਸ਼ਵਵਿਆਪੀ ਗਿਆਨ ਅਰਥਵਿਵਸਥਾ ਲਈ ਗ੍ਰੈਜੂਏਟਾਂ ਨੂੰ ਤਿਆਰ ਕਰਨ ਵਿੱਚ ਯੂਨੀਵਰਸਿਟੀਆਂ ਦੀ ਵਿਕਸਤ ਭੂਮਿਕਾ ਬਾਰੇ ਵੀ ਵਿਚਾਰ ਪੇਸ਼ ਕੀਤੇ। ਡਾ. ਸੰਦੀਪ ਸਿੰਘ ਨੇ ਕਿਹਾ ਕਿ ਇਹ ਵਿਸ਼ਵਵਿਆਪੀ ਮਾਨਤਾ ਦੇਸ਼ ਭਗਤ ਯੂਨੀਵਰਸਿਟੀ ਦੀ ਅਕਾਦਮਿਕ ਉੱਤਮਤਾ, ਨਵੀਨਤਾ ਤੇ ਸਮਾਜਿਕ ਤੌਰ 'ਤੇ ਪ੍ਰਭਾਵਸ਼ਾਲੀ ਸਿੱਖਿਆ ਪ੍ਰਤੀ ਸਮੂਹਿਕ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉੱਚ ਸਿੱਖਿਆ ਸੰਸਥਾਵਾਂ ਨੂੰ ਡਿਗਰੀਆਂ ਪ੍ਰਦਾਨ ਕਰਨ ਤੋਂ ਉਪਰ ਉੱਠ ਕੇ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਨੂੰ ਨੈਤਿਕ ਲੀਡਰਸ਼ਿਪ ਦਾ ਪਾਲਣ ਪੋਸ਼ਣ ਕਰਨਾ ਚਾਹੀਦਾ ਹੈ, ਖੋਜ-ਅਧਾਰਤ ਹੱਲਾਂ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਤੇ ਕੌਮੀ ਕਦਰਾਂ-ਕੀਮਤਾਂ ਦੀਆਂ ਜੜ੍ਹਾਂ ਨੂੰ ਮਜ਼ਬੂਤ ਰੱਖਦੇ ਹੋਏ ਸਿੱਖਿਆ ਨੂੰ ਵਿਸ਼ਵਵਿਆਪੀ ਤਰਜੀਹਾਂ ਨਾਲ ਜੋੜਨਾ ਚਾਹੀਦਾ ਹੈ। ਇਹ ਸਨਮਾਨ ਸਾਨੂੰ ਯੂਨੀਵਰਸਿਟੀ ਦੀ ਵਿਸ਼ਵਵਿਆਪੀ ਸ਼ਮੂਲੀਅਤ ਨੂੰ ਮਜ਼ਬੂਤ ਕਰਨ ਅਤੇ ਪਰਿਵਰਤਨਸ਼ੀਲ ਅਕਾਦਮਿਕ ਯਾਤਰਾ ਨੂੰ ਜਾਰੀ ਰੱਖਣ ਲਈ ਹੋਰ ਪ੍ਰੇਰਿਤ ਕਰਦਾ ਹੈ ਤੇ ਯੂਨੀਵਰਸਿਟੀ ਦੇ ਗੁਣਵੱਤਾ ਸਿੱਖਿਆ, ਅੰਤਰ-ਅਨੁਸ਼ਾਸਨੀ ਨਵੀਨਤਾ, ਵਿਸ਼ਵਵਿਆਪੀ ਸਹਿਯੋਗ ਤੇ ਸਿੱਖਿਆਰਥੀ-ਕੇਂਦ੍ਰਿਤ ਅਕਾਦਮਿਕ ਪਰਿਵਰਤਨ ਨੂੰ ਅੱਗੇ ਵਧਾਉਣ ਵਿੱਚ ਨਿਰੰਤਰ ਯਤਨਾਂ ਨੂੰ ਮਾਨਤਾ ਦਿੰਦਾ ਹੈ।



# ਨਰਾਇਣਗੜ੍ਹ ਸਕੂਲ ਵਿਖੇ ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ



ਅਮਲੋਹ, 9 ਫਰਵਰੀ (ਜਸਵੰਤ ਸਿੰਘ): ਪੀਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਰਾਇਣਗੜ੍ਹ ਵਿਖੇ ਸਲਾਨਾ ਇਨਾਮ ਵੰਡ ਸਮਾਗਮ ਕਰਵਾਇਆ ਗਿਆ। ਰਾਜੇਸ਼ ਕੁਮਾਰ ਨੇ ਦੱਸਿਆ ਕਿ ਗੁਰਦਿਆਲ ਸਿੰਘ ਹੰਸਰਾਂ ਚੈਰੀਟੇਬਲ ਵਿੱਦਿਅਕ ਟਰੱਸਟ ਤੇ ਸੁਰਜੀਤ ਸਿੰਘ ਸੰਧੂ ਚੈਰੀਟੇਬਲ ਵਿੱਦਿਅਕ ਟਰੱਸਟ ਨਰਾਇਣਗੜ੍ਹ ਦੇ ਸਹਿਯੋਗ ਨਾਲ ਪ੍ਰਿੰਸੀਪਲ ਸਿਕੰਦਰ ਸਿੰਘ ਗਿੱਲ ਤੇ ਸਕੂਲ ਇੰਚਾਰਜ ਜਸਵਿੰਦਰ ਸਿੰਘ ਲੈਕਚਰਾਰ ਪੋਲ ਸਾਇੰਸ ਦੀ ਅਗਵਾਈ ਹੇਠ ਵਿੱਦਿਅਕ ਸ਼ੈਸਨ 2024-25 ਦੌਰਾਨ ਜਮਾਨਾਂ ਵਿੱਚ ਪਹਿਲੀਆਂ ਤਿੰਨ ਪੁਜੀਸ਼ਨਾਂ ਤੇ ਸਾਲ 2025-26 ਦੌਰਾਨ ਸਹਿ ਅਕਾਦਮਿਕ ਗਤੀਵਿਧੀਆਂ ਐਨਸੀਸੀ, ਐਨਐਸਐਸ, ਖੇਡਾਂ, ਸੱਭਿਆਚਾਰਕ, ਪੇਂਟਿੰਗ, ਗਣਿਤ-ਸਾਇੰਸ ਤੇ ਹੋਰ ਮੁਕਾਬਲਿਆਂ ਵਿਚ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ। ਇਸ ਸਕੂਲ ਦੇ ਅੰਗਰੇਜੀ ਅਧਿਆਪਕ ਵਰਿੰਦਰ ਸਿੰਘ ਤੇ ਹਿਸਾਬ ਅਧਿਆਪਕ ਬਲਜਿੰਦਰ ਘਈ ਜਿਨ੍ਹਾਂ ਨੇ ਜ਼ਿਲ੍ਹਾ ਪੱਧਰੀ ਟੀਚਰ ਫੈਸਟ-2025 ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਸੀ, ਦਾ ਵੀ ਸਨਮਾਨ ਕੀਤਾ ਗਿਆ। ਸਮਾਗਮ ਵਿੱਚ ਬਤੌਰ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦੋਂ ਕਿ ਸਮਾਗਮ ਦੀ ਪ੍ਰਧਾਨਗੀ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਦੀਦਾਰ ਸਿੰਘ ਮਾਂਗਟ ਨੇ ਕੀਤੀ ਤੇ ਬਲਾਕ ਸਿੱਖਿਆ ਅਫ਼ਸਰ ਅੱਛਰ ਪਾਲ ਸ਼ਰਮਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਸਟੇਜ ਦਾ ਫਰਜ਼ ਹਿੰਦੀ ਅਧਿਆਪਕ ਰਜੇਸ਼ ਕੁਮਾਰ ਨੇ ਬਾਖੂਬੀ ਨਿਭਾਇਆ। ਸਮਾਗਮ ਵਿੱਚ ਜ਼ਿਲ੍ਹਾ ਪਰਿਸ਼ਦ ਮੈਂਬਰ ਸ਼ਿੰਗਾਰਾ ਸਿੰਘ ਸਲਾਣਾ, ਸਮਿਤੀ ਮੈਂਬਰ ਰਣਜੀਤ ਸਿੰਘ ਪਨਾਗ, ਸਰਪੰਚ ਕੁਲਜੀਤ ਸਿੰਘ ਨਰਾਇਣਗੜ੍ਹ, ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਕੁਲਦੀਪ ਸਿੰਘ, ਹਰਦੀਪ ਸਿੰਘ ਧਾਰਨੀ, ਬਲਾਕ ਪ੍ਰਧਾਨ ਰਣਧੀਰ ਸਿੰਘ ਨਰਾਇਣਗੜ੍ਹ, ਮਾਸਟਰ ਹਰਜੀਤ ਸਿੰਘ ਗਰੇਵਾਲ, ਮੁਨੀਸ਼ ਗੁਪਤਾ ਓਐੱਸਡੀ, ਮਾਸਟਰ ਗੁਰਪ੍ਰੀਤ ਸਿੰਘ ਬੜਿੰਗ, ਸਾਬਕਾ ਸਰਪੰਚ ਗੁਰਪ੍ਰੀਤ ਸਿੰਘ ਨਰਾਇਣਗੜ੍ਹ, ਮਨਜੀਤ ਸਿੰਘ ਨਰਾਇਣਗੜ੍ਹ ਤੇ ਲੈਕਚਰਾਰ ਬਲਬੀਰ ਸਿੰਘ ਮੁਲਾਂਪੁਰੀ ਹਾਜ਼ਰ ਸਨ।

# ਨਵ-ਨਿਯੁਕਤ ਅਧਿਆਪਕਾਂ ਲਈ ਆਈਈਡੀ ਕੰਪੋਨੈਂਟ ਅਧੀਨ ਇੱਕ ਰੋਜ਼ਾ ਟ੍ਰੇਨਿੰਗ 'ਚ 650 ਅਧਿਆਪਕਾਂ ਨੇ ਲਿਆ ਭਾਗ

ਫ਼ਿਰੋਜ਼ਪੁਰ, 9 ਫਰਵਰੀ (ਤਿਵਾੜੀ): ਪੰਜਾਬ ਸਰਕਾਰ ਵੱਲੋਂ ਸਮਗਰਾ ਸਿੱਖਿਆ ਅਭਿਆਨ ਤਹਿਤ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਦਿਵਿਆਂਗ (ਵਿਸ਼ੇਸ਼ ਲੋੜਾਂ ਵਾਲੇ) ਵਿਦਿਆਰਥੀਆਂ ਨੂੰ ਗੁਣਵੱਤਾ ਭਰੀ, ਸਮਾਨ ਮੌਕੇ ਵਾਲੀ ਸਿੱਖਿਆ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ 2021 ਤੋਂ 2025 ਤੱਕ ਪ੍ਰਾਇਮਰੀ ਕੇਡਰ ਵਿੱਚ ਨਵੇਂ ਨਿਯੁਕਤ ਹੋਏ ਅਧਿਆਪਕਾਂ ਲਈ ਆਈਈਡੀ ਸ਼ਾਖਾ ਅਧੀਨ ਇੱਕ ਰੋਜ਼ਾ ਟ੍ਰੇਨਿੰਗ ਦਾਸ ਐਂਡ ਬਰਾਊਨ ਸਕੂਲ ਫ਼ਿਰੋਜ਼ਪੁਰ ਵਿਖੇ ਆਯੋਜਿਤ ਕੀਤੀ ਗਈ। ਇਸ ਟ੍ਰੇਨਿੰਗ ਵਿੱਚ ਜ਼ਿਲ੍ਹੇ ਦੇ ਲਗਭਗ 650 ਨਵ ਨਿਯੁਕਤ ਅਧਿਆਪਕਾਂ ਨੇ ਭਾਗ ਲਿਆ। ਟ੍ਰੇਨਿੰਗ ਦੌਰਾਨ ਅਧਿਆਪਕਾਂ ਨੂੰ ਦਿਵਿਆਂਗ ਵਿਦਿਆਰਥੀਆਂ ਦੀ ਪਛਾਣ, ਉਨ੍ਹਾਂ ਲਈ ਚੱਲ ਰਹੀਆਂ ਸਰਕਾਰੀ ਸਕੀਮਾਂ, ਸਹੂਲਤਾਂ, ਵਿਸ਼ੇਸ਼ ਗਤੀਵਿਧੀਆਂ ਤੇ ਇਨਕਲੂਸਿਵ ਸਿੱਖਿਆ ਦੇ ਅਸੂਲਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਇਹ ਟ੍ਰੇਨਿੰਗ ਆਈਈਡੀ ਸ਼ਾਖਾ ਅਧੀਨ ਜ਼ਿਲ੍ਹਾ ਸਪੈਸ਼ਲ ਐਜੂਕੇਟਰ ਕ੍ਰਿਸ਼ਨ ਮੋਹਨ ਚੌਬੇ ਤੇ ਸਪੈਸ਼ਲ ਐਜੂਕੇਟਰ ਰਾਜੇਸ਼ ਕੁਮਾਰ ਵੱਲੋਂ ਕਰਵਾਈ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ) ਫ਼ਿਰੋਜ਼ਪੁਰ ਸੁਨੀਤਾ ਰਾਣੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦਿਵਿਆਂਗ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਕਈ ਤਰ੍ਹਾਂ ਦੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ਤਾਂ ਜੋ ਉਹ ਆਪਣੀ ਪ੍ਰਤਿਭਾ ਨੂੰ ਪਛਾਣਦੇ ਹੋਏ ਸਮਾਜ ਦੀ ਮੁੱਖ ਧਾਰਾ ਨਾਲ ਜੁੜ ਕੇ ਸਨਮਾਨਜਨਕ ਜੀਵਨ ਬਤੀਤ ਕਰ ਸਕਣ।ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਦੌਰਾਨ ਅਧਿਆਪਕਾਂ ਨੂੰ ਪ੍ਰਸ਼ਾਸਨ ਅਤੇ ਸਿੱਖਿਆ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸਕਾਲਰਸ਼ਿਪ ਸਕੀਮਾਂ, ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪ੍ਰੀਖਿਆ ਸਮੇਂ ਦਿੱਤੀਆਂ ਜਾਣ ਵਾਲੀਆਂ ਵਿਸ਼ੇਸ਼ ਰਿਆਇਤਾਂ, ਜ਼ਿਲ੍ਹੇ ਅੰਦਰ ਕੰਮ ਕਰ ਰਹੇ ਸਪੈਸ਼ਲ ਅਧਿਆਪਕਾਂ ਦੀ ਕਾਰਜਸ਼ੈਲੀ ਅਤੇ ਦਿਵਿਆਂਗ ਵਿਦਿਆਰਥੀਆਂ ਨੂੰ ਬਿਹਤਰ ਜੀਵਨ ਜੀਣ ਯੋਗ ਬਣਾਉਣ ਸਬੰਧੀ ਜਾਣੂੰ ਕਰਵਾਇਆ ਗਿਆ।ਇਸ ਮੌਕੇ ਜ਼ਿਲ੍ਹਾ ਕੋਆਰਡੀਨੇਟਰ ਐਮਆਈਐਸ ਪਵਨ ਮਦਾਨ ਨੇ ਅਧਿਆਪਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਜ਼ਿਲ੍ਹੇ ਵਿੱਚ ਡਰਾਪਆਊਟ ਹੋ ਰਹੇ ਵਿਦਿਆਰਥੀਆਂ ਉੱਤੇ ਖਾਸ ਧਿਆਨ ਦੇਣ ਦੀ ਲੋੜ ਹੈ ਤਾਂ ਜੋ ਭਾਰਤ ਸਰਕਾਰ ਦੇ ਅਸਪੀਰੇਸ਼ਨਲ ਜ਼ਿਲ੍ਹਾ ਪ੍ਰੋਗਰਾਮ ਤਹਿਤ ਫ਼ਿਰੋਜ਼ਪੁਰ ਦੀ ਰੈਂਕਿੰਗ ਵਿੱਚ ਸੁਧਾਰ ਕੀਤਾ ਜਾ ਸਕੇ।



# ਨੈਸ਼ਨਲ ਡਿਗਰੀ ਕਾਲਜ 'ਚ ਗੁਰਮਤਿ ਗਿਆਨ ਸਬੰਧੀ ਸੈਮੀਨਾਰ ਕਰਵਾਇਆ



ਫਾਜ਼ਿਲਕਾ, 9 ਫਰਵਰੀ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਬੀਤੇ ਦਿਨ ਇਲਾਕੇ ਦੇ ਪ੍ਰਸਿੱਧ ਸਿੱਖਿਆ ਸੰਸਥਾਨ ਨੈਸ਼ਨਲ ਡਿਗਰੀ ਕਾਲਜ, ਚੁਵਾੜਿਆਂ ਵਾਲੀ (ਫਾਜ਼ਿਲਕਾ) ਵਿਖੇ ਗੁਰਮਤ ਗਿਆਨ ਸਬੰਧੀ ਇੱਕ ਸੈਮੀਨਾਰ ਕਰਵਾਇਆ ਗਿਆ। ਇਸ ਦੌਰਾਨ ਪਿੰਡ ਖਿਓ ਵਾਲੀ ਤੋਂ ਸਰਦਾਰ ਜਸਵੀਰ ਸਿੰਘ ਗ੍ਰੰਥੀ ਸਿੰਘ ਵਜੋਂ ਮੁੱਖ ਵਕਤਾ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗੁਰਮਤ ਗਿਆਨ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਜੀਵਨ ਵਿੱਚ ਇਸ ਦੇ ਅਹਿਮ ਯੋਗਦਾਨ 'ਤੇ ਰੌਸ਼ਨੀ ਪਾਈ। ਸੈਮੀਨਾਰ ਦੌਰਾਨ ਖੇਡਾਂ ਤੇ ਵਿਦਿਅਕ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਕਾਲਜ ਦੀ ਪ੍ਰਿੰਸੀਪਲ ਡਾ. ਰਚਨਾ ਮਹਿਰੋਕ ਨੇ ਗ੍ਰੰਥੀ ਸਾਹਿਬ ਦਾ ਧੰਨਵਾਦ ਕੀਤਾ ਤੇ ਵਿਦਿਆਰਥੀਆਂ ਨੂੰ ਮਨ ਲਾ ਕੇ ਪੜ੍ਹਾਈ ਕਰਨ ਤੇ ਜੀਵਨ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਦਾ ਸਮੂਹ ਸਟਾਫ ਹਾਜ਼ਰ ਰਿਹਾ।

# ਰਿਮਟ ਹਸਪਤਾਲ 'ਚ ਮਰੀਜ਼ਾਂ ਦੀ ਸਹੂਲਤ ਲਈ ਮੁਫ਼ਤ ਮੈਡੀਕਲ ਕੈਂਪ 12 ਨੂੰ

ਮੰਡੀ ਗੋਬਿੰਦਗੜ੍ਹ, 9 ਫਰਵਰੀ (ਸੂਦ): ਰਿਮਟ ਹਸਪਤਾਲ ਮੰਡੀ ਗੋਬਿੰਦਗੜ ਵਿੱਚ 12 ਫਰਵਰੀ ਨੂੰ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਹਸਪਤਾਲ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਕੈਂਪ ਵਿਚ ਅੱਖਾਂ, ਕੰਨ, ਦਿਲ, ਹੱਡੀਆਂ ਤੇ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ, ਇਸ ਤੋਂ ਬਿਨਾਂ ਖੂਨ ਦੇ ਸਾਰੇ ਟੈਸਟ ਫਰੀ ਕੀਤੇ ਜਾਣਗੇ। ਪ੍ਰਬੰਧਕਾਂ ਨੇ ਕਿਹਾ ਕਿ ਜੇਕਰ ਕਿਸੇ ਨੂੰ ਅਲਟਰਾਸਾਊਂਡ, ਸੀਟੀ ਸਕੈਨ, ਈਸੀਜੀ, ਖੂਨ ਦੀ ਜਾਂਚ ਤੇ ਐਕਸਰੇ ਆਦਿ ਕਰਵਾਉਣ ਦੀ ਲੋੜ ਪਵੇ ਤਾਂ ਉਹ ਵੀ ਸਾਰੇ ਮੁਫ਼ਤ ਕੀਤੇ ਜਾਣਗੇ।ਉਨ੍ਹਾਂ ਦੱਸਿਆ ਕਿ ਦਵਾਈਆਂ ਵੀ ਘੱਟ ਰੇਟ 'ਤੇ ਦਿੱਤੀਆਂ ਜਾਣਗੀਆਂ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਹਸਪਤਾਲ ਵਿਚ ਆਯੂਸ਼ਮਾਨ ਭਾਰਤ ਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਦੂਰਬੀਨ ਰਾਹੀਂ ਗੁਰਦੇ ਦੀ ਪੱਥਰੀ, ਦੂਰਬੀਨ ਰਾਹੀਂ ਗਦੂਦਾਂ, ਦੂਰਬੀਨ ਰਾਹੀਂ ਪਿਸ਼ਾਬ ਦੀ ਨਾਲੀ ਦੀ ਪੱਥਰੀ ਦਾ ਅਪਰੇਸ਼ਨ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਦੂਰਬੀਨ ਰਾਹੀਂ ਦਿਮਾਗ ਦੀ ਸਰਜਰੀ, ਦੂਰਬੀਨ ਰਾਹੀਂ ਰੀੜ ਦੀ ਹੱਡੀ ਦੀ ਸਰਜਰੀ ਤੇ ਨਵਜਾਤ ਬੱਚਿਆਂ ਦੀ ਦੇਖਭਾਲ ਆਦਿ ਦਾ ਵੀ ਪ੍ਰਬੰਧ ਹੈ।ਉਨ੍ਹਾਂ ਚੂਲੇ ਬਦਲਣ ਦਾ ਵੀ ਇਥੇ ਸਫ਼ਲ ਪ੍ਰਬੰਧ ਹੈ ਤੇ ਆਯੂਸ਼ਮਾਨ ਕਾਰਡ ਧਾਰਕਾਂ ਲਈ ਮੁਫ਼ਤ ਓਪੀਡੀ ਦਾ ਪ੍ਰਬੰਧ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਹਸਪਤਾਲ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਰਿਮਟ ਮੈਡੀਕਲ ਕਾਲਜ ਤੇ ਹਸਪਤਾਲ ਵਲੋਂ ਲੋਕਾਂ ਨੂੰ ਪੂਰੀ ਬੌਡੀ ਦੇ ਟੈਸਟ ਕਰਵਾਉਣ ਦੀ ਵੀ ਸਹੂਲਤ ਦਿੱਤੀ ਗਈ ਹੈ।



# ਵਰਲਡ ਹੈਲਥ ਕੇਅਰ ਚੈਰੀਟੇਬਲ ਸੁਸਾਇਟੀ ਨੇ ਸਿਵਲ ਹਸਪਤਾਲ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਕੈਂਸਰ ਜਾਗਰੂਕਤਾ ਕੈਂਪ ਲਗਾਇਆ

ਸ੍ਰੀ ਫ਼ਤਹਿਗੜ੍ਹ ਸਾਹਿਬ, 9 ਫਰਵਰੀ (ਹਰਪ੍ਰੀਤ ਕੌਰ ਟਿਵਾਣਾ): ਵਰਲਡ ਹੈਲਥ ਕੇਅਰ ਚੈਰੀਟੇਬਲ ਸੁਸਾਇਟੀ ਪੰਜਾਬ ਵੱਲੋਂ ਸਿਵਲ ਹਸਪਤਾਲ ਫਤਹਿਗੜ੍ਹ ਸਾਹਿਬ ਵਿਖੇ ਸਿਹਤ ਕੈਂਸਰ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਪਹੁੰਚੇ ਲੋਕਾਂ ਦੀ ਮੁਫ਼ਤ ਜਾਂਚ ਕੀਤੀ ਗਈ ਤੇ ਕੈਂਸਰ ਨਾਲ ਸਬੰਧਤ ਮੁਫ਼ਤ ਟੈਸਟ ਕੀਤੇ ਗਏ ਹਨ। ਕੈਂਪ ਦਾ ਜਾਇਜ਼ਾ ਲੈਣ ਲਈ ਵਿਧਾਇਕ ਲਖਬੀਰ ਸਿੰਘ ਰਾਏ ਨੇ ਵਿਸ਼ੇਸ ਤੌਰ 'ਤੇ ਸ਼ਿਰਕਤ ਕੀਤੀ।ਵਿਧਾਇਕ ਲਖਬੀਰ ਰਾਏ ਨੇ ਕਿਹਾ ਕਿ ਸੰਸਥਾ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ। ਅਜਿਹੇ ਕੈਂਪਾਂ ਦੇ ਨਾਲ ਅਸੀਂ ਲੋਕਾਂ ਨੂੰ ਜਾਗਰੂਕ ਕਰ ਸਕਦੇ ਹਾਂ ਤਾਂ ਜੋ ਉਹ ਕੈਂਸਰ ਵਰਗੀ ਭਿਆਨਕ ਬਿਮਾਰੀ ਤੋਂ ਬਚਣ ਲਈ ਸ਼ੁਰੂਆਤੀ ਲੱਛਣਾਂ ਵਿੱਚ ਹੀ ਆਪਣਾ ਇਲਾਜ ਕਰਵਾ ਸਕਣ।ਇਨਾਂ ਕੈਂਪਾਂ ਦੇ ਦੌਰਾਨ ਮੂੰਹ ਦਾ ਕੈਂਸਰ, ਗਲੇ ਦਾ ਕੈਂਸਰ, ਔਰਤਾਂ ਦੀ ਛਾਤੀ ਦਾ ਕੈਂਸਰ, ਗਦੂਦ ਦਾ ਕੈਂਸਰ ਆਦਿ ਦੇ ਟੈਸਟ ਬਿਲਕੁਲ ਮੁਫਤ ਦੇ ਵਿੱਚ ਕੀਤੇ ਜਾਂਦੇ ਹਨ।ਆਉਣ ਵਾਲੇ ਦਿਨਾਂ ਦੇ ਵਿੱਚ ਹਲਕੇ ਦੇ ਹੋਰ ਪਿੰਡਾਂ ਦੇ ਵਿੱਚ ਵੀ ਅਜਿਹੇ ਕੈਂਪ ਲਗਾਏ ਜਾਣਗੇ ਤਾਂ ਜੋ ਆਮ ਲੋਕਾਂ ਨੂੰ ਕੈਂਸਰ ਵਰਗੀ ਬਿਮਾਰੀ ਪ੍ਰਤੀ ਜਾਗਰੂਕ ਕੀਤਾ ਜਾ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਗਠਨ ਇੰਚਾਰਜ ਗੁਰਮੀਤ ਸਿੰਘ ਬਾਜਵਾ, ਬਹਾਦਰ ਜਲਾਲ, ਏਐਸਆਈ ਬਲਜਿੰਦਰ ਸਿੰਘ, ਸਨੀਤ ਕੁਮਾਰ, ਰਾਜੇਸ਼ ਉਪਲ, ਯੂਥ ਹਲਕਾ ਪ੍ਰਧਾਨ ਦਿਲਪ੍ਰੀਤ ਸਿੰਘ ਭੱਟੀ, ਸਿਵਲ ਸਰਜਨ ਡਾ. ਅਰਵਿੰਦਰ ਪਾਲ ਸਿੰਘ, ਪ੍ਰਿਤਪਾਲ ਸਿੰਘ ਜੱਸੀ, ਡਾ. ਕੇਡੀ ਸਿੰਘ, ਮਨਪ੍ਰੀਤ ਜੌਨੀ, ਬਲਵੀਰ ਸੋਢੀ, ਡਾ. ਸਰੀਤਾ, ਨਿੱਜੀ ਸਕੱਤਰ ਮਾਨਵ ਟਿਵਾਣਾ ਸਮੇਤ ਹੋਰ ਅਧਿਕਾਰੀ ਤੇ ਪਤਵੰਤੇ ਹਾਜ਼ਰ ਸਨ।




# ਬਾਬਾ ਬੰਦਾ ਸਿੰਘ ਬਹਾਦਰ ਇੰਜੀ. ਕਾਲਜ 'ਚ ਉਦਯੋਗ-ਕੇਂਦਰਿਤ ਖੋਜ 'ਤੇ ਵਿਸ਼ੇਸ਼ ਲੈਕਚਰ ਕਰਵਾਇਆ

ਸ੍ਰੀ ਫਤਹਿਗੜ੍ਹ ਸਾਹਿਬ, 9 ਫਰਵਰੀ (ਹਰਪ੍ਰੀਤ ਕੌਰ ਟਿਵਾਣਾ): ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ, ਫਤਿਹਗੜ੍ਹ ਸਾਹਿਬ ਵਿੱਚ ਉਦਯੋਗ-ਕੇਂਦਰਿਤ ਖੋਜ ਦੇ ਉਭਰਦੇ ਪਹਿਲੂਆਂ ਤੇ ਮੌਕਿਆਂ ਬਾਰੇ ਇੱਕ ਵਿਸ਼ੇਸ਼ ਲੈਕਚਰ ਆਯੋਜਿਤ ਕੀਤਾ ਗਿਆ।ਇਸ ਲੈਕਚਰ ਨੂੰ ਡਾ. ਅਜੇ ਸ਼ਰਮਾ, ਸੀਨੀਅਰ ਮੈਨੇਜਰ, ਡੀਐਸਟੀ ਟੈਕਨੋਲੋਜੀ ਇਨੇਬਲਿੰਗ ਸੈਂਟਰ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਪ੍ਰਸਤੁਤ ਕੀਤਾ ਗਿਆ।ਡਾ. ਅਜੇ ਸ਼ਰਮਾ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਉਦਯੋਗ ਨਾਲ ਸਬੰਧਿਤ ਖੋਜ ਹੀ ਅਕਾਦਮਿਕ ਤੇ ਉਦਯੋਗ ਜਗਤ ਦਰਮਿਆਨ ਖਾਈ ਭਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਢੰਗ ਹੈ।ਉਨ੍ਹਾਂ ਨੇ ਅਕਾਦਮਿਕ ਖੋਜ ਤੇ ਪੇਟੈਂਟਸ ਨੂੰ ਹਕੀਕਤੀ ਉਦਯੋਗਿਕ ਵਰਤੋਂ ਵਿੱਚ ਤਬਦੀਲ ਕਰਨ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ ਤਾਂ ਜੋ ਅਸਲ ਜੀਵਨ ਦੀਆਂ ਸਮੱਸਿਆਵਾਂ ਦਾ ਹੱਲ ਨਿਕਲ ਸਕੇ।ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਖੋਜ ਨੂੰ ਉਦਯੋਗਿਕ ਲੋੜਾਂ ਤੇ ਸਮਾਜਕ ਚੁਣੌਤੀਆਂ ਨਾਲ ਜੋੜ ਕੇ ਅੱਗੇ ਵਧਣ।ਲੈਕਚਰ ਦੌਰਾਨ ਡਾ. ਸ਼ਰਮਾ ਨੇ ਵਿਦਿਆਰਥੀਆਂ ਨਾਲ ਵਿਸਤ੍ਰਿਤ ਸੰਵਾਦ ਕੀਤਾ ਤੇ ਪਲੇਸਮੈਂਟ, ਕੈਰੀਅਰ ਵਿਕਲਪਾਂ, ਉੱਚ ਅਧਿਐਨ ਤੇ ਉਦਯੋਗ ਦੀਆਂ ਉਮੀਦਾਂ ਸਬੰਧੀ ਉਨ੍ਹਾਂ ਦੀ ਦੁਵਿਧਾ ਦਾ ਸਮਾਧਾਨ ਕੀਤਾ।ਸੈਸ਼ਨ ਦੀ ਸ਼ੁਰੂਆਤ ਕਾਲਜ ਦੇ ਪ੍ਰਿੰਸੀਪਲ ਡਾ. ਲਖਵੀਰ ਸਿੰਘ ਵੱਲੋਂ ਸਵਾਗਤੀ ਸੰਬੋਧਨ ਨਾਲ ਹੋਈ।ਉਨ੍ਹਾਂ ਨੇ ਇਸ ਪਹਿਲ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਵਿਸ਼ੇਸ਼ ਲੈਕਚਰ ਵਿਦਿਆਰਥੀਆਂ ਨੂੰ ਉਦਯੋਗ ਲਈ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਇਸ ਵਿਸ਼ੇਸ਼ ਲੈਕਚਰ ਵਿੱਚ ਕਾਲਜ ਦੇ ਵਿਦਿਆਰਥੀਆਂ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਆਪਕਾਂ ਨੇ ਭਾਗ ਲਿਆ। ਸਮਾਗਮ ਅਕਾਦਮਿਕ ਦ੍ਰਿਸ਼ਟੀਕੋਣ ਤੋਂ ਬਹੁਤ ਹੀ ਲਾਭਦਾਇਕ ਤੇ ਪ੍ਰੇਰਨਾਦਾਇਕ ਰਿਹਾ।



# ਨੇਕੀ ਫਾਉਂਡੇਸ਼ਨ ਦੇ ਉੱਦਮ ਸਦਕਾ 350 ਹੋਰ ਚਿਹਰਿਆਂ ਨੂੰ ਮਿਲੀ ਨਵੀਂ ਉਮੀਦ




ਬੁਢਲਾਡਾ, 9 ਫਰਵਰੀ (ਜੀਵਨ ਕੁਮਾਰ):ਬਜ਼ੁਰਗਾਂ ਅਤੇ ਦਿਵਿਆਂਗ ਲਈ ਲਗਾਇਆ ਅਸੈੱਸਮੈਂਟ ਕੈਂਪ, ਤਕਰੀਬਨ ਇੱਕ ਕਰੋੜ ਲਾਗਤ ਦਾ ਸਮਾਨ ਬਿਲਕੁੱਲ ਮੁਫ਼ਤ ਵੰਡਿਆ ਜਾਵੇਗਾ।ਸਮਾਜਸੇਵੀ ਸੰਸਥਾ ਨੇਕੀ ਫਾਉਂਡੇਸ਼ਨ ਬੁਢਲਾਡਾ ਵੱਲੋਂ ਬੀਤੇ ਦਿਨੀਂ ਸ਼੍ਰੀ ਬਾਲਾ ਜੀ ਟਰੱਸਟ ਬਰਨਾਲਾ ਦੇ ਸਹਿਯੋਗ ਨਾਲ ਸ਼ਾਂਤੀ ਹਾਲ ਬਰਨਾਲਾ ਵਿਖੇ ਬਜ਼ੁਰਗਾਂ ਅਤੇ ਦਿਵਿਆਂਗ ਵਿਅਕਤੀਆਂ ਨੂੰ ਸਹਾਇਤਾ ਉਪਕਰਨ ਵੰਡਣ ਲਈ ਅਲਿਮਕੋ ਦੇ ਸਹਿਯੋਗ ਨਾਲ ਰਜਿਸਟਰੇਸ਼ਨ ਅਤੇ ਅਸੈੱਸਮੈਂਟ ਕੈਂਪ ਲਗਾਇਆ ਗਿਆ, ਜਿੱਥੇ 350 ਲੋੜਵੰਦ ਬਜ਼ੁਰਗਾਂ ਅਤੇ ਦਿਵਿਆਂਗ ਨੂੰ ਸਹਾਇਤਾ ਉਪਕਰਨਾਂ ਲਈ ਰਜਿਸਟਰਡ ਕੀਤਾ ਗਿਆ। ਨੇਕੀ ਫਾਉਂਡੇਸ਼ਨ ਦੇ ਮੈਂਬਰਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੈਂਪ ਵਿੱਚ ਆਉਣ ਵਾਲੇ ਵਿਅਕਤੀਆਂ ਨੂੰ ਆਉਣ ਵਾਲੇ ਦਿਨਾਂ ਵਿੱਚ ਕੰਨਾਂ ਦੀਆਂ ਮਸ਼ੀਨਾਂ, ਵਹੀਲ ਚੇਅਰ, ਕਮੋਡ ਚੇਅਰ, ਬੈਲਟ, ਬੈਟਰੀ ਵਾਲਾ ਟਰਾਈਸਾਈਕਲ, ਟਰਾਈਸਾਈਕਲ, ਬਲਾਇੰਡ ਸਟੂਡੈਂਟ ਨੂੰ ਸਮਾਰਟ ਫ਼ੋਨ, ਕੈਲੀਪਰ, ਫਹੁੜੀਆਂ ਆਦਿ ਸਮਾਨ ਵੰਡਿਆ ਜਾਵੇਗਾ। ਉਹਨਾਂ ਦੱਸਿਆ ਕਿ ਸੰਸਥਾ ਹੁਣ ਤੱਕ ਚਾਰ ਕਰੋੜ ਰੁਪਏ ਤੋਂ ਵੱਧ ਦਾ ਸਮਾਨ ਕੇਂਦਰ ਸਰਕਾਰ ਦੀ ਮੱਦਦ ਨਾਲ ਅਡਿਪ ਅਤੇ ਆਰ ਵੀ ਵਾਈ ਯੋਜਨਾ ਅਧੀਨ ਵੰਡ ਚੁੱਕੀ ਹੈ। ਨੇਕੀ ਟੀਮ ਵੱਲੋਂ ਬਾਲਾ ਜੀ ਟਰੱਸਟ ਦੇ ਅਹੁਦੇਦਾਰਾਂ, ਕੈਂਪ ਵਿੱਚ ਪਹੁੰਚੀ ਡਾਕਟਰਾਂ ਦੀ ਟੀਮ, ਮੈਨੇਜਰ ਵਿਨੈ ਭਾਰਦਵਾਜ, ਵਲੰਟੀਅਰਾਂ ਅਤੇ ਪਤਵੰਤਿਆਂ ਦਾ ਧੰਨਵਾਦ ਕੀਤਾ ਗਿਆ।

# ਚਾਉਕੇ ਪੁਲਿਸ ਵੱਲੋਂ ਹੈਰੋਇਨ ਸਮੇਤ ਇੱਕ ਗ੍ਰਿਫ਼ਤਾਰ



ਰਾਮਪੁਰਾ ਫੂਲ, 9 ਫਰਵਰੀ (ਮਨਪ੍ਰੀਤ ਮਿੰਟੂ) : ਚਾਉਕੇ ਪੁਲਿਸ ਵੱਲੋਂ ਚੌਕੀ ਇੰਚਾਰਜ ਗੁਰਸੇਵਕ ਸਿੰਘ ਰੰਧਾਵਾ ਦੀ ਅਗਵਾਈ ਹੇਠ ਇੱਕ ਵਿਅਕਤੀ ਨੂੰ 7 ਗ੍ਰਾਮ ਹੈਰੋਇਨ ਨਾਲ ਗ੍ਰਿਫ਼ਤਾਰ ਕੀਤਾ ਗਿਆ ਹੈ।ਗੁਰਸੇਵਕ ਸਿੰਘ ਚੌਕੀ ਇੰਚਾਰਜ ਨੇ ਦੱਸਿਆ ਕਿ ਡੀਜੀਪੀ ਪੰਜਾਬ ਦੇ ਨਿਰਦੇਸ਼ਾਂ ਅਤੇ ਐਸਐਸਪੀ ਬਠਿੰਡਾ ਜਯੋਤੀ ਯਾਦਵ ਦੀ ਅਗਵਾਈ ਤਹਿਤ ਨਸ਼ਿਆਂ ਖਿਲਾਫ ਚਲਾਈ ਜਾ ਰਹੀ ਮੁਹਿੰਮ ਤਹਿਤ ਉਨ੍ਹਾਂ ਵੱਲੋਂ ਹੌਲਦਾਰ ਭੁਪਿੰਦਰ ਸਿੰਘ, ਸੀਨੀਅਰ ਸਿਪਾਹੀ ਭਗਵਾਨ ਸਿੰਘ, ਸਿਪਾਹੀ ਬਲਜਿੰਦਰ ਸਿੰਘ ਅਤੇ ਪੀਐਚਜੀ ਸ਼ਕਤੀ ਕੁਮਾਰ ਸਮੇਤ ਬਲੈਰੋ ਗੱਡੀ ਤੇ ਸ਼ੱਕੀ ਵਿਅਕਤੀਆਂ ਦੀ ਤਲਾਸ਼ ਵਿੱਚ ਗਸ਼ਤ ਕੀਤੀ ਜਾ ਰਹੀ ਸੀ।ਇਸ ਦੌਰਾਨ ਉਨਾਂ ਨੂੰ ਪਿੱਛੇ- ਚਾਉਕੇ ਰੋਡ ਤੇ ਇੱਕ ਨੌਜਵਾਨ ਤੇ ਸ਼ੱਕ ਹੋਇਆ ਜੋ ਕਿ ਪਲਾਸਟਿਕ ਦੀ ਇੱਕ ਲਿਫਾਫੀ ਵਿੱਚ ਫਰੋਲਾ ਫਰਾਲੀ ਕਰ ਰਿਹਾ ਸੀ। ਪੁਲਿਸ ਨੂੰ ਦੇਖ ਕੇ ਉਕਤ ਨੌਜਵਾਨ ਉਥੋਂ ਟਲਣ ਦੀ ਕੋਸ਼ਿਸ਼ ਕਰਨ ਲੱਗਿਆ ਤਾਂ ਪੁਲਿਸ ਵੱਲੋਂ ਗੱਡੀ ਰੋਕ ਕੇ ਉਕਤ ਦੀ ਤਲਾਸ਼ੀ ਲਈ ਗਈ। ਇਸ ਮੌਕੇ ਉਸ ਪਾਸੋਂ 7 ਗ੍ਰਾਮ ਹੈਰੋਇਨ ਬਰਾਮਦ ਹੋਈ।ਤਫਤੀਸ਼ ਦੌਰਾਨ ਉਕਤ ਨੌਜਵਾਨ ਨੇ ਆਪਣਾ ਨਾਮ ਮਨਪ੍ਰੀਤ ਸਿੰਘ ਉਰਫ ਮਨੀ ਵਾਸੀ ਚਾਉਕੇ ਦੱਸਿਆ ਹੈ। ਚੌਕੀ ਇੰਚਾਰਜ ਗੁਰਸੇਵਕ ਸਿੰਘ ਨੇ ਕਿਹਾ ਕਿ ਉਕਤ ਨੌਜਵਾਨ ਤੇ ਐਨਡੀਪੀਐਸ ਐਕਟ ਦੀਆਂ ਧਰਾਵਾਂ ਤਹਿਤ ਮਾਮਲਾ ਦਰਜ ਕਰਕੇ ਉਸ ਨੂੰ ਕਾਬੂ ਕਰ ਲਿਆ ਗਿਆ ਹੈ ਅਤੇ ਪੁਲਿਸ ਵੱਲੋਂ ਅਗਲੀ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ।

# ਛਾਜਲੀ ਵਿੱਚ ਜਲਦ ਲੱਗੇਗਾ ਐਸਟ੍ਰੋਟਰਫ਼ ਹਾਕੀ ਮੈਦਾਨ : ਚੀਮਾ



ਸੁਨਾਮ/ਛਾਜਲੀ, 9 ਫਰਵਰੀ (ਮੋਹਨ ਸ਼ਰਮਾ/ ਰਾਊਵਰਿੰਦਰ ਮਠਾੜੂ) : ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਹੁਲਾਰਾ ਦੇਣ ਅਤੇ ਨੌਜਵਾਨਾਂ ਨੂੰ ਸਿਹਤਮੰਦ ਮਾਹੌਲ ਪ੍ਰਦਾਨ ਕਰਨ ਦੇ ਲਗਾਤਾਰ ਯਤਨਾਂ ਅਧੀਨ, ਪਿੰਡ ਛਾਜਲੀ ਦੇ ਹਾਕੀ ਮੈਦਾਨ ਵਿੱਚ ਜਲਦ ਹੀ ਐਸਟ੍ਰੋਟਰਫ (ਸਿੰਥੈਟਿਕ ਟਰਫ) ਸਤਹਿ ਲਗਾਈ ਜਾਵੇਗੀ। ਇਸ ਸਬੰਧੀ ਐਲਾਨ ਵਿੱਤ ਅਤੇ ਯੋਜਨਾ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਕੀਤਾ ਹੈਪਿੰਡ ਛਾਜਲੀ ਵਿਖੇ ਹਾਕੀ ਟੂਰਨਾਮੈਂਟ ਵਿੱਚ ਸ਼ਿਰਕਤ ਕਰਦਿਆਂ ਸ੍ਰ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਵੱਡੇ ਪੱਧਰ 'ਤੇ ਕੰਮ ਕਰ ਰਹੀ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪਹਿਲੇ ਪੜਾਅ ਵਿੱਚ 4000 ਆਧੁਨਿਕ ਖੇਡ ਮੈਦਾਨ ਬਣਾਉਣ ਦਾ ਐਲਾਨ ਕੀਤਾ ਹੈ, ਜਿਸ ਵਿੱਚ ਪਿੰਡਾਂ ਵਿੱਚ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਸ਼ਾਮਲ ਹੈ। ਇਸ ਤੋਂ ਇਲਾਵਾ, ਰਾਜ ਵਿੱਚ ਹਾਕੀ ਅਤੇ ਹੋਰ ਖੇਡਾਂ ਲਈ ਐਸਟ੍ਰੋਟਰਫ ਮੈਦਾਨਾਂ ਦੀ ਸਥਾਪਨਾ ਅਤੇ ਅਪਗ੍ਰੇਡੇਸ਼ਨ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਇਹ ਕਦਮ ਨੌਜਵਾਨਾਂ ਨੂੰ ਸਕਾਰਾਤਮਕ ਗਤੀਵਿਧੀਆਂ ਵੱਲ ਲੈ ਜਾਣ ਅਤੇ ਰਾਸ਼ਟਰੀ/ਅੰਤਰਰਾਸ਼ਟਰੀ ਪੱਧਰ 'ਤੇ ਪੰਜਾਬ ਦੀ ਸ਼ਾਨ ਵਧਾਉਣ ਲਈ ਚੁੱਕੇ ਗਏ ਹਨ। ਪੰਜਾਬ ਨੂੰ ਖੇਡਾਂ ਦਾ ਹੱਬ ਬਣਾਉਣ ਲਈ ਲੱਗਭੱਗ 1000 ਕਰੋੜ ਰੁਪਏ ਦੀ ਰਾਸ਼ੀ ਵੰਡੀ ਗਈ ਹੈ ਅਤੇ ਖੇਡਾਂ ਵਤਨ ਪੰਜਾਬ ਦੀਆਂ ਵਰਗੇ ਪ੍ਰੋਗਰਾਮਾਂ ਰਾਹੀਂ ਗ੍ਰਾਸਰੂਟ ਪੱਧਰ 'ਤੇ ਖੇਡਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ।ਮੰਤਰੀ ਚੀਮਾ ਨੇ ਕਿਹਾ ਕਿ ਪਿੰਡ ਛਾਜਲੀ ਹਾਕੀ ਦਾ ਇੱਕ ਮਜ਼ਬੂਤ ਗੜ੍ਹ ਰਿਹਾ ਹੈ ਅਤੇ ਇੱਥੋਂ ਬਹੁਤ ਸਾਰੇ ਚੰਗੇ ਖਿਡਾਰੀ ਉੱਭਰੇ ਹਨ। ਹੁਣ ਐਸਟ੍ਰੋਟਰਫ ਮੈਦਾਨ ਲੱਗਣ ਨਾਲ ਖਿਡਾਰੀ ਵਧੀਆ ਅੰਤਰਰਾਸ਼ਟਰੀ ਪੱਧਰ ਦੀ ਸਹੂਲਤਾਂ ਵਾਲੇ ਮੈਦਾਨ 'ਤੇ ਖੇਡ ਸਕਣਗੇ, ਜਿਸ ਨਾਲ ਉਨ੍ਹਾਂ ਦੀ ਪ੍ਰਦਰਸ਼ਨ ਵਿੱਚ ਵਾਧਾ ਹੋਵੇਗਾ ਅਤੇ ਰਾਜ ਦੀ ਸ਼ਾਨ ਵਧੇਗੀ।ਉਨ੍ਹਾਂ ਨੇ ਖਾਸ ਤੌਰ 'ਤੇ ਖੁਸ਼ੀ ਜ਼ਾਹਰ ਕੀਤੀ ਕਿ ਇਸ ਪਿੰਡ ਦੀਆਂ ਤਿੰਨ ਕੁੜੀਆਂ ਨੂੰ ਹਾਲ ਹੀ ਵਿੱਚ ਰਾਸ਼ਟਰੀ ਪੱਧਰ ਲਈ ਚੋਣ ਹੋਈ ਹੈ। ਇਹ ਪਿੰਡ ਦੀ ਖੇਡ ਸੱਭਿਆਚਾਰ ਅਤੇ ਨੌਜਵਾਨਾਂ ਦੀ ਮਿਹਨਤ ਦਾ ਸਿੱਟਾ ਹੈ।ਸ. ਚੀਮਾ ਨੇ ਪ੍ਰਬੰਧਕਾਂ ਅਤੇ ਸਥਾਨਕ ਖੇਡ ਸੰਗਠਨਾਂ ਨੂੰ ਅਪੀਲ ਕੀਤੀ ਕਿ ਉਹ ਸਾਲ ਵਿੱਚ ਘੱਟੋ-ਘੱਟ ਦੋ ਵਾਰ ਵੱਖ-ਵੱਖ ਟੂਰਨਾਮੈਂਟ ਕਰਵਾਇਆ ਕਰਨ। ਇਸ ਨਾਲ ਬੱਚਿਆਂ ਅਤੇ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਵਿਖਾਉਣ ਦੇ ਵਧੇਰੇ ਮੌਕੇ ਮਿਲਣਗੇ ਅਤੇ ਖੇਡਾਂ ਦਾ ਪੱਧਰ ਵੀ ਉੱਚਾ ਹੋਵੇਗਾ।

# ਰੇਲਵੇ ਸਟੇਸ਼ਨ 'ਤੇ ਜਲਦ ਬਣੇਗਾ ਫੁੱਟ ਓਵਰ ਬ੍ਰਿਜ

ਸੁਨਾਮ, 9 ਫਰਵਰੀ (ਮੋਹਨ ਸ਼ਰਮਾ/ ਰਾਊਵਰਿੰਦਰ ਮਠਾੜੂ): ਕੇਂਦਰ ਵਿਚਲੀ ਨਰਿੰਦਰ ਮੋਦੀ ਸਰਕਾਰ ਵੱਲੋਂ ਸ਼ਹੀਦ ਊਧਮ ਸਿੰਘ ਦੀ ਜਨਮ ਭੂਮੀ ਦੇ ਵਸਿੰਦਿਆਂ ਨੂੰ 17 ਕਰੋੜ ਰੁਪਏ ਦੇ ਰੇਲਵੇ ਪ੍ਰੋਜੈਕਟ ਦਿੱਤੇ ਗਏ ਹਨ। ਨਿਰਮਾਣ ਅਧੀਨ ਰੇਲਵੇ ਅੰਡਰ ਬਰਿਜ ਤੋਂ ਬਾਅਦ ਹੁਣ ਕਰੀਬ ਨੌਂ ਕਰੋੜ ਰੁਪਏ ਦੀ ਲਾਗਤ ਨਾਲ ਰੇਲਵੇ ਸਟੇਸ਼ਨ 'ਤੇ ਫੁੱਟ ਓਵਰ ਬਰਿਜ ਬਣਾਉਣ ਨੂੰ ਮਨਜ਼ੂਰੀ ਦਿੱਤੀ ਗਈ ਹੈ। ਐਤਵਾਰ ਨੂੰ ਭਾਜਪਾ ਜ਼ਿਲ੍ਹਾ ਸੰਗਰੂਰ -2 ਦੀ ਪ੍ਰਧਾਨ ਦਾਮਨ ਬਾਜਵਾ ਇੰਟਰਨੈੱਟ ਮੀਡੀਆ 'ਤੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਜੱਲ੍ਹਿਆਂਵਾਲਾ ਬਾਗ਼ ਦੇ ਖ਼ੂਨੀ ਸਾਕੇ ਦਾ ਫ਼ਰੰਗੀਆਂ ਤੋਂ ਬਦਲਾ ਲੈਣ ਵਾਲੇ ਸੁਨਾਮ ਦੇ ਜੰਮਪਲ ਸ਼ਹੀਦ ਊਧਮ ਸਿੰਘ ਦੀ ਜਨਮ ਭੂਮੀ ਦੇ ਵਸਿੰਦਿਆਂ ਨੂੰ ਕੇਂਦਰ ਵਿਚਲੀ ਨਰਿੰਦਰ ਮੋਦੀ ਸਰਕਾਰ ਵੱਲੋਂ ਵਿਕਾਸ ਦਾ ਇੱਕ ਹੋਰ ਵੱਡਾ ਤੋਹਫ਼ਾ ਦਿੱਤਾ ਗਿਆ ਹੈ। ਰੇਲਵੇ ਨਾਲ ਸਬੰਧਿਤ ਇਲਾਕੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੁੱਲ 17.09 ਕਰੋੜ ਰੁਪਏ ਦੇ ਪ੍ਰੋਜੈਕਟਾਂ ਨੂੰ ਲਾਗੂ ਕੀਤਾ ਗਿਆ ਹੈ। ਇਸ ਤਹਿਤ 8.14 ਕਰੋੜ ਰੁਪਏ ਦੀ ਲਾਗਤ ਨਾਲ ਉਸਾਰੀ ਅਧੀਨ ਰੇਲਵੇ ਅੰਡਰਬ੍ਰਿਜ ਲੱਗਭੱਗ ਤਿਆਰ ਹੋ ਚੁੱਕਾ ਹੈ, ਜੋ ਬਹੁਤ ਜਲਦ ਸੁਨਾਮ ਨਿਵਾਸੀਆਂ ਨੂੰ ਸਮਰਪਿਤ ਕੀਤਾ ਜਾਵੇਗਾ। ਇਸ ਅੰਡਰਬ੍ਰਿਜ ਨਾਲ ਆਵਾਜਾਈ ਸੁਖਾਲ਼ੀ ਹੋਵੇਗੀ ਅਤੇ ਲੋਕਾਂ ਨੂੰ ਰੋਜ਼ਾਨਾ ਦੀ ਆਉਣ-ਜਾਣ ਵਿੱਚ ਵੱਡੀ ਰਾਹਤ ਮਿਲੇਗੀ। ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਨੇ ਦੱਸਿਆ ਕਿ ਇਸ ਤੋਂ ਇਲਾਵਾ 8.95 ਕਰੋੜ ਰੁਪਏ ਦੀ ਲਾਗਤ ਨਾਲ ਰੇਲਵੇ ਫੁੱਟ ਓਵਰ ਬ੍ਰਿਜ ਦਾ ਕੰਮ ਵੀ ਜਲਦ ਸ਼ੁਰੂ ਹੋਣ ਜਾ ਰਿਹਾ ਹੈ।

# ਪਾਈਪਲਾਈਨ ਸੁਰੱਖਿਆ ਵਿੱਚ ਕਿਸੇ ਵੀ ਕਿਸਮ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ : ਡੀ.ਆਈ.ਜੀ. ਹਰਜੀਤ ਸਿੰਘ

## ਤੇਲ ਪਾਈਪਲਾਈਨ ਨਾਲ ਛੇੜਛਾੜ ਕਰਨ ਵਾਲਿਆਂ ਖ਼ਿਲਾਫ਼ ਹੋਵੇਗੀ ਸਖ਼ਤ ਕਾਨੂੰਨੀ ਕਾਰਵਾਈ



ਬਠਿੰਡਾ, 9 ਫਰਵਰੀ (ਜਗਸੀਰ ਭੁੱਲਰ): ਪੰਜਾਬ ਦੇ ਬਠਿੰਡਾ, ਮਾਨਸਾ ਅਤੇ ਸੰਗਰੂਰ ਜ਼ਿਲ੍ਹਿਆਂ ਵਿੱਚੋਂ ਹੋ ਕੇ ਗੁਜ਼ਰ ਰਹੀ ਹਿੰਦੁਸਤਾਨ ਪੈਟਰੋਲੀਅਮ ਕਾਰਪੋਰੇਸ਼ਨ ਲਿਮਿਟੇਡ (ਐੱਚ.ਪੀ.ਸੀ.ਐੱਲ.) ਦੀ ਜ਼ਮੀਨਦੋਜ਼ ਤੇਲ ਪਾਈਪਲਾਈਨ ਰਾਮਾਂ ਮੰਡੀ-ਬਹਾਦੁਰਗੜ੍ਹ, ਰਾਮਾ ਮੰਡੀ-ਬਠਿੰਡਾ ਅਤੇ ਬਠਿੰਡਾ-ਸੰਗਰੂਰ ਪਾਈਪਲਾਈਨ ਦੀ ਸੁਰੱਖਿਆ ਅਤੇ ਲਗਾਤਾਰ ਨਿਗਰਾਨੀ ਸਬੰਧੀ ਮੱਹਤਵਪੂਰਨ ਬੈਠਕ ਕੀਤੀ ਗਈ।ਇਹ ਮੀਟਿੰਗ ਡੀ.ਆਈ.ਜੀ. ਬਠਿੰਡਾ ਰੇਂਜ ਹਰਜੀਤ ਸਿੰਘ (ਆਈ.ਪੀ.ਐੱਸ) ਦੀ ਦੇਖ ਰੇਖ ਹੇਠ ਆਯੋਜਿਤ ਕੀਤੀ ਗਈ, ਜਿਸ ਵਿੱਚ ਐੱਚ.ਪੀ.ਸੀ.ਐੱਲ. ਦੀ ਤੇਲ ਪਾਈਪਲਾਈਨ ਦੀ ਸੁਰੱਖਿਆ ਨੂੰ ਲੈ ਕੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਐੱਚ.ਪੀ.ਸੀ.ਐੱਲ. ਦੇ ਅਧਿਕਾਰੀਆਂ ਵੱਲੋਂ ਪਾਈਪਲਾਈਨ ਅਤੇ ਇਸ ਦੀ ਸੁਰੱਖਿਆ ਸਬੰਧੀ ਪੂਰੀ ਜਾਣਕਾਰੀ ਦਿੱਤੀ ਗਈ। ਐੱਚ.ਪੀ.ਸੀ.ਐੱਲ. ਵੱਲੋਂ ਪਾਈਪਲਾਈਨ ਦੀ ਸੁਰੱਖਿਆ ਲਈ ਪੁਲਿਸ ਵਿਭਾਗ ਨਾਲ ਆਪਸੀ ਸਹਿਯੋਗ ਅਤੇ ਲਗਾਤਾਰ ਤਾਲਮੇਲ ਬਣਾਈ ਰੱਖਣ ਸਬੰਧੀ ਫੈਸਲਾ ਕੀਤਾ ਗਿਆ।ਇਸ ਦੌਰਾਨ ਪਾਈਪਲਾਈਨ ਨੂੰ ਨੁਕਸਾਨ ਪਹੁੰਚਣ ਜਾਂ ਚੋਰੀ ਦੇ ਮਾਮਲਿਆਂ ਵਿੱਚ ਤੁਰੰਤ ਮੌਕੇ 'ਤੇ ਜਾਂਚ ਰਿਪੋਰਟ ਤਿਆਰ ਕਰਨ, ਸਖ਼ਤ ਤੋਂ ਸਖ਼ਤ ਕਾਰਵਾਈ ਕਰਨ ਅਤੇ ਇਨ੍ਹਾਂ ਮਾਮਲਿਆਂ ਦੀ ਤੇਜ਼ੀ ਨਾਲ ਜਾਂਚ ਕਰਨ ਦੀ ਪੁਸ਼ਟੀ ਕੀਤੀ ਗਈ। ਡੀ.ਆਈ.ਜੀ. ਸ੍ਰੀ ਹਰਜੀਤ ਸਿੰਘ (ਆਈ.ਪੀ.ਐੱਸ) ਵੱਲੋਂ ਐੱਚ.ਪੀ.ਸੀ.ਐੱਲ. ਦੇ ਅਧਿਕਾਰੀਆਂ ਨੂੰ ਭਰੋਸਾ ਦਿਵਾਇਆ ਗਿਆ ਕਿ ਸਥਾਨਕ ਪੁਲਿਸ ਵੱਲੋਂ ਤੇਲ ਪਾਈਪਲਾਈਨ ਦੀ ਸੁਰੱਖਿਆ ਲਈ ਪੂਰਾ ਸਹਿਯੋਗ ਦਿੱਤਾ ਜਾਵੇਗਾ।ਇਸ ਮੌਕੇ ਐਚ.ਪੀ.ਸੀ.ਐਲ ਦੇ ਡਿਪਟੀ ਜਨਰਲ ਮੈਨੇਜਰ, ਰਾਮਾ ਮੰਡੀ ਡਿਸਪੈਚ ਸਟੇਸ਼ਨ ਬਠਿੰਡਾ ਸ਼੍ਰੀ ਜੀ. ਨਰਸਿਮਹਾ ਰਾਓ ਨੇ ਪਾਈਪਲਾਈਨ ਸੁਰੱਖਿਆ ਵਿੱਚ ਸਹਿਯੋਗ ਲਈ ਪੁਲਿਸ ਵਿਭਾਗ ਦਾ ਧੰਨਵਾਦ ਕੀਤਾ। ਇਸ ਬੈਠਕ ਵਿੱਚ ਐਸ.ਪੀ. (ਹੈੱਡਕੁਆਰਟਰ) ਮਾਨਸਾ ਸ਼੍ਰੀ ਪਰਦੀਪ ਸੰਧੂ, ਐਸ.ਪੀ. (ਹੈਡਕੁਆਰਟਰ) ਬਠਿੰਡਾ ਸ਼੍ਰੀ ਜਗਦੀਸ਼ ਬਿਸ਼ਨੋਈ, ਡੀ.ਐਸ.ਪੀ.(ਹੈੱਡਕੁਆਰਟਰ) ਸੰਗਰੂਰ ਸ਼੍ਰੀ ਕਰਨੈਲ ਸਿੰਘ ਸਮੇਤ ਐਚ.ਪੀ.ਸੀ.ਐਲ. ਦੇ ਸੀਨੀਅਰ ਅਧਿਕਾਰੀ ਵੀ ਹਾਜ਼ਰ ਰਹੇ, ਜਿਨ੍ਹਾਂ ਨੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਬਣਾਉਣ 'ਤੇ ਸਾਂਝੀ ਵਚਨਬੱਧਤਾ ਦੁਹਰਾਈ।

# ਸੀਵਰੇਜ ਦੇ ਗੰਦੇ ਪਾਣੀ ਕਾਰਨ ਲੋਕਾਂ ਦਾ ਜੀਣਾ ਹੋਇਆ ਦੁੱਭਰ



ਸੰਗਰੂਰ, 9 ਫਰਵਰੀ (ਹਰਕੰਵਲ ਸਿੰਘ ਹੈਪੀ): ਸਥਾਨਕ ਸੰਗਰੂਰ ਦੇ ਵਾਰਡ ਨੰਬਰ 13 'ਚ ਪਿਛਲੇ ਕਈ ਦਿਨਾਂ ਤੋਂ ਸੀਵਰੇਜ ਦੀ ਨਿਕਾਸੀ ਦਾ ਹੱਲ ਨਾ ਹੋਣ ਕਾਰਨ ਗਲੀ ਵਿੱਚ ਖੜੇ ਬਦਬੂਦਾਰ ਸੀਵਰੇਜ ਦੇ ਗੰਦੇ ਪਾਣੀ ਕਾਰਨਮੁਹੱਲਾ ਵਾਸੀਆਂ ਅਤੇ ਰਾਹਗੀਰਾਂ ਦਾ ਜੀਣਾ ਦੁੱਭਰ ਹੋਇਆ ਪਿਆ ਹੈ, ਜਿਸਦੇ ਸੰਬੰਧ ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਓ ਬੀ ਸੀ ਵਿੰਗ ਦੇ ਵਾਈਸ ਚੇਅਰਮੈਨ ਅਤੇ ਸੰਗਰੂਰ ਤੋਂ ਪਾਰਟੀ ਦੇ ਮੁੱਖ ਬੁਲਾਰੇ ਹਰਪਾਲ ਸੋਨੂੰ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ ਰਾਹੀਂ ਲਾਈਵ ਹੋ ਕੇ ਪ੍ਰਸ਼ਾਸਨ ਅਤੇ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਜਿੱਥੇ ਗੰਦਾ ਪਾਣੀ ਖੜ੍ਹਾ ਹੈ। ਉਸਦੇ ਨਾਲ ਹੀ ਆਰੀਆ ਸਮਾਜ ਸਕੂਲ, ਗੌਰਮਿੰਟ ਗਰਲਜ਼ ਸਕੂਲ ਅਤੇ ਸ਼੍ਰੀ ਰਾਮ ਲੀਲਾ ਗਰਾਊਂਡ ਪੈਂਦਾ ਹੈ ਜਿਸ ਕਰਕੇ ਪਿੱਛਲੇ ਕਈ ਦਿਨਾਂ ਤੋਂ ਮੁਹੱਲਾ ਨਿਵਾਸੀਆਂ ਦੇ ਨਾਲ ਨਾਲ ਇੱਥੋਂ ਲੰਘਣ ਵਾਲੇ ਰਾਹਗੀਆਂ ਨੂੰ ਕਾਫ਼ੀ ਮੁਸ਼ਕਿਲ ਪੇਸ਼ ਆ ਰਹੀ ਹੈ। ਹਰਪਾਲ ਸੋਨੂੰ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ ਜਦੋਂ ਤੋਂ ਸੀਵਰੇਜ ਦਾ ਕੰਮ ਨਗਰ ਕੌਂਸਲ ਸੰਗਰੂਰ ਨੇ ਆਪਣੇ ਹੱਥੀਂ ਲਿਆ ਹੈ ਉਸ ਦਿਨ ਤੋਂ ਸ਼ਹਿਰ ਵਾਸੀਆਂ ਨੂੰ ਗੰਦਗੀ ਦੇ ਹਵਾਲੇ ਕਰਕੇ ਸਾਫ਼ ਸਫਾਈ ਵੱਲ ਬਿਲਕੁਲ ਵੀ ਧਿਆਨ ਨਹੀਂ ਦਿੱਤਾ ਜਾ ਰਿਹਾ। ਉਹਨਾਂ ਕਿਹਾ ਕਿ ਮੁੱਖ ਮੰਤਰੀ ਦਾ ਆਪਣਾ ਜ਼ਿਲ੍ਹਾ ਹੋਣ ਕਰਕੇ ਪ੍ਰਸ਼ਾਸ਼ਨ ਨੂੰ ਸਾਫ਼ ਸਫਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਣਾ ਚਾਹੀਦਾ ਸੀ, ਪਰ ਇਸਦੇ ਉਲਟ ਨਗਰ ਕੌਂਸਲ ਦੇ ਅਧਿਕਾਰੀ ਕੁੰਭਕਰਨੀ ਨੀਂਦ ਸੁੱਤੇ ਪਏ ਜਾਪਦੇ ਹਨ ਤੇ ਪ੍ਰਸ਼ਾਸ਼ਨ ਵੀ ਇਸ ਸਭ ਤੋਂ ਬੇਖਬਰ ਲੱਗ ਰਿਹਾ ਹੈ ਜੋ ਲੋਕਾਂ ਦੀਆਂ ਮੁਸ਼ਕਿਲਾਂ ਵੱਲ ਧਿਆਨ ਨਹੀਂ ਦੇ ਰਿਹਾ।ਉਹਨਾਂ ਮੰਗ ਕੀਤੀ ਕਿ ਵਾਰਡ ਵਾਸੀਆਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਅਤੇ ਉਹਨਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਨਗਰ ਕੌਂਸਲ ਤੁਰੰਤ ਇਸ ਜਗ੍ਹਾ 'ਤੇ ਖੜ੍ਹੇ ਸੀਵਰੇਜ ਦੇ ਗੰਦੇ ਪਾਣੀ ਦੀ ਨਿਕਾਸੀ ਦਾ ਹੱਲ ਕਰੇ ਨਹੀਂ ਤਾਂ ਕਾਂਗਰਸ ਪਾਰਟੀ ਸ਼ਹਿਰ ਵਾਸੀਆਂ ਅਤੇ ਮੁਹੱਲਾ ਵਾਸੀਆਂ ਦੇ ਨਾਲ ਮਿਲਕੇ ਇਸ ਵਿਰੁੱਧ ਸਥਾਨਕ ਐਮ.ਐਲ.ਏ. ਅਤੇ ਨਗਰ ਕੌਂਸਲ ਦੇ ਪ੍ਰਧਾਨ ਵਿਰੁੱਧ ਮੋਰਚਾ ਖੋਲ੍ਹਣ ਲਈ ਮਜ਼ਬੂਰ ਹੋਣਗੇ।

# .ਗੈਰ-ਕਾਨੂੰਨੀ ਪੀਜੀ ਚਲਾਉਣ ਵਾਲਿਆਂ 'ਤੇ ਕੇਸ ਦਰਜ

ਬਠਿੰਡਾ, 9 ਫਰਵਰੀ (ਦੀਪਕ ਸ਼ਰਮਾ): ਸ਼ਹਿਰ ਦੀ ਅੰਦਰੂਨੀ ਸੁਰੱਖਿਆ ਨੂੰ ਲੈ ਕੇ ਬਠਿੰਡਾ ਪੁਲਿਸ ਨੇ ਵੱਡੀ ਕਾਰਵਾਈ ਕਰਦਿਆਂ ਨਿਯਮਾਂ ਦੀਆਂ ਧੱਜੀਆਂ ਉਡਾਉਣ ਵਾਲੇ ਪੇਇੰਗ ਗੈਸਟ (ਪੀਜੀ) ਮਾਲਕਾਂ 'ਤੇ ਸ਼ਿਕੰਜਾ ਕੱਸਣਾ ਸ਼ੁਰੂ ਕਰ ਦਿੱਤਾ ਹੈ। ਅਪਰਾਧਿਕ ਵਾਰਦਾਤਾਂ ਦੇ ਵਧਦੇ ਗ੍ਰਾਫ ਦੇ ਬਾਵਜੂਦ, ਕਈ ਲੋਕ ਚੰਦ ਪੈਸਿਆਂ ਦੇ ਲਾਲਚ ਵਿੱਚ ਅਣਜਾਣ ਬੰਦਿਆਂ ਨੂੰ ਆਪਣੇ ਘਰਾਂ ਵਿੱਚ ਪਨਾਹ ਦੇ ਦਿੰਦੇ ਹਨ। ਬਿਨਾਂ ਕਿਸੇ ਪੁਲਿਸ ਵੈਰੀਫਿਕੇਸ਼ਨ ਜਾਂ ਰਜਿਸਟ੍ਰੇਸ਼ਨ ਦੇ ਚੱਲ ਰਹੇ ਇਹ ਪੀਜੀ ਅਪਰਾਧੀਆਂ ਲਈ ਸੁਰੱਖਿਅਤ ਟਿਕਾਣਾ ਬਣ ਸਕਦੇ ਹਨ, ਜੋ ਪੂਰੇ ਸ਼ਹਿਰ ਲਈ ਵੱਡਾ ਖ਼ਤਰਾ ਹੈ। ਪੁਲਿਸ ਵੱਲੋਂ ਵਾਰ-ਵਾਰ ਦਿੱਤੀਆਂ ਚੇਤਾਵਨੀਆਂ ਦੇ ਬਾਵਜੂਦ ਜਦੋਂ ਮਕਾਨ ਮਾਲਕਾਂ ਨੇ ਅਣਗਹਿਲੀ ਜਾਰੀ ਰੱਖੀ, ਤਾਂ ਹੁਣ ਪੁਲਿਸ ਨੇ ਸਖ਼ਤ ਰਵੱਈਆ ਅਪਣਾਉਂਦਿਆਂ ਕਾਨੂੰਨੀ ਮਾਮਲੇ ਦਰਜ ਕਰਨੇ ਸ਼ੁਰੂ ਕਰ ਦਿੱਤੇ ਹਨ।ਸਬੰਧੀ ਡੀਐਸਪੀ ਜਸਵਿੰਦਰ ਸਿੰਘ ਦਾ ਕਹਿਣਾ ਹੈ ਕਿ ਪੁਲਿਸ ਨੂੰ ਗੁਪਤ ਸੂਚਨਾਵਾਂ ਮਿਲੀਆਂ ਸਨ ਕਿ ਅਜੀਤ ਰੋਡ ਅਤੇ ਗ੍ਰੀਨ ਹੋਟਲ ਵਾਲੀ ਗਲੀ ਵਿੱਚ ਕੁਝ ਵਿਅਕਤੀ ਬਿਨਾਂ ਲਾਇਸੰਸ ਅਤੇ ਬਿਨਾਂ ਰਜਿਸਟ੍ਰੇਸ਼ਨ ਦੇ ਪੀਜੀ ਚਲਾ ਰਹੇ ਹਨ। ਇਹ ਮਾਲਕ ਉੱਥੇ ਰਹਿਣ ਵਾਲੇ ਨੌਜਵਾਨਾਂ ਦੀ ਸਾਂਝ ਕੇਂਦਰ ਤੋਂ ਵੈਰੀਫਿਕੇਸ਼ਨ ਕਰਵਾਉਣ ਦੀ ਜ਼ਹਿਮਤ ਤੱਕ ਨਹੀਂ ਉਠਾ ਰਹੇ ਸਨ।ਕਾਰਵਾਈ ਦੌਰਾਨ ਥਾਣਾ ਸਿਵਲ ਲਾਈਨ ਦੀ ਪੁਲਿਸ ਨੇ ਅਜੀਤ ਰੋਡ ਸਥਿਤ ਸਿੱਧੂ ਪੀਜੀ'ਤੇ ਛਾਪੇਮਾਰੀ ਕੀਤੀ, ਜਿੱਥੇ ਮਾਲਕ ਜਗਸੀਰ ਸਿੰਘ ਕੋਈ ਵੀ ਮੰਨਜ਼ੂਰੀ ਦੇ ਕਾਗਜ਼ਾਤ ਪੇਸ਼ ਨਹੀਂ ਕਰ ਸਕਿਆ। ਇਸੇ ਤਰ੍ਹਾਂ ਥਾਣਾ ਕੈਂਟ ਦੀ ਪੁਲਿਸ ਨੇ ਗ੍ਰੀਨ ਹੋਟਲ ਵਾਲੀ ਗਲੀ ਵਿੱਚ ਜੀ ਕਲਾਸ ਹੋਟਲ ਕਮ ਪੀਜੀ'ਤੇ ਕਾਰਵਾਈ ਕਰਦਿਆਂ ਮਾਲਕ ਗੁਰਵਿੰਦਰ ਸਿੰਘ ਖ਼ਿਲਾਫ਼ ਜ਼ਿਲ੍ਹਾ ਮੈਜਿਸਟ੍ਰੇਟ ਦੇ ਹੁਕਮਾਂ ਦੀ ਉਲੰਘਣਾ ਕਰਨ ਦੇ ਦੋਸ਼ ਹੇਠ ਕੇਸ ਦਰਜ ਕੀਤਾ ਹੈ।ਪੁਲਿਸ ਜਾਂਚ ਵਿੱਚ ਇਹ ਵੀ ਖੁਲਾਸਾ ਹੋਇਆ ਹੈ ਕਿ ਸ਼ਹਿਰ ਵਿੱਚ ਦਰਜਨਾਂ ਅਜਿਹੇ ਪੀਜੀ ਹਨ ਜਿੱਥੇ ਨਾ ਤਾਂ ਸੀਸੀਟੀਵੀ ਕੈਮਰੇ ਹਨ ਅਤੇ ਨਾ ਹੀ ਅੱਗ ਬੁਝਾਊ ਸਾਧਨ। ਇਹ ਮਨਮਾਨੀ ਨਾ ਸਿਰਫ਼ ਸਰਕਾਰੀ ਖ਼ਜ਼ਾਨੇ ਨੂੰ ਚੂਨਾ ਲਗਾ ਰਹੀ ਹੈ, ਸਗੋਂ ਆਮ ਲੋਕਾਂ ਦੀ ਜਾਨ ਵੀ ਜ਼ੋਖ਼ਮ ਵਿੱਚ ਪਾ ਰਹੀ ਹੈ। ਪੁਲਿਸ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਇਹ ਮੁਹਿੰਮ ਅੱਗੇ ਵੀ ਜਾਰੀ ਰਹੇਗੀ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਸੂਚਨਾ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ।

# ਹੁਣ ਮੋਬਾਇਲ 'ਚ ਰਹੇਗਾ ਤੁਹਾਡੀ ਸਿਹਤ ਦਾ ਸਾਰਾ ਰਿਕਾਰਡ,

## ਸਿਰਫ਼ ਇੱਕ ਸਕੈਨ ਨਾਲ ਕੱਟੀ ਜਾਵੇਗੀ ਹਸਪਤਾਲ ਦੀ ਪਰਚੀ



ਬਠਿੰਡਾ, 9 ਫਰਵਰੀ (ਦੀਪਕ ਸ਼ਰਮਾ): ਸਿਹਤ ਖੇਤਰ ਵਿੱਚ ਆ ਰਹੀਆਂ ਡਿਜੀਟਲ ਤਬਦੀਲੀਆਂ ਤਹਿਤ ਹੁਣ ਮਰੀਜ਼ਾਂ ਨੂੰ ਆਪਣੀਆਂ ਪੁਰਾਣੀਆਂ ਮੈਡੀਕਲ ਰਿਪੋਰਟਾਂ, ਐਕਸ-ਰੇਅ ਅਤੇ ਹੋਰ ਦਸਤਾਵੇਜ਼ ਕਾਗਜ਼ੀ ਰੂਪ ਵਿੱਚ ਨਾਲ ਚੁੱਕਣ ਦੀ ਲੋੜ ਨਹੀਂ ਪਵੇਗੀ।ਸਿਹਤ ਵਿਭਾਗ ਵੱਲੋਂ ਆਯੁਸ਼ਮਾਨ ਭਾਰਤ ਡਿਜੀਟਲ ਮਿਸ਼ਨ ਅਧੀਨ ਬਣਾਏ ਜਾ ਰਹੇ ਆਭਾ ਅਕਾਊਂਟ ਮਰੀਜ਼ਾਂ ਲਈ ਸਿਹਤ ਸਾਥੀ ਵਜੋਂ ਉੱਭਰ ਰਹੇ ਹਨ। ਇਸ ਯੋਜਨਾ ਦਾ ਮੁੱਖ ਮਕਸਦ ਮਰੀਜ਼ਾਂ ਦਾ ਸਾਰਾ ਮੈਡੀਕਲ ਡਾਟਾ ਆਨਲਾਈਨ ਕਰਨਾ ਹੈ ਤਾਂ ਜੋ ਇਲਾਜ ਦੌਰਾਨ ਸਮੇਂ ਦੀ ਬਚਤ ਹੋ ਸਕੇ।ਸਿਵਲ ਸਰਜਨ ਡਾ. ਤਪਿੰਦਰਜੋਤ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਇਲਾਜ ਦੇ ਨਾਲ-ਨਾਲ ਮਰੀਜ਼ਾਂ ਦੀ ਆਭਾ ਆਈ.ਡੀ. ਬਣਾਈ ਜਾ ਰਹੀ ਹੈ। ਇਸ ਡਿਜੀਟਲ ਅਕਾਊਂਟ ਦਾ ਸਭ ਤੋਂ ਵੱਡਾ ਫ਼ਾਇਦਾ ਇਹ ਹੈ ਕਿ ਜੇਕਰ ਮਰੀਜ਼ ਇੱਕ ਹਸਪਤਾਲ ਤੋਂ ਦੂਜੇ ਹਸਪਤਾਲ ਜਾਂਦਾ ਹੈ, ਤਾਂ ਡਾਕਟਰ ਉਸ ਦੀ ਆਈ.ਡੀ. ਰਾਹੀਂ ਪੁਰਾਣਾ ਸਾਰਾ ਰਿਕਾਰਡ ਆਨਲਾਈਨ ਚੈੱਕ ਕਰ ਸਕਣਗੇ। ਕਈ ਵਾਰ ਹੰਗਾਮੀ ਹਾਲਤ ਵਿੱਚ ਮਰੀਜ਼ ਪੁਰਾਣੀਆਂ ਰਿਪੋਰਟਾਂ ਘਰ ਭੁੱਲ ਜਾਂਦਾ ਹੈ, ਜਿਸ ਕਾਰਨ ਇਲਾਜ ਵਿੱਚ ਦੇਰੀ ਹੁੰਦੀ ਸੀ, ਪਰ ਹੁਣ ਇਹ ਡਿਜੀਟਲ ਰਿਕਾਰਡ ਉਸ ਮੁਸ਼ਕਿਲ ਨੂੰ ਖ਼ਤਮ ਕਰ ਦੇਵੇਗਾ।**ਬਿਨਾਂ ਲਾਈਨ 'ਚ ਲੱਗਿਆਂ ਕੱਟੀ ਜਾਵੇਗੀ ਪਰਚੀ:** ਇਸ ਪ੍ਰਣਾਲੀ ਦੀ ਇੱਕ ਖ਼ਾਸੀਅਤ ਇਹ ਵੀ ਹੈ ਕਿ ਹਸਪਤਾਲ ਪਹੁੰਚ ਕੇ ਮਰੀਜ਼ ਉੱਥੇ ਲੱਗੇ ਕਿਊ.ਆਰ. ਕੋਡ ਨੂੰ ਸਕੈਨ ਕਰਕੇ ਬਿਨਾਂ ਲਾਈਨ ਵਿੱਚ ਲੱਗਿਆਂ ਆਪਣੀ ਪਰਚੀ ਕਟਵਾ ਸਕਦਾ ਹੈ। ਇਸ ਨਾਲ ਹਸਪਤਾਲਾਂ ਵਿੱਚ ਲੱਗਣ ਵਾਲੀਆਂ ਲੰਬੀਆਂ ਲਾਈਨਾਂ ਤੋਂ ਨਿਜਾਤ ਮਿਲੇਗੀ। ਇਸ ਤੋਂ ਇਲਾਵਾ, ਮਰੀਜ਼ ਨੂੰ ਇਹ ਵੀ ਪਤਾ ਲੱਗ ਸਕੇਗਾ ਕਿ ਕਿਹੜੇ ਸਰਕਾਰੀ ਜਾਂ ਨਿੱਜੀ ਹਸਪਤਾਲ ਵਿੱਚ ਕਿਹੜੀ ਬਿਮਾਰੀ ਦਾ ਮਾਹਿਰ ਡਾਕਟਰ ਮੌਜੂਦ ਹੈ।ਇਹ ਆਈ.ਡੀ. ਬਣਾਉਣਾ ਬਹੁਤ ਸੌਖਾ ਹੈ ਅਤੇ ਇਹ ਸਿਹਤ ਕੇਂਦਰਾਂ ਵਿੱਚ ਬਿਲਕੁਲ ਮੁਫ਼ਤ ਬਣਾਈ ਜਾ ਰਹੀ ਹੈ। ਸ਼ਹਿਰਾਂ ਵਿੱਚ ਸਿਹਤ ਸਟਾਫ਼ ਅਤੇ ਪਿੰਡਾਂ ਵਿੱਚ ਆਸ਼ਾ ਵਰਕਰਾਂ ਵੱਲੋਂ ਇਹ ਕਾਰਜ ਕੀਤਾ ਜਾ ਰਿਹਾ ਹੈ। ਕੋਈ ਵੀ ਵਿਅਕਤੀ ਆਪਣੇ ਆਧਾਰ ਕਾਰਡ ਰਾਹੀਂ ਆਭਾ ਐਪ ਡਾਊਨਲੋਡ ਕਰਕੇ ਜਾਂ ਆਨਲਾਈਨ ਸਹੂਲਤ ਰਾਹੀਂ ਖ਼ੁਦ ਵੀ ਇਹ ਆਈ.ਡੀ. ਬਣਾ ਸਕਦਾ ਹੈ। ਸਿਵਲ ਸਰਜਨ ਨੇ ਸਪੱਸ਼ਟ ਕੀਤਾ ਕਿ ਜਿਨ੍ਹਾਂ ਮਰੀਜ਼ਾਂ ਦੀ ਆਈ.ਡੀ. ਨਹੀਂ ਬਣੀ, ਉਨ੍ਹਾਂ ਨੂੰ ਵੀ ਇਲਾਜ ਜ਼ਰੂਰ ਮਿਲੇਗਾ, ਪਰ ਬਿਹਤਰ ਸਹੂਲਤ ਲਈ ਇਸ ਨੂੰ ਬਣਾਉਣਾ ਲਾਹੇਵੰਦ ਹੈ।ਇਸ ਮੁਹਿੰਮ ਤਹਿਤ ਹਾਲ ਹੀ ਵਿੱਚ ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਵਿਖੇ ਵੀ ਵਿਦਿਆਰਥੀਆਂ ਦੀਆਂ ਆਈ.ਡੀਜ਼ ਬਣਾਈਆਂ ਗਈਆਂ ਅਤੇ ਉਨ੍ਹਾਂ ਨੂੰ ਆਪਣੇ ਪਰਿਵਾਰਕ ਮੈਂਬਰਾਂ ਦੇ ਅਕਾਊਂਟ ਬਣਾਉਣ ਸਬੰਧੀ ਸਿਖਲਾਈ ਦਿੱਤੀ ਗਈ।

# ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਟਿਊਸ਼ਨ ਢੱਡੇ ਵਿਖੇ ਸ਼ਖ਼ਸੀਅਤ ਉਸਾਰੀ ਉੱਪਰ ਵਿਸ਼ੇਸ਼ ਸੈਸ਼ਨ ਕਰਵਾਇਆ



ਤਲਵੰਡੀ ਸਾਬੋ , 9 ਫਰਵਰੀ (ਸੰਦੀਪ ਜੋਸ਼ੀ) : ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਟਿਊਸ਼ਨ ਢੱਡੇ ਵਿਖੇ ਚੱਲ ਰਹੇ ਸੱਤ ਰੋਜ਼ਾ ਕੌਮੀ ਸੇਵਾ ਯੋਜਨਾ (ਐਨ.ਐਸ.ਐਸ.) ਕੈਂਪ ਦੇ ਦੂਜੇ ਦਿਨ ਦੀ ਸ਼ਾਮ ਸ਼ਖ਼ਸੀਅਤ ਉਸਾਰੀ ਵਿਸ਼ੇ ਉੱਪਰ ਇੱਕ ਵਿਸ਼ੇਸ਼ ਲੈਕਚਰ ਸੈਸ਼ਨ ਆਯੋਜਿਤ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਸ੍ਰੀ ਕੁਲਵੰਤ ਸਿੰਘ ਸਿੱਧੂ ਅਤੇ ਐਮ.ਡੀ. ਗੁਰਬਿੰਦਰ ਸਿੰਘ ਬੱਲੀ ਨੇ ਕਿਹਾ ਕਿ ਸੰਸਥਾ ਪਿਛਲੇ 15 ਸਾਲਾ ਤੋਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਸਦਾ ਹੀ ਪ੍ਰਤਿਬੱਧ ਰਹੀ ਹੈ। ਉਨ੍ਹਾਂ ਕਿਹਾ ਕਿ ਐਨ.ਐਸ.ਐਸ. ਕੈਂਪਾਂ ਰਾਹੀਂ ਵਿਦਿਆਰਥੀਆਂ ਨੂੰ ਸਮਾਜਿਕ ਜ਼ਿੰਮੇਵਾਰੀਆਂ ਨਾਲ ਜੋੜਿਆ ਜਾਂਦਾ ਹੈ, ਜੋ ਉਨ੍ਹਾਂ ਨੂੰ ਜੀਵਨ ਦੇ ਅਸਲ ਮੂਲਾਂ ਨਾਲ ਜੋੜਨ ਦਾ ਕੰਮ ਕਰਦਾ ਹੈ। ਇਸ ਦੌਰਾਨ ਸ਼ਾਮ ਵੇਲੇ ਦੇ ਇਸ ਲੈਕਚਰ ਸੈਸ਼ਨ ਦੌਰਾਨ ਉੱਘੇ ਲੇਖਕ, ਪ੍ਰਸਿੱਧ ਸਮਾਜ ਸੇਵੀ ਅਤੇ ਸਰਕਾਰੀ ਸਕੂਲ ਮੌੜ ਮੰਡੀ ਦੇ ਪ੍ਰਿੰਸੀਪਲ ਸ੍ਰੀ ਭੁਪਿੰਦਰ ਸਿੰਘ ਮਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਮਾਨ ਨੇ ਵਲੰਟੀਅਰਜ਼ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਐਨਐਸਐਸ ਵਰਗੇ ਕੈਂਪ ਵਿਦਿਆਰਥੀਆਂ ਦੀ ਸ਼ਖ਼ਸੀਅਤ ਉਸਾਰੀ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਕਿਹਾ ਕਿ ਐਨਐਸਐਸ ਵਿਦਿਆਰਥੀਆਂ ਵਿੱਚ ਸਮਾਜ ਸੇਵਾ, ਅਨੁਸ਼ਾਸਨ, ਨੇਤ੍ਰਿਤਵ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦਾ ਹੈ, ਜੋ ਉਨ੍ਹਾਂ ਨੂੰ ਭਵਿੱਖ ਵਿੱਚ ਇੱਕ ਚੰਗਾ, ਜਾਗਰੂਕ ਅਤੇ ਸੰਵੇਦਨਸ਼ੀਲ ਨਾਗਰਿਕ ਬਣਾਉਂਦਾ ਹੈ। ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਸਮਾਜ ਨਾਲ ਜੁੜ ਕੇ ਕੰਮ ਕਰਨ ਅਤੇ ਦੇਸ਼-ਨਿਰਮਾਣ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਗਿਆ। ਸੰਸਥਾ ਦੇ ਡਾਇਰੈਕਟਰ ਐਡਮਿਨਿਸਟ੍ਰੇਸ਼ਨ ਸ੍ਰੀ ਪਰਮਿੰਦਰ ਸਿੰਘ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਕਿਹਾ ਕਿ ਅਜਿਹੇ ਵਿਸ਼ੇਸ਼ ਸੈਸ਼ਨ ਵਿਦਿਆਰਥੀਆਂ ਲਈ ਪ੍ਰੇਰਨਾਸਰੋਤ ਹੁੰਦੇ ਹਨ। ਉਨ੍ਹਾਂ ਮਹਿਮਾਨ ਸ੍ਰੀ ਭੁਪਿੰਦਰ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਅਨੁਭਵ ਅਤੇ ਵਿਚਾਰ ਵਲੰਟੀਅਰਜ਼ ਲਈ ਮਾਰਗਦਰਸ਼ਕ ਸਾਬਤ ਹੋਣਗੇ।ਇਸ ਮੌਕੇ ਪ੍ਰਿੰਸੀਪਲ ਕਮ-ਪ੍ਰੋਗਰਾਮ ਅਫ਼ਸਰ ਪ੍ਰੋ. ਰਾਜ ਸਿੰਘ ਬਾਘਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਐਨਐਸਐਸ ਕੈਂਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਮਾਜ ਸੇਵਾ ਰਾਹੀਂ ਜੀਵਨ ਦੀ ਅਸਲੀ ਸਿੱਖਿਆ ਦੇਣਾ ਹੈ। ਉਨ੍ਹਾਂ ਨੇ ਕਿਹਾ ਕਿ ਵਲੰਟੀਅਰਜ਼ ਵੱਲੋਂ ਦਿਖਾਇਆ ਜਾ ਰਿਹਾ ਉਤਸ਼ਾਹ ਅਤੇ ਅਨੁਸ਼ਾਸਨ ਕਾਬਿਲ-ਏ-ਤਾਰੀਫ਼ ਹੈ। ਇਸ ਸੱਤ ਰੋਜ਼ਾ ਐਨ.ਐਸ.ਐਸ. ਕੈਂਪ ਦੌਰਾਨ ਕੈਂਪ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਸੀਨੀਅਰ ਪ੍ਰੋ. ਰਾਜਵਿੰਦਰ ਸਿੰਘ ਵੱਲੋਂ ਬਖ਼ੂਬੀ ਨਿਭਾਈ ਜਾ ਰਹੀ ਹੈ, ਜਿਨ੍ਹਾਂ ਦੀ ਸੁਚੱਜੀ ਯੋਜਨਾ ਅਤੇ ਮਾਰਗਦਰਸ਼ਨ ਹੇਠ ਕੈਂਪ ਦੀਆਂ ਸਾਰੀਆਂ ਗਤੀਵਿਧੀਆਂ ਸੁਚਾਰੂ ਢੰਗ ਨਾਲ ਚੱਲ ਰਹੀਆਂ ਹਨ। ਡਾਇਰੈਕਟਰ ਮੈਡਮ ਸਿੰਬਲਜੀਤ ਕੌਰ ਅਤੇ ਮੈਡਮ ਪ੍ਰਸ਼ੋਤਮ ਕੌਰ ਨੇ ਵੀ ਇਸ ਉਪਰਾਲੇ ਦੀ ਸਲਾਘਾ ਕੀਤੀ। ਇਸ ਮੌਕੇ ਮੈਡਮ ਮਨਿੰਦਰਪ੍ਰੀਤ ਕੌਰ ਪ੍ਰੋਗਰਾਮ ਅਫਸਰ ਅਤੇ ਐਜੂਕੇਸ਼ਨ ਕਾਲਜ ਦੇ ਪ੍ਰੋ ਵੀਰਇੰਦਰ ਕੌਰ ਪ੍ਰੋਗਰਾਮ ਅਫਸਰ, ਸੀਨੀਅਰ ਪ੍ਰੋ. ਜਸਵਿੰਦਰ ਸਿੰਘ, ਸੀਨੀਅਰ ਪ੍ਰੋ.ਰਵਿੰਦਰ ਕੁਮਾਰ, ਸੀਨੀਅਰ ਪ੍ਰੋ. ਰਾਜਵਿੰਦਰ ਕੌਰ, ਸੀਨੀਅਰ ਪ੍ਰੋ. ਰਣਜੀਤ ਕੌਰ, ਪ੍ਰੋ. ਰੁਪਿੰਦਰ ਕੌਰ ਸਾਇੰਸ, ਪ੍ਰੋ. ਹਰਵਿੰਦਰ ਕੌਰ, ਸੀਨੀਅਰ ਪ੍ਰੋ. ਹਰਸ਼ ਰਾਣੀ, ਪ੍ਰੋ. ਅਮਨ ਸਰਮਾਂ, ਪ੍ਰੋ. ਗੁਰਪ੍ਰੀਤ ਸਿੰਘ, ਪ੍ਰੋ. ਕਰਨਵੀਰ ਸਿੰਘ, ਪ੍ਰੋ. ਜਗਜੀਤ ਸਿੰਘ, ਆਦਿ ਵੀ ਹਾਜ਼ਰ ਸਨ।

# ਪੋਸਤ ਸਮੇਤ ਤਿੰਨ ਔਰਤਾਂ ਸਣੇ 4 ਜਣੇ ਕਾਬੂ, 2 ਦਿਨ ਦਾ ਪੁਲਿਸ ਰਿਮਾਂਡ



ਮਲੋਟ, 9 ਫਰਵਰੀ ( ਅਮਨਦੀਪ ਸਿੰਘ ਮਹਿਰਾ): ਨਸ਼ਾ ਤਸਕਰਾਂ ਦੁਆਰਾ ਹੁਣ ਰੇਲ ਮਾਰਗ ਰਾਹੀਂ ਨਸ਼ੇ ਦੀ ਤਸਕਰੀ ਸ਼ੁਰੂ ਕਰ ਦੇਣ ਦਾ ਇੱਕ ਮਾਮਲਾ ਸਾਹਮਣੇ ਆਇਆ। ਜਦੋਂ ਰੇਲਵੇ ਪੁਲਿਸ ਨੂੰ ਮਿਲੀ ਇੱਕ ਗੁਪਤ ਸੂਚਨਾ ਦੇ ਆਧਾਰ 'ਤੇ ਕੀਤੀ ਗਈ ਕਾਰਵਾਈ ਉਪਰੰਤ ਜੀਆਰਪੀ ਰੇਲਵੇ ਪੁਲਿਸ ਚੌਂਕੀ ਅਬੋਹਰ ਦੇ ਇੰਚਾਰਜ ਇੰਸਪੈਕਟਰ ਸੰਜੀਵ ਕੁਮਾਰ ਦੀ ਪੁਲਿਸ ਪਾਰਟੀ ਨੇ ਮਲੋਟ ਰੇਲਵੇ ਸਟੇਸ਼ਨ ਤੋਂ ਤਿੰਨ ਔਰਤਾਂ ਸਮੇਤ ਚਾਰ ਲੋਕਾਂ ਨੂੰ 13 ਕਿਲੋ ਗ੍ਰਾਮ ਡੋਡਾ ਚੂਰਾ ਪੋਸਤ ਸਮੇਤ ਗ੍ਰਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਜਾਣਕਾਰੀ ਅਨੁਸਾਰ ਜੀਆਰਪੀ ਪੁਲਿਸ ਥਾਣਾ ਅਬੋਹਰ ਦੇ ਇੰਚਾਰਜ ਇੰਸਪੈਕਟਰ ਸੰਜੀਵ ਕੁਮਾਰ ਨੇ ਪੁਲਿਸ ਪਾਰਟੀ ਨਾਲ ਰੇਲਵੇ ਸਟੇਸ਼ਨ ਮਲੋਟ ਦੇ ਪਲੇਟਫਾਰਮ ਨੰਬਰ-1 ਦੇ ਪੂਰਬੀ ਸਿਰੇ 'ਤੇ ਚੈਕਿੰਗ ਦੌਰਾਨ ਮਿਤੀ 7 ਫਰਵਰੀ 2026 ਨੂੰ ਇੰਸਪੈਕਟਰ ਨੇ ਸਾਥੀ ਮੁਲਾਜ਼ਮਾਂ ਸਮੇਤ ਰੇਲਵੇ ਸਟੇਸ਼ਨ ਮਲੋਟ ਦੇ ਬਾਹਰ ਰੇਲਵੇ ਟਾਵਰ ਸਾਈਡ ਚੈਕਿੰਗ ਦੌਰਾਨ ਦੋਸ਼ੀਆਂ ਨੂੰ ਕਾਬੂ ਕੀਤਾ। ਕਾਬੂ ਕੀਤੇ ਦੋਸ਼ੀਆਂ ਦੀ ਪਛਾਣ ਕ੍ਰਿਸ਼ਨ ਰਾਮ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਝੰਡੂ ਕੇ, ਥਾਣਾ ਬਾਲਿਆਂਵਾਲੀ, ਜ਼ਿਲ੍ਹਾ ਬਠਿੰਡਾ (ਉਮਰ ਕਰੀਬ 49 ਸਾਲ), ਜਸਵੀਰ ਕੌਰ ਪਤਨੀ ਬਿੰਦਰ ਸਿੰਘ ਵਾਸੀ ਪਿੰਡ ਗਹਿਰੀ ਬਾਰਾ ਸਿੰਘ, ਥਾਣਾ ਕੋਟਫੱਤਾ, ਜ਼ਿਲ੍ਹਾ ਬਠਿੰਡਾ (ਉਮਰ ਕਰੀਬ 62 ਸਾਲ), ਜਸਵਿੰਦਰ ਕੌਰ ਪਤਨੀ ਰਜਿੰਦਰ ਸਿੰਘ ਵਾਸੀ ਪਿੰਡ ਝੰਡ ਕੇ, ਥਾਣਾ ਬਾਲਿਆਂਵਾਲੀ, ਜ਼ਿਲ੍ਹਾ ਬਠਿੰਡਾ (ਉਮਰ ਕਰੀਬ 55 ਸਾਲ) ਅਤੇ ਮਨਪ੍ਰੀਤ ਕੌਰ ਪਤਨੀ ਵਜੀਰ ਸਿੰਘ ਵਾਸੀ ਪਿੰਡ ਜੋਗੇਵਾਲਾ, ਨੇੜੇ ਡੱਬਵਾਲੀ, ਜ਼ਿਲ੍ਹਾ ਸਿਰਸਾ (ਹਰਿਆਣਾ) (ਉਮਰ ਕਰੀਬ 35 ਸਾਲ) ਵਜੋਂ ਹੋਈ ਹੈ।ਪੁਲਿਸ ਵੱਲੋਂ ਤਲਾਸ਼ੀ ਦੌਰਾਨ ਕ੍ਰਿਸ਼ਨ ਰਾਮ ਪਾਸੋਂ 1 ਕਿਲੋਗ੍ਰਾਮ, ਜਸਵੀਰ ਕੌਰ ਪਾਸੋਂ 4 ਕਿਲੋ 500 ਗ੍ਰਾਮ, ਜਸਵਿੰਦਰ ਕੌਰ ਪਾਸੋਂ 4 ਕਿਲੋਗ੍ਰਾਮ ਅਤੇ ਮਨਪ੍ਰੀਤ ਕੌਰ ਪਾਸੋਂ 3 ਕਿਲੋ 500 ਗ੍ਰਾਮ ਡੋਡਾ ਚੂਰਾ ਪੋਸਤ ਕੁੱਲ 13 ਕਿਲੋਗ੍ਰਾਮ ਬਰਾਮਦ ਕੀਤਾ ਗਿਆ।ਪੁਲਿਸ ਨੇ ਦੱਸਿਆ ਕਿ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਅਦਾਲਤ ਵਿੱਚਦੱਸਿਆਗਿਆ ਕਿ ਇਹ ਪਤਾ ਲਗਾਉਣਾ ਬਾਕੀ ਹੈ ਕਿ ਦੋਸ਼ੀ ਨਸ਼ਾ ਕਿੱਥੋਂ ਲੈ ਕੇ ਆਏ ਸਨ ਅਤੇ ਕਿਸ ਨੂੰ ਸਪਲਾਈ ਕਰਨਾ ਸੀ। ਇਸ ਤੋਂ ਇਲਾਵਾ ਇਹ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਉਹ ਪਹਿਲਾਂ ਵੀ ਕਿੰਨੀ ਵਾਰ ਇਸ ਤਰ੍ਹਾਂ ਦਾ ਨਸ਼ਾ ਲਿਆ ਕੇ ਆਏ ਹਨ।ਪੁਲਿਸ ਵੱਲੋਂ ਚਾਰਾਂ ਦੋਸ਼ੀਆਂ ਦਾ 2 ਦਿਨਾਂ ਦਾ ਪੁਲਿਸ ਰਿਮਾਂਡ ਹਾਸਲ ਕਰਨ ਲਈ ਅਦਾਲਤ ਕੋਲ ਅਰਜ਼ੀ ਦਿੱਤੀ ਗਈ ਹੈ ਤਾਂ ਜੋ ਨਸ਼ਾ ਤਸਕਰੀ ਨਾਲ ਜੁੜੇ ਹੋਰ ਲਿੰਕਾਂ ਦਾ ਪਤਾ ਲਗਾਇਆ ਜਾ ਸਕੇ। ਅਦਾਲਤ ਵਿੱਚ ਦੱਸਿਆ ਗਿਆ ਕਿ ਇਹ ਪਤਾ ਲਗਾਉਣਾ ਬਾਕੀ ਹੈ ਕਿ ਦੋਸ਼ੀ ਨਸ਼ਾ ਕਿੱਥੋਂ ਲੈ ਕੇ ਆਏ ਸਨ ਅਤੇ ਕਿਸ ਨੂੰ ਸਪਲਾਈ ਕਰਨਾ ਸੀ। ਇਸ ਤੋਂ ਇਲਾਵਾ ਇਹ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਉਹ ਪਹਿਲਾਂ ਵੀ ਕਿੰਨੀ ਵਾਰ ਇਸ ਤਰ੍ਹਾਂ ਦਾ ਨਸ਼ਾ ਲਿਆ ਕੇ ਆਏ ਹਨ।ਪੁਲਿਸ ਵੱਲੋਂ ਚਾਰਾਂ ਦੋਸ਼ੀਆਂ ਦਾ 2 ਦਿਨਾਂ ਦਾ ਪੁਲਿਸ ਰਿਮਾਂਡ ਹਾਸਲ ਕਰਨ ਲਈ ਅਦਾਲਤ ਕੋਲ ਅਰਜ਼ੀ ਦਿੱਤੀ ਗਈ ਹੈ ਤਾਂ ਜੋ ਨਸ਼ਾ ਤਸਕਰੀ ਨਾਲ ਜੁੜੇ ਹੋਰ ਲਿੰਕਾਂ ਦਾ ਪਤਾ ਲਗਾਇਆ ਜਾ ਸਕੇ।

# ਗੁਰਚਰਨ ਸਿੰਘ ਬਾਠ ਦੇ ਸ਼ਰਧਾਂਜਲੀ ਸਮਾਗਮ ਦੌਰਾਨ ਜਨਮੇਜਾ ਸਿੰਘ ਸੇਖੋਂ ਵੱਲੋਂ ਸ਼ਰਧਾਂਜਲੀ ਭੇਟ



ਬਠਿੰਡਾ, 9 ਫਰਵਰੀ (ਇੰਦਰਪਾਲ ਬਾਂਸਲ):ਹਲਕਾ ਮੌੜ ਦੇ ਸੀਨੀਅਰ ਅਕਾਲੀ ਆਗੂ ਅਤੇ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਬਠਿੰਡਾ ਦੇ ਸੀਨੀਅਰ ਮੀਤ ਪ੍ਰਧਾਨ ਸੰਦੀਪ ਸਿੰਘ ਬਾਠ ਦੇ ਪਿਤਾ ਸਵ. ਗੁਰਚਰਨ ਸਿੰਘ ਬਾਠ ਨਮਿਤ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਪਾਤਸ਼ਾਹੀ ਛੇਵੀਂ ਪਿੰਡ ਗਿੱਲ ਕਲਾਂ ਵਿਖੇ ਹੋਇਆ। ਸ੍ਰੀ ਸਹਿਜ ਪਾਠ ਦੇ ਭੋਗ ਉਪਰੰਤ ਕੀਰਤਨੀ ਜਥੇ ਨੇ ਵੈਰਾਗਮਈ ਕੀਰਤਨ ਕੀਤਾ। ਅੰਤਿਮ ਅਰਦਾਸ ਉਪਰੰਤ ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਹਲਕਾ ਮੌੜ ਦੇ ਇੰਚਾਰਜ਼ ਜਨਮੇਜਾ ਸਿੰਘ ਸੇਖੋਂ ਨੇ ਆਖਿਆ ਕਿ ਸਵ. ਗੁਰਚਰਨ ਸਿੰਘ ਬਾਠ ਬਹੁਤ ਹੀ ਮਿਹਨਤੀ, ਇਮਾਨਦਾਰ ਅਤੇ ਅਗਾਂਹਵਧੂ ਵਿਚਾਰਾਂ ਦੇ ਧਾਰਨੀ ਸਨ। ਉਨ੍ਹਾਂ ਦੀ ਘਾਟ ਇਲਾਕੇ ਨੂੰ ਹਮੇਸ਼ਾ ਰੜਕਦੀ ਰਹੇਗੀ।ਇਸ ਸ਼ਰਧਾਂਜਲੀ ਸਮਾਗਮ ਦੌਰਾਨ ਜਗਮੀਤ ਸਿੰਘ ਬਰਾੜ ਸਾਬਕਾ ਮੈਂਬਰ ਪਾਰਲੀਮੈਂਟ, ਜਾਪਿੰਦਰ ਸਿੰਘ ਬਾਠ ਸੈਸ਼ਨ ਜੱਜ, ਮੇਜਰ ਸਿੰਘ ਢਿੱਲੋਂ ਅੰਤਰਿੰਗ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਹਰਿੰਦਰ ਸਿੰਘ ਮਹਿਰਾਜ ਹਲਕਾ ਇੰਚਾਰਜ ਰਾਮਪੁਰਾ, ਬਲਕਾਰ ਸਿੰਘ ਬਰਾੜ, ਜਗਸੀਰ ਸਿੰਘ ਜੱਗਾ ਕਲਿਆਣ ਜ਼ਿਲ੍ਹਾ ਪ੍ਰਧਾਨ ਬਠਿੰਡਾ, ਨਰਿੰਦਰ ਕਾਉਣੀ, ਭੁਪਿੰਦਰ ਸਿੰਘ ਗੋਰਾ।ਸੀਨੀਅਰ ਕਾਂਗਰਸੀ ਆਗੂ, ਅੰਮ੍ਰਿਤ ਧਾਲੀਵਾਲ ਸੀਨੀਅਰ ਕਾਂਗਰਸੀ ਆਗੂ, ਦਿਆਲ ਸਿੰਘ ਸੋਢੀ ਹਲਕਾ ਇੰਚਾਰਜ ਬੀ.ਜੇ.ਪੀ, ਜਥੇਦਾਰ ਤੋਗਾ ਸਿੰਘ, ਸ. ਨੱਛਤਰ ਸਿੰਘ ਗਿੱਲ, ਗੁਰਚਰਨ ਸਿੰਘ ਗਿੱਲ, ਦਰਵਾਰਾ ਸਿੰਘ ਗਿੱਲ ਆਮਰਦੀਪ ਸਿੰਘ ਗਿੱਲ,ਆਪ ਆਗੂ ਸਿੱਪੀ ਭਾਕਰ, ਆਕਾਸ਼ਦੀਪ ਸਿੰਘ ਮਿੱਡੂ ਖੇੜਾ, ਗੁਰਪ੍ਰੀਤ ਸਿੰਘ ਚਹਿਲ ਮਾਨਸਾ, ਅਜੀਤ ਉਪ ਦਫ਼ਤਰ ਬਠਿੰਡਾ ਦੇ ਇੰਚਾਰਜ ਅੰਮ੍ਰਿਤਪਾਲ ਸਿੰਘ ਵਲ੍ਹਾਣ, ਜਥੇਦਾਰ ਹਰਦਿਆਲ ਸਿੰਘ ਮਿੱਠੂ ਚਾਉਕੇ, ਬਲਵੀਰ ਸਿੰਘ ਚਾਉਕੇ, ਰਾਜਦੀਪ ਸਿੰਘ ਕਾਲਾ, ਹਰਭਜਨ ਸਿੰਘ ਮਾਈਸਰ ਖਾਨਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਗੁਰਮੇਲ ਸਿੰਘ ਮਾਈਸਰਖਾਨਾ, ਸੁਖਦੇਵ ਸਿੰਘ ਸਰਕਲ ਪ੍ਰਧਾਨ ਮਾਈਸਰਖਾਨਾ, ਕਾਕਾ ਸਿੰਘ ਬੁਰਜ, ਕੁਲਦੀਪ ਸਿੰਘ ਬੁਰਜ, ਅੰਮ੍ਰਿਤਪਾਲ ਸਿੰਘ ਹਨੀ ਸਰਕਲ ਪ੍ਰਧਾਨ ਜੋਧਪੁਰ ਪਾਖਰ, ਹਰਜਸ ਸਿੰਘ ਘਸਖਾਨਾ ਸਰਕਲ ਪ੍ਰਧਾਨ ਭਾਈ ਬਖਤੌਰ, ਰਾਜਪਾਲ ਰਾਜੂ ਸਰਕਲ ਪ੍ਰਧਾਨ ਮੌੜ ਮੰਡੀ, ਰਵੀ ਕੁਮਾਰ ਉਭਾ, ਗਗਨਦੀਪ ਗਰੇਵਾਲ ਭਗਤਾ, ਡਾਕਟਰ ,ਜਸਪਾਲ ਸਿੰਘ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਸਤਪਾਲ ਗਰਗ ਰਾਮਪੁਰਾ, ਨਰੇਸ਼ ਸੀ.ਏ, ਸੁਰਿੰਦਰ ਜੌੜਾ, ਗੁਰਤੇਜ ਸ਼ਰਮਾ, ਅਜੇ ਸਿੰਗਲਾ, ਦੀਪੂ ਗਰਗ, ਆਸ਼ੂ ਯੂਥ ਆਗੂ, ਰਣਜੀਤ ਸਿੰਘ ਪ੍ਰਿੰਸੀਪਲ ਸੰਤ ਫ਼ਤਿਹ ਸਿੰਘ ਕਾਲਜ ਬਦਿਆਲਾ, ਬਲਵੀਰ ਸਿੰਘ ਸਰਕਲ ਪ੍ਰਧਾਨ ਬਾਲਿਆਂਵਾਲੀ, ਰਣਦੀਪ ਸਿੰਘ ਢਿੱਲਵਾਂ ਸੀਨੀਅਰ ਅਕਾਲੀ ਆਗੂ, ਕਰਮਜੀਤ ਸਿੰਘ ਬੁਰਜ ਢਿੱਲਵਾਂ, ਹਲਕਾ ਮੌੜ ਦੀ ਸੀਨੀਅਰ ਅਕਾਲੀ ਲੀਡਰਸ਼ਿਪ ਅਤੇ ਵੱਖ-ਵੱਖ ਪਿੰਡ ਇਕਾਈਆਂ ਦੇ ਆਗੂ ਵੀ ਹਾਜ਼ਰ ਸਨ। ਸਟੇਜ ਸੰਚਾਲਨ ਦੇ ਦੇ ਫਰਜ਼ ਸੀਨੀਅਰ ਅਕਾਲੀ ਆਗੂ ਜਥੇਦਾਰ ਹਰਦਿਆਲ ਸਿੰਘ ਮਿੱਠੂ ਨੇ ਨਿਭਾਈ।

# ਗੁਰੂ ਕਾਸ਼ੀ ਯੂਨੀਵਰਸਿਟੀ ਦਾ ਦੋ ਰੋਜ਼ਾ ਰੁਜ਼ਗਾਰ ਮੇਲਾ ਅੱਜ ਤੋਂ

ਤਲਵੰਡੀ ਸਾਬੋ, 9 ਫਰਵਰੀ (ਸੰਦੀਪ ਜੋਸੀ): ਸਿੱਖਿਆ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਵੱਲੋਂ ਵਰਸਿਟੀ ਕੈਂਪਸ ਵਿੱਚ ਦੋ ਰੋਜ਼ਾ ਰੁਜ਼ਗਾਰ ਮੇਲੇ ਦਾ ਆਗਾਜ਼ 10 ਫਰਵਰੀ ਨੂੰ ਕੀਤਾ ਜਾਵੇਗਾ। ਇਸ ਬਾਰੇ ਜਾਣਕਾਰੀ ਦਿੰਦਿਆਂ ਵਾਈਸ ਚਾਂਸਲਰ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਨੇ ਦੱਸਿਆ ਕਿ ਮੇਲੇ ਵਿੱਚ ਉੱਤਰੀ ਭਾਰਤ ਦੇ ਲੱਗਭੱਗ 30 ਅਦਾਰੇ ਆਪਣੀਆਂ ਜ਼ਰੂਰਤਾਂ ਅਨੁਸਾਰ ਯੋਗ ਉਮੀਦਵਾਰਾਂ ਦੀ ਚੋਣ ਕਰਨਗੇ। ਉਨ੍ਹਾਂ ਦੱਸਿਆ ਕਿ ਮੇਲੇ ਵਿੱਚ ਕਈ ਉਮੀਦਵਾਰਾਂ ਨੂੰ ਮੌਕੇ 'ਤੇ ਹੀ ਨਿਯੁਕਤੀ ਪੱਤਰ ਦਿੱਤੇ ਜਾਣ ਦੀਆਂ ਸੰਭਾਵਨਾਵਾਂ ਹਨ। ਇਸ ਲਈ ਇੱਛੁਕ ਅਤੇ ਯੋਗ ਉਮੀਦਵਾਰ ਸਵੇਰੇ 10 ਵਜੇ ਆਪਣੇ ਤਾਜ਼ਾ ਪਾਸਪੋਰਟ ਸਾਈਜ਼ ਫੋਟੋਗ੍ਰਾਫ, ਵਿੱਦਿਅਕ ਯੋਗਤਾ ਦੀ ਅਸਲ ਤੇ ਪ੍ਰਮਾਣਿਤ ਫੋਟੋ ਕਾਪੀ, ਜਨਮ,ਜਾਤੀ ਅਤੇ ਆਮਦਨ ਸੰਬੰਧੀ ਲੋੜੀਂਦੇ ਸਰਟੀਫਿਕੇਟ ਲੈ ਕੇ ਯੂਨੀਵਰਸਿਟੀ ਵਿੱਚ ਨਿਸ਼ਚਿਤ ਸਥਾਨ 'ਤੇ ਸਮੇਂ ਸਿਰ ਪੁੱਜਣ ਦੀ ਸਲਾਹ ਦਿੱਤੀ ਜਾਂਦੀ ਹੈ।ਪਰੋ. ਵਾਈਸ ਚਾਂਸਲਰ ਪ੍ਰੋ.(ਡਾ.) ਪੀਯੂਸ਼ ਵਰਮਾ ਨੇ ਦੱਸਿਆ ਕਿ ਵਰਸਿਟੀ ਵੱਲੋਂ ਵੱਖ-ਵੱਖ ਸਮੇਂ ਤੇ ਵਿਦਿਆਰਥੀਆਂ ਨੂੰ ਸਵੈ ਉਦਯੋਗ ਸਥਾਪਿਤ ਕਰਨ ਵਾਸਤੇ ਲੋੜੀਂਦੀਆਂ ਪ੍ਰਕਿਰਿਆਵਾਂ, ਬੈਂਕ ਤੋਂ ਕਰਜਾ ਲੈਣ ਸਬੰਧੀ ਜਾਣਕਾਰੀ ਲਈ ਵਰਕਸ਼ਾਪ ਅਤੇ ਟ੍ਰੇਨਿੰਗ ਕੈਂਪਾਂ ਦਾ ਆਯੋਜਨ ਵੀ ਕੀਤਾ ਜਾਂਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਰੁਜ਼ਗਾਰ ਮੰਗਣ ਦੀ ਬਜਾਏ ਰੁਜ਼ਗਾਰ ਪ੍ਰਦਾਤਾ ਬਣਨ ਲਈ ਪ੍ਰੇਰਿਤ ਕੀਤਾ।ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਦੇ ਡਿਪਟੀ ਡਾਇਰੈਕਟਰ ਡਾ. ਵਿਕਾਸ ਗੁਪਤਾ ਨੇ ਦੱਸਿਆ ਕਿ ਰੁਜ਼ਗਾਰ ਮੇਲੇ ਲਈ 350 ਤੋਂ ਵੱਧ ਵਿਦਿਆਰਥੀ ਰਜਿਸਟ੍ਰੇਸ਼ਨ ਕਰਵਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਭਾਰਤ ਦੀਆਂ ਨਾਮਵਰ ਕੰਪਨੀਆਂ ਵੱਲੋਂ ਏ.ਆਈ. ਇੰਜੀਨੀਅਰ, ਸੇਲਜ਼ ਮੈਨੇਜ਼ਰ, ਨੈਟਵਰਕਿੰਗ ਇੰਜੀਨਿਅਰ, ਸਾਫਟਵੇਅਰ ਇੰਜੀਨੀਅਰ, ਬਿਜਨੇਸ ਡਿਵੈਲਪਮੈਂਟ ਐਸੋਸਿਏਟ, ਵੈਬ ਡਿਜਾਇਨਰ, ਵੈਬ ਡਿਵੈਲਪਰ, ਡਿਜ਼ੀਟਲ ਮਾਰਕਿਟਿੰਗ ਮੈਨੇਜ਼ਰ ਆਦਿ ਦੀਆਂ ਅਸਾਮੀਆਂ ਲਈ ਯੋਗ ਉਮੀਦਵਾਰ ਚੁਣੇ ਜਾਣਗੇ। ਉਨ੍ਹਾਂ ਇਹ ਵੀ ਕਿਹਾ ਕਿ ਮੇਲਾ ਹਾਈਬ੍ਰਿਡ ਮੋਡ ਵਿੱਚ ਹੋਵੇਗਾ। ਕਿਉਂਕਿ ਮੇਲੇ ਦੇ ਦੂਜੇ ਦਿਨ ਕਈ ਕੰਪਨੀਆਂ ਆਨਲਾਈਨ ਵਿਧੀ ਨਾਲ ਉਮੀਦਵਾਰਾਂ ਦੀ ਚੋਣ ਕਰਨਗੀਆਂ। ਇਸ ਲਈ ਇੱਛੁਕ ਵਿਦਿਆਰਥੀ ਮੌਕੇ 'ਤੇ ਰਜਿਸਟ੍ਰੇਸ਼ਨ ਵੀ ਕਰਵਾ ਸਕਦੇ ਹਨ।

## ਆਪ੍ਰੇਸ਼ਨ ਪ੍ਰਹਾਰ-2 ਬਰਨਾਲਾ ਪੁਲਿਸ ਵੱਲੋਂ 27 ਟੀਮਾਂ ਬਣਾ ਕੇ 35 ਵਿਅਕਤੀਆਂ ਖ਼ਿਲਾਫ਼ ਕਾਰਵਾਈ : ਐੱਸ.ਐੱਸ.ਪੀ.



ਬਰਨਾਲਾ, 9 ਫਰਵਰੀ (ਬਘੇਲ ਸਿੰਘ ਧਾਲੀਵਾਲ) : ਪੰਜਾਬ ਸਰਕਾਰ ਅਤੇ ਡਾਇਰੈਕਟਰ ਜਨਰਲ ਪੁਲਿਸ ਪੰਜਾਬ, ਚੰਡੀਗੜ੍ਹ ਵੱਲੋਂ ਜਾਰੀ ਨਿਰਦੇਸ਼ਾਂ ਤਹਿਤ ਬਰਨਾਲਾ ਪੁਲਿਸ ਵਲੋਂ ਆਪ੍ਰੇਸ਼ਨ 'ਪ੍ਰਹਾਰ-2' ਅਧੀਨ ਜ਼ਿਲ੍ਹੇ ਵਿੱਚ 27 ਰੇਡ ਪਾਰਟੀਆਂ ਰਾਹੀਂ ਛਾਪੇਮਾਰੀ ਕੀਤੀ ਗਈ ਅਤੇ 35 ਵਿਅਕਤੀਆਂ ਖ਼ਿਲਾਫ਼ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪੁਲੀਸ ਮੁਖੀ ਮੁਹੰਮਦ ਸਰਫ਼ਰਾਜ਼ ਆਲਮ ਆਈ.ਪੀ.ਐਸ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਡਾਇਰੈਕਟਰ ਜਨਰਲ ਪੁਲਿਸ ਪੰਜਾਬ, ਚੰਡੀਗੜ੍ਹ ਵੱਲੋਂ ਜਾਰੀ ਨਿਰਦੇਸ਼ਾਂ ਤਹਿਤ ਸੂਬੇ ਅੰਦਰ ਗੈਂਗਸਟਰਵਾਦ ਦੇ ਖਾਤਮੇ ਅਤੇ ਅਮਨ ਅਤੇ ਸ਼ਾਂਤੀ ਬਣਾਏ ਰੱਖਣ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ 'ਗੈਂਗਸਟਰਾਂ 'ਤੇ ਵਾਰ' ਤਹਿਤ ਆਪ੍ਰੇਸ਼ਨ 'ਪ੍ਰਹਾਰ-2' ਦੀ ਸ਼ੁਰੂਆਤ ਕੀਤੀ ਗਈ। ਇਸ ਤਹਿਤ ਬਰਨਾਲਾ ਪੁਲਿਸ ਵੱਲੋਂ 8 ਅਤੇ 9 ਫਰਵਰੀ ਦਰਮਿਆਨੀ ਰਾਤ ਨੂੰ ਕੁੱਲ 27 ਰੇਡ ਪਾਰਟੀਆਂ ਬਣਾ ਕੇ ਵੱਖ-ਵੱਖ ਮੁਕੱਦਮਿਆਂ ਵਿੱਚ ਲੋੜੀਂਦੇ ਦੋਸ਼ੀ, ਨਾਮੀ ਗੈਂਗਸਟਰਾਂ ਅਤੇ ਉਹਨਾਂ ਦੇ ਸਾਥੀਆਂ ਨੂੰ ਗ੍ਰਿਫ਼ਤਾਰ ਕਰਨ ਲਈ ਉਹਨਾਂ ਦੇ ਸੰਭਾਵਿਤ ਟਿਕਾਣਿਆਂ 'ਤੇ ਭੇਜੀਆਂ ਗਈਆਂ, ਜਿਸ ਵਿੱਚ 02 ਐਸ.ਪੀ ਰੈਂਕ ਅਤੇ 8 ਡੀ.ਐੱਸ.ਪੀ ਰੈਂਕ ਦੇ ਅਧਿਕਾਰੀਆਂ ਸਮੇਤ ਐਸ.ਐਚ.ਓਜ਼ ਸਮੇਤ ਕੁੱਲ ਫੋਰਸ ਕਰੀਬ 350 ਅਧਿਕਾਰੀ/ਕਰਮਚਾਰੀ ਸ਼ਾਮਲ ਸਨ। ਉਨ੍ਹਾਂ ਦੱਸਿਆ ਕਿ ਇਸ ਕਾਰਵਾਈ ਦੌਰਾਨ ਕੁੱਲ 75 ਸ਼ੱਕੀ ਵਿਅਕਤੀਆਂ ਨੂੰ ਰਾਊਂਡਅਪ ਕਰਕੇ 35 ਵਿਅਕਤੀਆਂ ਖ਼ਿਲਾਫ਼ ਵੱਖ-ਵੱਖ ਕੇਸਾਂ ਵਿੱਚ ਜ਼ਾਬਤਾ ਅਨੁਸਾਰ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।

## ਮੋਦੀ ਵੱਲੋਂ ਟਰੰਪ ਨਾਲ ਕੀਤੇ ਵਪਾਰ ਸਮਝੌਤੇ ਦਾ ਤਿੱਖਾ ਵਿਰੋਧ



ਬਰਨਾਲਾ 9 ਫਰਵਰੀ (ਸੁਖਵਿੰਦਰ ਸਿੰਘ ਭੰਡਾਰੀ): ਕੇਂਦਰ ਸਰਕਾਰ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਅਮਰੀਕਾ ਦੇ ਰਾਸਟਰਪਤੀ ਟਰੰਪ ਨਾਲ ਵਪਾਰ ਸਮਝੌਤਾ ਕਰਕੇ ਅਮਰੀਕਾ ਦਾ ਸਮਾਨ ਵਿਕਣ ਲਈ ਭਾਰਤੀ ਬਾਜ਼ਾਰ ਨੂੰ ਖੋਲ੍ਹ ਦਿੱਤਾ ਹੈ। ਕਿਸਾਨ ਆਗੂ ਧੰਨਾ ਸਿੰਘ ਗਰੇਵਾਲ ਨੇ ਵਪਾਰ ਸਮਝੌਤੇ ਦਾ ਤਿੱਖਾ ਵਿਰੋਧ ਕੀਤਾ ਹੈ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਆਗੂਆ ਨੇ ਦੱਸਿਆ ਕਿ ਕੇਂਦਰ ਦੀ ਸਰਕਾਰ ਵੱਲੋਂ ਅਮਰੀਕੀ ਸਰਕਾਰ ਨਾਲ ਕੀਤੇ ਗਏ ਸਮਝੌਤੇ ਨਾਲ ਜਿੱਥੇ ਭਾਰਤ ਦਾ ਉਦਯੋਗ ਖੇਤਰ ਤਬਾਹ ਹੋਵੇਗਾ, ਉਥੇ ਹੀ ਕਿਸਾਨੀ ਪੂਰੀ ਤਰ੍ਹਾਂ ਤਬਾਹ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਬੇਸ਼ੱਕ ਭਾਰਤ ਸਰਕਾਰ ਕਹਿ ਰਹੀ ਹੈ ਕਿ ਖੇਤੀ ਖੇਤਰ ਨੂੰ ਬਾਹਰ ਰੱਖਿਆ ਗਿਆ ਹੈ ਪਰ ਖੇਤੀ ਉਪਜਾਂ ਤੋਂ ਬਣਿਆ ਅਮਰੀਕੀ ਸਮਾਨ ਭਾਰਤ ਵਿੱਚ ਟੈਕਸ ਮੁਕਤ ਹੋ ਕੇ ਵਿਕੇਗਾ ਤਾਂ ਭਾਰਤੀ ਕਿਸਾਨਾਂ ਦੀਆ ਜਿਨਸਾਂ ਰੁਲ ਜਾਣਗੀਆਂ ਜੋ ਕਿ ਸਾਡੇ ਦੇਸ਼ ਲਈ ਘਾਤਕ ਫ਼ੈਸਲਾ ਸਿੱਧ ਹੋਵੇਗਾ। ਕਿਸਾਨ ਆਗੂ ਧੰਨਾ ਸਿੰਘ ਗਰੇਵਾਲ ਨੇ ਮੰਗ ਕੀਤੀ ਕਿ ਸਰਕਾਰ ਇਸ ਸਮਝੌਤੇ ਵਿੱਚੋ ਖੇਤੀ ਜਿਨਸਾਂ ਅਤੇ ਉਤਪਾਦਾਂ ਨੂੰ ਬਾਹਰ ਰੱਖਦਿਆ ਹੋਇਆ ਭਾਰਤ ਦੇ ਕਿਸਾਨਾਂ ਦੀਆ ਸਾਰੀਆ ਫ਼ਸਲਾਂ ਦੀ ਖਰੀਦ ਦੀ ਕਾਨੂੰਨੀ ਗਰੰਟੀ ਕਰੇ। ਮਿਤੀ 12 ਫ਼ਰਵਰੀ ਨੂੰ ਦੇਸ਼ ਭਰ ਵਿੱਚ ਕਿਸਾਨ ਅਤੇ ਮੁਲਾਜ਼ਮ ਜਥੇਬੰਦੀਆਂ ਵੱਲੋਂ ਹੜਤਾਲ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਗਿਆ।

## ਸੀਨੀਅਰ ਸਟੇਟ ਨੈੱਟਬਾਲ : ਮੇਜ਼ਬਾਨ ਬਰਨਾਲਾ ਦੋਵੇਂ ਵਰਗਾਂ ਵਿੱਚ ਚੈਂਪੀਅਨ



ਬਰਨਾਲਾ, 9 ਫਰਵਰੀ (ਬਘੇਲ ਸਿੰਘ ਧਾਲੀਵਾਲ) : ਸਥਾਨਕ ਐਸ ਡੀ ਕਾਲਜ ਵਿਖੇ ਆਯੋਜਿਤ ਸੀਨੀਅਰ ਸਟੇਟ ਨੈੱਟਬਾਲ (ਮਰਦਾਂ/ਔਰਤਾਂ) ਦੇ ਮੁਕਾਬਲਿਆਂ 'ਚ ਮੇਜ਼ਬਾਨ ਬਰਨਾਲਾ ਦੋਵੇਂ ਵਰਗਾਂ ਵਿਚ ਚੈਂਪੀਅਨ ਰਿਹਾ। ਐਸ ਡੀ ਕਾਲਜ ਦੇ 70ਵੇਂ ਵਰ੍ਹੇ ਨੂੰ ਸਮਰਪਿਤ ਇਹਨਾਂ ਮੁਕਾਬਲਿਆਂ 'ਚ ਬਰਨਾਲਾ ਦੇ ਮਰਦਾਂ ਨੇ ਬਰਨਾਲਾ ਨੇ ਪਹਿਲਾਲੂ ਬਠਿੰਡਾ ਨੇ ਦੂਜਾ ਅਤੇ ਸੰਗਰੂਰ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਔਰਤਾਂ ਦੇ ਵਰਗ ਵਿਚ ਬਰਨਾਲਾ ਨੇ ਪਹਿਲਾ, ਹੁਸ਼ਿਆਰਪੁਰ ਨੇ ਦੂਜਾ ਅਤੇ ਫਾਜ਼ਿਲਕਾ ਨੇ ਤੀਜਾ ਸਥਾਨ ਹਾਸਲ ਕੀਤਾ। ਐਸ ਡੀ ਕਾਲਜ ਪ੍ਰਬੰਧਕ ਕਮੇਟੀ ਦੇ ਮੈਂਬਰ ਸ੍ਰੀ ਭੂਸ਼ਣ ਬਾਂਸਲ ਨੇ ਜੇਤੂਆਂ ਨੂੰ ਇਨਾਮ ਤਕਸੀਮ ਕਰਦਿਆਂ ਕਿਹਾ ਕਿ ਸੂਬੇ ਅੰਦਰ ਇਸ ਖੇਡ ਨੂੰ ਸਥਾਪਿਤ ਕਰਨ ਵਾਲੇ ਮੁਢਲੇ ਮੈਂਬਰਾਂ ਦੇ ਦਿਨ ਰਾਤ ਦੇ ਸਿਰਕੱਢ ਯਤਨਾਂ ਸਦਕਾ ਹੀ ਇਹ ਖੇਡ ਬੁਲੰਦੀਆਂ 'ਤੇ ਪਹੁੰਚੀ ਹੈ। ਉਹਨਾਂ ਇਨ੍ਹਾਂ ਮੁਕਾਬਲਿਆਂ ਨੂੰ ਸਫਲਤਾ ਨਾਲ ਸੰਪੰਨ ਕਰਾਉਣ 'ਤੇ ਸਾਰਿਆਂ ਨੂੰ ਵਧਾਈ ਦਿੱਤੀ। ਪੰਜਾਬ ਨੈੱਟਬਾਲ ਐਸੋਸੀਏਸ਼ਨ ਦੇ ਜਨਰਲ ਸਕੱਤਰ ਦਿਲਬਾਗ ਸਿੰਘ ਨੇ ਵੀ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਪ੍ਰਬੰਧਕੀ ਸਕੱਤਰ ਪ੍ਰੋ. ਬਲਵਿੰਦਰ ਕੁਮਾਰ ਸ਼ਰਮਾ ਨੇ ਦੱਸਿਆ ਕਿ ਇਹਨਾਂ ਦੋ ਦਿਨੀਂ ਮੁਕਾਬਲਿਆਂ 'ਚ 14 ਜ਼ਿਲਿਆਂ ਦੀਆਂ ਟੀਮਾਂ ਨੇ ਹਿੱਸਾ ਲਿਆ ਸੀ। ਇਸ ਮੌਕੇ ਜ਼ਿਲ੍ਹਾ ਨੈੱਟਬਾਲ ਐਸੋਸੀਏਸ਼ਨ ਦੇ ਜਨਰਲ ਸਕੱਤਰ ਸ੍ਰੀ ਗਗਨਦੀਪ ਸਿੰਗਲਾਲੂ ਕਿਰਨਜੀਤ ਕੌਰਲੂ ਬਲਵਿੰਦਰ ਸਿੰਘ, ਰਮਨ ਸਿੰਗਲਾਲੂ ਸ਼ੌਰੀਆ ਪਾਂਡੇ, ਅਰਵਿੰਦ ਕੁਮਾਰਲੂ ਗੁਰਲਾਭ ਸਿੰਘਲੂ ਵੱਖ ਵੱਖ ਟੀਮਾਂ ਦੇ ਕੋਚ ਅਤੇ ਵੱਡੀ ਗਿਣਤੀ ਵਿਚ ਖਿਡਾਰੀ ਹਾਜ਼ਰ ਸਨ।

## ਵਾਈ.ਐਸ. ਕਾਲਜ ਸਾਹਸਿਕ ਸਿੱਖਿਆ ਰਾਹੀਂ ਮਜ਼ਬੂਤ ਯੁਵਕ ਤਿਆਰ ਕਰ ਰਿਹੈ



ਬਰਨਾਲਾ, 9 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਵਾਈ.ਐਸ ਕਾਲਜ, ਜਿਸਨੂੰ ਸਾਲ ਦਾ ਸਭ ਤੋਂ ਉਭਰਦਾ ਉੱਚ ਸਿੱਖਿਆ ਸੰਸਥਾਨ ਘੋਸ਼ਿਤ ਕੀਤਾ ਗਿਆ ਹੈ, ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਅਤੇ ਉਤਕ੍ਰਿਸ਼ਟਤਾ ਦੀ ਆਪਣੀ ਯਾਤਰਾ ਨੂੰ ਲਗਾਤਾਰ ਅੱਗੇ ਵਧਾ ਰਿਹਾ ਹੈ। 9 ਫ਼ਰਵਰੀ ਨੂੰ ਕਾਲਜ ਨੇ ਐਨਐੱਸਐੱਸ ਹਾਇਕਿੰਗ ਅਤੇ ਟ੍ਰੈਕਿੰਗ ਐਡਵੈਂਚਰ ਕੈਂਪ ਵਿੱਚ ਸਰਗਰਮ ਭਾਗੀਦਾਰੀ ਕੀਤੀ, ਜੋ ਕਿ ਯੁਵਕ ਸੇਵਾਵਾਂ ਵਿਭਾਗ, ਪੰਜਾਬ ਸਰਕਾਰ ਵੱਲੋਂ 8 ਫ਼ਰਵਰੀ ਤੋਂ 12 ਫ਼ਰਵਰੀ ਤੱਕ ਐਸ.ਏ.ਐਸ. ਨਗਰ, ਮੋਹਾਲੀ ਵਿਖੇ ਆਯੋਜਿਤ ਕੀਤਾ ਗਿਆ ਹੈ। ਇਸ ਪ੍ਰਤਿਸ਼ਠਿਤ ਕੈਂਪ ਦਾ ਮਕਸਦ ਸਾਹਸਿਕ ਸਿੱਖਿਆ ਅਤੇ ਵਿਸ਼ੇਸ਼ਗਿਆਨਕ ਸੈਸ਼ਨਾਂ ਰਾਹੀਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਨੇਤ੍ਰਿਤਵ, ਸ਼ਾਰੀਰਕ ਤੰਦਰੁਸਤੀ ਅਤੇ ਸਮਾਜਿਕ ਜ਼ਿੰਮੇਵਾਰੀ ਦੇ ਗੁਣ ਵਿਕਸਿਤ ਕਰਨਾ ਹੈ। ਇਸ ਕੈਂਪ ਵਿੱਚ ਵਾਈਐਸ ਕਾਲਜ ਦੇ 20 ਉਤਸ਼ਾਹੀ ਵਿਦਿਆਰਥੀ ਭਾਗ ਲੈ ਰਹੇ ਹਨ, ਜਿੱਥੇ ਲੜਕੀਆਂ ਦਾ ਹਾਇਕਿੰਗ ਅਤੇ ਟ੍ਰੈਕਿੰਗ ਕੈਂਪ ਮਿਰਜ਼ਾਪੁਰ ਅਤੇ ਲੜਕਿਆਂ ਦਾ ਹਾਇਕਿੰਗ ਅਤੇ ਟ੍ਰੈਕਿੰਗ ਕੈਂਪ ਪਲਾਨਪੁਰ, ਐਸ.ਏ.ਐਸ. ਨਗਰ, ਮੋਹਾਲੀ ਵਿਖੇ ਲਗਾਇਆ ਗਿਆ ਹੈ। ਕੈਂਪ ਦੇ ਦੂਜੇ ਦਿਨ ਦੀ ਸ਼ੁਰੂਆਤ ਛੋਟੀ ਸ਼ਾਰੀਰਕ ਕਸਰਤ ਨਾਲ ਹੋਈ, ਜਿਸ ਤੋਂ ਬਾਅਦ ਨਾਸ਼ਤਾ ਅਤੇ ਰੋਮਾਂਚਕ ਟ੍ਰੈਕਿੰਗ ਗਤੀਵਿਧੀ ਕਰਵਾਈ ਗਈ। ਦੁਪਹਿਰ ਦੇ ਭੋਜਨ ਉਪਰਾਂਤ ਵਿਦਿਆਰਥੀਆਂ ਨੇ ਕੈਂਪ ਸਥਲ ਉੱਤੇ ਜ਼ਿਪ ਲਾਈਨ, ਚਾਹ-ਨਾਸ਼ਤਾ ਛੁੱਟੀ ਦਾ ਆਨੰਦ ਲਿਆ ਅਤੇ ਬਾਅਦ ਵਿੱਚ ਡੀ.ਜੇ, ਅੱਗ ਦਾ ਅਲਾਵ, ਸੱਭਿਆਚਾਰਕ ਕਾਰਜਕ੍ਰਮ ਅਤੇ ਸ਼ਾਨਦਾਰ ਡਿਨਰ ਬੁਫ਼ੇ ਨਾਲ ਦਿਨ ਦਾ ਸਮਾਪਨ ਕੀਤਾ। ਇਹ ਕੈਂਪ ਮਨੋਰੰਜਨ, ਅਨੁਸ਼ਾਸਨ, ਟੀਮ ਵਰਕ ਅਤੇ ਵਿਅਕਤਿਤਵ ਵਿਕਾਸ ਦਾ ਸੁੰਦਰ ਸਮਨਯ ਪੇਸ਼ ਕਰਦਾ ਹੈ। ਵਾਈ.ਐਸ ਕਾਲਜ ਦੇ ਦੋ ਅਧਿਆਪਕ, ਭਾਰਤੀ ਕਨਵਰ ਅਤੇ ਰਾਕੇਸ਼ ਕੁਮਾਰ, ਵਿਦਿਆਰਥੀਆਂ ਦੇ ਨਾਲ ਕੈਂਪ ਵਿੱਚ ਸਾਥ ਦੇ ਰਹੇ ਹਨ ਅਤੇ ਸੁਰੱਖਿਆ, ਮਾਰਗਦਰਸ਼ਨ ਅਤੇ ਸੁਚਾਰੂ ਪ੍ਰਬੰਧਨ ਨੂੰ ਯਕੀਨੀ ਬਣਾ ਰਹੇ ਹਨ। ਨਿਰਦੇਸ਼ਕ ਵਰੁਣ ਭਾਰਤੀ ਨੇ ਇਸ ਪਹਿਲ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਵਿਦਿਆਰਥੀਆਂ ਨੂੰ ਆਤਮਵਿਸ਼ਵਾਸੀ, ਅਨੁਸ਼ਾਸਿਤ ਅਤੇ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਨਾਗਰਿਕ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਪ੍ਰਿੰਸੀਪਲ ਡਾ. ਗੁਰਪਾਲ ਸਿੰਘ ਰਾਣਾ ਨੇ ਕਿਹਾ ਕਿ ਸਾਹਸਿਕ ਅਨੁਭਵ ਆਧਾਰਿਤ ਸਿੱਖਿਆ ਵਿਦਿਆਰਥੀਆਂ ਦੇ ਸਮੁੱਚੇ ਵਿਅਕਤਿਤਵ ਵਿਕਾਸ ਲਈ ਬਹੁਤ ਜ਼ਰੂਰੀ ਹੈ। ਵਾਈਸ ਪ੍ਰਿੰਸੀਪਲ ਵੀ.ਪੀ. ਸਿੰਗਲਾ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਤਰ੍ਹਾਂ ਦੇ ਕੈਂਪਾਂ ਵਿੱਚ ਭਾਗੀਦਾਰੀ ਨਾਲ ਵਿਦਿਆਰਥੀਆਂ ਵਿੱਚ ਨੇਤ੍ਰਿਤਵ, ਸਹਿਯੋਗ ਅਤੇ ਸਹਿਨਸ਼ੀਲਤਾ ਦੇ ਗੁਣ ਵਿਕਸਿਤ ਹੁੰਦੇ ਹਨ। ਐਨ.ਐੱਸ.ਐੱਸ ਹਾਇਕਿੰਗ ਅਤੇ ਟ੍ਰੈਕਿੰਗ ਐਡਵੈਂਚਰ ਕੈਂਪ ਵਾਈਐਸ ਕਾਲਜ ਲਈ ਇੱਕ ਮਾਣਯੋਗ ਉਪਲਬਧੀ ਹੈ, ਜੋ ਵਿਦਿਆਰਥੀ ਸਸ਼ਕਤੀਕਰਨ, ਅਨੁਭਵ ਆਧਾਰਿਤ ਸਿੱਖਿਆ ਅਤੇ ਰਾਸ਼ਟਰ ਨਿਰਮਾਣ ਪ੍ਰਤੀ ਕਾਲਜ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

## ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਜ਼ਿਲ੍ਹਾ ਬਰਨਾਲਾ ਦੇ ਤਿੰਨੇ ਹਲਕਿਆਂ ਤੋਂ ਬੱਸਾਂ ਰਵਾਨਾ

### ਪੰਜਾਬ ਸਰਕਾਰ ਵੱਲੋਂ ਧਾਰਮਿਕ ਸਥਾਨਾਂ ਦੇ ਮੁਫ਼ਤ ਦਰਸ਼ਨ ਕਰਵਾਏ ਜਾ ਰਹੇ ਹਨ : ਵਿਧਾਇਕ ਪੰਡੋਰੀ



ਬਰਨਾਲਾ/ਮਹਿਲ ਕਲਾਂ/ਭਦੌੜ, 9 ਫਰਵਰੀ (ਬਘੇਲ ਸਿੰਘ ਧਾਲੀਵਾਲ) : ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਸੰਸਦ ਮੈਂਬਰ ਸ. ਗੁਰਮੀਤ ਸਿੰਘ ਮੀਤ ਹੇਅਰ ਦੀ ਅਗਵਾਈ ਹੇਠ ਜ਼ਿਲ੍ਹਾ ਬਰਨਾਲਾ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਲਗਾਤਾਰ ਸ਼ਰਧਾਲੂਆਂ ਦੀਆਂ ਬੱਸਾਂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਭੇਜੀਆਂ ਜਾ ਰਹੀਆਂ ਹਨ। ਇਸ ਤਹਿਤ ਅੱਜ ਜ਼ਿਲ੍ਹੇ ਦੇ ਤਿੰਨੇ ਵਿਧਾਨ ਸਭਾ ਹਲਕਿਆਂ ਤੋਂ ਸ਼ਰਧਾਲੂਆਂ ਦੇ ਜਥੇ ਪਵਿੱਤਰ ਨਗਰੀ ਅੰਮ੍ਰਿਤਸਰ ਵਿਖੇ ਸਥਿਤ ਵੱਖ ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਗਏ ਜਿਨ੍ਹਾਂ ਵਿੱਚ ਹਲਕਾ ਬਰਨਾਲਾ ਦੇ ਪਿੰਡ ਸੇਖਾ ਤੋਂ 43 ਸ਼ਰਧਾਲੂ, ਹਲਕਾ ਮਹਿਲ ਕਲਾਂ ਦੇ ਪਿੰਡ ਸਾਹੌਰ ਤੋਂ 44 ਸ਼ਰਧਾਲੂ ਤੇ ਹਲਕਾ ਭਦੌੜ ਦੇ ਕਸਬਾ ਭਦੌੜ ਤੋਂ 41 ਸ਼ਰਧਾਲੂ ਸ਼ਾਮਲ ਹਨ। ਅੱਜ ਪਿੰਡ ਸਾਹੌਰ ਤੋਂ ਸ਼ਰਧਾਲੂਆਂ ਦੀ ਬੱਸ ਰਵਾਨਾ ਕਰਦਿਆਂ ਵਿਧਾਇਕ ਮਹਿਲ ਕਲਾਂ ਤੇ ਵਿਸ਼ੇਸ਼ ਅਧਿਕਾਰ ਕਮੇਟੀ (ਵਿਧਾਨ ਸਭਾ) ਦੇ ਚੇਅਰਮੈਨ ਸ. ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਇਹ ਯੋਜਨਾ ਸਿਰਫ਼ ਧਾਰਮਿਕ ਯਾਤਰਾ ਹੀ ਨਹੀਂ, ਸਗੋਂ ਲੋਕਾਂ ਨੂੰ ਆਪਸੀ ਭਾਈਚਾਰੇ ਅਤੇ ਸਾਂਝੀਵਾਲਤਾ ਦੇ ਸੁਨੇਹੇ ਨਾਲ ਵੀ ਜੋੜਦੀ ਹੈ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਨੂੰ ਪਵਿੱਤਰ ਨਗਰੀ ਅੰਮ੍ਰਿਤਸਰ ਵਿਖੇ ਸਥਿਤ ਵੱਖ ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਇਸ ਮੌਕੇ ਵਿਧਾਇਕ ਭਦੌੜ ਸ. ਲਾਭ ਸਿੰਘ ਉੱਗੋਕੇ ਦੀ ਅਗਵਾਈ ਹੇਠ ਭਦੌੜ ਤੋਂ ਵੀ 41 ਸ਼ਰਧਾਲੂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਹੋਏ, ਜਿਸ ਤਹਿਤ ਸ਼ਰਧਾਲੂਆਂ ਦੇ ਰਹਿਣ-ਸਹਿਣ ਅਤੇ ਖਾਣ ਪੀਣ ਦਾ ਮਿਆਰੀ ਪ੍ਰਬੰਧ ਕੀਤਾ ਹੋਇਆ ਹੈ। ਇਸ ਮੌਕੇ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਯੋਜਨਾ ਬਦੌਲਤ ਉਨ੍ਹਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਹੋ ਰਹੇ ਹਨ।

## ਜ਼ਿਲ੍ਹਾ ਰੋਜ਼ਗਾਰ ਬਿਊਰੋ ਵੱਲੋਂ ਪਲੇਸਮੈਂਟ ਕੈਂਪ ਭਲਕੇ

ਬਰਨਾਲਾ, 9 ਫਰਵਰੀ (ਚਮਕੌਰ ਸਿੰਘ ਗੱਗੀ) : ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਬਰਨਾਲਾ ਵੱਲੋਂ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਦੀ ਯੋਗ ਅਗਵਾਈ ਹੇਠ ਜ਼ਿਲ੍ਹੇ ਦੇ ਬੇਰੋਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਮਿਤੀ 11 ਫਰਵਰੀ 2026 (ਦਿਨ ਬੁੱਧਵਾਰ) ਨੂੰ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖ਼ਲਾਈ ਦਫ਼ਤਰ ਬਰਨਾਲਾ ਦੀ ਕਰੀਅਰ ਕਾਊਂਸਲਰ ਮਿਸ ਸੁਮਿੰਦਰ ਕੌਰ ਨੇ ਦੱਸਿਆ ਕਿ ਇਹ ਕੈਂਪ ਸਵੇਰੇ 10:00 ਵਜੇ ਤੋਂ ਦੁਪਹਿਰ 01:00 ਵਜੇ ਤੱਕ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਦੂਜੀ ਮੰਜ਼ਲ, ਡੀ.ਸੀ. ਕੰਪਲੈਕਸ, ਬਰਨਾਲਾ ਵਿੱਚ ਲਗਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਮੁਥੂਟ ਮਾਈਕ੍ਰੋਫਿਨ ਲਿਮਟਿਡ ਕੰਪਨੀ ਵੱਲੋਂ ਫੀਲਡ ਸਟਾਫ਼ ਦੀਆਂ ਅਸਾਮੀਆਂ (ਲੜਕੇ/ਲੜਕੀਆਂ) ਦੀ ਭਰਤੀ ਲਈ ਚੋਣ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਇਨ੍ਹਾਂ ਅਸਾਮੀਆਂ ਲਈ ਵਿੱਦਿਅਕ ਯੋਗਤਾ12ਵੀਂ ਪਾਸ ਤੋਂ ਲੈ ਕੇ ਗ੍ਰੈਜੂਏਸ਼ਨ ਤੱਕ, ਉਮਰ ਹੱਦ 18 ਤੋਂ 32 ਸਾਲ ਅਤੇ ਉਮੀਦਵਾਰ ਕੋਲ ਆਪਣਾ ਵਾਹਨ ਅਤੇ ਡਰਾਈਵਿੰਗ ਲਾਇਸੰਸ ਹੋਣਾ ਲਾਜ਼ਮੀ ਹੈ। ਕਰੀਅਰ ਕਾਊਂਸਲਰ ਨੇ ਅਪੀਲ ਕੀਤੀ ਕਿ ਚਾਹਵਾਨ ਉਮੀਦਵਾਰ ਇੰਟਰਵਿਊ ਦੌਰਾਨ ਆਪਣੇ ਨਾਲ ਆਪਣਾ ਰਿਜ਼ਿਊਮ, ਆਧਾਰ ਕਾਰਡ ਅਤੇ ਵਿੱਦਿਅਕ ਯੋਗਤਾ ਦੇ ਅਸਲ ਸਰਟੀਫਿਕੇਟ ਲੈ ਕੇ ਸਮੇਂ ਸਿਰ ਪਹੁੰਚਣ। ਵਧੇਰੇ ਜਾਣਕਾਰੀ ਲਈ ਉਮੀਦਵਾਰ ਦਫ਼ਤਰ ਦੇ ਹੈਲਪਲਾਈਨ ਨੰਬਰ 94170-39072 'ਤੇ ਸੰਪਰਕ ਕਰ ਸਕਦੇ ਹਨ।

## ਮਿਸ਼ਨ 'ਹਾਰਦਿਕ ਮਿਲਨ 4.0' ਤਹਿਤ ਸਾਬਕਾ ਸੈਨਿਕਾਂ, ਵੀਰਨਾਰੀਆਂ, ਆਸ਼ਰਿਤਾਂ ਲਈ ਵਿਸ਼ੇਸ਼ ਕੈਂਪ



ਬਰਨਾਲਾ, 9 ਫਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਪੰਜਾਬ ਰੈਜੀਮੈਂਟਲ ਸੈਂਟਰ ਰਿਕਾਰਡ ਆਫਿਸ, ਰਾਮਗੜ੍ਹ ਛਾਉਣੀ (ਝਾਰਖੰਡ) ਵੱਲੋਂ ਮਿਸ਼ਨ 'ਹਾਰਦਿਕ ਮਿਲਨ 4.0' ਤਹਿਤ ਸਾਬਕਾ ਸੈਨਿਕਾਂ, ਵੀਰਨਾਰੀਆਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਪੈਨਸ਼ਨ ਸਬੰਧੀ ਸਹੂਲਤਾਂ ਅਤੇ ਅਧਿਕਾਰਾਂ ਬਾਰੇ ਜਾਣਕਾਰੀ ਦੇਣ ਲਈ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਬਰਨਾਲਾ ਵਿੱਚ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਹ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਬਰਨਾਲਾ ਕਮਾਂਡਰ ਦਿਲਪ੍ਰੀਤ ਸਿੰਘ ਕੰਗ (ਰਿਟਾ.) ਨੇ ਦੱਸਿਆ ਕਿ ਪੰਜਾਬ ਰੈਜੀਮੈਂਟਲ ਸੈਂਟਰ ਰਿਕਾਰਡ ਆਫਿਸ, ਰਾਮਗੜ੍ਹ ਛਾਉਣੀ (ਝਾਰਖੰਡ) ਵੱਲੋਂ ਮਿਸ਼ਨ 'ਹਾਰਦਿਕ ਮਿਲਨ 4.0' ਤਹਿਤ ਸਾਬਕਾ ਸੈਨਿਕਾਂ, ਵੀਰਨਾਰੀਆਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਪੈਨਸ਼ਨ ਸਬੰਧੀ ਸਹੂਲਤਾਂ ਅਤੇ ਅਧਿਕਾਰਾਂ ਬਾਰੇ ਜਾਣਕਾਰੀ ਦੇਣ ਲਈ ਇੱਕ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਬਰਨਾਲਾ ਵਿੱਚ ਵਿਸ਼ੇਸ਼ ਕੈਂਪ ਲਗਾਇਆ ਗਿਆ, ਜਿਸ ਵਿਚ ਸਾਬਕਾ ਸੈਨਿਕਾਂ, ਵੀਰਨਾਰੀਆਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਦੀਆਂ ਮੁਸ਼ਕਿਲਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਬਹੁਤੀਆਂ ਮੁਸ਼ਕਿਲਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ। ਕੈਂਪ ਵਿੱਚ ਹਾਜ਼ਰ ਸੈਨਿਕਾਂ/ਵਿਧਵਾਵਾਂ ਨੂੰ ਉਨ੍ਹਾਂ ਦੇ ਹੱਕਾਂ ਭੱਤਿਆਂ ਅਤੇ ਪੈਨਸ਼ਨ ਸਬੰਧੀ ਪ੍ਰਕਿਰਿਆਵਾਂ ਬਾਰੇ ਪੰਜਾਬ ਰੈਜੀਮੈਂਟ ਦੀ ਟੀਮ ਵੱਲੋਂ ਵਿਸਥਾਰ ਨਾਲ ਜਾਣੂੰ ਕਰਵਾਇਆ ਗਿਆ। ਇਸ ਮੌਕੇ ਕਮਾਂਡਰ ਦਿਲਪ੍ਰੀਤ ਸਿੰਘ ਕੰਗ ਅਤੇ ਸਮੂਹ ਸਟਾਫ਼ ਵੱਲੋਂ ਹਾਰਦਿਕ ਮਿਲਨ ਟੀਮ ਦੇ ਮੈਂਬਰਾਂ ਸੂਬੇਦਾਰ ਕਲਰਕ ਵਿਵੇਕ ਕੁਮਾਰ ਸਿੰਘ ਅਤੇ ਨਾਇਕ ਕਲਰਕ ਗੁਨਜੀਤ ਸਿੰਘ ਦਾ ਸਵਾਗਤ ਕੀਤਾ ਗਿਆ। ਉਨ੍ਹਾਂ ਨੇ ਪੰਜਾਬ ਰੈਜੀਮੈਂਟ ਸੈਂਟਰ ਦੇ ਕਮਾਂਡੈਂਟ, ਬ੍ਰਿਗੇਡੀਅਰ ਸਾਜੇਸ਼ ਬਾਬੂ ਪੀ.ਜੀ. ਪੰਜਾਬ ਰਿਕਾਰਡ ਆਫਿਸ ਦੇ ਕਮਾਂਡਿੰਗ ਅਫ਼ਸਰ ਲੈਫ਼ਟੀਨੈਂਟ ਕਰਨਲ ਦੇਵਾਸ਼ੀਸ਼ ਡੇ ਦੀ ਇਸ ਪ੍ਰਕਾਰ ਦੇ ਲੋਕ-ਹਿਤੈਸ਼ੀ ਕੈਂਪ ਲਗਾਉਣ ਲਈ ਸ਼ਲਾਘਾ ਕੀਤੀ। ਇਸ ਦੇ ਨਾਲ ਹੀ ਦਫ਼ਤਰ ਆਉਣ ਵਾਲੇ ਸਾਬਕਾ ਸੈਨਿਕਾਂ, ਵਿਧਵਾਵਾਂ ਨੇ ਕੈਂਪ ਦੇ ਪ੍ਰਬੰਧਾਂ ਤੋਂ ਸਤੁੰਸ਼ਟੀ ਜ਼ਾਹਿਰ ਕਰਦਿਆਂ ਜਰਸਭਦ ਬਰਨਾਲਾ ਦੇ ਅਧਿਕਾਰੀ, ਸਮੂਹ ਕਰਮਚਾਰੀਆਂ ਅਤੇ ਪੰਜਾਬ ਰੈਜੀਮੈਂਟ ਦੀ ਟੀਮ ਦਾ ਧੰਨਵਾਦ ਕਰਦੇ ਹੋਏ ਕਿਹਾ ਗਿਆ ਕਿ ਇਹ ਭਲਾਈ ਕਾਰਜ ਬਹੁਤ ਸ਼ਲਾਘਾਯੋਗ ਹੈ।

## ਜੈ ਵਾਟਿਕਾ ਪਬਲਿਕ ਸਕੂਲ ਨੇ 'ਹਸਤਾ ਲਾ ਵਿਸਤਾ' ਵਿਦਾਇਗੀ ਸਮਾਰੋਹ ਦੀ ਮੇਜ਼ਬਾਨੀ ਕੀਤੀ




ਬਰਨਾਲਾ, 9 ਫਰਵਰੀ (ਇਸ਼ੇਨ ਕੰਗ) : ਜੈ ਵਾਟਿਕਾ ਪਬਲਿਕ ਸਕੂਲ, ਬਰਨਾਲਾ ਨੇ ਆਪਣੇ 12ਵੀਂ ਜਮਾਤ ਦੇ ਵਿਦਿਆਰਥੀਆਂ ਦੇ ਸਨਮਾਨ ਵਿੱਚ ਇੱਕ ਸ਼ਾਨਦਾਰ, ਖੁਸ਼ੀ ਭਰਿਆ ਅਤੇ ਭਾਵੁਕ ਵਿਦਾਇਗੀ ਸਮਾਰੋਹ ਆਯੋਜਿਤ ਕੀਤਾ। 11ਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਰੰਗੀਨ ਸੱਭਿਆਚਾਰਕ ਪ੍ਰਦਰਸ਼ਨਾਂ ਨੇ ਸਮਾਰੋਹ ਨੂੰ ਯਾਦਗਾਰੀ ਬਣਾ ਦਿੱਤਾ। ਸਮਾਗਮ ਦੌਰਾਨ, 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਕਈ ਮਜ਼ੇਦਾਰ ਗਤੀਵਿਧੀਆਂ ਅਤੇ ਖੇਡਾਂ ਦਾ ਆਯੋਜਨ ਕੀਤਾ ਗਿਆ, ਅਤੇ ਸਕੂਲ ਪ੍ਰਿੰਸੀਪਲ ਨੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲਿਆਂ ਨੂੰ ਇਨਾਮ ਦਿੱਤੇ। ਵਿਦਿਆਰਥੀਆਂ ਨੇ ਆਪਣੇ ਸਕੂਲ ਦੇ ਦਿਨਾਂ ਦੀਆਂ ਪਿਆਰੀਆਂ ਯਾਦਾਂ ਸਾਂਝੀਆਂ ਕੀਤੀਆਂ, ਇਹ ਦੱਸਦੇ ਹੋਏ ਕਿ ਕਿਵੇਂ ਉਨ੍ਹਾਂ ਦੇ ਅਧਿਆਪਕਾਂ ਦੇ ਮਾਰਗਦਰਸ਼ਨ ਨੇ ਉਨ੍ਹਾਂ ਦੇ ਅਕਾਦਮਿਕ ਸਫ਼ਰ ਨੂੰ ਆਕਾਰ ਦਿੱਤਾ ਅਤੇ ਉਨ੍ਹਾਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਸਕੂਲ ਦੇ ਅਧਿਆਪਕਾਂ ਦੁਆਰਾ ਕਵਿਤਾਵਾਂ ਦੀ ਸੁੰਦਰ ਪੇਸ਼ਕਾਰੀ ਦੁਆਰਾ ਪ੍ਰੋਗਰਾਮ ਨੂੰ ਹੋਰ ਵੀ ਵਧਾਇਆ ਗਿਆ। ਮਿਸਟਰ ਜੇਵੀਪੀਐਸ ਅਤੇ ਮਿਸ ਜੇਵੀਪੀਐਸ ਦੇ ਖਿਤਾਬਾਂ ਲਈ ਇੱਕ ਵਿਸ਼ੇਸ਼ ਮੁਕਾਬਲਾ ਆਯੋਜਿਤ ਕੀਤਾ ਗਿਆ। ਜਸਕਰਨ ਸਿੰਘ (ਪਲੱਸ ਟੂ ਕਾਮਰਸ) ਨੇ ਮਿਸਟਰ ਜੇਵੀਪੀਐਸ ਦਾ ਖਿਤਾਬ ਜਿੱਤਿਆ, ਅਤੇ ਹਰਨੂਰ ਕੌਰ (ਪਲੱਸ ਟੂ ਸਾਇੰਸ) ਨੇ ਮਿਸ ਜੇਵੀਪੀਐਸ ਦਾ ਖਿਤਾਬ ਜਿੱਤਿਆ।ਇਸ ਤੋਂ ਇਲਾਵਾ, ਖੁਸ਼ਪ੍ਰੀਤ ਸਿੰਘ ਅਤੇ ਕਰਨਵੀਰ ਸਿੰਘ ਨੂੰ ਮਿਸਟਰ ਹੈਂਡਸਮ ਦਾ ਖਿਤਾਬ ਦਿੱਤਾ ਗਿਆ, ਅਤੇ ਰਤਿੰਦਰ ਕੌਰ ਅਤੇ ਮਨਰੀਤ ਕੌਰ ਨੂੰ ਮਿਸ ਗੋਰਜੀਅਸ ਦਾ ਖਿਤਾਬ ਦਿੱਤਾ ਗਿਆ। ਬੈਸਟ ਪਹਿਰਾਵੇ ਦਾ ਖਿਤਾਬ ਰਿਪਨਜੀਤ ਕੌਰ, ਦਿਲਪ੍ਰੀਤ ਸਿੰਘ ਅਤੇ ਮਨਵੀਰ ਸਿੰਘ ਨੂੰ ਮਿਲਿਆ। ਮਿਸਟਰ ਚਾਰਮਿੰਗ ਦਾ ਖਿਤਾਬ ਹਰਵਿੰਦਰ ਸਿੰਘ ਨੂੰ ਅਤੇ ਮਿਸ ਐਲੀਗੈਂਟ ਦਾ ਖਿਤਾਬ ਭਾਰਤੀ ਅਗਰਵਾਲ ਨੂੰ ਦਿੱਤਾ ਗਿਆ। ਸਮਾਗਮ ਵਿੱਚ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ, ਸਕੂਲ ਦੀ ਡਾਇਰੈਕਟਰ, ਸ਼੍ਰੀਮਤੀ ਵਨੀਸ਼ਾ ਬਾਂਸਲ ਨੇ ਸਕਾਰਾਤਮਕ ਮਾਨਸਿਕਤਾ ਅਪਣਾਉਣ ਅਤੇ ਉੱਚ ਸਿੱਖਿਆ ਦੇ ਮਹੱਤਵ ਤੇ ਚਾਨਣਾ ਪਾਇਆ। ਸਕੂਲ ਦੀ ਪ੍ਰਿੰਸੀਪਲ, ਡਾ. ਪਰਵਿੰਦਰ ਕੌਰ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਅਤੇ ਉਨ੍ਹਾਂ ਨੂੰ ਨਕਾਰਾਤਮਕਤਾ ਤੋਂ ਦੂਰ ਰਹਿਣ ਅਤੇ ਸਫਲਤਾ ਲਈ ਯਤਨਸ਼ੀਲ ਰਹਿਣ ਲਈ ਉਤਸ਼ਾਹਿਤ ਕੀਤਾ। ਸਮਾਗਮ ਖੁਸ਼ੀ, ਖੁਸ਼ੀ ਅਤੇ ਭਾਵਨਾਤਮਕ ਵਿਦਾਇਗੀ ਨਾਲ ਸਮਾਪਤ ਹੋਇਆ, ਜਿਸ ਨਾਲ ਸਾਰਿਆਂ ਲਈ ਅਭੁੱਲ ਯਾਦਾਂ ਛੱਡੀਆਂ ਗਈਆਂ।

## ਚੀਮਾ ਵਿਖੇ ਆਜ਼ਾਦ ਕਲੱਬ ਵੱਲੋਂ ਅੱਖਾਂ ਦਾ ਮੁਫ਼ਤ ਆਪ੍ਰੇਸ਼ਨ ਕੈਂਪ 28 ਨੂੰ



ਬਰਨਾਲਾ, 9 ਫਰਵਰੀ (ਬਘੇਲ ਸਿੰਘ ਧਾਲੀਵਾਲ): ਆਜ਼ਾਦ ਸਪੋਰਟਸ ਐਂਡ ਵੈਲਫੇਅਰ ਕਲੱਬ ਚੀਮਾ ਵਲੋਂ ਸਾਲਾਨਾ 29ਵਾਂ ਅੱਖਾਂ ਦਾ ਮੁਫ਼ਤ ਚੈੱਕਅਪ ਅਤੇ ਆਪ੍ਰੇਸ਼ਨ ਕੈਂਪ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ ਅਤੇ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ 28 ਫਰਵਰੀ, ਦਿਨ ਸ਼ਨੀਵਾਰ ਨੂੰ ਵੱਡਾ ਗੁਰਦੁਆਰਾ ਸਾਹਿਬ ਵਿਖੇ ਲਗਾਇਆ ਜਾਵੇਗਾ। ਇਸ ਕੈਂਪ ਦਾ ਪੋਸਟਰ ਬੀਜੇਪੀ ਦੇ ਜ਼ਿਲ੍ਹਾ ਯੂਥ ਪ੍ਰਧਾਨ ਤੇ ਸਮਾਜ ਸੇਵੀ ਰਮਨ ਜਵੰਧਾ, ਕਲੱਬ ਦੇ ਸਰਪ੍ਰਸਤ ਪ੍ਰਿੰਸੀਪਲ ਜਨਕ ਰਾਜ ਸ਼ਰਮਾ ਅਤੇ ਹੋਰ ਕਲੱਬ ਦੇ ਅਹੁਦੇਦਾਰਾਂ ਵਲੋਂ ਰਿਲੀਜ਼ ਕੀਤਾ ਗਿਆ। ਇਸ ਮੌਕੇ ਕਲੱਬ ਪ੍ਰਧਾਨ ਜੀਵਨ ਸਿੰਘ ਧਾਲੀਵਾਲ, ਵਿੱਤ ਸਕੱਤਰ ਲਖਵਿੰਦਰ ਸਿੰਘ ਸੀਰਾ, ਜਨਰਲ ਸਕੱਤਰ ਗੁਰਮੇਲ ਸਿੰਘ ਗੇਲਾ, ਨੰਬਰਦਾਰ ਚਰਨਜੀਤ ਸਿੰਘ, ਡਾ.ਕਰਮਜੀਤ ਸਿੰਘ ਬੱਬੂ ਵੜੈਚ ਅਤੇ ਕਰਮਜੀਤ ਸਿੰਘ ਜੀਤਾ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਪ੍ਰੇਮ ਅੱਖਾਂ ਦਾ ਹਸਪਤਾਲ ਬਰਨਾਲਾ ਦੇ ਡਾ.ਰੁਪੇਸ਼ ਸਿੰਗਲਾ ਅਤੇ ਉਹਨਾਂ ਦੀ ਟੀਮ ਵਲੋਂ ਮਰੀਜ਼ਾਂ ਦੀਆਂ ਅੱਖਾਂ ਦੇ ਚੈੱਕਅਪ ਕੀਤੇ ਜਾਣਗੇ, ਜਿਹਨਾਂ ਵਿੱਚੋਂ ਯੋਗ ਉਮੀਦਵਾਰਾਂ ਦੇ ਮੁਫ਼ਤ ਲੈਂਨਜ਼ ਪਾਏ ਜਾਣਗੇ। ਮਰੀਜ਼ਾਂ ਨੂੰ ਐਨਕਾਂ ਅਤੇ ਦਵਾਈਆਂ ਵੀ ਮੁਫ਼ਤ ਦਿੱਤੀਆਂ ਜਾਣਗੀਆਂ। ਇਸ ਮੌਕੇ ਅਮਨਦੀਪ ਸਿੰਘ ਅਮਨਾ, ਨਵਜੀਤ ਸਿੰਘ ਨਵੀ ਪੇਸ਼ੀ, ਸੁਖਦੀਪ ਜਵੰਧਾ, ਉਂਕਾਰ ਚੀਮਾ, ਪ੍ਰਦੀਪ ਸਿੰਘ, ਜਿੰਦਰ ਜਵੰਧਾ,ਸਾਹਿਲ, ਪੀਤਾ ਥਿੰਦ, ਜਸਪ੍ਰੀਤ ਸਿੰਘ, ਹੈਰੀ ਨੰਬਰਦਾਰ, ਬੱਬੂ ਧਾਲੀਵਾਲ, ਕਰਮਜੀਤ ਕਰਮੂ, ਦਿਲਪ੍ਰੀਤ ਸਿੰਘ ਕੈਨੇਡਾ, ਵਿਸ਼ਵਜੀਤ ਸਿੰਘ, ਦਰਸ਼ਨ ਚੀਮਾ ਡੀਸੀ, ਪ੍ਰੋ. ਲਖਵੀਰ ਸਿੰਘ ਚੀਮਾ ਵੀ ਹਾਜ਼ਰ ਸਨ।

## ਡੇਰਾ ਬਾਬਾ ਗਾਂਧਾ ਸਿੰਘ ਵਿਖੇ ਮੁਫ਼ਤ ਆਯੂਸ਼ ਡਾਕਟਰੀ ਜਾਂਚ ਕੈਂਪ




ਬਰਨਾਲਾ, 9 ਫਰਵਰੀ (ਬਘੇਲ ਸਿੰਘ ਧਾਲੀਵਾਲ) : ਰਾਸ਼ਟਰੀ ਆਯੂਸ਼ ਮਿਸ਼ਨ ਅਤੇ ਸਿਹਤ ਵਿਭਾਗ ਪੰਜਾਬ ਦੇ ਸਾਂਝੇ ਉਪਰਾਲੇ ਸਦਕਾ ਡੇਰਾ ਬਾਬਾ ਗਾਂਧਾ ਸਿੰਘ ਬਰਨਾਲਾ ਵਿਖੇ ਮੁਫ਼ਤ ਆਯੁਰਵੈਦਿਕ ਅਤੇ ਹੋਮਿਓਪੈਥੀ ਮੈਡੀਕਲ ਚੈੱਕਅਪ ਕੈਂਪ ਲਗਾਇਆ। ਡਾਇਰੈਕਟਰ ਆਯੂਰਵੈਦਾ ਪੰਜਾਬ ਡਾ. ਰਮਨ ਖੰਨਾ, ਜ਼ਿਲ੍ਹਾ ਆਯੂਰਵੈਦਿਕ ਤੇ ਯੂਨਾਨੀ ਅਫ਼ਸਰ ਡਾ.ਅਮਨ ਕੌਸਲ ਅਤੇ ਜ਼ਿਲ੍ਹਾ ਹੋਮਿਓਪੈਥੀ ਅਫ਼ਸਰ ਡਾ. ਰਜੀਵ ਜਿੰਦੀਆ ਦੀ ਅਗਵਾਈ ਵਿੱਚ ਇਸ ਕੈਂਪ ਦੌਰਾਨ ਕੁੱਲ 650 ਤੋਂ ਵੱਧ ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ। ਇਸ ਕੈਂਪ ਦਾ ਆਗਾਜ਼ ਮਹੰਤ ਪਿਆਰਾ ਸਿੰਘ ਵੱਲੋਂ ਕਰਦਿਆਂ ਉਪਰਾਲੇ ਦੀ ਸ਼ਲਾਘਾ ਕੀਤੀ ਗਈ। ਕੈਂਪ ਵਿੱਚ ਜੋੜਾਂ ਦੇ ਦਰਦ, ਚਮੜੀ ਦੇ ਰੋਗ, ਸ਼ੂਗਰ, ਉੱਚ-ਰਕਤਚਾਪ, ਪੇਟ ਨਾਲ ਸਬੰਧਿਤ ਰੋਗ, ਦਮਾ, ਇਸਤਰੀ ਰੋਗ ਅਤੇ ਮੌਸਮੀ ਰੋਗਾਂ ਸਬੰਧੀ ਚੈੱਕਅਪ ਕੀਤਾ ਗਿਆ। ਇਸ ਕੈਂਪ ਦੌਰਾਨ ਆਯੂਰਵੈਦ ਡਾ. ਅਮਨਦੀਪ ਸਿੰਘ ਨੋਡਲ ਅਫ਼ਸਰ, ਡਾ. ਰਾਕੇਸ਼ ਕੁਮਾਰ, ਡਾ. ਸ਼ੀਤੂ ਢੀਂਗਰਾ (ਏ ਐਮ ਓ) ਵੱਲੋਂ 412 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਅਤੇ ਹਰਵਿੰਦਰ ਸਿੰਘ, ਜਗਦੀਪ ਸਿੰਘ ਉਪਵੈਦ ਨੇ ਮਰੀਜ਼ਾਂ ਨੂੰ ਦਵਾਈਆਂ ਵੰਡੀਆਂ। ਹੋਮਿਓਪੈਥਿਕ ਵਿਭਾਗ ਵੱਲੋਂ ਡਾ. ਕਮਲਜੀਤ ਕੌਰ (ਐਚ ਐਮ ਓ) ਨੇ 238 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਅਤੇ ਹੋਮਿਓਪੈਥੀ ਡਿਸਪੈਂਸਰ ਗੁਰਚਰਨ ਸਿੰਘ ਔਲਖ ਨੇ ਮਰੀਜ਼ਾਂ ਨੂੰ ਹੋਮਿਓਪੈਥਿਕ ਦਵਾਈਆਂ ਵੰਡੀਆਂ। ਇਸ ਦੌਰਾਨ ਡਾਕਟਰਾਂ ਵੱਲੋਂ ਯੋਗ, ਇਲਾਜ ਤੇ ਸੰਤੁਲਿਤ ਭੋਜਨ ਬਾਰੇ ਵੀ ਜਾਗਰੂਕ ਕੀਤਾ। ਇਸ ਮੌਕੇ ਡਾ. ਅਮਨਦੀਪ ਸਿੰਘ ਨੇ ਕਿਹਾ ਕਿ ਅਜਿਹੇ ਯਤਨਾਂ ਨਾਲ ਲੋਕਾਂ ਵਿੱਚ ਆਯੁਰਵੇਦ ਅਤੇ ਹੋਮਿਓਪੈਥੀ ਪ੍ਰਤੀ ਜਾਗਰੂਕਤਾ ਵਧ ਰਹੀ ਹੈ ਅਤੇ ਉਹ ਅਪਣੀ ਸਿਹਤ ਨੂੰ ਕੁਦਰਤੀ ਤਰੀਕੇ ਨਾਲ ਬਿਹਤਰ ਬਣਾਉਣ ਲਈ ਪ੍ਰੇਰਿਤ ਹੋ ਰਹੇ ਹਨ । ਡੇਰਾ ਪ੍ਰਬੰਧਕਾਂ ਵਲੋਂ ਮੈਡੀਕਲ ਟੀਮ ਦਾ ਧੰਨਵਾਦ ਕੀਤਾ ਗਿਆ ਅਤੇ ਪੰਜਾਬ ਸਰਕਾਰ ਵੱਲੋਂ ਇਨਾਂ ਸਿਹਤ ਸਹੂਲਤਾਂ ਨੂੰ ਘਰ ਘਰ ਪਹੁੰਚਾਉਣ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਗਈ।

## ਬਿਜਲੀ ਮੁਲਾਜ਼ਮਾਂ ਵੱਲੋਂ 12 ਫਰਵਰੀ ਦੀ ਹੜਤਾਲ ਲਈ ਤਿਆਰੀਆਂ ਤੇਜ਼, ਬਰਨਾਲਾ ਵਿੱਚ ਗੇਟ ਰੈਲੀ ਦਾ ਐਲਾਨ



ਬਰਨਾਲਾ, 9 ਫਰਵਰੀ (ਹਰਮਨ) : ਕੇਂਦਰੀ ਟਰੇਡ ਯੂਨੀਅਨਾਂ, ਫੈਡਰੇਸ਼ਨਾਂ ਅਤੇ ਨੈਸ਼ਨਲ ਕੋ-ਆਰਡੀਨੇਸ਼ਨ ਕਮੇਟੀ ਆਫ਼ ਇਲੈਕਟ੍ਰੀਸਿਟੀ ਇੰਪਲਾਈਜ ਐਂਡ ਇੰਜੀਨੀਅਰਜ਼ ਦੇ ਸੱਦੇ 'ਤੇ ਅਤੇ ਪੀ.ਐਸ.ਈ.ਬੀ. ਇੰਪਲਾਈਜ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਦੇ ਸਾਂਝੇ ਥੜੇ ਦੇ ਫੈਸਲੇ ਅਨੁਸਾਰ ਕੇਂਦਰ ਸਰਕਾਰ ਦੀਆਂ ਕਿਸਾਨ, ਮਜ਼ਦੂਰ ਅਤੇ ਮੁਲਾਜ਼ਮ ਵਿਰੋਧੀ ਨੀਤੀਆਂ ਦੇ ਖ਼ਿਲਾਫ਼ ਮਿਤੀ 12 ਫਰਵਰੀ 2026 ਨੂੰ ਇੱਕ ਰੋਜ਼ਾ ਦੇਸ਼ ਵਿਆਪੀ ਹੜਤਾਲ ਕੀਤੀ ਜਾ ਰਹੀ ਹੈ। ਇਸ ਹੜਤਾਲ ਦੀ ਤਿਆਰੀਆਂ ਸਬੰਧੀ ਅੱਜ ਸਰਕਲ ਬਰਨਾਲਾ ਦੇ ਸਮੂਹ ਆਗੂਆਂ ਦੀ ਇੱਕ ਅਹਿੰਕਾਰਪੂਰਨ ਮੀਟਿੰਗ ਕਨਵੀਨਰ ਇੰਜੀ. ਗੁਰਲਾਭ ਸਿੰਘ (ਏ.ਈ.ਈ.) ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੇ ਭਾਗ ਲਿਆ ਅਤੇ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਹੜਤਾਲ ਵਾਲੇ ਦਿਨ 12 ਫਰਵਰੀ ਨੂੰ 66 ਕੇਵੀ ਗਰਿੱਡ, ਧਨੌਲਾ ਰੋਡ ਬਰਨਾਲਾ ਵਿਖੇ ਸਵੇਰੇ 11 ਵਜੇ ਤੋਂ ਦੁਪਹਿਰ 1 ਵਜੇ ਤੱਕ ਗੇਟ ਰੈਲੀ ਕੀਤੀ ਜਾਵੇਗੀ, ਜਿਸ ਵਿੱਚ ਸਰਕਲ ਬਰਨਾਲਾ ਦੇ ਸਮੂਹ ਬਿਜਲੀ ਮੁਲਾਜ਼ਮ ਸ਼ਮੂਲੀਅਤ ਕਰਨਗੇ। ਮੀਟਿੰਗ ਦੌਰਾਨ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੇ ਗਏ ਚਾਰ ਨਵੇਂ ਲੇਬਰ ਕੋਡਾਂ ਨੂੰ ਰੱਦ ਕਰਨ, ਬਿਜਲੀ ਬਿੱਲ 2025 ਵਾਪਸ ਲੈਣ, ਬਿਜਲੀ ਨਿਗਮ ਦੀਆਂ ਕੀਮਤੀ ਜਾਇਦਾਦਾਂ ਵੇਚਣ ਦੀ ਨੀਤੀ ਖ਼ਿਲਾਫ਼ ਸੰਘਰਸ਼ ਤੇਜ਼ ਕਰਨ ਅਤੇ ਮੁਲਾਜ਼ਮਾਂ ਦੀਆਂ ਹੋਰ ਲੰਬਿਤ ਮੰਗਾਂ ਨੂੰ ਤੁਰੰਤ ਹੱਲ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਸਾਂਤਮਈ ਸੰਘਰਸ਼ ਕਰ ਰਹੇ ਕਿਸਾਨਾਂ 'ਤੇ ਕੀਤੇ ਗਏ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਕਿਸਾਨਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਤੁਰੰਤ ਮੰਨੀਆਂ ਜਾਣ। ਮੀਟਿੰਗ ਵਿੱਚ ਇੰਜੀ. ਸ਼ਿਵਕਰਨ, ਜਗਤਾਰ ਸਿੰਘ ਖੇੜੀ, ਹਰਬੰਸ ਸਿੰਘ ਦੀਦਾਰਗੜ੍ਹ, ਸਤਿੰਦਰਪਾਲ ਸਿੰਘ ਜੱਸੜ, ਕੁਲਵੀਰ ਸਿੰਘ ਔਲਖ, ਸਰਬਜੀਤ ਸਿੰਘ, ਜਸਵਿੰਦਰ ਸਿੰਘ ਜੱਸੀ ਅਤੇ ਕਮਲਜੀਤ ਸਿੰਘ ਝਲੂਰ ਸਮੇਤ ਹੋਰ ਆਗੂਆਂ ਨੇ ਭਾਗ ਲਿਆ।

## ਹੌਲਦਾਰ ਅਜੀਤ ਸਿੰਘ ਪੱਖੋ ਯਾਦਗਾਰੀ ਚੌਥਾ ਐਵਾਰਡ ਗੁਰਭਜਨ ਸਿੰਘ ਗਿੱਲ ਨੂੰ



ਬਰਨਾਲਾ, 9 ਫਰਵਰੀ (ਬਘੇਲ ਸਿੰਘ ਧਾਲੀਵਾਲ): ਪੱਖੋ ਕਲਾਂ- ਪੰਜਾਬੀ ਦੇ ਕਹਾਣੀਕਾਰ ਅਤੇ ਵਿੱਦਿਆ ਦਾਨੀ ਹੌਲਦਾਰ ਅਜੀਤ ਸਿੰਘ ਪੱਖੋ ਯਾਦਗਾਰੀ ਸਾਹਿਤਕ ਟਰੱਸਟ ਵੱਲੋਂ ਚੌਥਾ ਐਵਾਰਡ ਪ੍ਰਸਿੱਧ ਪ੍ਰਸਿੱਧ ਕਵੀ ਅਤੇ ਸਾਹਿਤ ਅਕੈਡਮੀ ਲੁਧਿਆਣਾ ਦੇ ਸਾਬਕਾ ਪ੍ਰਧਾਨ ਗੁਰਭਜਨ ਸਿੰਘ ਗਿੱਲ ਨੂੰ ਦਿੱਤਾ ਜਾਵੇਗਾ। ਇਹ ਜਾਣਕਾਰੀ ਦਿੰਦਿਆਂ ਟਰੱਸਟ ਦੇ ਚੇਅਰਮੈਨ ਰਵਿੰਦਰ ਜੀਤ ਸਿੰਘ ਬਿੰਦੀ ਅਤੇ ਜਨਰਲ ਸੈਕਟਰੀ ਬਹੁਪੱਖੀ ਲੇਖਕ ਬੂਟਾ ਸਿੰਘ ਚੌਹਾਨ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਹ ਚੌਥਾ ਐਵਾਰਡ 19 ਫਰਵਰੀ ਨੂੰ ਸਵੇਰੇ 10 ਵਜੇ ਸੇਂਟ ਬਚਨਪੁਰੀ ਇੰਟਰ ਨੈਸ਼ਨਲ ਸਕੂਲ ਪੱਖੋ ਕਲਾ ਵਿਖੇ ਦਿੱਤਾ ਜਾਵੇਗਾ। ਐਵਾਰਡ ਵਿਚ ਗਿਆਰਾਂ ਹਜ਼ਾਰ ਰੁਪਏ ਨਕਦ, ਗਰਮ ਸ਼ਾਲ ਅਤੇ ਯਾਦਗਾਰੀ ਚਿੰਨ੍ਹ ਸ਼ਾਮਿਲ ਹੋਵੇਗਾ।ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਇਹ ਐਵਾਰਡ ਪ੍ਰਸਿੱਧ ਮਨੋਵਿਗਿਆਨਕ ਲੇਖਕ ਨਰਿੰਦਰ ਸਿੰਘ ਕਪੂਰ, ਪ੍ਰਸਿੱਧ ਕਵੀ ਸੁਰਜੀਤ ਪਾਤਰ ਅਤੇ ਸਿਰਮੌਰ ਕਹਾਣੀਕਾਰ ਵਰਿਆਮ ਸਿੰਘ ਸੰਧੂ ਨੂੰ ਦਿੱਤਾ ਜਾ ਚੁੱਕਿਆ ਹੈ। ਉਨ੍ਹਾਂ ਦੱਸਿਆ ਕਿ ਟਰੱਸਟ ਵੱਲੋਂ ਪਿਛਲੇ ਸਾਲ ਇਕ ਕਲਾ ਐਵਾਰਡ ਸ਼ੁਰੂ ਕਰਕੇ ਪੰਜਾਬੀ ਸਿਨੇਮਾ ਦੀ ਪ੍ਰਸਿੱਧ ਅਦਾਕਾਰਾ ਰੁਪਿੰਦਰ ਰੂਪੀ ਨੂੰ ਦਿੱਤਾ ਜਾ ਚੁੱਕਿਆ ਹੈ। ਟਰੱਸਟ ਸਮੇਂ,ਸਮੇਂ ਸਿਰ ਸਾਹਿਤਕ ਸਰਗਰਮੀਆਂ ਵੀ ਕਰਦਾ ਰਹਿੰਦਾ ਹਾਂ।

## ਵਾਈ.ਐਸ. ਪਬਲਿਕ ਸਕੂਲ ਵਿੱਚ ਰਾਸ਼ਟਰੀ 'ਬਾਲੜੀ ਦਿਵਸ' ਮੌਕੇ ਪ੍ਰੇਰਨਾਦਾਇਕ ਸੈਸ਼ਨ



ਬਰਨਾਲਾ, 9 ਫਰਵਰੀ (ਇਸ਼ੇਨ ਕੰਗ) : ਵਾਈਐਸ ਪਬਲਿਕ ਸਕੂਲ, ਹੰਡਿਆਇਆ, ਜੋ ਭਾਰਤ ਦੇ ਟੌਪ 50 ਸਕੂਲਾਂ ਵਿੱਚ ਮਾਣ ਨਾਲ ਸ਼ਾਮਲ ਹੈ, ਵਿੱਚ ਰਾਸ਼ਟਰੀ'ਬਾਲੜੀ ਦਿਵਸ' ਦੇ ਮੌਕੇ ਕਲਾਸ ਗਿਆਰਵੀਂ ਅਤੇ ਬਾਰ੍ਹਵੀਂ ਦੇ ਵਿਦਿਆਰਥੀਆਂ ਲਈ ਇੱਕ ਪ੍ਰੇਰਨਾਦਾਇਕ ਅਤੇ ਅਰਥਪੂਰਨ ਸੈਸ਼ਨ ਬੜੇ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ। ਇਸ ਸੈਸ਼ਨ ਦਾ ਆਯੋਜਨ ਮਨੋਵਿਗਿਆਨ ਵਿਭਾਗ ਵੱਲੋਂ ਕੀਤਾ ਗਿਆ, ਜਿਸ ਵਿੱਚ ਲੜਕੀਆਂ ਦੀ ਭਾਵਨਾਤਮਕ ਮਜ਼ਬੂਤੀ, ਆਤਮ-ਵਿਸ਼ਵਾਸ ਅਤੇ ਸਸ਼ਕਤੀਕਰਨ ਦੀ ਮਹੱਤਤਾ ਉੱਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਸੀਨੀਅਰ ਸੈਕੰਡਰੀ ਪੱਧਰ 'ਤੇ ਵਾਈਐਸ ਪਬਲਿਕ ਸਕੂਲ ਵਿੱਚ ਬੈਚ ਸਿਸਟਮ ਅਪਣਾਇਆ ਗਿਆ ਹੈ, ਜਿਸ ਅਧੀਨ ਵਰਤਮਾਨ ਵਿੱਚ ਛੇ ਵਿਸ਼ੇਸ਼ ਬੈਚ-ਨੀਟ, ਆਈਆਈਟੀ-ਜੇਈਈ, ਸੀਏ, ਯੂਪੀਐਸਸੀ, ਲਾਅ ਅਤੇ ਉਦਯੋਗਪਤੀ ਚਲਾਏ ਜਾ ਰਹੇ ਹਨ। ਮਨੋਵਿਗਿਆਨ ਵਿਸ਼ੇ ਨੂੰ ਇੱਕ ਪ੍ਰਭਾਵਸ਼ਾਲੀ ਮੰਚ ਮੰਨਦਿਆਂ, ਇਸ ਰਾਹੀਂ ਇਹ ਪ੍ਰੇਰਨਾਤਮਕ ਸੈਸ਼ਨ ਕਰਵਾਇਆ ਗਿਆ। ਸਮਾਗਮ ਦੀ ਮੁੱਖ ਵਕਤਾ ਮੈਡਮ ਏਕਤਾ ਮਹਿਰਾ ਰਹੀ, ਜੋ ਇੱਕ ਪ੍ਰੋਫੈਸ਼ਨਲ ਬੇਕਰ ਅਤੇ ਸਫਲ ਉਦਯੋਗਪਤੀ ਹਨ। ਉਨ੍ਹਾਂ ਨੇ ਆਪਣੇ ਜੀਵਨ ਦੇ ਅਨੁਭਵਾਂ ਅਤੇ ਸਫਲਤਾ ਤੱਕ ਦੇ ਸਫਰ ਨੂੰ ਵਿਦਿਆਰਥੀਆਂ ਨਾਲ ਸਾਂਝਾ ਕੀਤਾ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਨੇ ਮਹਾਤਮਾ ਗਾਂਧੀ ਅਤੇ ਥੋਮਸ ਐਡਿਸਨ ਵਰਗੀਆਂ ਮਹਾਨ ਸ਼ਖਸੀਅਤਾਂ ਤੋਂ ਪ੍ਰੇਰਨਾ ਲੈਂਦਿਆਂ ਦੱਸਿਆ ਕਿ ਦ੍ਰਿੜ ਨਿਸ਼ਚੇ, ਹੌਂਸਲੇ ਅਤੇ ਲਗਾਤਾਰ ਮੇਹਨਤ ਹੀ ਸਫਲਤਾ ਦੀ ਅਸਲ ਕੁੰਜੀ ਹਨ। ਉਨ੍ਹਾਂ ਦੇ ਸ਼ਬਦਾਂ ਨੇ ਵਿਦਿਆਰਥੀਆਂ 'ਤੇ ਡੂੰਘਾ ਅਸਰ ਛੱਡਿਆ ਅਤੇ ਆਪਣੇ ਸੁਪਨਿਆਂ 'ਤੇ ਵਿਸ਼ਵਾਸ ਕਰਨ ਲਈ ਪ੍ਰੇਰਿਤ ਕੀਤਾ। ਇਸ ਸੈਸ਼ਨ ਨਾਲ ਸਕੂਲ ਵਿੱਚ ਆਤਮ- ਵਿਸ਼ਵਾਸ ਅਤੇ ਸਕਾਰਾਤਮਕਤਾ ਦਾ ਮਾਹੌਲ ਬਣਿਆ ਅਤੇ ਇਹ ਸ਼ਕਤੀਸ਼ਾਲੀ ਸੁਨੇਹਾ ਦਿੱਤਾ ਗਿਆ ਕਿ ਜੋ ਲੜਕੀ ਆਪਣੇ ਆਪ 'ਤੇ ਵਿਸ਼ਵਾਸ ਕਰਦੀ ਹੈ, ਉਹ ਦੁਨੀਆਂ ਬਦਲ ਸਕਦੀ ਹੈ। ਇਸ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਮੋਹਿਤ ਜਿੰਦਲ ਨੇ ਕਿਹਾ,ਵਾਈਐਸ ਪਬਲਿਕ ਸਕੂਲ ਵਿੱਚ ਅਸੀਂ ਆਤਮ-ਵਿਸ਼ਵਾਸੀ, ਜਾਗਰੂਕ ਅਤੇ ਸਸ਼ਕਤ ਵਿਅਕਤੀਆਂ ਦੀ ਤਿਆਰੀ ਲਈ ਵਚਨਬੱਧ ਹਾਂ। ਰਾਸ਼ਟਰੀ 'ਬਾਲੜੀ ਦਿਵਸ' ਸਿਰਫ਼ ਇੱਕ ਸਮਾਗਮ ਨਹੀਂ, ਸਗੋਂ ਇਹ ਸਾਨੂੰ ਇਹ ਯਾਦ ਦਿਵਾਉਂਦਾ ਹੈ ਕਿ ਹਰ ਲੜਕੀ ਨੂੰ ਅੱਗੇ ਵਧਣ ਅਤੇ ਆਪਣੀ ਪੂਰੀ ਸਮਰੱਥਾ ਨੂੰ ਪਛਾਨਣ ਲਈ ਸਹਾਇਤਾ ਕਰਨਾ ਸਾਡੀ ਜ਼ਿੰਮੇਵਾਰੀ ਹੈ। ਸਮਾਗਮ ਪ੍ਰੇਰਨਾਦਾਇਕ ਨੋਟ ਨਾਲ ਸੰਪੰਨ ਹੋਇਆ, ਜਿਸ ਨਾਲ ਵਿਦਿਆਰਥੀ ਉਤਸ਼ਾਹਿਤ ਅਤੇ ਸਸ਼ਕਤ ਮਹਿਸੂਸ ਕਰਦੇ ਨਜ਼ਰ ਆਏ। ਇਸ ਨੇ ਵਾਈਐਸ ਪਬਲਿਕ ਸਕੂਲ ਦੀ ਸਜਵਪੱਖੀ ਸਿੱਖਿਆ ਅਤੇ ਭਵਿੱਖ ਦੇ ਨੇਤਾਵਾਂ ਦੇ ਸਸ਼ਕਤੀਕਰਨ ਪ੍ਰਤੀ ਵਚਨਬੱਧਤਾ ਨੂੰ ਦੁਬਾਰਾ ਮਜ਼ਬੂਤ ਕੀਤਾ।



# ਪਟਿਆਲਾ-ਆਸ/ਪਾਸ



## ਹਰਚੰਦ ਸਿੰਘ ਬਰਸਟ ਨੇ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਨਾਲ ਵਿਕਾਸ ਕਾਰਜਾਂ ਬਾਰੇ ਕੀਤੀ ਚਰਚਾ



ਸਮਾਣਾ, 9 ਫਰਵਰੀ (ਵਿਜੇ ਕੁਮਾਰ): ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਹਲਕਾ ਸਮਾਣਾ ਦੇ ਪਿੰਡ ਧਰਮਕੋਟ ਵਿਖੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਸਮੇਤ ਪਿੰਡ ਵਾਸੀਆਂ ਨਾਲ ਵਿਸ਼ੇਸ਼ ਤੌਰ ਤੇ ਮੁਲਾਕਾਤ ਕੀਤੀ। ਇਸ ਦੌਰਾਨ ਸ. ਹਰਚੰਦ ਸਿੰਘ ਬਰਸਟ ਨੇ ਪਿੰਡ ਵਾਸੀਆਂ ਨੂੰ ਸੂਬਾ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਬਾਰੇ ਜਾਣੂੰ ਕਰਵਾਇਆ ਅਤੇ ਇਨ੍ਹਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਸ. ਬਰਸਟ ਨੇ ਇਸ ਦੇ ਨਾਲ ਹੀ ਪਿੰਡ ਵਿੱਚ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਨੂੰ ਲੈ ਕੇ ਵੀ ਸਰਪੰਚਾਂ ਅਤੇ ਲੋਕਾਂ ਨਾਲ ਵਿਚਾਰ ਵਟਾਂਦਰਾ ਕੀਤਾ। ਲੋਕਾਂ ਨੇ ਸ. ਬਰਸਟ ਨੂੰ ਪਿੰਡ ਦੇ ਵਿਕਾਸ ਨੂੰ ਲੈ ਕੇ ਕਈ ਸੁਝਾਅ ਦਿੱਤੇ, ਜਿਸ 'ਤੇ ਉਨ੍ਹਾਂ ਵੱਲੋਂ ਲੋਕਾਂ ਦੇ ਸੁਝਾਵਾਂ ਨੂੰ ਪਹਿਲ ਦੇ ਅਧਾਰ 'ਤੇ ਪੂਰਾ ਕਰਨ ਦਾ ਭਰੋਸਾ ਦਵਾਇਆ। ਉਨ੍ਹਾਂ ਪਿੰਡ ਵਾਸੀਆਂ ਨੂੰ ਸੂਬਾ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਲਏ ਜਾ ਰਹੇ ਵੱਡੇ-ਵੱਡੇ ਫੈਸਲਿਆਂ ਬਾਰੇ ਜਾਣੂੰ ਕਰਵਾਉਂਦਿਆਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਲੋਕਾਂ ਲਈ ਵਧੇਰੀ ਲਾਹੇਵੰਦ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਦੀ ਧੱਕੇਸ਼ਾਹੀ ਦੇ ਬਾਵਜੂਦ ਪੰਜਾਬ ਦੇ ਪਿੰਡਾਂ ਦਾ ਚਹੁਪੱਖੀ ਵਿਕਾਸ ਕਰਕੇ ਰਹੇਗੀ।ਇਸ ਮੌਕੇ ਹਰਿੰਦਰ ਸਿੰਘ ਧਬਲਾਨ, ਧੰਨਵੰਤ ਸਿੰਘ ਸਾਬਕਾ ਸਰਪੰਚ ਧਰਮਕੋਟ (ਯੂਥ ਵਿੰਗ ਮੈਂਬਰ), ਰਾਮ ਲਾਲ ਸਰਪੰਚ ਧਰਮਕੋਟ, ਸੁਖਬੀਰ ਸਿੰਘ ਸਰਪੰਚ ਵਲੀਪੁਰ, ਪਰਗਟ ਸਿੰਘ ਸਰਪੰਚ ਮੁੰਡਖੇੜਾਂ, ਗੁਲਜਾਰ ਸਿੰਘ ਦੁਘਾਟ, ਬਲਵਿੰਦਰ ਸਿੰਘ ਮੌਜੂਦਾ ਮੈਂਬਰ, ਭੁਪਿੰਦਰ ਸਿੰਘ ਸਾਬਕਾ ਮੈਂਬਰ ਪੰਚਾਇਤ ਅਤੇ ਵੱਡੀ ਗਿਣਤੀ ਵਿੱਚ ਪਿੰਡ ਦੇ ਲੋਕ ਮੌਜੂਦ ਰਹੇ।

## ਪੰਜਾਬੀ ਯੂਨੀਵਰਸਿਟੀ ਵੱਲੋਂ ਨੇਬਰਹੁੱਡ ਕੈਂਪਸਾਂ ਦੇ ਪੀ.ਟੀ.ਏ. ਅਧਿਆਪਕਾਂ ਦੇ ਮਾਣਭੱਤੇ 'ਚ ਵਾਧਾ

ਪਟਿਆਲਾ, 9 ਫਰਵਰੀ (ਰੁਪਾਣਾ) : ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਆਪਣੇ ਨੇਬਰਹੁੱਡ ਕੈਂਪਸਾਂ 'ਚ ਕੰਮ ਕਰ ਰਹੇ ਪੀਟੀਏਅਧਿਆਪਕਾਂ ਲਈ ਅਹਿਮ ਫੈਸਲਾ ਲਿਆ ਗਿਆ ਹੈ। ਯੂਨੀਵਰਸਿਟੀ ਪ੍ਰਸ਼ਾਸਨ ਨੇ ਇਨ੍ਹਾਂ ਅਧਿਆਪਕਾਂ ਦੇ ਮਾਣਭੱਤੇ ਵਿੱਚ ਵਾਧਾ ਕਰਨ ਦਾ ਅਧਿਕਾਰਤ ਹੁਕਮ ਜਾਰੀ ਕਰ ਦਿੱਤਾ ਹੈ। ਨੇਬਰਹੁੱਡ ਕੈਂਪਸਾਂ 'ਚ ਪੀਟੀਏ ਫੰਡ ਅਧੀਨ ਤਾਇਨਾਤ ਅਧਿਆਪਕਾਂ ਦਾ ਮਾਣ ਭੱਤਾ 18,000 ਰੁਪਏ ਤੋਂ ਵਧਾ ਕੇ 22,000 ਰੁਪਏ ਪ੍ਰਤੀ ਮਹੀਨਾ ਕਰ ਦਿੱਤਾ ਗਿਆ ਹੈ। ਇਹ ਵਾਧਾ 1 ਜਨਵਰੀ 2026 ਤੋਂ ਮੰਨਿਆ ਜਾਵੇਗਾ। ਇਹ ਵਾਧਾ ਉਨ੍ਹਾਂ ਅਧਿਆਪਕਾਂ 'ਤੇ ਲਾਗੂ ਹੋਵੇਗਾ ਜੋ ਇੰਟਰਵਿਊ ਸਮੇਂ ਨਿਰਧਾਰਤ ਯੋਗਤਾਵਾਂ ਪੂਰੀਆਂ ਨਹੀਂ ਕਰਦੇ ਸਨ, ਅਤੇ ਇਹ ਵਾਧਾ ਯੂਨੀਵਰਸਿਟੀ ਦੇ ਕਾਂਸਟੀਚਿਊਂਟ (ਸੰਵਿਧਾਨਕ) ਕਾਲਜਾਂ ਦੀ ਤਰਜ਼ 'ਤੇ ਕੀਤਾ ਗਿਆ ਹੈ। ਇਹ ਮਾਨਭੱਤਾ ਗਰਮੀਆਂ ਦੀਆਂ ਛੁੱਟੀਆਂ ਦੀ ਮਿਆਦ ਨੂੰ ਛੱਡ ਕੇ ਦਿੱਤਾ ਜਾਵੇਗਾ।ਦਫ਼ਤਰੀ ਹੁਕਮਾਂ ਅਨੁਸਾਰ, ਇਸ ਵਾਧੇ ਸਬੰਧੀ ਅਦਾਇਗੀ ਦੀ ਜ਼ਿੰਮੇਵਾਰੀ ਸਬੰਧਿਤ ਨੇਬਰਹੁੱਡ ਕੈਂਪਸਾਂ ਦੀ ਹੋਵੇਗੀ। ਇਹ ਅਦਾਇਗੀ ਕੈਂਪਸ ਆਪਣੇ ਪੱਧਰ 'ਤੇ ਪੀਟੀਏ ਫੰਡ ਵਿੱਚੋਂ ਹੀ ਕਰਨਗੇ। ਇਹ ਹੁਕਮ ਵਾਈਸ-ਚਾਂਸਲਰ ਦੀ ਪ੍ਰਵਾਨਗੀ ਤੋਂ ਬਾਅਦ ਡੀਨ ਅਕਾਦਮਿਕ ਮਾਮਲੇ ਵੱਲੋਂ ਜਾਰੀ ਕੀਤੇ ਗਏ ਹਨ, ਜਿਸ ਦੀਆਂ ਕਾਪੀਆਂ ਸਮੂਹ ਮੁਖੀਆਂ ਅਤੇ ਵਿੱਤ ਅਫ਼ਸਰ ਨੂੰ ਕਾਰਵਾਈ ਹਿਤ ਭੇਜ ਦਿੱਤੀਆਂ ਗਈਆਂ ਹਨ।

## 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦਾ ਪਿੰਡ ਦੌਣ ਖੁਰਦ ਤੋਂ ਸ਼ਰਧਾਲੂਆਂ ਦਾ ਪਹਿਲਾ ਜੱਥਾ ਰਵਾਨਾ

### ਰਣਜੋਧ ਸਿੰਘ ਹਡਾਨਾ ਨੇ ਦਿਖਾਈ ਹਰੀ ਝੰਡੀ



ਦੇਵੀਗੜ੍ਹ, 9 ਫ਼ਰਵਰੀ (ਗੁਰਜੀਤ ਸਿੰਘ ਢੋਟ) : : ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਆਪਣੇ ਧਾਰਮਿਕ ਅਸਥਾਨਾਂ ਦੇ ਸੁਖਾਲੇ ਦਰਸ਼ਨ ਕਰਵਾਉਣ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਅੱਜ ਹਲਕਾ ਸਨੌਰ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਦੱਸਣਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਨਾ ਵੱਲੋਂ ਪੰਜਾਬ ਦੇ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਪਿੰਡ ਦੌਣ ਖੁਰਦ ਤੋਂ ਸ਼ਰਧਾਲੂਆਂ ਦੀ ਪਹਿਲੀ ਵਿਸ਼ੇਸ਼ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਸ਼ਰਧਾਲੂਆਂ ਦੀ ਬੱਸ ਨੂੰ ਰਵਾਨਾ ਕਰਨ ਪੁੱਜੇ ਪਹੁੰਚੇ ਰਣਜੋਧ ਸਿੰਘ ਹਡਾਨਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਇਹ ਇੱਕ ਬਹੁਤ ਹੀ ਨੇਕ ਉਪਰਾਲਾ ਹੈ। ਉਨ੍ਹਾਂ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂਆਂ ਦੇ ਰਹਿਣ, ਖਾਣ-ਪੀਣ (ਲੰਗਰ) ਅਤੇ ਆਉਣ-ਜਾਣ ਦਾ ਸਾਰਾ ਖ਼ਰਚਾ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਜਿੱਥੇ ਵਿਕਾਸ ਦੇ ਕੰਮਾਂ ਵਿੱਚ ਮੋਹਰੀ ਹੈ, ਉੱਥੇ ਹੀ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਨਾ ਵੀ ਆਪਣਾ ਫ਼ਰਜ਼ ਸਮਝਦੀ ਹੈ। ਦੌਣ ਖੁਰਦ ਤੋਂ ਰਵਾਨਾ ਹੋਈ ਇਸ ਬੱਸ ਵਿੱਚ ਬਜ਼ੁਰਗਾਂ ਅਤੇ ਔਰਤਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ, ਜਿਨ੍ਹਾਂ ਦੇ ਚਿਹਰਿਆਂ 'ਤੇ ਖ਼ੁਸ਼ੀ ਸਾਫ਼ ਦਿਖਾਈ ਦੇ ਰਹੀ ਸੀ।ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੇ ਭਾਵੁਕ ਹੁੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਰਣਜੋਧ ਸਿੰਘ ਹਡਾਨਾ ਦਾ ਧੰਨਵਾਦ ਕੀਤਾ।ਰਣਜੋਧ ਹਡਾਨਾ ਨੇ ਭਰੋਸਾ ਦਿਵਾਇਆ ਕਿ ਇਹ ਸਿਲਸਿਲਾ ਜਾਰੀ ਰਹੇਗਾ ਅਤੇ ਹਲਕੇ ਦੇ ਹੋਰ ਪਿੰਡਾਂ ਤੋਂ ਵੀ ਸ਼ਰਧਾਲੂਆਂ ਨੂੰ ਪੜਾਅਵਾਰ ਯਾਤਰਾ 'ਤੇ ਭੇਜਿਆ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਯਾਤਰਾ ਦੌਰਾਨ ਕਿਸੇ ਵੀ ਸ਼ਰਧਾਲੂ ਨੂੰ ਕੋਈ ਦਿੱਕਤ ਨਾ ਆਵੇ ਅਤੇ ਉਨ੍ਹਾਂ ਦੀ ਸੁਰੱਖਿਆ ਤੇ ਸਹੂਲਤ ਦਾ ਪੂਰਾ ਧਿਆਨ ਰੱਖਿਆ ਜਾਵੇ।ਇਸ ਮੌਕੇ ਪਿੰਡ ਦੀ ਪੰਚਾਇਤ, ਬਲਾਕ ਪ੍ਰਧਾਨ, ਪਾਰਟੀ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ, ਜਿਨ੍ਹਾਂ ਨੇ ਜੈਕਾਰਿਆਂ ਦੀ ਗੂੰਜ ਵਿੱਚ ਸ਼ਰਧਾਲੂਆਂ ਦੇ ਜੱਥੇ ਨੂੰ ਵਿਦਾ ਕੀਤਾ।

## ਸਾਂਝ ਕੇਂਦਰ ਸਦਰ ਨਸ਼ਿਆਂ ਦੀ ਦਲ-ਦਲ 'ਚ ਫਸ ਚੁੱਕੇ ਨੌਜਵਾਨਾਂ ਦੀ ਕੌਂਸਲਿੰਗ ਕਰਕੇ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ 'ਚ ਇਲਾਜ ਕਰਵਾਉਣ ਲਈ ਕਰ ਰਿਹੈ ਪ੍ਰੇਰਿਤ: ਗੁਰਮੀਤ ਸਿੰਘ





ਪਟਿਆਲਾ, 9 ਫਰਵਰੀ (ਚ.ਨ.ਸ.) : ਸਾਂਝ ਕੇਂਦਰ ਸਦਰ ਪਟਿਆਲਾ ਵੱਲੋਂ ਯੂਥ ਫੈਡਰੇਸ਼ਨ ਆਫ ਇੰਡੀਆ , ਪਾਵਰ ਹਾਊਸ ਯੂਥ ਕਲੱਬ,ਯੁਵਕ ਸੇਵਾਵਾਂ ਕਲੱਬ ਦੀਪ ਨਗਰ ਜ਼ੋ ਕਿ ਲੰਮੇ ਸਮੇਂ ਤੋਂ ਨਸ਼ਿਆਂ ਵਿਰੁੱਧ ਕੰਮ ਕਰ ਰਹੀਆਂ ਹਨ ਦੇ ਸਹਿਯੋਗ ਨਾਲ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਾਮਿਊਨਟੀ ਅਵੇਅਰ ਡਵੀਜ਼ਨ ਪੰਜਾਬ ਗੁਰਪ੍ਰੀਤ ਕੌਰ ਦਿਓ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ, ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ, ਐਸ ਪੀ ਹੈਡਕੁਆਰਟਰ-ਕਮ -ਜ਼ਿਲ੍ਹਾ ਕਾਮਊਨਿਟੀ ਅਫਸਰ ਵੈਭਵ ਚੌਧਰੀ, ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੀ ਸਰਪ੍ਰਸਤੀ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵੱਖ ਵੱਖ ਪਿੰਡਾਂ, ਸਕੂਲਾਂ, ਕਾਲਜਾਂ ਵਿੱਚ ਕਰਵਾਏ ਜਾਣ ਵਾਲੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਸਬੰਧੀ ਮੀਟਿੰਗ ਦਾ ਆਯੋਜਨ ਸਾਂਝ ਕੇਂਦਰ ਸਦਰ ਪਟਿਆਲਾ ਵਿਖੇ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਐਸ ਐਚ ਓ ਥਾਣਾ ਸਦਰ ਪਟਿਆਲਾ ਐਸ.ਆਈ ਗੁਰਮੀਤ ਸਿੰਘ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ ਨੇ ਕੀਤੀ। ਇਸ ਮੌਕੇ ਰਾਸ਼ਟਰਪਤੀ ਪੁਲਿਸ ਮੈਡਲ ਵਿਜੇਤਾ ਐਸ ਆਈ ਜਸਪਾਲ ਸਿੰਘ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ ।ਵਿਸ਼ੇਸ਼ ਤੌਰ 'ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ,ਸਾਂਝ ਕੇਂਦਰ ਮੈਂਬਰ ਐਚ ਐਸ ਕਰੀਰ, ਉਪਕਾਰ ਸਿੰਘ, ਦਲਬੀਰ ਸਿੰਘ ਨੈਂਡਾ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਹਰਮਨਜੀਤ ਸਿੰਘ ਰੰਧਾਵਾ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਗੁਰਮੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਅਤੇ ਡਾਇਰੈਕਟਰ ਜਨਰਲ ਆਫ਼ ਪੁਲਿਸ ਦੀ ਅਗਵਾਈ ਹੇਠ ਨਸ਼ਿਆਂ ਨੂੰ ਪੰਜਾਬ ਵਿੱਚੋਂ ਜੜ੍ਹੋਂ ਖਤਮ ਕਰਨ ਲਈ ਵਚਨਬੱਧ ਹੈ। ਉਹਨਾਂ ਕਿਹਾ ਕਿ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਨਸ਼ਾ ਛੱਡਣ ਵਾਲੇ ਨੌਜਵਾਨਾਂ ਦਾ ਇਲਾਜ ਮੁਫ਼ਤ ਕੀਤਾ ਜਾਂਦਾ ਹੈ। ਉਹਨਾਂ ਕਿਹਾ ਕਿ ਨਸ਼ਾ ਤਸਕਰਾਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਪਬਲਿਕ ਦਾ ਸਹਿਯੋਗ ਜ਼ਰੂਰੀ ਹੈ।

## ਭਗਵਾਨ ਪਰਸ਼ੂਰਾਮ ਵਾਟਿਕਾ ਵਿਖੇ ਚੌਥਾ ਸਾਲਾਨਾ ਚੂਰੀ ਡੋਰਾ ਸਮਾਗਮ

### ➢ਵਿਧਾਇਕ ਕੋਹਲੀ ਅਤੇ ਮੇਅਰ ਗੋਗੀਆ ਵੱਲੋਂ ਸ਼ਿਰਕਤ



ਪਟਿਆਲਾ, 9 ਫਰਵਰੀ (ਰੁਪਾਣਾ) : ਬਹਾਵਲਪੁਰ ਸਮਾਜ ਵੱਲੋਂ ਭਗਵਾਨ ਪਰਸ਼ੂਰਾਮ ਵਾਟਿਕਾ ਵਿਖੇ ਭਗਵਾਨ ਸ਼ਿਵ ਜੀ ਦੇ ਪ੍ਰਸਾਦ 'ਚੂਰੀ ਡੋਰਾ' ਦਾ ਚੌਥਾ ਸਾਲਾਨਾ ਧਾਰਮਿਕ ਸਮਾਗਮ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਪਵਿੱਤਰ ਸਮਾਗਮ ਵਿੱਚ ਪਟਿਆਲਾ ਸ਼ਹਿਰੀ ਤੋਂ ਵਿਧਾਇਕ ਅਜੀਤਪਾਲ ਕੋਹਲੀ ਅਤੇ ਮੇਅਰ ਕੁੰਦਨ ਗੋਗੀਆ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ । ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਅਤੇ ਮੇਅਰ ਕੁੰਦਨ ਗੋਗੀਆ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਤਰ੍ਹਾਂ ਦੇ ਧਾਰਮਿਕ ਸਮਾਗਮ ਸਮਾਜ ਵਿੱਚ ਸਾਂਝ, ਸਹਿਯੋਗ ਅਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਪ੍ਰਬੰਧਕਾਂ ਨੇ ਦੱਸਿਆ ਕਿ ਹਜ਼ਾਰਾਂ ਸ਼ਰਧਾਲੂ ਸਵੇਰੇ 11 ਵਜੇ ਤੋਂ ਰਾਤ 11 ਵਜੇ ਤੱਕ ਦਰਸ਼ਨਾਂ ਅਤੇ ਪ੍ਰਸਾਦ ਪ੍ਰਾਪਤ ਕਰਨ ਲਈ ਪਹੁੰਚੇ। ਸਮਾਗਮ ਦੌਰਾਨ ਭਜਨ-ਕੀਰਤਨ ਅਤੇ ਸ਼ਿਵ ਜੀ ਦੀ ਮਹਿਮਾ ਦੇ ਗਾਇਨ ਨਾਲ ਸਾਰਾ ਮਾਹੌਲ ਭਗਤੀਮਈ ਬਣਿਆ ਰਿਹਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਮਸੀ ਰਾਜੂ ਸਾਹਨੀ, ਬਿੱਟੂ ਪ੍ਰਧਾਨ ਜੀ ਅਤੇ ਉਨ੍ਹਾਂ ਦੀ ਪੂਰੀ ਟੀਮ ਵੀ ਮੌਜੂਦ ਰਹੇ। ਉਨ੍ਹਾਂ ਵੱਲੋਂ ਕੀਤੇ ਗਏ ਸੁਚੱਜੇ ਪ੍ਰਬੰਧਾਂ ਕਾਰਨ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਹੀਂ ਆਈ।

## 100 ਨਸ਼ੀਲੀਆਂ ਗੋਲ੍ਹੀਆਂ ਸਮੇਤ ਕਾਬੂ



ਸਮਾਣਾ, 9 ਫਰਵਰੀ (ਵਿਜੇ ਕੁਮਾਰ) : ਸਦਰ ਪੁਲਸ ਨੇ ਇੱਕ ਨੌਜਵਾਨ ਨੂੰ 100 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਕੇ ਉਸ ਦੇ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਅਜੇ ਸਿੰਘ, ਨਿਵਾਸੀ ਪਿੰਡ ਤੁੱਲੇਵਾਲ ਵਜੋਂ ਹੋਈ ਹੈ। ਸਦਰ ਪੁਲਸ ਇੰਚਾਰਜ ਇੰਸਪੈਕਟਰ ਅਜੇ ਕੁਮਾਰ ਪਰੋਚਾ ਨੇ ਦੱਸਿਆ ਕਿ ਏ.ਐਸ.ਆਈ. ਨਿਰਮਲ ਸਿੰਘ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਦਾਨੀਪੁਰ ਚੌਂਕ ਵਿੱਚ ਮੌਜੂਦ ਸਨ। ਇਸ ਦੌਰਾਨ ਸਾਹਮਣੇ ਤੋਂ ਆ ਰਹੇ ਇੱਕ ਨੌਜਵਾਨ ਨੂੰ ਸ਼ੱਕ ਦੇ ਆਧਾਰ 'ਤੇ ਰੋਕਿਆ ਗਿਆ, ਜਦੋਂ ਉਸ ਦੀ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 100 ਨਸ਼ੀਲੀਆਂ ਗੋਲ੍ਹੀਆਂ ਬਰਾਮਦ ਹੋਈਆਂ, ਜਿਸ ਤੋਂ ਬਾਅਦ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਪੁਲਿਸ ਅਧਿਕਾਰੀ ਅਨੁਸਾਰ ਮੁਲਜ਼ਮ ਖ਼ਿਲਾਫ਼ ਪਹਿਲਾਂ ਵੀ ਮਾਮਲਾ ਦਰਜ ਹੈ। ਮੁਲਜ਼ਮ ਕੋਲੋਂ ਪੁੱਛਗਿੱਛ ਲਈ ਉਸ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਜੋ ਅਗਲੇਰੀ ਕਾਰਵਾਈ ਕੀਤੀ ਜਾ ਸਕੇ।

## ਪੁਲਿਸ ਵੱਲੋਂ 5 ਬੋਤਲਾਂ ਸ਼ਰਾਬ ਬ੍ਰਾਮਦ

ਨਾਭਾ, 9 ਫਰਵਰੀ (ਚੌਧਰੀਮਾਜਰਾ) : ਥਾਣਾ ਸਦਰ ਨਾਭਾ ਪੁਲਿਸ ਨੇ ਕਥਿਤ ਦੋਸ਼ੀ ਗੁਰਸੇਵਕ ਸਿੰਘ ਵਾਸੀ ਮਲਕੋ ਵਿਰੁੱਧ ਧਾਰਾ 61, 1, 14 ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ। ਐਸ.ਆਈ. ਚਮਕੌਰ ਸਿੰਘ ਸਮੇਤ ਪੁਲਿਸ ਪਾਰਟੀ ਦਾਨਾ ਮੰਡੀ ਛੀਟਾਂਵਾਲਾ ਪਾਸ ਮੌਜੂਦ ਸੀ, ਜੋ ਮੁਖਬਰ ਦੀ ਇਤਲਾਹ ਮਿਲੀ ਕਿ ਦੋਸ਼ੀ ਨਜਾਇਜ ਸ਼ਰਾਬ ਵੇਚਣ ਦਾ ਆਦੀ ਹੈ, ਜੋ ਹੁਣ ਨਾਜਾਇਜ ਸ਼ਰਾਬ ਵੇਚਨ ਲਈ ਸੂਆ ਪੁਲੀ ਨੇੜੇ ਢਿੱਲੋਂ ਫਾਰਮ ਪਿੰਡ ਕੋਟ ਕਲਾਂ ਵਿਖੇ ਬੈਠਾ ਗ੍ਰਾਹਕਾ ਦੀ ਉਡੀਕ ਕਰ ਰਿਹਾ ਹੈ, ਜੋ ਮੌਕਾ ਪਰ ਰੇਡ ਕਰਕੇ ਦੋਸ਼ੀ ਕੋਲੋਂ 15 ਬੋਤਲਾਂ ਨਾਜਾਇਜ਼ ਦੇਸ਼ੀ ਸ਼ਰਾਬ ਦੀਆਂ ਬ੍ਰਾਮਦ ਹੋਈਆਂ।

## ਸ੍ਰੀ ਗੁਰੂ ਰਵਿਦਾਸ ਜੀ ਦੇ ਆ.ਗਮਨ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ



ਪਟਿਆਲਾ, 9 ਫਰਵਰੀ (ਚ.ਨ.ਸ.) : ਬਡੂੰਗਰ ਦੇ ਗੁਰੂ ਨਾਨਕ ਨਗਰ ਸਥਿਤ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਵਿਖੇ ਸ਼੍ਰੋਮਣੀ ਸੰਤ ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਆਗਮਨ ਪੂਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਸ੍ਰੀ ਗੁਰੂ ਰਵਿਦਾਸ ਸੰਤੋਖ ਸਭਾ ਵੱਲੋਂ ਪ੍ਰਧਾਨ ਮਹਿੰਦਰ ਸਿੰਘ ਬਡੂੰਗਰ ਮੁੱਖ ਸਲਾਹਕਾਰ ਇੰਜ: ਮੇਹਰ ਸਿੰਘ ਅਤੇ ਜਨਰਲ ਸਕੱਤਰ ਜਰਨੈਲ ਸਿੰਘ ਯੂਨੀ: ਦੇ ਪ੍ਰਬੰਧਾਂ ਹੇਠ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਜੀ ਦੇ ਭੋਗ ਪਾਏ ਗਏ। ਗੁਰਦੁਆਰਾ ਸਾਹਿਬ ਵਿਖੇ ਸਜੇ ਦੀਵਾਨ ਵਿੱਚ ਭਾਈ ਜਸਵੀਰ ਸਿੰਘ ਢੀਂਡਸਾ ਵਾਲਿਆਂ ਦੇ ਕੀਰਤਨੀ ਜੱਥੇ ਵੱਲੋਂ ਰਸ ਭਿੰਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਿਆ ਗਿਆ। ਇਸ ਮੌਕੇ 'ਤੇ ਧਾਰਮਿਕ, ਸਮਾਜਿਕ ਸੇਵਾ ਕਾਰਜਾਂ ਵਿੱਚ ਅਹਿਮ ਯੋਗਦਾਨ ਪਾਉਣ ਵਾਲੀਆਂ ਅਹਿਮ ਸ਼ਖਸੀਅਤਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਦੌਰਾਨ ਪ੍ਰਧਾਨ ਮਹਿੰਦਰ ਸਿੰਘ ਬਡੂੰਗਰ, ਇੰਜ: ਮੇਹਰ ਸਿੰਘ, ਜਰਨੈਲ ਸਿੰਘ ਯੂਨੀਵਰਸਿਟੀ ਅਤੇ ਸੁਰਜੀਤ ਦੇਹੜ ਨੇ ਸਾਂਝੇ ਤੌਰ 'ਤੇ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਸਮਾਜ ਵਿੱਚ ਫੈਲੀ ਜਾਤ—ਪਾਤ, ਊਚ—ਨੀਚ ਅਤੇ ਭੇਦਭਾਵ ਦੇ ਖਿਲਾਫ ਇੱਕ ਕ੍ਰਾਂਤੀਕਾਰੀ ਆਵਾਜ਼ ਬੁਲੰਦ ਕੀਤੀ, ਉਨ੍ਹਾਂ ਦੇ ਜੀਵਨ ਦਾ ਮੂਲ ਮੰਤਰ ਇਹੋ ਹੈ ਕਿ ਮਨ ਚੰਗਾ ਤੋਂ ਕਠੋਤੀ ਮੇਂ ਗੰਗਾ ਜਿਸਦਾ ਅਰਥ ਹੈ ਕਿ ਜੇਕਰ ਮਨ ਸਾਫ਼ ਹੈ ਤਾਂ ਪ੍ਰਮਾਤਮਤਾ ਤੁਹਾਡੇ ਅੰਦਰ ਹੈ। ਮਨੁੱਖ ਜਾਤਪਾਤ ਨਾਲ ਨਹੀਂ, ਆਪਣੇ ਕਰਮਾਂ ਨਾਲ ਮਹਾਨ ਬਨਦਾ ਹੈ। ਗੁਰੂ ਰਵਿਦਾਸ ਵੱਲੋਂ ਦਰਸਾਇਆ ਮਾਰਗ ਇੱਕ ਨਰੋਏ ਸਾਂਝੀਵਾਲਤਾ, ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਦੀ ਬਾਣੀ ਸਾਨੂੰ ਪ੍ਰਮਾਤਮਾ ਨਾਲ ਪਿਆਰ ਅਤੇ ਆਪਸੀ ਭਾਈਚਾਰਾ ਸਿਖਾਉਂਦੀ ਹੈ। ਇਸ ਲਈ ਸਾਨੂੰ ਚਾਹੀਦਾ ਹੈ ਕਿ ਅਸੀਂ ਉਨ੍ਹਾਂ ਦੁਆਰਾ ਦਿਖਾਏ ਗਏ ਪ੍ਰੇਮ, ਬਰਾਬਰੀ ਅਤੇ ਭਗਤੀ ਮਾਰਗ 'ਤੇ ਚਲਕੇ ਇੱਕ ਸਮਾਨਤਾ ਵਾਲੇ ਖ਼ੁਸ਼ਹਾਲ ਸਮਾਜ ਦੀ ਸਿਰਜਣਾ ਕਰੀਏ। ਇਸ ਮੌਕੇ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਦੌਰਾਨ ਸੁਰਜੀਤ ਸਿੰਘ ਦੇਹੜ, ਸ਼ਰਨਜੀਤ ਸਿੰਘ, ਭਲਿੰਦਰ ਸਿੰਘ ਟੋਨੀ, ਮਾਸਟਰ ਰਾਜਿੰਦਰ ਸਿੰਘ, ਜਰਨੈਲ ਸਿੰਘ, ਦਰਸ਼ਨ ਸਿੰਘ, ਭਾਈ ਸੁਖਵਿੰਦਰ ਸਿੰਘ ਰੰਗੀਲਾ, ਗੁਰਦਿਆਲ ਸਿੰਘ, ਮਹਿੰਦਰ ਸਿੰਘ, ਸ਼ਰਮ ਸਿੰਘ ਸੂਬੇਦਾਰ, ਰਣਜੀਤ ਸਿੰਘ, ਰਘਬੀਰ ਸਿੰਘ, ਰਾਜ ਸਿੰਘ ਮਾਨ, ਨਰਿੰਦਰਪਾਲ ਸਿੰਘ, ਅਮਰ ਸਿੰਘ ਸੈਂਪਲਾ, ਗੁਰਮੁੱਖ ਸਿੰਘ, ਹਰਬੰਸ ਸਿੰਘ ਗੁਰੂ, ਪੁਸ਼ਪਿੰਦਰ ਸਿੰਘ, ਦਰਸ਼ਨ ਸਿੰਘ, ਮਨਪ੍ਰੀਤ ਕੌਰ ਦੇਹੜ, ਸੁਮਨਪ੍ਰੀਤ ਕੌਰ, ਹਰਮਨਪ੍ਰੀਤ ਕੌਰ, ਸਿਮਰਨਜੀਤ ਕੌਰ, ਮਨਜੀਤ ਕੌਰ, ਰੁਪਿੰਦਰ ਕੌਰ, ਜਗਜੀਤ ਸਿੰਘ ਰਹਿਲ, ਗੁਰਪ੍ਰੀਤ ਸਿੰਘ, ਆਦਿ ਵੱਲੋਂ ਹਾਜ਼ਰੀ ਲਗਵਾਈ ਗਈ।

## ਮੰਗਾਂ ਸਬੰਧੀ ਸਫਾਈ ਸੇਵਕਾਂ, ਸੀਵਰਮੈਨਾਂ ਤੇ ਦਰਜਾ ਚਾਰ ਕਰਮਚਾਰੀਆਂ ਨੇ ਕਮਿਸ਼ਨਰ ਨਗਰ ਨਿਗਮ ਨੂੰ ਦਿੱਤਾ ਮੰਗ ਪੱਤਰ



ਪਟਿਆਲਾ, 9 ਫਰਵਰੀ (ਚ.ਨ.ਸ.) : ਦੀ ਕਲਾਸ ਫੋਰਥ ਯੂਨੀਅਨ ਪੰਜਾਬ, ਸਬ ਬਰਾਂਚ (ਸਬੰਧਤ) ਨਗਰ ਨਿਗਮ, ਪਟਿਆਲਾ ਦੇ ਸਫਾਈ ਸੇਵਕਾਂ, ਸੀਵਰਮੈਨਾਂ ਅਤੇ ਦਰਜਾ ਚਾਰ ਕਰਮਚਾਰੀਆਂ ਦੇ ਮੰਗਾਂ ਦਾ ਇੱਕ ਮੈਮੋਰੰਡਮ ਕਮਿਸ਼ਨਰ ਨਗਰ ਨਿਗਮ ਪਰਮਜੀਤ ਸਿੰਘ ਆਈ.ਏ.ਐਸ. ਨੂੰ ਦਿੱਤਾ ਗਿਆ। ਇਸ ਮੌਕੇ 'ਤੇ ਯੂਨੀਅਨ ਦੇ ਸੂਬਾ ਪ੍ਰਧਾਨ ਸ੍ਰ. ਦਰਸ਼ਨ ਸਿੰਘ ਲੁਬਾਣਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਸਨ। ਇਸ ਮੌਕੇ 'ਤੇ ਐਲਾਨ ਕੀਤਾ ਗਿਆ ਕਿ ਮਿਤੀ 12—02—2026 ਦੀ ਦੇਸ਼ ਵਿਆਪੀ ਹੜਤਾਲ ਦੀ ਹਮਾਇਤ ਕੀਤੀ ਗਈ ਅਤੇ ਇਹ ਫੈਸਲਾ ਕੀਤਾ ਗਿਆ ਕਿ ਇਸ ਦਿਨ ਇੱਕ ਵਿਸ਼ਾਲ ਗੇਟ ਰੈਲੀ ਨਗਰ ਨਿਗਮ ਦਫਤਰ ਵਿਖੇ ਕੀਤੀ ਜਾਵੇ ਕਿ ਮੰਗਾਂ ਦਾ ਜੋ ਮੰਗ ਪੱਤਰ ਦਿੱਤਾ ਗਿਆ ਉਸ ਵਿੱਚ ਸਮੁੱਚੇ ਕੱਚੇ ਕਾਮਿਆਂ ਨੂੰ ਪੱਕਾ ਕਰਨ ਦੇ ਫੈਸਲੇ ਦੀ ਮਾਨਯੋਗ ਸੁਪਰੀਮ ਕੋਰਟ ਦੇ ਆਰਡਰਾਂ ਦੀ ਕਾਪੀ ਕਮਿਸ਼ਨਰ ਨੂੰ ਦਿੱਤੀ ਗਈ। ਇਸ ਤਰ੍ਹਾਂ ਈ.ਪੀ.ਐਫ. ਦੇ ਪਿਛਲੇ ਬਕਾਏ ਖਾਤੇ ਵਿੱਚ ਵਿਆਜ ਸਮੇਤ ਖਾਤੇ ਵਿੱਚ ਪਾਉਣ ਦੀ ਮੰਗ ਕੀਤੀ ਗਈ। ਬਰਾਬਰ ਕੰਮ ਬਰਾਬਰ ਤਨਖਾਹ ਦੇਣ ਦੀ ਮੰਗ ਕੀਤੀ ਗਈ, ਠੇਕੇਦਾਰੀ ਪ੍ਰਥਾ ਨੂੰ ਮੁਕੰਮਲ ਸਮਾਪਤ ਕਰਨ ਦੀ ਮੰਗ ਕੀਤੀ ਗਈ। ਇਸ ਤਰ੍ਹਾਂ ਨਗਰ ਨਿਗਮ ਵਿਖੇ ਸਫਾਈ ਸੇਵਕ ਸੀਵਰਮੈਨਾਂ ਤੇ ਦਰਜਾ ਚਾਰ ਕਰਮਚਾਰੀਆਂ ਦੀ ਘਾਟ ਨੂੰ ਤੇ ਨਵੀਂ ਭਰਤੀ ਕਰਨ ਦੀ ਪੁਰਜੋਰ ਮੰਗ ਕੀਤੀ ਗਈ।ਇਸ ਮੌਕੇ 'ਤੇ ਨਗਰ ਨਿਗਮ ਦੇ ਪ੍ਰਧਾਨ ਬਾਬੂ ਰਾਮ ਬੱਬੂ, ਜਨਰਲ ਸਕੱਤਰ ਕੁਲਦੀਪ ਕਾਕਾ, ਚੇਅਰਮੈਨ ਹੇਮਰਾਜ, ਸੰਜੇ ਕਾਗੜਾ, ਕੈਸ਼ੀਅਰ ਬਲਜਿੰਦਰ ਕੁਮਾਰ, ਵਾਇਸ ਪ੍ਰਧਾਨ ਸੰਦੀਪ ਕੁਮਾਰ, ਕਮਲ ਦਰੋਗਾ ਪੰਮੀ ਦਰੋਗਾ, ਰਾਹੁਲ ਦਰੋਗਾ, ਸੰਜੇ ਦਰੋਗਾ, ਰਾਜ ਕੁਮਾਰ ਬਿੱਟੂ ਦਰੋਗਾ, ਰਾਜੀਵ ਦਰੋਗਾ, ਰਤਨ ਦਰੋਗਾ, ਵੇਦ ਪ੍ਰਕਾਸ਼ ਦਰੋਗਾ, ਪਵਨ ਦਰੋਗਾ, ਸਨੀ ਮੱਟੂ ਦਰੋਗਾ, ਮਨੀਸ਼ ਦਰੋਗਾ, ਰਾਜੂ ਦਰੋਗਾ, ਮੰਗਤ ਕਲਿਆਣ, ਅਸ਼ੋਕ ਏਕਤਾ, ਅਜੇ ਕੁਮਾਰ ਸੋਨੀ, ਬੰਟੀ ਸੰਗਰ, ਗੁਰਸੇਵਕ ਬਿਡਲਾਨ, ਮੋਨੂੰ ਲੱਕੜ ਮੰਡੀ, ਧਰਮਿੰਦਰ, ਅਮਿਤ ਆਦਿ ਹਾਜ਼ਰ ਸਨ।

## ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਬਾਬਾ ਗੁਲਾਬ ਸਿੰਘ ਚਮਕੌਰ ਸਾਹਿਬ ਦਾ ਸਨਮਾਨ



ਭੁਨਰਹੇੜੀ, 9 ਫ਼ਰਵਰੀ (ਗੁਰਜੀਤ ਸਿੰਘ ਢੋਟ) : ਸਮਾਜ ਸੇਵਾ ਦੇ ਖੇਤਰ ਵਿੱਚ ਨਿੱਗਰ ਪੈੜ੍ਹਾਂ ਪਾਉਣ ਵਾਲੇ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਪਿੰਡ ਖੇੜੀ ਮੁਸਲਮਾਨੀ ਵਿਖੇ ਹੋਏ ਸਮਾਗਮ ਮੌਕੇ ਲੋਈ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਮਿਸ਼ਨਰੀ ਆਗੂ ਤੇ ਸਟਾਰ ਬਲੱਡ ਡੋਨਰ ਭਾਈ ਰਵਿੰਦਰ ਸਿੰਘ ਭਾਂਖਰ, ਸੁਖਵਿੰਦਰ ਸਿੰਘ, ਨਿਰਮਲ ਸਿੰਘ ਧਤੌਂਦਾ, ਭਾਈ ਪ੍ਰੇਮ ਸਿੰਘ ਖਾਲਸਾ, ਗੀਤਕਾਰ ਗੁਰਜੰਟ ਸਿੰਘ ਤੇ ਪਰਮਿੰਦਰ ਹੁਰਾਂ ਨੇ ਸਾਂਝੇ ਤੌਰ 'ਤੇ ਕੀਤਾ ਗਿਆ। ਸਮਾਗਮ ਦੌਰਾਨ ਬਾਬਾ ਦਰਸ਼ਨ ਸਿੰਘ ਮੂਲੇਪੁਰ ਵਾਲਿਆਂ ਨੇ ਸੰਗਤਾਂ ਨੂੰ ਗੁਰੂ ਲੜ ਲੱਗਣ ਲਈ ਪ੍ਰੇਰਿਆ। ਜ਼ਿਕਰਯੋਗ ਹੈ ਕਿ ਬਾਬਾ ਗੁਲਾਬ ਸਿੰਘ ਸੰਗਤਾਂ ਨੂੰ ਗੁਰੂ ਲੜ ਲੱਗਣ, ਨਸ਼ਿਆਂ ਤੋਂ ਦੂਰ ਰਹਿਣ, ਤੰਦਰੁਸਤ ਇਨਸਾਨ ਜਿਊਂਦੇ ਜੀਅ ਤਿੰਨ ਜਾਂ ਚਾਰ ਮਹੀਨਿਆਂ ਬਾਅਦ ਖੂਨਦਾਨ ਕਰਨ ਤੇ ਮਰਨ ਉਪਰੰਤ ਅੱਖਾਂ ਦਾਨ ਕਰਨ ਲਈ ਪ੍ਰੇਰਿਤ ਕਰਦੇ ਰਹਿੰਦੇ ਹਨ।

## ਮਹਿੰਦਰਾ ਕਾਲਜ ਵਿਖੇ ਪੰਜ ਦਿਨਾਂ ਕਲਾ ਪ੍ਰਦਰਸ਼ਨੀ 14 ਤੱਕ

ਪਟਿਆਲਾ, 9 ਫਰਵਰੀ (ਰੁਪਾਣਾ) : ਸਰਕਾਰੀ ਮਹਿੰਦਰਾ ਕਾਲਜ, ਪਟਿਆਲਾ, ਜੋ ਕਿ ਪਟਿਆਲਾ ਦੀ ਅਮੀਰ ਸ਼ਾਹੀ ਵਿਰਾਸਤ ਨੂੰ ਦਰਸਾਉਂਦੀ ਸ਼ਹਿਰ ਦੀਆਂ ਪ੍ਰਮੁੱਖ ਸੰਸਥਾਵਾਂ ਵਿੱਚੋਂ ਇੱਕ ਹੈ - 9 ਫਰਵਰੀ ਤੋਂ 14 ਫਰਵਰੀ, 2026 ਤੱਕ ਪ੍ਰਸਿੱਧ ਕਲਾਤਮਕ ਸਮੂਹ ਕਲਾਤਮਿਕ ਸੋਚ ਦੀ ਲਹਿਰ ਦੇ ਬੈਨਰ ਹੇਠ ਪੰਜ ਦਿਨਾਂ ਕਲਾ ਪ੍ਰਦਰਸ਼ਨੀ ਦੀ ਮੇਜ਼ਬਾਨੀ ਕਰ ਰਿਹਾ ਹੈ।ਇਹ ਪ੍ਰਦਰਸ਼ਨੀ ਪਟਿਆਲਾ ਭਰ ਦੇ 40 ਸਥਾਪਿਤ ਕਲਾਕਾਰਾਂ ਦੀਆਂ ਰਚਨਾਤਮਕ ਰਚਨਾਵਾਂ ਨੂੰ ਪ੍ਰਦਰਸ਼ਿਤ ਕਰਦੀ ਹੈ, ਜਿਸ ਵਿੱਚ ਕਈ ਪੀੜ੍ਹੀਆਂ, ਤਕਨੀਕਾਂ, ਥੀਮਾਂ ਅਤੇ ਦ੍ਰਿਸ਼ਟੀਗਤ ਦਰਸ਼ਨਾਂ ਨੂੰ ਸ਼ਾਮਲ ਕਰਦੇ ਹੋਏ ਕਲਾਤਮਕ ਪ੍ਰਗਟਾਵੇ ਦੀ ਇੱਕ ਵਿਭਿੰਨ ਸ਼੍ਰੇਣੀ ਪੇਸ਼ ਕੀਤੀ ਜਾਂਦੀ ਹੈ।ਇਸ ਪ੍ਰਦਰਸ਼ਨੀ ਦਾ ਉਦਘਾਟਨ 9 ਫਰਵਰੀ ਨੂੰ ਸਰਕਾਰੀ ਮਹਿੰਦਰਾ ਕਾਲਜ ਦੇ ਸਤਿਕਾਰਯੋਗ ਪ੍ਰਿੰਸੀਪਲ, ਡਾ. ਨਿਸ਼ਠਾ ਤ੍ਰਿਪਾਠੀ ਜੀ ਦੀ ਯੋਗ ਨਿਗਰਾਨੀ ਹੇਠ ਕੀਤਾ ਜਾਵੇਗਾ, ਜਿਨ੍ਹਾਂ ਦੀ ਅਗਵਾਈ ਵਿੱਚ ਕਲਾਤਮਕ ਅਤੇ ਅਕਾਦਮਿਕ ਉੱਤਮਤਾ ਨੂੰ ਲਗਾਤਾਰ ਉਤਸ਼ਾਹਿਤ ਕੀਤਾ ਗਿਆ ਹੈ। ਇਸ ਪਹਿਲਕਦਮੀ ਨੂੰ ਡਾ. ਕਮਲ ਸੋਹਲ ਅਤੇ ਗੁਰਸ਼ਰਨਜੀਤ ਸਿੰਘ ਬਰਾੜ ਦੇ ਉਤਸ਼ਾਹ ਅਤੇ ਮਾਰਗਦਰਸ਼ਨ ਤੋਂ ਹੋਰ ਪ੍ਰੇਰਿਤ ਕੀਤਾ ਗਿਆ ਹੈ, ਜਿਨ੍ਹਾਂ ਦੀ ਕਲਾ ਅਤੇ ਸੱਭਿਆਚਾਰ ਪ੍ਰਤੀ ਵਚਨਬੱਧਤਾ ਨੇ ਪ੍ਰਦਰਸ਼ਨੀ ਦੀ ਭਾਵਨਾ ਨੂੰ ਅਮੀਰ ਬਣਾਇਆ ਹੈ।ਇਸ ਸਮਾਗਮ ਦਾ ਸਫਲ ਆਯੋਜਨ ਡਾ. ਰਾਜਿੰਦਰ ਸਿੰਘ ਸੋਹਲ, ਕਲਾਕਾਰ ਕਿਰਪਾਲ ਸਿੰਘ (ਸੇਵਾਮੁਕਤ ਰੇਲਵੇ ਇੰਜੀਨੀਅਰ), ਸ. ਪੁਸ਼ਪਿੰਦਰ ਸਿੰਘ, ਮਿਸ ਨਵਨੀਤ ਕੌਰ, ਸ. ਗੁਰਪ੍ਰੀਤ ਸਿੰਘ ਮਣਕੂ, ਸ. ਊਧਮ ਸਿੰਘ, ਸ. ਜਸਵਿੰਦਰ ਸਿੰਘ ਦੇ ਸਮਰਪਿਤ ਯਤਨਾਂ ਦਾ ਨਤੀਜਾ ਹੈ।ਉਦਘਾਟਨ ਸਮਾਰੋਹ ਵਿੱਚ ਮਾਣਯੋਗ ਮੁੱਖ ਮਹਿਮਾਨ ਹਰਪਾਲ ਜੁਨੇਜਾ ਜੀ (ਚੇਅਰਮੈਨ ਪੀ.ਆਰ.ਟੀ.ਸੀ.), ਮਹਿਮਾਨ ਡਾ. ਭੀਮ ਇੰਦਰ ਸਿੰਘ, ਡਾਇਰੈਕਟਰ ਯੂਥ ਵੈਲਫੇਅਰ, ਪੰਜਾਬੀ ਯੂਨੀਵਰਸਿਟੀ ਪਾ ਅਤੇ ਪ੍ਰਸਿੱਧ ਫਿਲਮ ਅਦਾਕਾਰ ਅਤੇ ਗਾਇਕ ਹਰੀਸ਼ ਵਰਮਾ, ਜੋ ਕਿ ਯਾਰ ਅਨਮੁੱਲੇ ਅਤੇ ਪ੍ਰਸਿੱਧ ਗੀਤ ਇੱਕ ਵਾਰ ਹੋਰ ਸੋਚ ਲਾਈ ਵਿੱਚ ਆਪਣੀ ਭੂਮਿਕਾ ਲਈ ਵਿਆਪਕ ਤੌਰ 'ਤੇ ਜਾਣੇ ਜਾਂਦੇ ਹਨ, ਦੀ ਮੌਜੂਦਗੀ ਹੋਵੇਗੀ। ਪਤਵੰਤੇ ਸਮਾਰੋਹ ਦੀ ਦੀਪਮਾਲਾ ਨੂੰ ਰੌਸ਼ਨ ਕਰਨਗੇ ਅਤੇ ਪ੍ਰਧਾਨਗੀ ਕਰਨਗੇ ।ਇਹ ਪ੍ਰਦਰਸ਼ਨੀ 14 ਫਰਵਰੀ, 2026 ਨੂੰ ਸਮਾਪਤ ਹੋਵੇਗੀ, ਜਿਸ ਵਿੱਚ ਡਾ. ਜਗਦੀਪ ਸਿੰਘ, ਵਾਈਸ ਚਾਂਸਲਰ, ਪੰਜਾਬੀ ਯੂਨੀਵਰਸਿਟੀ ਦੀ ਵਿਸ਼ੇਸ਼ ਮੌਜੂਦਗੀ ਦੁਆਰਾ ਸਨਮਾਨਿਤ ਕੀਤੇ ਜਾਣ ਵਾਲੇ ਵਿਦਾਇਗੀ ਸਮਾਰੋਹ ਦੇ ਨਾਲ। ਇਹ ਸਮਾਗਮ ਕਲਾਤਮਕ ਉੱਤਮਤਾ, ਸੱਭਿਆਚਾਰਕ ਮਾਣ ਅਤੇ ਸਿਰਜਣਾਤਮਕ ਏਕਤਾ ਦੇ ਜਸ਼ਨ ਵਜੋਂ ਇੱਕ ਸਥਾਈ ਪ੍ਰਭਾਵ ਛੱਡਣ ਦਾ ਵਾਅਦਾ ਕਰਦਾ ਹੈ।

## ਕੰਟਰੈਕਟ 'ਤੇ ਲੱਗੇ ਮੁਲਾਜ਼ਮਾਂ 'ਚ ਰੋਸ



ਪਟਿਆਲਾ, 9 ਫਰਵਰੀ (ਜਵੰਦਾ) : ਪੰਜਾਬ ਰਾਜ ਦੇ ਜ਼ਿਲ੍ਹਾ ਨਸ਼ਾ ਛੁਡਾਓ ਕੇਂਦਰ ਅਤੇ ਮੁੜ ਵਸੇਬਾ ਸੋਸਾਇਟੀ ਅਧੀਨ ਕੰਟਰੈਕਟ 'ਤੇ ਲੱਗੇ ਮੁਲਾਜ਼ਮਾਂ ਨੂੰ ਸਿਹਤ ਵਿਭਾਗ ਵੱਲੋਂ ਪਿਛਲੇ ਦਿਨੀਂ ਇੱਕ ਫਰਮਾਨ ਜਾਰੀ ਹੋਇਆ ਹੈ ਜਿਸ ਵਿੱਚ ਪਿਛਲੇ ਸਮੇਂ ਤੋਂ ਪੰਜਾਬ ਸਟੇਟ ਡਿਵੈਲਪਮੈਂਟ ਟੈਕਸ 2018 ਅਧੀਨ ਆਉਂਦੇ ਕੰਟਰੈਕਟ ਮੁਲਾਜ਼ਮਾਂ ਦਾ 200/- ਰੁਪਏ ਪ੍ਰਤੀ ਮਹੀਨਾ ਕੱਟਣ ਈ-ਚਲਾਨ ਰਾਹੀ ਖਜ਼ਾਨੇ ਵਿੱਚ ਜਮ੍ਹਾਂ ਕਰਾਉਣ ਦੀ ਹਦਾਇਤ ਸਰਕਾਰ ਵੱਲੋਂ ਪ੍ਰਾਪਤ ਹੋਈ ਹੈ, ਜਿਸ ਨਾਲ ਕੰਟਰੈਕਟ 'ਤੇ ਲੱਗੇ ਮੁਲਾਜ਼ਮਾਂ 'ਚ ਰੋਸ ਦੀ ਲਹਿਰ ਹੈ ਅਤੇ ਨਸ਼ਾ ਛੁਡਾਓ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਪਰਮਿੰਦਰ ਸਿੰਘ ਵੱਲੋਂ ਇਸ ਦੀ ਨਿਖੇਧੀ ਕੀਤੀ ਹੈ ਅਤੇ ਨਾਲ ਹੀ ਸਰਕਾਰ ਨੂੰ ਬੇਨਤੀ ਕੀਤੀ ਹੈ ਕਿ ਇਸ ਵਿੱਚ ਮੁਲਾਜ਼ਮਾਂ ਦਾ ਕੋਈ ਦੋਸ਼ ਨਹੀਂ ਹੈ।ਇਹ ਵਿਭਾਗ ਦੀ ਨਕਾਮੀ ਹੈ ਕਿ ਉਹਨਾਂ ਨੇ ਪਹਿਲਾਂ ਇਹ ਟੈਕਸ ਨਹੀਂ ਕੱਟਿਆ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਮੁਲਾਜ਼ਮ ਦਿਨ ਰਾਤ ਪਹਿਲ ਦਰਜੇ ਦੇ ਸਿਪਾਹੀਆਂ ਵਾਂਗ ਨਸ਼ਾ ਛਡਾਓ ਕੇਂਦਰ ਅਤੇ ਓਟ ਕਲੀਨਿਕ ਵਿੱਚ ਸੇਵਾਵਾਂ ਦੇ ਰਹੇ ਹਨ, ਅਤੇ ਸਰਕਾਰ ਦਾ ਨਸ਼ਾ ਮੁਕਤ ਪੰਜਾਬ ਬਣਾਉਣ ਵਿੱਚ ਤਨਦੇਹੀ ਨਾਲ ਆਪਣਾ ਯੋਗਦਾਨ ਪਾ ਰਹੇ ਹਨ ਤੇ ਸਰਕਾਰ ਨੇ ਉਹਨਾਂ ਨੂੰ ਇਹ ਇਨਾਮ ਦਿੱਤਾ। ਮੌਜੂਦਾ ਸਮੇਂ ਤੋਂ 200/- ਰੁਪਏ ਪ੍ਰਤੀ ਮਹੀਨਾ ਮੁਲਾਜ਼ਮ ਅਦਾਇਗੀ ਕਰਨ ਨੂੰ ਤਿਆਰ ਹਨ। ਕਿਰਪਾ ਕਰਕੇ ਰੇਟਰੋਸਪੈਕਟਿਵ ਰਿਕਵਰੀ ਨੂੰ ਬੰਦ ਕੀਤਾ ਜਾਵੇ, ਇਸ ਨਾਲ ਮੁਲਾਜ਼ਮ ਨੂੰ 18000 ਤੋਂ 20000 ਰੁਪਏ ਦਾ ਭਾਰੀ ਨੁਕਸਾਨ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

## ਪਬਲਿਕ ਕਾਲਜ ਦੇ ਐਨ.ਐਸ.ਐਸ. ਵਿਭਾਗ ਨੇ ਸਲੱਮ ਬਸਤੀ 'ਚ ਰੈਲੀ ਕੱਢੀ, ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ



ਸਮਾਣਾ, 9 ਫਰਵਰੀ (ਵਿਜੇ ਕੁਮਾਰ) : ਪਬਲਿਕ ਕਾਲਜ ਸਮਾਣਾ ਦੇ ਐਨ.ਐਸ.ਐਸ. ਵਿਭਾਗ ਵੱਲੋਂ ਕਾਲਜ ਪ੍ਰਿੰਸੀਪਲ ਡਾ.ਹਰਕੀਰਤ ਸਿੰਘ ਸਿੱਧੂ ਦੀ ਅਗਵਾਈ ਹੇਠ, ਡਾਇਰੈਕਟਰ, ਯੁਵਕ ਸੇਵਾਵਾਂ ਪੰਜਾਬ, ਚੰਡੀਗੜ੍ਹ ਅਤੇ ਐਨ.ਐਸ.ਐਸ. ਵਿਭਾਗ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਾਲਜ ਕੈਂਪਸ/ਪਿੰਡ ਰਾਜਲਾ ਵਿਖੇ ਲਗਾਏ ਜਾ ਰਹੇ ਸੱਤ ਰੋਜ਼ਾ ਕੈਂਪ ਦਾ ਅੱਜ ਤੀਜਾ ਦਿਨ ਸੀ। ਦਿਨ ਦੀ ਸ਼ੁਰੂਆਤ ਸਵੇਰ ਦੀ ਸਭਾ ਅਤੇ ਪੀ.ਟੀ. ਨਾਲ ਕੀਤੀ ਗਈ। ਵਲੰਟੀਅਰਜ਼ ਨੇ ਸਵੱਛ ਭਾਰਤ ਮਿਸ਼ਨ ਤਹਿਤ ਕਾਲਜ ਕੈਂਪਸ ਦੀ ਸਾਫ਼ ਸਫ਼ਾਈ ਕੀਤੀ ਅਤੇ ਇਫੈਕਟਿਵ ਕਮਿਊਨੀਕੇਸ਼ਨ ਗਤੀਵਿਧੀ ਵਿੱਚ ਭਾਗ ਲਿਆ। ਇਸ ਉਪਰੰਤ ਡਾ. ਸੁਮਨ ਰਾਹੀ, ਇੰਚਾਰਜ ਮੈਂਟਲ ਹੈਲਥ ਅਤੇ ਸਾਈਕੈਟਰਿਕ ਸੈਲੱ, ਪਬਲਿਕ ਕਾਲਜ, ਸਮਾਣਾ ਨੇ ਵਲੰਟੀਅਰਜ਼ ਨੂੰ ਮੈਂਟਲ ਹੈਲਥ ਠੀਕ ਰੱਖਣ ਬਾਰੇ ਇੱਕ ਲੈਕਚਰ ਦਿੱਤਾ।ਸ਼ਾਮ ਦੇ ਸੈਸ਼ਨ ਦੌਰਾਨ ਵਲੰਟੀਅਰਜ਼ ਨੇ ਸਮਾਣੇ ਦੀ ਸਲੱਮ ਬਸਤੀ ਵਿੱਚ ਇੱਕ ਰੈਲੀ ਕੱਢੀ ਅਤੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ। ਵਲੰਟੀਅਰਜ ਨੇ ਭਾਰਤ ਸਰਕਾਰ ਵੱਲੋਂ ਚਲਾਏ ਜਾ ਰਹੇ ਬਜਟ ਕੁਐਸਟ ਪ੍ਰੋਗਰਾਮ ਵਿੱਚ ਹਿੱਸਾ ਲਿਆ ਅਤੇ ਸਰਕਾਰ ਪਾਸੋਂ ਸਰਟੀਫਿਕੇਟ ਵੀ ਪ੍ਰਾਪਤ ਕੀਤੇ।ਇਸ ਮੌਕੇ ਪ੍ਰੋਗਰਾਮ ਪ੍ਰੋਗਰਾਮ ਅਫਸਰ ਪ੍ਰੋ. ਸੋਨੂੰ ਜੈਨ, ਪ੍ਰੋ. ਕੁਲਜੀਤ ਕੌਰ, ਪ੍ਰੋ. ਅਰਵਿੰਦਰ ਕੌਰ, ਪ੍ਰੋ. ਹਮਿਤ ਕੁਮਾਰ, ਪ੍ਰੋ. ਸ਼ੇਰ ਸਿੰਘ ਅਤੇ ਐਨ.ਐਸ.ਐਸ. ਕਲਰਕ ਜਸਬੀਰ ਸਿੰਘ ਗੋਰਾਇਆ ਮੌਜੂਦ ਰਹੇ।

## ਪ੍ਰਤਾਪ ਨਗਰ ਵਿਖੇ ਵਿਸ਼ਾਲ ਧਰਮ ਸੰਮੇਲਨ ਕਰਵਾਇਆ

### ➢ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਸਨਾਤਨ ਧਰਮ ਦੀ ਰੱਖਿਆ ਲਈ ਆਪਣਾ ਜੀਵਨ ਕੁਰਬਾਨ ਕੀਤਾ: ਰਵਿੰਦਰ ਢਿੱਲੋਂ



ਪਟਿਆਲਾ, 9 ਫਰਵਰੀ (ਰੁਪਾਣਾ) : ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਬਲੀਦਾਨ ਦੀ 350ਵੀਂ ਵਰ੍ਹੇਗੰਢ ਅਤੇ ਰਾਸ਼ਟਰੀ ਸਵੈਮ ਸੇਵਕ ਸੰਘ ਦੀ ਸਥਾਪਨਾ ਦੀ ਸ਼ਤਾਬਦੀ ਮਨਾਉਣ ਲਈ ਦੇਸ਼ ਭਰ ਵਿੱਚ ਆਯੋਜਿਤ ਕੀਤੇ ਜਾ ਰਹੇ ਧਰਮ ਸੰਮੇਲਨਾਂ ਦੀ ਲੜੀ ਦੇ ਹਿੱਸੇ ਵਜੋਂ, ਪ੍ਰਤਾਪ ਨਗਰ, ਪਟਿਆਲਾ ਦੇ ਸਾਰੇ ਧਾਰਮਿਕ ਅਤੇ ਸਮਾਜਿਕ ਸੰਗਠਨਾਂ ਦੁਆਰਾ ਇੱਕ ਵਿਸ਼ਾਲ ਧਰਮ ਸੰਮੇਲਨ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ਾਲ ਧਰਮ ਸੰਮੇਲਨ ਦੀ ਪ੍ਰਧਾਨਗੀ ਸ਼ਿਵ ਮੰਦਰ ਕਮੇਟੀ, ਪ੍ਰਤਾਪ ਨਗਰ ਦੇ ਪ੍ਰਧਾਨ ਸ਼੍ਰੀ ਗੋਬਿੰਦ ਰਾਮ ਸੇਠ ਨੇ ਕੀਤੀ। ਮੁੱਖ ਬੁਲਾਰੇ ਵਜੋਂ ਭਾਰਤੀ ਕਿਸਾਨ ਸੰਘ ਪੰਜਾਬ ਦੇ ਪ੍ਰਧਾਨ ਰਵਿੰਦਰ ਸਿੰਘ ਢਿੱਲੋਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ 350ਵੇਂ ਸ਼ਹੀਦੀ ਸਾਲ 'ਤੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ, ਸ਼੍ਰੀ ਸਨਾਤਨ ਧਰਮ ਦੀ ਰੱਖਿਆ ਲਈ ਉਨ੍ਹਾਂ ਦੀ ਬੇਮਿਸਾਲ ਕੁਰਬਾਨੀ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਚਾਨਣਾ ਪਾਇਆ। ਉਨ੍ਹਾਂ ਇਹ ਵੀ ਦੱਸਿਆ ਕਿ ਜੇਕਰ ਸ਼੍ਰੀ ਗੁਰੂ ਤੇਗ ਬਹਾਦਰ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਨੇ ਆਪਣੀਆਂ ਜਾਨਾਂ ਨਾ ਕੁਰਬਾਨ ਕੀਤੀਆਂ ਹੁੰਦੀਆਂ ਅਤੇ ਜ਼ਾਲਮ ਮੁਗਲਾਂ ਦੇ ਡਰ ਤੋਂ ਜੇਕਰ ਇਸਲਾਮ ਧਰਮ ਕਬੂਲ ਕਰ ਲਿਆ ਹੁੰਦਾ, ਤਾਂ ਅਸੀਂ ਅੱਜ ਆਪਣੀ ਜ਼ਿੰਦਗੀ ਆਜ਼ਾਦੀ ਨਾਲ ਨਹੀਂ ਸੀ ਜੀਅ ਸਕਦੇ ਅਤੇ ਸਾਡੇ ਪੁਰਖਿਆਂ ਨੇ ਵੀ ਜਾਂ ਤਾਂ ਓਸ ਸਮੇਂ ਇਸਲਾਮ ਧਰਮ ਅਪਣਾ ਲਿਆ ਹੁੰਦਾ ਜਾਂ ਫਿਰ ਆਪਣੀਆਂ ਜਾਨਾਂ ਗੁਆ ਦਿੱਤੀਆਂ ਹੁੰਦੀਆਂ। ਇਸ ਮੌਕੇ ਬੋਲਦਿਆਂ, ਕੈਂਸਰ ਮਾਹਿਰ ਡਾ. ਵਿਨੋਦ ਜੀ ਡੰਗਵਾਲ ਨੇ ਬੱਚਿਆਂ ਵਿੱਚ ਚੰਗੀਆਂ ਕਦਰਾਂ-ਕੀਮਤਾਂ ਪੈਦਾ ਕਰਨ ਅਤੇ ਸਮਾਜ ਦੀ ਸਭ ਤੋਂ ਮਹੱਤਵਪੂਰਨ ਇਕਾਈ, ਪਰਿਵਾਰ ਨੂੰ ਪੂਰੀ ਤਰ੍ਹਾਂ ਮਜ਼ਬੂਤ ਬਣਾਈ ਰੱਖਣ ਲਈ ਅਤੇ ਸਾਡੀ ਸਨਾਤਨ ਸੰਸਕ੍ਰਿਤੀ ਅਤੇ ਸੱਭਿਆਚਾਰ ਪ੍ਰਤੀ ਆਪਣੇ ਫਰਜ਼ ਨਿਭਾਉਣ ਦੀ ਭਾਵਨਾ ਪੈਦਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਸਟੇਜ ਸੰਚਾਲਕ ਦੀ ਭੂਮਿਕਾ ਨਿਭਾਉਂਦੇ ਹੋਏ, ਅੰਤਰਰਾਸ਼ਟਰੀ ਲੇਖਕ ਅਤੇ ਸਿੱਖਿਆ ਸ਼ਾਸਤਰੀ ਅਨਿਲ ਕੁਮਾਰ ਭਾਰਤੀ ਨੇ ਕਿਹਾ ਕਿ ਦੁਨੀਆ ਦੇ ਹਰ ਵਿਅਕਤੀ ਲਈ ਧਰਮ ਦੇ ਸਹੀ ਅਰਥ ਅਤੇ ਆਪਣੇ ਕਰਤੱਵਾਂ ਨੂੰ ਸਮਝਣਾ ਬਹੁਤ ਜ਼ਰੂਰੀ ਹੈ। ਇਸ ਪ੍ਰੋਗਰਾਮ ਵਿੱਚ ਆਰ ਐਸ ਐਸ ਦੇ ਵਿਭਾਗ ਪ੍ਰਚਾਰਕ ਸ਼੍ਰੀ ਸ਼ਿਆਮਵੀਰ ਜੀ, ਨਗਰ ਪ੍ਰਚਾਰਕ ਸ਼੍ਰੀ ਪੁਸ਼ਪਿੰਦਰ ਕੁਮਾਰ, ਨਗਰ ਕਾਰਜਵਾਹ ਸਤੀਸ਼ ਜੀ, ਭਾਰਤੀ ਰੇਲਵੇ ਮੰਤਰਾਲੇ ਦੇ ਡਾਇਰੈਕਟਰ ਸ਼੍ਰੀ ਸਰਵਦਮਨ ਭਰਤ ਨੇ ਵੀ ਇਸ ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਸਮਾਗਮ ਨੂੰ ਸਫਲ ਬਣਾਉਣ ਵਿੱਚ ਧਰਮ ਸੰਮੇਲਨ ਪ੍ਰਬੰਧਕ ਕਮੇਟੀ ਦੇ ਮੈਂਬਰਾਂ, ਜਿਨ੍ਹਾਂ ਵਿੱਚ ਸ਼੍ਰੀ ਸ਼ਿਆਮ ਚਾਕਰੀ ਫਾਊਂਡੇਸ਼ਨ ਦੇ ਸੰਸਥਾਪਕ ਸ਼੍ਰੀ ਅਨੁਰਾਗ ਅਤਰੀ, ਗੁਰਦੁਆਰਾ ਸਾਹਿਬ ਪ੍ਰਤਾਪ ਨਗਰ ਦੇ ਬਾਬਾ ਗੁਲਵੰਤ ਸਿੰਘ ਜੀ, ਗੁਰਦੁਆਰਾ ਸਾਹਿਬ ਧਾਮੋਮਾਜਰਾ ਦੇ ਬਾਬਾ ਕੁਲਵਿੰਦਰ ਸਿੰਘ ਜੀ, ਸ਼੍ਰੀ ਰਵਿਦਾਸ ਕਮੇਟੀ ਦੇ ਪ੍ਰਧਾਨ ਸਰਦਾਰ ਦਰਸ਼ਨ ਸਿੰਘ, ਸ਼੍ਰੀ ਰਾਮਲੀਲਾ ਕਮੇਟੀ ਦੇ ਪ੍ਰਧਾਨ ਸੁਖਵੀਰ ਸੁੱਖੀ, ਪ੍ਰਸਿੱਧ ਯੋਗਾਚਾਰੀਆ ਕਮਲ ਕੌਸ਼ਿਸ਼, ਡਾ. ਸੁਭਾਸ਼ ਸ਼ਰਮਾ, ਰਾਜ ਕੁਮਾਰ ਗੋਇਲ ਅਤੇ ਗੋਇਲ ਟੈਂਟ ਸਰਵਿਸ ਦੇ ਰਵੀ ਗੋਇਲ, ਰਾਜੇਸ਼ ਸ਼ਰਮਾ, ਜੋਗਿੰਦਰ ਗੋਇਲ, ਰਿਸ਼ੀਪਾਲ ਸ਼ਰਮਾ, ਡਾ. ਸਵਿੰਦਰ ਗੋਇਲ, ਡਾ. ਸੁਭਾਸ਼ ਸ਼ਰਮਾ ਦੀ ਧਰਮ ਪਤਨੀ ਦੇ ਨਾਲ ਭੈਣ ਸੁਨੈਨਾ, ਭੈਣ ਮਾਲਤੀ ਸ਼ਰਮਾ, ਭੈਣ ਇੰਦਰਾਣੀ ਸ਼ੁਕਲਾ ਆਦਿ ਨੇ ਆਪਣਾ ਵਡਮੁੱਲਾ ਯੋਗਦਾਨ ਪਾਇਆ। ਪ੍ਰੋਗਰਾਮ ਦੇ ਅੰਤ ਵਿੱਚ ਚਾਹ ਅਤੇ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ।



# ਪਟਿਆਲਾ-ਆਸ/ਪਾਸ



## ਵਿਧਾਇਕ ਕੋਹਲੀ ਦੀ ਮੌਜੂਦਗੀ ’ਚ ਪਟਿਆਲਾ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਦਾ ਆਗ਼ਾਜ਼

### ➢ਹਰੀ ਝੰਡੀ ਦੇ ਕੇ ਕਰਵਾਈ ਸ਼ੁਰੂਆਤ



ਪਟਿਆਲਾ , 9 ਫਰਵਰੀ (ਰੁਪਾਣਾ) :ਪੰਜਾਬ ਸਰਕਾਰ ਦੀ ਧਾਰਮਿਕ ਭਾਵਨਾਵਾਂ ਨਾਲ ਜੁੜੀ ਮਹੱਤਵਪੂਰਨ ਯੋਜਨਾ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਅੱਜ ਪਟਿਆਲਾ ਤੋਂ ਤੀਰਥ ਯਾਤਰੀਆਂ ਦੇ ਜੱਥੇ ਨੂੰ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਹਰੀ ਝੰਡੀ ਦੇ ਕੇ ਯਾਤਰਾ ਦੀ ਸ਼ੁਰੂਆਤ ਕਰਵਾਈ। ਓਹਨਾਂ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਸਾਹਿਬ , ਦੁਰਗਿਆਣਾ ਮੰਦਿਰ ਆਦਿ ਦੇ ਦਰਸ਼ਨ ਕਰਨਗੇ। ਇਸ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸ਼ਰਧਾਲੂ, ਸਥਾਨਕ ਨਿਵਾਸੀ, ਅਤੇ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਰਹੇ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਤੀਰਥ ਯਾਤਰਾ ’ਤੇ ਜਾਣ ਵਾਲੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਹਰ ਵਰਗ ਦੇ ਲੋਕਾਂ ਨੂੰ ਆਪਣੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ, ਖਾਸ ਕਰਕੇ ਉਹ ਲੋਕ ਜੋ ਆਰਥਿਕ ਕਾਰਨਾਂ ਕਰਕੇ ਯਾਤਰਾ ਕਰਨ ਤੋਂ ਵਾਂਝੇ ਰਹਿ ਜਾਂਦੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ-ਕਲਿਆਣ ਯੋਜਨਾਵਾਂ ਨੂੰ ਜ਼ਮੀਨੀ ਪੱਧਰ ’ਤੇ ਲਾਗੂ ਕਰ ਰਹੀ ਹੈ ਅਤੇ ਤੀਰਥ ਯਾਤਰਾ ਸਕੀਮ ਇਸ ਦੀ ਇੱਕ ਸ਼ਾਨਦਾਰ ਮਿਸਾਲ ਹੈ। ਇਸ ਯੋਜਨਾ ਤਹਿਤ ਯਾਤਰੀਆਂ ਨੂੰ ਆਉਣ-ਜਾਣ, ਰਹਿਣ ਅਤੇ ਭੋਜਨ ਦੀ ਪੂਰੀ ਸੁਵਿਧਾ ਮੁਫ਼ਤ ਪ੍ਰਦਾਨ ਕੀਤੀ ਜਾਂਦੀ ਹੈ। ਵਿਧਾਇਕ ਕੋਹਲੀ ਨੇ ਕਿਹਾ ਕਿ ਇਹ ਯਾਤਰਾ ਸਿਰਫ਼ ਧਾਰਮਿਕ ਨਹੀਂ, ਸਗੋਂ ਸਮਾਜਿਕ ਸਾਂਝ ਅਤੇ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਨ ਦਾ ਵੀ ਇੱਕ ਮਾਧਿਅਮ ਹੈ। ਕਈ ਸ਼ਰਧਾਲੂਆਂ ਨੇ ਭਾਵੁਕ ਹੋ ਕੇ ਕਿਹਾ ਕਿ ਉਹ ਪਹਿਲੀ ਵਾਰ ਇਨ੍ਹਾਂ ਪਵਿੱਤਰ ਸਥਾਨਾਂ ਦੇ ਦਰਸ਼ਨ ਕਰਨ ਜਾ ਰਹੇ ਹਨ।ਇਸ ਮੌਕੇ ਐਸ ਡੀ ਐਮ ਹਰਜੋਤ ਕੌਰ, ਮੁੱਖ ਮੰਤਰੀ ਫੀਲਡ ਅਫ਼ਸਰ ਸਤੀਸ਼ ਚੰਦਰ, ਡੀ ਪੀ ਓ ਪਰਦੀਪ ਗਿੱਲ, ਤੀਰਥ ਯਾਤਰਾ ਕੋਆਰਡੀਨੇਟਰ ਰਮਨਪ੍ਰੀਤ ਕੌਰ ਬਾਲੀ, ਵਾਰਡ ਨੰਬਰ 59 ਦੀ ਇੰਚਾਰਜ ਵੀਰਪਾਲ ਕੌਰ ਚਾਹਲ ਸੁਪਰਡੈਂਟ ਨਗਰ ਨਿਗਮ ਦਰਪਣ ਕੁਮਾਰ ਮੌਜੂਦ ਸਨ।

## ਸੰਤ ਬਾਬਾ ਮੱਘਰ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਅੱਜ

ਸ਼ੇਰਪੁਰ, 9 ਫਰਵਰੀ (ਬਲਜੀਤ ਸਿੰਘ ਟਿੱਬਾ) : ਗੁਰਦੁਆਰਾ ਸ੍ਰੀ ਅਕਾਲ ਪ੍ਰਕਾਸ਼ ਸਾਹਿਬ ਸ਼ੇਰਪੁਰ ਵਿਖੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਤ ਬਾਬਾ ਮੱਘਰ ਸਿੰਘ ਜੀ ਰਾਮਗੜ੍ਹ ਵਾਲਿਆਂ ਦੀ ਯਾਦ ਨੂੰ ਸਮਰਪਿਤ 79ਵਾਂ ਸਾਲਾਨਾ ਧਾਰਮਿਕ ਸਮਾਗਮ ਸਮੂਹ ਗ੍ਰਾਮ ਪੰਚਾਇਤ ਸਮੂਹ ਨਗਰ ਦੇ ਸਹਿਯੋਗ ਨਾਲ 10,11,12 ਅਤੇ 13 ਫਰਵਰੀ ਨੂੰ ਬਹੁਤ ਹੀ ਸ਼ਰਧਾ ਅਤੇ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਮੀਤ ਸਿੰਘ ਜਵੰਦਾ ਅਤੇ ਸਮੂਹ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ 10 ਫਰਵਰੀ ਨੂੰ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ ਜੋ ਸਵੇਰੇ 10 ਵਜੇ ਗੁਰਦੁਆਰਾ ਸ੍ਰੀ ਅਕਾਲ ਪ੍ਰਕਾਸ਼ ਸਾਹਿਬ ਤੋਂ ਰਵਾਨਾ ਹੋਵੇਗਾ ਤੇ ਸ਼ਾਮ ਤੱਕ ਗੁਰੂ ਘਰ ਵਾਪਸ ਪਹੁੰਚੇਗਾ। ਨਗਰ ਕੀਰਤਨ ਦੌਰਾਨ ਪਹੁੰਚ ਰਹੇ ਕਵੀਸਰ, ਢਾਡੀ ਜਥਿਆਂ ਵੱਲੋਂ ਗੁਰੂ ਜਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। 11 ਅਤੇ 12 ਫਰਵਰੀ ਨੂੰ ਗਿਆਨੀ ਜਗਤਾਰ ਸਿੰਘ ਜੀ ਹੈਡ ਗ੍ਰੰਥੀ ਤਖਤ ਸ੍ਰੀ ਦਮਦਮਾ ਸਾਹਿਬ ( ਤਲਵੰਡੀ ਸਾਬੋ ) , ਸੰਤ ਬਾਬਾ ਹਰੀ ਸਿੰਘ ਰੰਧਾਵੇ ਵਾਲੇ ਦੀਵਾਨ ਸਜਾਉਣਗੇ ਅਤੇ ਗਿਆਨੀ ਜਗਤਾਰ ਸਿੰਘ ਰਾਮਗੜ੍ਹ ਭੁੱਲਰਾਂ ਵਾਲੇ ਗੁਰਬਾਣੀ ਕੀਰਤਨ ਵਿਖਿਆਨ ਰਾਹੀਂ ਸੰਗਤਾਂ ਨੂੰ ਗੁਰ ਇਤਿਹਾਸ ਸੁਣਾਕੇ ਨਿਹਾਲ ਕਰਨਗੇ । 13 ਫਰਵਰੀ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੋਂ ਪਹੁੰਚ ਰਹੇ ਪੰਜ ਪਿਆਰਿਆਂ ਵੱਲੋਂ ਅੰਮ੍ਰਿਤ ਦਾ ਬਾਟਾ ਤਿਆਰ ਕਰਕੇ ਅੰਮ੍ਰਿਤ ਅਭਿਲਾਸ਼ੀਆਂ ਨੂੰ ਛਕਾਇਆ ਜਾਵੇਗਾ । ਇਸ ਮੌਕੇ ਤੇ ਕਕਾਰਾ ਦੀ ਸੇਵਾ ਗੁਰਦੁਆਰਾ ਪ੍ਰਬੰਧਕ ਵੱਲੋਂ ਕਮੇਟੀ ਵੱਲੋਂ ਫਰੀ ਕੀਤੀ ਜਾਵੇਗੀ।

## ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਡੀ.ਸੀ. ਤੇ ਕਮਿਸ਼ਨਰ ਨਾਲ ਵੇਖੇ ਸ਼ਹਿਰ ਦੇ ਹਾਲਾਤ




ਪਟਿਆਲਾ , 9 ਫਰਵਰੀ (ਰੁਪਾਣਾ) : ਪਟਿਆਲਾ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਦੀ ਸੁੱਖ-ਸਹੂਲਤ ਨੂੰ ਹੋਰ ਬਿਹਤਰ ਬਣਾਉਣ ਦੇ ਮੰਤਵ ਨਾਲ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਵਿਖੇ ਸ਼ਹਿਰ ਅੰਦਰ ਚੱਲ ਰਹੇ ਵੱਖ-ਵੱਖ ਵਿਕਾਸ ਕਾਰਜਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ।ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਕਮਿਸ਼ਨਰ ਨਗਰ ਨਿਗਮ ਪਰਮਜੀਤ ਸਿੰਘ,ਪੀ ਡੀ ਏ ਦੇ ਮੁੱਖ ਪ੍ਰਸ਼ਾਸਕ ਅਪਰਨਾ, ਵਧੀਕ ਡਿਪਟੀ ਕਮਿਸ਼ਨਰ ਦਮਨਜੀਤ ਸਿੰਘ ਮਾਨ, ਮੇਅਰ ਕੁੰਦਨ ਗੋਗੀਆ ਅਤੇ ਡਿਪਟੀ ਮੇਅਰ ਹਰਿੰਦਰ ਕੋਹਲੀ ਵੀ ਮੌਜੂਦ ਸਨ। ਇਸ ਦੌਰਾਨ ਉਹਨਾਂ ਸ਼ਹਿਰ ਦੇ ਬੁਨਿਆਦੀ ਢਾਂਚੇ ਨਾਲ ਸੰਬੰਧਿਤ ਚੱਲ ਰਹੇ ਅਤੇ ਪ੍ਰਸਤਾਵਿਤ ਵਿਕਾਸ ਪ੍ਰੋਜੈਕਟਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ।ਸਿਹਤ ਮੰਤਰੀ ਡਾ.ਬਲਬੀਰ ਸਿੰਘ ਨੇ ਸ਼ਹਿਰ ਦੀਆਂ ਮੁੱਖ ਅਤੇ ਅੰਦਰੂਨੀ ਸੜਕਾਂ ਦੀ ਮੁਰੰਮਤ, ਸੀਵਰੇਜ਼ ਪ੍ਰਣਾਲੀ ਦੇ ਸੁਧਾਰ, ਵੱਡੀ ਅਤੇ ਛੋਟੀ ਨਦੀਆਂ ਨਾਲ ਸੰਬੰਧਿਤ ਕੰਮਾਂ, ਬਰਸਾਤੀ ਪਾਣੀ ਦੀ ਨਿਕਾਸੀ ਅਤੇ ਸ਼ਹਿਰ ਦੀ ਸੁੰਦਰੀਕਰਨ ਯੋਜਨਾਵਾਂ ਬਾਰੇ ਅਧਿਕਾਰੀਆਂ ਤੋਂ ਤਾਜ਼ਾ ਸਥਿਤੀ ਦੀ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਸਿਹਤ ਮੰਤਰੀ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਗਰ ਨਿਗਮ ਅਤੇ ਹੋਰ ਸੰਬੰਧਤ ਵਿਭਾਗਾਂ ਨਾਲ ਮਿਲਜੁਲ ਕੇ ਵਿਕਾਸ ਕਾਰਜਾਂ ਨੂੰ ਤੈਅ ਸਮੇਂ ਅੰਦਰ ਮੁਕੰਮਲ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕੀਤਾ ਜਾ ਰਿਹਾ ਹੈ। ਮੇਅਰ ਕੁੰਦਨ ਗੋਗੀਆ ਅਤੇ ਡਿਪਟੀ ਮੇਅਰ ਹਰਿੰਦਰ ਕੋਹਲੀ ਨੇ ਕਿਹਾ ਕਿ ਨਗਰ ਨਿਗਮ ਪਟਿਆਲਾ ਵੱਲੋਂ ਸ਼ਹਿਰ ਦੇ ਵਿਕਾਸ ਅਤੇ ਸੁੰਦਰੀਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

## ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਵਜੋਂ ਅਹੁਦਾ ਸੰਭਾਲਿਆ

### ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਕਰਮਜੀਤ ਅਨਮੋਲ ਸਮੇਤ ਹੋਰ ਸ਼ਖ਼ਸੀਅਤਾਂ ਨੇ ਵਧਾਈ ਦਿੱਤੀ



ਪਟਿਆਲਾ, 9 ਫਰਵਰੀ (ਰੁਪਾਣਾ/ਅਮਰਜੀਤ) : ਪੰਜਾਬ ਸਰਕਾਰ ਵੱਲੋਂ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਨਵੇਂ ਨਿਯੁਕਤ ਕੀਤੇ ਗਏ ਵਾਈਸ-ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਅੱਜ ਇੱਥੇ ਯੂਨੀਵਰਸਿਟੀ ਦੇ ਮਾਲ ਰੋਡ ਵਿਖੇ ਸਥਿਤ ਦਫ਼ਤਰ ਵਿਖੇ ਅਹੁਦਾ ਸੰਭਾਲ ਲਿਆ ਹੈ।ਇਸ ਮੌਕੇ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਸਮੇਤ ਉਘੇ ਕਲਾਕਾਰ ਕਰਮਜੀਤ ਅਨਮੋਲ ਸਮੇਤ ਹੋਰ ਸ਼ਖ਼ਸੀਅਤਾਂ ਨੇ ਵਿਸ਼ੇਸ਼ ਤੌਰ ਉਤੇ ਪੁੱਜ ਕੇ ਡਾ. ਗਿੱਲ ਨੂੰ ਵਧਾਈ ਦਿੰਦਿਆਂ ਕਿਹਾ ਕਿ ਪੁਸ਼ਪਿੰਦਰ ਸਿੰਘ ਦੀ ਅਗਵਾਈ ਵਿੱਚ ਸਪੋਰਟਸ ਯੂਨੀਵਰਸਿਟੀ ਹੁਣ ਹੋਰ ਬੁਲੰਦੀਆਂ ਛੂਹੇਗੀ। ਵਾਈਸ-ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਆਪਣੀਆਂ ਤਰਜੀਹਾਂ ਗਿਣਾਉਂਦਿਆਂ ਦੱਸਿਆ ਕਿ ਖੇਡਾਂ ਅਤੇ ਖਿਡਾਰੀਆਂ ਨੂੰ ਪ੍ਰਫੁਲਤ ਕਰਦਿਆਂ ਪੰਜਾਬ ਸਪੋਰਟਸ ਯੂਨੀਵਰਸਿਟੀ ਸੂਬੇ ਵਿੱਚੋਂ ਨਸ਼ਿਆਂ ਦੀ ਲਾਹਨਤ ਨੂੰ ਖ਼ਤਮ ਕਰਨ ਲਈ ਆਪਣਾ ਯੋਗਦਾਨ ਪਾਵੇਗੀ। ਡਾ. ਗਿੱਲ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ, ਖਾਸ ਕਰਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਹੈ ਕਿ ਯੂਨੀਵਰਸਿਟੀ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ।ਵਾਈਸ-ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡ-ਪਿੰਡ ਵਿੱਚ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ, ਜਿਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦਿੱਤੇ ਉਦੇਸ਼ ਦੀ ਪੂਰਤੀ ਲਈ ਸਪੋਰਟਸ ਯੂਨੀਵਰਸਿਟੀ ਆਪਣੀ ਪੂਰੀ ਵਾਹ ਲਗਾਵੇਗੀ। ਉਨ੍ਹਾਂ ਕਿਹਾ ਕਿ ਉਹ ਨਿਜੀ ਤੌਰ ਉਤੇ ਇੱਕ ਖਿਡਾਰੀ ਵਜੋਂ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਨੂੰ ਬੁਲੰਦੀਆਂ ਉਤੇ ਲਿਜਾਣ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ। ਇਸ ਮੌਕੇ ਵਿਸ਼ੇਸ਼ ਤੌਰ ਉਤੇ ਪੁੱਜੇ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਬਹੁਤ ਤਜ਼ਰਬੇਕਾਰ ਅਕਾਦਮਿਕ ਹਸਤੀ ਨੂੰ ਪੰਜਾਬ ਸਪੋਰਟਸ ਯੂਨੀਵਰਸਿਟੀ ਦਾ ਵਾਈਸ ਚਾਂਸਲਰ ਨਿਯੁਕਤ ਕੀਤਾ ਹੈ, ਜਿਸ ਲਈ ਉਹ ਜਿੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹਨ, ਉਥੇ ਹੀ ਉਹ ਡਾ. ਪੁਸ਼ਪਿੰਦਰ ਸਿੰਘ ਗਿੱਲ ਨੂੰ ਵਧਾਈ ਵੀ ਦਿੰਦੇ ਹਨ। ਇਸ ਮੌਕੇ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਅਨੁਭਵ ਵਾਲੀਆ ਤੇ ਯੂਨੀਵਰਸਿਟੀ ਦੇ ਅਧਿਆਪਨ ਤੇ ਗੈਰ ਅਧਿਆਪਨ ਅਮਲੇ ਨੇ ਡਾ. ਪੁਸ਼ਪਿੰਦਰ ਸਿੰਘ ਗਿੱਲ ਦਾ ਸਵਾਗਤ ਕੀਤਾ। ਇਸ ਮੌਕੇ ਪਦਮ ਸ੍ਰੀ ਪ੍ਰਾਣ ਸੱਭਰਵਾਲ, ਹਰਕਿਰਨ ਸਿੰਘ ਬੋਪਾਰਾਏ,ਡਾ.ਗੁਰਮੋਹਨ ਸਿੰਘ ਵਾਲੀਆ, ਪੂਟਾ ਦੇ ਪ੍ਰਧਾਨ ਤੇ ਸਕੱਤਰ, ਭੁਪਿੰਦਰ ਸਿੰਘ ਵਿਰਕ, ਡਾ. ਪ੍ਰਭਲੀਨ ਸਿੰਘ, ਡਾ. ਜਤਿੰਦਰ ਸਿੰਘ ਸਿੱਧੂ, ਇੰਦਰਪ੍ਰੀਤ ਸੰਧੂ, ਪੰਜਾਬੀ ਯੂਨੀਵਰਸਿਟੀ ਦੀ ਬਿਜਨੈਸ ਮੈਨੇਜਮੈਂਟ ਵਿਭਾਗ ਦੀ ਫੈਕਲਿਟੀ ਸਮੇਤ ਵੱਡੀ ਗਿਣਤੀ ਅਧਿਆਪਕ ਤੇ ਹੋਰ ਸ਼ਖ਼ਸੀਅਤਾਂ ਮੌਜੂਦ ਸਨ।

## ਪਿੰਡ ਕੁਲਾਰਾਂ ਦੀ ਸੰਗਤ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਵਿਸ਼ੇਸ਼ ਬੱਸ ਰਾਹੀਂ ਰਵਾਨਾ

### ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਬੱਸ ਨੂੰ ਦਿਖਾਈ ਹਰੀ ਝੰਡੀ



ਪਾਤੜਾਂ, 9 ਫਰਵਰੀ (ਹਰਮਿੰਦਰ ਕਰਤਾਰਪੁਰ): ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਅੱਜ ਪਿੰਡ ਕੁਲਾਰਾਂ ਦੇ ਬੂਥ ਨੰਬਰ ਇੱਕ ਤੋਂ ਤੀਰਥ ਯਾਤਰੀਆਂ ਦਾ ਜੱਥਾ ਵਿਸ਼ੇਸ਼ ਬੱਸ ਰਾਹੀਂ ਰਵਾਨਾ ਹੋਇਆ।ਇਸ ਸਬੰਧੀ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਤੀਰਥ ਯਾਤਰਾ ਯੋਜਨਾ ਦੇ ਇੰਚਾਰਜ ਸਰਪੰਚ ਬਲਜੀਤ ਸਿੰਘ ਮੌਲਵੀਵਾਲਾ ਨੇ ਦੱਸਿਆ ਕਿ ਪਿੰਡ ਕੁਲਾਰਾਂ ਦੇ 40 ਯਾਤਰੀਆਂ ਨੂੰ ਅੱਜ ਇੱਕ ਵਿਸ਼ੇਸ਼ ਬੱਸ ਰਾਹੀਂ ਤਿੰਨ ਦਿਨਾਂ ਲਈ ਪੰਜਾਬ ਦੇ ਵੱਖ- ਵੱਖ ਤੀਰਥ ਸਥਾਨਾਂ ਜਿਨ੍ਹਾਂ ਦੁਰਗਿਆਣਾ ਮੰਦਰ, ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਗਵਾਨ ਬਾਲਮੀਕ ਤੀਰਥ,ਵਾਗਾ ਬਾਰਡਰ ਦੀ ਯਾਤਰਾ ਲਈ ਰਵਾਨਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਬੱਸ ਨੂੰ ਹਰੀ ਝੰਡੀ ਦੇ ਰਵਾਨਾ ਕੀਤਾ ਗਿਆ ਹੈ। ਇਸ ਮੌਕੇ ਸਬ ਡਵੀਜ਼ਨ ਪਾਤੜਾਂ ਦੇ ਐੱਸ.ਡੀ.ਐੱਮ ਅਸ਼ੋਕ ਕੁਮਾਰ, ਆਮ ਆਦਮੀ ਪਾਰਟੀ ਬਲਾਕ ਪਾਤੜਾਂ ਦੇ ਪ੍ਰਧਾਨ ਪ੍ਰੀਤ ਗਿੱਲ, ਬਲਾਕ ਪ੍ਰਧਾਨ ਮੁਕੇਸ਼ ਕੁਮਾਰ ਕੁਲਾਰਾਂ, ਸਰਪੰਚ ਦਰਸ਼ਨਾਂ ਦੇਵੀ ਕੁਲਾਰਾਂ, ਸਰਪੰਚ ਦਰਸ਼ਨ ਸਿੰਘ,ਯੂਥ ਪ੍ਰਧਾਨ ਮਨਵੀਰ ਸਿੰਘ ਮੰਨਾ ਸੰਧੂ ਮੌਲਵੀਵਾਲਾ, ਅਵਤਾਰ ਸਿੰਘ ਕੁਲਾਰਾਂ,ਅਜੈ ਕੁਮਾਰ ਰੀਡਰ ਐੱਸ.ਡੀ.ਐੱਮ ਪਾਤੜਾਂ, ਸਰਪੰਚ ਹਰਦੀਪ ਸਿੰਘ ਸ਼ਾਹਪੁਰ, ਸਰਪੰਚ ਜਗਤਾਰ ਸਿੰਘ ਬੁਜਰਕ, ਗੋਲਡੀ ਬਰਾਸ ਬਲਾਕ ਸੰਮਤੀ ਮੈਂਬਰ ਸਮੇਤ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਸੀਨੀਅਰ ਲੀਡਰਸ਼ਿਪ ਮੌਜੂਦ ਰਹੀ।

## ਜੇਲ੍ਹਾਂ ’ਚ ਕੈਦੀਆਂ ਦੇ ਅਧਿਕਾਰਾਂ ਅਤੇ ਸਹੂਲਤਾਂ ਦੀ ਸਮੀਖਿਆ : ਐਚ.ਐਸ. ਗਰੇਵਾਲ

### ➢ਕੇਸਾਂ ਦੇ ਨਿਪਟਾਰੇ ਤੇ ਤੇਜ਼ੀ ਲਿਆਉਣ ਲਈ ਨਿਰਦੇਸ਼ ਜਾਰੀ : ਅਵਤਾਰ ਸਿੰਘ



ਪਟਿਆਲਾ/ਨਾਭਾ, 9 ਫਰਵਰੀ (ਵਿਨੋਦ ਸ਼ਰਮਾ/ਚੌਧਰੀਮਾਜਰਾ/ਮਾਨ) : ਸ੍ਰੀ ਐੱਚ. ਐੱਸ. ਗਰੇਵਾਲ ਪ੍ਰਸ਼ਾਸਨਿਕ ਜੱਜ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਜੀ ਨੇ ਅੱਜ ਕੇਂਦਰੀ ਜੇਲ ਪਟਿਆਲਾ ਅਤੇ ਨਵੀਂ ਜ਼ਿਲ੍ਹਾ ਜੇਲ, ਨਾਭਾ ਦਾ ਅਤੇ ਪਟਿਆਲਾ ਦੀਆ ਕੋਰਟਾਂ ਦਾ ਨਿਰੀਖਣ ਕੀਤਾ। ਉਹਨਾਂ ਵੱਲੋ ਏ.ਡੀ.ਆਰ. ਸੈਂਟਰ ਅਤੇ ਮੀਡੀਏਸ਼ਨ ਸੈਂਟਰ ਦਾ ਵੀ ਨਿਰੀਖਣ ਕੀਤਾ ਗਿਆ। ਇਸ ਨਿਰੀਖਣ ਦੌਰਾਨ ਸ਼੍ਰੀ ਅਵਤਾਰ ਸਿੰਘ, ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਪਟਿਆਲਾ ਵੀ ਮੌਜੂਦ ਰਹੇ। ਜੇਲਾਂ ਦੇ ਨਿਰੀਖਣ ਦੌਰਾਨ, ਮਾਣਯੋਗ ਜੱਜ ਸਾਹਿਬ ਨੇ ਜੇਲ ਅਧਿਕਾਰੀਆਂ ਅਤੇ ਕੈਦੀਆਂ ਨਾਲ ਗੱਲਬਾਤ ਕੀਤੀ ਅਤੇ ਕੈਦੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਜਾਇਜ਼ਾ ਲਿਆ। ਉਹਨਾ ਨੇ ਕਾਨੂੰਨੀ ਸਹਾਇਤਾ ਤੱਕ ਪਹੁੰਚ, ਕੇਸਾਂ ਦਾ ਸਮੇਂ ਸਿਰ ਨਿਪਟਾਰਾ ਅਤੇ ਕੈਦੀਆਂ ਦੇ ਅਧਿਕਾਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ’ਤੇ ਜ਼ੋਰ ਦਿੱਤਾ । ਇਸ ਤੋਂ ਇਲਾਵਾ ਮਾਣਯੋਗ ਜੱਜ ਨੇ ਅਦਾਲਤਾਂ ਦੇ ਕੰਮਕਾਜ ਦਾ ਨਿਰੀਖਣ ਕੀਤਾ। ਉਹਨਾ ਵੱਲੋਂ ਨਿਆਂਇਕ ਅਧਿਕਾਰੀਆਂ ਅਤੇ ਸਟਾਫ ਨਾਲ ਗੱਲਬਾਤ ਕੀਤੀ ਗਈ। ਅਦਾਲਤੀ ਕੰਮਕਾਜ, ਬੁਨਿਆਦੀ ਢਾਂਚੇ ਅਤੇ ਸੇਵਾ ਪ੍ਰਦਾਨ ਕਰਨ ਵਿੱਚ ਹੋਰ ਸੁਧਾਰ ਲਈ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਗਏ। ਮਾਣਯੋਗ ਜੱਜ ਸਾਹਿਬ ਨੇ ਏ ਡੀ ਆਰ ਸੈਂਟਰ ਅਤੇ ਮੀਡੀਏਸ਼ਨ ਅਤੇ ਕੰਸੀਲੇਸ਼ਨ ਸੈਂਟਰ ਦਾ ਵੀ ਨਿਰੀਖਣ ਕੀਤਾ, ਜਿੱਥੇ ਵਿਕਲਪਿਕ ਵਿਵਾਦ ਨਿਪਟਾਰਾ ਵਿਧੀ ਦੇ ਕੰਮਕਾਜ ਦੀ ਸਮੀਖਿਆ ਕੀਤੀ ਗਈ।

## ਕੌਂਸਲਰ ਸੋਨੀਆ ਤੇ ਮਾਨਟੂ ਪਹੂਜਾ ਕਾਂਗਰਸ ’ਚ ਸ਼ਾਮਲ



ਨਾਭਾ, 9 ਫਰਵਰੀ (ਬਲਜਿੰਦਰ ਮਾਨ) : ਰਿਆਸਤੀ ਸ਼ਹਿਰ ਨਾਭਾ ਵਿੱਚ ਕੌਂਸਲਰ ਸੋਨੀਆ ਪਹੂਜਾ ਤੇ ਉਹਨਾਂ ਦੇ ਪਤੀ ਸਮਾਜ ਸੇਵਕ ਮਾਨਟੂ ਪਹੂਜਾ ਸਾਥੀਆਂ ਸਮੇਤ ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਦੀ ਅਗਵਾਈ ਹੇਠ ਕਾਂਗਰਸ ਪਾਰਟੀ ’ਚ ਸ਼ਾਮਲ ਹੋ ਗਏ ਹਨ ਇਸ ਮੌਕੇ ਸਾਧੂ ਸਿੰਘ ਧਰਮਸੋਤ ਵੱਲੋਂ ਉਹਨਾਂ ਦਾ ਸਵਾਗਤ ਕਰਦਿਆ ਕਿਹਾ ਕਿ ਇਹ ਪਰਿਵਾਰ ਮੇਰਾ ਆਪਣਾ ਪਰਿਵਾਰ ਹੈ ਕਾਂਗਰਸ ਪਾਰਟੀ ਵਿੱਚ ਇਹਨਾਂ ਦਾ ਹਰ ਪੱਖੋਂ ਮਾਨ ਸਨਮਾਨ ਕੀਤਾ ਜਾਵੇਗਾ। ਇਸ ਮੌਕੇ ਮਾਨਟੂ ਪਹੂਜਾ ਨੇ ਕਿਹਾ ਕਿ ਉਹ ਕਾਂਗਰਸ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੁੰਦੇ ਹੋਏ ਮੁੜ ਕਾਂਗਰਸ ਪਾਰਟੀ ’ਚ ਵਾਪਸੀ ਕਰ ਰਹੇ ਹਨ। ਇਸ ਮੌਕੇ ਉਹਨਾਂ ਨਾਲ ਐਡਵੋਕੇਟ ਗੀਤ ਇਕਬਾਲ ਸਿੰਘ ਮਝੈਲ,ਭਗਵੰਤ ਸਿੰਘ ਰਾਮਗੜੀਆ, ਸੀਨੀਅਰ ਕਾਂਗਰਸੀ ਆਗੂ ਸਾਬਕਾ ਪ੍ਰਧਾਨ ਗੁਰਬਖਸ਼ੀਸ ਸਿੰਘ ਭੱਟੀ, ਬਲਾਕ ਪ੍ਰਧਾਨ ਸ਼ਹਿਰੀ ਵਿਵੇਕ ਸਿੰਗਲਾ, ਮਨਜਿੰਦਰ ਸਿੰਘ ਜਿੰਦਰੀ, ਗੋਰਾ ਚੰਚਲ, ਦੀਪਕ ਖੱਟਰ, ਰਿੰਕੂ ਪਹੂਜਾ,ਚਿਰਾਗ ਬਠੇਜਾ, ਰਾਜਿੰਦਰ ਦੇਵ ਰਾਜ, ਰਵੀ, ਪੁਨੀਤ ਪਹੂਜਾ, ਗੋਰਵ ਗਾਂਧੀ, ਪਰਦੀਪ, ਰਾਜਨ ਪਹੂਜਾ, ਤੇਜਿੰਦਰ ਸੇਠੀ,ਅਵਤਾਰ ਮਠਾੜੂ ਸਮੇਤ ਸਮੂਹ ਪਾਹੂਜਾ ਪਰਿਵਾਰ ਤੇ ਕਾਂਗਰਸ ਪਾਰਟੀ ਦੇ ਅਹੁਦੇਦਾਰ ਅਤੇ ਵਰਕਰ ਮੌਜੂਦ ਸਨ।

## ਮੁੱਖ ਮੰਤਰੀ ਤੀਰਥ ਯਾਤਰਾ ਸ਼ਰਧਾਲੂਆਂ ਲਈ ਵਰਦਾਨ : ਗੁਰਲਾਲ ਘਨੌਰ



ਘਨੌਰ, 9 ਫਰਵਰੀ (ਮਦਨ ਲਾਲ/ਰਾਜਿੰਦਰ ਸਿੰਘ ਕੰਬੋਜ): ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਸ਼ਰਧਾਲੂਆਂ ਲਈ ਵਰਦਾਨ ਸਾਬਿਤ ਹੋ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾਂ ਵਿਧਾਇਕ ਗੁਰਲਾਲ ਘਨੌਰ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਪਟਿਆਲਾ ਦੇ ਪਿੰਡ ਸਫਦਾਲਪੁਰ ਤੋਂ ਸ਼ਰਧਾਲੂਆਂ ਦੇ ਜੱਥੇ ਦੀ ਬੱਸ ਨੂੰ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨਾ ਲਈ ਰਵਾਨਾ ਕਰਨ ਮੌਕੇ ਕੀਤਾ। ਪਿੰਡ ਸਫ਼ਦਲਪੁਰ ਵਿਖੇ ਸ਼ਰਧਾਲੂਆਂ ਦੀ ਬੱਸ ਰਵਾਨਾ ਕਰਵਾਉਣ ਮੌਕੇ ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਨੂੰ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਕੀਤਾ ਗਿਆ ਉਪਰਾਲਾ ਸ਼ਲਾਘਾਯੋਗ ਹੈ। ਇਸ ਯੋਜਨਾ ਦਾ ਮਕਸਦ ਆਮ ਲੋਕਾਂ ਨੂੰ ਬਿਨ੍ਹਾਂ ਕਿਸੇ ਆਰਥਿਕ ਬੋਝ ਦੇ ਧਾਰਮਿਕ ਯਾਤਰਾ ਦਾ ਸੁਭਾਗ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵਿਚ ਇਨ੍ਹਾਂ ਧਾਰਮਿਕ ਯਾਤਰਾਵਾਂ ਪ੍ਰਤੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਨੂੰ ਰਿਹਾਇਸ਼, ਖਾਣੇ ਦੇ ਨਾਲ ਹਰ ਲੋੜੀਂਦੀ ਸਹੂਲਤ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਕਿਹਾ ਇਸ ਯਾਤਰਾ ਦੌਰਾਨ ਸ਼ਰਧਾਲੂ ਦਰਬਾਰ ਸਾਹਿਬ ਅੰਮ੍ਰਿਤਸਰ, ਦੁਰਗਿਆਣਾ ਮੰਦਰ ਆਦਿ ਦੇ ਦਰਸ਼ਨ ਕਰਨਗੇ। ਇਸ ਮੌਕੇ ਬੀ ਡੀ ਪੀ ਓ ਜਤਿੰਦਰ ਸਿੰਘ ਢਿੱਲੋਂ, ਜ਼ਿਲ੍ਹਾ ਪਰਿਸ਼ਦ ਮੈਂਬਰ ਸਹਿਜਪਾਲ ਸਿੰਘ ਲਾਡਾ ਅਤੇ ਇਲਾਕਾ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

## ਭਾਜਪਾ ਆਗੂ ਕਰੁਨ ਕੌੜਾ ‘ਹਲਕਾ ਜਗਾਓ ਯਾਤਰਾ’ ਦੇ ਤਹਿਤ ਕਾਫ਼ਲਾ ਲੈ ਕੇ ਪਹੁੰਚੇ ਪਿੰਡ ਰਾਮਗੜ੍ਹ ਛੰਨਾ



ਨਾਭਾ, 9 ਫਰਵਰੀ (ਗੁਰਚਰਨ ਸਿੰਘ ਚੌਧਰੀਮਾਜਰਾ) : ‘ਹਲਕਾ ਜਗਾਓ ਯਾਤਰਾ’ ਦੇ ਦੂਜੇ ਦਿਨ ਭਾਜਪਾ ਆਗੂ ਕਰੁਨ ਕੌੜਾ ਪਿੰਡ ਰਾਮਗੜ੍ਹ ਛੰਨਾ ਪਹੁੰਚੇ। ਜਿੱਥੇ ਸਭ ਤੋਂ ਪਹਿਲਾਂ ਉਹਨਾਂ ਨੇ ਗੁਰੂਘਰ ਦੇ ਵਿੱਚ ਮੱਥਾ ਟੇਕ ਕੇ ਆਸ਼ੀਰਵਾਦ ਪ੍ਰਾਪਤ ਕੀਤਾ ਗਿਆ ਤੇ ਉਸ ਤੋਂ ਬਾਅਦ ਉਹਨਾਂ ਨੇ ਪੜਾਅ ਦਰ ਪੜਾਅ ਅੱਗੇ ਚੱਲਦੇ ਹੋਏ ਘਰ-ਘਰ ਜਾ ਕੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਨਵੇਂ ਸਾਲ ਦੇ ਕੈਲੰਡਰ ਵੰਡੇ। ਇਸ ਦੌਰਾਨ ਉਨਾਂ ਨੇ ਆਮ ਜਨਤਾ ਨੂੰ ਬੀਜੇਪੀ ਦੀਆਂ ਨੀਤੀਆਂ ਬਾਰੇ ਵੀ ਜਾਗਰੂਕ ਕੀਤਾ ।ਉਹਨਾਂ ਨੂੰ ਕਿਹਾ ਕਿ ਤੁਸੀਂ ਇਸ ਪਾਰਟੀ ਦੇ ਨਾਲ ਜੁੜੋ ਤਾਂ ਹੀ ਤੁਹਾਡਾ ਵਿਕਾਸ ਹੋ ਸਕਦਾ । ਭਾਜਪਾ ਆਗੂ ਕਰੁਨ ਕੌੜਾ ਨੇ ਕਿਹਾ ਕਿ: ਅੱਜ ਮੇਰੀ ਹਲਕਾ ਜਗਾਓ ਯਾਤਰਾ ਦਾ ਦੂਜਾ ਦਿਨ ਹੈ ਅਤੇ ਮੈਂ ਪਿੰਡ ਰਾਮਗੜ੍ਹ ਛੰਨਾ ਵਿੱਚ ਪਹੁੰਚਿਆ। ਇੱਥੇ ਮੈਨੂੰ ਪਿੰਡ ਵਾਸੀਆਂ ਵੱਲੋਂ ਬੇਹੱਦ ਪਿਆਰ ਅਤੇ ਸਨਮਾਨ ਮਿਲਿਆ।

## ਗੁਲਜਾਰ ਸਿੰਘ ਦਾਨੀਪੁਰ ਦਾ ਸਨਮਾਨ



ਸਮਾਣਾ, 9 ਫਰਵਰੀ (ਵਿਜੇ ਕੁਮਾਰ) : ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਫਤਿਹਪੁਰ ’ਚ ਸਕੂਲ ਦੇ ਸੀਨੀਅਰ ਵਾਇਸ ਪ੍ਰਧਾਨ ਗੁਲਜਾਰ ਸਿੰਘ ਦਾਨੀਪੁਰ ਦਾ ਵਿਦੇਸ਼ੋਂ ਪਰਤਨ ’ਤੇ ਫੁੱਲਾਂ ਦਾ ਗੁਲਦਸਤਾ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਮੇਟੀ ਪ੍ਰਧਾਨ ਪ੍ਰਦਮਨ ਸਿੰਘ ਵਿਰਕ, ਪ੍ਰਿੰਸੀਪਲ ਸੁਨੀਤਾ ਰਾਣੀ, ਅਕਾਉਂਟੈਂਟ ਬਲਬੀਰ ਸਿੰਘ ਧਾਲੀਵਾਲ, ਸਕੂਲ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

## ਹਜ਼ਾਰਾਂ ਸੰਗਤਾਂ ਨੇ ਚੂਰੀ ਡੋਰੇ ਦਾ ਪ੍ਰਸ਼ਾਦ ਲੈ ਕੇ ਭੋਲੇ ਨਾਥ ਦਾ ਅਸ਼ੀਰਵਾਦ ਲਿਆ



ਸਮਾਣਾ, 9 ਫਰਵਰੀ (ਵਿਜੇ ਕੁਮਾਰ) : : ਸਥਾਨਕ ਸ਼੍ਰੀ ਸ਼ਿਵ ਮੰਦਿਰ ਸਤਿਸੰਗ ਭਵਨ ਕਮੇਟੀ ਅਤੇ ਮਹਿਲਾ ਸ਼ੰਕੀਰਤਨ ਮੰਡਲ ਵੱਲੋਂ ਚੌਥਾ ਜਨਤਕ ਭਗਵਾਨ ਭੋਲੇ ਨਾਥ ਦਾ ਪ੍ਰਸ਼ਾਦ ਚੂਰੀ ਡੋਰਾ ਵਰਤਾਇਆ ਗਿਆ।ਸ਼ਿਵ ਮੰਦਿਰ ’ਚ ਪ੍ਰਧਾਨ ਦਲੀਪ ਪਾਹਵਾ, ਸੈਕਟਰੀ ਵਿਪਨ ਗੋਗੀਆ, ਕੈਸ਼ੀਅਰ ਯਸ਼ ਗੋਗੀਆ ਦੀ ਅਗਵਾਈ ’ਚ ਆਯੋਜਿਤ ਇਸ ਸਮਾਗਮ ਵਿਚ ਸ਼ਰਧਾ ਭਾਵਨਾ ਨਾਲ ਹਵਨਯੱਗ ਉਪਰੰਤ ਕੰਜਕਾ ਨੂੰ ਪ੍ਰਸ਼ਾਦ ਲਗਾ ਕੇ ਸੰਗਤਾਂ ਲਈ ਚੂਰੀ ਡੋਰੇ ਦਾ ਪ੍ਰਸ਼ਾਦ ਵਰਤਾਉਣਾ ਸ਼ੁਰੂ ਕੀਤਾ ਗਿਆ। ਹਜ਼ਾਰਾਂ ਦੀ ਗਿਣਤੀ ’ਚ ਸੰਗਤਾਂ ਨੇ ਭਗਤਾਂ ਵੱਲੋਂ ਤਿਆਰ ਕੀਤਾ ਚੂਰੀ ਡੋਰੇ ਦਾ ਪ੍ਰਸ਼ਾਦ ਪ੍ਰਾਪਤ ਕਰਕੇ ਭੋਲੇ ਨਾਥ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸ਼ਹਿਰ ਦੀਆਂ ਸਾਰੀਆ ਧਾਰਮਿਕ, ਸਮਾਜਿਕ, ਰਾਜਸੀ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਅਗੂਆਂ ਨੇ ਸਮਾਗਮ ਵਿਚ ਪਹੁੰਚ ਕੇ ਪ੍ਰਸ਼ਾਦ ਪ੍ਰਾਪਤ ਕੀਤਾ। ਇਹ ਸਮਾਗਮ, ਉਦਯੋਗਪਤੀ ਗਿਆਨ ਚੰਦ ਕਟਾਰੀਆ, ਰਾਜ ਕੁਮਾਰ ਸਚਦੇਵਾ, ਦਿਨੇਸ਼ ਕਟਾਰੀਆ , ਪਾਸੀ ਲਾਲ ਅਸੀਜਾ, ਮਾਸਟਰ ਨਰਿੰਦਰ ਵਧਵਾ, ਸੰਜੇ ਮੰਤਰੀ ਤੋਂ ਇਲਾਵਾ ਸੰਸਥਾ ਦੇ ਸਰਪ੍ਰਸਤ ਹਰੀ ਚੰਦ ਵਰਮਾ, ਭੀਵ ਸੈਨ ਧਵਨ, ਹਰਿੰਦਰ ਭੁਟੇਜਾ, ਦਵਿੰਦਰ ਜੈਸਿੰਘ, ਰਾਜ ਕੁਮਾਰ ਜੈਸਿੰਘ, ਸੁਖਦੇਵ ਛਾਬੜਾ, ਸੰਜੇ ਸੇਠੀ, ਮੇਹਰ ਚੰਦ, ਰਾਜੇਸ਼ ਕਾਲੜਾ, ਰਮੇਸ਼ ਗੋਗੀਆ, ਅਸ਼ੋਕ ਵਧਵਾ, ਜਗਦੀਸ਼ ਵਰਮਾ,ਰਾਮ ਲਾਲ ਮਧਾਨ, ਰਾਧੇ ਸ਼ਾਮ ਜੈਸਿੰਘ, ਰਾਜ ਅਨੇਜਾ, ਰਮੇਸ਼ ਲੂਥਰਾ, ਪਾਲ ਅਰੋੜਾ, ਇਸ਼ਾਨ ਜੈਸਿੰਘ, ਕਿਸ਼ੋਰ ਜੈਸਿੰਘ, ਵਿਨੇ ਕਥੂਰੀਆ, ਸੰਤ ਰਾਮ ਅਤੇ ਪ੍ਰੈਸ ਸਕੱਤਰ ਸੰਜੀਵ ਕਾਲੜਾ ਦੀ ਮਿਹਨਤ ਸਦਕਾ ਨੇਪਰੇ ਚੜ੍ਹਿਆ।

## ਮਾਸਟਰ ਭੁਪਿੰਦਰ ਸਿੰਘ ਟਿਵਾਣਾ ਨਮਿਤ ਅੰਤਿਮ ਅਰਦਾਸ ਮੌਕੇ ਸ਼ਰਧਾਂਜਲੀਆਂ ਭੇਟ

### ➢ਰਾਜ ਸਭਾ ਮੈਂਬਰ ਸੰਜੇ ਸਿੰਘ, ‘ਆਪ’ ਸੂਬਾ ਪ੍ਰਧਾਨ ਅਮਨ ਅਰੋੜਾ, ਐਮ.ਪੀ. ਮੀਤ ਹੇਅਰ, ਸਪੀਕਰ ਸੰਧਵਾਂ, ਕੈਬਨਿਟ ਮੰਤਰੀ ਚੀਮਾ, ਬੈਂਸ, ਈ.ਟੀ.ਓ. ਤੇ ਮੁੰਡੀਆਂ ਸਮੇਤ ਵੱਡੀ ਗਿਣਤੀ ’ਚ ਹੋਰ ਸ਼ਖ਼ਸੀਅਤਾਂ ਪੁੱਜੀਆਂ



ਭਾਦਸੋਂ/ਪਟਿਆਲਾ, 9 ਫਰਵਰੀ (ਰੁਪਾਣਾ/ਭਰਪੂਰ ਸਿੰਘ ਮੱਟਰਾਂ) : ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕਰਨਵੀਰ ਸਿੰਘ ਟਿਵਾਣਾ ਦੇ ਪਿਤਾ ਮਾਸਟਰ ਭੁਪਿੰਦਰ ਸਿੰਘ, ਜਿਨ੍ਹਾਂ ਦਾ ਬੀਤੇ ਦਿਨੀਂ ਦੇਹਾਂਤ ਹੋ ਗਿਆ ਸੀ, ਨਮਿਤ ਅੱਜ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਉਨ੍ਹਾਂ ਦੇ ਜੱਦੀ ਪਿੰਡ ਛੰਨਾ ਨੱਥੂ ਵਾਲੀਆਂ ਵਿਖੇ ਕਰਵਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਸਿਆਸੀ, ਸਮਾਜਿਕ ਤੇ ਧਾਰਮਿਕ ਸ਼ਖ਼ਸੀਅਤਾਂ ਸਮੇਤ ਪਰਿਵਾਰਕ ਰਿਸ਼ਤੇਦਾਰਾਂ ਤੇ ਦੋਸਤਾਂ ਮਿੱਤਰਾਂ ਨੇ ਮਾਸਟਰ ਭੁਪਿੰਦਰ ਸਿੰਘ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਭਾਈ ਭੁਪਿੰਦਰ ਸਿੰਘ ਗੁਰੂ ਕੀ ਕਾਸ਼ੀ ਦੇ ਕੀਰਤਨੀ ਜਥੇ ਨੇ ਵੈਰਾਗਮਈ ਗੁਰਬਾਣੀ ਕੀਰਤਨ ਗਾਇਨ ਕੀਤਾ ਤੇ ਅੰਤਿਮ ਅਰਦਾਸ ਗਿਆਨੀ ਸੁਖਦੇਵ ਸਿੰਘ ਨੇ ਕੀਤੀ। ਇਸ ਮੌਕੇ ਆਪ ਦੇ ਸੀਨੀਅਰ ਆਗੂ ਤੇ ਰਾਜ ਸਭਾ ਮੈਂਬਰ ਸੰਜੇ ਸਿੰਘ ਨੇ ਜਿੱਥੇ ਪਰਿਵਾਰ ਵੱਲੋਂ ਆਈਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਉੱਥੇ ਹੀ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮਨੀਸ਼ ਸਿਸੋਦੀਆ ਦੀ ਤਰਫ਼ੋਂ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਮਾਸਟਰ ਭੁਪਿੰਦਰ ਸਿੰਘ ਆਪਣੇ ਪਰਿਵਾਰ ਲਈ ਵਫ਼ਾਦਾਰੀ ਤੇ ਵਾਅਦੇ ਨਿਭਾਉਣ ਦੀ ਅਨਮੁੱਲੀ ਵਿਰਾਸਤ ਛੱਡ ਕੇ ਗਏ ਹਨ, ਜਿਸ ਦੀ ਝਲਕ ਕਰਨਵੀਰ ਸਿੰਘ ਟਿਵਾਣਾ ਅਤੇ ਸਮੁੱਚੇ ਪਰਿਵਾਰ ਵਿੱਚੋਂ ਝਲਕ ਰਹੀ ਹੈ।ਸੰਜੇ ਸਿੰਘ ਨੇ ਕਿਹਾ ਕਿ ਰਾਜਨੀਤੀ ਵਿੱਚ ਰਿਸ਼ਤੇ ਕੇਵਲ ਅਹੁਦਿਆਂ ਨਾਲ ਹੀ ਜੁੜੇ ਹੁੰਦੇ ਹਨ ਪਰ ਕਰਨਵੀਰ ਸਿੰਘ ਟਿਵਾਣਾ ਨੇ ਆਪਣੇ ਪਿਤਾ ਦੀ ਸਿੱਖਿਆ ਦੀ ਬਦੌਲਤ ਚੰਗੇ-ਮਾੜੇ ਸਮੇਂ ਵਿੱਚ ਵੀ ਵਾਅਦਾ ਨਿਭਾਇਆ ਅਤੇ ਵਫ਼ਾਦਾਰੀ ਕਮਾਈ ਹੈ। ਆਪ ਆਗੂ ਨੇ 2015 ਤੋਂ ਲੈਕੇ ਹੁਣ ਤੱਕ ਟਿਵਾਣਾ ਪਰਿਵਾਰ ਨਾਲ ਆਪਣੇ ਰਿਸ਼ਤੇ ਦੀ ਗੱਲ ਕਰਦਿਆਂ ਕਿਹਾ ਕਿ ਮਾਸਟਰ ਭੁਪਿੰਦਰ ਸਿੰਘ ਇੱਕ ਕਾਮਯਾਬ ਪਿਤਾ ਤੇ ਸ਼ਾਨਦਾਰ ਅਧਿਆਪਕ ਸਨ, ਜਿਨ੍ਹਾਂ ਦੇ ਜਾਣ ਨਾਲ ਪਰਿਵਾਰ ਸਮੇਤ ਇਲਾਕੇ ਤੇ ਸਮਾਜ ਨੂੰ ਵੱਡਾ ਘਾਟਾ ਪਿਆ ਹੈ। ਰਾਜ ਸਭਾ ਮੈਂਬਰ ਨੇ ਪਿੰਡ ਛੰਨਾ ਨੱਥੂ ਵਾਲੀਆਂ ਵਿਖੇ ਮਾਸਟਰ ਭੁਪਿੰਦਰ ਸਿੰਘ ਦੀ ਯਾਦ ਵਿੱਚ 10 ਲੱਖ ਰੁਪਏ ਦੀ ਲਾਗਤ ਨਾਲ ਇੱਕ ਪਾਰਕ ਬਣਾਉਣ ਦਾ ਐਲਾਨ ਕੀਤਾ। ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਪਾਰਟੀ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਮਾਸਟਰ ਭੁਪਿੰਦਰ ਸਿੰਘ ਗੁਣਾਂ ਦੀ ਗੁਥਲੀ ਸਨ। ਉਨ੍ਹਾਂ ਨੇ ਕਿਹਾ ਕਿ ਰਾਜਨੀਤੀ ਵਿੱਚ ਸਬਰ ਰੱਖਣਾ ਤੇ ਸਟੈਂਡ ’ਤੇ ਕਾਇਮ ਰਹਿਣਾ ਜਥੇਦਾਰ ਗੁਰਚਰਨ ਸਿੰਘ ਟੌਹੜਾ ਤੋਂ ਸਿਆਸਤ ਦੇ ਗੁਰ ਸਿੱਖਣ ਵਾਲੇ ਕਰਨਵੀਰ ਸਿੰਘ ਟਿਵਾਣਾ ਵਿੱਚ ਮਾਪਿਆਂ ਦੀ ਸਿੱਖਿਆ ਤੇ ਸੇਵਾ ਕਰਕੇ ਹੀ ਆਇਆ ਹੈ। ਉਨ੍ਹਾਂ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਅੱਜ ਜਦੋਂ ਵੱਡੀ ਗਿਣਤੀ ਬਿਰਧ ਆਸ਼ਰਮ ਖੁੱਲ੍ਹੇ ਹੋਏ ਹਨ ਤੇ ਅਜਿਹੇ ਸਮੇਂ ਵਿੱਚ ਮਾਸਟਰ ਭੁਪਿੰਦਰ ਸਿੰਘ ਦੀ ਟਿਵਾਣਾ ਪਰਿਵਾਰ ਵੱਲੋਂ ਸੇਵਾ ਕਰਨਾ ਆਪਣੇ ਆਪ ਵਿੱਚ ਇਕ ਮਿਸਾਲ ਹੈ। ਉਨ੍ਹਾਂ ਕਿਹਾ ਕਿ ਜਥੇਦਾਰ ਗੁਰਚਰਨ ਸਿੰਘ ਟੌਹੜਾ ਤੋਂ ਸਿਆਸਤ ਦੀ ਗੁੜ੍ਹਤੀ ਲੈਕੇ ਸੰਜੇ ਸਿੰਘ ਵਰਗੀ ਸ਼ਖ਼ਸੀਅਤ ਨਾਲ ਸਿਆਸਤ ਵਿੱਚ ਬਿਨ੍ਹਾਂ ਕਿਸੇ ਲੋਭ ਲਾਲਚ ਤੋਂ ਵਿਚਰਨਾਂ ਕਰਨਵੀਰ ਸਿੰਘ ਟਿਵਾਣਾ ਦੇ ਪਿਤਾ ਤੋਂ ਸਿੱਖੇ ਗੁਣਾ ਸਦਕਾ ਹੀ ਹੈ। ਸਪੀਕਰ ਸੰਧਵਾਂ ਨੇ ਕਿਹਾ ਕਿ ਜਿਸ ਘਰ ਵਿੱਚ ਮਾਪਿਆਂ ਦੀ ਸੇਵਾ ਹੁੰਦੀ ਹੋਵੇ, ਉਥੇ ਪਰਮਾਤਮਾ ਦੀ ਕਿਰਪਾ ਬਣੀ ਰਹਿੰਦੀ ਹੈ। ਪੰਜਾਬ ਦੇ ਸਮੂਹ ਵਿਧਾਇਕਾਂ ਵੱਲੋਂ ਸ਼ਰਧਾਂਜਲੀ ਭੇਟ ਕਰਦਿਆਂ ਸਾਬਕਾ ਮੰਤਰੀ ਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਕਰਨਵੀਰ ਸਿੰਘ ਟਿਵਾਣਾ ਨੇ ਵਫ਼ਾਦਾਰੀ ਦੀ ਵਿਰਾਸਤ ਆਪਣੇ ਪਿਤਾ ਤੋਂ ਲਈ ਹੈ ਅਤੇ ਇਹੀ ਸਭ ਤੋਂ ਵੱਡੀ ਦੌਲਤ ਹੈ ।ਮਾਸਟਰ ਭੁਪਿੰਦਰ ਸਿੰਘ ਦੀ ਯਾਦ, ਜੋ ਰਹਿੰਦੀ ਦੁਨੀਆਂ ਤੱਕ ਕਾਇਮ ਰਹੇਗੀ। ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਕਰਨੈਲ ਸਿੰਘ ਪੰਜੋਲੀ ਨੇ ਕਿਹਾ ਕਿ ਜਥੇਦਾਰ ਗੁਰਚਰਨ ਸਿੰਘ ਟੌਹੜਾ ਤੋਂ ਸਿਆਸਤ ਦੀ ਲਈ ਸਿੱਖਿਆ ਦੀ ਬਦੌਲਤ ਕਰਨਵੀਰ ਸਿੰਘ ਟਿਵਾਣਾ ਅੱਜ ਸਮਾਜ ਸੇਵਾ ਤੇ ਸਿਆਸਤ ਵਿੱਚ ਬਿਨ੍ਹਾਂ ਕਿਸੇ ਲਾਲਚ ਤੋਂ ਸੇਵਾ ਨਿਭਾਅ ਰਹੇ ਹਨ। ਕਰਨਵੀਰ ਸਿੰਘ ਟਿਵਾਣਾ ਤੇ ਹੋਰ ਪਰਿਵਾਰਕ ਮੈਂਬਰਾਂ ਨੇ ਸਭ ਦਾ ਧੰਨਵਾਦ ਕੀਤਾ। ਸਮਾਗਮ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ, ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ, ਹਰਦੀਪ ਸਿੰਘ ਮੁੰਡੀਆਂ ਅਤੇ ਹਰਭਜਨ ਸਿੰਘ ਈ.ਟੀ.ਓ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਲਖਬੀਰ ਸਿੰਘ ਰਾਏ, ਜਗਦੀਪ ਸਿੰਘ ਕਾਕਾ ਬਰਾੜ, ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ, ਸੂਚਨਾ ਕਮਿਸ਼ਨਰ ਸੰਦੀਪ ਸਿੰਘ ਧਾਲੀਵਾਲ, ਐਡਵੋਕੇਟ ਗਿਆਨ ਸਿੰਘ ਮੁੰਗੋ ਪ੍ਰਧਾਨ ਕਾਨੂੰਨੀ ਵਿੰਗ ਆਪ, ਸਮਰਵੀਰ ਸਿੰਘ ਸਿੱਧੂ, ਬਾਬਾ ਬਲਬੀਰ ਸਿੰਘ ਨਿਹੰਗ ਸਿੰਘ ਮੁਖੀ ਦੇ ਓਐਸਡੀ ਬਾਬਾ ਸੁਖਦੇਵ ਸਿੰਘ ਤੇ ਬਾਬਾ ਵਿਸ਼ਵਪ੍ਰਤਾਪ ਸਿੰਘ, ਚੇਅਰਮੈਨ ਪੀ.ਆਰ.ਟੀ.ਸੀ. ਹਰਪਾਲ ਜੁਨੇਜਾ, ਮੇਅਰ ਕੁੰਦਨ ਗੋਗੀਆ, ਬਲਵਿੰਦਰ ਸਿੰਘ ਝਾੜਵਾਂ, ਇੰਦਰਜੀਤ ਸਿੰਘ ਸੰਧੂ, ਚੇਅਰਮੈਨ ਮਹਿੰਦਰ ਕਚੂਰਾ ਸ਼੍ਰੋਮਣੀ ਕਮੇਟੀ ਮੈਂਬਰ ਕੁਲਦੀਪ ਕੌਰ ਟੌਹੜਾ, ਸਤਵਿੰਦਰ ਸਿੰਘ ਟੌਹੜਾ, ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ, ਜਗਤਾਰ ਸਿੰਘ ਰਾਜਲਾ, ਚੇਅਰਮੈਨ ਜੱਸੀ ਸੋਹੀਆਂ ਵਾਲਾ, ਚੇਅਰਮੈਨ ਤੇਜਿੰਦਰ ਮਹਿਤਾ, ਚੇਅਰਮੈਨ ਹਰਪਾਲ ਸਿੰਘ ਵਿਰਕ, ਮਾਸਟਰ ਨਿਰਮਲ ਸਿੰਘ ਫ਼ਤਹਿਪੁਰ ਨੇ ਮੰਚ ਸੰਚਾਲਨ ਕੀਤਾ, ਚੇਅਰਮੈਨ ਅਜੇ ਸਿੰਘ ਲਿਬੜਾ, ਜਸਵੀਰ ਸਿੰਘ ਗਾਂਧੀ, ਗੱਜਣ ਸਿੰਘ, ਚੇਅਰਪਰਸਨ ਸੁਖਵਿੰਦਰ ਕੌਰ ਅਮਲੋਹ, ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ, ਐਮ.ਡੀ ਕਰਤਾਰ ਕੰਬਾਇਨ ਮਨਜੀਤ ਸਿੰਘ, ਚੇਅਰਮੈਨ ਰਸ਼ਪਿੰਦਰ ਸਿੰਘ ਰਾਜਾ, ਮੇਘ ਚੰਦ ਸ਼ੇਰਮਾਜਰਾ, ਭਾਜਪਾ ਆਗੂ ਹਰਵਿੰਦਰ ਸਿੰਘ ਹਰਪਾਲਪੁਰ, ਜਗਤਾਰ ਸਿੰਘ ਤਾਰੀ, ਚੇਅਰਮੈਨ ਜਗਦੀਪ ਸਿੰਘ ਸੰਧੂ, ਸਰਪੰਚ ਜਗਦੀਪ ਸਿੰਘ ਭੰਗੂ ਧੰਗੇੜਾ, ਚੇਅਰਮੈਨ ਗੁਰਦੀਪ ਸਿੰਘ ਟਿਵਾਣਾ, ਦੀਪਾ ਰਾਮਗੜ੍ਹ, ਮਦਨ ਅਰੋੜਾ, ਪ੍ਰਿਥੀਪਾਲ ਸਿੰਘ ਬਾਜ਼ੀਗਰ, ਰਛਪਾਲ ਸਿੰਘ ਜੜੌਦਾ, ਦੀਪਕ ਸੂਦ ਸਮੇਤ ਵੱਡੀ ਗਿਣਤੀ ਹੋਰ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ।

## ‘ਕੌਮਾਂਤਰੀ ਮਾਂ ਬੋਲੀ ਦਿਵਸ’ ’ਤੇ ਸਾਹਿਤ ਸਭਾ ਸ਼ੇਰਪੁਰ ਵੱਲੋਂ ਢੋਲ ਵਜਾਵਾ 21 ਨੂੰ



ਸ਼ੇਰਪੁਰ, 9 ਫਰਵਰੀ (ਬਲਜੀਤ ਸਿੰਘ ਟਿੱਬਾ) : ਸਥਾਨਕ ਸਾਹਿਤ ਸਭਾ ਦੀ ਮਹੀਨਾਵਾਰ ਇਕੱਤਰਤਾ ਸਭਾ ਦੇ ਸਰਪ੍ਰਸਤ ਅਤੇ ਸਰਬਾਂਗੀ ਲੇਖਕ ਸੁਖਦੇਵ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਪ੍ਰੈਸ ਦਫ਼ਤਰ ਵਿਖੇ ਹੋਏ, ਜਿਸ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਵੱਲੋਂ ਦਿੱਤੇ ਸੱਦੇ ’ਤੇ 21 ਫਰਵਰੀ 2026 ਨੂੰ ‘ਕੌਮਾਂਤਰੀ ਮਾਂ ਬੋਲੀ ਦਿਵਸ ’ ਨੂੰ ਢੋਲ ਵਜਾਵੇ ਨਾਲ ਪੰਜਾਬੀ ਮਾਂ ਬੋਲੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਜਾਗਰੂਕਤਾ ਮੁਜਾਹਰੇ ਵੱਜੋਂ ਮਨਾਉਣ ਦਾ ਫ਼ੈਸਲਾ ਕੀਤਾ ਗਿਆ । ਔਲਖ ਨੇ ਦੱਸਿਆ ਕਿ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਦਾ ਤਿੰਨ ਸਾਲਾ ਜਨਰਲ ਇਜਲਾਸ, ਜੋ ਕਿ 26 ਅਪ੍ਰੈਲ ਨੂੰ ਬਰਨਾਲਾ ਵਿਖੇ ਹੋ ਰਿਹਾ ਹੈ ਉਸ ਵਿੱਚ ਸਹਿਤ ਸਭਾ ਸ਼ੇਰਪੁਰ ਵੱਲੋਂ ਭਰਪੂਰ ਸ਼ਮੂਲੀਅਤ ਕੀਤੀ ਜਾਵੇਗੀ । ਉਹਨਾਂ ਨਾਲ ਹੀ ਕਿਹਾ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦਾ ਦੋ ਸਾਲਾ ਜਨਰਲ ਇਜਲਾਸ 15 ਮਾਰਚ ਨੂੰ ਲੁਧਿਆਣਾ ਵਿਖੇ ਹੋ ਰਿਹਾ ਹੈ ਜਿਸ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋ ਦੇ ਚੋਣ ਪੈਨਲ ਮੁਤਾਬਿਕ ਹਿੱਸੇਦਾਰੀ ਯਕੀਨੀ ਬਣਾਈ ਜਾਵੇਗੀ। ਅੱਜ ਦੀ ਇਕੱਤਰਤਾ ਮੌਕੇ ਮਾਸਟਰ ਮਹਿੰਦਰ ਪ੍ਰਤਾਪ ਵੱਲੋਂ ਰੱਖੇ ਗਏ ਵਿਸ਼ੇ ‘ਪੰਜਾਬੀ ਬੋਲੀ ਦੇ ਪ੍ਰਚਾਰ ਪ੍ਰਸਾਰ ਲਈ ਕੀ ਕੀਤਾ ਜਾਵੇ..?’ ਉੱਤੇ ਸਭਾ ਦੇ ਪ੍ਰਧਾਨ ਹਰਜੀਤ ਸਿੰਘ ਕਾਤਿਲ , ਸਿੱਖ ਬੁੱਧੀਜੀਵੀ ਮੰਚ ਪੰਜਾਬ ਦੇ ਪ੍ਰਧਾਨ ਮਾਸਟਰ ਹਰਬੰਸ ਸਿੰਘ ਸ਼ੇਰਪੁਰ, ਗੁਰਨਾਮ ਸਿੰਘ , ਭੋਲਾ ਸਿੰਘ ਟਿੱਬਾ, ਬਲਜੀਤ ਸਿੰਘ ਸੱਪਲ, ਕੁਲਵੰਤ ਸਿੰਘ ਬੁੰਗਾ, ਮੁਖਤਿਆਰ ਬੜੈਚ ਅਲਾਲ, ਬਲਵੰਤ ਕੌਰ ਘਨੌਰੀ, ਡਾ. ਰਣਜੀਤ ਕਾਲਾ ਬੂਲਾ, ਡਾਕਟਰ ਭਰਪੂਰ ਸਿੰਘ ਭੱਠਲ ਕਾਲਾ ਬੂਲਾ , ਅਰਸ਼ਦੀਪ ਸਿੰਘ ਨੇ ਆਪੋ -ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸਮੂਹ ਹਾਜਰੀਨ ਲੇਖਕਾਂ ਨੇ ਆਪੋ-ਆਪਣੀਆਂ ਰਚਨਾਵਾਂ ਨਾਲ ਹਾਜ਼ਰੀ ਲਗਵਾਈ।